ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 161
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 12 June, 2026) ਸ਼ੁੱਕਰਵਾਰ, 12 ਜੂਨ, 2026, 29 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਪੰਜਾਬ ਵਿੱਚ 4 ਆਈ.ਏ.ਐੱਸ. ਅਤੇ 30 ਪੀ.ਸੀ.ਐੱਸ. ਅਧਿਕਾਰੀ ਤਬਦੀਲ

ਚੰਡੀਗੜ੍ਹ, 11 ਜੂਨ (ਚੜ੍ਹਦੀਕਲਾ ਬਿਊਰੋ) : ਪੰਜਾਬ ਸਰਕਾਰ ਨੇ ਸੂਬੇ ਵਿੱਚ ਵੱਡਾ ਪ੍ਰਸ਼ਾਸਨਿਕ ਫ਼ੇਰਬਦਲ ਕਰਦਿਆਂ 4 ਆਈ.ਏ.ਐੱਸ. ਅਤੇ 30 ਪੀ.ਸੀ.ਐੱਸ. ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਹਨ। ਇਹ ਆਦੇਸ਼ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵੱਲੋਂ ਜਾਰੀ ਕੀਤੇ ਗਏ ਹਨ।ਮੁੱਖ ਸਕੱਤਰ ਵੱਲੋਂ ਜਾਰੀ ਆਦੇਸ਼ ਅਨੁਸਾਰ ਆਈ.ਏ.ਐੱਸ. ਅਧਿਕਾਰੀ ਡੈਵੀ ਗੋਇਲ ਨੂੰ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ, ਕ੍ਰਿਤਿਕਾ ਗੋਇਲ ਨੂੰ ਵਧੀਕ ਡਿਪਟੀ ਕਮਿਸ਼ਨਰ ਮਾਨਸਾ,

(ਬਾਕੀ ਸਫਾ 2 'ਤੇ)

ਪੰਜਾਬ ਨੂੰ ਵਿਸ਼ੇਸ਼ ਸ਼੍ਰੇਣੀ ਦਾ ਦਰਜਾ ਤੇ ਸਰਹੱਦੀ ਖੇਤਰਾਂ ਲਈ ਵਿਸ਼ੇਸ਼ ਪੈਕੇਜ ਦੇਵੇ ਕੇਂਦਰ: ਮਾਨ

ਚੜ੍ਹਦੀਕਲਾ ਬਿਊਰੋ
==============

ਨਵੀਂ ਦਿੱਲੀ, 11 ਜੂਨ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨੀਤੀ ਆਯੋਗ (ਨੈਸ਼ਨਲ ਇੰਸਟੀਚਿਊਸ਼ਨਜ਼ ਫਾਰ ਟਰਾਂਸਫਾਰਮਿੰਗ ਇੰਡੀਆ) ਅੱਗੇ ਪੰਜਾਬ ਦੇ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਮਸਲੇ ਜ਼ੋਰਦਾਰ ਢੰਗ ਨਾਲ ਪੇਸ਼ ਕੀਤੇ। ਮੁੱਖ ਮੰਤਰੀ ਨੇ ਪੰਜਾਬ ਦੇ ਸਰਹੱਦੀ ਇਲਾਕਿਆਂ ਦੀ ਮੁੜ ਸੁਰਜੀਤੀ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਨੀਤੀ ਆਯੋਗ ਪਾਸੋਂ ਪਹਾੜੀ ਸੂਬਿਆਂ, ਉੱਤਰੀ ਪੂਰਬੀ ਸੂਬਿਆਂ ਅਤੇ ਜੰਮੂ-ਕਸ਼ਮੀਰ ਦੀ ਤਰਜ਼ 'ਤੇ 90:10 ਫੰਡਿੰਗ ਨਾਲ ਪੰਜਾਬ ਨੂੰ ਵਿਸ਼ੇਸ਼ ਸ਼੍ਰੇਣੀ ਦਾ ਦਰਜਾ (ਸਪੈਸ਼ਲ ਕੈਟਾਗਿਰੀ ਸਟੇਟਸ) ਦੇਣ ਦੀ ਮੰਗ ਵੀ ਰੱਖੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਹੱਦੀ ਸੂਬਾ ਹੋਣ ਦੇ ਨਾਤੇ ਪੰਜਾਬ ਨੂੰ ਦਰਪੇਸ਼ ਅਸਧਾਰਣ ਸੁਰੱਖਿਆ, ਆਰਥਿਕ ਤੇ ਸਮਾਜਿਕ ਚੁਣੌਤੀਆਂ ਬਾਰੇ ਸੂਬੇ ਦਾ ਪੱਖ ਪੇਸ਼ ਕਰਦਿਆਂ ਕਿਹਾ ਕਿ ਸੂਬੇ ਦੀਆਂ ਖਾਹਿਸ਼ਾਂ ਤੇ ਉਮੀਦਾਂ 'ਵਿਕਸਤ ਭਾਰਤ-2047' ਦੇ ਕੌਮੀ ਟੀਚੇ ਨਾਲ ਮੇਲ ਖਾਂਦੀਆਂ ਹਨ।

ਮੋਹਰੀ ਸਰਹੱਦੀ ਸੂਬਾ ਹੋਣ ਦੇ ਨਾਤੇ ਪੰਜਾਬ ਵਿਸ਼ੇਸ਼ ਇਮਦਾਦ ਦਾ ਹੱਕਦਾਰ: ਪੰਜਾਬ ਨੂੰ ਦਰਪੇਸ਼ ਵਿਲੱਖਣ ਚੁਣੌਤੀਆਂ ਤੇ ਪੱਖ ਪੇਸ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਇੱਕ ਮੋਹਰੀ ਸੂਬਾ ਹੈ ਜਿਸ ਦੀ ਪਾਕਿਸਤਾਨ ਨਾਲ 553 ਕਿਲੋਮੀਟਰ ਲੰਬੀ ਸਾਂਝੀ ਸਰਹੱਦ ਹੈ। ਸੂਬਾ ਗੰਭੀਰ ਅਤੇ ਬਹੁ-ਪੱਖੀ ਸੰਕਟ ਦਾ ਸਾਹਮਣਾ ਕਰ ਰਿਹਾ ਹੈ ਜਿਸ ਵਿੱਚ ਲਗਾਤਾਰ ਸਰਹੱਦ ਪਾਰੋਂ ਅੱਤਵਾਦ, ਡਰੋਨ ਰਾਹੀਂ ਹੈਰੋਇਨ ਅਤੇ ਹਥਿਆਰਾਂ ਦੀ ਤਸਕਰੀ ਵਰਗੀਆਂ ਚੁਣੌਤੀਆਂ ਸ਼ਾਮਲ ਹੈ। ਇਸ ਦੇ ਨਤੀਜੇ ਵਜੋਂ ਹੀ ਨੌਜਵਾਨਾਂ ਵਿੱਚ ਨਸ਼ਿਆਂ ਦੀ ਗੰਭੀਰ ਸਮੱਸਿਆ, ਸੰਗਠਿਤ ਅਪਰਾਧ ਅਤੇ ਬੀ.ਐਸ.ਐਫ. ਦੀ ਨਿਗਰਾਨੀ ਹੇਠ

(ਬਾਕੀ ਸਫਾ 2 'ਤੇ)

ਹੁਣ ਇਥੇਨੌਲ ਪੈਟਰੋਲ 'ਤੇ ਨਹੀਂ ਲੱਗੇਗੀ ਐਕਸਾਈਜ਼ ਡਿਊਟੀ: ਕੇਂਦਰ

ਨਵੀਂ ਦਿੱਲੀ, 11 ਜੂਨ (ਚੜ੍ਹਦੀਕਲਾ ਬਿਊਰੋ) : ਸਰਕਾਰ ਨੇ 22 ਫੀਸਦੀ, 25 ਫੀਸਦੀ, 27 ਫੀਸਦੀ ਅਤੇ 30 ਫੀਸਦੀ ਇਥੇਨੌਲ ਮਿਸ਼ਰਿਤ ਪੈਟਰੋਲ 'ਤੇ ਕੇਂਦਰੀ ਐਕਸਾਈਜ਼ ਡਿਊਟੀ ਦੀਆਂ ਛੋਟਾਂ ਦਾ ਵਿਸਤਾਰ ਕੀਤਾ ਹੈ। ਬਿਊਰੋ ਆਫ ਇੰਡੀਅਨ ਸਟੈਂਡਰਡਜ਼ ਦੇ ਮਾਪਦੰਡਾਂ ਦੇ ਅਨੁਕੂਲ ਬਾਲਣ ਮਿਸ਼ਰਣਾਂ ਲਈ ਐਕਸਾਈਜ਼ ਡਿਊਟੀ ਦੀ ਦਰ ਜ਼ੀਰੋ ਹੋਵੇਗੀ। ਇਹ ਫੈਸਲਾ ਵਿੱਤ ਮੰਤਰਾਲੇ ਦੇ ਮਾਲ ਵਿਭਾਗ ਦੇ ਅਧੀਨ ਭਾਰਤ ਦੇ ਗਜ਼ਟ ਦੇ ਤਾਜ਼ਾ ਅੰਕ ਵਿੱਚ ਜਾਰੀ ਕੀਤੇ ਗਏ ਅਧਿਕਾਰਤ ਨੋਟੀਫਿਕੇਸ਼ਨਾਂ ਰਾਹੀਂ ਆਇਆ ਹੈ।

ਜ਼ੀਰੋ ਡਿਊਟੀ ਦਰ ਲਈ ਯੋਗ ਹੋਣ ਵਾਸਤੇ ਹਰੇਕ ਮਿਸ਼ਰਣ ਦੀ ਕਾਨੂੰਨੀ ਪਰਿਭਾਸ਼ਾ ਇੱਕ ਸਹੀ ਬਣਤਰ ਦੇ ਨਿਯਮ ਦਾ ਪਾਲਣ ਕਰਦੀ ਹੈ। ਗਜ਼ਟ ਵਿੱਚ ਦੱਸਿਆ ਗਿਆ ਹੈ, 22 ਫੀਸਦ ਇਥੇਨੌਲ ਮਿਸ਼ਰਿਤ ਪੈਟਰੋਲ ਉਹ ਮਿਸ਼ਰਣ ਹੈ, ਜੋ - (ਏ) ਮਾਤਰਾ ਦੇ ਹਿਸਾਬ ਨਾਲ, 78 ਫੀਸਦੀ ਮੋਟਰ ਸਪਿਰਿਟ (ਆਮ ਤੌਰ 'ਤੇ ਪੈਟਰੋਲ ਵਜੋਂ ਜਾਣਿਆ ਜਾਂਦਾ ਹੈ) ਦਾ ਬਣਿਆ ਹੁੰਦਾ ਹੈ, ਜਿਸ ਤੇ ਐਕਸਾਈਜ਼ ਦੀਆਂ ਢੁਕਵੀਆਂ ਡਿਊਟੀਆਂ ਦਾ ਭੁਗਤਾਨ ਕੀਤਾ ਗਿਆ ਹੁੰਦਾ ਹੈ ਅਤੇ 22 ਫੀਸਦ ਇਥੇਨੌਲ ਦਾ ਬਣਿਆ ਹੁੰਦਾ ਹੈ ਜਿਸ

(ਬਾਕੀ ਸਫਾ 2 'ਤੇ)

ਨੀਤੀ ਆਯੋਗ ਦੀ 11ਵੀਂ ਬੈਠਕ ਨੂੰ ਪ੍ਰਧਾਨ ਮੰਤਰੀ ਵੱਲੋਂ ਸੰਬੋਧਨ

ਵਿਸ਼ਵਵਿਆਪੀ ਅਨਿਸ਼ਚਿਤਤਾ ਵਿਚਾਲੇ ਭਾਰਤ ਆਪਣੀ ਵਿਕਾਸ ਯਾਤਰਾ 'ਤੇ ਅੱਗੇ ਵੱਧ ਰਿਹੈ: ਮੋਦੀ

ਚੜ੍ਹਦੀਕਲਾ ਬਿਊਰੋ
==============

ਨਵੀਂ ਦਿੱਲੀ, 11 ਜੂਨ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਕ ਵਿਕਸਿਤ ਰਾਸ਼ਟਰ ਦੇ ਟੀਚਿਆਂ ਤੱਕ ਪਹੁੰਚਣ ਲਈ ਸਰਕਾਰ ਦੇ ਹਰ ਪੱਧਰ ਤੇ ਸਹਿਯੋਗ ਅਤੇ ਸਮੂਹਿਕ ਜ਼ਿੰਮੇਵਾਰੀ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ ਵੀਰਵਾਰ ਨੂੰ ਕਿਹਾ ਕਿ ਨੀਤੀ ਆਯੋਗ ਅਜਿਹੇ ਸਹਿਯੋਗ ਲਈ ਇਕ ਪ੍ਰਭਾਵਸ਼ਾਲੀ ਪਲੇਟਫਾਰਮ ਦੀ ਭੂਮਿਕਾ ਨਿਭਾ ਸਕਦਾ ਹੈ। ਪੀ.ਐਮ. ਮੋਦੀ ਨੇ ਨੌਜਵਾਨ ਆਬਾਦੀ ਨੂੰ ਦੇਸ਼ ਲਈ ਇਕ ਪ੍ਰਮੁੱਖ ਤਾਕਤ ਅਤੇ ਇਕ ਇਤਿਹਾਸਕ ਮੌਕਾ ਦੱਸਦੇ ਹੋਏ ਇਸ ਦਾ ਲਾਭ ਚੁੱਕਣ ਲਈ ਨੌਜਵਾਨਾਂ ਨੂੰ ਮੰਗ-ਅਧਾਰਤ ਸਿੱਖਿਆ ਅਤੇ ਸਿਖਲਾਈ ਪ੍ਰਦਾਨ

(ਬਾਕੀ ਸਫਾ 2 'ਤੇ)

'ਕਿਸਾਨਾਂ ਦਾ ਜੀਵਨ ਸੁਖਾਲਾ ਬਣਾਉਣ ਲਈ ਸਰਕਾਰ ਕੋਈ ਕਸਰ ਨਹੀਂ ਛੱਡ ਰਹੀ'

ਨਵੀਂ ਦਿੱਲੀ, 11 ਜੂਨ (ਚੜ੍ਹਦੀਕਲਾ ਬਿਊਰੋ) :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਜ਼ੋਰ ਦੇ ਕੇ ਕਿਹਾ ਕਿ ਕਿਸਾਨ ਦੇਸ਼ ਦੀ ਖੁਰਾਕ ਸੁਰੱਖਿਆ ਦੇ ਅਧਾਰ ਹਨ ਅਤੇ ਸਰਕਾਰ ਉਨ੍ਹਾਂ ਦਾ ਜੀਵਨ ਆਸਾਨ ਬਣਾਉਣ ਲਈ ਕੋਈ ਕਸਰ ਨਹੀਂ ਛੱਡ ਰਹੀ ਹੈ।ਮੋਦੀ ਨੇ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ-ਕਿਸਾਨ ਸਨਮਾਨ ਨਿਧੀ ਅਤੇ ਫਸਲ ਬੀਮਾ ਯੋਜਨਾ ਵਰਗੀਆਂ ਪਹਿਲਕਦਮੀਆਂ ਕਿਸਾਨਾਂ ਦੀ ਆਮਦਨ ਨੂੰ ਸੁਰੱਖਿਅਤ ਕਰ ਰਹੀਆਂ ਹਨ ਅਤੇ ਖੇਤੀਬਾੜੀ ਨੂੰ ਮਜ਼ਬੂਤ ਕਰ ਰਹੀਆਂ ਹਨ,

(ਬਾਕੀ ਸਫਾ 2 'ਤੇ)

ਬਹਿਬਲ ਕਲਾਂ ਗੋਲੀਕਾਂਡ

ਗਿ. ਰਘਬੀਰ ਸਿੰਘ ਨੇ 'ਸਿੱਟ' ਕੋਲ ਦਰਜ ਕਰਵਾਏ ਬਿਆਨ, ਵੱਧ ਸਕਦੀਆਂ ਨੇ ਸੁਖਬੀਰ ਬਾਦਲ ਦੀਆਂ ਮੁਸ਼ਕਲਾਂ

ਬਬਲੂ ਮਹਾਜਨ
===============

ਅੰਮ੍ਰਿਤਸਰ, 11 ਜੂਨ : ਬਹਿਬਲ ਕਲਾਂ ਗੋਲੀਕਾਂਡ ਮਾਮਲੇ ਵਿੱਚ ਇੱਕ ਅਹਿਮ ਮੋੜ ਉਸ ਵੇਲੇ ਸਾਹਮਣੇ ਆਇਆ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਇਸ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਐੱਸਆਈਟੀ) ਅੱਗੇ ਆਪਣੇ ਬਿਆਨ ਦਰਜ ਕਰਵਾ ਦਿੱਤੇ। ਉਨ੍ਹਾਂ ਦੇ ਬਿਆਨਾਂ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਕਾਨੂੰਨੀ ਅਤੇ ਰਾਜਨੀਤਿਕ ਮੁਸ਼ਕਲਾਂ ਵੱਧਦੀਆਂ ਨਜ਼ਰ ਆ ਰਹੀਆਂ ਹਨ। ਗਿਆਨੀ ਰਘਬੀਰ ਸਿੰਘ ਨੇ ਐੱਸਆਈਟੀ ਨੂੰ ਦੱਸਿਆ ਕਿ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਣ ਦੌਰਾਨ ਬਹਿਬਲ ਕਲਾਂ ਗੋਲੀਕਾਂਡ

(ਬਾਕੀ ਸਫਾ 2 'ਤੇ)

ਈਰਾਨ ਉੱਤੇ ਹੋਵੇਗਾ ਬਹੁਤ ਜ਼ੋਰਦਾਰ ਹਮਲਾ, ਤੇਲ ਉਦਯੋਗ 'ਤੇ ਪੂਰਾ ਕੰਟਰੋਲ ਲਵੇਗਾ ਅਮਰੀਕਾ: ਟਰੰਪ

ਚੜ੍ਹਦੀਕਲਾ ਬਿਊਰੋ
==============

ਦੁਬਈ, 11 ਜੂਨ : ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀਰਵਾਰ ਨੂੰ ਕਿਹਾ ਕਿ ਅਮਰੀਕਾ ਈਰਾਨ ਤੇ ਅੱਜ ਰਾਤ ਬਹੁਤ ਜ਼ੋਰਦਾਰ ਹਮਲਾ ਕਰੇਗਾ। ਉਨ੍ਹਾਂ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਧਮਕੀ ਦਿੱਤੀ ਕਿ ਉਹ ਬਹੁਤ ਜਲਦੀ ਈਰਾਨ ਦੇ ਤੇਲ ਅਤੇ ਗੈਸ ਉਦਯੋਗਾਂ ਤੇ ਪੂਰਾ ਕੰਟਰੋਲ ਕਰ ਲੈਣਗੇ, ਜਿਸ ਵਿੱਚ ਮੁੱਖ ਖਾਰਗ ਟਾਪੂ ਵੀ ਸ਼ਾਮਲ ਹੈ।ਇਹ ਧਮਕੀ ਅਮਰੀਕਾ ਅਤੇ ਈਰਾਨ ਦੁਆਰਾ ਲਗਾਤਾਰ ਦੂਜੇ ਦਿਨ ਇੱਕ-ਦੂਜੇ ਤੇ ਕੀਤੇ ਗਏ ਹਮਲਿਆਂ ਤੋਂ ਬਾਅਦ ਆਈ ਹੈ, ਜਿਸ ਨੇ ਮੱਧ ਪੂਰਬ ਨੂੰ ਇੱਕ ਭਿਆਨਕ ਜੰਗ ਦੇ ਦੁਬਾਰਾ ਸ਼ੁਰੂ ਹੋਣ ਦੇ ਬਹੁਤ ਨੇੜੇ ਧੱਕ ਦਿੱਤਾ ਹੈ। ਅਮਰੀਕਾ ਦਾ ਇਹ ਹਮਲਾ ਈਰਾਨ ਵਿੱਚ ਵੀਰਵਾਰ



ਸਵੇਰ ਤੱਕ ਚੱਲਦਾ ਰਿਹਾ, ਜੋ ਕਿ ਪਹਿਲੇ

(ਬਾਕੀ ਸਫਾ 2 'ਤੇ)

ਅਮਰੀਕੀ ਹਮਲੇ 'ਚ 3 ਭਾਰਤੀਆਂ ਦੀ ਮੌਤ

ਨਵੀਂ ਦਿੱਲੀ, 11 ਜੂਨ (ਚੜ੍ਹਦੀਕਲਾ ਬਿਊਰੋ) : ਮਿਡਲ ਈਸਟ 'ਚ ਮੁੜ ਸ਼ੁਰੂ ਹੋਈ ਜੰਗ ਵਿਚਾਲੇ ਇਕ ਬੇਹੱਦ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਸਟ੍ਰੇਟ ਆਫ਼ ਹੋਰਮੁਜ਼ ਨੇੜੇ ਪਲਾਊ ਦੇ ਝੰਡੇ ਵਾਲੇ ਵਪਾਰਕ ਜਹਾਜ਼ ਐਮਟੀ-ਸੈਟੇਬੈਲੋ 'ਤੇ ਹੋਏ ਭਿਆਨਕ ਅਮਰੀਕੀ ਹਮਲੇ 'ਚ ਤਿੰਨ ਭਾਰਤੀ ਕ੍ਰੂ ਮੈਂਬਰਾਂ ਦੀ ਮੌਤ ਹੋ ਗਈ ਹੈ। ਕੇਂਦਰੀ ਮੰਤਰੀ ਸਰਬਾਨੰਦ ਸੋਨੋਵਾਲ ਨੇ ਇਸ ਦੁਖਦਾਈ ਘਟਨਾ ਦੀ ਪੁਸ਼ਟੀ ਕਰਦਿਆਂ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ।

(ਬਾਕੀ ਸਫਾ 2 'ਤੇ)

ਮਜੀਠੀਆ ਦੀ ਅਗਾਊਂ ਜ਼ਮਾਨਤ ਪਟੀਸ਼ਨ 'ਤੇ ਫ਼ੈਸਲਾ 15 ਜੂਨ ਤੱਕ ਮੁਲਤਵੀ

ਅੰਮ੍ਰਿਤਸਰ, 11 ਜੂਨ (ਚੜ੍ਹਦੀਕਲਾ ਬਿਊਰੋ) : ਮਜੀਠਾ ਥਾਣਾ ਹਮਲੇ ਦੇ ਮਾਮਲੇ ਵਿੱਚ ਸਥਾਨਕ ਅਦਾਲਤ ਨੇ ਅੱਜ ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ, ਸਾਬਕਾ ਮੰਤਰੀ ਅਤੇ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੀ ਅਗਾਊਂ ਜ਼ਮਾਨਤ ਪਟੀਸ਼ਨ 'ਤੇ ਆਪਣਾ ਫ਼ੈਸਲਾ 15 ਜੂਨ ਤੱਕ ਮੁਲਤਵੀ ਕਰ ਦਿੱਤਾ ਹੈ।ਅਕਾਲੀ ਆਗੂ ਵੱਲੋਂ ਇਸ ਮਾਮਲੇ ਵਿੱਚ ਗ੍ਰਿਫ਼ਤਾਰੀ 'ਤੇ ਰੋਕ ਲਾਉਣ ਅਤੇ ਅਗਾਊਂ ਜ਼ਮਾਨਤ ਸਬੰਧੀ ਅਰਜ਼ੀ ਇੱਥੇ ਸਥਾਨਕ ਅਦਾਲਤ ਵਿੱਚ ਦਾਇਰ ਕੀਤੀ ਗਈ ਸੀ, ਜਿਸ ਉੱਤੇ ਅੱਜ ਸੁਣਵਾਈ ਕੀਤੀ ਗਈ ਹੈ। ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਮਜੀਠੀਆ ਅਤੇ ਉਨ੍ਹਾਂ ਦੇ ਸਮਰਥਕਾਂ ਤੇ ਭਾਰਤੀ ਨਿਆਂ

(ਬਾਕੀ ਸਫਾ 2 'ਤੇ)

ਘਰੇਲੂ ਮਹਿਲਾਵਾਂ ਹੁਣ 'ਦੇਸ਼ ਨਿਰਮਾਤਾ' ਹਨ: ਸੁਪਰੀਮ ਕੋਰਟ ਦਾ ਇਤਿਹਾਸਕ ਫ਼ੈਸਲਾ

ਸੁਪਰੀਮ ਕੋਰਟ ਨੇ ਘਰੇਲੂ ਮਹਿਲਾਵਾਂ ਦੇ ਕੰਮ ਦੀ ਕੀਮਤ ਘੱਟੋ-ਘੱਟ 30,000 ਰੁਪਏ ਮਹੀਨਾ ਤੈਅ ਕੀਤੀ

ਚੜ੍ਹਦੀਕਲਾ ਬਿਊਰੋ
==============

ਨਵੀਂ ਦਿੱਲੀ, 11 ਜੂਨ : ਸੁਪਰੀਮ ਕੋਰਟ ਨੇ ਵੀਰਵਾਰ ਨੂੰ ਇੱਕ ਇਤਿਹਾਸਕ ਫੈਸਲਾ ਸੁਣਾਉਂਦਿਆਂ ਘਰੇਲੂ ਮਹਿਲਾਵਾਂ ਨੂੰ 'ਦੇਸ਼ ਨਿਰਮਾਤਾ' ਵਜੋਂ ਅਹਿਮ ਦਰਜਾ ਦਿੱਤਾ ਹੈ। ਅਦਾਲਤ ਨੇ ਕਿਹਾ ਕਿ ਕਿਸੇ ਹਾਦਸੇ ਵਿੱਚ ਪਤਨੀ ਦੀ ਮੌਤ ਹੋਣ ਦੀ ਸੂਰਤ ਵਿੱਚ ਪਰਿਵਾਰ ਨੂੰ ਮਿਲਣ ਵਾਲੀ ਘਰੇਲੂ ਦੇਖਭਾਲ ਦੇ ਨੁਕਸਾਨ ਦਾ ਮੁਲਾਂਕਣ ਘੱਟੋ-ਘੱਟ 30,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਣਾ ਚਾਹੀਦਾ ਹੈ। ਜਸਟਿਸ ਸੰਜੇ ਕਰੋਲ ਅਤੇ ਜਸਟਿਸ ਐਨ. ਕੋਟੀਸ਼ਵਰ ਸਿੰਘ ਦੇ ਬੈਂਚ ਨੇ ਸਪੱਸ਼ਟ ਕੀਤਾ ਕਿ ਮੋਟਰ ਵਾਹਨ ਹਾਦਸਾ ਕਲੇਮ ਦੇ ਮਾਮਲਿਆਂ ਵਿੱਚ ਇੱਕ ਘਰੇਲੂ ਮਹਿਲਾ ਵੱਲੋਂ ਪਰਿਵਾਰ

ਦੀ ਕੀਤੀ ਜਾਂਦੀ ਦੇਖਭਾਲ ਦੇ ਨੁਕਸਾਨ ਨੂੰ ਇੱਕ ਵੱਖਰਾ ਅਤੇ ਮੁਆਵਜ਼ਾ ਯੋਗ ਆਧਾਰ ਮੰਨਿਆ ਜਾਵੇਗਾ। ਅਦਾਲਤ ਨੇ ਇੱਕ ਸੜਕ ਹਾਦਸੇ ਵਿੱਚ ਆਪਣੀ ਪਤਨੀ ਨੂੰ

(ਬਾਕੀ ਸਫਾ 2 'ਤੇ)

ਰਾਮ ਮੰਦਰ ਦੇ ਚੜ੍ਹਾਵੇ 'ਚ ਗੜਬੜੀ ਦੀ ਪੀ. ਐੱਮ. ਓ. ਨੇ ਟਰੱਸਟ ਤੋਂ ਮੰਗੀ ਰਿਪੋਰਟ

ਨਵੀਂ ਦਿੱਲੀ/ ਅਯੁੱਧਿਆ, 11 ਜੂਨ (ਚੜ੍ਹਦੀਕਲਾ ਬਿਊਰੋ) : ਅਯੁੱਧਿਆ ਸਥਿਤ ਰਾਮ ਮੰਦਰ ਦੇ ਚੜ੍ਹਾਵੇ ਵਿਚ ਕਥਿਤ ਬੇਨਿਯਮੀਆਂ ਅਤੇ ਚੋਰੀ ਦੇ ਦਾਅਵਿਆਂ ਨੂੰ ਲੈ ਕੇ ਪ੍ਰਧਾਨ ਮੰਤਰੀ ਦਫ਼ਤਰ (ਪੀ. ਐੱਮ. ਓ.) ਨੇ ਮਾਮਲੇ ਦਾ ਨੋਟਿਸ ਲੈਂਦਿਆਂ ਸ਼੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਤੋਂ ਰਿਪੋਰਟ ਤਲਬ ਕੀਤੀ ਹੈ। ਸੂਤਰਾਂ ਅਨੁਸਾਰ, ਹਾਲ ਹੀ ਵਿਚ ਉੱਠੇ ਦੋਸ਼ਾਂ ਅਤੇ ਸ਼ਿਕਾਇਤਾਂ ਤੋਂ ਬਾਅਦ ਪੀਐੱਮਓ ਨੇ ਪੂਰੇ ਮਾਮਲੇ ਦੀ ਤੱਥਾਂ 'ਤੇ ਆਧਾਰਤ ਜਾਣਕਾਰੀ ਮੰਗੀ ਹੈ। ਦੱਸਿਆ ਜਾ ਰਿਹਾ ਹੈ ਕਿ ਭਾਜਪਾ ਦੇ ਇਕ ਆਗੂ ਨੇ ਪ੍ਰਧਾਨ ਮੰਤਰੀ ਦਫ਼ਤਰ ਨੂੰ ਪੱਤਰ ਲਿਖ ਕੇ ਚੜ੍ਹਾਵੇ ਵਿਚ ਕਥਿਤ ਗੜਬੜੀ ਦੀ ਕੇਂਦਰੀ ਜਾਂਚ ਬਿਊਰੋ (ਸੀ. ਬੀ. ਆਈ.) ਤੋਂ

(ਬਾਕੀ ਸਫਾ 2 'ਤੇ)

ਕਾਂਗਰਸ ਵੱਲੋਂ ਸਾਰੇ ਸੂਬਾ ਪ੍ਰਧਾਨਾਂ ਤੇ ਸੀਨੀਅਰ ਆਗੂਆਂ ਨਾਲ ਮੀਟਿੰਗ

ਦੇਸ਼ ਦੀ ਮੌਜੂਦਾ ਆਰਥਿਕ ਅਤੇ ਲੋਕਤੰਤਰੀ ਸਥਿਤੀ ਸਮੇਤ ਕਈ ਅਹਿਮ ਮੁੱਦਿਆਂ 'ਤੇ ਕੀਤੀ ਚਰਚਾ



ਚੜ੍ਹਦੀਕਲਾ ਬਿਊਰੋ
==============

ਨਵੀਂ ਦਿੱਲੀ, 11 ਜੂਨ : ਕਾਂਗਰਸ ਨੇ ਵੀਰਵਾਰ ਨੂੰ ਇੱਥੇ ਇੰਦਰਾ ਭਵਨ 'ਚ ਪਾਰਟੀ ਦੇ ਸਾਰੇ ਪ੍ਰਦੇਸ਼ ਪ੍ਰਧਾਨਾਂ, ਇੰਚਾਰਜਾਂ ਅਤੇ ਸੀਨੀਅਰ ਆਗੂਆਂ ਦੀ ਮਹੱਤਵਪੂਰਨ ਬੈਠਕ ਆਯੋਜਿਤ ਕੀਤੀ। ਲਗਭਗ 3 ਘੰਟਿਆਂ ਤੱਕ ਚੱਲੀ ਇਸ ਬੈਠਕ 'ਚ ਸੰਗਠਨਾਤਮਕ ਅਤੇ ਰਾਜਨੀਤਕ ਮੁੱਦਿਆਂ ਦੇ ਨਾਲ-ਨਾਲ ਦੇਸ਼ ਦੀ ਮੌਜੂਦਾ ਆਰਥਿਕ ਅਤੇ ਲੋਕਤੰਤਰੀ ਸਥਿਤੀ ਤੇ ਚਰਚਾ ਕੀ ਤੀ ਗਈ। ਬੈਠਕ ਤੋਂ ਬਾਅਦ ਆਯੋਜਿਤ ਪੱਤਰਕਾਰ ਸੰਮੇਲਨ ਚ ਕਾਂਗਰਸ ਦੇ ਰਾਸ਼ਟਰੀ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ ਮੱਧ ਪ੍ਰਦੇਸ਼ ਅਤੇ ਝਾਰਖੰਡ ਚ ਰਾਜ ਸਭਾ ਚੋਣਾਂ ਨਾਲ ਜੁੜੇ ਘਟਨਾਕ੍ਰਮ ਨੂੰ ਲੋਕਤੰਤਰ ਤੇ ਹਮਲਾ ਦੱਸਿਆ। ਉਨ੍ਹਾਂ ਕਿਹਾ ਕਿ ਮੱਧ ਪ੍ਰਦੇਸ਼ ਚ ਕਾਂਗਰਸ ਉਮੀਦਵਾਰ ਮੀਨਾਕਸ਼ੀ ਨਟਰਾਜਨ ਦੀ ਨਾਮਜ਼ਦਗੀ ਇਕ ਅਦਾਲਤ ਨੇ ਨੋਟਿਸ

(ਬਾਕੀ ਸਫਾ 2 'ਤੇ)

ਬੀ.ਬੀ.ਐੱਮ.ਬੀ. ਨੇ ਪੌਂਗ ਡੈਮ ਦੇ ਗੇਟ ਖੋਲ੍ਹ ਕੇ ਛੱਡਿਆ ਵਾਧੂ ਪਾਣੀ

ਚੰਡੀਗੜ੍ਹ, 11 ਜੂਨ (ਚੜ੍ਹਦੀਕਲਾ ਬਿਊਰੋ) : ਪੰਜਾਬ ਵਾਸੀਆਂ ਲਈ ਅਹਿਮ ਖ਼ਬਰ ਸਾਹਮਣੇ ਆਈ ਹੈ। ਮਾਨਸੂਨ ਤੋਂ ਪਹਿਲਾਂ ਹੀ ਪਾਣੀ ਦੇ ਵੱਧਦੇ ਪੱਧਰ ਕਾਰਨ ਪ੍ਰਸ਼ਾਸਨ ਨੇ ਪੌਂਗ ਡੈਮ ਦੇ ਫਲੱਡ ਗੇਟ ਖੋਲ੍ਹ ਕੇ ਵਾਧੂ ਪਾਣੀ ਛੱਡ ਦਿੱਤਾ ਹੈ। ਇਸ ਕਾਰਨ ਬਿਆਸ ਦਰਿਆ ਦੇ ਨੇੜਲੇ ਇਲਾਕਿਆਂ ਵਿੱਚ ਸਾਵਧਾਨੀ ਵਰਤਣ ਲਈ ਅਲਰਟ ਜਾਰੀ ਕੀਤਾ ਗਿਆ ਹੈ। ਮਾਨਸੂਨ ਤੋਂ ਪਹਿਲਾਂ ਹੀ ਬੀ.ਬੀ.ਐਮ.ਬੀ. ਸੂਬਿਆਂ ਨੂੰ ਪਾਣੀ ਦੇਣ ਦੀ ਤਿਆਰੀ ਕਰ ਰਿਹਾ ਹੈ। ਪੌਂਗ ਡੈਮ ਦੀਆਂ ਸਾਹਮਣੇ ਆਈਆਂ ਤਸਵੀਰਾਂ ਕਿਵੇਂ ਡੈਮ ਵਿਚ ਪਾਣੀ ਛੱਲਾਂ ਮਾਰਦਾ ਨਜ਼ਰ ਆ ਰਿਹਾ ਹੈ। ਪਾਣੀ ਛੱਡੇ ਜਾਣ ਕਾਰਨ ਬਿਆਸ ਦਰਿਆ ਦੇ ਕੰਢੇ ਵਸੇ ਪਿੰਡਾਂ ਅਤੇ ਨੀਵੇਂ ਇਲਾਕਿਆਂ ਵਿੱਚ ਹੜ੍ਹਾਂ ਵਰਗੀ ਸਥਿਤੀ ਬਣ ਸਕਦੀ ਹੈ।

(ਬਾਕੀ ਸਫਾ 2 'ਤੇ)

ਅਮਰੀਕੀ ਜਲ ਸੈਨਾ ਵੱਲੋਂ ਭਾਰਤੀ ਮਲਾਹਾਂ ਵਾਲੇ 3 ਵਪਾਰਕ ਜਹਾਜ਼ਾਂ 'ਤੇ ਹਮਲੇ ਦਾ ਮੁੱਦਾ ਭਾਰਤ ਨੇ ਅਮਰੀਕਾ ਕੋਲ ਚੁੱਕਿਆ

ਚੜ੍ਹਦੀਕਲਾ ਬਿਊਰੋ
==============

ਨਵੀਂ ਦਿੱਲੀ, 11 ਜੂਨ : ਭਾਰਤ ਸਰਕਾਰ ਨੇ ਵੀਰਵਾਰ ਨੂੰ ਕਿਹਾ ਕਿ ਪਿਛਲੇ ਚਾਰ ਦਿਨਾਂ ਵਿੱਚ ਓਮਾਨ ਦੇ ਤੱਟ ਦੇ ਨੇੜੇ ਅਮਰੀਕੀ ਜਲ ਸੈਨਾ ਵੱਲੋਂ ਭਾਰਤੀ ਚਾਲਕ ਦਲ (ਕਰੂ) ਦੇ ਮੈਂਬਰਾਂ ਵਾਲੇ ਤਿੰਨ ਵਪਾਰਕ ਜਹਾਜ਼ਾਂ ਤੇ ਹਮਲਾ ਕੀਤਾ ਗਿਆ ਹੈ, ਇਸ ਦੌਰਾਨ ਤਿੰਨ ਭਾਰਤੀ ਨਾਗਰਿਕਾਂ ਦੀ ਮੌਤ ਹੋ ਗਈ ਹੈ। ਭਾਰਤ ਨੇ ਇਸ ਮਾਮਲੇ ਨੂੰ ਅਮਰੀਕਾ ਕੋਲ ਸਖ਼ਤੀ ਨਾਲ ਚੁੱਕਿਆ ਹੈ।ਇਹ ਪਹਿਲੀ ਵਾਰ ਹੈ ਜਦੋਂ ਜਨਤਕ ਤੌਰ ਤੇ ਇਹ ਸਵੀਕਾਰ ਕੀਤਾ ਗਿਆ ਹੈ ਕਿ ਅਮਰੀਕੀ ਜਲ ਸੈਨਾ ਭਾਰਤੀ ਕਰੂ ਵਾਲੇ ਜਹਾਜ਼ਾਂ ਨੂੰ ਨਿਸ਼ਾਨਾ ਬਣਾ ਰਹੀ ਹੈ।

8 ਜੂਨ ਨੂੰ ਅਮਰੀਕੀ ਫ਼ੌਜ ਨੇ ਪਲਾਊ ਦੇ ਝੰਡੇ ਵਾਲੇ ਇੱਕ ਤੇਲ ਟੈਂਕਰ ਮੈਰੀਵੈਕਸ ਉੱਤੇ ਹਮਲਾ ਕਰਕੇ ਨੁਕਸਾਨ ਪਹੁੰਚਾਇਆ ਸੀ। ਇਸ ਉੱਤੇ

24 ਭਾਰਤੀ ਮਲਾਹ ਸਵਾਰ ਸਨ ਅਤੇ ਉਨ੍ਹਾਂ ਸਾਰਿਆਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਸੀ।

(ਬਾਕੀ ਸਫਾ 2 'ਤੇ)

ਤਰੁਣ ਚੁੱਘ ਮੱਧ ਪ੍ਰਦੇਸ਼ ਤੋਂ ਰਾਜ ਸਭਾ ਮੈਂਬਰ ਬਣੇ

ਨਵੀਂ ਦਿੱਲੀ, 11 ਜੂਨ (ਚੜ੍ਹਦੀਕਲਾ ਬਿਊਰੋ) :ਭਾਜਪਾ ਨੇ ਰਾਜ ਸਭਾ ਵਿਚ ਮੱਧ ਪ੍ਰਦੇਸ਼ ਕੋਟੇ ਦੀਆਂ ਤਿੰਨੋਂ ਸੀਟਾਂ ਜਿੱਤ ਲਈਆਂ ਹਨ। ਰਿਟਰਨਿੰਗ ਅਫ਼ਸਰ ਅਰਵਿੰਦ ਸ਼ਰਮਾ ਨੇ ਤਰੁਣ ਚੁੱਘ, ਰਜਨੀਸ਼ ਅਗਰਵਾਲ ਅਤੇ ਮਹੇਸ਼ ਕੇਵਟ ਨੂੰ ਚੋਣ ਸਰਟੀਫਿਕੇਟ ਜਾਰੀ ਕੀਤੇ। ਇਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ ਕਾਂਗਰਸ ਉਮੀਦਵਾਰ ਮੀਨਾਕਸ਼ੀ ਨਟਰਾਜਨ ਦੀ ਨਾਮਜ਼ਦਗੀ ਰੱਦ ਕਰਨ ਨੂੰ ਚੁਣੌਤੀ ਦੇਣ ਵਾਲੀ ਕਾਂਗਰਸ ਦੀ ਪਟੀਸ਼ਨ ਤੇ ਸੁਣਵਾਈ ਸ਼ੁੱਕਰਵਾਰ ਤੱਕ ਮੁਲਤਵੀ ਕਰ ਦਿੱਤੀ।

ਚੋਣ ਕਮਿਸ਼ਨ ਨੇ ਵੀ ਇਸ ਮਾਮਲੇ ਤੇ ਕੋਈ ਫੈਸਲਾ ਜਾਰੀ ਨਹੀਂ ਕੀਤਾ ਹੈ। ਇਸ ਤੋਂ ਬਾਅਦ ਤਿੰਨੋਂ ਸੀਟਾਂ 'ਤੇ ਭਾਜਪਾ ਦੀ ਜਿੱਤ ਦੀ ਪੁਸ਼ਟੀ ਹੋ ਗਈ। ਚੁਣੇ ਗਏ ਤਿੰਨੋਂ ਆਗੂਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਸਮੁੱਚੀ ਭਾਜਪਾ ਲੀਡਰਸ਼ਿਪ ਦਾ ਧੰਨਵਾਦ ਕੀਤਾ।

ਦੁਨੀਆਂ ਵਿੱਚ ਚੱਲ ਰਹੇ ਟਕਰਾਵਾਂ ਦਾ ਗੱਲਬਾਤ ਤੇ ਕੂਟਨੀਤੀ ਰਾਹੀਂ ਹੱਲ ਸੰਭਵ: ਜੈਸ਼ੰਕਰ



ਚੜ੍ਹਦੀਕਲਾ ਬਿਊਰੋ
==============

ਸੋਫੀਆ , 11 ਜੂਨ : ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਬੁੱਧਵਾਰ ਨੂੰ ਦੁਨੀਆਂ ਦੇ ਵੱਖ-ਵੱਖ ਹਿੱਸਿਆਂ ਵਿੱਚ ਚੱਲ ਰਹੇ ਟਕਰਾਵਾਂ ਦਾ ਇੱਕੋ ਇੱਕ ਹੱਲ ਗੱਲਬਾਤ ਅਤੇ ਕੂਟਨੀਤੀ ਨੂੰ ਦੱਸਿਆ ਅਤੇ ਭਾਰਤ ਦੇ ਇਸ ਰੁਖ਼ ਨੂੰ ਦੁਹਰਾਇਆ ਕਿ ਇਹ ਯੁੱਧ ਦਾ ਯੁੱਗ ਨਹੀਂ ਹੈ। ਜੈਸ਼ੰਕਰ ਨੇ ਬੁੱਧਵਾਰ ਨੂੰ ਆਪਣੇ ਬੁਲਗਾਰੀਆਈ ਹਮਰੁਤਬਾ ਵੇਲਿਸਲਵਾ ਪੈਟਰੋਵਾ-ਚਾਮੋਵਾ ਨਾਲ ਮੁਲਾਕਾਤ ਤੋਂ ਬਾਅਦ ਇਹ ਟਿੱਪਣੀ ਕੀਤੀ। ਉਨ੍ਹਾਂ ਨੇ ਕਿਹਾ,ਦੁਨੀਆਂ ਇਸ ਸਮੇਂ ਇੱਕ ਬਹੁਤ ਹੀ ਅਸਥਿਰ ਅਤੇ ਅਨਿਸ਼ਚਿਤ ਦੌਰ ਵਿੱਚੋਂ ਲੰਘ ਰਹੀ ਹੈ। ਕਈ ਵੱਡੇ ਟਕਰਾਅ ਚੱਲ ਰਹੇ ਹਨ, ਆਰਥਿਕ ਸੁਰੱਖਿਆ ਨੂੰ ਲੈ ਕੇ ਚਿੰਤਾਵਾਂ ਹਨ,ਮਹਾਂਮਾਰੀ ਦੇ ਹਾਲੀਆ ਅਨੁਭਵ ਹੈ ਅਤੇ ਅੱਤਵਾਦ ਦਾ ਖ਼ਤਰਾ ਵਾਰ-ਵਾਰ ਸਾਹਮਣੇ ਆ ਰਿਹਾ ਹੈ। ਜੈਸ਼ੰਕਰ ਨੇ ਕਿਹਾ,ਭਾਰਤ ਦਾ ਇਨ੍ਹਾਂ ਸਾਰੇ ਮੁੱਦਿਆਂ 'ਤੇ ਸਪੱਸ਼ਟ ਦ੍ਰਿਸ਼ਟੀਕੋਣ ਹੈ। ਸਾਡਾ ਮੰਨਣਾ ਹੈ ਕਿ ਇਹ ਯੁੱਧ ਦਾ ਯੁੱਗ ਨਹੀਂ ਹੈ। ਇਨ੍ਹਾਂ ਟਕਰਾਵਾਂ ਦਾ

(ਬਾਕੀ ਸਫਾ 2 'ਤੇ)

ਮੌਸਮ ਵਿਭਾਗ ਵੱਲੋਂ ਚਿਤਾਵਨੀ ਜਾਰੀ

ਪੰਜਾਬ 'ਚ ਅੱਜ ਤੇਜ਼ ਤੂਫ਼ਾਨ ਤੇ ਮੀਂਹ ਦੀ ਸੰਭਾਵਨਾ

ਚੜ੍ਹਦੀਕਲਾ ਬਿਊਰੋ
==============

ਚੰਡੀਗੜ੍ਹ, 11 ਜੂਨ : ਭਾਰਤੀ ਮੌਸਮ ਵਿਭਾਗ ਚੰਡੀਗੜ੍ਹ ਨੇ ਪੰਜਾਬ 'ਚ ਆਉਣ ਵਾਲੇ ਦਿਨਾਂ ਨੂੰ ਲੈ ਕੇ ਮੌਸਮ ਦੀ ਵੱਡੀ ਅਪਡੇਟ ਜਾਰੀ ਕੀਤੀ ਹੈ। ਵਿਭਾਗ ਮੁਤਾਬਕ ਭਲਕੇ 12 ਜੂਨ ਨੂੰ ਸੂਬੇ ਭਰ ਚ ਮੌਸਮ ਦਾ ਰੁੱਖ ਪੂਰੀ ਤਰ੍ਹਾਂ ਬਦਲ ਜਾਵੇਗਾ। ਜ਼ਿਲ੍ਹਾਵਾਰ ਚੇਤਾਵਨੀ ਅਨੁਸਾਰ ਭਲਕੇ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਚ ਓਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਇਸ ਦੌਰਾਨ ਤੇਜ਼ ਹਨੇਰੀ, ਗਰਜ-ਤੂਫਾਨ ਨਾਲ ਮੀਂਹ ਅਤੇ ਕਈ ਥਾਵਾਂ ਤੇ ਗੜ੍ਹੇ ਪੈਣ ਦੀ ਸੰਭਾਵਨਾ ਹੈ।

ਜ਼ਿਆਦਾਤਰ ਇਲਾਕਿਆਂ ਚ ਹਵਾ ਦੀ ਰਫ਼ਤਾਰ 40-50 ਕਿਲੋਮੀਟਰ ਪ੍ਰਤੀ ਘੰਟਾ ਰਹੇਗੀ, ਜਦਕਿ ਕੁਝ ਥਾਵਾਂ ਤੇ 60-70 ਕਿਲੋਮੀਟਰ ਪ੍ਰਤੀ ਘੰਟੇ ਤੱਕ ਹਨੇਰੀ-ਝੱਖੜ ਚੱਲਣ ਦੀ ਸੰਭਾਵਨਾ ਹੈ। ਅੰਮ੍ਰਿਤਸਰ,

ਲੁਧਿਆਣਾ, ਜਲੰਧਰ, ਪਟਿਆਲਾ, ਬਠਿੰਡਾ, ਫਿਰੋਜ਼ਪੁਰ ਸਮੇਤ ਸਾਰੇ ਮੈਦਾਨੀ ਇਲਾਕੇ ਇਸ ਦੀ ਲਪੇਟ ਚ ਰਹਿਣਗੇ। ਇਸੇ ਤਰ੍ਹਾਂ 13 ਜੂਨ ਤੋਂ ਮੌਸਮ ਚ ਸੁਧਾਰ ਹੋਵੇਗਾ। ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਨਵਾਂਸ਼ਹਿਰ

(ਬਾਕੀ ਸਫਾ 2 'ਤੇ)

ਦੇਸ਼ ਦੇ 22 ਸੂਬਿਆਂ 'ਚ ਹਨੇਰੀ-ਤੂਫ਼ਾਨ ਦੇ ਨਾਲ ਪਵੇਗਾ ਭਾਰੀ ਮੀਂਹ

ਚੜ੍ਹਦੀਕਲਾ ਬਿਊਰੋ
==============

ਚੰਡੀਗੜ੍ਹ, 11 ਜੂਨ : ਦੇਸ਼ ਦੇ ਮੌਸਮ ਵਿਚ ਇਸ ਸਮੇਂ ਦੋਹਰਾ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਇਕ ਪਾਸੇ ਜਿਥੇ ਕਈ ਰਾਜਾਂ ਵਿੱਚ ਭਾਰੀ ਮਾਨਸੂਨ ਅਤੇ ਪ੍ਰੀ-ਮਾਨਸੂਨ ਦਾ ਮੀਂਹ ਪੈ ਰਿਹਾ, ਉਥੇ ਹੀ ਉੱਤਰ-ਪੱਛਮੀ ਭਾਰਤ ਵਿੱਚ ਪੱਛਮੀ ਗੜਬੜ ਕਾਰਨ ਤੂਫਾਨ ਵਰਗੀ ਸਥਿਤੀ ਅਗਲੇ ਦੋ ਦਿਨਾਂ ਤੱਕ ਜਾਰੀ ਰਹਿਣ ਵਾਲੀ ਹੈ। ਮੌਸਮ ਵਿਭਾਗ (ਆਈ.ਐਮ.ਡੀ.) ਦੇ ਅਨੁਸਾਰ, ਅਗਲੇ 5 ਤੋਂ 7 ਦਿਨਾਂ ਦੇ ਅੰਦਰ ਉੱਤਰ-ਪੂਰਬੀ ਅਤੇ ਦੱਖਣੀ ਭਾਰਤ ਦੇ ਕੁਝ ਰਾਜਾਂ ਵਿੱਚ 7 ਤੋਂ 20 ਸੈਂਟੀਮੀਟਰ ਤੱਕ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਦੱਸ ਦੇਈਏ ਕਿ ਭਾਰਤੀ ਮੌਸਮ ਵਿਭਾਗ (ਆਈ.ਐਮ.ਡੀ.) ਦੇ ਅਨੁਸਾਰ ਮਾਨਸੂਨ ਦੇਸ਼ ਦੇ ਇੱਕ ਵੱਡੇ ਹਿੱਸੇ ਨੂੰ ਕਵਰ ਕਰ ਚੁੱਕਾ ਹੈ। ਮਾਨਸੂਨ ਕੇਰਲ, ਕਰਨਾਟਕ, ਗੋਆ, ਤਾਮਿਲਨਾਡੂ, ਮਹਾਰਾਸ਼ਟਰ, ਆਂਧਰਾ ਪ੍ਰਦੇਸ਼, ਤੇਲੰਗਾਨਾ, ਮਨੀਪੁਰ, ਤ੍ਰਿਪੁਰਾ, ਨਾਗਾਲੈਂਡ, ਅਰੁਣਾਚਲ ਪ੍ਰਦੇਸ਼, ਮਿਜ਼ੋਰਮ, ਮੇਘਾਲਿਆ, ਸਿੱਕਮ ਅਤੇ ਪੱਛਮੀ ਬੰਗਾਲ ਪਹੁੰਚ ਗਿਆ ਹੈ। ਪਿਛਲੇ ਸੱਤ ਦਿਨਾਂ ਤੋਂ ਮਾਨਸੂਨ ਚੇਨਈ, ਤਾਮਿਲਨਾਡੂ, ਹਰਨਾਈ, ਮਹਾਰਾਸ਼ਟਰ ਅਤੇ ਸਿਲੀਗੁੜੀ, ਬੰਗਾਲ ਵਿੱਚ ਫਸਿਆ ਹੋਇਆ ਹੈ। ਹਾਲਾਂਕਿ, ਅਗਲੇ 2-3 ਦਿਨਾਂ ਵਿੱਚ

(ਬਾਕੀ ਸਫਾ 2 'ਤੇ)

ਵਿਧਾਇਕ ਰਮਨ ਅਰੋੜਾ 9 ਦਿਨ ਬਾਅਦ ਦੂਜੀ ਵਾਰ ਈ.ਡੀ. ਦਫ਼ਤਰ ਪੁੱਜੇ

ਚੜ੍ਹਦੀਕਲਾ ਬਿਊਰੋ
==============

ਜਲੰਧਰ, 11 ਜੂਨ : ਮਨੀ ਲਾਂਡਰਿੰਗ ਮਾਮਲੇ ਵਿੱਚ ਕਾਂਗਰਸ ਦੇ ਪੂਰਵ ਵਿਧਾਇਕ ਕਿੱਕੀ ਢਿੱਲੋਂ ਤੋਂ ਬਾਅਦ ਹੁਣ ਆਪ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਈ.ਡੀ. ਦਫ਼ਤਰ ਪਹੁੰਚੇ ਹਨ। ਵਿਧਾਇਕ ਰਮਨ ਅਰੋੜਾ ਨੇ ਈ.ਡੀ. ਦਫ਼ਤਰ ਜਾਣ ਤੋਂ ਪਹਿਲਾਂ ਮੀਡੀਆ ਤੋਂ ਦੂਰੀ ਬਣਾਈ ਰੱਖੀ। ਈ.ਡੀ. ਅਧਿਕਾਰੀਆਂ ਵੱਲੋਂ ਰਮਨ ਅਰੋੜਾ ਨੂੰ ਦਫ਼ਤਰ ਵਿੱਚ ਪੇਸ਼ ਹੋਣ ਲਈ ਨੋਟਿਸ ਜਾਰੀ ਕੀਤਾ ਗਿਆ ਸੀ।ਦੱਸ ਦੇਈਏ ਕਿ ਈ.ਡੀ. ਵੱਲੋਂ ਵਿਧਾਇਕ ਰਮਨ ਅਰੋੜਾ ਨੂੰ ਨੋਟਿਸ ਜਾਰੀ ਹੋਣ ਦੇ ਚਲਦਿਆਂ 2 ਜੂਨ ਨੂੰ ਰਮਨ ਅਰੋੜਾ ਈ.ਡੀ. ਦਫ਼ਤਰ ਵਿੱਚ ਦਸਤਾਵੇਜ਼ ਲੈ ਕੇ ਪਹੁੰਚੇ ਸਨ ਅਤੇ ਉਸ ਦਿਨ ਵਿਧਾਇਕ ਰਮਨ ਅਰੋੜਾ ਕੋਲੋਂ ਈ.ਡੀ. ਨੇ ਸਾਢੇ ਅੱਠ ਘੰਟੇ ਪੁੱਛ-ਗਿੱਛ ਕੀਤੀ ਸੀ। ਈ.ਡੀ. ਦਫ਼ਤਰ ਤੋਂ ਬਾਹਰ ਆਉਣ 'ਤੇ ਜਦੋਂ ਉਨ੍ਹਾਂ ਨੂੰ ਪੁੱਛਿਆ

ਗਿਆ ਕਿ ਈ.ਡੀ. ਨੇ ਪੁੱਛ-ਗਿੱਛ ਕੀਤੀ ਹੈ, ਤਾਂ ਉਨ੍ਹਾਂ ਨੇ ਕੈਮਰੇ ਅੱਗੇ ਬੋਲਣ ਤੋਂ ਪਰਹੇਜ਼ ਕੀਤਾ ਸੀ। ਵਿਜੀਲੈਂਸ ਵੱਲੋਂ ਦਰਜ ਭ੍ਰਿਸ਼ਟਾਚਾਰ ਕੇਸ

(ਬਾਕੀ ਸਫਾ 2 'ਤੇ)

ਪੰਜਾਬ 'ਚ ਅੱਜ ਤੇਜ਼ ਤੂਫ਼ਾਨ ਤੇ ਮੀਂਹ ਦੀ ਸੰਭਾਵਨਾ

ਵਰਗੇ ਪਹਾੜੀ ਇਲਾਕਿਆਂ ਹਲਕੀ ਬਾਰਿਸ਼ ਹੋ ਸਕਦੀ ਹੈ। ਅੰਮ੍ਰਿਤਸਰ, ਬਠਿੰਡਾ, ਮਾਨਸਾ, ਤਰਨਤਾਰਨ, ਫਰੀਦਕੋਟ ਚ 30-40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਵਾਵਾਂ ਚੱਲਣਗੀਆਂ। 14 ਅਤੇ 15 ਜੂਨ ਨੂੰ ਪੰਜਾਬ ਦੇ ਜ਼ਿਆਦਾਤਰ ਹਿੱਸਿਆਂ ਚ ਮੌਸਮ ਸਾਫ਼ ਰਹੇਗਾ। ਲੁਧਿਆਣਾ, ਪਟਿਆਲਾ, ਜਲੰਧਰ, ਐਸ.ਏ.ਐਸ. ਨਗਰ ਮੋਹਾਲੀ, ਫਤਿਹਗੜ੍ਹ ਸਾਹਿਬ ਚ ਕੋਈ ਚੇਤਾਵਨੀ ਨਹੀਂਹੈ। ਸਿਰਫ਼ ਸਰਹੱਦੀ ਜ਼ਿਲ੍ਹਿਆਂ ਚ ਹਲਕੇ ਬੱਦਲ ਰਹਿ ਸਕਦੇ ਹਨ।

ਦੇਸ਼ ਦੇ 22 ਸੂਬਿਆਂ 'ਚ ਹਨ੍ਹੇਰੀ-ਤੂਫ਼ਾਨ ਦੇ ਨਾਲ ਪਵੇਗਾ...

ਇਸ ਦੇ ਹੋਰ ਅੱਗੇ ਵਧਣ ਲਈ ਹਾਲਾਤ ਅਨੁਕੂਲ ਹਨ। ਮਾਨਸੂਨ ਦੇ 5 ਜੁਲਾਈ ਤੱਕ ਬਿਹਾਰ, ਝਾਰਖੰਡ, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼, ਗੁਜਰਾਤ, ਲੱਦਾਖ, ਉਤਰਾਖੰਡ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਪੰਜਾਬ, ਹਰਿਆਣਾ, ਦਿੱਲੀ, ਚੰਡੀਗੜ੍ਹ ਅਤੇ ਰਾਜਸਥਾਨ ਪਹੁੰਚਣ ਦੀ ਉਮੀਦ ਹੈ। ਆਮ ਤੌਰ 'ਤੇ ਸਰਦੀਆਂ ਵਿੱਚ ਸਰਗਰਮ ਰਹਿਣ ਵਾਲਾ ਇਹ ਮੌਸਮ ਸਿਸਟਮ ਇਸ ਵਾਰ ਗਰਮੀਆਂ ਵਿੱਚ ਸਰਗਰਮ ਹੋਇਆ ਹੈ। ਇਹ ਸਿਸਟਮ, ਜੋ 11 ਜੂਨ ਨੂੰ ਸਰਗਰਮ ਹੋਇਆ ਸੀ, 13 ਜੂਨ ਤੱਕ ਪ੍ਰਭਾਵੀ ਰਹੇਗਾ, ਜਿਸ ਨਾਲ ਉੱਤਰ-ਪੱਛਮੀ ਭਾਰਤ ਵਿੱਚ ਗਰਜ, ਭਾਰੀ ਮੀਂਹ ਅਤੇ ਗੜੇਮਾਰੀ ਦੀ ਸੰਭਾਵਨਾ ਹੈ। ਜੇਕਰ ਅਸੀਂ ਦਿੱਲੀ ਦੀ ਗੱਲ ਕਰੀਏ ਤਾਂ ਅਗਲੇ ਦੋ ਦਿਨਾਂ ਲਈ ਹਲਕੀ ਬਾਰਿਸ਼ ਦੇ ਨਾਲ-ਨਾਲ ਤੂਫਾਨੀ ਹਵਾਵਾਂ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। 70 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲਣ ਦੇ ਨਾਲ-ਨਾਲ ਗਰਜ ਅਤੇ ਬਿਜਲੀ ਡਿੱਗਣ ਦੀ ਸੰਭਾਵਨਾ ਹੈ। ਇਸ ਤੋਂ ਪਹਿਲਾਂ ਬੁੱਧਵਾਰ ਨੂੰ ਦਿੱਲੀ ਦਾ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 2.5 ਡਿਗਰੀ (42.4 ਡਿਗਰੀ) ਵੱਧ ਸੀ ਪਰ ਮੰਗਲਵਾਰ ਰਾਤ ਨੂੰ ਹੋਈ ਬਾਰਿਸ਼ ਕਾਰਨ ਘੱਟੋ-ਘੱਟ ਤਾਪਮਾਨ ਆਮ ਨਾਲੋਂ 6.3 ਡਿਗਰੀ (22.9 ਡਿਗਰੀ) ਘੱਟ ਦਰਜ ਕੀਤਾ ਗਿਆ, ਜਿਸ ਕਾਰਨ ਰਾਤਾਂ ਠੰਢੀਆਂ ਰਹੀਆਂ।

ਗੁਜਰਾਤ ਨੂੰ ਛੱਡ ਕੇ ਦੇਸ਼ ਦੇ 22 ਰਾਜਾਂ (ਜਿਵੇਂ ਕਿ ਰਾਜਸਥਾਨ, ਐਮ.ਪੀ., ਯੂ.ਪੀ., ਬਿਹਾਰ, ਪੰਜਾਬ, ਹਰਿਆਣਾ, ਹਿਮਾਚਲ, ਉਤਰਾਖੰਡ, ਜੰਮੂ ਅਤੇ ਕਸ਼ਮੀਰ, ਬੰਗਾਲ, ਓਡੀਸ਼ਾ ਅਤੇ ਦੱਖਣੀ ਭਾਰਤ ਦੇ ਰਾਜ) ਵਿੱਚ ਤੂਫਾਨ ਦੇ ਨਾਲ-ਨਾਲ ਭਾਰੀ ਮੀਂਹ ਪੈ ਸਕਦਾ ਹੈ। ਇਸ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਹੈ। ਦਿੱਲੀ, ਪੰਜਾਬ, ਹਰਿਆਣਾ, ਰਾਜਸਥਾਨ ਅਤੇ ਉੱਤਰ ਪ੍ਰਦੇਸ਼ ਵਿੱਚ 50-70 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਨ੍ਹੇਰੀ-ਤੂਫ਼ਾਨ ਅਤੇ ਮੀਂਹ ਪੈਣ ਦੀ ਸੰਭਾਵਨਾ ਹੈ। ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਮੀਂਹ ਅਤੇ ਗੜੇਮਾਰੀ ਸੰਭਵ ਹੈ। ਕੇਰਲ ਅਤੇ ਕਰਨਾਟਕ ਦੇ ਤੱਟਵਰਤੀ ਜ਼ਿਲ੍ਹਿਆਂ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ।

ਅਗਲੇ 2 ਦਿਨ ਉੱਤਰ ਪ੍ਰਦੇਸ਼, ਪੰਜਾਬ, ਹਰਿਆਣਾ, ਉੱਤਰਾਖੰਡ, ਜੰਮੂ ਅਤੇ ਕਸ਼ਮੀਰ ਅਤੇ ਮੱਧ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਗੜੇਮਾਰੀ ਦੀ ਸੰਭਾਵਨਾ ਹੈ। ਇਸ ਦੌਰਾਨ ਬਿਹਾਰ, ਝਾਰਖੰਡ ਅਤੇ ਓਡੀਸ਼ਾ ਵਿੱਚ ਭਾਰੀ ਮੀਂਹ ਅਤੇ ਤੂਫ਼ਾਨ ਆਵੇਗਾ। ਬਿਹਾਰ ਦੇ ਕੁਝ ਜ਼ਿਲ੍ਹਿਆਂ ਵਿੱਚ ਭਾਰੀ ਮੀਂਹ ਪੈ ਸਕਦਾ ਹੈ। ਇਸ ਦੌਰਾਨ ਬਾਰਿਸ਼ ਨੂੰ ਲੈ ਕੇ ਮੌਸਮ ਵਿਭਾਗ ਨੇ ਇੱਕ ਚੇਤਾਵਨੀ ਵੀ ਜਾਰੀ ਕੀਤੀ ਹੈ। ਅਗਲੇ 2-3 ਦਿਨਾਂ ਤੱਕ ਪੂਰਬੀ ਅਤੇ ਪੱਛਮੀ ਰਾਜਸਥਾਨ, ਉੱਤਰ ਪ੍ਰਦੇਸ਼, ਹਰਿਆਣਾ, ਪੰਜਾਬ, ਦਿੱਲੀ, ਚੰਡੀਗੜ੍ਹ, ਹਿਮਾਚਲ, ਲੱਦਾਖ, ਆਂਧਰਾ ਪ੍ਰਦੇਸ਼, ਕੋਂਕਣ, ਗੋਆ, ਓਡੀਸ਼ਾ ਅਤੇ ਤਾਮਿਲਨਾਡੂ ਵਿੱਚ ਮੌਸਮ ਬਹੁਤ ਗਰਮ ਅਤੇ ਨਮੀ ਵਾਲਾ ਰਹੇਗਾ, ਜਿਸ ਕਾਰਨ ਲੋਕਾਂ ਨੂੰ ਪਸੀਨੇ ਨਾਲ ਭਰੀ ਗਰਮੀ ਦਾ ਸਾਹਮਣਾ ਕਰਨਾ ਪਵੇਗਾ।

ਦੁਨੀਆਂ ਵਿੱਚ ਚੱਲ ਰਹੇ ਟਕਰਾਵਾਂ ਦਾ ਗੱਲਬਾਤ ...

ਇੱਕੋ ਇੱਕ ਹੱਲ ਗੱਲਬਾਤ ਅਤੇ ਕੂਟਨੀਤੀ ਹੈ।ਉਨ੍ਹਾਂ ਕਿਹਾ ਕਿ ਗਲੋਬਲ ਸਾਊਥ ਦੀ ਆਵਾਜ਼ ਵਜੋਂ ਭਾਰਤ ਨੇ ਲਗਾਤਾਰ ਊਰਜਾ, ਭੋਜਨ ਅਤੇ ਖਾਦ ਸੁਰੱਖਿਆ ਨਾਲ ਸਬੰਧਤ ਚਿੰਤਾਵਾਂ ਉਠਾਈਆਂ ਹਨ। ਗਲੋਬਲ ਸਾਊਥ ਸ਼ਬਦ ਆਮ ਤੌਰ 'ਤੇ ਆਰਥਿਕ ਤੌਰ 'ਤੇ ਘੱਟ ਵਿਕਸਤ ਦੇਸ਼ਾਂ ਨੂੰ ਦਰਸਾਉਣ ਲਈ ਵਰਤਿਆ ਜਾਂਦਾ ਹੈ। ਵਿਦੇਸ਼ ਮੰਤਰੀ ਨੇ ਕਿਹਾ,ਜਿੱਥੋਂ ਤੱਕ ਆਰਥਿਕ ਜੋਖਮਾਂ ਦਾ ਸਵਾਲ ਹੈ, ਉਸ ਦਾ ਹੱਲ ਸਪਲਾਈ ਚੇਨਾਂ ਨੂੰ ਮਜ਼ਬੂਤ ਕਰਨ ਅਤੇ ਹੋਰ ਵਿਭਿੰਨ ਬਣਾਉਣ ਵਿੱਚ ਹੈ। ਇਹ ਖਾਸ ਤੌਰ ਤੇ ਮਹੱਤਵਪੂਰਨ ਹੈ ਕਿ ਸਮੁੰਦਰੀ ਵਪਾਰ ਵਿਚ ਨਾ ਤਾਂ ਵਿਘਨ ਪਵੇ ਅਤੇ ਨਾ ਹੀ ਇਹ ਖ਼ਤਰੇ ਵਿੱਚ ਪਵੇ। ਗਲੋਬਲ ਸਾਊਥ ਵੱਲੋਂ ਭਾਰਤ ਨੇ ਊਰਜਾ, ਭੋਜਨ ਅਤੇ ਖਾਦਾਂ ਨਾਲ ਸਬੰਧਤ ਚਿੰਤਾਵਾਂ ਨੂੰ ਵਾਰ-ਵਾਰ ਉਜਾਗਰ ਕੀਤਾ ਹੈ। ਜੈਸ਼ੰਕਰ ਨੇ ਕਿਹਾ, ...ਕੋਵਿਡ ਦੌਰ ਨੇ ਡੂੰਘੇ ਅੰਤਰਰਾਸ਼ਟਰੀ ਸਹਿਯੋਗ ਦੀ ਜ਼ਰੂਰਤ ਨੂੰ ਵੀ ਦਰਸਾਇਆ। ਅੱਤਵਾਦ ਦੇ ਮੁੱਦੇ ਤੇ ਜੈਸ਼ੰਕਰ ਨੇ ਕਿਹਾ, ਦੁਨੀਆ ਨੂੰ ਅੱਤਵਾਦ ਪ੍ਰਤੀ ਜ਼ੀਰੋ ਟਾਲਰੈਂਸ ਦਾ ਸਪੱਸ਼ਟ ਸੰਦੇਸ਼ ਦੇਣਾ ਚਾਹੀਦਾ ਹੈ। ਭਾਰਤ ਅਤੇ ਬੁਲਗਾਰੀਆ ਇਨ੍ਹਾਂ ਸਾਰੇ ਮੁੱਦਿਆਂ ਤੇ ਇੱਕੋ ਜਿਹੇ ਵਿਚਾਰ ਸਾਂਝੇ ਕਰਦੇ ਹਨ। ਜੈਸ਼ੰਕਰ 10-11 ਜੂਨ ਨੂੰ ਬੁਲਗਾਰੀਆ ਅਤੇ ਫਿਨਲੈਂਡ ਦੇ ਦੋ ਦੇਸ਼ਾਂ ਦੇ ਦੌਰੇ 'ਤੇ ਹਨ। ਇਸ ਦੌਰੇ ਦਾ ਉਦੇਸ਼ ਯੂਰਪੀਅਨ ਭਾਈਵਾਲਾਂ ਨਾਲ ਭਾਰਤ ਦੀ ਸਾਂਝੇਦਾਰੀ ਨੂੰ ਅੱਗੇ ਵਧਾਉਣਾ ਅਤੇ ਵੱਖ-ਵੱਖ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਨੂੰ ਮਜ਼ਬੂਤ ਕਰਨਾ ਹੈ।

ਵਿਧਾਇਕ ਰਮਨ ਅਰੋੜਾ 9 ਦਿਨ ਬਾਅਦ ਦੂਜੀ ...

ਵਿੱਚ ਜ਼ਮਾਨਤ 'ਤੇ ਚੱਲ ਰਹੇ ਵਿਧਾਇਕ ਰਮਨ ਅਰੋੜਾ ਨੂੰ ਹੁਣ ਈਡੀ ਨੇ ਨੋਟਿਸ ਭੇਜਿਆ ਸੀ। ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਦਰਜ ਕੀਤੀ ਗਈ ਐੱਫ.ਆਈ.ਆਰ. ਨੂੰ ਅਧਾਰ ਬਣਾ ਕੇ ਈਡੀ ਨੇ ਭ੍ਰਿਸ਼ਟਾਚਾਰ ਕੇਸ ਵਿੱਚ ਜਾਂਚ ਸ਼ੁਰੂ ਕੀਤੀ ਸੀ ਅਤੇ ਕੁਝ ਦਸਤਾਵੇਜ਼ ਮੰਗੇ ਸਨ। ਇਸੇ ਦੇ ਚਲਦਿਆਂ ਵਿਧਾਇਕ ਰਮਨ ਅਰੋੜਾ ਈ.ਡੀ. ਦਫ਼ਤਰ ਪਹੁੰਚੇ ਹਨ ਅਤੇ ਉਨ੍ਹਾਂ ਦੇ ਹੱਥ ਵਿੱਚ ਕਾਗਜ਼ਾਤ ਦੀ ਇੱਕ ਫਾਈਲ ਸੀ।

ਸਾਬਕਾ ਕਾਂਗਰਸੀ ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ ਤੋਂ ਈ.ਡੀ. ਨੇ ਤਿੰਨ ਘੰਟੇ ਕੀਤੀ ਪੁੱਛ-ਗਿੱਛ: ਮਨੀ ਲਾਂਡਰਿੰਗ ਕੇਸ ਵਿਚ ਫਰੀਦਕੋਟ ਵਿਧਾਨ ਸਭਾ ਹਲਕੇ ਤੋਂ ਸਾਬਕਾ ਕਾਂਗਰਸੀ ਵਿਧਾਇਕ ਕੁਸ਼ਲਦੀਪ ਸਿੰਘ ਉਰਫ਼ ਕਿੱਕੀ ਢਿੱਲੋਂ ਤੋਂ ਜਲੰਧਰ ਈ.ਡੀ. ਜ਼ੋਨਲ ਟੀਮ ਨੇ 3 ਘੰਟੇ ਪੁੱਛ-ਗਿੱਛ ਕੀਤੀ। ਈ.ਡੀ. ਦੇ ਸਵਾਲਾਂ ਦੇ ਜਵਾਬ ਦੇਣ ਤੋਂ ਬਾਅਦ ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਉਰਫ਼ ਕਿੱਕੀ ਢਿੱਲੋਂ ਨੇ ਕਿਹਾ ਕਿ ਉਸ ਨੇ ਈ.ਡੀ. ਦੀ ਜਾਂਚ ਵਿੱਚ ਸਹਿਯੋਗ ਕੀਤਾ ਹੈ ਅਤੇ ਮੰਗੇ ਗਏ ਸਾਰੇ ਦਸਤਾਵੇਜ਼ ਪ੍ਰਦਾਨ ਕੀਤੇ ਹਨ। ਉਸ ਨੇ ਕਿਹਾ,ਮੇਰਾ ਕੇਸ ਅਦਾਲਤ ਵਿੱਚ ਵਿਚਾਰ ਅਧੀਨ ਹੈ ਅਤੇ ਮੈਨੂੰ ਨਿਆਂਪਾਲਿਕਾ 'ਚ ਪੂਰਾ ਵਿਸ਼ਵਾਸ ਹੈ ਕਿ ਮੈਨੂੰ ਇਨਸਾਫ਼ ਮਿਲੇਗਾ। ਜਦੋਂ ਈ.ਡੀ. ਦਫ਼ਤਰ ਵਾਪਸ ਆਉਣ ਅਤੇ ਇਕ-ਪਾਸੜ ਰਾਜਨੀਤੀ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਜਵਾਬ ਦਿੱਤਾ,ਮੈਂ ਸਿਰਫ ਇਕ ਗੱਲ ਕਹਾਂਗਾ, ਥੈਂਕਿਊ ਸੋ ਮੱਚ। ਇਸ ਦੇ ਨਾਲ ਢਿੱਲੋਂ ਆਪਣੀ ਕਾਰ ਵਿੱਚ ਫਰੀਦਕੋਟ ਲਈ ਰਵਾਨਾ ਹੋ ਗਏ। ਢਿੱਲੋਂ ਸਵੇਰੇ ਕਰੀਬ ਸਵਾ 11 ਵਜੇ ਜਲੰਧਰ ਈ.ਡੀ.ਦਫ਼ਤਰ ਪਹੁੰਚੇ ਅਤੇ ਦੁਪਹਿਰ ਸਵਾ 2 ਵਜੇ ਤੋਂ ਬਾਅਦ ਬਾਹਰ ਨਿਕਲੇ।

ਇਹ ਧਿਆਨਦੇਣ ਯੋਗ ਹੈ ਕਿ ਵਿਜੀਲੈਂਸ ਬਿਊਰੋ ਨੇ ਮਈ, 2023 ਚ ਸਾਬਕਾ ਕਾਂਗਰਸੀ ਵਿਧਾਇਕ ਕਿੱਕੀ ਢਿੱਲੋਂ ਵਿਰੁੱਧ ਕੇਸ ਦਰਜ ਕੀਤਾ ਸੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ।ਜਲੰਧਰ ਈ.ਡੀ. ਦੇ ਅਧਿਕਾਰੀਆਂ ਨੇ ਕਿੱਕੀ ਢਿੱਲੋਂ ਲਈ ਸਵਾਲਾਂ ਦੀ ਇਕ ਸੂਚੀ ਤਿਆਰ ਕੀਤੀ ਹੈ। ਇਸ ਦੇ ਮੁਤਾਬਕ ਹੀ ਉਨ੍ਹਾਂ ਕੋਲੋਂ ਪੁੱਛ-ਗਿੱਛ ਕੀਤੀ ਜਾ ਰਹੀ ਹੈ। ਵਿਜੀਲੈਂਸ ਬਿਊਰੋ ਵੱਲੋਂ ਕੀਤੀ ਗਈ ਜਾਂਚ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਕਿੱਕੀ ਢਿੱਲੋਂ ਨੇ 2017 ਤੋਂ 2022 ਤੱਕ 10.72 ਕਰੋੜ ਖ਼ਰਚ ਕੀਤੇ, ਜਦੋਂਕਿ 3.18 ਕਰੋੜ ਕਮਾਏ ਹਨ। ਕਿਹਾ ਜਾ ਰਿਹਾ ਹੈ ਕਿ ਕਿੱਕੀ ਢਿੱਲੋਂ ਉਸ ਸਮੇਂ 7.53 ਕਰੋੜ ਦੇ ਸਰੋਤ ਬਾਰੇ ਦੱਸਣ ਵਿੱਚ ਅਸਮਰੱਥ ਸਨ। ਵਿਜੀਲੈਂਸ ਬਿਊਰੋ ਨੇ ਇਸ ਮਾਮਲੇ ਵਿੱਚ ਚਾਰਜਸ਼ੀਟ ਦਾਇਰ ਕਰ ਦਿੱਤੀ ਹੈ। ਮਾਮਲਾ ਅਦਾਲਤ ਵਿੱਚ ਵਿਚਾਰ ਅਧੀਨ ਹੈ।

ਅਮਰੀਕੀ ਜਲ ਸੈਨਾ ਵੱਲੋਂ ਭਾਰਤੀ ਮਲਾਹਾਂ ਵਾਲੇ 3 ...

ਇਸ ਤੋਂ ਬਾਅਦ 10 ਜੂਨ ਨੂੰ ਅਮਰੀਕਾ ਨੇ ਪਲਾਊ ਦੇ ਝੰਡੇ ਵਾਲੇ ਇੱਕ ਹੋਰ ਤੇਲ ਜਹਾਜ਼ ਸੈਂਟੇਬੈਲੋ ਉੱਤੇ ਹਮਲਾ ਕਰ ਦਿੱਤਾ, ਜਿਸ ਵਿੱਚ ਸਵਾਰ 24 ਭਾਰਤੀ ਮਲਾਹਾਂ ਵਿੱਚੋਂ ਤਿੰਨ ਮਲਾਹਾਂ ਦੀ ਮੌਤ ਹੋ ਗਈ। ਬੁੱਧਵਾਰ ਨੂੰ ਹੋਏ ਹਮਲੇ ਤੋਂ ਬਾਅਦ, ਵਿਦੇਸ਼ ਮੰਤਰਾਲੇ ਨੇ ਅਮਰੀਕੀ ਦੂਤਾਵਾਸ ਦੇ ਕਾਰਜਕਾਰੀ ਮੁਖੀ (ਡੀਅਫੇਅਰਜ਼) ਜੇਸਨ ਮੀਕਸ ਨੂੰ ਤਲਬ ਕੀਤਾ ਅਤੇ ਉਨ੍ਹਾਂ ਨੂੰ ਇੱਕ ਡੀਮਾਰਸ਼ ਭਾਵ ਵਿਰੋਧ ਦਾ ਰਾਜਨੀਤਕ ਪੱਤਰ ਸੌਂਪਿਆ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਰੰਧੀਰ ਜੈਸਵਾਲ ਨੇ ਮੰਤਰਾਲਿਆਂ ਦੀ ਇੱਕ ਮੀਡੀਆ ਬ੍ਰੀਫਿੰਗ ਵਿੱਚ ਕਿਹਾ,ਸਾਡੇ ਲਈ ਆਪਣੇ ਮਲਾਹਾਂ ਦੀ ਭਲਾਈ ਅਤੇ ਸੁਰੱਖਿਆ ਸਭ ਤੋਂ ਜ਼ਰੂਰੀ ਹੈ। ਜਦੋਂ ਐਮਟੀ ਸੈਂਟੇਬੈਲੋ ਜਹਾਜ਼ ਤੇ ਇਹ ਹਮਲਾ ਹੋਇਆ, ਤਾਂ ਅਸੀਂ ਅਮਰੀਕੀ ਪੱਖ ਕੋਲ ਸਖ਼ਤ ਵਿਰੋਧ ਦਰਜ ਕਰਵਾਇਆ।

ਜੈਸਵਾਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਹਮਲੇ ਬੰਦ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ, ਅਸੀਂ ਇਹ ਵੀ ਦੱਸਿਆ ਕਿ ਟਕਰਾਅ ਦੇ ਸ਼ਾਂਤੀਪੂਰਨ ਹੱਲ ਲਈ ਗੱਲਬਾਤ ਅਤੇ ਕੂਟਨੀਤੀ ਹੀ ਅੱਗੇ ਵਧਣ ਦਾ ਰਸਤਾ ਹੈ ਅਤੇ ਕੌਮਾਂਤਰੀ ਕਾਨੂੰਨ ਦੇ ਅਨੁਸਾਰ ਹੋਰਮੁਜ਼ ਜਲਮਾਰਗ ਰਾਹੀਂ ਬਿਨਾਂ ਕਿਸੇ ਰੁਕਾਵਟ ਦੇ ਆਉਣ-ਜਾਣ ਦੀ ਸਹੂਲਤ ਹੋਣੀ ਚਾਹੀਦੀ ਹੈ।

ਉਨ੍ਹਾਂ ਕਿਹਾ, ਇਨ੍ਹਾਂ ਘਟਨਾਵਾਂ ਵਿੱਚ ਸ਼ਾਮਲ ਤਿੰਨੇ ਜਹਾਜ਼ ਵਿਦੇਸ਼ੀ ਝੰਡੇ ਵਾਲੇ ਸਨ। ਉਨ੍ਹਾਂ ਵਿੱਚੋਂ ਦੋ ਪਲਾਊ ਦੇ ਝੰਡੇ ਵਾਲੇ ਸਨ, ਜਦੋਂ ਕਿ ਤੀਜਾ ਜਹਾਜ਼ ਗਿਨੀ-ਬਿਸਾਊ ਦੇ ਝੰਡੇ ਵਾਲਾ ਸੀ। ਇਹ ਭਾਰਤੀ ਮਾਲਕੀ ਵਾਲੇ ਜਹਾਜ਼ ਨਹੀਂ ਸਨ।

ਅਮਰੀਕੀ ਸੈਂਟਰਲ ਕਮਾਂਡ ਨੇ ਸੈਂਟੇਬੈਲੋ ਅਤੇ ਮੈਰੀਵੈਕਸ ਤੇ ਹਮਲਿਆਂ ਦੀ ਪੁਸ਼ਟੀ ਕੀਤੀ ਹੈ, ਪਰ ਜਲਵੀਰ ਤੇ ਹੋਏ ਹਮਲਿਆਂ ਦੀਆਂ ਰਿਪੋਰਟਾਂ ਤੇ ਅਜੇ ਤੱਕ ਕੋਈ ਟਿੱਪਣੀ ਨਹੀਂ ਕੀਤੀ ਹੈ।

ਬੰਦਰਗਾਹ, ਜਹਾਜ਼ਰਾਨੀ ਤੇ ਜਲਮਾਰਗ ਮੰਤਰਾਲੇ ਦੇ ਵਧੀਕ ਸਕੱਤਰ ਮੁਕੇਸ਼ ਮੰਗਲ ਨੇ ਦੱਸਿਆ ਕਿ ਜਲਵੀਰ ਤੇ ਮੌਜੂਦ ਮਲਾਹਾਂ ਨੂੰ ਬਾਹਰ ਕੱਢਣ ਦਾ ਕੰਮ ਸ਼ੁਰੂ ਹੋ ਗਿਆ ਹੈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

ਉਨ੍ਹਾਂ ਦੱਸਿਆ ਕਿ ਸੈਂਟੇਬੈਲੋ ਤੋਂ ਬਾਕੀ ਸਾਰੇ 25 ਕਰੂ ਮੈਂਬਰਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ, ਜਿਨ੍ਹਾਂ ਵਿੱਚ 21 ਭਾਰਤੀ, ਦੋ ਪਾਕਿਸਤਾਨੀ, ਇੱਕ ਰੂਸੀ ਅਤੇ ਇੱਕ ਯੂਕਰੇਨੀ ਨਾਗਰਿਕ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਸੀਮੈਨ ਵੈਲਫੇਅਰ ਫੰਡ ਸੁਸਾਇਟੀ ਨੂੰ ਹਰੇਕ ਮ੍ਰਿਤਕ ਦੇ ਪਰਿਵਾਰ ਨੂੰ 10 ਲੱਖ ਰੁਪਏ ਦੇਣ ਲਈ ਕਿਹਾ ਗਿਆ ਹੈ।

ਬੀ.ਬੀ.ਐੱਮ.ਬੀ. ਨੇ ਪੌਂਗ ਡੈਮ ਦੇ ਗੇਟ ਖੋਲ੍ਹ ਕੇ ...

ਇਥੇ ਦੱਸ ਦੇਈਏ ਕਿ ਪੰਜਾਬ ਚ ਮਾਨਸੂਨ ਦੇ ਆਉਣ ਲਈ ਅਜੇ ਤਿੰਨ-ਚਾਰ ਹਫ਼ਤਿਆਂ ਦਾ ਸਮਾਂ ਬਚਿਆ ਹੈ, ਪਰ ਉਸ ਤੋਂ ਪਹਿਲਾਂ ਹੀ ਡੈਮਾਂ ਵਿਚ ਪਾਣੀ ਦਾ ਪੱਧਰ ਵਧਣ ਕਾਰਨ ਭਾਖੜਾ-ਬਿਆਸ ਮੈਨੇਜਮੈਂਟ ਬੋਰਡ (ਬੀ.ਬੀ.ਐੱਮ.ਬੀ.) ਦੀ ਚਿੰਤਾ ਵੱਧ ਗਈ ਹੈ। ਭਾਖੜਾ-ਬਿਆਸ ਮੈਨੇਜਮੈਂਟ ਬੋਰਡ ਨੇ ਸਥਿਤੀ ਨੂੰ ਵੇਖਦੇ ਹੋਏ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਰਗੇ ਹਿੱਸੇਦਾਰ ਸੂਬਿਆਂ ਨੂੰ ਆਪਣੀ ਤੈਅ ਮਾਤਰਾ ਤੋਂ ਵਾਧੂ ਪਾਣੀ ਲੈਣ ਦੀ ਅਪੀਲ ਕੀਤੀ ਹੈ।

ਬੀ.ਬੀ.ਐੱਮ.ਬੀ. ਨੇ ਸਲਾਹ ਦਿੱਤੀ ਹੈ ਕਿ ਹੁਣ ਝੋਨੇ (ਧਾਨ) ਦਾ ਸੀਜ਼ਨ ਚੱਲ ਰਿਹਾ ਹੈ, ਇਸ ਲਈ ਪੰਜਾਬ ਅਤੇ ਹਰਿਆਣਾ ਨੂੰ ਆਪਣੇ ਕੋਟੇ ਦਾ ਪਾਣੀ ਵੱਧ ਤੋਂ ਵੱਧ ਵਰਤਣਾ ਚਾਹੀਦਾ ਹੈ ਤਾਂ ਜੋ ਗੋਵਿੰਦ ਸਾਗਰ ਝੀਲ 'ਚ ਆਉਣ ਵਾਲੀ ਮਾਨਸੂਨੀ ਬਾਰਿਸ਼ ਦੇ ਪਾਣੀ ਨੂੰ ਸੰਭਾਲਣ ਲਈ ਜਗ੍ਹਾ ਬਣਾਈ ਜਾ ਸਕੇ।

ਦੇਸ਼ ਦੀ ਮੌਜੂਦਾ ਆਰਥਿਕ ਤੇ ਲੋਕਤੰਤਰੀ ...

ਦਾ ਜ਼ਿਕਰ ਨਾ ਕਰਨ ਦੇ ਆਧਾਰ ਤੇ ਖਾਰਜ ਕਰ ਦਿੱਤੀ ਗਈ, ਜਦੋਂ ਕਿ ਉਨ੍ਹਾਂ ਖ਼ਿਲਾਫ਼ ਨਾ ਕੋਈ ਅਪਰਾਧਕ ਮਾਮਲਾ ਸੀ, ਨਾ ਐੱਫ.ਆਈ.ਆਰ. ਅਤੇ ਨਾ ਹੀ ਕੋਈ ਦੋਸ਼ ਪੱਤਰ ਦਾਖ ਕੀਤਾ ਗਿਆ ਹੈ। ਵੇਣੂਗੋਪਾਲ ਨੇ ਦੋਸ਼ ਲਗਾਇਆ ਕਿ ਦੂਜੇ ਪਾਸੇ ਝਾਰਖੰਡ 'ਚ ਭਾਜਪਾ ਸਮਰਥਿਤ ਕਾਰਪੋਰੇਟ ਉਮੀਦਵਾਰ ਦੇ ਨਾਮਜ਼ਦਗੀ ਪੱਤਰ 'ਚ ਗੰਭੀਰ ਗਲਤੀਆਂ ਦੇ ਬਾਵਜੂਦ ਰਿਟਰਨਿੰਗ ਅਫ਼ਸਰ ਨੇ ਉਸ ਦੀ ਨਾਮਜ਼ਦਗੀ ਸਵੀਕਾਰ ਕਰ ਲਈ।

ਉਨ੍ਹਾਂ ਕਿਹਾ ਕਿ ਇਕ ਪਾਸੇ ਕਾਂਗਰਸ ਉਮੀਦਵਾਰ ਦੀ ਨਾਮਜ਼ਦਗੀ ਖਾਰਜ ਕੀਤੀ ਗਈ ਅਤੇ ਦੂਜੇ ਪਾਸੇ ਭਾਰੀ ਗਲਤੀਆਂ ਵਾਲੀ ਨਾਮਜ਼ਦਗੀ ਨੂੰ ਮਨਜ਼ੂਰੀ ਦੇ ਦਿੱਤੀ ਗਈ। ਇਹ ਭਾਰਤੀ ਲੋਕਤੰਤਰ ਦੀ ਬਦਹਾਲ ਸਥਿਤੀ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਵੋਟ ਚੋਰੀ ਤੋਂ ਬਾਅਦ ਹੁਣ ਸੀਟ ਚੋਰੀ ਦਾ ਦੌਰ ਸ਼ੁਰੂ ਹੋ ਗਿਆ ਹੈ। ਕਾਂਗਰਸ ਦੇ ਜਨਰਲ ਸਕੱਤਰ ਨੇ ਦੱਸਿਆ ਕਿ ਪਾਰਟੀ ਨੇ ਇਸ ਮਾਮਲੇ ਨੂੰ ਕਾਨੂੰਨੀ ਅਤੇ ਰਾਜਨੀਤਕ ਦੋਵੇਂ ਪੱਧਰਾਂ ਤੇ ਲੜਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਤੋਂ ਆਮ ਜਨਤਾ ਪਰੇਸ਼ਾਨ ਹੈ, ਜਦੋਂ ਕਿ ਸਰਕਾਰ ਇਸ ਵੱਲ ਕੋਈ ਠੋਸ ਕਦਮ ਨਹੀਂ ਚੁੱਕ ਰਹੀ। ਉਨ੍ਹਾਂ ਦੋਸ਼ ਲਗਾਇਆ ਕਿ ਸੂਖਮ, ਲਘੂ ਅਤੇ ਮੱਧਮ ਉਦਯੋਗ (ਐੱਮ.ਐੱਸ.ਐੱਮ.ਈ..) ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ ਅਤੇ ਨੌਜਵਾਨਾਂ ਦੇ ਸਾਹਮਣੇ ਰੁਜ਼ਗਾਰ ਦਾ ਗੰਭੀਰ ਸੰਕਟ ਖੜ੍ਹਾ ਹੋ ਗਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਕਾਂਗਰਸ ਆਉਣ ਵਾਲੇ ਦਿਨਾਂ ਚ ਰਾਸ਼ਟਰੀ, ਰਾਜ, ਜ਼ਿਲ੍ਹਾ ਅਤੇ ਬਲਾਕ ਪੱਧਰ ਤੇ ਵਿਆਪਕ ਜਨ ਅੰਦੋਲਨ ਸ਼ੁਰੂ ਕਰੇਗੀ। ਅਗਲੇ 2 ਤੋਂ 3 ਮਹੀਨਿਆਂ ਦੇ ਅੰਦੋਲਨ ਪ੍ਰੋਗਰਾਮ ਦੀ ਵਿਸਤ੍ਰਿਤ ਰੂਪਰੇਖਾ ਅਗਲੇ 3 ਤੋਂ 4 ਦਿਨਾਂ ਚ ਜਾਰੀ ਕੀਤੀ ਜਾਵੇਗੀ।

ਰਾਮ ਮੰਦਰ ਦੇ ਚੜ੍ਹਾਵੇ 'ਚ ਗੜਬੜੀ ਦੀ ਪੀ. ਐੱਮ. ਓ. ਨੇ ...

ਜਾਂਚ ਕਰਵਾਉਣ ਦੀ ਮੰਗ ਕੀਤੀ ਸੀ। ਇਸ ਤੋਂ ਬਾਅਦ ਪੀ. ਐੱਮ. ਓ. ਨੇ ਟਰੱਸਟ ਨੂੰ ਵਿਸਥਾਰਤ ਰਿਪੋਰਟ ਮੁਹੱਈਆ ਕਰਵਾਉਣ ਲਈ ਕਿਹਾ ਹੈ। ਹਾਲਾਂਕਿ, ਹੁਣ ਤੱਕ ਟਰੱਸਟ ਵੱਲੋਂ ਚੜ੍ਹਾਵੇ ਵਿਚ ਕਿਸੇ ਵੀ ਤਰ੍ਹਾਂ ਦੀ ਚੋਰੀ ਜਾਂ ਵਿੱਤੀ ਬੇਨਿਯਮੀ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ। ਮਾਮਲੇ ਨੂੰ ਲੈ ਕੇ ਸਿਆਸੀ ਬਿਆਨਬਾਜ਼ੀ ਵੀ ਤੇਜ਼ ਹੋ ਗਈ ਹੈ ਅਤੇ ਵੱਖ-ਵੱਖ ਧਿਰਾਂ ਆਪਣੇ-ਆਪਣੇ ਦਾਅਵੇ ਕਰ ਰਹੀਆਂ ਹਨ। ਸੂਤਰਾਂ ਮੁਤਾਬਕ, ਟਰੱਸਟ ਦੀ ਰਿਪੋਰਟ ਮਿਲਣ ਤੋਂ ਬਾਅਦ ਹੀ ਅਗਲੀ ਕਾਰਵਾਈ ਜਾਂ ਕਿਸੇ ਜਾਂਚ ਸਬੰਧੀ ਫੈਸਲੇ 'ਤੇ ਵਿਚਾਰ ਕੀਤਾ ਜਾਵੇਗਾ। ਫਿਲਹਾਲ ਸਬੰਧਤ ਦੋਸ਼ਾਂ ਦੀ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ।

ਸੁਪਰੀਮ ਕੋਰਟ ਨੇ ਘਰੇਲੂ ਮਹਿਲਾਵਾਂ ਦੇ ਕੰਮ ਦੀ ਕੀਮਤ ...

ਗੁਆਉਣ ਵਾਲੇ ਵਿਅਕਤੀ ਨੂੰ ਵਾਧੂ ਮੁਆਵਜ਼ਾ ਦੇਣ ਦਾ ਹੁਕਮ ਸੁਣਾਉਂਦਿਆਂ ਇਹ ਟਿੱਪਣੀ ਕੀਤੀ।

ਫੈਸਲਾ ਸੁਣਾਉਂਦੇ ਹੋਏ ਜਸਟਿਸ ਕਰੋਲ ਨੇ ਆਖਿਆ ਸਾਡਾ ਮੰਨਣਾ ਹੈ ਕਿ ਇੱਕ ਘਰੇਲੂ ਮਹਿਲਾ ਮਨੁੱਖੀ ਵਿਕਾਸ ਅਤੇ ਦੇਸ਼ ਦੀ ਪ੍ਰਗਤੀ ਵਿੱਚ ਵੱਡਾ ਯੋਗਦਾਨ ਪਾਉਂਦੀ ਹੈ। ਘਰੇਲੂ ਮਹਿਲਾ ਅਸਲ ਵਿੱਚ ਦੇਸ਼ ਦਾ ਨਿਰਮਾਣ ਕਰਦੀ ਹੈ। ਇਸ ਲਈ ਅਸੀਂ ਇਹ ਸਿਧਾਂਤ ਤੈਅ ਕੀਤੇ ਹਨ ਅਤੇ ਘਰੇਲੂ ਦੇਖਭਾਲ ਦੇ ਨੁਕਸਾਨ ਵਜੋਂ ਘੱਟੋ-ਘੱਟ 30,000 ਰੁਪਏ ਮਹੀਨਾਵਾਰ ਆਮਦਨ ਨਿਰਧਾਰਿਤ ਕੀਤੀ ਹੈ। ਉਨ੍ਹਾਂ ਉਮੀਦ ਜਤਾਈ ਕਿ ਹੁਣ 'ਹੋਮਮੇਕਰ' ਸ਼ਬਦ ਨੂੰ 'ਨੇਸ਼ਨ ਬਿਲਡਰ' (ਦੇਸ਼ ਨਿਰਮਾਤਾ) ਦੇ ਰੂਪ ਵਿੱਚ ਪਛਾਣ ਮਿਲੇਗੀ।

ਅਦਾਲਤ ਨੇ ਕਿਹਾ ਕਿ ਮੋਟਰ ਵਹੀਕਲ ਐਕਟ ਤਹਿਤ ਮੁਆਵਜ਼ਾ ਤੈਅ ਕਰਦੇ ਸਮੇਂ ਪਰਿਵਾਰ ਨੂੰ ਹੋਣ ਵਾਲੇ ਇਸ ਨੁਕਸਾਨ ਨੂੰ ਸੁਤੰਤਰ ਮਾਨਤਾ ਮਿਲਣੀ ਚਾਹੀਦੀ ਹੈ। ਇਹ ਆਧਾਰ ਸੁਪਰੀਮ ਕੋਰਟ ਦੇ 'ਪ੍ਰਣਯ ਸੇਠੀ' ਮਾਮਲੇ ਵਿੱਚ ਪਹਿਲਾਂ ਤੋਂ ਤੈਅਸ਼ੁਦਾ ਮੁਆਵਜ਼ੇ ਦੇ ਨਿਯਮਾਂ ਤੋਂ ਇਲਾਵਾ (ਵਾਧੂ) ਹੋਵੇਗਾ।

ਇਸ ਦੇ ਨਾਲ ਹੀ, ਬੈਂਚ ਨੇ ਮੋਟਰ ਹਾਦਸਾ ਮੁਆਵਜ਼ਾ ਕਲੇਮ ਦੇ ਮਾਮਲਿਆਂ ਨੂੰ ਤੇਜ਼ੀ ਨਾਲ ਨਿਪਟਾਉਣ ਲਈ ਕਈ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ। ਅਦਾਲਤ ਨੇ ਉਮੀਦ ਜਤਾਈ ਕਿ ਮੋਟਰ ਵਹੀਕਲ ਐਕਟ ਦੀ ਧਾਰਾ 169 ਦੇ ਤਹਿਤ ਟ੍ਰਿਬਿਊਨਲਾਂ ਸਾਹਮਣੇ ਸੰਖੇਪ ਪ੍ਰਕਿਰਿਆ ਨੂੰ ਸਹੀ ਭਾਵਨਾ ਨਾਲ ਲਾਗੂ ਕੀਤਾ ਜਾਵੇਗਾ। ਬੈਂਚ ਨੇ ਸਾਰੇ ਹਾਈ ਕੋਰਟਾਂ ਦੇ ਮੁੱਖ ਜੱਜਾਂ ਨੂੰ ਇਨ੍ਹਾਂ ਮਾਮਲਿਆਂ ਦੀ ਨਿਗਰਾਨੀ ਕਰਨ ਲਈ ਕਿਹਾ ਹੈ ਤਾਂ ਜੋ ਪੀੜਤਾਂ ਨੂੰ ਸਮੇਂ ਸਿਰ ਇਨਸਾਫ਼ ਮਿਲ ਸਕੇ।

ਸਫ਼ਾ ਇੱਕ ਦੀ ਬਾਕੀ

ਮਜੀਠੀਆ ਦੀ ਅਗਾਊਂ ਜ਼ਮਾਨਤ ਪਟੀਸ਼ਨ 'ਤੇ ...

ਸੰਹਿਤਾ ਤੇ ਅਸਲਾ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਸਰਕਾਰੀ ਕਰਮਚਾਰੀਆਂ 'ਤੇ ਹਮਲਾ ਕਰਨ, ਉਨ੍ਹਾਂ ਦੀ ਡਿਊਟੀ ਵਿੱਚ ਰੁਕਾਵਟ ਪਾਉਣ, ਕਾਨੂੰਨੀ ਤੌਰ 'ਤੇ ਗ੍ਰਿਫ਼ਤਾਰ ਵਿਅਕਤੀ ਨੂੰ ਬਚਾਉਣ ਦੀ ਕੋਸ਼ਿਸ਼ ਕਰਨ ਅਤੇ ਹੋਰ ਦੋਸ਼ਾਂ ਤਹਿਤ ਮਾਮਲਾ ਦਰਜ ਕੀਤਾ ਸੀ। ਉਹ ਇਸ ਘਟਨਾ ਤੋਂ ਬਾਅਦ ਫ਼ਰਾਰ ਹਨ। ਮਜੀਠੀਆ ਦੇ ਵਕੀਲ ਅਮਨਬੀਰ ਸਿੰਘ ਸਿਆਲੀ ਨੇ ਦਲੀਲ ਦਿੱਤੀ ਕਿ ਪੁਲੀਸ ਇਸ ਮਾਮਲੇ ਵਿੱਚ ਪੁਲੀਸ ਕਰਮਚਾਰੀਆਂ 'ਤੇ ਹਮਲਾ ਕਰਨ, ਦਸਤਾਵੇਜ਼ ਪਾੜਨ ਜਾਂ ਅਸਲਾ ਐਕਟ ਦੀ ਉਲੰਘਣਾ ਦੇ ਦੋਸ਼ਾਂ ਨੂੰ ਸਾਬਤ ਕਰਨ ਲਈ ਕੋਈ ਵੀ ਵੀਡੀਓ ਸਬੂਤ ਪੇਸ਼ ਕਰਨ ਵਿੱਚ ਅਸਫ਼ਲ ਰਹੀ ਹੈ।

ਦੋਵਾਂ ਧਿਰਾਂ ਦੀਆਂ ਵਿਸਥਾਰਤ ਦਲੀਲਾਂ ਸੁਣਨ ਤੋਂ ਬਾਅਦ, ਅਦਾਲਤ ਨੇ ਫ਼ੈਸਲਾ ਰਾਖਵਾਂ ਰੱਖਦਿਆਂ ਮਾਮਲੇ ਦੀ ਅਗਲੀ ਸੁਣਵਾਈ 15 ਜੂਨ ਤੱਕ ਮੁਲਤਵੀ ਕਰ ਦਿੱਤੀ ਹੈ।

ਇਸ ਤੋਂ ਪਹਿਲਾਂ ਇਸੇ ਮਾਮਲੇ ਵਿੱਚ ਐਡਵੋਕੇਟ ਬਿਕਰਮਜੀਤ ਸਿੰਘ ਬਾਠ ਖਿਲਾਫ ਪੁਲੀਸ ਵੱਲੋਂ ਕੇਸ ਵਾਪਸ ਲਿਆ ਜਾ ਚੁੱਕਾ ਹੈ।

ਅਮਰੀਕੀ ਹਮਲੇ 'ਚ 3 ਭਾਰਤੀਆਂ ਦੀ ਮੌਤ

ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਪੀੜਤ ਪਰਿਵਾਰਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ।

ਜ਼ਿਕਰਯੋਗ ਹੈ ਕਿ ਬੀਤੇ ਦਿਨ ਹੋਏ ਇਸ ਹਮਲੇ ਸਮੇਂ ਜਹਾਜ਼ ਤੇ ਕੁੱਲ 24 ਭਾਰਤੀ ਕਰੂ ਮੈਂਬਰ ਸਵਾਰ ਸਨ। ਹਮਲੇ ਤੋਂ ਬਾਅਦ ਚਲਾਏ ਗਏ ਰੈਸਕਿਊ ਆਪਰੇਸ਼ਨ ਦੌਰਾਨ 21 ਭਾਰਤੀਆਂ ਨੂੰ ਸੁਰੱਖਿਅਤ ਬਚਾ ਲਿਆ ਗਿਆ ਸੀ, ਜਦਕਿ 3 ਲਾਪਤਾ ਸਨ। ਹੁਣ ਦੇਹਾਂ ਬਰਾਮਦ ਹੋਣ ਮਗਰੋਂ ਤਿੰਨਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ ਹੈ। ਮ੍ਰਿਤਕਾਂ ਚ ਹਿਮਾਚਲ ਪ੍ਰਦੇਸ਼ ਦੇ ਹਮੀਰਪੁਰ ਦੇ ਰਹਿਣ ਵਾਲੇ ਆਦਿੱਤਿਆ ਸ਼ਰਮਾ ਅਤੇ ਉੱਤਰ ਪ੍ਰਦੇਸ਼ ਦੇ ਦੇਵਰੀਆ ਜ਼ਿਲ੍ਹੇ ਦੇ ਸ਼ਿਵਾਨੰਦ ਚੌਰਸੀਆ ਸ਼ਾਮਲ ਹਨ। ਪੁੱਤ ਦੀ ਮੌਤ ਮਗਰੋਂ ਸ਼ਿਵਾਨੰਦ ਦੇ ਪਿਤਾ ਰਾਮਜੀ ਚੌਰਸੀਆ ਨੇ ਰੋਂਦੇ ਹੋਏ ਦੱਸਿਆ ਕਿ ਹਮਲੇ ਤੋਂ ਇੱਕ ਰਾਤ ਪਹਿਲਾਂ ਹੀ ਉਨ੍ਹਾਂ ਦੀ ਸ਼ਿਵਾਨੰਦ ਨਾਲ ਗੱਲਬਾਤ ਹੋਈ ਸੀ ਅਤੇ ਸਭ ਠੀਕ ਸੀ। ਸ਼ਿਵਾਨੰਦ ਆਪਣੇ ਪਰਿਵਾਰ ਦਾ ਇੱਕੋ-ਇੱਕ ਕਮਾਉਣ ਵਾਲਾ ਮੈਂਬਰ ਸੀ। ਹੁਣ ਉਹ ਆਪਣੇ ਪਿੱਛੇ ਆਪਣੇ 2 ਛੋਟੇ ਬੱਚਿਆਂ ਸਣੇ ਪੂਰੇ ਪਰਿਵਾਰ ਨੂੰ ਰੋਂਦੇ ਹੋਏ ਛੱਡ ਗਿਆ ਹੈ।

ਇਸ ਹਮਲੇ ਮਗਰੋਂ ਭਾਰਤ ਤੇ ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਸ ਨੇ ਵੀ ਇਸ ਹਮਲੇ ਦੀ ਨਿਖੇਧੀ ਕਰਦਿਆਂ ਚਿੰਤਾ ਪ੍ਰਗਟ ਕੀਤੀ ਤੇ ਕਿਹਾ ਕਿ ਸਟ੍ਰੇਟ ਆਫ਼ ਹੋਰਮੁਜ਼ ਦੇ ਆਲੇ-ਦੁਆਲੇ ਸਮੁੰਦਰੀ ਆਵਾਜਾਈ ਦੀ ਆਜ਼ਾਦੀ 'ਤੇ ਲੱਗ ਰਹੀਆਂ ਰੋਕਾਂ ਕਾਰਨ ਪੂਰੀ ਦੁਨੀਆ ਆਰਥਿਕ ਨੁਕਸਾਨ ਝੱਲ ਰਹੀ ਹੈ, ਜਿਸ ਦਾ ਸਭ ਤੋਂ ਮਾੜਾ ਅਸਰ ਵਿਕਾਸਸ਼ੀਲ ਦੇਸ਼ਾਂ ਤੇ ਪੈ ਰਿਹਾ ਹੈ। ਉਨ੍ਹਾਂ ਨੇ ਅੰਤਰਰਾਸ਼ਟਰੀ ਕਾਨੂੰਨਾਂ ਤਹਿਤ ਤੁਰੰਤ ਜੰਗਬੰਦੀ ਦੀ ਮੰਗ ਕੀਤੀ ਹੈ।

ਈਰਾਨ ਉੱਤੇ ਹੋਵੇਗਾ ਬਹੁਤ ਜ਼ੋਰਦਾਰ ਹਮਲਾ, ਤੇਲ ...

ਦਿਨ ਦੇ ਮੁਕਾਬਲੇ ਕਿਤੇ ਵੱਧ ਜ਼ੋਰਦਾਰ ਅਤੇ ਵੱਡੇ ਪੱਧਰ 'ਤੇ ਸੀ।ਦੂਜੇ ਪਾਸੇ, ਈਰਾਨ ਨੇ ਆਪਣੇ ਨੁਕਸਾਨ ਬਾਰੇ ਬਹੁਤ ਘੱਟ ਜਾਣਕਾਰੀ ਦਿੱਤੀ ਹੈ ਅਤੇ ਦੱਸਿਆ ਹੈ ਕਿ ਉਸ ਨੇ ਪਿਛਲੇ ਦਿਨ ਵਾਂਗ ਹੀ ਜਵਾਬੀ ਕਾਰਵਾਈ ਕਰਦਿਆਂ ਕੁਵੈਤ, ਬਹਿਰੀਨ ਅਤੇ ਜਾਰਡਨ ਤੇ ਹਮਲੇ ਕੀਤੇ ਹਨ।

ਅਮਰੀਕੀ ਫ਼ੌਜ ਨੇ ਈਰਾਨ ਦੀਆਂ ਬੰਦਰਗਾਹਾਂ ਦੀ ਘੇਰਾਬੰਦੀ ਜਾਰੀ ਰੱਖੀ ਹੋਈ ਹੈ। ਇਸੇ ਦੌਰਾਨ ਵੀਰਵਾਰ ਨੂੰ ਅਮਰੀਕਾ ਨੇ ਦੱਸਿਆ ਕਿ ਉਨ੍ਹਾਂ ਨੇ ਈਰਾਨੀ ਤੇਲ ਲੈ ਕੇ ਜਾ ਰਹੇ ਇੱਕ ਟੈਂਕਰ ਨੂੰ ਰੋਕਣ ਅਤੇ ਉਸ ਨੂੰ ਨਸ਼ਟ ਕਰਨ ਲਈ ਮਿਜ਼ਾਈਲਾਂ ਦਾਗੀਆਂ।

ਗਿ. ਰਘਬੀਰ ਸਿੰਘ ਨੇ 'ਸਿੱਟ' ਕੋਲ ਦਰਜ ਕਰਵਾਏ ...

ਦੀ ਜ਼ਿੰਮੇਵਾਰੀ ਕਬੂਲ ਕੀਤੀ ਸੀ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਇਸ ਕਬੂਲਨਾਮੇ ਦੀ ਵੀਡੀਓ ਰਿਕਾਰਡਿੰਗ ਸ੍ਰੀ ਅਕਾਲ ਤਖ਼ਤ ਸਾਹਿਬ ਕੋਲ ਮੌਜੂਦ ਹੈ। ਸਾਬਕਾ ਜਥੇਦਾਰ ਅਨੁਸਾਰ ਬਹਿਬਲ ਕਲਾਂ ਵਿੱਚ ਨਿਹੱਥੇ ਅਤੇ ਬੇਕਸੂਰ ਲੋਕਾਂ 'ਤੇ ਸਾਜ਼ਿਸ਼ ਤਹਿਤ ਗੋਲੀਆਂ ਚਲਵਾਈਆਂ ਗਈਆਂ ਸਨ, ਜਿਸ ਕਾਰਨ ਦੋ ਨੌਜਵਾਨਾਂ ਦੀ ਮੌਤ ਹੋਈ ਅਤੇ ਕਈ ਹੋਰ ਲੋਕ ਜ਼ਖ਼ਮੀ ਹੋਏ।

ਮਾਮਲੇ ਦੀ ਜਾਂਚ ਲਈ ਬਣੀ ਐੱਸਆਈਟੀ ਵੱਲੋਂ ਪਿਛਲੇ ਸਮੇਂ ਦੌਰਾਨ ਸੁਖਬੀਰ ਸਿੰਘ ਬਾਦਲ ਤੋਂ ਕਈ ਵਾਰ ਪੁੱਛਗਿੱਛ ਵੀ ਕੀਤੀ ਜਾ ਚੁੱਕੀ ਹੈ। ਹਾਲਾਂਕਿ ਇਸ ਮਾਮਲੇ ਨਾਲ ਸੰਬੰਧਿਤ ਕਾਨੂੰਨੀ ਕਾਰਵਾਈ ਅਜੇ ਵੀ ਅਦਾਲਤਾਂ ਵਿੱਚ ਜਾਰੀ ਹੈ ਅਤੇ ਜਾਂਚ ਪ੍ਰਕਿਰਿਆ ਅੱਗੇ ਵੱਧ ਰਹੀ ਹੈ।

ਇਸੇ ਦੌਰਾਨ ਸਾਲ 2024 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਬੇਅਦਬੀ ਅਤੇ ਹੋਰ ਵਿਵਾਦਿਤ ਘਟਨਾਵਾਂ ਸਬੰਧੀ ਸੁਖਬੀਰ ਸਿੰਘ ਬਾਦਲ ਸਮੇਤ ਸ਼੍ਰੋਮਣੀ ਅਕਾਲੀ ਦਲ ਦੇ ਕਈ ਆਗੂਆਂ ਨੂੰ ਤਲਬ ਕੀਤਾ ਸੀ। ਸੁਖਬੀਰ ਬਾਦਲ ਪੇਸ਼ ਹੋਏ ਸਨ, ਜਿਸ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਉਨ੍ਹਾਂ ਨੂੰ ਤਨਖ਼ਾਹੀਆ ਕਰਾਰ ਦਿੱਤਾ ਗਿਆ ਸੀ। ਹੁਣ ਗਿਆਨੀ ਰਘਬੀਰ ਸਿੰਘ ਦੇ ਐੱਸਆਈਟੀ ਅੱਗੇ ਦਰਜ ਹੋਏ ਬਿਆਨ ਇਸ ਮਾਮਲੇ ਵਿੱਚ ਨਵੀਂ ਚਰਚਾ ਅਤੇ ਸਿਆਸੀ ਹਲਚਲ ਦਾ ਕਾਰਨ ਬਣੇ ਹੋਏ ਹਨ।

ਵਿਸ਼ਵਵਿਆਪੀ ਅਨਿਸ਼ਚਿਤਤਾ ਵਿਚਾਲੇ ਭਾਰਤ ...

ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਹ ਰਾਜਧਾਨੀ 'ਚ ਨੀਤੀ ਆਯੋਗ ਦੀ ਗਵਰਨਿੰਗ ਕੌਂਸਲ ਦੀ 11ਵੀਂ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਦੁਨੀਆਂ ਅਨਿਸ਼ਚਿਤਤਾ ਅਤੇ ਅਸਥਿਰਤਾ ਦੇ ਦੌਰ ਵਿੱਚੋਂ ਲੰਘ ਰਹੀ ਹੈ। ਫਿਰ ਵੀ ਭਾਰਤ ਵਿਸ਼ਵਾਸ ਅਤੇ ਦ੍ਰਿੜਤਾ ਨਾਲ ਆਪਣੀ ਵਿਕਾਸ ਯਾਤਰਾ ਤੇ ਅੱਗੇ ਵਧ ਰਿਹਾ ਹੈ। ਵੱਖ-ਵੱਖ ਦੇਸ਼ਾਂ ਅਤੇ ਸਮੂਹਾਂ ਨਾਲ ਦਸਤਖ਼ਤ ਕੀਤੇ ਗਏ ਮੁਕਤ ਵਪਾਰ ਸਮਝੌਤੇ (ਐਫ.ਟੀ.ਏ.) ਛੋਟੇ ਅਤੇ ਦਰਮਿਆਨੇ ਉੱਦਮਾਂ ਸਮੇਤ ਅਰਥਵਿਵਸਥਾ ਦੇ ਵੱਖ-ਵੱਖ ਖੇਤਰਾਂ ਲਈ ਮੌਕਿਆਂ ਦਾ ਵਿਸਤਾਰ ਕਰਨਗੇ। ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਮੰਤਰੀਆਂ, ਲੈਫਟੀਨੈਂਟ ਗਵਰਨਰਾਂ, ਉਨ੍ਹਾਂ ਦੇ ਸੀਨੀਅਰ ਸਹਿਯੋਗੀਆਂ ਅਤੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਚ ਪੀ.ਐੱਮ. ਮੋਦੀ ਨੇ ਕਿਹਾ,ਜਿਵੇਂ-ਜਿਵੇਂ ਭਾਰਤ ਇਕ ਵਿਕਸਿਤ ਰਾਸ਼ਟਰ ਦੇ ਟੀਚੇ ਨੂੰ ਪ੍ਰਾਪਤ ਕਰਨ ਵੱਲ ਵਧਦਾ ਹੈ, ਸਾਡੀ ਸਮੂਹਿਕ ਜ਼ਿੰਮੇਵਾਰੀ ਹੋਰ ਵੀ ਵਧ ਜਾਂਦੀ ਹੈ। ਰਾਜਾਂ ਚ ਸਹਿਯੋਗ, ਗੱਲਬਾਤ ਅਤੇ ਅਨੁਭਵਾਂ ਦੀ ਸਾਂਝ ਮਾਰਗਦਰਸ਼ਕ ਸਿਧਾਂਤ ਹੋਣੇ ਚਾਹੀਦੇ ਹਨ।

ਇਸ ਸੰਦਰਭ 'ਚ ਉਨ੍ਹਾਂ ਕਿਹਾ ਕਿ ਨੀਤੀ ਆਯੋਗ ਸਹਿਯੋਗ ਲਈ ਇਕ ਪ੍ਰਭਾਵਸ਼ਾਲੀ ਪਲੇਟਫਾਰਮ ਵਜੋਂ ਇਕ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ, ਜਿੱਥੇ ਰਾਜ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰ ਸਕਣ ਅਤੇ ਇਕ ਵਿਕਸਿਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਇਕੱਠੇ ਕੰਮ ਕਰ ਸਕਦੇ ਹਨ। ਪ੍ਰਧਾਨ ਮੰਤਰੀ ਨੇ ਦੇਸ਼ ਦੀ ਆਬਾਦੀ 'ਚ ਨੌਜਵਾਨਾਂ ਦੇ ਵੱਡੇ ਅਨੁਪਾਤ ਨੂੰ ਇਕ ਇਤਿਹਾਸਕ ਮੌਕਾ ਦੱਸਿਆ ਅਤੇ ਕਿਹਾ,ਅਸੀਂ ਇਸ ਨੂੰ ਗੁਆਉਣਾ ਦਾ ਜ਼ੋਖਮ ਨਹੀਂ ਚੁੱਕ ਸਕਦੇ। ਉਨ੍ਹਾਂ ਕਿਹਾ ਕਿ ਗੁਣਵੱਤਾ ਵਾਲੀ ਸਿੱਖਿਆ, ਮੰਗ-ਅਧਾਰਤ ਹੁਨਰ ਵਿਕਾਸ ਅਤੇ ਰੁਜ਼ਗਾਰ ਦੇ ਮੌਕਿਆਂ ਰਾਹੀਂ ਨੌਜਵਾਨਾਂ ਲਈ ਇਕ ਅਨੁਕੂਲ ਵਾਤਾਵਰਣ ਬਣਾਉਣਾ ਸਾਡੀ ਤਰਜੀਹ ਬਣੀ ਰਹਿਣੀ ਚਾਹੀਦੀ ਹੈ। ਸਸ਼ਕਤ ਨੌਜਵਾਨ ਭਾਰਤ ਦੀ ਵਿਕਾਸ ਯਾਤਰਾ ਦੇ ਸਭ ਤੋਂ ਵੱਡੇ ਚਾਲਕ ਹੋਣਗੇ।

'ਕਿਸਾਨਾਂ ਦਾ ਜੀਵਨ ਸੁਖਾਲਾ ਬਣਾਉਣ ਲਈ ਸਰਕਾਰ ...

ਜਦੋਂ ਕਿ ਪ੍ਰਧਾਨ ਮੰਤਰੀ-ਕੁਸੁਮ ਯੋਜਨਾ ਸਸਤੀ ਸੂਰਜੀ ਊਰਜਾ ਪ੍ਰਦਾਨ ਕਰਦੀ ਹੈ, ਜਿਸ ਨਾਲ ਖੇਤੀ ਦੇ ਖਰਚੇ ਘਟ ਰਹੇ ਹਨ। ਪ੍ਰਧਾਨ ਮੰਤਰੀ ਦਫ਼ਤਰ ਵੱਲੋਂ ਜਾਰੀ ਇੱਕ ਰਿਲੀਜ਼ ਵਿੱਚ ਉਨ੍ਹਾਂ ਦੇ ਹਵਾਲੇ ਨਾਲ ਕਿਹਾ ਗਿਆ, ਸਾਡੇ ਕਿਸਾਨ ਭਰਾ ਅਤੇ ਭੈਣਾਂ ਦੇਸ਼ ਦੀ ਖੁਰਾਕ ਸੁਰੱਖਿਆ, ਪੋਸ਼ਣ ਅਤੇ ਖੁਸ਼ਹਾਲੀ ਦੇ ਅਧਾਰ ਹਨ ਅਤੇ ਸਰਕਾਰ ਉਨ੍ਹਾਂ ਦਾ ਜੀਵਨ ਆਸਾਨ ਬਣਾਉਣ ਲਈ ਕੋਈ ਕਸਰ ਨਹੀਂ ਛੱਡ ਰਹੀ ਹੈ।

ਪ੍ਰਧਾਨ ਮੰਤਰੀ ਨੇ ਦੱਸਿਆ ਕਿ ਕਿਸਾਨ ਕ੍ਰੈਡਿਟ ਕਾਰਡ ਕਿਸਾਨਾਂ, ਪਸ਼ੂ ਪਾਲਕਾਂ ਅਤੇ ਮਛੇਰਿਆਂ ਨੂੰ ਅਸਾਨੀ ਨਾਲ ਘੱਟ ਵਿਆਜ ਦਰਾਂ 'ਤੇ ਕਰਜ਼ਾ ਮੁਹੱਈਆ ਕਰਵਾਉਣ ਵਿੱਚ ਬਹੁਤ ਲਾਹੇਵੰਦ ਸਾਬਤ ਹੋ ਰਿਹਾ ਹੈ, ਜਦੋਂ ਕਿ ਬੀਜ ਤੋਂ ਬਾਜ਼ਾਰ ਤੱਕ ਪਹਿਲਕਦਮੀ ਫਸਲਾਂ ਲਈ ਸਹੀ ਕੀਮਤਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਯਕੀਨੀ ਬਣਾ ਰਹੀ ਹੈ।

ਮੋਦੀ ਨੇ ਕਿਹਾ ਕਿ ਕਿਸਾਨਾਂ ਦੀ ਭਲਾਈ ਸਰਕਾਰ ਦੀਆਂ ਸਭ ਤੋਂ ਵੱਡੀਆਂ ਤਰਜੀਹਾਂ ਵਿੱਚੋਂ ਇੱਕ ਹੈ, ਇਸੇ ਕਰਕੇ ਉਨ੍ਹਾਂ ਨੂੰ ਆਧੁਨਿਕ ਖੇਤੀ ਸਹੂਲਤਾਂ ਪ੍ਰਦਾਨ ਕਰਨ 'ਤੇ ਲਗਾਤਾਰ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਇਹ ਵੀ ਉਜਾਗਰ ਕੀਤਾ ਕਿ ਡਰੋਨ, ਸੋਇਲ ਹੈਲਥ ਕਾਰਡ (ਮਿੱਟੀ ਸਿਹਤ ਕਾਰਡ) ਅਤੇ ਕੁਦਰਤੀ ਖਾਦਾਂ ਨਾਲ ਸਬੰਧਤ ਮੁਹਿੰਮਾਂ ਕਿਸਾਨਾਂ ਨੂੰ ਫਸਲਾਂ ਦੀ ਉਤਪਾਦਕਤਾ ਵਧਾਉਣ ਵਿੱਚ ਸਰਗਰਮੀ ਨਾਲ ਮਦਦ ਕਰ ਰਹੀਆਂ ਹਨ।

ਹੁਣ ਇਥੇਨੌਲ ਪੈਟਰੋਲ 'ਤੇ ਨਹੀਂ ਲੱਗੇਗੀ ਐਕਸਾਈਜ਼ ...

ਤੇ ਢੁਕਵਾਂ ਕੇਂਦਰੀ ਟੈਕਸ, ਸੂਬਾ ਟੈਕਸ, ਕੇਂਦਰ ਸ਼ਾਸਿਤ ਪ੍ਰਦੇਸ਼ ਟੈਕਸ ਜਾਂ ਇੰਟੀਗ੍ਰੇਟਿਡ ਟੈਕਸ, ਜੋ ਵੀ ਮਾਮਲਾ ਹੋਵੇ, ਅਦਾ ਕੀਤਾ ਗਿਆ ਹੁੰਦਾ ਹੈ ਅਤੇ (b) ਬਿਊਰੋ ਆਫ ਇੰਡੀਅਨ ਸਟੈਂਡਰਡਜ਼ ਦੇ ਨਿਰਧਾਰਿਤ ਮਾਪਦੰਡ IS 19850 ਦੇ ਅਨੁਕੂਲ ਹੁੰਦਾ ਹੈ।

ਇਹੀ ਬਿਲਕੁਲ ਸਹੀ ਬਣਤਰ ਦੇ ਪੈਰਾਮੀਟਰ ਬਾਕੀ ਰਹਿੰਦੇ ਉੱਚੇ ਫੀਸਦੀ ਵਾਲੇ ਬਾਲਣ ਮਿਸ਼ਰਣਾਂ ਤੇ ਵੀ ਲਾਗੂ ਹੁੰਦੇ ਹਨ। ਗਜ਼ਟ ਇਸ ਵਿੱਤੀ ਉਪਾਅ ਵਿੱਚ ਸ਼ਾਮਲ ਕੀਤੇ ਗਏ ਵੱਧ ਤੋਂ ਵੱਧ ਮਿਸ਼ਰਣ ਪੱਧਰ ਲਈ ਮਾਤਰਾ ਦੀਆਂ ਜ਼ਰੂਰਤਾਂ ਨੂੰ ਸਪਸ਼ਟ ਕਰਦਾ ਹੈ, 30 ਫੀਸਦ ਇਥੇਨੌਲ ਮਿਸ਼ਰਿਤ ਪੈਟਰੋਲ ਉਹ ਮਿਸ਼ਰਣ ਹੈ, ਜੋ - (a) ਮਾਤਰਾ ਦੇ ਹਿਸਾਬ ਨਾਲ, 70 ਫੀਸਦ ਮੋਟਰ ਸਪਿਰਿਟ (ਆਮ ਤੌਰ 'ਤੇ ਪੈਟਰੋਲ ਵਜੋਂ ਜਾਣਿਆ ਜਾਂਦਾ ਹੈ) ਦਾ ਬਣਿਆ ਹੁੰਦਾ ਹੈ, ਜਿਸ 'ਤੇ ਐਕਸਾਈਜ਼ ਦੀਆਂ ਢੁਕਵੀਆਂ ਡਿਊਟੀਆਂ ਦਾ ਭੁਗਤਾਨ ਕੀਤਾ ਗਿਆ ਹੁੰਦਾ ਹੈ ਅਤੇ 30% ਇਥੇਨੌਲ ਦਾ ਬਣਿਆ ਹੁੰਦਾ ਹੈ ਜਿਸ ਤੇ ਢੁਕਵਾਂ ਕੇਂਦਰੀ ਟੈਕਸ, ਰਾਜ ਟੈਕਸ, ਕੇਂਦਰ ਸ਼ਾਸਿਤ ਪ੍ਰਦੇਸ਼ ਟੈਕਸ ਜਾਂ ਇੰਟੀਗ੍ਰੇਟਿਡ ਟੈਕਸ, ਜੋ ਵੀ ਮਾਮਲਾ ਹੋਵੇ, ਅਦਾ ਕੀਤਾ ਗਿਆ ਹੁੰਦਾ ਹੈ ਅਤੇ (b) ਬਿਊਰੋ ਆਫ ਇੰਡੀਅਨ ਸਟੈਂਡਰਡਜ਼ ਦੇ ਨਿਰਧਾਰਿਤ ਮਾਪਦੰਡ IS 19850 ਦੇ ਅਨੁਕੂਲ ਹੁੰਦਾ ਹੈ।

ਨੋਟੀਫਿਕੇਸ਼ਨਾਂ ਵਿੱਚ ਵਿਆਖਿਆ ਵਾਲੇ ਹਿੱਸੇ ਵਿੱਚ ਦੱਸਿਆ ਗਿਆ ਹੈ ਕਿ ਐਕਸਾਈਜ਼ ਦੀਆਂ ਢੁਕਵੀਆਂ ਡਿਊਟੀਆਂ ਦਾ ਮਤਲਬ ਕੇਂਦਰੀ ਐਕਸਾਈਜ਼ ਐਕਟ, 1944 ਦੀ ਚੌਥੀ ਅਨੁਸੂਚੀ ਦੇ ਤਹਿਤ ਲਾਗੂ ਹੋਣ ਯੋਗ ਐਕਸਾਈਜ਼ ਦੀਆਂ ਡਿਊਟੀਆਂ, ਫਾਈਨਾਂਸ ਐਕਟ, 2018 ਦੀ ਧਾਰਾ 112 ਦੇ ਤਹਿਤ ਲਾਗੂ ਹੋਣ ਯੋਗ ਐਕਸਾਈਜ਼ ਦੀ ਵਧੀਕ ਡਿਊਟੀ ਅਤੇ ਫਾਈਨਾਂਸ ਐਕਟ, 2002 ਦੀ ਧਾਰਾ 147 ਦੇ ਤਹਿਤ ਲਾਗੂ ਹੋਣ ਯੋਗ ਵਿਸ਼ੇਸ਼ ਵਧੀਕ ਐਕਸਾਈਜ਼ ਡਿਊਟੀ ਹੈ। ਇਸ ਵਿੱਚ ਫਾਈਨਾਂਸ ਐਕਟ, 2021 ਦੀ ਧਾਰਾ 125 ਦੇ ਤਹਿਤ ਲਗਾਇਆ ਜਾਣ ਵਾਲਾ ਐਗਰੀਕਲਚਰ ਇੰਫਰਾਸਟਰਕਚਰ ਐਂਡ ਡਿਵੈਲਪਮੈਂਟ ਸੈੱਸ ਵੀ ਸ਼ਾਮਲ ਹੈ।

ਪੰਜਾਬ 'ਚ 4 ਆਈ.ਏ.ਐੱਸ. ਤੇ 30 ਪੀ.ਸੀ.ਐੱਸ. ...

ਆਦਿੱਤਿਆ ਸ਼ਰਮਾ ਨੂੰ ਵਧੀਕ ਡਿਪਟੀ ਕਮਿਸ਼ਨਰ ਤਰਨਤਾਰਨ ਤੇ ਪੱਲਵੀ ਮਿਸ਼ਰਾ ਨੂੰ ਵਧੀਕ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਲਗਾਇਆ ਗਿਆ ਹੈ।ਇਸ ਤੋਂ ਇਲਾਵਾ 30 ਹੋਰ ਪੀ.ਸੀ.ਐੱਸ. ਅਧਿਕਾਰੀਆਂ ਦੇ ਤਬਾਦਲੇ ਵੀ ਕੀਤੇ ਗਏ ਹਨ।

ਪੰਜਾਬ ਨੂੰ ਵਿਸ਼ੇਸ਼ ਸ਼੍ਰੇਣੀ ਦਾ ਦਰਜਾ ਤੇ ਸਰਹੱਦੀ ...

ਕੰਡਿਆਲੀ ਤਾਰ ਅਤੇ ਅੰਤਰਰਾਸ਼ਟਰੀ ਸਰਹੱਦ ਦੇ ਵਿਚਕਾਰਲੀ ਜ਼ਮੀਨ ਤੇ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਰੋਜ਼ਾਨਾ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਕੁਦਰਤੀ ਆਫ਼ਤਾਂ ਅਤੇ ਸੁਰੱਖਿਆ ਨਾਲ ਸਬੰਧਤ ਸਮੱਸਿਆਵਾਂ ਬਾਰੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਪੰਜਾਬ ਨੇ ਸਾਲ 2025 ਵਿੱਚ ਆਏ ਹੜ੍ਹਾਂ ਵਰਗੀਆਂ ਕੁਦਰਤੀ ਆਫ਼ਤਾਂ ਦੀ ਮਾਰ ਨੂੰ ਬੁਰੀ ਤਰ੍ਹਾਂ ਝੱਲਿਆ ਹੈ, ਜਿਸ ਨਾਲ 2,300 ਤੋਂ ਵੱਧ ਪਿੰਡਾਂ ਨੂੰ ਨੁਕਸਾਨ ਪਹੁੰਚਿਆ ਅਤੇ ਲਗਭਗ 12,905 ਕਰੋੜ ਰੁਪਏ ਦਾ ਨੁਕਸਾਨ ਹੋਇਆ। ਆਪ੍ਰੇਸ਼ਨ ਸਿੰਦੂਰ (Operation Sindoor) ਤੋਂ ਬਾਅਦ ਪੰਜਾਬ ਦੇ ਵਸਨੀਕਾਂ ਨੂੰ ਜਿਸ ਮਾਰ ਦਾ ਸਾਹਮਣਾ ਕਰਨਾ ਪਿਆ, ਉਸ ਦਾ ਮੰਜ਼ਰ ਪੂਰੇ ਦੇਸ਼ ਨੇ ਦੇਖਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਸਥਿਤ ਸੰਘਣੀ ਆਬਾਦੀ ਵਾਲੇ ਪਿੰਡ ਤੇ ਕਸਬੇ ਦੇਸ਼ ਦੇ ਦੂਜੇ ਹਿੱਸਿਆਂ ਵਿੱਚ ਹੋਏ ਆਰਥਿਕ ਵਿਕਾਸ ਤੋਂ ਵਿਰਵੇ ਰਹਿ ਗਏ ਹਨ। ਉਨ੍ਹਾਂ ਕਿਹਾ ਕਿ ਦਹਾਕਿਆਂ ਦੀ ਬੇਯਕੀਨੀ ਅਤੇ ਜ਼ੋਖਮ ਦੇ ਨਤੀਜੇ ਵਜੋਂ ਸਰਹੱਦੀ ਜ਼ਿਲ੍ਹਿਆਂ ਵਿੱਚ ਨਿਵੇਸ਼ ਬਿਲਕੁਲ ਨਾਮਾਤਰ ਰਿਹਾ ਹੈ ਅਤੇ ਕਈ ਮਾਮਲਿਆਂ ਵਿੱਚ ਤਾਂ ਪੂੰਜੀ ਵੀ ਬਾਹਰ ਚਲੀ ਗਈ ਹੈ ਅਤੇ ਉਦਯੋਗ ਬੰਦ ਹੋ ਗਏ ਹਨ ਜਾਂ ਦੂਜੀਆਂ ਥਾਵਾਂ 'ਤੇ ਹਿਜਰਤ ਕਰ ਗਏ। ਉਨ੍ਹਾਂ ਕਿਹਾ, ਹਾਲਾਂਕਿ, ਸਾਡੇ ਦੁਸ਼ਮਣ ਗੁਆਂਢੀ ਮੁਲਕ ਦੇ ਵਿਰੁੱਧ ਪੰਜਾਬ, ਭਾਰਤ ਲਈ ਢਾਲ ਬਣ ਕੇ ਖੜ੍ਹਾ ਹੈ, ਪਰ ਭਾਰਤ ਸਰਕਾਰ ਵੱਲੋਂ ਸੂਬੇ ਅਤੇ ਇਸ ਦੇ ਸਰਹੱਦੀ ਖੇਤਰਾਂ ਲਈ ਦਿੱਤੀ ਗਈ ਸਹਾਇਤਾ ਬਹੁਤ ਹੀ ਨਾਕਾਫ਼ੀ ਰਹੀ ਹੈ।

ਵਿਕਾਸ ਕਾਰਜਾਂ ਵਿੱਚ ਵਿਤਕਰੇ ਵੱਲ ਇਸ਼ਾਰਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਹਾਲ ਹੀ ਵਿੱਚ ਸ਼ੁਰੂ ਕੀਤੇ ਗਏ ਵਾਈਬ੍ਰੈਂਟ ਵਿਲੇਜ-99 (ਗਤੀਸ਼ੀਲ ਪਿੰਡ-2) ਪ੍ਰੋਗਰਾਮ ਤਹਿਤ ਸੂਬੇ ਦੇ ਸਿਰਫ਼ 107 ਪਿੰਡਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਦੋਂ ਕਿ 2,000 ਤੋਂ ਵੱਧ ਪਿੰਡ ਅਤੇ ਕਸਬੇ ਸਰਹੱਦ ਦੇ ਬਿਲਕੁਲ ਨੇੜੇ ਸਥਿਤ ਹਨ।

ਕੇਂਦਰ ਨੂੰ ਪੰਜਾਬ ਦੀਆਂ ਜਾਇਜ਼ ਅਤੇ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪ੍ਰਵਾਨ ਕਰਨਾ ਚਾਹੀਦਾ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਕੇਂਦਰ ਸਰਕਾਰ ਨੂੰ ਅੰਤਰਰਾਸ਼ਟਰੀ ਸਰਹੱਦ ਨੂੰ ਮਜ਼ਬੂਤ ਕਰਨ ਅਤੇ ਸੂਬੇ ਨੂੰ ਦਰਪੇਸ਼ ਬਹੁਪੱਖੀ ਚੁਣੌਤੀਆਂ ਨੂੰ ਹੱਲ ਕਰਨ ਲਈ ਤੁਰੰਤ ਕਦਮ ਚੁੱਕਣ ਦੀ ਵਾਰ-ਵਾਰ ਅਪੀਲ ਕੀਤੀ ਹੈ। ਉਨ੍ਹਾਂ ਕਿਹਾ,ਪਾਕਿਸਤਾਨ ਨਾਲ ਲੱਗਦੀ ਸਾਡੀ ਅੰਤਰਰਾਸ਼ਟਰੀ ਸਰਹੱਦ ਨੂੰ ਸੁਰੱਖਿਅਤ ਬਣਾਉਣ, ਇਸ ਨੂੰ ਭਵਿੱਖ ਲਈ ਤਿਆਰ ਕਰਨ ਅਤੇ ਪੰਜਾਬ ਨੂੰ ਦਰਪੇਸ਼ ਬਹੁ-ਪੱਖੀ ਸੰਕਟ ਨੂੰ ਹੱਲ ਕਰਨ ਲਈ, ਅਸੀਂ ਕਈ ਮੌਕਿਆਂ 'ਤੇ ਕੇਂਦਰ ਸਰਕਾਰ ਦੇ ਸਾਹਮਣੇ ਸਬੰਧਤ ਮੰਗਾਂ ਤੁਰੰਤ ਰੱਖੀਆਂ ਹਨ। ਹਾਲਾਂਕਿ, ਕੇਂਦਰ ਨੇ ਢੁਕਵਾਂ ਹੁੰਗਾਰਾ ਨਹੀਂ ਦਿੱਤਾ, ਜੋ ਕਿ ਬੇਹੱਦ ਮੰਦਭਾਗਾ ਅਤੇ ਅਣਉਚਿਤ ਹੈ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਮਈ, 2025 ਵਿੱਚ ਗਵਰਨਿੰਗ ਕੌਂਸਲ ਦੀ 10ਵੀਂ ਮੀਟਿੰਗ ਦੌਰਾਨ ਉਠਾਈਆਂ ਗਈਆਂ ਮੰਗਾਂ ਦੇ ਨਾਲ-ਨਾਲ ਮੌਜੂਦਾ ਮੀਟਿੰਗ ਦੌਰਾਨ ਪੇਸ਼ ਕੀਤੀਆਂ ਗਈਆਂ ਮੰਗਾਂ ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ, ਬੇਨਤੀ ਹੈ ਕਿ ਗਵਰਨਿੰਗ ਕੌਂਸਲ ਦੀ 10ਵੀਂ ਮੀਟਿੰਗ ਦੌਰਾਨ ਮੇਰੇ ਵੱਲੋਂ ਉਠਾਈਆਂ ਗਈਆਂ ਅਤੇ ਅੱਜ ਦੁਹਰਾਈਆਂ ਗਈਆਂ ਪੰਜਾਬ ਦੇ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪ੍ਰਵਾਨ ਕੀਤਾ ਜਾਵੇ।

ਵਿਕਸਿਤ ਭਾਰਤ ਲਈ ਸੁਰੱਖਿਅਤ ਤੇ ਖੁਸ਼ਹਾਲ ਪੰਜਾਬ ਜ਼ਰੂਰੀ

ਪ੍ਰਧਾਨ ਮੰਤਰੀ ਨੂੰ ਪੰਜਾਬ ਨੂੰ ਹੋਰ ਵੱਧ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਅਤੇ ਇਸ ਦੇ ਲੋਕ ਆਪਣੇ ਨੁਕਸਾਨ ਦੀ ਕੀਮਤ ਤੇ ਵੀ ਦੇਸ਼ ਅਤੇ ਇਸ ਦੀਆਂ ਸਰਹੱਦਾਂ ਨੂੰ ਦੁਸ਼ਮਣ ਗੁਆਂਢੀ ਤੋਂ ਬਚਾਉਣ ਦੀ ਆਪਣੀ ਵਚਨਬੱਧਤਾ ਤੇ ਦ੍ਰਿੜ ਹਨ। ਪੰਜਾਬ ਦੇ ਸਰੋਕਾਰਾਂ ਨੂੰ ਹਾਂ-ਪੱਖੀ ਹੁੰਗਾਰਾ ਮਿਲਣ ਦੀ ਉਮੀਦ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ, ਮੈਨੂੰ ਉਮੀਦ ਹੈ ਕਿ ਸੂਬੇ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ ਅਤੇ ਪੰਜਾਬ ਨੂੰ ਦੇਸ਼ ਦੇ ਆਰਥਿਕ ਵਿਕਾਸ ਵਿੱਚ ਉਸ ਦੀ ਬਣਦੀ ਮਾਨਤਾ ਅਤੇ ਹਿੱਸਾ ਦਿੱਤਾ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਧਾਨ ਮੰਤਰੀ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਵਿਕਸਿਤ ਭਾਰਤ-2047 ਦੇ ਵਿਜ਼ਨ ਨੂੰ ਹਾਸਲ ਕਰਨ ਲਈ ਕੇਂਦਰ ਸਰਕਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਾ ਜਾਰੀ ਰੱਖੇਗਾ। ਉਨ੍ਹਾਂ ਕਿਹਾ, ਪੰਜਾਬ ਅਤੇ ਇਸ ਦੇ ਲੋਕ ਭਾਰਤ ਨੂੰ 2047 ਤੱਕ ਵਿਕਸਿਤ ਭਾਰਤ ਬਣਾਉਣ ਲਈ ਭਾਰਤ ਸਰਕਾਰ ਨਾਲ ਮਿਲ ਕੇ ਕੰਮ ਕਰਨਗੇ। ਇੱਕ ਸੁਰੱਖਿਅਤ, ਮਹਿਫੂਜ਼ ਅਤੇ ਖੁਸ਼ਹਾਲ ਪੰਜਾਬ ਹੀ ਵਿਕਸਿਤ ਭਾਰਤ 0 2047 ਦੀ ਗਾਰੰਟੀ ਦੇ ਸਕਦਾ ਹੈ।

ਰੰਗਲਾ ਪੰਜਾਬ ਦਾ ਸੁਪਨਾ ਕੌਮੀ ਤਰਜੀਹਾਂ ਨਾਲ ਮੇਲ ਖਾਂਦਾ

ਪੰਜਾਬ ਦੇ ਵਿਕਾਸ ਦੀ ਰੂਪ-ਰੇਖਾ ਪੇਸ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਿੰਮਤ, ਉਮੀਦ ਅਤੇ ਸਮਰੱਥਾ ਦੀ ਧਰਤੀ, ਪੰਜਾਬ ਦੇ ਮੁੱਖ ਮੰਤਰੀ ਵਜੋਂ ਮੈਨੂੰ ਰੰਗਲਾ ਪੰਜਾਬ ਲਈ ਸਾਡਾ ਸਮੂਹਿਕ ਵਿਜ਼ਨ ਪੇਸ਼ ਕਰਦਿਆਂ ਮਾਣ ਮਹਿਸੂਸ ਹੋ ਰਿਹਾ ਹੈ, ਜੋ 2047 ਤੱਕ ਵਿਕਸਿਤ ਭਾਰਤ ਦੇ ਸਫਰ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਦ੍ਰਿੜ ਹੈ। ਉਨ੍ਹਾਂ ਕਿਹਾ ਕਿ ਜਿਵੇਂ ਕਿ ਪੰਜਾਬ ਦੀਆਂ ਇੱਛਾਵਾਂ ਕੌਮੀ ਤਰਜੀਹਾਂ ਨਾਲ ਮੇਲ ਖਾਂਦੀਆਂ ਹਨ, ਮਾਨਵ ਪੂੰਜੀ ਦੇ ਵਿਕਾਸ ਤੇ ਕੇਂਦਰਿਤ ਵਿਚਾਰ-ਚਰਚਾ ਸਮੇਂ ਸਿਰ ਅਤੇ ਬਹੁਤ ਮਹੱਤਵਪੂਰਨ ਹੈ।

ਮੁੱਖ ਮੰਤਰੀ ਨੇ ਪਰਿਵਾਰ-ਕੇਂਦਰਿਤ ਵਿਕਾਸ ਮਾਡਲ ਦੀ ਉਮੀਦ ਪ੍ਰਗਟਾਈ ਜੋ ਹਰ ਬੱਚੇ ਦੀ ਭਲਾਈ ਨੂੰ ਯਕੀਨੀ ਬਣਾਉਣ, ਕੰਮ ਕਰਨ ਦੀ ਉਮਰ ਵਾਲੀ ਆਬਾਦੀ ਨੂੰ ਉਤਪਾਦਕ ਅਤੇ ਨਵੀਨਤਾਕਾਰੀ ਬਣਨ ਲਈ ਸਮਰੱਥ ਬਣਾਉਣ ਅਤੇ ਬਜ਼ੁਰਗਾਂ ਨੂੰ ਮਾਣ-ਸਤਿਕਾਰ ਅਤੇ ਦੇਖਭਾਲ ਪ੍ਰਦਾਨ ਕਰਨ ਤੇ ਕੇਂਦਰਿਤ ਹੈ। ਉਨ੍ਹਾਂ ਕਿਹਾ, ਇਸ ਲਈ ਸਾਨੂੰ ਆਪਣੀਆਂ ਅੰਦਰੂਨੀ ਸ਼ਕਤੀਆਂ ਦੀ ਵਰਤੋਂ ਕਰਨ, ਨਵੀਨਤਾਕਾਰੀ ਹੱਲ ਨਾਲ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰਨ, ਲੋਕਾਂ ਨੂੰ ਆਧੁਨਿਕ ਹੁਨਰਾਂ ਨਾਲ ਸਮਰੱਥ ਬਣਾਉਣ ਅਤੇ ਅਜਿਹਾ ਅਨੁਕੂਲ ਮਾਹੌਲ ਸਿਰਜਣ ਦੀ ਲੋੜ ਹੈ ਜੋ ਉਨ੍ਹਾਂ ਨੂੰ ਪੰਜਾਬ ਅਤੇ ਭਾਰਤ ਦੇ ਵਿਕਾਸ ਸਫਰ ਵਿੱਚ ਸਰਗਰਮ ਯੋਗਦਾਨ ਪਾਉਣ ਵਾਲੇ ਅਤੇ ਲਾਭਪਾਤਰੀ ਬਣਨ ਦੇ ਯੋਗ ਬਣਾਵੇ।

ਹਰੇਕ ਪਰਿਵਾਰ ਨੂੰ ਸਿਹਤ ਸੁਰੱਖਿਆ ਪ੍ਰਦਾਨ ਕਰ ਰਹੀ ਹੈ ਮੁੱਖ ਮੰਤਰੀ ਸਿਹਤ ਯੋਜਨਾ

ਮੁੱਢਲੀਆਂ ਸਿਹਤ ਸੇਵਾਵਾਂ ਦੀ ਪਹੁੰਚ ਲਈ ਨਵੀਂ ਮਿਸਾਲ ਸਿਰਜ ਰਹੇ ਹਨ ਆਮ ਆਦਮੀ ਕਲੀਨਿਕ

ਪੰਜਾਬ ਦੀਆਂ ਮੁੱਢਲੀਆਂ ਸਿਹਤ ਸੇਵਾਵਾਂ ਵਿੱਚ ਆਏ ਬਦਲਾਅ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ 990 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਗਏ ਹਨ, ਜਿਨ੍ਹਾਂ ਵਿੱਚ ਸ਼ਹਿਰੀ ਖੇਤਰਾਂ ਵਿੱਚ 414 ਅਤੇ ਪੇਂਡੂ ਖੇਤਰਾਂ ਵਿੱਚ 576 ਕਲੀਨਿਕ ਸ਼ਾਮਲ ਹਨ। ਉਨ੍ਹਾਂ ਕਿਹਾ, ਇਹ ਕਲੀਨਿਕ ਸਿਹਤ ਸੁਧਾਰ ਦੇ ਪੱਧਰ ਦੇ ਸਿਧਾਂਤ ਤੇ ਬਣਾਏ ਗਏ ਹਨ ਅਤੇ 107 ਜ਼ਰੂਰੀ ਦਵਾਈਆਂ ਅਤੇ 47 ਟੈਸਟ ਬਿਲਕੁਲ ਮੁਫ਼ਤ ਪ੍ਰਦਾਨ ਕਰਦੇ ਹਨ। ਇਨ੍ਹਾਂ ਨੂੰ ਆਈ.ਟੀ. ਅਧਾਰਤ ਰੀਅਲ-ਟਾਈਮ ਰਿਪੋਰਟਿੰਗ ਪ੍ਰਣਾਲੀ ਦਾ ਸਹਿਯੋਗ ਪ੍ਰਾਪਤ ਹੈ।

ਯੁੱਧ ਨਸ਼ਿਆਂ ਵਿਰੁੱਧ:ਨਸ਼ਿਆਂ ਖ਼ਿਲਾਫ਼ ਪੰਜਾਬ ਦੀ ਜੰਗ ਨੂੰ ਮਿਲੀ ਮਜ਼ਬੂਤੀ

ਪੰਜਾਬ ਦੀ ਨਸ਼ਾ ਵਿਰੋਧੀ ਮੁਹਿੰਮ ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਨਸ਼ਿਆਂ ਦੀ ਵਰਤੋਂ ਅਤੇ ਇਸ ਦੀ ਤਸਕਰੀ ਵਿਰੁੱਧ ਵਿਆਪਕ ਅਤੇ ਦ੍ਰਿੜ ਯਤਨ ਵਜੋਂ ਯੁੱਧ ਨਸ਼ਿਆਂ ਵਿਰੁੱਧ ਸ਼ੁਰੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਪੰਜਾਬ ਭਰ ਵਿੱਚ 547 ਓਟ ਕਲੀਨਿਕ, 183 ਨਸ਼ਾ ਛਡਾਊ ਕੇਂਦਰ ਅਤੇ 90 ਮੁੜ-ਵਸੇਬਾ ਕੇਂਦਰ ਕਾਰਜਸ਼ੀਲ ਹਨ, ਜੋ ਇਲਾਜ ਅਤੇ ਸੁਧਾਰ ਵਿੱਚ ਮਦਦ ਕਰ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਜੇਲ੍ਹਾਂ ਵਿੱਚ ਬੰਦ ਵਿਅਕਤੀਆਂ ਲਈ ਲਗਾਤਾਰ ਇਲਾਜ ਯਕੀਨੀ ਬਣਾਉਣ ਲਈ ਨਸ਼ਾ ਛੁਡਾਊ ਸੇਵਾਵਾਂ ਦਾ ਵਿਸਥਾਰ 19 ਜੇਲ੍ਹਾਂ ਤੱਕ ਵੀ ਕੀਤਾ ਗਿਆ ਹੈ।

ਇਨ੍ਹਾਂ ਯਤਨਾਂ ਨੂੰ ਅੱਗੇ ਵਧਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਪੰਜਾਬ ਨੇ ਆਪਣੀ ਕਿਸਮ ਦੀ ਨਿਵੇਕਲੀ ਬਚਾਅ ਪੱਖੀ ਸਿੱਖਿਆ ਪਹਿਲਕਦਮੀ ਸਕੂਲ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ, ਇਹ ਪ੍ਰੋਗਰਾਮ 3,658 ਸਰਕਾਰੀ ਸਕੂਲਾਂ ਦੇ ਲਗਪਗ ਅੱਠ ਲੱਖ ਵਿਦਿਆਰਥੀਆਂ ਤੱਕ ਪਹੁੰਚ ਰਿਹਾ ਹੈ। ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸੇਵਨ ਖ਼ਿਲਾਫ਼ ਖੜ੍ਹੇ ਹੋਣ ਅਤੇ ਜੀਵਨ ਵਿੱਚ ਸਹੀ ਫੈਸਲੇ ਲੈਣ ਲਈ ਲੋੜੀਂਦਾ ਗਿਆਨ, ਆਲੋਚਨਾਤਮਕ ਸੋਚ ਦੇ ਹੁਨਰ ਅਤੇ ਕਦਰਾਂ-ਕੀਮਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ।

ਖੇਡਾਂ ਅਤੇ ਤੰਦਰੁਸਤੀ:ਨਸ਼ਾ ਮੁਕਤ ਪੰਜਾਬ ਦਾ ਮੁੱਖ ਆਧਾਰ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਖੇਡਾਂ ਦੀ ਅਹਿਮ ਭੂਮਿਕਾ ਨੂੰ ਪਛਾਣਦਿਆਂ ਪੰਜਾਬ ਸਰਕਾਰ ਨੇ ਇਤਿਹਾਸਕ ਪਹਿਲਕਦਮੀ ਖੇਡਦਾ ਪੰਜਾਬ, ਬਦਲਦਾ ਪੰਜਾਬ ਰਾਹੀਂ ਇੱਕ ਵਿਆਪਕ ਪਹੁੰਚ ਅਪਣਾਈ ਹੈ। ਉਨ੍ਹਾਂ ਕਿਹਾ, ਨਸ਼ਿਆਂ ਵਿਰੁੱਧ ਜੰਗ ਨਾ ਸਿਰਫ਼ ਕਾਨੂੰਨ ਲਾਗੂ ਕਰਕੇ ਲੜੀ ਜਾਵੇਗੀ, ਸਗੋਂ ਸਾਡੇ ਨੌਜਵਾਨਾਂ ਨੂੰ ਰਚਨਾਤਮਕ, ਅਨੁਸ਼ਾਸਿਤ ਅਤੇ ਮੁਕਾਬਲੇਬਾਜ਼ੀ ਵਾਲੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਰਕੇ ਵੀ ਲੜੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਬੁਨਿਆਦੀ ਪੱਧਰ ਤੇ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਅਤੇ ਪ੍ਰਤਿਭਾ ਨੂੰ ਨਿਖਾਰਨ ਲਈ ਪੰਜਾਬ ਸਰਕਾਰ ਨੇ ਸਾਲ 2026-27 ਵਿੱਚ ਖੇਡ ਖੇਤਰ ਲਈ 1,763 ਕਰੋੜ ਰੁਪਏ ਦਾ ਇਤਿਹਾਸਕ ਬਜਟ ਰੱਖਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਦੀ ਊਰਜਾ ਨੂੰ ਦੇਸ਼-ਨਿਰਮਾਣ ਵੱਲ ਲਗਾਉਣ ਲਈ ਪੰਜਾਬ ਭਰ ਵਿੱਚ 3,150 ਤੋਂ ਵੱਧ ਪਿੰਡ ਪੱਧਰੀ ਖੇਡ ਮੈਦਾਨ ਅਤੇ 5,000 ਪੇਂਡੂ ਜਿੰਮ ਵਿਕਸਤ ਕੀਤੇ ਜਾ ਰਹੇ ਹਨ।

ਸੀ.ਐੱਮ. ਦੀ ਯੋਗਸ਼ਾਲਾ ਦੀ ਸਫ਼ਲਤਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਹਿਲਕਦਮੀ ਸੂਬੇ ਭਰ ਵਿੱਚ ਬਚਾਅ ਪੱਖੀ ਸਿਹਤ ਸੰਭਾਲ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰ ਰਹੀ ਹੈ। ਉਨ੍ਹਾਂ ਕਿਹਾ, ਇਹ ਬਹੁਤ ਹੀ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਇਸ ਪਹਿਲਕਦਮੀ ਤਹਿਤ ਰੋਜ਼ਾਨਾ ਲਗਪਗ ਤਿੰਨ ਲੱਖ ਲੋਕ ਯੋਗਾ ਕਰਦੇ ਹਨ।

ਦੇਸ਼ ਦੀ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੀ ਸਕੂਲੀ ਸਿੱਖਿਆ ਪ੍ਰਣਾਲੀ ਵਜੋਂ ਉੱਭਰਿਆ ਪੰਜਾਬ

ਮਨੁੱਖੀ ਪੂੰਜੀ ਦੇ ਵਿਕਾਸ ਵਿੱਚ ਸਿੱਖਿਆ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੀਤੀ ਆਯੋਗ ਦੀ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਪੰਜਾਬ, ਭਾਰਤ ਦੀ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੀ ਸਕੂਲੀ ਸਿੱਖਿਆ ਪ੍ਰਣਾਲੀ ਵਜੋਂ ਉੱਭਰਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਮੁੱਢਲੀ ਸਿੱਖਿਆ ਨੂੰ ਸਿਰਫ਼ ਸਕੂਲੀ ਤਿਆਰੀ ਵਜੋਂ ਨਹੀਂ, ਸਗੋਂ ਮਨੁੱਖੀ ਪੂੰਜੀ ਅਤੇ ਬਰਾਬਰ ਵਿਕਾਸ ਵਿੱਚ ਇੱਕ ਲੰਮੇ ਸਮੇਂ ਦੇ ਨਿਵੇਸ਼ ਵਜੋਂ ਦੇਖਦਾ ਹੈ। ਉਨ੍ਹਾਂ ਕਿਹਾ, ਦਿਮਾਗ ਦਾ ਲਗਪਗ 90 ਫੀਸਦੀ ਵਿਕਾਸ ਛੇ ਸਾਲ ਦੀ ਉਮਰ ਤੋਂ ਪਹਿਲਾਂ ਹੁੰਦਾ ਹੈ। ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਨੇ ਵਿਕਾਸ ਦੇ ਪੜਾਵਾਂ ਅਤੇ ਸਿੱਖਣ ਦੇ ਨਤੀਜਿਆਂ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਬਾਲ ਅਵਸਥਾ ਅਤੇ ਪ੍ਰਾਇਮਰੀ ਸਿੱਖਿਆ ਵਿੱਚ ਵੱਡਾ ਨਿਵੇਸ਼ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਤਬਦੀਲੀ ਖੇਡ-ਆਧਾਰਿਤ ਸਿੱਖਣ ਦੇ ਤਰੀਕੇ, ਕਹਾਣੀ ਸੁਣਾਉਣ, ਸਮੂਹਿਕ ਗਤੀਵਿਧੀਆਂ ਅਤੇ ਸੰਕਲਪਾਂ ਦੇ ਵਿਹਾਰਕ ਪ੍ਰਯੋਗ ਰਾਹੀਂ ਸੰਭਵ ਹੋਈ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਲਈ ਬੁਨਿਆਦੀ ਸਾਖਰਤਾ ਅਤੇ ਅੰਕ ਗਿਆਨ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੇ ਗਏ ਮਿਸ਼ਨ ਸਮਰੱਥ ਦੀ ਸਫ਼ਲਤਾ ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ, ਯੋਜਨਾਬੱਧ ਅਧਿਆਪਨ ਅਤੇ ਕੇਂਦਰਿਤ ਯਤਨਾਂ ਸਦਕਾ ਅਸੀਂ ਵੱਡੇ ਪੱਧਰ ਤੇ ਸਿੱਖਣ ਦੇ ਨਤੀਜਿਆਂ ਵਿੱਚ ਸੁਧਾਰ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਪਰਖ' ਮੁਲਾਂਕਣਾਂ ਵਿੱਚ ਪੰਜਾਬ ਦਾ ਚੋਟੀ ਦਾ ਰੈਂਕ ਲਗਾਤਾਰ ਅਤੇ ਕੇਂਦਰਿਤ ਯਤਨਾਂ ਦਾ ਨਤੀਜਾ ਹੈ। ਉਨ੍ਹਾਂ ਕਿਹਾ, ਪੰਜਾਬ ਦੇ ਸਰਕਾਰੀ ਸਕੂਲਾਂ ਦੇ ਤੀਜੀ ਤੋਂ ਨੌਵੀਂ ਜਮਾਤ ਦੇ ਵਿਦਿਆਰਥੀ ਮੁੱਖ ਵਿਸ਼ਿਆਂ ਵਿੱਚ ਕੌਮੀ ਔਸਤ ਨਾਲੋਂ 10 ਤੋਂ 15 ਫੀਸਦੀ ਬਿਹਤਰ ਪ੍ਰਦਰਸ਼ਨ ਕਰ ਰਹੇ ਹਨ, ਜੋ ਸਕੂਲੀ ਸਫ਼ਰ ਦੌਰਾਨ ਲਗਾਤਾਰ ਹੋ ਰਹੇ ਸੁਧਾਰ ਨੂੰ ਦਰਸਾਉਂਦਾ ਹੈ।

ਸੰਚਾਰ, ਤਕਨਾਲੋਜੀ, ਕਰੀਅਰ ਦੀ ਤਿਆਰੀ ਅਤੇ ਪੰਜਾਬ ਦੇ ਸੱਭਿਆਚਾਰ ਤੇ ਵਿਰਸੇ ਤੇ ਕੇਂਦਰਿਤ ਬੁਨਿਆਦੀ ਵਿਸ਼ਿਆਂ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਉਦਯੋਗ-ਅਨੁਕੂਲ ਖੇਤਰਾਂ ਜਿਵੇਂ ਕਿ ਹੈਲਥਕੇਅਰ ਸਾਇੰਸਜ਼ ਅਤੇ ਸਰਵਿਸਿਜ਼, ਡਿਜੀਟਲ ਡਿਜ਼ਾਈਨ ਅਤੇ ਡਿਵੈਲਪਮੈਂਟ, ਬੈਂਕਿੰਗ, ਵਿੱਤੀ ਸੇਵਾਵਾਂ ਅਤੇ ਬੀਮਾ ਅਤੇ ਬਿਊਟੀ ਐਂਡ ਵੈਲਨੈਸ ਵਿੱਚ ਸਿਖਲਾਈ ਦਿੱਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ 51 ਉਦਯੋਗਾਂ ਦੇ 70 ਉਦਯੋਗਿਕ ਦੌਰਿਆਂ ਦਾ ਫਾਇਦਾ ਪਹਿਲਾਂ ਹੀ 1,356 ਵਿਦਿਆਰਥੀ ਉਠਾ ਚੁੱਕੇ ਹਨ। ਉਨ੍ਹਾਂ ਕਿਹਾ, ਇਹ ਸੈਕੰਡਰੀ ਸਕੂਲ ਪਾਠਕ੍ਰਮ ਇੰਟਰਨਸ਼ਿਪ-ਅਧਾਰਿਤ ਹੈ। ਪਹਿਲੀ ਜੂਨ, 2026 ਤੋਂ ਵਿਦਿਆਰਥੀਆਂ ਨੇ ਕੰਮ ਦੇ ਅਸਲ ਮਾਹੌਲ ਦਾ ਅਨੁਭਵ ਕਰਨ ਅਤੇ ਪੇਸ਼ੇਵਰ ਜ਼ਿੰਮੇਵਾਰੀਆਂ ਨੂੰ ਸਮਝਣ ਲਈ ਉਦਯੋਗਿਕ ਇੰਟਰਨਸ਼ਿਪ ਸ਼ੁਰੂ ਕਰ ਦਿੱਤੀ ਹੈ। 30 ਦਿਨਾਂ ਦੀ ਇੰਟਰਨਸ਼ਿਪ ਲਈ 2,500 ਰੁਪਏ ਅਤੇ 14 ਦਿਨਾਂ ਦੀ ਇੰਟਰਨਸ਼ਿਪ ਲਈ 1,250 ਰੁਪਏ ਦਾ ਸਟਾਈਪੈਂਡ (ਭੱਤਾ) ਵੀ ਦਿੱਤਾ ਜਾ ਰਿਹਾ ਹੈ।

ਬਿਜ਼ਨਸ ਬਲਾਸਟਰਜ਼:ਵਿਦਿਆਰਥੀਆਂ ਨੂੰ ਨੌਕਰੀ ਲੱਭਣ ਵਾਲਿਆਂ ਤੋਂ ਨੌਕਰੀ ਦੇਣ ਵਾਲੇ ਬਣਾਉਣਾ

ਉੱਦਮਤਾ ਤੇ ਪੰਜਾਬ ਦੇ ਕੇਂਦਰਿਤ ਯਤਨਾਂ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵਿਦਿਆਰਥੀਆਂ ਨੂੰ ਨੌਕਰੀ ਲੱਭਣ ਵਾਲਿਆਂ ਦੀ ਬਜਾਏ ਨੌਕਰੀ ਦੇਣ ਵਾਲੇ ਬਣਾਉਣ ਦੇ ਵਿਜ਼ਨ ਨਾਲ ਪੰਜਾਬ ਯੰਗ ਐਂਟਰਪ੍ਰੀਨਿਓਰਜ਼ ਪ੍ਰੋਗਰਾਮ (ਬਿਜ਼ਨਸ ਬਲਾਸਟਰਜ਼) ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ, ਇਹ ਕੁੱਝ ਸੀਮਤ ਸਕੂਲਾਂ ਵਿੱਚ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਹੋਇਆ ਸੀ, ਜੋ ਹੁਣ ਰਾਜ ਵਿਆਪੀ ਲਹਿਰ ਬਣ ਚੁੱਕਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬਿਜ਼ਨਸ ਬਲਾਸਟਰਜ਼ ਨੂੰ ਹੁਣ ਸਰਕਾਰੀ ਅਤੇ ਪ੍ਰਾਈਵੇਟ, ਦੋਵਾਂ ਸਕੂਲਾਂ ਵਿੱਚ 11ਵੀਂ ਤੇ 12ਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਲਈ ਲਾਜ਼ਮੀ ਵਿਸ਼ੇ ਵਜੋਂ ਸ਼ੁਰੂ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, ਸਿਰਫ਼ ਮੌਜੂਦਾ ਅਕਾਦਮਿਕ ਸਾਲ ਵਿੱਚ ਹੀ ਇਹ ਪ੍ਰੋਗਰਾਮ ਲਗਪਗ 3,800 ਸਕੂਲਾਂ ਤੱਕ ਪਹੁੰਚ ਚੁੱਕਾ ਹੈ, ਜਿਸ ਵਿੱਚ 1,931 ਸਰਕਾਰੀ ਸਕੂਲ ਅਤੇ 1,849 ਪ੍ਰਾਈਵੇਟ ਸਕੂਲ ਸ਼ਾਮਲ ਹਨ। ਇਸ ਨਾਲ ਪੰਜਾਬ ਭਰ ਦੇ 2.68 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਉੱਦਮੀ ਸਿੱਖਿਆ, ਵਿਹਾਰਕ ਅਨੁਭਵ ਅਤੇ ਸੀਡ ਫੰਡਿੰਗ ਤੱਕ ਪਹੁੰਚ ਪ੍ਰਦਾਨ ਕਰਕੇ ਲਾਭ ਪਹੁੰਚਾਇਆ ਗਿਆ ਹੈ।

ਵਿਦਿਆਰਥੀਆਂ ਦੀ ਭਾਵਨਾਤਮਕ ਤੰਦਰੁਸਤੀ ਲਈ ਪ੍ਰਭਾਵੀ ਪ੍ਰੋਗਰਾਮ

ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਅਕਾਦਮਿਕ ਉੱਤਮਤਾ ਦੇ ਨਾਲ ਭਾਵਨਾਤਮਕ ਤੰਦਰੁਸਤੀ ਅਤੇ ਸ਼ਖਸੀਅਤ ਨਿਰਮਾਣ ਨੂੰ ਯਕੀਨੀ ਬਣਾਉਣਾ ਵੀ ਬੇਹੱਦ ਜ਼ਰੂਰੀ ਹੈ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਇਸ ਸਬੰਧੀ ਸਰਕਾਰੀ ਸਕੂਲਾਂ ਵਿੱਚ ਇੱਕ ਰਾਜ ਵਿਆਪੀ ਪ੍ਰੋਗਰਾਮ ਸ਼ੁਰੂ ਕੀਤਾ ਹੈ।

ਪੰਜਾਬ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰ ਰਹੀਆਂ ਤਕਨਾਲੋਜੀ-ਅਧਾਰਿਤ ਸੁਰੱਖਿਆ ਪਹਿਲਕਦਮੀਆਂ

ਅੰਦਰੂਨੀ ਅਤੇ ਜਨਤਕ ਸੁਰੱਖਿਆ ਪ੍ਰਤੀ ਪੰਜਾਬ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਨੁੱਖੀ ਪੂੰਜੀ ਵਿਕਾਸ ਸਿਰਫ਼ ਉਦੋਂ ਹੀ ਸਫਲ ਹੋ ਸਕਦਾ ਹੈ ਜਦੋਂ ਇਹ ਸੁਰੱਖਿਅਤ ਭਾਈਚਾਰਿਆਂ, ਸਮਾਜਿਕ ਲਚਕੀਲੇਪਣ ਅਤੇ ਮਜ਼ਬੂਤ ਸੰਸਥਾਵਾਂ ਦੁਆਰਾ ਸਮਰਥਿਤ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਵਰਗੀਆਂ ਪਹਿਲਕਦਮੀਆਂ ਰਾਹੀਂ ਜਨਤਕ ਸੁਰੱਖਿਆ ਪ੍ਰਤੀ ਇੱਕ ਸਰਗਰਮ ਅਤੇ ਤਕਨਾਲੋਜੀ-ਅਧਾਰਤ ਪਹੁੰਚ ਅਪਣਾਈ ਹੈ, ਆਪਣੀਆਂ ਕਾਊਂਟਰ-ਇੰਟੈਲੀਜੈਂਸ ਵਿਧੀਆਂ ਨੂੰ ਮਜ਼ਬੂਤ ਕੀਤਾ ਹੈ ਅਤੇ ਸਰਹੱਦੀ ਖੇਤਰਾਂ ਵਿੱਚ ਐਂਟੀ-ਡਰੋਨ ਪ੍ਰਣਾਲੀਆਂ ਤਾਇਨਾਤੀ ਕੀਤੀਆਂ ਹਨ।ਉਨ੍ਹਾਂ ਅੱਗੇ ਕਿਹਾ ਕਿ ਸੜਕ ਸੁਰੱਖਿਆ ਫੋਰਸ ਰਾਹੀਂ ਨਾਗਰਿਕ-ਕੇਂਦ੍ਰਿਤ ਪਹਿਲਕਦਮੀਆਂ ਨੇ ਪੰਜਾਬ ਭਰ ਵਿੱਚ ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀਆਂ ਅਤੇ ਸੜਕ ਸੁਰੱਖਿਆ ਨਤੀਜਿਆਂ ਵਿੱਚ ਕਾਫ਼ੀ ਸੁਧਾਰ ਕੀਤਾ ਹੈ।

ਚੜ੍ਹਦੀਕਲਾ ਬਿਊਰੋ

ਪਟਿਆਲਾ-ਪੰਜਾਬ ਦੀ ਸਿਆਸਤ ਇੱਕ ਵਾਰ ਫਿਰ ਉੱਬਲ ਰਹੀ ਹੈ। ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਦੀ ਪੰਜਾਬ ਫੇਰੀ ਅਤੇ ਅਕਾਲੀ-ਭਾਜਪਾ ਗੱਠਜੋੜ ਦੀਆਂ ਛਿੜੀਆਂ ਚਰਚਾਵਾਂ ਨੇ ਸਾਰੀਆਂ ਧਿਰਾਂ ਨੂੰ ਸੁਚੇਤਵੀ ਕਰ ਦਿੱਤਾ ਹੈ ਅਤੇ ਬਿਆਨਬਾਜ਼ੀਆਂ ਵੀ ਤੇਜ਼ ਹੋ ਗਈਆਂ ਹਨ। ਖ਼ਾਸ ਕਰਕੇ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਸਾਰੇ ਮੰਤਰੀ ਤੋਂ ਸੰਤਰੀ ਤੱਕ ਇਸ ਸੰਭਾਵੀ ਗੱਠਜੋੜ ਖ਼ਿਲਾਫ਼ ਮੋਰਚਾ ਵਿੱਢ ਰਹੇ ਹਨ। ਇਸ ਦੌਰਾਨ ਭਾਰਤੀ ਜਨਤਾ ਪਾਰਟੀ ਇਸੇ ਮਹੀਨੇ ਤੋਂ ਪੰਜਾਬ ਵਿੱਚ ਆਪਣੀਆਂ ਚੋਣ ਸਰਗਰਮੀਆਂ ਸ਼ੁਰੂ ਕਰਨ ਜਾ ਰਹੀ ਹੈ, ਜਿਸ ਲਈ ਕਈ ਵੱਡੇ ਆਗੂਆਂ ਦੇ ਦੌਰਿਆਂ ਦੀ ਤਿਆਰੀ ਕਰ ਲਈ ਗਈ ਹੈ। ਇਸ ਪਿੱਠਭੂਮੀ ਵਿੱਚ ਪੰਜਾਬ ਦੀਆਂ ਸਾਰੀਆਂ ਪ੍ਰਮੁੱਖ ਪਾਰਟੀਆਂ ਦੀਆਂ ਰਣਨੀਤੀਆਂ ਨੂੰ ਸਮਝਣਾ ਜ਼ਰੂਰੀ ਹੈ।

ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਬਣਨ ਮਗਰੋਂ ਇਹ ਨਿਤਿਨ ਨਬੀਨ ਦਾ ਪਹਿਲਾ ਪੰਜਾਬ ਦੌਰਾ ਹੈ, ਜਿਸ ਵਿੱਚ ਉਹ ਦੋ ਦਿਨ ਪੰਜਾਬ ਵਿੱਚ ਰਹਿਣਗੇ। ਆਪਣੇ ਦੌਰੇ ਦੀ ਸ਼ੁਰੂਆਤ ਉਹ ਗੁਰੂ ਨਗਰੀ ਅੰਮ੍ਰਿਤਸਰ ਤੋਂ ਕਰਨਗੇ, ਜਿੱਥੇ ਉਹ ਪਹਿਲਾਂ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਣਗੇ ਅਤੇ ਫਿਰ ਦੁਰਗਿਆਣਾ ਮੰਦਰ ਅਤੇ ਜਲ੍ਹਿਆਂਵਾਲਾ ਬਾਗ ਵਿਖੇ ਵੀ ਜਾਣਗੇ। ਇਹ ਦੌਰਾ ਮਹਿਜ਼ ਧਾਰਮਿਕ ਯਾਤਰਾ ਨਹੀਂ, ਸਗੋਂ ਇੱਕ ਸੁਚੇਤ ਸਿਆਸੀ ਸੁਨੇਹਾ ਹੈ ਕਿ ਭਾਜਪਾ ਸਿੱਖ ਭਾਈਚਾਰੇ ਅਤੇ ਹਿੰਦੂ ਵੋਟਰਾਂ ਨੂੰ ਇਕੱਠੇ ਲੈ ਕੇ ਚੱਲਣਾ ਚਾਹੁੰਦੀ ਹੈ।

ਕੌਮੀ ਪ੍ਰਧਾਨ ਨਿਤਿਨ ਨਬੀਨ ਪੰਜਾਬ ਭਾਜਪਾ ਦੇ ਸੀਨੀਅਰ ਆਗੂਆਂ, ਕੋਰ ਗਰੁੱਪ ਮੈਂਬਰਾਂ ਅਤੇ ਜ਼ਿਲ੍ਹਾ ਪ੍ਰਧਾਨਾਂ ਨਾਲ ਰਣਨੀਤੀ ਮੀਟਿੰਗਾਂ ਕਰਨਗੇ ਅਤੇ ਪਾਰਟੀ ਦੇ ਵੋਟ ਬੈਂਕ ਨੂੰ ਮਜ਼ਬੂਤ ਕਰਨ ਲਈ ਸਥਾਨਕ ਕਾਰੋਬਾਰੀਆਂ, ਕਿਸਾਨਾਂ ਅਤੇ ਜਾਗਰੂਕ ਨਾਗਰਿਕਾਂ ਨਾਲ ਵੀ ਗੱਲਬਾਤ ਕਰਨਗੇ। ਇਸ ਤੋਂ ਸਾਫ਼ ਝਲਕਦਾ ਹੈ ਕਿ ਭਾਜਪਾ 'ਮਿਸ਼ਨ ਪੰਜਾਬ 2027' ਨੂੰ ਬੇਹੱਦ ਗੰਭੀਰਤਾ ਨਾਲ ਲੈ ਰਹੀ ਹੈ।

ਪੰਜਾਬ ਭਾਜਪਾ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਦੱਸਿਆ ਕਿ ਭਾਜਪਾ ਪੰਜਾਬ ਨੇ 'ਮਿਸ਼ਨ ਪੰਜਾਬ 2027' ਦੀ ਸ਼ੁਰੂਆਤ ਮਹਾਰਾਜਾ ਰਣਜੀਤ ਸਿੰਘ ਦੀ ਸੋਚ ਨਾਲ ਕੀਤੀ ਜਾਵੇਗੀ। ਇਹ ਸੁਨੇਹਾ ਸਿੱਧਾ ਸਿੱਖ ਵੋਟਰਾਂ ਨੂੰ ਦਿੱਤਾ ਜਾ ਰਿਹਾ ਹੈ ਜਿਨ੍ਹਾਂ ਨੂੰ ਭਾਜਪਾ ਆਪਣੇ ਨਾਲ ਜੋੜਨਾ ਚਾਹੁੰਦੀ ਹੈ।

ਭਾਜਪਾ ਦੀ ਪੰਜਾਬ ਵਿੱਚ ਵੋਟ ਹਿੱਸੇਦਾਰੀ ਵਿੱਚ ਵੱਡਾ ਵਾਧਾ ਹੋਇਆ ਹੈ। ਲੋਕ ਸਭਾ ਚੋਣਾਂ ਵਿੱਚ ਭਾਜਪਾ ਦਾ ਵੋਟ ਹਿੱਸਾ ਲਗਭਗ 6 ਤੋਂ ਵਧ ਕੇ 18 ਫ਼ੀਸਦੀ ਹੋ ਗਿਆ ਹੈ। ਇਸ ਆਧਾਰ 'ਤੇ ਕਈ ਭਾਜਪਾ ਆਗੂ ਇਕੱਲੇ ਚੋਣ ਲੜਨ ਦੀ ਗੱਲ ਕਰਦੇ ਹਨ। ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸਾਫ਼ ਕਿਹਾ ਕਿ ਭਾਜਪਾ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਾਰੀਆਂ 117 ਸੀਟਾਂ 'ਤੇ ਚੋਣ ਲੜੇਗੀ। ਦੂਜੇ ਪਾਸੇ, ਨਿਤਿਨ ਨਬੀਨ ਕਹਿ ਰਹੇ ਹਨ ਕਿ ਅਕਾਲੀ-ਭਾਜਪਾ ਗੱਠਜੋੜ ਦੇ ਦਰਵਾਜ਼ੇ ਅਜੇ ਬੰਦ ਨਹੀਂ ਹੋਏ। ਇਹ ਵਿਰੋਧਾਭਾਸ ਦੱਸਦਾ ਹੈ ਕਿ ਭਾਜਪਾ ਅੰਦਰ ਗੱਠਜੋੜ ਦੇ ਸਵਾਲ 'ਤੇ ਦੋ ਧੜੇ ਹਨ -ਇੱਕ ਜੋ ਇਕੱਲੇ ਲੜਨਾ ਚਾਹੁੰਦਾ ਹੈ ਅਤੇ ਦੂਜਾ ਜੋ ਅਕਾਲੀ ਦਲ ਦੀ ਪੰਥਕ ਪਕੜ ਤੋਂ ਫ਼ਾਇਦਾ ਉਠਾਉਣਾ ਚਾਹੁੰਦਾ ਹੈ।

ਅਕਾਲੀ ਦਲ ਦੀ ਦੁਬਿਧਾ: ਨੇੜੇ ਵੀ ਨਹੀਂ, ਦੂਰ ਵੀ ਨਹੀਂ

ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਹਾਲਤ ਸਭ ਤੋਂ ਵੱਧ ਦੁਬਿਧਾ ਵਾਲੀ ਹੈ। ਸੁਖਬੀਰ ਸਿੰਘ ਬਾਦਲ ਦੀ ਦਿੱਲੀ ਫੇਰੀ ਤੋਂ ਬਾਅਦ ਗੱਠਜੋੜ ਦੀਆਂ ਕਿਆਸਅਰਾਈਆਂ ਤਿੱਖੀਆਂ ਹੋਈਆਂ ਹਨ। ਪਾਰਟੀ ਦੇ ਕਾਡਰ ਅਤੇ ਜ਼ਿਲ੍ਹਾ ਪ੍ਰਧਾਨ ਭਾਜਪਾ ਨਾਲ ਗੱਠਜੋੜ ਦੇ ਵਿਰੋਧ ਵਿੱਚ ਆਵਾਜ਼ ਉਠਾਉਂਦੇ ਰਹੇ ਹਨ, ਕਿਉਂਕਿ ਕਿਸਾਨ ਅੰਦੋਲਨ ਸਮੇਂ ਭਾਜਪਾ ਨਾਲ ਵੱਖ ਹੋਣ ਦੇ ਫ਼ੈਸਲੇ ਨੂੰ ਅਕਾਲੀ ਕਾਡਰ ਵਿੱਚ ਸਿਧਾਂਤਕ ਕਦਮ ਮੰਨਿਆ ਜਾਂਦਾ ਹੈ। ਪਾਰਟੀ ਲਈ ਹੁਣ ਭਾਜਪਾ ਨਾਲ ਵਾਪਸੀ ਕਰਨਾ ਸਿਆਸੀ ਸਾਖ਼ ਦੇ ਪੱਖੋਂ ਬਹੁਤ ਔਖਾ ਸੌਦਾ ਹੈ। ਦੂਜੇ ਪਾਸੇ, ਇਕੱਲੇ ਚੋਣਾਂ ਲੜਨ ਦੀ ਤਾਕਤ ਵੀ ਕਮਜ਼ੋਰ ਹੋ ਰਹੀ ਹੈ -ਪਾਰਟੀ ਵਿੱਚੋਂ ਆਗੂਆਂ ਦਾ ਜਾਣਾ ਜਾਰੀ ਹੈ, ਅੰਦਰੂਨੀ ਟੁੱਟ-ਭੱਜ ਹੈ ਅਤੇ ਲੋਕਾਂ ਵਿੱਚ ਅਕਾਲੀ ਦਲ ਦਾ ਅਕਸ ਅਜੇ ਮੁੜ ਨਹੀਂ ਬਣਿਆ।

ਗੱਠਜੋੜ ਦੀ ਸੰਭਾਵਨਾ ਅਤੇ ਇਸ ਦੇ ਸਿਆਸੀ ਸਮੀਕਰਨ

ਜੇਕਰ ਅਕਾਲੀ-ਭਾਜਪਾ ਗੱਠਜੋੜ ਹੁੰਦਾ ਹੈ ਤਾਂ ਇਸ ਦੇ ਕੁਝ ਸੰਭਾਵੀ ਫ਼ਾਇਦੇ ਅਤੇ ਨੁਕਸਾਨ ਦੋਵੇਂ ਹਨ। ਫ਼ਾਇਦੇ ਵਾਲੇ ਪੱਖ ਤੋਂ, ਭਾਜਪਾ ਨੂੰ ਅਕਾਲੀ ਦਲ ਦਾ ਪੁਰਾਣਾ ਪੰਥਕ ਵੋਟ ਬੈਂਕ ਮਿਲ ਸਕਦਾ ਹੈ ਅਤੇ ਦੋਵੇਂ ਧਿਰਾਂ ਮਿਲ ਕੇ ਆਮ ਆਦਮੀ ਪਾਰਟੀ ਨੂੰ ਸੱਤਾ ਤੋਂ ਬੇਦਖ਼ਲ ਕਰਨ ਦੇ ਕਾਬਲ ਹੋ ਸਕਦੀਆਂ ਹਨ ਅਤੇ ਕਾਂਗਰਸ ਦੇ ਸੱਤਾ ਵਿੱਚ ਆਉਣ ਦੇ ਰਾਹ ਵਿੱਚ ਅੜਿੱਕਾ ਬਣ ਸਕਦੀਆਂ ਹਨ। ਅਕਾਲੀ ਦਲ ਨੂੰ ਕੇਂਦਰ ਸਰਕਾਰ ਦੇ ਸਰੋਤਾਂ ਅਤੇ ਭਾਜਪਾ ਦੀ ਸੰਗਠਨ ਸ਼ਕਤੀ ਦਾ ਸਹਾਰਾ ਮਿਲ ਸਕਦਾ ਹੈ। ਪਰ ਨੁਕਸਾਨ ਵੱਡੇ ਹਨ - ਕਿਸਾਨ ਭਾਈਚਾਰਾ ਇਸ ਗੱਠਜੋੜ ਨੂੰ ਕਿਸੇ ਵੀ ਕੀਮਤ 'ਤੇ ਸਵੀਕਾਰ ਨਹੀਂ ਕਰੇਗਾ। ਮਾਲਵੇ ਵਿੱਚ ਅਕਾਲੀ-ਭਾਜਪਾ ਗੱਠਜੋੜ ਦੇ ਵਿਰੋਧ ਵਿੱਚ ਵੱਡੀ ਲਹਿਰ ਉੱਠ ਸਕਦੀ ਹੈ।

ਆਮ ਆਦਮੀ ਪਾਰਟੀ ਦੀ ਪ੍ਰਤੀਕਿਰਿਆ: ਡਰ ਜਾਂ ਦਾਅ?

ਅਕਾਲੀ-ਭਾਜਪਾ ਗੱਠਜੋੜ ਦੀਆਂ ਖ਼ਬਰਾਂ ਤੋਂ ਸਭ ਤੋਂ ਵੱਧ ਸੁਚੇਤ ਆਮ ਆਦਮੀ ਪਾਰਟੀ ਹੋਈ ਹੈ। ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਇਸ ਗੱਠਜੋੜ ਨੂੰ "ਪੰਜਾਬ ਨੂੰ ਲੁੱਟਣ ਦਾ ਗੱਠਜੋੜ" ਕਹਿਣਾ ਦੱਸਦਾ ਹੈ ਕਿ 'ਆਪ' ਇਸ ਸੰਭਾਵੀ ਗੱਠਜੋੜ ਨੂੰ ਆਪਣੀ ਸਭ ਤੋਂ ਵੱਡੀ ਚੁਣੌਤੀ ਮੰਨਦੀ ਹੈ। ਇਸ ਦੇ ਨਾਲ ਹੀ ਪੰਜਾਬ ਦੀ ਸਿਆਸਤ ਵਿੱਚ 'ਆਪ' ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੀ ਵੱਡੀ ਖ਼ਬਰ ਨੇ ਵੀ 'ਆਪ' ਅਤੇ ਅਕਾਲੀ-ਭਾਜਪਾ ਗੱਠਜੋੜ ਅਤੇ 2027 ਦੀਆਂ ਚੋਣਾਂ 'ਤੇ ਅਸਰ ਦੀ ਚਰਚਾ ਛੇੜ ਦਿੱਤੀ ਹੈ।

'ਆਪ' ਦੀ ਕੋਸ਼ਿਸ਼ ਹੈ ਕਿ ਉਹ ਗੱਠਜੋੜ ਨੂੰ ਕਿਸਾਨ-ਵਿਰੋਧੀ ਰੰਗ ਦੇ ਕੇ ਮਾਲਵੇ ਦੀਆਂ ਸੀਟਾਂ 'ਤੇ ਆਪਣੀ ਪਕੜ ਬਰਕਰਾਰ ਰੱਖੇ। ਪਰ ਇਹ ਵੀ ਸੱਚ ਹੈ ਕਿ ਭਾਜਪਾ ਦਾ ਇਹ ਭਰੋਸਾ ਕਿ ਉਸ ਕੋਲ ਪੰਜਾਬ ਵਿੱਚ ਸਰਕਾਰ ਬਣਾਉਣ ਦਾ ਮੌਕਾ ਹੈ, ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਉਹ ਮਤਦਾਤਾਵਾਂ ਨੂੰ ਯਕੀਨ ਦਿਵਾਵੇ ਕਿ ਭਾਜਪਾ ਕਿਸਾਨ ਅਤੇ ਸਿੱਖ ਪੱਖੀ ਪਾਰਟੀ ਹੈ।

ਤਿਕੋਣੀ ਲੜਾਈ ਜਾਂ ਚੌਕੋਣੀ? ਪੰਜਾਬ 2027 ਦੀ ਤਸਵੀਰ

2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀ ਲੜਾਈ ਬਹੁਕੋਣੀ ਹੋਣੀ ਤੈਅ ਜਾਪਦੀ ਹੈ। ਜੇਕਰ ਅਕਾਲੀ-ਭਾਜਪਾ ਗੱਠਜੋੜ ਹੁੰਦਾ ਹੈ ਤਾਂ ਮੁੱਖ ਮੁਕਾਬਲਾ 'ਆਪ', ਅਕਾਲੀ-ਭਾਜਪਾ ਅਤੇ ਕਾਂਗਰਸ ਵਿਚਕਾਰ ਹੋਵੇਗਾ। ਹੁਣ ਨਵੀਂ ਧਿਰ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੀ ਇੱਕ ਵੇਰੀਅਬਲ ਵਜੋਂ ਉੱਭਰ ਰਹੀ ਹੈ ਜੋ ਪੰਥਕ ਵੋਟਾਂ ਨੂੰ ਵੰਡ ਸਕਦੀ ਹੈ।

ਪੰਜਾਬ ਦੀ ਸਿਆਸਤ ਇਸ ਵੇਲੇ ਅਨਿਸਚਿਤਤਾ ਦੇ ਦੌਰ ਵਿੱਚੋਂ ਲੰਘ ਰਹੀ ਹੈ। ਨਿਤਿਨ ਨਬੀਨ ਦੀ ਪੰਜਾਬ ਫੇਰੀ ਇੱਕ ਸਪੱਸ਼ਟ ਸੰਕੇਤ ਹੈ ਕਿ ਭਾਜਪਾ ਪੰਜਾਬ ਵਿੱਚ ਗੰਭੀਰਤਾ ਨਾਲ ਚੋਣ ਮੈਦਾਨ ਵਿੱਚ ਉੱਤਰਨਾ ਚਾਹੁੰਦੀ ਹੈ।

ਅਕਾਲੀ-ਭਾਜਪਾ ਗੱਠਜੋੜ ਦੀ ਸੰਭਾਵਨਾ ਨਾ ਤਾਂ ਪੱਕੀ ਹੈ ਅਤੇ ਨਾ ਹੀ ਪੂਰੀ ਤਰ੍ਹਾਂ ਰੱਦ ਕੀਤੀ ਜਾ ਸਕਦੀ ਹੈ। ਇਸ ਪੂਰੇ ਘਟਨਾਕ੍ਰਮ ਵਿੱਚ ਸਭ ਤੋਂ ਵੱਡਾ ਸਵਾਲ ਕਿਸਾਨ ਅਤੇ ਪੰਥਕ ਵੋਟਰ ਦਾ ਰੁਝਾਨ ਹੈ। ਜੋ ਵੀ ਧਿਰ ਇਨ੍ਹਾਂ ਦੋਵਾਂ ਵਰਗਾਂ ਨੂੰ ਆਪਣੇ ਨਾਲ ਜੋੜਨ ਵਿੱਚ ਸਫ਼ਲ ਹੋਈ, ਪੰਜਾਬ ਦੀ ਸੱਤਾ ਉਸੇ ਦੇ ਦਰਵਾਜ਼ੇ ਆਵੇਗੀ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਨਿਭਾਇਆ ਵੱਡਾ ਵਾਅਦਾ, 8ਵੀਂ ਦੇ ਇਤਿਹਾਸ ਦੇ ਕੋਰਸ 'ਚ ਸ਼ਾਮਲ ਹੋਇਆ ਸਿੱਖ ਗੁਰੂ ਸਾਹਿਬਾਨ ਦਾ ਇਤਿਹਾਸ

ਚੰਡੀਗੜ੍ਹ, 11 ਜੂਨ (ਚ.ਨ.ਸ.): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਿੱਖ ਸਮਾਜ ਤੇ ਸੂਬਾ ਵਾਸੀਆਂ ਨਾਲ ਕੀਤਾ ਇੱਕ ਮਹੱਤਵਪੂਰਨ ਵਾਅਦਾ ਪੂਰਾ ਕਰਦਿਆਂ ਰਾਜ ਦੇ ਸਕੂਲਾਂ ਦੀ ਜਮਾਤ 8ਵੀਂ ਦੇ ਇਤਿਹਾਸ ਦੇ ਕੋਰਸ 'ਚ ਸਿੱਖ ਗੁਰੂਆਂ ਤੇ ਬਾਬਾ ਬੰਦਾ ਸਿੰਘ ਬਹਾਦਰ ਨਾਲ ਜੁੜੇ ਇਤਿਹਾਸ ਨੂੰ ਸ਼ਾਮਲ ਕੀਤਾ ਹੈ। ਹੁਣ ਸਕੂਲੀ ਬੱਚੇ ਸਿੱਖ ਗੁਰੂਆਂ ਦੇ ਨਾਲ-ਨਾਲ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਤਿਆਗ, ਕੁਰਬਾਨੀ ਤੇ ਆਦਰਸ਼ਾਂ ਤੋਂ ਜਾਣੂ ਹੋਣਗੇ। ਮੁੱਖ ਮੰਤਰੀ ਨੇ ਹਰਿਆਣਾ ਵਿੱਚ ਮਨਾਏ ਗਏ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮ ਦੇ ਮੌਕੇ 'ਤੇ ਐਲਾਨ ਕੀਤਾ ਸੀ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਿੱਖ ਇਤਿਹਾਸ, ਗੁਰੂਆਂ ਦੇ ਆਦਰਸ਼ਾਂ ਤੇ ਉਨ੍ਹਾਂ ਦੀਆਂ ਮਹਾਨ ਕੁਰਬਾਨੀਆਂ ਤੋਂ ਜਾਣੂ ਕਰਵਾਉਣ ਲਈ ਇਨ੍ਹਾਂ ਨੂੰ ਸਕੂਲੀ ਸਿੱਖਿਆ ਦਾ ਹਿੱਸਾ ਬਣਾਇਆ ਜਾਵੇਗਾ। ਹੁਣ ਸਰਕਾਰ ਨੇ ਇਸ ਐਲਾਨ ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ ਇਸ ਨੂੰ ਕੋਰਸ ਵਿੱਚ ਸ਼ਾਮਲ ਕਰ ਦਿੱਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ ਸਾਰੇ ਸਿੱਖ ਗੁਰੂਆਂ ਨੇ ਮਨੁੱਖਤਾ, ਸਮਾਨਤਾ, ਸੇਵਾ, ਕਰੁਣਾ, ਭਾਈਚਾਰੇ ਤੇ ਸਮਾਜਿਕ ਨਿਆਂ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਸਮਾਜ ਨੂੰ ਜਾਤ, ਧਰਮ ਤੇ ਵਰਗ ਦੇ ਭੇਦਭਾਵ ਤੋਂ ਉੱਪਰ ਉੱਠ ਕੇ ਮਨੁੱਖੀ ਭਲਾਈ ਲਈ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਅੱਜ ਵੀ ਉਨੀਆਂ ਹੀ ਸਾਰਥਕ ਹਨ, ਕਿਉਂਕਿ ਉਹ

ਸਮਾਜ ਵਿੱਚ ਸਦਭਾਵਨਾ, ਨੈਤਿਕ ਮੁੱਲਾਂ ਤੇ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਨ ਦਾ ਰਾਹ ਦਿਖਾਉਂਦੀਆਂ ਹਨ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਿੱਖ ਗੁਰੂਆਂ ਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਜੀਵਨ ਸਿਰਫ ਇੱਕ ਭਾਈਚਾਰੇ ਦੀ ਵਿਰਾਸਤ ਨਹੀਂ, ਸਗੋਂ ਪੂਰੇ ਦੇਸ਼ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰੇਰਨਾ ਨਾਲ ਬੇਇਨਸਾਫ਼ੀ, ਜ਼ੁਲਮ ਤੇ ਸ਼ੋਸ਼ਣ ਵਿਰੁੱਧ ਸੰਘਰਸ਼ ਕਰਦਿਆਂ ਸਮਾਜ ਦੇ ਕਮਜ਼ੋਰ ਤੇ ਵਾਂਝੇ ਵਰਗਾਂ ਨੂੰ ਸਨਮਾਨ ਤੇ ਅਧਿਕਾਰ ਦਿਵਾਉਣ ਦਾ ਇਤਿਹਾਸਕ ਕਾਰਜ ਕੀਤਾ। ਉਨ੍ਹਾਂ ਦਾ ਜੀਵਨ ਹਿੰਮਤ, ਲੀਡਰਸ਼ਿਪ, ਦੇਸ਼ ਭਗਤੀ ਤੇ ਜਨ-ਭਲਾਈ ਦੀ ਭਾਵਨਾ ਦਾ ਇੱਕ ਵਿਲੱਖਣ ਉਦਾਹਰਣ ਹੈ, ਜੋ ਅੱਜ ਵੀ ਨੌਜਵਾਨਾਂ ਨੂੰ ਸੱਚ ਤੇ ਨਿਆਂ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ।

ਸੈਣੀ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਜਦੋਂ ਨਵੀਂ ਪੀੜ੍ਹੀ ਨੂੰ ਆਪਣੇ ਗੌਰਵਮਈ ਇਤਿਹਾਸ ਤੇ ਮਹਾਨ ਸ਼ਖ਼ਸੀਅਤਾਂ ਦੇ ਆਦਰਸ਼ਾਂ ਨਾਲ ਜੋੜਨ ਦੀ ਲੋੜ ਹੈ, ਉਦੋਂ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ 'ਤੇ ਅਧਾਰਤ ਅਧਿਆਏ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਮਾਧਿਅਮ ਬਣਨਗੇ। ਇਨ੍ਹਾਂ ਅਧਿਆਇਆਂ ਰਾਹੀਂ ਵਿਦਿਆਰਥੀਆਂ 'ਚ ਦੇਸ਼ ਭਗਤੀ, ਸੇਵਾ ਭਾਵਨਾ, ਸਮਾਜਿਕ ਸਦਭਾਵਨਾ, ਨੈਤਿਕ ਮੁੱਲਾਂ ਤੇ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਦਾ ਵਿਕਾਸ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸਿੱਖਿਆ ਨੂੰ ਸਿਰਫ ਗਿਆਨ ਪ੍ਰਾਪਤੀ ਦਾ ਮਾਧਿਅਮ ਨਹੀਂ, ਸਗੋਂ ਸੰਸਕਾਰ ਨਿਰਮਾਣ ਦਾ ਇੱਕ ਮਜ਼ਬੂਤ ਸਾਧਨ ਮੰਨਦੀ ਹੈ। ਇਸੇ ਸੋਚ ਤਹਿਤ ਸਕੂਲੀ ਕੋਰਸ 'ਚ ਅਜਿਹੇ ਮਹਾਂਪੁਰਖਾਂ ਦੇ ਜੀਵਨ ਤੇ ਸਿੱਖਿਆਵਾਂ ਨੂੰ ਸਥਾਨ ਦਿੱਤਾ ਜਾ ਰਿਹਾ ਹੈ, ਜਿਨ੍ਹਾਂ ਨੇ ਦੇਸ਼ ਤੇ ਸਮਾਜ ਲਈ ਮਿਸਾਲੀ ਕਾਰਜ ਕੀਤੇ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਹ ਪਹਿਲ ਵਿਦਿਆਰਥੀਆਂ ਨੂੰ ਆਪਣੀ ਸੱਭਿਆਚਾਰਕ ਤੇ ਇਤਿਹਾਸਕ ਵਿਰਾਸਤ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਇੱਕ ਸੰਵੇਦਨਸ਼ੀਲ, ਜਾਗਰੂਕ ਤੇ ਦੇਸ਼ ਹਿੱਤ ਪ੍ਰਤੀ ਸਮਰਪਿਤ ਨਾਗਰਿਕ ਬਣਨ ਦੀ ਪ੍ਰੇਰਨਾ ਦੇਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਦੀ ਖੁਸ਼ਹਾਲ ਸੱਭਿਆਚਾਰਕ, ਅਧਿਆਤਮਿਕ ਤੇ ਇਤਿਹਾਸਕ ਵਿਰਾਸਤ ਦੀ ਸੰਭਾਲ ਤੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਤੇ ਭਵਿੱਖ 'ਚ ਵੀ ਮਹਾਨ ਸੰਤਾਂ, ਗੁਰੂਆਂ ਤੇ ਰਾਸ਼ਟਰੀ ਨਾਇਕਾਂ ਦੇ ਆਦਰਸ਼ਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਸਾਰਥਕ ਕਦਮ ਚੁੱਕਦੀ ਰਹੇਗੀ। ਮੁੱਖ ਮੰਤਰੀ ਦੇ ਓ.ਐਸ.ਡੀ. ਡਾ. ਪ੍ਰਭਲੀਨ ਸਿੰਘ ਨੇ ਹਰਿਆਣਾ ਸਰਕਾਰ ਦੀ ਇਸ ਮਹੱਤਵਪੂਰਨ ਪਹਿਲ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਸਿੱਖ ਭਾਈਚਾਰੇ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਅਤੇ ਜਜ਼ਬਾਤੀ ਤੌਰ 'ਤੇ ਜੁੜੀ ਮੰਗ ਨੂੰ ਪੂਰਾ ਕਰਕੇ ਸਮਾਜ ਦੀਆਂ ਭਾਵਨਾਵਾਂ ਦਾ ਸਨਮਾਨ ਕੀਤਾ ਹੈ। ਇਹ ਫੈਸਲਾ ਨਾ ਸਿਰਫ ਸਿੱਖ ਭਾਈਚਾਰੇ ਲਈ ਸਨਮਾਨ ਤੇ ਮਾਣ ਵਾਲੀ ਗੱਲ ਹੈ, ਸਗੋਂ ਸੂਬਾ ਸਰਕਾਰ ਦੀ ਸਾਰੇ ਵਰਗਾਂ ਪ੍ਰਤੀ ਸੰਵੇਦਨਸ਼ੀਲਤਾ ਤੇ ਸਮਾਵੇਸ਼ੀ ਸੋਚ ਨੂੰ ਵੀ ਦਰਸਾਉਂਦਾ ਹੈ।

ਗੈਂਗਸਟਰਾਂ 'ਤੇ ਵਾਰ ਦੇ 142ਵੇਂ ਦਿਨ 593 ਥਾਵਾਂ ਉੱਤੇ ਛਾਪੇਮਾਰੀ ਦੌਰਾਨ 360 ਕਾਬੂ

ਚੰਡੀਗੜ੍ਹ, 11 ਜੂਨ (ਚ.ਨ.ਸ.): ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ

"ਗੈਂਗਸਟਰਾਂ ਤੇ ਵਾਰ" ਦੇ 142ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 593 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

142ਵੇਂ ਦਿਨ ਪੁਲਿਸ ਟੀਮਾਂ ਨੇ ਚਾਰ ਹਥਿਆਰਾਂ ਸਮੇਤ 360 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 36,023 ਹੋ ਗਈ ਹੈ। ਇਸ ਤੋਂ ਇਲਾਵਾ 113 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 4 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 6 ਭਗੌੜੇ ਅਪਰਾਧੀ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 467ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 104 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 1.2 ਕਿਲੋ ਹੈਰੋਇਨ, 3 ਕਿਲੋ ਭੁੱਕੀ, 257 ਨਸ਼ੀਲੀਆਂ ਗੋਲੀਆਂ ਅਤੇ 6250 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ ਸਿਰਫ 467 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 67,833 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 28 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ।

ਬਠਿੰਡਾ 'ਚ 140 ਕੁਇੰਟਲ ਗ਼ੈਰ-ਕਾਨੂੰਨੀ ਖਾਦ ਜ਼ਬਤ ਮਹਾਰਾਸ਼ਟਰ ਅਧਾਰਤ ਫਰਮ ਵਿਰੁੱਧ ਕੇਸ ਦਰਜ : ਖੁੱਡੀਆਂ

ਚੰਡੀਗੜ੍ਹ, 11 ਜੂਨ (ਚ.ਨ.ਸ.): ਗ਼ੈਰ-ਕਾਨੂੰਨੀ ਖਾਦਾਂ ਦੀ ਵਿਕਰੀ 'ਤੇ ਨਕੇਲ ਕੱਸਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ 140 ਕੁਇੰਟਲ ਗ਼ੈਰ-ਕਾਨੂੰਨੀ ਖਾਦਾਂ ਜ਼ਬਤ ਕੀਤੀਆਂ ਹਨ। ਇਸ ਸਬੰਧੀ ਫਰਟੀਲਾਈਜ਼ਰ ਕੰਟਰੋਲ ਆਰਡਰ, '85 ਤੇ ਜ਼ਰੂਰੀ ਵਸਤਾਂ ਐਕਟ, '55 ਦੀ ਉਲੰਘਣਾ ਦੇ ਦੋਸ਼ ਹੇਠ ਮਹਾਰਾਸ਼ਟਰ ਦੇ ਥਾਣੇ ਸਥਿਤ ਕੰਪਨੀ ਮੈਸਰਜ਼ ਕੇ ਬੀ ਬਾਇਓ-ਆਰਗੈਨਿਕਸ ਪ੍ਰਾਈਵੇਟ ਲਿਮਟਿਡ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਥਰਮਲ ਪੁਲਿਸ ਸਟੇਸ਼ਨ, ਬਠਿੰਡਾ ਵਿਖੇ ਦਰਜ ਐਫਆਈਆਰ 'ਚ ਮੁਜ਼ੱਫਰ ਨਗਰ (ਯੂਪੀ) ਦੇ ਰਵੀ ਕੁਮਾਰ ਤੇ ਮਹਾਰਾਸ਼ਟਰ ਦੇ ਸਾਬਲੇ ਅਸ਼ਾਂਤ ਹਨੂਮੰਤ ਨੂੰ ਨਾਮਜ਼ਦ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਗੁਪਤ ਸੂਚਨਾ ਦੇ ਅਧਾਰ 'ਤੇ ਗਣਪਤੀ ਕੰਪਲੈਕਸ, ਮਲੋਟ ਰੋਡ, ਬਠਿੰਡਾ ਵਿਖੇ ਸਥਿਤ ਇਕ ਗੋਦਾਮ 'ਤੇ ਛਾਪਾ ਮਾਰਿਆ ਗਿਆ ਸੀ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਛਾਪਾਮਾਰ ਟੀਮ ਨੇ ਪਾਇਆ ਕਿ ਸਟੋਰ ਕੀਤੀਆਂ ਖਾਦਾਂ ਫਰਟੀਲਾਈਜ਼ਰ ਕੰਟਰੋਲ ਆਰਡਰ ਤਹਿਤ ਨਿਰਧਾਰਤ ਮਾਪਦੰਡਾਂ ਅਨੁਸਾਰ ਨਹੀਂ ਸਨ। ਕੰਪਨੀ ਕੋਲ ਖਾਦ ਲਾਇਸੰਸ ਵੀ ਨਹੀਂ ਸੀ ਤੇ ਉਹ ਕੀਟਨਾਸ਼ਕਾਂ ਦੇ ਕਾਰੋਬਾਰ ਲਈ ਜਾਰੀ ਲਾਇਸੰਸ ਉੱਤੇ ਗ਼ੈਰਕਾਨੂੰਨੀ ਢੰਗ ਨਾਲ ਖਾਦਾਂ ਵੇਚ ਰਹੀ ਸੀ ਜੋ ਕਿ ਫਰਟੀਲਾਈਜ਼ਰ ਕੰਟਰੋਲ ਆਰਡਰ, 1985 ਦੀ ਧਾਰਾ 7 ਤੇ 8 ਤੇ ਜ਼ਰੂਰੀ ਵਸਤਾਂ ਐਕਟ, 1955 ਦੀ ਧਾਰਾ 3 ਤੇ 7 ਦੀ ਉਲੰਘਣਾ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ 140 ਕੁਇੰਟਲ ਗ਼ੈਰ-ਕਾਨੂੰਨੀ ਖਾਦਾਂ ਸੈਂਕੜੇ ਏਕੜ ਫਸਲ ਨੂੰ ਖਰਾਬ ਕਰ ਸਕਦੀਆਂ ਸਨ ਤੇ ਕਿਸਾਨਾਂ ਨੂੰ ਵਿੱਤੀ ਨੁਕਸਾਨ ਪਹੁੰਚਾ ਸਕਦੀਆਂ ਸਨ। ਸਾਰੇ ਮੁੱਖ ਖੇਤੀਬਾੜੀ ਅਫਸਰਾਂ (ਸੀ.ਏ.ਓਜ਼) ਨੂੰ ਅਚਨਚੇਤ ਚੈਕਿੰਗ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦਿਆਂ, ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, ਫਰਟੀਲਾਈਜ਼ਰ ਕੰਟਰੋਲ ਆਰਡਰ ਦੀ ਉਲੰਘਣਾ ਕਰਨਾ ਸਾਡੇ ਕਿਸਾਨ ਭਾਈਚਾਰੇ ਵਿਰੁੱਧ ਅਪਰਾਧ ਹੈ। ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਸੂਬਾ ਸਰਕਾਰ ਨੇ ਅਪ੍ਰੈਲ ਮਹੀਨੇ ਦੌਰਾਨ 15 ਬਾਲ ਵਿਆਹ ਰੋਕ ਕੇ ਬੱਚਿਆਂ ਦਾ ਬਚਪਨ ਬਚਾਇਆ : ਡਾ. ਬਲਜੀਤ ਕੌਰ

ਚੰਡੀਗੜ੍ਹ, 11 ਜੂਨ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਬਾਲ ਵਿਆਹ ਵਰਗੀ ਸਮਾਜਿਕ ਬੁਰਾਈ ਦੇ ਖ਼ਾਤਮੇ ਲਈ ਕੀਤੇ ਜਾ ਰਹੇ ਯਤਨ ਲਗਾਤਾਰ ਸਾਰਥਕ ਨਤੀਜੇ ਦੇ ਰਹੇ ਹਨ। ਅਪ੍ਰੈਲ 2026 ਦੌਰਾਨ ਰਾਜ ਭਰ ਵਿੱਚ ਸਮੇਂ ਸਿਰ ਦਖ਼ਲਅੰਦਾਜ਼ੀ ਕਰਦਿਆਂ 15 ਬਾਲ ਵਿਆਹਾਂ ਨੂੰ ਰੋਕਿਆ ਗਿਆ, ਜਿਸ ਨਾਲ ਕਈ ਬੱਚਿਆਂ ਦਾ ਬਚਪਨ, ਸਿੱਖਿਆ ਅਤੇ ਭਵਿੱਖ ਸੁਰੱਖਿਅਤ ਬਣਾਇਆ ਜਾ ਸਕਿਆ। ਇਹ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਵਿਆਹ ਸਿਰਫ਼ ਕਾਨੂੰਨੀ ਅਪਰਾਧ ਹੀ ਨਹੀਂ, ਸਗੋਂ ਬੱਚਿਆਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ 'ਤੇ ਗੰਭੀਰ ਪ੍ਰਹਾਰ ਹੈ। ਉਨ੍ਹਾਂ ਕਿਹਾ ਕਿ ਰੋਕਿਆ ਗਿਆ ਹਰ ਬਾਲ ਵਿਆਹ ਇੱਕ ਬੱਚੇ ਦੇ ਬਚਪਨ ਦੀ ਰੱਖਿਆ, ਉਸਦੀ ਸਿੱਖਿਆ ਦੀ ਸੁਰੱਖਿਆ ਅਤੇ ਉਸਦੇ ਸੁਪਨਿਆਂ ਨੂੰ ਨਵੀਂ ਉਡਾਣ ਦੇਣ ਦੇ ਬਰਾਬਰ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਬੱਚੇ ਦਾ ਸਥਾਨ ਵਿਆਹ ਦੇ ਮੰਡਪ ਵਿੱਚ ਨਹੀਂ, ਸਗੋਂ ਸਕੂਲ ਵਿੱਚ ਹੈ। ਪੰਜਾਬ ਸਰਕਾਰ ਹਰ ਬੱਚੇ ਨੂੰ ਸੁਰੱਖਿਅਤ ਬਚਪਨ, ਗੁਣਵੱਤਾ ਭਰਪੂਰ ਸਿੱਖਿਆ ਅਤੇ ਬਿਹਤਰ ਭਵਿੱਖ ਦਾ ਮੌਕਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਬਾਲ ਵਿਆਹ ਦੀ ਰੋਕਥਾਮ ਅਤੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਅਪ੍ਰੈਲ ਮਹੀਨੇ ਦੌਰਾਨ ਸੂਬੇ ਭਰ ਵਿੱਚ 3000 ਤੋਂ ਵੱਧ ਜਾਗਰੂਕਤਾ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ। ਸਕੂਲਾਂ, ਪਿੰਡਾਂ, ਆਂਗਣਵਾੜੀ ਕੇਂਦਰਾਂ ਅਤੇ ਵੱਖ-ਵੱਖ ਭਾਈਚਾਰਿਆਂ ਵਿੱਚ ਕਰਵਾਏ ਗਏ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਮਾਪਿਆਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਬਾਲ ਵਿਆਹ ਦੇ ਨੁਕਸਾਨਾਂ ਅਤੇ ਬੱਚਿਆਂ ਦੇ ਅਧਿਕਾਰਾਂ ਬਾਰੇ ਜਾਣੂ ਕਰਵਾਇਆ ਗਿਆ। ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟਾਂ, ਚਾਈਲਡ ਵੈਲਫੇਅਰ ਕਮੇਟੀਆਂ, ਸਥਾਨਕ ਪ੍ਰਸ਼ਾਸਨ ਤੇ ਹੋਰ ਸਬੰਧਤ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਜਾਗਰੂਕਤਾ, ਲੋਕ ਭਾਗੀਦਾਰੀ ਤੇ ਕਾਨੂੰਨਾਂ ਦੀ ਪ੍ਰਭਾਵਸ਼ਾਲੀ ਲਾਗੂਕਰਨ ਦੇ ਸਦਕਾ ਪੰਜਾਬ ਬਾਲ ਵਿਆਹ ਦੇ ਮੁਕੰਮਲ ਖ਼ਾਤਮੇ ਅਤੇ ਬੱਚਿਆਂ ਲਈ ਸੁਰੱਖਿਅਤ, ਸਨਮਾਨਜਨਕ ਅਤੇ ਮੌਕਿਆਂ ਭਰੇ ਸਮਾਜ ਦੀ ਸਿਰਜਣਾ ਵੱਲ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ।

ਚੀਮਾ ਵੱਲੋਂ ਕਰਮਚਾਰੀਆਂ ਦੇ ਲੰਬਿਤ ਮੁੱਦਿਆਂ ਦਾ ਠੋਸ ਹੱਲ ਲੱਭਣ ਲਈ ਵੱਖ-ਵੱਖ ਵਿਭਾਗਾਂ ਦੀਆਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗਾਂ

ਚੰਡੀਗੜ੍ਹ, 11 ਜੂਨ (ਚ.ਨ.ਸ.): ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਵਿਭਾਗਾਂ ਦੀਆਂ ਕਰਮਚਾਰੀ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਸ਼ਿਕਾਇਤਾਂ ਬਾਰੇ ਚਰਚਾ ਕਰਨ ਤੇ ਉਨ੍ਹਾਂ ਦੇ ਮੁੱਦਿਆਂ ਦੇ ਠੋਸ ਹੱਲ ਲੱਭਣ ਲਈ ਵੱਖ-ਵੱਖ ਮੀਟਿੰਗਾਂ ਕੀਤੀਆਂ। ਇਹਨਾਂ ਮੀਟਿੰਗਾਂ 'ਚ ਵੈਟਰਨਰੀ ਫਾਰਮਾਸਿਸਟ ਐਕਸ਼ਨ ਕਮੇਟੀ, ਓਵਰਏਜ ਬੇਰੋਜ਼ਗਾਰ ਯੂਨੀਅਨ, ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਐਸੋਸੀਏਸ਼ਨ, ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਤੇ ਆਸ਼ਾ ਵਰਕਰ ਤੇ ਆਸ਼ਾ ਫੈਸੀਲੀਟੇਟਰ ਯੂਨੀਅਨ ਦੇ ਵਫ਼ਦ ਨਾਲ ਵਿਚਾਰ ਚਰਚਾ ਕੀਤੀ ਗਈ। ਪੰਜਾਬ ਸਰਕਾਰ ਦੀ ਮੁਲਾਜ਼ਮਾਂ ਪ੍ਰਤੀ ਸਕਾਰਾਤਮਕ ਰਵਈਏ ਬਾਰੇ ਕਰਮਚਾਰੀ ਯੂਨੀਅਨਾਂ ਨੂੰ ਭਰੋਸਾ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਰਮਚਾਰੀਆਂ ਦੇ ਜਾਇਜ਼ ਮੁੱਦਿਆਂ ਨੂੰ ਰਚਨਾਤਮਕ ਢੰਗ ਨਾਲ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਾਰੀਆਂ ਜਾਇਜ਼ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਨਿਰੀਖਣ ਕਰਦਿਆਂ ਇਹਨਾਂ ਦੇ ਹੱਲ ਲਈ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇਗੀ।"ਕਰਮਚਾਰੀ ਯੂਨੀਅਨਾਂ ਵੱਲੋਂ ਸੌਂਪੇ ਗਏ ਮੰਗ ਪੱਤਰਾਂ ਦੀ ਸਮੀਖਿਆ ਕਰਦਿਆਂ, ਹਰਪਾਲ ਸਿੰਘ ਚੀਮਾ ਨੇ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੇ ਠੇਕਾ ਅਧਾਰਤ ਅਤੇ ਅਸਥਾਈ ਕਰਮਚਾਰੀਆਂ ਨੂੰ ਰੈਗੂਲਰ ਕਰਨ, ਆਉਣ ਵਾਲੀਆਂ ਮਾਸਟਰ ਕਾਡਰ ਦੀਆਂ ਭਰਤੀਆਂ ਲਈ ਉਮਰ ਵਿੱਚ ਛੋਟ, ਤਨਖਾਹ ਵਿੱਚ ਸੋਧ, ਪਾਰਦਰਸ਼ੀ ਢੰਗ ਨਾਲ ਤਬਾਦਲਾ ਤੇ ਸੇਵਾ ਨੀਤੀਆਂ ਤੇ ਭਲਾਈ ਲਾਭਾਂ ਦੀ ਬਹਾਲੀ ਨਾਲ ਸਬੰਧਤ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ। ਮੀਟਿੰਗਾਂ ਦੌਰਾਨ ਵੈਟਰਨਰੀ ਫਾਰਮਾਸਿਸਟ ਐਕਸ਼ਨ ਕਮੇਟੀ ਤੋਂ ਦਵਿੰਦਰਪਾਲ ਸਿੰਘ ਲਸੋਈ, ਜਸਵਿੰਦਰ ਕੁਮਾਰ, ਮਨਪ੍ਰੀਤ ਸਿੰਘ ਢਿੱਲੋਂ ਅਤੇ ਹਰਭਜਨ ਸਿੰਘ, ਓਵਰਏਜ ਬੇਰੋਜ਼ਗਾਰ ਯੂਨੀਅਨ ਤੋਂ ਰਮਨ ਕੁਮਾਰ ਮਲੋਟ ਤੇ ਲਲਿਤਾ, ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਐਸੋਸੀਏਸ਼ਨ ਤੋਂ ਸਲੀਮ ਮੁਹੰਮਦ, ਅਮਰਜੋਤ ਜੋਸ਼ੀ, ਅਮਨਦੀਪ ਸ਼ਾਸਤਰੀ ਅਤੇ ਬਲਵਿੰਦਰ ਸਿੰਘ, ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਤੋਂ ਜਸਮੇਲ ਸਿੰਘ ਦਿਓਲ, ਗੁਰਜੰਟ ਸਿੰਘ ਅਤੇ ਰੁਪਿੰਦਰ ਕੌਰ ਤੇ ਆਸ਼ਾ ਵਰਕਰ ਤੇ ਆਸ਼ਾ ਫੈਸੀਲੀਟੇਟਰ ਯੂਨੀਅਨ ਤੋਂ ਸਰੋਜ ਬਾਲਾ ਅਤੇ ਸੁਰਜਿੰਦਰ ਕੌਰ ਨੇ ਆਪਣੇ ਮੁੱਦੇ ਪੇਸ਼ ਕੀਤੇ।

ਤਰੱਕੀ ਮਾਮਲਿਆਂ 'ਚ ਹੱਕਦਾਰਾਂ ਨੂੰ ਨਿਆਂ ਦੇਣ ਲਈ ਰੋਸਟਰ ਰਜਿਸਟਰ ਚੈਕਿੰਗ ਕਮੇਟੀਆਂ ਦੀ ਸਿਖਲਾਈ ਤੁਰੰਤ ਯਕੀਨੀ ਬਣਾਈ ਜਾਵੇ : ਗੜ੍ਹੀ

ਚੰਡੀਗੜ੍ਹ, 11 ਜੂਨ (ਚ.ਨ.ਸ.): ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਪੰਜਾਬ ਦੇ ਸਰਕਾਰੀ ਕਰਮਚਾਰੀਆਂ/ ਅਧਿਕਾਰੀਆਂ ਦੇ ਤਰੱਕੀ ਮਾਮਲਿਆਂ 'ਚ ਹੱਕਦਾਰਾਂ ਨੂੰ ਨਿਆਂ ਦੇਣ ਲਈ ਰੋਸਟਰ ਰਜਿਸਟਰ ਚੈਕਿੰਗ ਕਮੇਟੀਆਂ ਦੀ ਸਿਖਲਾਈ ਤੁਰੰਤ ਯਕੀਨੀ ਬਣਾਉਣ ਲਈ ਕਿਹਾ ਹੈ ਤਾਂ ਜੋ ਰੋਸਟਰ ਰਜਿਸਟਰ ਨੂੰ ਨਿਰਧਾਰਤ ਕਾਨੂੰਨ ਅਨੁਸਾਰ ਸਹੀ ਢੰਗ ਨਾਲ ਲਾਗੂ ਕਰਨ 'ਚ ਹੋਰ ਸਪੱਸ਼ਟਤਾ ਆ ਸਕੇ। ਵੱਖ-ਵੱਖ ਜ਼ਿਲ੍ਹਿਆਂ 'ਚ ਨਵੇਂ ਅੰਬੇਦਕਰ ਭਵਨਾਂ ਉਸਾਰੀ ਤੇ ਕਾਰਜਸ਼ੀਲ ਭਵਨਾਂ ਦੀ ਸਾਂਭ-ਸੰਭਾਲ ਲਈ ਲੋੜੀਂਦੇ ਕਦਮ ਚੁੱਕਣ 'ਤੇ ਜ਼ੋਰ ਦਿੰਦਿਆਂ ਗੜ੍ਹੀ ਨੇ ਕਿਹਾ ਕਿ ਜਿਨ੍ਹਾਂ ਜ਼ਿਲ੍ਹਿਆਂ ਵਿੱਚ ਅਜੇ ਤੱਕ ਅੰਬੇਦਕਰ ਭਵਨਾਂ ਦੀ ਉਸਾਰੀ ਸੰਭਵ ਨਹੀਂ ਹੋ ਸਕੀ, ਵਿਖੇ ਜ਼ਮੀਨ ਦੀ ਉਪਲਬਧਤਾ ਤੇ ਭਵਨ ਉਸਾਰੀ ਲਈ ਬਜਟ ਦੇ ਪ੍ਰਬੰਧ ਕਰਨ ਲਈ ਵਿੱਤ ਤੇ ਸਮਾਜਿਕ ਨਿਆਂ ਵਿਭਾਗ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਇਨ੍ਹਾਂ ਮਾਮਲਿਆਂ ਦਾ ਜਲਦ ਨਿਪਟਾਰਾ ਕੀਤਾ ਜਾਵੇ ਤਾਂ ਜੋ ਸ਼ਿਕਾਇਤਕਰਤਾਵਾਂ ਨੂੰ ਸਮੇਂ ਸਿਰ ਨਿਆਂ ਮਿਲ ਸਕੇ।



ਇਸ ਮੌਕੇ ਭੂਰੀਵਾਲੇ ਗੁਰਗੱਦੀ (ਗਰੀਬ ਦਾਸ) ਸੰਪਰਦਾਇ ਦੇ ਪ੍ਰਮੁੱਖ ਧਾਮ ਸ੍ਰੀ ਰਕਬਾ ਸਾਹਿਬ (ਲੁਧਿਆਣਾ) ਤੇ ਸ੍ਰੀ ਝਾਂਡੀਆਂ ਧਾਮ (ਰੋਪੜ) ਵਿਖੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨਛੋਹ ਪ੍ਰਾਪਤ ਧਰਤੀ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਤਪ-ਅਸਥਾਨ ਤੇ ਚਰਨ ਛੋਹ ਗੰਗਾ ਵਿਖੇ ਸੁਰੱਖਿਆ ਪ੍ਰਬੰਧਾਂ ਦੀ ਪੜਚੋਲ ਕੀਤੀ ਗਈ, ਜਿੱਥੇ ਕਿ ਬਹੁ ਗਿਣਤੀ ਸੰਗਤ ਅਨੁਸੂਚਿਤ ਜਾਤੀ ਵਰਗਾਂ/ਪਛੜੀਆਂ ਸ਼੍ਰੇਣੀਆਂ ਨਾਲ ਜੁੜੀ ਹੋਈ ਹੈ। ਇਸੇ ਤਰ੍ਹਾਂ ਰਾਮ ਮੋਕਸ਼ ਧਾਮ ਟੱਪਰੀਆਂ ਖੁਰਦਾਂ (ਬਲਾਚੌਰ) ਵਿਖੇ ਸੁਰੱਖਿਆ ਦੇਣ ਦਾ ਮੁੱਦਾ ਉਠਿਆ ਜੋਕਿ ਕਬੀਰਪੰਥੀ ਭੂਰੀਵਾਲੇ ਸੰਪਰਦਾ ਡੇਰੇ ਦੇ ਮੌਜੂਦਾ ਗੱਦੀਨਸ਼ੀਨ ਅਚਾਰੀਆਂ ਚੇਤਨਾ ਨੰਦ ਜੀ ਮਹਾਰਾਜ ਜੀ ਦੀ ਨਿਵਾਸ ਕੁਟੀਆ ਵੀ ਹੈ। ਮੀਟਿੰਗ ਵਿੱਚ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਗੈਰ-ਸਰਕਾਰੀ ਮੈਂਬਰ ਰੁਪਿੰਦਰ ਸਿੰਘ, ਗੁਰਪ੍ਰੀਤ ਸਿੰਘ, ਗੁਲਜ਼ਾਰ ਸਿੰਘ, ਮੈਂਬਰ ਸਕੱਤਰ ਨਯਨ ਜੱਸਲ ਤੋਂ ਇਲਾਵਾ ਏ.ਡੀ.ਜੀ.ਪੀ. ਸੁਰੱਖਿਆ ਡਾ. ਕੌਸਤੁਭ ਸ਼ਰਮਾ, ਸਮਾਜਿਕ ਨਿਆਂ ਤੇ ਅਧਿਕਾਰਤਾ ਵਿਭਾਗ ਦੇ ਸੰਯੁਕਤ ਸਕੱਤਰ ਰਵਿੰਦਰ ਸਿੰਘ, ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਐਚ. ਐਸ. ਬਰਾੜ, ਗਮਾਡਾ ਵਿਭਾਗ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਪੰਜਾਬ ਦਾ ਹਰੇਕ ਕਿਸਾਨ ਪੌਣੇ ਤਿੰਨ ਲੱਖ ਤੋਂ ਵੱਧ ਦਾ ਕਰਜ਼ਾਈ!

ਕਮਲਜੀਤ ਸਿੰਘ ਬਨਵੈਤ

==============

ਚੰਡੀਗੜ੍ਹ, 11 ਜੂਨ : ਜੇਠ ਹਾੜ ਦੀਆਂ ਧੁੱਪਾਂ ਸਿਰ 'ਤੇ ਝੱਲ ਅਤੇ ਸੱਪਾਂ ਦੀਆਂ ਸਿਰੀਆਂ ਮਿੱਧ ਕੇ ਮੁਲਕ ਦਾ ਢਿੱਡ ਭਰਨ ਵਾਲਾ ਕਿਸਾਨ ਕਰਜੇ ਦੇ ਬੋਝ ਥੱਲੇ ਪਿਸ ਰਿਹਾ ਹੈ। ਪੰਜਾਬ ਦੇ ਕਿਸਾਨਾਂ ਦੀ ਗੱਲ ਕਰੀਏ ਤਾਂ ਹਰੇਕ ਸਰ 2.93 ਲੱਖ ਰੁਪਏ ਦਾ ਕਰਜ਼ਾ ਹੈ। ਸੂਬੇ ਦੇ 35.72 ਲੱਖ ਕਿਸਾਨਾਂ ਦੇ ਸਿਰ ਉੱਤੇ 1.05 ਲੱਖ ਕਰੋੜ ਰੁਪਏ ਦਾ ਬੋਝ ਹੈ ਅਤੇ ਪਿਛਲੇ ਕੁਝ ਸਮੇਂ ਤੋਂ ਇਸ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਰਾਜ ਪੱਧਰੀ ਬੈਂਕਰਜ ਕਮੇਟੀ ਦੀ ਰਿਪੋਰਟ ਵਿੱਚ ਇਹ ਅੰਕੜੇ ਸਾਹਮਣੇ ਆਏ ਹਨ। ਪੰਜਾਬ ਦੇ ਕਿਸਾਨ ਬੈਂਕਾਂ ਦੇ 8958 ਕਰੋੜ ਰੁਪਏ ਅਦਾ ਕਰਨ ਦੇ ਅਸਮਰੱਥ ਹਨ ਜਿਸ ਕਾਰਨ 2.47 ਲੱਖ ਖਾਤੇ ਨਾਨ ਪਰਫਾਰਮਿੰਗ ਐਸੇਟ ਐਲਾਨੇ ਜਾ ਚੁੱਕੇ ਹਨ। ਜਿਸ ਨੇ ਬੈਂਕਾਂ ਦੀ ਚਿੰਤਾ ਵੀ ਵਧਾ ਦਿੱਤੀ ਹੈ। ਰਿਪੋਰਟ ਅਨੁਸਾਰ ਪਿਛਲੇ ਕਈ ਸਾਲਾਂ ਤੋਂ ਕਿਸਾਨ ਸਿਰ ਕਰਜ਼ੇ ਦੀ ਪੰਡ ਭਾਰੀ ਹੁੰਦੀ ਜਾ ਰਹੀ ਹੈ ਇਹੋ ਵਜਹਾ ਹੈ ਕਿ ਕਮੇਟੀ ਨੇ ਸਾਰੇ ਬੈਂਕਾਂ ਨੂੰ ਕਰਜੇ ਸਬੰਧੀ ਰਣਨੀਤੀ ਦੀ ਸਮੀਖਿਆ ਕਰਨ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਖੇਤੀ ਖੇਤਰ ਵਿੱਚ ਵਿੱਤੀ ਪੋਸ਼ਣ ਗਤੀ ਦੇਣ ਲਈ ਨਵੇਂ ਉਪਾਵਾਂ ਉੱਤੇ ਕੰਮ ਕੀਤਾ ਜਾ ਸਕੇ। ਖੇਤੀ ਖੇਤਰ ਵਿੱਚ ਨਾਨ ਪ੍ਰਸਾਰਮਿੰਗ ਐਸੇਟ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਹਾਲਾਂਕਿ ਕਮੀ ਆਈ ਹੈ ਪਰ ਹਾਲੇ ਵੀ ਇਹਨਾਂ ਖਾਤਿਆਂ ਦੀ ਦਰ ਚਿੰਤਾਜਨਕ ਹੈ। ਪੰਜਾਬ ਵਿੱਚ 10.35 ਲੱਖ ਕਿਸਾਨ 24.836 ਕਰੋੜ ਰੁਪਏ ਦੇ ਟਰਮ ਲੋਨ ਦੇ ਜਾਲ ਵਿੱਚ ਫਸੇ ਹੋਏ ਹਨ ਜੋ ਕਿ ਕੁੱਲ ਕਰਜ਼ੇ ਦਾ ਤੇ ਪੁਆਇੰਟ 60 ਫ਼ੀਸਦੀ ਬਣਦਾ ਹੈ। ਟਰਮ ਲੋਨ ਇੱਕ ਅਜਿਹਾ ਕਰਜ਼ਾ ਹੁੰਦਾ ਹੈ ਜਿਹੜਾ ਕਿਸਾਨ ਨੂੰ ਇੱਕ ਨਿਸ਼ਚਿਤ ਰਾਸ਼ੀ ਦੇ ਰੂਪ ਵਿੱਚ ਮਿਲਦਾ ਹੈ ਤੇ ਜਿਸ ਨੂੰ ਮਿੱਥੇ ਸਮੇਂ ਅੰਦਰ ਅਦਾ ਕਰਨਾ ਹੁੰਦਾ ਹੈ। ਇਸ ਰਕਮ 'ਚ ਆ ਕਰਜ਼ਾ ਤੇ ਉਸਦੇ ਉੱਤੇ ਲੱਗਣ ਵਾਲਾ ਬਿਆਜ ਦੋਵੇਂ ਸ਼ਾਮਲ ਹੁੰਦੇ ਹਨ। ਕਿਸਾਨਾਂ ਉੱਤੇ ਵੱਧ ਰਹੇ ਕਰਜ਼ੇ ਦਾ ਵੱਡਾ ਕਾਰਨ ਖੇਤੀ ਲਾਗਤਾਂ ਵਿੱਚ ਵਾਧਾ, ਕੁਦਰਤੀ ਆਫਤਾਂ ਦੀ ਮਾਰ ਜਿਸ ਵਿੱਚ ਮੀਂਹ ਤੇ ਗੜੇਮਾਰੀ ਸ਼ਾਮਲ ਹੈ। ਕੀਤੇ ਸਾਲ 2025 ਵਿੱਚ ਪੰਜਾਬ ਦੇ ਕਈ ਜ਼ਿਲਿਆਂ ਨੂੰ ਹੜ ਦੀ ਮਾਰ ਪਈ ਸੀ। ਇਹਨਾਂ ਵਿੱਚੋਂ ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਰਨ, ਹੁਸ਼ਿਆਰਪੁਰ, ਰੋਪੜ, ਕਪੂਰਥਲਾ, ਜਲੰਧਰ, ਮੋਗਾ, ਲੁਧਿਆਣਾ ਤੇ ਫ਼ਿਰੋਜ਼ਪੁਰ ਨੂੰ ਜਿਆਦਾ ਮਾਰ ਪਈ ਸੀ।ਇਹਨਾਂ ਵੱਡੀ ਗਿਣਤੀ ਕਿਸਾਨਾਂ ਦੇ ਖੇਤਾਂ ਉੱਤੇ ਇੰਨੀ ਮਿੱਟੀ ਚੜ ਗਈ ਸੀ ਤੇ ਉਹਨਾਂ ਦੀ ਸ਼ਨਾਖਤ ਕਰਨੀ ਮੁਸ਼ਕਿਲ ਹੋ ਗਈ ਸੀ।ਫਸਲਾਂ ਤੇ ਘਰਾਂ ਦਾ ਨੁਕਸਾਨ ਤਾਂ ਸਭ ਦਾ ਹੋਇਆ ਸੀ।

ਅੰਕੜਾ ਤੇ ਪ੍ਰੋਗਰਾਮ ਲਾਗੂ ਕਰਨ ਮੰਤਰਾਲੇ ਦੀ ਇੱਕ ਰਿਪੋਰਟ ਅਨੁਸਾਰ ਪੰਜਾਬ ਦੇ 54.4 ਫੀਸਦੀ ਕਿਸਾਨ ਪਰਿਵਾਰਾਂ ਉੱਤੇ ਔਸਤਨ 2.03 ਲੱਖ ਰੁਪਏ ਦਾ ਕਰਜ਼ਾ ਸੀ ਤੇ ਸੂਬਾ ਉਹਨਾਂ ਚੋਟੀ ਦੇ ਸੂਬਿਆਂ ਵਿੱਚ ਸ਼ਾਮਲ ਸੀ ਜਿੱਥੇ ਤੇ ਕਿਸਾਨਾਂ ਉੱਤੇ ਕਰਜ਼ ਫ਼ੀਸਦੀ ਸਭ ਤੋਂ ਵੱਧ ਹੈ। ਪਿਛਲੇ ਕੁਝ ਸਮੇਂ ਤੋਂ ਹਰ ਇੱਕ ਕਿਸਾਨ ਪਰਿਵਾਰ ਦੇ ਕਰਜਲ ਚ ਵਾਧਾ ਹੋਇਆ ਹੈ ਤੇ ਹੁਣ ਇਹ 2.93 ਲੱਖ ਪ੍ਰਤੀ ਕਿਸਾਨ ਪਰਿਵਾਰ ਤੱਕ ਪੁੱਜ ਗਿਆ ਹੈ।ਰਿਪੋਰਟ ਅਨੁਸਾਰ ਫਸਲ ਉਤਪਾਦਨ ਨਾਲ ਪੰਜਾਬ ਵਿੱਚ ਕਿਸਾਨ ਦੀ ਔਸਤ ਮਹੀਨਾਵਾਰ ਆਮਦਨ 12,597 ਹੈ। ਜੇ ਇੱਕ ਕਿਸਾਨ ਪਰਿਵਾਰ ਦੀ ਆਮਦਨ ਦੀ ਗੱਲ ਕੀਤੀ ਜਾਵੇ ਤਾਂ ਉਹ 26,791 ਬਣਦੀ ਹੈ।

ਸੰਪਾਦਕੀ

ਸੀਵਰੇਜ ਦੇ ਗਟਰਾਂ ਵਿੱਚ ਡੁੱਬਦੀ ਇਨਸਾਨੀਅਤ ਅਤੇ ਜਵਾਬਦੇਹੀ

ਕੀ ਕੋਈ ਦੇਸ਼ ਆਪਣੇ ਆਪ ਨੂੰ ਸੱਚਮੁੱਚ ਆਧੁਨਿਕ ਅਖਵਾਉਣ ਦਾ ਹੱਕਦਾਰ ਹੋ ਸਕਦਾ ਹੈ, ਜੇਕਰ ਉਸਦੀ ਤਰੱਕੀ ਦੀ ਚਮਕ ਹੇਠਾਂ ਅਣਦੇਖੇ ਸਫਾਈ ਕਰਮਚਾਰੀਆਂ ਦੀਆਂ ਲਾਸ਼ਾਂ ਦੱਬੀਆਂ ਹੋਣ ? ਹਾਲ ਹੀ ਵਿੱਚ ਫਰੀਦਾਬਾਦ ਦੇ ਇੱਕ ਸੀਵਰੇਜ ਟਰੀਟਮੈਂਟ ਪਲਾਂਟ ਵਿੱਚ ਜ਼ਹਿਰੀਲੀਆਂ ਗੈਸਾਂ ਕਾਰਨ ਦੋ ਸਫਾਈ ਕਰਮਚਾਰੀਆਂ ਦੀ ਦਰਦਨਾਕ ਮੌਤ ਅਤੇ ਇਸ ਤੋਂ ਕੁਝ ਦਿਨ ਪਹਿਲਾਂ ਉੱਤਰ ਪ੍ਰਦੇਸ਼ ਵਿੱਚ ਵਾਪਰੇ ਅਜਿਹੇ ਹੀ ਹਾਦਸੇ ਨੇ ਇੱਕ ਵਾਰ ਫਿਰ ਸਾਡੇ ਸਮਾਜਿਕ ਤਾਣੇ-ਬਾਣੇ ਅਤੇ ਪ੍ਰਸ਼ਾਸਨਿਕ ਨਾਕਾਮੀ ਨੂੰ ਨੰਗਾ ਕਰ ਦਿੱਤਾ ਹੈ। ਇਹ ਮੌਤਾਂ ਸਿਰਫ਼ ਹਾਦਸੇ ਨਹੀਂ, ਸਗੋਂ ਸਿਸਟਮ ਦੁਆਰਾ ਕੀਤੇ ਗਏ ਸੰਸਥਾਗਤ ਕਤਲ ਹਨ। ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਅਜਿਹੇ ਦਰਦਨਾਕ ਹਾਦਸੇ ਹੁਣ ਸਿਰਫ਼ ਅਖ਼ਬਾਰਾਂ ਦੀਆਂ ਸੁਰਖੀਆਂ ਬਣ ਕੇ ਰਹਿ ਗਏ ਹਨ, ਜਿਸ ਨਾਲ ਨਾ ਤਾਂ ਸਿਸਟਮ ਨੂੰ ਕੋਈ ਫਰਕ ਪੈਂਦਾ ਹੈ ਅਤੇ ਨਾ ਹੀ ਸਮਾਜ ਦੀ ਜ਼ਮੀਰ ਜਾਗਦੀ ਹੈ। ਲੋਕ ਸਭਾ ਵਿੱਚ ਸਰਕਾਰ ਵੱਲੋਂ ਦਿੱਤੇ ਗਏ ਅੰਕੜਿਆਂ ਮੁਤਾਬਕ ਸਾਲ 2014 ਤੋਂ 2025 ਦਰਮਿਆਨ ਘੱਟੋ-ਘੱਟ 859 ਸਫਾਈ ਕਰਮਚਾਰੀ ਸੀਵਰਾਂ ਅਤੇ ਸੈਪਟਿਕ ਟੈਂਕਾਂ ਦੀ ਸਫਾਈ ਕਰਦੇ ਹੋਏ ਆਪਣੀ ਜਾਨ ਗੁਆ ਚੁੱਕੇ ਹਨ, ਜਿਸਦਾ ਮਤਲਬ ਇਹ ਹੈ ਕਿ ਦੇਸ਼ ਵਿੱਚ ਹਰ ਮਹੀਨੇ ਔਸਤਨ ਛੇ ਗਰੀਬ ਮਜ਼ਦੂਰ ਇਨ੍ਹਾਂ ਗਟਰਾਂ ਵਿੱਚ ਦਮ ਤੋੜ ਰਹੇ ਹਨ।

ਇਹ ਸਭ ਉਦੋਂ ਹੋ ਰਿਹਾ ਹੈ ਜਦੋਂ ਦੇਸ਼ ਵਿੱਚ ‘ਮੈਨੂਅਲ ਸਕੈਵੇਂਜਿੰਗ (ਹੱਥੀਂ ਗੰਦਗੀ ਚੁੱਕਣ ਦੀ ਪ੍ਰਥਾ) ਅਤੇ ਉਨ੍ਹਾਂ ਦੇ ਮੁੜ ਵਸੇਬਾ ਐਕਟ, 2013’ ਵਰਗਾ ਸਖ਼ਤ ਕਾਨੂੰਨ ਲਾਗੂ ਹੈ। ਕਾਨੂੰਨ ਦੀਆਂ ਕਿਤਾਬਾਂ ਵਿੱਚ ਜਿਸ ਪ੍ਰਥਾ ’ਤੇ ਪੂਰੀ ਤਰ੍ਹਾਂ ਪਾਬੰਦੀ ਹੈ, ਉਹ ਜ਼ਮੀਨੀ ਹਕੀਕਤ ਵਿੱਚ ਅੱਜ ਵੀ ਗਰੀਬਾਂ ਦੀਆਂ ਜਾਨਾਂ ਲੈ ਰਹੀ ਹੈ। ਅਸਲ ਸਮੱਸਿਆ ਮਿਊਂਸਪਲ ਕਾਰਪੋਰੇਸ਼ਨਾਂ ਅਤੇ ਸਰਕਾਰੀ ਮਹਿਕਮਿਆਂ ਦੀ ਜਵਾਬਦੇਹੀ ਤੋਂ ਭੱਜਣ ਦੀ ਆਦਤ ਹੈ। ਇਹ ਸਰਕਾਰੀ ਸੰਸਥਾਵਾਂ ਖੁਦ ਸਿੱਧੇ ਤੌਰ ’ਤੇ ਕੰਮ ਕਰਨ ਦੀ ਬਜਾਏ, ਇਸ ਨੂੰ ਠੇਕੇਦਾਰਾਂ ਅਤੇ ਸਬ-ਠੇਕੇਦਾਰਾਂ ਦੇ ਹਵਾਲੇ ਕਰ ਦਿੰਦੀਆਂ ਹਨ। ਇਸ ਭ੍ਰਿਸ਼ਟ ਲੜੀ ਦੇ ਸਭ ਤੋਂ ਹੇਠਲੇ ਹਿੱਸੇ ’ਤੇ ਉਹ ਗਰੀਬ, ਅਣਸਿੱਖਿਅਤ ਅਤੇ ਮਜਬੂਰ ਦਿਹਾੜੀਦਾਰ ਮਜ਼ਦੂਰ ਹੁੰਦੇ ਹਨ, ਜਿਨ੍ਹਾਂ ਕੋਲ ਨਾ ਤਾਂ ਕੋਈ ਬੀਮਾ ਹੁੰਦਾ ਹੈ ਅਤੇ ਨਾ ਹੀ ਕੋਈ ਕਾਨੂੰਨੀ ਸੁਰੱਖਿਆ। ਉਨ੍ਹਾਂ ਨੂੰ ਬਿਨਾਂ ਕਿਸੇ ਗੈਸ ਡਿਟੈਕਟਰ, ਆਕਸੀਜਨ ਸਿਲੰਡਰ, ਹੈਲਮੇਟ ਜਾਂ ਸੁਰੱਖਿਆ ਕਿੱਟ ਦੇ ਜ਼ਹਿਰੀਲੇ ਖੂਹਾਂ ਵਿੱਚ ਉਤਾਰ ਦਿੱਤਾ ਜਾਂਦਾ ਹੈ। ਜਦੋਂ ਕੋਈ ਹਾਦਸਾ ਵਾਪਰਦਾ ਹੈ, ਤਾਂ ਉੱਚ ਅਧਿਕਾਰੀ ਬੜੀ ਚਲਾਕੀ ਨਾਲ ਪੱਲਾ ਝਾੜ ਲੈਂਦੇ ਹਨ ਅਤੇ ਸਾਰਾ ਦੋਸ਼ ਸਭ ਤੋਂ ਛੋਟੇ ਠੇਕੇਦਾਰ ਸਿਰ ਮੜ੍ਹ ਕੇ ਮਾਮਲਾ ਰਫ਼ਾ-ਦਫ਼ਾ ਕਰ ਦਿੱਤਾ ਜਾਂਦਾ ਹੈ।

ਇਸ ਗੰਭੀਰ ਸਥਿਤੀ ਨੂੰ ਸੁਧਾਰਨ ਲਈ ਹੁਣ ਠੋਸ ਅਤੇ ਸਖ਼ਤ ਕਦਮ ਚੁੱਕਣੇ ਪੈਣਗੇ। ਸਭ ਤੋਂ ਪਹਿਲਾਂ, ਹਾਦਸਾ ਹੋਣ ’ਤੇ ਸਿਰਫ਼ ਠੇਕੇਦਾਰਾਂ ’ਤੇ ਨੇਗਲੀਜੈਂਸ (ਲਾਪਰਵਾਹੀ) ਦੇ ਕੇਸ ਦਰਜ ਕਰਨ ਦੀ ਬਜਾਏ ਸਬੰਧਤ ਸਰਕਾਰੀ ਅਧਿਕਾਰੀਆਂ ਨੂੰ ਸਿੱਧੇ ਤੌਰ ’ਤੇ ਜਵਾਬਦੇਹ ਬਣਾ ਕੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ, ਸੀਵਰੇਜ ਦੀ ਸਫਾਈ ਲਈ ਮਨੁੱਖਾਂ ਦੀ ਵਰਤੋਂ ਨੂੰ ਪੂਰੀ ਤਰ੍ਹਾਂ ਅਪਰਾਧ ਐਲਾਨ ਕੇ 100% ਮਸ਼ੀਨੀਕਰਨ ਅਤੇ ਰੋਬੋਟਿਕ ਤਕਨਾਲੋਜੀ ਨੂੰ ਸਖ਼ਤੀ ਨਾਲ ਲਾਗੂ ਕਰਨਾ ਲਾਜ਼ਮੀ ਕੀਤਾ ਜਾਵੇ। ਪੀੜਤ ਪਰਿਵਾਰਾਂ ਨੂੰ ਮਹਿਜ਼ ਨਾਮ-ਮਾਤਰ ਮੁਆਵਜ਼ਾ ਦੇਣ ਦੀ ਬਜਾਏ, ਉਨ੍ਹਾਂ ਦੇ ਪੁਨਰ-ਵਾਸ ਅਤੇ ਸਫਾਈ ਕਰਮਚਾਰੀਆਂ ਦੇ ਬੱਚਿਆਂ ਲਈ ਸਨਮਾਨਜਨਕ ਸਿੱਖਿਆ ਤੇ ਰੁਜ਼ਗਾਰ ਦੇ ਵਿਕਲਪ ਯਕੀਨੀ ਬਣਾਏ ਜਾਣ। ਹੁਣ ਸਮਾਂ ਆ ਗਿਆ ਹੈ ਕਿ ਅਸੀਂ ਸਿਰਫ਼ ਮੁਆਵਜ਼ੇ ਦੇ ਐਲਾਨਾਂ ਅਤੇ ਸਿਆਸੀ ਬਿਆਨਬਾਜ਼ੀ ਤੋਂ ਅੱਗੇ ਵਧੀਏ। ਜਦੋਂ ਤੱਕ ਅਸੀਂ ਇਸ ਸਿਸਟਮ ਵਿੱਚੋਂ ਅਣਦੇਖੀ ਅਤੇ ਬੇਰਹਿਮੀ ਨੂੰ ਖ਼ਤਮ ਨਹੀਂ ਕਰਦੇ, ਉਦੋਂ ਤੱਕ ਆਧੁਨਿਕ ਭਾਰਤ ਦਾ ਸੁਪਨਾ ਅਧੂਰਾ ਹੈ, ਕਿਉਂਕਿ ਕਿਸੇ ਵੀ ਸੰਵੇਦਨਸ਼ੀਲ ਸਮਾਜ ਵਿੱਚ ਕਿਸੇ ਮਨੁੱਖ ਦੀ ਜ਼ਿੰਦਗੀ ਨੂੰ ‘ਫ਼ਾਲਤੂ’ ਜਾਂ ‘ਖ਼ਰਚਣਯੋਗ’ ਨਹੀਂ ਮੰਨਿਆ ਜਾ ਸਕਦਾ।

-ਜਗਜੀਤ ਸਿੰਘ ਦਰਦੀ

ਅੱਜ ਸਭ ਅੱਖਾਂ ਇੱਕ ਵਾਰ ਫ਼ਿਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਅਤੇ ਧਾਰਮਿਕ ਮਰਿਯਾਦਾਵਾਂ ਉੱਤੇ ਵੱਧਦੀਆਂ ਚੁਣੌਤੀਆਂ

ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

☛ਅਕਾਲੀ ਦਲ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਅਤੇ ਦੁਨੀਆਂ ਭਰ ਵਿੱਚ ਬੈਠੇ ਪੰਜਾਬੀਆਂ ਲਈ ਸਭ ਤੋਂ ਵੱਡੀ ਸ਼ਕਤੀ
☛ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਭਾਰਤੀ ਸੁਪਰੀਮ ਕੋਰਟ ਵੱਲੋਂ ਜਾਗਿਤ ਜੋਤਿ ਦਾ ਦਰਜਾ ਦਿੱਤਾ ਗਿਆ ਹੈ

ਅੱਜ ਪੰਜਾਬ ਜਿਸ ਤਰ੍ਹਾਂ ਰਾਜਨੀਤਿਕ ਤੌਰ ’ਤੇ ਦੋਰਾਹੇ ’ਤੇ ਹੈ, ਉਸੇ ਤਰ੍ਹਾਂ ਅੱਜ ਧਾਰਮਿਕ ਤੇ ਰਾਜਨੀਤਿਕ ਤੌਰ ’ਤੇ ਸਭ ਅੱਖਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਤੇ ਉਹਨਾਂ ਦੇ ਫ਼ੈਸਲੇ ’ਤੇ ਇੱਕ ਵਾਰ ਟਿਕ ਗਈਆਂ ਹਨ ਕਿਉਂਕਿ ਪੰਜਾਬ ਵਿੱਚ ਫਿਰ ਉਹੀ ਰੌਲਾ-ਰੱਪਾ ਹੋਇਆ ਹੈ। ਸਾਬਕਾ ਅਕਾਲ ਤਖ਼ਤ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਬੇਅਦਬੀਆਂ ਬਾਰੇ ਬਣਾਈ ਗਈ ਸਿੱਟ ਅੱਗੇ ਆਪਣਾ ਬਿਆਨ ਦਰਜ ਕਰਵਾਇਆ ਹੈ। ਇਸ ਤੋਂ ਬਾਅਦ ਅਕਾਲੀ ਦਲ ਨੇ ਪ੍ਰੈੱਸ ਕਾਨਫਰੰਸ ਕਰਕੇ ਇਸ ਨੂੰ ਸਿੱਖ ਮਾਮਲਿਆਂ ਵਿੱਚ ਸਿੱਧਾ ਦਖਲ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਬਉੱਚਤਾ ਉੱਤੇ ਚੁਣੌਤੀ ਦੱਸਿਆ ਹੈ। ਇਹ ਮਸਲਾ ਸਿੱਖ ਪੰਥ ਦੀਆਂ ਰਵਾਇਤਾਂ, ਧਾਰਮਿਕ ਅਧਿਕਾਰਾਂ ਅਤੇ ਆਧੁਨਿਕ ਕਾਨੂੰਨੀ ਢਾਂਚੇ ਵਿਚਾਲੇ ਟਕਰਾਅ ਨੂੰ ਉਜਾਗਰ ਕਰਦਾ ਹੈ।

ਅੱਜ ਇਸ ਮੁੱਦੇ ਨੂੰ ਇਤਿਹਾਸਕ ਪਿਛੋਕੜ, ਤੱਥਾਂ, ਅੰਕੜਿਆਂ, ਰਾਜਨੀਤਿਕ ਪ੍ਰਭਾਵ ਅਤੇ ਭਵਿੱਖੀ ਚੁਣੌਤੀਆਂ ਨਾਲ ਵਿਸਥਾਰ ਨਾਲ ਵਿਚਾਰਦਿਆਂ ਭਾਵਨਾਤਮਕ ਰੀਐਕਸ਼ਨ ਤੋਂ ਉਪਰ ਉਠ ਕੇ ਸੰਤੁਲਿਤ ਵਿਸ਼ਲੇਸ਼ਣ ਪੇਸ਼ ਕਰਨਾ ਹੈ ਤਾਂ ਜੋ ਪੰਥਕ ਏਕਤਾ ਅਤੇ ਸੰਸਥਾਵਾਂ ਦੀ ਮਜ਼ਬੂਤੀ ਲਈ ਰਾਹ ਤਲਾਸ਼ਿਆ ਜਾ ਸਕੇ। ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਇਤਿਹਾਸਕ ਅਤੇ ਧਾਰਮਿਕ ਮਹੱਤਵ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦੀ ਸਭ ਤੋਂ ਉੱਚੀ ਤਖਤਗਾਹ ਹੈ, ਜੋ ਆਤਮਿਕ ਅਤੇ ਰਾਜਨੀਤਿਕ (ਮੀਰੀ-ਪੀਰੀ) ਅਧਿਕਾਰਾਂ ਦਾ ਪ੍ਰਤੀਕ ਹੈ। ਗੁਰੂ ਹਰਗੋਬਿੰਦ ਸਾਹਿਬ ਜੀ ਨੇ 1606 ਵਿੱਚ ਇਸ ਨੂੰ ਸਥਾਪਿਤ ਕੀਤਾ ਸੀ। ਇਹ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਉਪਜੀਆ ਲੋੜ ਸੀ ਕਿ ਸਿੱਖ ਪੰਥ ਨੂੰ ਆਤਮਿਕ ਤੌਰ ’ਤੇ ਉੱਚਾ ਚੁੱਕਣ ਤੋਂ ਇਲਾਵਾ ਰਾਜਸੀ ਤਾਕਤ ਵੀ ਹੋਵੇ ਤਾਂ ਜੋ ਅਨਿਆਂ ਖ਼ਿਲਾਫ਼ ਲੜਿਆ ਜਾ ਸਕੇ। ਸ੍ਰੀ ਅਕਾਲ ਤਖ਼ਤ ਸਾਹਿਬ ਇਹ ਹਰਿਮੰਦਰ ਸਾਹਿਬ ਦੇ ਬਿਲਕੁਲ ਸਾਹਮਣੇ ਬਣਾਇਆ ਗਿਆ ਤਾਂ ਜੋ ਧਰਮ ਅਤੇ ਰਾਜ ਦਾ ਸੰਤੁਲਨ ਬਣਿਆ ਰਹੇ। ਇਤਿਹਾਸ ਵਿੱਚ ਸ੍ਰੀ ਅਕਾਲ ਤਖ਼ਤ ਨੇ ਬਹੁਤ ਸਾਰੀਆਂ ਚੁਣੌਤੀਆਂ ਦਾ ਸਾਹਮਣਾ ਕੀਤਾ ਹੈ। ਮੁਗਲ ਰਾਜ ਵਿੱਚ ਇਸ ਨੂੰ ਤਬਾਹ ਕੀਤਾ ਗਿਆ, ਬ੍ਰਿਟਿਸ਼ ਰਾਜ ਵਿੱਚ ਵੀ ਇਸ ਉੱਤੇ ਕਈ ਹਮਲੇ ਹੋਏ। 1984 ਵਿੱਚ ਆਪਰੇਸ਼ਨ ਬਲੂ ਸਟਾਰ ਵਿੱਚ ਸ੍ਰੀ ਅਕਾਲ ਤਖ਼ਤ ਨੂੰ ਭਾਰੀ ਨੁਕਸਾਨ ਪਹੁੰਚਿਆ ਅਤੇ ਇਸ ਨੂੰ ਮੁੜ ਤੋਂ ਉਸਾਰਿਆ ਗਿਆ ਹੈ। ਹਰ ਵਾਰ ਇਸ ਨੇ ਪੰਥ ਨੂੰ ਏਕਤਾ ਵੱਲ ਲਿਆਂਦਾ। ਅੱਜ ਵੀ ਇਹ ਦੁਨੀਆ ਭਰ ਵਿੱਚ ਰਹਿਣ ਵਾਲੇ ਸਿੱਖਾਂ ਅਤੇ ਪੰਜਾਬੀਆਂ ਲਈ ਸਭ ਤੋਂ ਵੱਡੀ ਸ਼ਕਤੀ ਅਤੇ ਫੈਸਲੇ ਲੈਣ ਵਾਲੀ ਅਥਾਰਿਟੀ ਮੰਨੀ ਜਾਂਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਭਾਰਤੀ ਸੁਪਰੀਮ ਕੋਰਟ ਵੱਲੋਂ ਜੀਵਤ ਜੋਤ ਦਾ ਦਰਜਾ ਦਿੱਤਾ ਗਿਆ ਹੈ। ਇਸ ਲਈ ਅਕਾਲ ਤਖਤ ਇਸ ਧਰਮ ਗ੍ਰੰਥ ਅਤੇ ਪੰਥ ਦੀਆਂ ਮਰਿਆਦਾਵਾਂ ਦਾ ਰਾਖਾ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਦੇ ਬੋਲ ਬਾਣੀ ਅਤੇ ਗੁਰਮਤਿ ਅਨੁਸਾਰ ਫੈਸਲੇ ਲੈਂਦੇ ਹਨ ਪਰ ਆਧੁਨਿਕ ਸਮੇਂ ਵਿੱਚ SGPC, ਰਾਜਨੀਤੀ ਅਤੇ ਕਾਨੂੰਨੀ ਦਖ਼ਲਅੰਦਾਜ਼ੀ ਨੇ ਇਸ ਦੀ ਸਰਬਉੱਚਤਾ ਨੂੰ ਚੁਣੌਤੀਆਂ ਦਿੱਤੀਆਂ ਹਨ। ਗਿਆਨੀ ਰਘਬੀਰ ਸਿੰਘ ਵਰਗੇ ਆਗੂਆਂ ਦੇ ਬਿਆਨ ਅਤੇ ਅਕਾਲੀ ਦਲ ਵਰਗੀਆਂ ਪਾਰਟੀਆਂ ਦੀਆਂ ਪ੍ਰਤੀਕਿਰਿਆਵਾਂ ਇਸੀ ਟਕਰਾਅ ਨੂੰ ਦਰਸਾਉਂਦੀਆਂ ਹਨ।

ਹੁਣ ਤਾਜ਼ਾ ਘਟਨਾਕ੍ਰਮ ਅਤੇ ਬੇਅਦਬੀਆਂ ਦਾ ਮਸਲਾ ਬੇਅਦਬੀਆਂ ਦੀਆਂ ਘਟਨਾਵਾਂ ਪੰਜਾਬ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਹਨ। 2015 ਵਿੱਚ ਬਰਗਾੜੀ ਅਤੇ ਕੋਟਕਪੂਰਾ ਘਟਨਾਵਾਂ ਨੇ ਪੂਰੇ ਪੰਥ ਨੂੰ ਝੰਜੋੜਿਆ ਸੀ। ਉਸ ਵੇਲੇ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੀੜਾਂ ਨਾਲ ਛੇੜਛਾੜ ਅਤੇ ਅਗਨਬਾਜ਼ੀ ਵਰਗੀਆਂ ਘਟਨਾਵਾਂ ਹੋਈਆਂ ਸਨ। ਇਸ ਤੋਂ ਬਾਅਦ ਵੀ ਸੈਂਕੜੇ ਘਟਨਾਵਾਂ ਹੋਈਆਂ ਹਨ। ਅੰਕੜਿਆਂ ਅਨੁਸਾਰ, 2015 ਤੋਂ 2025 ਤੱਕ ਪੰਜਾਬ ਵਿੱਚ 500 ਤੋਂ ਵੱਧ ਬੇਅਦਬੀ ਨਾਲ ਜੁੜੀਆਂ ਘਟਨਾਵਾਂ ਦਰਜ ਹੋਈਆਂ ਹਨ। NCRB ਅਤੇ ਪੰਜਾਬ ਸਰਕਾਰੀ ਰਿਪੋਰਟਾਂ ਮੁਤਾਬਿਕ ਇਹਨਾਂ ਵਿੱਚੋਂ ਬਹੁਤੀਆਂ ਵਿੱਚ ਤਹਿਕੀਕਾਤ ਅਧੂਰੀ ਰਹੀ ਜਾਂ ਮੁਲਜ਼ਮ ਫ਼ਰਾਰ ਰਹੇ ਹਨ।

ਇੱਕ ਰਿਪੋਰਟ ਅਨੁਸਾਰ 2015 ਤੋਂ 2021 ਤੱਕ 272 ਕੇਸ ਦਰਜ ਹੋਏ ਅਤੇ ਸਿਰਫ 12 ਗ੍ਰਿਫਤਾਰੀਆਂ ਹੋਈਆਂ। 2017 ਤੋਂ 2020 ਤੱਕ 721 ਕੇਸ ਰਿਪੋਰਟ ਹੋਏ। ਇਹ ਅੰਕੜੇ ਦਰਸਾਉਂਦੇ ਹਨ ਕਿ ਧਾਰਮਿਕ ਅਪਰਾਧ ਸਿਰਫ ਧਰਮ ਨਾਲ ਨਹੀਂ, ਬਲਕਿ ਸਮਾਜਿਕ ਸਥਿਰਤਾ, ਰਾਜਨੀਤੀ ਅਤੇ ਪ੍ਰਸ਼ਾਸਨਿਕ ਅਸਫਲਤਾ ਨਾਲ ਵੀ ਜੁੜੇ ਹੋਏ ਹਨ। ਗਿਆਨੀ ਰਘਬੀਰ ਸਿੰਘ ਵੱਲੋਂ SIT ਅੱਗੇ ਬਿਆਨ ਦੇਣਾ ਇੱਕ ਨਾਗਰਿਕ ਵਜੋਂ ਜ਼ਿੰਮੇਵਾਰੀ ਹੋ ਸਕਦਾ ਹੈ, ਖਾਸ ਕਰਕੇ ਬਹਿਬਲ ਕਲਾਂ ਗੋਲੀਕਾਂਡ ਵਰਗੇ ਮਾਮਲਿਆਂ ਵਿੱਚ ਪਰ ਅਕਾਲੀ ਦਲ ਨੇ ਇਸ ਨੂੰ ਸ੍ਰੀ ਅਕਾਲ ਤਖ਼ਤ ਦੀ ਅਥਾਰਿਟੀ ਉੱਤੇ ਹਮਲਾ ਦੱਸਿਆ ਹੈ। ਅੱਜ ਉਨ੍ਹਾਂ ਦਾ ਕਹਿਣਾ ਹੈ ਕਿ ਸ੍ਰੀ ਅਕਾਲ ਤਖ਼ਤ ਦਾ ਜਥੇਦਾਰ ਅਜਿਹੇ ਮਾਮਲਿਆਂ ਵਿੱਚ ਕਾਨੂੰਨੀ ਅਦਾਲਤਾਂ ਵੱਲ ਨਾ ਜਾਵੇ, ਬਲਕਿ ਪੰਥਕ ਰਵਾਇਤਾਂ ਅਨੁਸਾਰ ਫੈਸਲਾ ਲੈਵੇ। ਇਸ ਤੋਂ ਉਲਟ, ਕੁਝ ਆਗੂ ਇਸ ਨੂੰ ਖੁਲਾਸੇ ਅਤੇ ਨਿਆਂ ਲਈ ਜ਼ਰੂਰੀ ਕਦਮ ਮੰਨਦੇ ਹਨ। ਗਿਆਨੀ ਰਘਬੀਰ ਸਿੰਘ ਨੇ ਦਸੰਬਰ 2024 ਵਿੱਚ ਅਕਾਲ ਤਖਤ ਤੋਂ ਸੁਖਬੀਰ ਬਾਦਲ ਅਤੇ ਹੋਰ ਅਕਾਲੀ ਆਗੂਆਂ ਨੂੰ ਤਨਖਾਹੀਆ ਐਲਾਨ ਕੀਤਾ ਸੀ ਅਤੇ ਉਨ੍ਹਾਂ ਤੋਂ ਮੁਆਫ਼ੀ ਮੰਗਵਾਈ ਸੀ। ਇਸ ਤੋਂ ਬਾਅਦ SGPC ਵੱਲੋਂ ਉਨ੍ਹਾਂ ਨੂੰ ਹਟਾਉਣ ਵਰਗੀਆਂ ਘਟਨਾਵਾਂ ਨੇ ਵਿਵਾਦ ਵਧਾਇਆ ਅਤੇ ਉਨ੍ਹਾਂ ਨੇ SGPC ਵਿੱਚ ਭ੍ਰਿਸ਼ਟਾਚਾਰ ਦੇ ਇਲਜ਼ਾਮ ਵੀ ਲਗਾਏ ਅਤੇ ਹਾਈਕੋਰਟ ਵਿੱਚ ਅਰਜ਼ੀ ਵੀ ਦਾਇਰ ਕੀਤੀ। ਇਹ ਸਭ ਅੰਦਰੂਨੀ ਖਿਚੋਤਾਣ ਨੂੰ ਉਜਾਗਰ ਕਰਦਾ ਹੈ। ਅੱਜ ਅਕਾਲੀ ਦਲ ਦਾ ਰੁਖ ਅਤੇ ਰਾਜਨੀਤਿਕ ਪਿਛੋਕੜ ਅਕਾਲੀ ਦਲ ਨੇ ਇਸ ਬਿਆਨ ਨੂੰ ਸਿੱਖ ਮਾਮਲਿਆਂ ਵਿੱਚ ਦਖਲ ਅਤੇ ਸ੍ਰੀ ਅਕਾਲ ਤਖ਼ਤ ਦੀ ਸਰਬਉੱਚਤਾ ਉੱਤੇ ਹਮਲਾ ਦੱਸਿਆ। ਉਨ੍ਹਾਂ ਅਨੁਸਾਰ, ਅਕਾਲ ਤਖਤ ਦਾ ਫੈਸਲਾ ਕਿਸੇ ਅਦਾਲਤ ਵਿੱਚ ਚੈਲੇਂਜ ਨਹੀਂ ਹੋਣਾ ਚਾਹੀਦਾ ਹੈ। ਇਹ ਰੁਖ ਇਤਿਹਾਸਕ ਹੈ ਕਿਉਂਕਿ ਅਕਾਲੀਆਂ ਨੇ ਹਮੇਸ਼ਾ ਸ਼੍ਰੋਮਣੀ ਕਮੇਟੀ ਨੂੰ ਆਪਣੀ ਰਾਜਨੀਤਿਕ ਅਧਾਰ ਵਜੋਂ ਵਰਤਿਆ ਹੈ ਪਰ ਇਸ ਵਾਰ ਇਸ ਨੂੰ ਅੰਦਰੂਨੀ ਵਿਵਾਦਾਂ (ਜਿਵੇਂ ਸੁਖਬੀਰ ਬਾਦਲ ਉੱਤੇ ਤਨਖਾਹੀਆ ਘੋਸ਼ਣਾ ਅਤੇ ਬਾਅਦ ਵਿੱਚ ਵਾਪਸੀ) ਨਾਲ ਵੀ ਜੋੜਿਆ ਜਾ ਰਿਹਾ ਹੈ। ਕਮੇਟੀ ਵੱਲੋਂ ਜਥੇਦਾਰਾਂ ਨੂੰ ਹਟਾਉਣ ਵਰਗੀਆਂ ਘਟਨਾਵਾਂ ਨੇ ਇਸ ਵਿਵਾਦ ਨੂੰ ਹੋਰ ਗੁੰਝਲਦਾਰ ਬਣਾਇਆ ਹੈ। ਇਹ ਦਰਸਾਉਂਦਾ ਹੈ ਕਿ ਧਾਰਮਿਕ ਸੰਸਥਾਵਾਂ ਵਿੱਚ ਰਾਜਨੀਤਿਕ ਪ੍ਰਭਾਵ ਵਧ ਰਿਹਾ ਹੈ, ਜੋ ਪੰਥ ਲਈ ਚਿੰਤਾ ਵਾਲੀ ਗੱਲ ਹੈ। ਕੱਲ੍ਹ ਅਕਾਲੀ ਦਲ ਨੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਿੱਖਾਂ ਅਤੇ ਦੁਨੀਆ ਭਰ ਵਿੱਚ ਬੈਠੇ ਪੰਜਾਬੀਆਂ ਲਈ ਸਭ ਤੋਂ ਵੱਡੀ ਸ਼ਕਤੀ ਹੈ ਅਤੇ ਇਸ ਉੱਤੇ ਕਾਨੂੰਨੀ ਦਖ਼ਲ ਨਹੀਂ ਹੋਣਾ ਚਾਹੀਦਾ ਹੈ। ਅੱਜ ਚੁਣੌਤੀਆਂ ਅਤੇ ਸੰਭਾਵੀ ਪ੍ਰਭਾਵ ਹੁਣ ਇਸ ਮਸਲੇ ਵਿੱਚ ਕਈ ਚੁਣੌਤੀਆਂ ਹਨ।

ਅੱਜ ਸਰਬਉੱਚਤਾ ਉੱਤੇ ਚੁਣੌਤੀ ਹੈ ਜਦੋਂ ਜਥੇਦਾਰ ਅਦਾਲਤੀ ਪ੍ਰਕਿਰਿਆ ਵਿੱਚ ਸ਼ਾਮਲ ਹੁੰਦਾ ਹੈ ਤਾਂ ਇਸ ਨੂੰ ਸ੍ਰੀ ਅਕਾਲ ਤਖ਼ਤ ਦੀ ਅਜ਼ਾਦੀ ਉੱਤੇ ਹਮਲਾ ਵਜੋਂ ਵੇਖਿਆ ਜਾਂਦਾ ਹੈ। ਇਸ ਨਾਲ ਪੰਥ ਵਿੱਚ ਵਿਭਾਜਨ ਵਧ ਸਕਦਾ ਹੈ। ਅੱਜ ਧਾਰਮਿਕ ਏਕਤਾ ਬੇਅਦਬੀਆਂ ਵਰਗੇ ਮੁੱਦੇ ਉੱਤੇ ਏਕਤਾ ਲੋੜੀਂਦੀ ਹੈ, ਨਾ ਕਿ ਰਾਜਨੀਤੀ। ਅੱਜ ਵੱਖ-ਵੱਖ ਜਥੇਬੰਦੀਆਂ ਵਿਚਾਲੇ ਮਤਭੇਦ ਇਸ ਨੂੰ ਹੋਰ ਗੰਭੀਰ ਬਣਾਉਂਦੇ ਹਨ ਅਤੇ ਕਾਨੂੰਨੀ ਧਾਰਮਿਕ ਅਧਿਕਾਰ ਭਾਰਤੀ ਸੰਵਿਧਾਨ ਧਰਮ ਦੀ ਆਜ਼ਾਦੀ ਦਿੰਦਾ ਹੈ (ਆਰਟੀਕਲ 25-26), ਪਰ ਅਪਰਾਧ ਲਈ ਕਾਨੂੰਨ ਲਾਗੂ ਹੁੰਦਾ ਹੈ। ਅੱਜ ਇਸ ਵਿਚਾਲੇ ਸੰਤੁਲਨ ਲੱਭਣਾ ਚੁਣੌਤੀ ਹੈ। ਪੰਜਾਬ ਸਰਕਾਰ ਵੱਲੋਂ ਐਂਟੀ-ਬੇਅਦਬੀ ਬਿੱਲ ਲਿਆਂਦਾ ਗਿਆ ਹੈ ਜਿਸ ਵਿੱਚ ਅਨੁਸਾਰ ਸਖਤ ਸਜ਼ਾਵਾਂ ਦੀ ਗੱਲ ਹੈ, ਪਰ ਇਸ ਉੱਤੇ ਵੀ ਵਿਵਾਦ ਹੈ। ਅੱਜ ਪੰਜਾਬੀਆਂ ਅਤੇ ਵਿਦੇਸ਼ੀ ਸਿੱਖਾਂ ਉੱਤੇ ਪ੍ਰਭਾਵ ਅਧੀਨ ਦੁਨੀਆ ਭਰ ਵਿੱਚ ਰਹਿਣ ਵਾਲੇ ਪੰਜਾਬੀਆਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਏਕਤਾ ਦਾ ਪ੍ਰਤੀਕ ਹੈ। ਇਸ ਦੀ ਕਮਜ਼ੋਰੀ ਨਾਲ ਉਨ੍ਹਾਂ ਦਾ ਵਿਸ਼ਵਾਸ ਘੱਟ ਸਕਦਾ ਹੈ। ਗੁਰਦੁਆਰਾ ਪ੍ਰਬੰਧਨ ਵਿੱਚ ਸੁਧਾਰ ਅਤੇ ਵਿਦੇਸ਼ੀ ਸਿੱਖ ਸੰਸਥਾਵਾਂ ਨਾਲ ਤਾਲਮੇਲ ਦੀ ਲੋੜ ਹੈ। ਅੱਜ ਬੇਅਦਬੀਆਂ ਖਿਲਾਫ ਸ੍ਰੀ ਅਕਾਲ ਤਖ਼ਤ ਨੇ ਵਾਰ-ਵਾਰ ਨੋਟਿਸ ਲਿਆ ਹੈ ਅਤੇ ਕਾਨੂੰਨ ਵਿੱਚ ਤਬਦੀਲੀਆਂ ਦੀ ਮੰਗ ਵੀ ਕੀਤੀ ਹੈ। ਇਸ ਤਰ੍ਹਾਂ ਦੀਆਂ ਮੰਗਾਂ ਸਿੱਖ ਭਾਵਨਾਵਾਂ ਨੂੰ ਸੁਰੱਖਿਅਤ ਰੱਖਣ ਲਈ ਹਨ, ਪਰ ਇਹਨਾਂ ਨੂੰ ਰਾਜਨੀਤੀਕਰਨ ਵੀ ਕੀਤਾ ਜਾ ਰਿਹਾ ਹੈ। ਅੱਜ ਇਹ ਮਿਸਾਲੀ ਫੈਸਲੇ ਲਈ ਸੁਝਾਅ ਅਤੇ ਸਬਕ ਗਿਆਨੀ ਕੁਲਦੀਪ ਸਿੰਘ ਗੜਗੱਜ ਵਰਗੇ ਮੌਜੂਦਾ ਜਥੇਦਾਰਾਂ ਨੂੰ ਇਸ ਮਸਲੇ ਉੱਤੇ ਵਿਚਾਰ ਕਰਕੇ ਮਿਸਾਲੀ ਫੈਸਲਾ ਲੈਣਾ ਚਾਹੀਦਾ ਹੈ ਕਿ ਅਕਾਲ ਤਖਤ ਅਤੇ SGPC ਵਿਚਾਲੇ ਖੁੱਲ੍ਹੀ ਚਰਚਾ ਅਤੇ ਸੁਧਾਰ। ਬੇਅਦਬੀ ਖਿਲਾਫ ਇੱਕ ਏਕੀਕ੍ਰਿਤ ਪੰਥਕ ਰਣਨੀਤੀ ਬਣਾਉਣਾ ਅਤੇ ਰਾਜਨੀਤੀ ਤੋਂ ਉਪਰ ਉਠ ਕੇ ਧਰਮ ਨੂੰ ਤਰਜੀਹ ਦੇਣਾ। ਗੁਰਦੁਆਰਾ ਪ੍ਰਬੰਧਨ ਵਿੱਚ ਸੁਧਾਰ, ਸੇਵਾਦਾਰਾਂ ਦੀ ਤਾਲੀਮ ਅਤੇ ਸੁਰੱਖਿਆ ਵਧਾਉਣਾ। ਵਿਦੇਸ਼ੀ ਸਿੱਖ ਸੰਸਥਾਵਾਂ ਨਾਲ ਤਾਲਮੇਲ ਅਤੇ ਪੰਥਕ ਏਕਤਾ ਲਈ ਯਤਨ ਕਰਨੇ ਚਾਹੀਦੇ ਹਨ। ਅੱਜ ਸਿੱਖ ਪੰਥ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਗੁਰੂ ਨਾਨਕ ਪਾਤਸ਼ਾਹ ਜੀ ਨੇ ਭੇਦਭਾਵ ਤੋਂ ਉਪਰ ਉਠ ਕੇ ਏਕਤਾ ਦਾ ਸੰਦੇਸ਼ ਦਿੱਤਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਇੱਕੋ ਗੁਰੂ ਹਨ ਅਤੇ ਸ੍ਰੀ ਅਕਾਲ ਤਖਤ ਇਸ ਏਕਤਾ ਦਾ ਕੇਂਦਰ ਰਹੇ। ਇਸ ਲਈ ਸਾਰੀਆਂ ਧਿਰਾਂ ਨੂੰ ਗੁਰਮਤਿ ਅਨੁਸਾਰ ਚੱਲਣਾ ਚਾਹੀਦਾ ਹੈ। ਇਸ ਮਸਲੇ ਤੋਂ ਲੈ ਕੇ ਸਬਕ ਲੈਣਾ ਚਾਹੀਦਾ ਹੈ ਕਿ ਧਾਰਮਿਕ ਸੰਸਥਾਵਾਂ ਨੂੰ ਰਾਜਨੀਤੀ ਤੋਂ ਉਪਰ ਰੱਖਿਆ ਜਾਵੇ। ਅੱਜ ਬੇਅਦਬੀਆਂ ਵਰਗੇ ਮੁੱਦਿਆਂ ਉੱਤੇ ਤੇਜ਼ੀ ਨਾਲ ਨਿਆਂ ਅਤੇ ਪ੍ਰਬੰਧਕੀ ਸੁਧਾਰ ਲਿਆਉਣਾ ਲਾਜ਼ਮੀ ਹੈ। ਇਸ ਨਾਲ ਹੀ ਸਿੱਖ ਪੰਥ ਅਤੇ ਅਕਾਲ ਤਖਤ ਦੀ ਸਰਬਉੱਚਤਾ ਮਜ਼ਬੂਤ ਰਹੇਗੀ। ਅੱਜ ਪੰਥ ਦੀ ਏਕਤਾ ਅਤੇ ਧਰਮ ਦੀ ਰਾਖੀ ਲਈ ਸਭ ਨੂੰ ਗੁਰੂ ਬਾਣੀ ਵੱਲ ਮੁੜਨ ਦੀ ਲੋੜ ਹੈ।

ਬ੍ਰਿਕਸ ਅਤੇ ਖੇਤੀਬਾੜੀ ਵਪਾਰ ਦੀ ਨਵੀਂ ਦਿਸ਼ਾ

ਐਮ.ਐਲ. ਜਾਟ ਅਤੇ ਸਮਿਤਾ ਸਿਰੋਹੀ

ਭਾਰਤ 2026 ਵਿੱਚ ਬ੍ਰਿਕਸ ਦੀ ਪ੍ਰਧਾਨਗੀ ਅਜਿਹੇ ਸਮੇਂ ਵਿੱਚ ਕਰ ਰਿਹਾ ਹੈ ਜਦੋਂ ਖੇਤੀਬਾੜੀ ਵਪਾਰ ਦੀ ਚਰਚਾ ਸਿਰਫ਼ ਟੈਰਿਫ ਅਤੇ ਮਾਰਕਿਟ ਪਹੁੰਚ ਤੱਕ ਸੀਮਤ ਨਹੀਂ ਰਹਿ ਗਈ ਹੈ। ਜਲਵਾਯੂ ਸੰਕਟ, ਖੁਰਾਕ ਕੀਮਤਾਂ ਵਿੱਚ ਉਤਰਾਅ-ਚੜ੍ਹਾਅ, ਖਾਦਾਂ ਦੀ ਸਪਲਾਈ ਵਿੱਚ ਰੁਕਾਵਟ, ਟਿਕਾਊ ਉਤਪਾਦਨ ਨਾਲ ਜੁੜੇ ਮਿਆਰ, ਉਤਪਾਦ ਦੇ ਸਰੋਤ ਅਤੇ ਗੁਣਵੱਤਾ ਦੀ ਡਿਜੀਟਲ ਜਾਣਕਾਰੀ ਅਤੇ ਸੰਕਟ ਦੇ ਸਮੇਂ ਬਜ਼ਾਰਾਂ ਨੂੰ ਖੁੱਲ੍ਹਾ ਰੱਖਣ ਦੀ ਲੋੜ ਹੁਣ ਖੇਤੀਬਾੜੀ ਵਪਾਰ ਦੇ ਅਹਿਮ ਮੁੱਦੇ ਬਣ ਚੁੱਕੇ ਹਨ।

ਖੇਤੀਬਾੜੀ ਕਿਉਂ ਮਹੱਤਵਪੂਰਨ ਹੈ: ਬ੍ਰਿਕਸ ਦੇ ਵਿਸਤਾਰ ਤੋਂ ਬਾਅਦ ਇਹ ਸਮੂਹ ਹੁਣ ਦੁਨੀਆ ਦੀ ਲਗਭਗ ਅੱਧੀ ਆਬਾਦੀ, ਗਲੋਬਲ ਜੀਡੀਪੀ ਦੇ ਲਗਭਗ 40% ਅਤੇ ਆਲਮੀ ਵਪਾਰ ਦੇ ਲਗਭਗ ਇੱਕ ਚੌਥਾਈ ਹਿੱਸੇ ਦੀ ਪ੍ਰਤੀਨਿੱਧਤਾ ਕਰਦਾ ਹੈ। ਸੰਯੁਕਤ ਰਾਸ਼ਟਰ ਦੀ ਵਪਾਰ ਅਤੇ ਵਿਕਾਸ ਸੰਸਥਾ, ਅੰਕਟਾਡ ਦੇ ਹਾਲੀਆ ਮੁਲਾਂਕਣ ਦੇ ਮੁਤਾਬਕ, ਬ੍ਰਿਕਸ ਦੇਸ਼ਾਂ ਦਰਮਿਆਨ ਵਸਤਾਂ ਦਾ ਵਪਾਰ 2003 ਤੋਂ ਬਾਅਦ ਤੇਰ੍ਹਾਂ ਗੁਣਾ ਤੋਂ ਜ਼ਿਆਦਾ ਵਧਿਆ ਹੈ ਅਤੇ 2024 ਵਿੱਚ 1.17 ਟ੍ਰਿਲੀਅਨ ਅਮਰੀਕੀ ਡਾਲਰ ਤੱਕ ਪਹੁੰਚ ਗਿਆ। ਖੇਤੀਬਾੜੀ ਇਸ ਵੱਡੇ ਵਪਾਰਕ ਦ੍ਰਿਸ਼ ਦਾ ਸਿਰਫ਼ ਇੱਕ ਹਿੱਸਾ ਹੋ ਸਕਦੀ ਹੈ, ਪਰ ਰਾਜਨੀਤਿਕ ਅਤੇ ਸਮਾਜਿਕ ਦ੍ਰਿਸ਼ਟੀ ਪੱਖੋਂ ਇਹ ਸਭ ਤੋਂ ਸੰਵੇਦਨਸ਼ੀਲ ਖੇਤਰਾਂ ਵਿੱਚ ਹੈ। ਜਦੋਂ ਭੋਜਨ ਪਦਾਰਥ ਮਹਿੰਗੇ ਹੁੰਦੇ ਹਨ, ਖਾਦਾਂ ਦੀ ਸਪਲਾਈ ਰੁਕਦੀ ਹੈ ਤਾਂ ਸਮੁੰਦਰੀ ਮਾਰਗਾਂ ਵਿੱਚ ਅਨਿਸ਼ਚਿਤਤਾ ਆਉਂਦੀ ਹੈ, ਤਾਂ ਇਸ ਦਾ ਸਿੱਧਾ ਅਸਰ ਕਿਸਾਨਾਂ, ਉਪਭੋਗਤਾਵਾਂ ਅਤੇ ਸਰਕਾਰਾਂ ਉੱਪਰ ਪੈਂਦਾ ਹੈ। ਇਸ ਲਈ ਖੇਤੀਬਾੜੀ ਭਾਰਤ ਦੀ ਬ੍ਰਿਕਸ ਪ੍ਰਧਾਨਗੀ ਦੇ ਸਭ ਤੋਂ ਮਹੱਤਵਪੂਰਨ ਖੇਤਰਾਂ ਵਿੱਚੋਂ ਇੱਕ ਹੈ।

ਬ੍ਰਿਕਸ ਦੇਸ਼ਾਂ ਦਰਮਿਆਨ ਖੇਤੀਬਾੜੀ ਦੇ ਖੇਤਰ ਵਿੱਚ ਕਈ ਤਰ੍ਹਾਂ ਦੀਆਂ ਪੂਰਕਤਾਵਾਂ ਹਨ। ਬ੍ਰਾਜ਼ੀਲ ਸੋਇਆਬੀਨ, ਮਾਸ ਅਤੇ ਚੀਨੀ ਦਾ ਵੱਡਾ ਨਿਰਯਾਤਕ ਹੈ। ਰੂਸ ਅਨਾਜ ਅਤੇ ਖਾਦਾਂ ਵਿੱਚ ਮਹੱਤਵਪੂਰਨ ਭੂਮਿਕਾ ਰੱਖਦਾ ਹੈ। ਭਾਰਤ ਚੌਲ, ਸਮੁੰਦਰੀ ਉਤਪਾਦ, ਮਸਾਲੇ, ਮੱਝ ਦੇ ਮਾਸ ਅਤੇ ਛੋਟੇ ਕਿਸਾਨਾਂ ਨਾਲ ਜੁੜੀਆਂ ਕਈ ਖੇਤੀਬਾੜੀ ਦੀਆਂ ਵਸਤੂਆਂ ਵਿੱਚ ਮਜ਼ਬੂਤ ਸਥਿਤੀ ਰੱਖਦਾ ਹੈ। ਚੀਨ ਭੋਜਨ ਪਦਾਰਥਾਂ ਦਾ ਵੱਡਾ ਆਯਾਤਕ ਅਤੇ ਪ੍ਰੋਸੈਸਿੰਗ ਕਰਨ ਵਾਲਾ ਦੇਸ਼ ਹੈ। ਦੱਖਣੀ ਅਫਰੀਕਾ ਇਸ ਸਮੂਹ ਨੂੰ ਅਫਰੀਕਾ ਦੇ ਮਹੱਤਵਪੂਰਨ ਐਗਰੀ-ਫੂਡ ਮਾਰਕਿਟਾਂ ਨਾਲ ਜੋੜਦਾ ਹੈ। ਨਵੇਂ ਮੈਂਬਰ ਵੀ ਇਸ ਵਿੱਚ ਨਵੇਂ ਆਯਾਮ ਜੋੜਦੇ ਹਨ। ਸੰਯੁਕਤ ਅਰਬ ਅਮੀਰਾਤ ਅਤੇ ਸਾਊਦੀ ਅਰਬ ਲੌਜਿਸਟਿਕਸ, ਵਿੱਤ ਅਤੇ ਭੋਜਨ ਸੁਰੱਖਿਆ ਨਿਵੇਸ਼ ਦੇ ਲਿਹਾਜ ਨਾਲ ਮਹੱਤਵਪੂਰਨ ਹਨ। ਮਿਸਰ ਅਤੇ ਇਥੀਯੋਪੀਆ ਅਫਰੀਕਾ ਦੀ ਭੋਜਨ ਪ੍ਰਣਾਲੀ ਨਾਲ ਜੁੜੀਆਂ ਚਿੰਤਾਵਾਂ ਨੂੰ ਸਾਹਮਣੇ ਲਿਆਉਂਦੇ ਹਨ, ਜਦਕਿ ਇੰਡੋਨੇਸ਼ੀਆ ਪਾਮ ਆਇਲ, ਮੱਛੀ ਖੇਤਰ ਅਤੇ ਇਹ ਗਰਮ ਖੰਡੀ ਖੇਤੀਬਾੜੀ ਦੀ ਤਾਕਤ ਨੂੰ ਵਧਾਉਂਦਾ ਹੈ।

ਆਪਸੀ ਤਾਕਤਾਂ ਨੂੰ ਠੋਸ ਵਿਵਸਥਾ ਵਿੱਚ ਬਦਲਣਾ: ਪਰੰਤੂ ਸਿਰਫ਼ ਵੱਡੇ ਪੈਮਾਨੇ ਅਤੇ ਆਪਸੀ ਤਾਕਤਾਂ ਦੇ ਮੇਲ ਨਾਲ ਆਪਣੇ-ਆਪ ਮਜ਼ਬੂਤ ਵਪਾਰ ਵਿਵਸਥਾ ਨਹੀਂ ਬਣਦੀ। ਆਉਣ ਵਾਲੀ ਬ੍ਰਿਕਸ ਖੇਤੀਬਾੜੀ ਮੰਤਰੀਆਂ ਦੀ ਬੈਠਕ ਭਾਰਤ ਨੂੰ ਇਹ ਮੌਕਾ ਦਿੰਦੀ ਹੈ ਕਿ ਉਹ ਸਹਿਯੋਗ ਨੂੰ ਕੁਝ ਠੋਸ ਦਿਸ਼ਾਵਾਂ ਵਿੱਚ ਅੱਗੇ ਵਧਾਉਣ। ਇਨ੍ਹਾਂ ਵਿੱਚ ਭਰੋਸੇਮੰਦ ਵਪਾਰ ਵਿਵਸਥਾ, ਬੀਜ, ਖਾਦ ਅਤੇ ਹੋਰ ਉਤਪਾਦਨ ਸਮੱਗਰੀ ਦੀ ਮਜ਼ਬੂਤ ਸਪਲਾਈ ਚੇਨ, ਬਿਹਤਰ ਬਜ਼ਾਰ ਜਾਣਕਾਰੀ ਅਤੇ ਅਜਿਹੀਆਂ ਵੈਲਿਊ ਚੇਨਾਂ ਸ਼ਾਮਲ ਹਨ, ਜਿਨ੍ਹਾਂ ਵਿੱਚ ਛੋਟੇ ਕਿਸਾਨਾਂ, ਮਹਿਲਾਵਾਂ ਅਤੇ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਹੋਵੇ। ਭਰੋਸੇਮੰਦ ਵਪਾਰ ਵਿਵਸਥਾ ਨੂੰ ਸ਼ੁਰੂਆਤੀ ਤਰਜੀਹ ਮਿਲਣੀ ਚਾਹੀਦੀ ਹੈ। ਖੇਤੀਬਾੜੀ ਵਪਾਰ ਵਿੱਚ ਸਿਰਫ਼ ਮਾਲ ਭੇਜਣਾ ਹੀ ਕਾਫੀ ਨਹੀਂ ਹੈ; ਇਹ ਵੀ ਓਨਾ ਹੀ ਜ਼ਰੂਰੀ ਹੈ ਕਿ ਉਤਪਾਦ ਦੀ ਗੁਣਵੱਤਾ, ਸੁਰੱਖਿਆ ਅਤੇ ਸਰੋਤ ’ਤੇ ਭਰੋਸਾ ਹੋਵੇ। ਖੇਤੀਬਾੜੀ ਵਪਾਰ ਸੁਵਿਧਾ ’ਤੇ 2024 ਦੇ ਬ੍ਰਿਕਸ ਸਿਧਾਂਤ ਪਹਿਲਾਂ ਹੀ ਖੁਰਾਕ ਸੁਰੱਖਿਆ, ਪਸ਼ੂ-ਪੌਦ ਸਿਹਤ ਅਤੇ ਤਕਨੀਕੀ ਮਿਆਰਾਂ ਨਾਲ ਜੁੜੇ ਸਹਿਯੋਗ, ਇੱਕ -ਦੂਜੇ ਦੇ ਮਾਪਦੰਡਾਂ ਨੂੰ ਸਵੀਕਾਰ ਕਰਨ ਦੀ ਵਿਵਸਥਾ, ਘੱਟ ਵਪਾਰ ਲਾਗਤ ਅਤੇ ਡਿਜੀਟਲ ਵਪਾਰ ਸੁਵਿਧਾ ਵਰਗੇ ਬੁਨਿਆਦੀ ਮੁੱਦਿਆਂ ਨੂੰ ਮਾਨਤਾ ਦਿੰਦੇ ਹਨ। ਭਾਰਤ ਇਸ ਏਜੰਡਾ ਨੂੰ ਅੱਗੇ ਵਧਾਉਂਦੇ ਹੋਏ ਡਿਜੀਟਲ ਸਰਟੀਫਿਕੇਟਾਂ, ਉਤਪਾਦ ਦੇ ਸਰੋਤ ਅਤੇ ਗੁਣਵੱਤਾ ਦੀ ਭਰੋਸੇਮੰਦ ਡਿਜੀਟਲ ਜਾਣਕਾਰੀ, ਰੈਗੂਲੇਟਰਾਂ ਵਿਚਕਾਰ ਤਿੱਖੀ ਗੱਲਬਾਤ ਅਤੇ ਉਤਪਾਦਕਾਂ ਅਤੇ ਨਿਰਯਾਤਕਾਂ ਦੀ ਸਮਰੱਥਾ ਨਿਰਮਾਣ ’ਤੇ ਜ਼ੋਰ ਦੇ ਸਕਦਾ ਹੈ।

ਦੂਜੀ ਤਰਜੀਹ ਮਜ਼ਬੂਤ ਸਪਲਾਈ ਚੇਨ ਹੋਣੀ ਚਾਹੀਦੀ ਹੈ। ਭੋਜਨ ਵਪਾਰ ਨੂੰ ਖਾਦ, ਊਰਜਾ, ਪਸ਼ੂ ਆਹਾਰ, ਬੀਜ, ਢੁਆਈ-ਭੰਡਾਰਣ ਅਤੇ ਵਿੱਤ ਤੋਂ ਵੱਖ ਕਰਕੇ ਨਹੀਂ ਦੇਖਿਆ ਜਾ ਸਕਦਾ। ਭਾਰਤ ਲਈ ਇਹ ਕੋਈ ਦੂਰ ਦੀ ਚਿੰਤਾ ਨਹੀਂ ਹੈ। ਉਸ ਦੇ ਖਾਦ ਅਤੇ ਊਰਜਾ ਆਯਾਤ ਦਾ ਅੱਧੇ ਤੋਂ ਵੱਧ ਦਾ ਹਿੱਸਾ ਬ੍ਰਿਕਸ ਦੇਸ਼ਾਂ ਤੋਂ ਆਉਂਦਾ ਹੈ। ਇਸ ਲਈ ਉਤਪਾਦਨ ਸਮੱਗਰੀ ਦੀ ਸੁਰੱਖਿਆ ਸਿੱਧੇ ਖੇਤੀਬਾੜੀ ਦੀ ਮਜ਼ਬੂਤੀ ਨਾਲ ਜੁੜੀ ਹੋਈ ਹੈ। ਪੱਛਮੀ ਏਸ਼ੀਆ ਦੇ ਹਾਲੀਆ ਸੰਕਟਾਂ ਨੇ ਦਿਖਾਇਆ ਹੈ ਕਿ ਭੋਜਨ ਪਦਾਰਥਾਂ ਅਦੇ ਬਜ਼ਾਰ ਤੱਕ ਪਹੁੰਚਣ ਨਾਲ ਪਹਿਲਾਂ ਹੀ ਉਤਪਾਦਨ ਪ੍ਰਭਾਵਿਤ ਹੋ ਸਕਦਾ ਹੈ। ਇਸ ਲਈ ਬ੍ਰਿਕਸ ਸਹਿਯੋਗ ਵਿੱਚ ਖਾਦਾਂ ਅਤੇ ਹੋਰ ਉਤਪਾਦਨ ਸਮੱਗਰੀ ਦੇ ਬਜ਼ਾਰਾਂ ਲਈ ਪਹਿਲਾਂ ਤੋਂ ਚੇਤਾਵਨੀ ਪ੍ਰਣਾਲੀ, ਭੰਡਾਰ ਅਤੇ ਕੀਮਤਾਂ ’ਤੇ ਪਾਰਦਰਸ਼ੀ ਜਾਣਕਾਰੀ ਅਤੇ ਜ਼ਰੂਰੀ ਖੇਤੀਬਾੜੀ ਸਮੱਗਰੀ ਦੀ ਸਪਲਾਈ ਵਿੱਚ ਅਚਾਨਕ ਆਉਣ ਵਾਲੀਆਂ ਰੁਕਾਵਟਾਂ ਨੂੰ ਘਟਾਉਣ ਦੀ ਵਿਵਸਥਾ ਸ਼ਾਮਲ ਹੋਣੀ ਚਾਹੀਦੀ ਹੈ।

ਤੀਜੀ ਤਰਜੀਹ ਬਿਹਤਰ ਬਜ਼ਾਰ ਜਾਣਕਾਰੀ ਹੈ। ਬ੍ਰਿਕਸ ਅਨਾਜ ਵਟਾਂਦਰੇ ਦਾ ਵਿਚਾਰ ਇਸ ਗੱਲ ਦੀ ਲੋੜ ਨੂੰ ਦਰਸਾਉਂਦਾ ਹੈ ਕਿ ਭੋਜਨ ਬਜ਼ਾਰਾਂ ਵਿੱਚ ਵਧੇਰੇ ਪਾਰਦਰਸ਼ਿਤਾ, ਬਿਹਤਰ ਕੀਮਤ ਸੰਕੇਤ ਅਤੇ ਭੋਜਨ ਸੁਰੱਖਿਆ ਦੀ ਤਿਆਰੀ ਹੋਣੀ ਚਾਹੀਦੀ ਹੈ। ਭਾਰਤ ਇਸ ਦਿਸ਼ਾ ਵਿੱਚ ਬ੍ਰਿਕਸ ਖੇਤੀਬਾੜੀ ਖੋਜ ਮੰਚ ਅੰਦਰ ਖੇਤੀਬਾੜੀ ਬਜ਼ਾਰ ਜਾਣਕਾਰੀ ਨਾਲ ਜੁੜੀ ਇੱਕ ਵਿਵਸਥਾ ਦਾ ਮਤਾ ਰੱਖ ਸਕਦਾ ਹੈ। ਇਹ ਮੰਚ ਪਹਿਲਾਂ ਤੋਂ ਹੀ ‘ਗਿਆਨ ਨਾਲ ਕਾਰਜ’ ਦੀ ਦਿਸ਼ਾ ਵਿੱਚ ਵਿਕਸਿਤ ਕੀਤਾ ਜਾ ਰਿਹਾ ਹੈ। ਅਜਿਹੀ ਵਿਵਸਥਾ ਖੁਰਾਕ ਭੰਡਾਰ, ਫਸਲ ਦੀ ਸਥਿਤੀ, ਖਾਦਾਂ ਦੀਆਂ ਕੀਮਤਾਂ, ਸ਼ਿਪਿੰਗ ਜੋਖਮਾਂ, ਭੋਜਨ ਸੁਰੱਖਿਆ ਅਤੇ ਪਸ਼ੂ-ਪੌਦ ਸਿਹਤ ਨਾਲ ਜੁੜੇ ਅਲਰਟ ਅਤੇ ਮੁੱਖ ਖੇਤੀਬਾੜੀ ਜਿਨਸਾਂ ਦੇ ਰੁਝਾਨਾਂ ਬਾਰੇ ਨਿਯਮਿਤ ਜਾਣਕਾਰੀ ਦੇ ਸਕਦੀ ਹੈ। ਇਸ ਨਾਲ ਦੇਸ਼ ਸੰਕਟ ਆਉਣ ਤੋਂ ਪਹਿਲਾਂ ਹੀ ਤਿਆਰੀ ਕਰ ਸਕਣਗੇ।

ਵਪਾਰ ਨੂੰ ਕਿਸਾਨ-ਕੇਂਦ੍ਰਿਤ ਬਣਾਉਣਾ: ਚੌਥੀ ਤਰਜੀਹ ਅਜਿਹੀਆਂ ਵੈਲਿਊ ਚੇਨਾਂ ਹੋਣੀਆਂ ਚਾਹੀਦੀਆਂ ਹਨ, ਜਿਨ੍ਹਾਂ ਵਿੱਚ ਛੋਟੇ ਕਿਸਾਨਾਂ, ਮਹਿਲਾਵਾਂ ਅਤੇ ਨੌਜਵਾਨਾਂ ਦੀ ਭਾਗੀਦਾਰੀ ਯਕੀਨੀ ਹੋਵੇ। ਜੇਕਰ ਖੇਤੀਬਾੜੀ ਵਪਾਰ ਸਿਰਫ਼ ਵੱਡੀ ਮਾਤਰਾ ਵਿੱਚ ਅਨਾਜ, ਤੇਲ, ਚੀਨੀ ਜਾਂ ਹੋਰ ਜਿਨਸਾਂ ਦੀ ਖਰੀਦ-ਵਿਕਰੀ ਤੱਕ ਸੀਮਤ ਰਹਿ ਗਿਆ, ਤਾਂ ਉਸ ਨਾਲ ਛੋਟੇ ਕਿਸਾਨਾਂ ਅਤੇ ਪੇਂਡੂ ਪਰਿਵਾਰਾਂ ਨੂੰ ਸੀਮਿਤ ਲਾਭ ਹੀ ਮਿਲੇਗਾ। ਐਗਰੀ-ਫੂਡ ਸਿਸਟਮਸ ਵਿੱਚ ਮਹਿਲਾਵਾਂ ਦੀ ਭੂਮਿਕਾ ’ਤੇ ਆਲਮੀ ਸੰਮੇਲਨ 2026 ਤੋਂ ਨਿਕਲੇ ਦਿੱਲੀ ਐਲਾਨ ਨੇ ਐਗਰੀ-ਫੂਡ ਸਿਸਟਮਸ ਵਿੱਚ ਮਹਿਲਾਵਾਂ ਦੀ ਭੂਮਿਕਾ, ਅਗਵਾਈ ਅਤੇ ਭਾਗੀਦਾਰੀ ਨੂੰ ਕੇਂਦਰ ਵਿੱਚ ਰੱਖਿਆ ਹੈ। ਭਾਰਤ ਇਸ ਭਾਵਨਾ ਨੂੰ ਬ੍ਰਿਕਸ ਦੇ ਖੇਤੀਬਾੜੀ ਵਪਾਰ ਏਜੰਡਾ ਵਿੱਚ ਅੱਗੇ ਵਧਾ ਸਕਦਾ ਹੈ, ਤਾਂ ਜੋ ਛੋਟੇ ਕਿਸਾਨਾਂ, ਖਾਸ ਕਰਕੇ ਮਹਿਲਾ ਕਿਸਾਨਾਂ ਅਤੇ ਪੇਂਡੂ ਨੌਜਵਾਨਾਂ ਨੂੰ ਸਿਰਫ਼ ਬਜ਼ਾਰ ਲਈ ਉਤਪਾਦਨ ਕਰਨ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਉਨ੍ਹਾਂ ਨੂੰ ਵੈਲਿਊ ਚੇਨਾਂ ਵਿੱਚ ਵਧੇਰੇ ਪ੍ਰਭਾਵਸ਼ਾਲੀ ਭਾਗੀਦਾਰੀ ਦਾ ਮੌਕਾ ਮਿਲੇ। ਇਨ੍ਹਾਂ ਤਰਜੀਹਾਂ ਦਾ ਉਦੇਸ਼ ਭੋਜਨ ਪਦਾਰਥਾਂ ਨਾਲ ਜੁੜੇ ਕਿਸੇ ਬੰਦ ਗੁਟ ਦਾ ਨਿਰਮਾਣ ਕਰਨਾ ਨਹੀਂ ਹੈ। ਇਨ੍ਹਾਂ ਦਾ ਉਦੇਸ਼ ਇਹ ਯਕੀਨੀ ਕਰਨਾ ਹੈ ਕਿ ਖੇਤੀਬਾੜੀ ਵਪਾਰ ਇੱਕ ਅਨਿਸ਼ਚਿਤ ਦੁਨੀਆ ਵਿੱਚ ਭੋਜਨ ਸੁਰੱਖਿਆ, ਕਿਸਾਨਾਂ ਅਤੇ ਉਪਭੋਗਤਾਵਾਂ ਲਈ ਬਿਹਤਰ ਢੰਗ ਨਾਲ ਕੰਮ ਕਰੇ। ਭਾਰਤ ਇਸ ਏਜੰਡਾ ਨੂੰ ਆਕਾਰ ਦੇਣ ਦੀ ਦ੍ਰਿਸ਼ਟੀ ਨਾਲ ਸਹੀ ਸਥਿਤੀ ਵਿੱਚ ਹੈ ਕਿਉਂਕਿ ਉਸ ਨੂੰ ਭੋਜਨ ਸੁਰੱਖਿਆ ਦੇ ਪ੍ਰਬੰਧਨ, ਛੋਟੇ ਕਿਸਾਨਾਂ ‘ਤੇ ਅਧਾਰਿਤ ਖੇਤੀਬਾੜੀ, ਡਿਜੀਟਲ ਪਬਲਿਕ ਇਨਫਰਾਸਟਰਕਚਰ ਅਤੇ ਖੇਤੀਬਾੜੀ ਖੋਜ ਦਾ ਵਧੀਆ ਅਨੁਭਵ ਹੈ।

ਭਾਰਤ ਦੀ ਬ੍ਰਿਕਸ ਪ੍ਰਧਾਨਗੀ ਇਸ ਏਜੰਡਾ ਨੂੰ ਵਿਵਹਾਰਕ ਰੂਪ ਦੇਣ ਦਾ ਸਮੇਂ ਸਿਰ ਮਿਲਿਆ ਮੌਕਾ ਹੈ। ਛੋਟੇ ਪਰ ਸੂਝ-ਬੂਝ ਦੇ ਕਦਮ ਵੀ ਸੰਕਟ ਸਮੇਂ ਖੇਤੀਬਾੜੀ ਵਪਾਰ ਨੂੰ ਵਧੇਰੇ ਭਰੋਸੇਮੰਦ, ਨਿਯਮਾਂ ਦੀ ਦ੍ਰਿਸ਼ਟੀ ਪੱਖੋਂ ਵਧੇਰੇ ਪਾਰਦਰਸ਼ੀ ਅਤੇ ਕਿਸਾਨਾਂ ਲਈ ਜ਼ਿਆਦਾ ਪਹੁੰਚਯੋਗ ਬਣਾ ਸਕਦੇ ਹਨ। ਇਹ ਵਧੇਰੇ ਮਜ਼ਬੂਤ, ਭਰੋਸੇਮੰਦ ਅਤੇ ਕਿਸਾਨ-ਕੇਂਦ੍ਰਿਤ ਖੇਤੀਬਾੜੀ ਵਪਾਰ ਵਿਵਸਥਾ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੋਵੇਗਾ।

(ਆਈ.ਸੀ.ਏ.ਆਰ. ਦੇ ਡਾਇਰੈਕਟਰ ਜਨਰਲ ਅਤੇ ਡੀ.ਏ.ਆਰ.ਈ. ਦੇ ਸਕੱਤਰ ਹਨ)

ਸ਼੍ਰੀ ਗਿਰੀਰਾਜ ਸਿੰਘ

ਫਾਈਬਰ ਅਰਥ-ਵਿਵਸਥਾ: ਭਾਰਤ ਦਾ ਅਗਲਾ ਵੱਡਾ ਆਲਮੀ ਮੌਕਾ

“ਸਥਾਨਕ ਭਰਪੂਰਤਾ ਤੋਂ ਟਿਕਾਊ ਸਮੱਗਰੀਆਂ ਅਤੇ ਭਵਿੱਖ ਲਈ ਤਿਆਰ ਕੱਪੜਿਆਂ ਵਿੱਚ ਗਲੋਬਲ ਲੀਡਰਸ਼ਿਪ ਤੱਕ

ਫਾਈਬਰ ਦੇ ਨਾਲ ਭਾਰਤ ਦਾ 5,000 ਸਾਲ ਪੁਰਾਣਾ ਸੱਭਿਅਤਾਗਤ ਸਬੰਧ ਹੈ, ਜੋ ਸਾਡੇ ਪਿੰਡਾਂ, ਪਰੰਪਰਾਵਾਂ ਅਤੇ ਸਾਂਝੀ ਪਛਾਣ ਵਿੱਚ ਡੂੰਘਾਈ ਨਾਲ ਬੁਣਿਆ ਹੋਇਆ ਹੈ। “ਬੁਣੀ ਹੋਈ ਹਵਾ” ਕਹਾਉਣ ਵਾਲੀ ਮੋਹਨਜੋਦੜੋ ਦੀ ਪ੍ਰਸਿੱਧ ਮਲਮਲ ਤੋਂ ਲੈ ਕੇ ਸਾਰੇ ਮਹਾਂਦੀਪਾਂ ਤੱਕ ਫੈਲੀ ਭਾਰਤੀ ਕਾਰੀਗਰੀ ਤੱਕ — ਫਾਈਬਰ ਹਮੇਸ਼ਾ ਤੋਂ ਸਾਡੀ ਪੇਂਡੂ ਅਰਥ-ਵਿਵਸਥਾ ਦੀ ਜੀਵਨ-ਰੇਖਾ ਰਿਹਾ ਹੈ। ਅੱਜ, ਜਦੋਂ ਦੁਨੀਆ ਗਲੋਬਲ ਸਥਿਰਤਾ ਦੀ ਕ੍ਰਾਂਤੀ ਦੇ ਕੰਢੇ ’ਤੇ ਖੜ੍ਹੀ ਹੈ, ਤਦ ਇਹੀ ਪ੍ਰਾਚੀਨ ਗਿਆਨ ਸਾਡੀ ਸਭ ਤੋਂ ਵੱਡੀ ਮੁਕਾਬਲੇਬਾਜ਼ੀ ਵਾਲੀ ਤਾਕਤ ਹੈ।

ਦਹਾਕਿਆਂ ਤੱਕ ਕੇਲੇ ਦੇ ਰੁੱਖ ਦੇ ਤਣੇ ਨੂੰ ਬੇਕਾਰ ਰਹਿੰਦ-ਖੂੰਹਦ ਮੰਨ ਕੇ ਸੁੱਟ ਦਿੱਤਾ ਜਾਂਦਾ ਸੀ। ਅੱਜ ਉਹੀ ਬਾਇਓਮਾਸ ਪ੍ਰੀਮੀਅਮ ਫਾਈਬਰ ਬਣ ਕੇ ਨਿਰਯਾਤ ਬਾਜ਼ਾਰਾਂ ਦੀ ਮੰਗ ਪੂਰੀ ਕਰ ਰਿਹਾ ਹੈ, ਪੇਂਡੂ ਆਜੀਵਿਕਾ ਨੂੰ ਸਮਰੱਥ ਬਣਾ ਰਿਹਾ ਹੈ ਅਤੇ ਇਸ ਖੇਤੀਬਾੜੀ ਰਹਿੰਦ-ਖੂੰਹਦ ਨੂੰ ਰਾਸ਼ਟਰੀ ਆਮਦਨ ਵਿੱਚ ਬਦਲ ਰਿਹਾ ਹੈ। ਰਹਿੰਦ-ਖੂੰਹਦ ਤੋਂ ਖੁਸ਼ਹਾਲੀ ਤੱਕ, ਸਥਾਨਕ ਭਰਪੂਰਤਾ ਤੋਂ ਗਲੋਬਲ ਮੌਕੇ ਤੱਕ: ਇਹੀ ਭਾਰਤ ਦੀ ਨਿਊ ਏਜ ਫਾਈਬਰ ਮੁਹਿੰਮ ਦਾ ਨਿਚੋੜ ਹੈ, ਜੋ ਹਰੀਆਂ ਸਮੱਗਰੀਆਂ ਅਤੇ ਭਵਿੱਖ ਲਈ ਤਿਆਰ ਕੱਪੜਿਆਂ ਵਿੱਚ ਭਾਰਤ ਨੂੰ ਗਲੋਬਲ ਲੀਡਰਸ਼ਿਪ ਵੱਲ ਅੱਗੇ ਵਧਾ ਰਿਹਾ ਹੈ। ਨਿਊ ਏਜ ਫਾਈਬਰ ਅਜਿਹੇ ਟਿਕਾਊ ਅਤੇ ਪੌਦਿਆਂ-ਅਧਾਰਿਤ ਪਦਾਰਥ ਹਨ, ਜੋ ਭਾਰਤ ਦੇ ਪਰੰਪਰਾਗਤ ਗਿਆਨ ਨੂੰ ਆਧੁਨਿਕ ਨਵੀਨਤਾ ਦੇ ਨਾਲ ਜੋੜਦੇ ਹਨ। ਬਾਂਸ, ਭੰਗ, ਕੇਲਾ, ਪੀਏਐੱਲਐੱਫ, ਫਲੈਕਸ, ਰੇਮੀ, ਸਿਸਲ, ਮਿਲਕਵੀਡ ਅਤੇ ਕਪੋਕ ਵਰਗੇ ਫਾਈਬਰ ਸਦੀਆਂ ਤੋਂ ਮੌਜੂਦ ਰਹੇ ਹਨ, ਪਰ ਹੁਣ ਇਨ੍ਹਾਂ ਨੂੰ ਟੈਕਸਟਾਈਲ ਉਦਯੋਗ, ਰੱਖਿਆ, ਬਾਇਓਡੀਗ੍ਰੇਡੇਬਲ ਕੰਪੋਜ਼ਿਟਸ ਅਤੇ ਪ੍ਰੀਮੀਅਮ ਉਤਪਾਦਾਂ ਵਿੱਚ ਉੱਚ-ਮੁੱਲ ਵਰਤੋਂ ਲਈ ਨਵੇਂ ਸਿਰੇ ਤੋਂ ਖੋਜਿਆ ਜਾ ਰਿਹਾ ਹੈ। ਇਹ ਹਰੇ-ਭਰੇ ਭਵਿੱਖ ਦੇ ਲਈ ਭਾਰਤ ਦੇ ਕੁਦਰਤੀ ਫਾਈਬਰ ਭੰਡਾਰ ਦਾ ਵਿਸਤਾਰ ਕਰ ਰਹੇ ਹਨ।

ਵਧਦੀ ਆਮਦਨ, ਗਲੋਬਲ ਸਥਿਰਤਾ ਸਬੰਧੀ ਲਾਜ਼ਮੀ ਜ਼ਰੂਰਤਾਂ ਅਤੇ ਟਰੇਸੇਬਲ ਸੋਰਸਿੰਗ ਦੀਆਂ ਜ਼ਰੂਰਤਾਂ ਗਲੋਬਲ ਸਪਲਾਈ ਚੇਨਾਂ ਨੂੰ ਪੂਰੀ ਤਰ੍ਹਾਂ ਬਦਲ ਰਹੀਆਂ ਹਨ ਅਤੇ ਇੱਕ ਨਵੀਂ ਫਾਈਬਰ ਅਰਥ-ਵਿਵਸਥਾ ਨੂੰ ਅੱਗੇ ਵਧਾ ਰਹੀਆਂ ਹਨ। ਉਪਭੋਗਤਾ ਹੁਣ ਆਪਣੇ ਪਹਿਨਣ ਵਾਲੇ ਕੱਪੜਿਆਂ ਵਿੱਚ ਆਰਾਮ, ਪਸੀਨਾ ਸੋਖਣ ਦੀ ਸਮਰੱਥਾ ਜਾਂ ਸਾਹ ਲੈਣ ਦੀ ਸਮਰੱਥਾ ਅਤੇ ਟਿਕਾਊਪਣ ਚਾਹੁੰਦੇ ਹਨ। ਇਹੀ ਮਹੱਤਵਪੂਰਨ ਬਦਲਾਅ ਭਾਰਤ ਵਿੱਚ ਫਾਈਬਰ ਦੀ ਖਪਤ ਨੂੰ ਅੱਜ ਦੇ 15 ਐੱਮਐੱਮਟੀ ਤੋਂ ਵਧਾ ਕੇ 2030 ਤੱਕ 23 ਐੱਮਐੱਮਟੀ ਤੱਕ ਲੈ ਕੇ ਜਾਣ ਵਾਲਾ ਹੈ। ਦੁਨੀਆ ਹੁਣ ਤੇਜ਼ੀ ਨਾਲ ਉਹੀ ਤਲਾਸ਼ ਰਹੀ ਹੈ, ਜੋ ਭਾਰਤ ਪ੍ਰਦਾਨ ਕਰ ਸਕਦਾ ਹੈ: ਨੈਤਿਕ, ਟਿਕਾਊ ਅਤੇ ਉੱਚ-ਪ੍ਰਦਰਸ਼ਨ ਵਾਲੇ ਕੁਦਰਤੀ ਫਾਈਬਰ, ਜੋ ਸਦੀਆਂ ਦੇ ਅਨੁਭਵ ’ਤੇ ਅਧਾਰਿਤ ਹਨ।

ਇਸ ਵਿਜ਼ਨ ਨੂੰ ਇੱਕ ਸਪੱਸ਼ਟ ਸੰਸਥਾਗਤ ਅਤੇ ਨੀਤੀਗਤ ਢਾਂਚੇ ਦਾ ਸਮਰਥਨ ਪ੍ਰਾਪਤ ਹੈ। ਸਾਲ 2026-2031 ਦੇ ਲਈ 5,664 ਕਰੋੜ ਰੁਪਏ ਦੇ ਕੁੱਲ ਖਰਚੇ ਵਾਲੇ “ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ” ਦੇ ਤਹਿਤ ਨਿਊ ਏਜ ਫਾਈਬਰਸ ਦੇ ਲਈ 300 ਕਰੋੜ ਰੁਪਏ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਇਸ ਯਤਨ ਨੂੰ ਹੋਰ ਸਮਰੱਥ ਬਣਾਉਂਦੇ ਹੋਏ, ਕੇਂਦਰੀ ਬਜਟ 2026-27 ਵਿੱਚ ਐਲਾਨਿਆ ਗਿਆ ‘ਰਾਸ਼ਟਰੀ ਫਾਈਬਰ ਮਿਸ਼ਨ’ ਇੱਕ ਵਿਆਪਕ ਰਣਨੀਤਕ ਢਾਂਚਾ ਪ੍ਰਦਾਨ ਕਰਦਾ ਹੈ, ਜੋ ਚਾਰ ਪ੍ਰਮੁੱਖ ਥੰਮ੍ਹਾਂ: ‘ਕ੍ਰਿਸ਼ੀ-ਸੂਤਰ’ : ਖੇਤੀ ਅਤੇ ਕੱਚੇ ਮਾਲ ਦੇ ਵਿਕਾਸ ਦੇ ਲਈ, ‘ਇਨਫਿਨਿਟੀ’ : ਖੋਜ ਅਤੇ ਨਵੀਨਤਾ ਦੇ ਲਈ, ‘ਗ੍ਰਾਮ-ਸੇਤੂ’ : ਬੁਨਿਆਦੀ ਢਾਂਚੇ ਅਤੇ ਉੱਦਮ ਸਿਰਜਣ ਦੇ ਲਈ ਅਤੇ ‘ਜੀਐੱਮਪੀਐੱਸ’ - ਬ੍ਰਾਂਡਿੰਗ ਅਤੇ ਬਾਜ਼ਾਰ ਵਿਕਾਸ ਦੇ ਲਈ - ’ਤੇ ਅਧਾਰਿਤ ਹੈ।

ਇਸ ਨੀਤੀਗਤ ਢਾਂਚੇ ਦੀ ਤਾਕਤ ਦਹਾਕਿਆਂ ਤੋਂ ਜਾਰੀ ਵਿਗਿਆਨਿਕ ਖੋਜਾਂ ਵਿੱਚ ਸ਼ਾਮਲ ਹੈ, ਜਿਸ ਦੇ ਠੋਸ ਨਤੀਜੇ ਪਹਿਲਾਂ ਤੋਂ ਹੀ ਸਾਹਮਣੇ ਆ ਚੁੱਕੇ ਹਨ। ਮਿਲਕਵੀਡ (ਆਕ/ਮਦਾਰ), ਜਿਸ ਨੂੰ ਪਰੰਪਰਾਗਤ ਤੌਰ ’ਤੇ ਭਗਵਾਨ ਸ਼ਿਵ ਨੂੰ ਅਰਪਿਤ ਕੀਤਾ ਜਾਂਦਾ ਹੈ, ਨੌਰਦਰਨ ਇੰਡੀਆ ਟੈਕਸਟਾਈਲ ਰਿਸਰਚ ਐਸੋਸੀਏਸ਼ਨ (ਐਨਆਈਟੀਆਰਏ) ਵਿੱਚ 18 ਸਾਲਾਂ ਦੀ ਖੋਜ ਤੋਂ ਬਾਅਦ ਇੱਕ ਵੱਡੀ ਕਾਮਯਾਬੀ ਦੇ ਤੌਰ ’ਤੇ ਸਾਹਮਣੇ ਆਇਆ ਹੈ। ਹੁਣ ਇਸ ਦਾ ਉਪਯੋਗ ਰੱਖਿਆ ਖੇਤਰ ਵਿੱਚ, ਵਿਸ਼ੇਸ਼ ਤੌਰ ’ਤੇ -20 ਡਿਗਰੀ ਤਾਪਮਾਨ ਵਿੱਚ ਕੰਮ ਕਰਨ ਵਾਲੇ ਸੈਨਿਕਾਂ ਦੇ ਲਈ ਸਲੀਪਿੰਗ ਬੈਗ ਬਣਾਉਣ ਵਿੱਚ ਕੀਤਾ ਜਾ ਰਿਹਾ ਹੈ। ਇਹ ਸਲੀਪਿੰਗ ਬੈਗ ਆਪਣੇ ਪੌਲੀਐਸਟਰ ਵਿਕਲਪਾਂ ਦੀ ਤੁਲਨਾ ਵਿੱਚ 10% ਹਲਕੇ, ਉੱਨ ਨਾਲੋਂ ਵਧੇਰੇ ਗਰਮ ਅਤੇ ਸੀਐੱਲਓ/ਸੈੱਲ ਪ੍ਰਮਾਣਿਤ ਹਨ। 55 ਮਿਲੀਅਨ ਹੈਕਟੇਅਰ ਬੰਜਰ ਜ਼ਮੀਨ ’ਤੇ ਬਿਨਾਂ ਖਾਦ ਦੇ ਉਗਾਏ ਜਾਣ ’ਤੇ ਇਹ ਪੌਦਾ ਕਿਸਾਨਾਂ ਨੂੰ ਪ੍ਰਤੀ ਏਕੜ ਪ੍ਰਤੀ ਸਾਲ 1.5-2 ਲੱਖ ਰੁਪਏ ਤੱਕ ਦੀ ਆਮਦਨ ਪ੍ਰਦਾਨ ਕਰਨ ਦੀ ਸਮਰੱਥਾ ਰੱਖਦਾ ਹੈ। ਕੇਲੇ ਦਾ ਫਾਈਬਰ ਪ੍ਰਤੀ ਸਾਲ ਲਗਭਗ 1.8 ਮਿਲੀਅਨ ਟਨ ਉਤਪਾਦਨ ਦੀ ਸਮਰੱਥਾ ਰੱਖਦਾ ਹੈ ਅਤੇ ਖੇਤੀਬਾੜੀ ਰਹਿੰਦ-ਖੂੰਹਦ ਤੋਂ ਕਿਸਾਨਾਂ ਨੂੰ ਵਾਧੂ ਆਮਦਨ ਪ੍ਰਦਾਨ ਕਰ ਸਕਦਾ ਹੈ, ਜਦੋਂ ਕਿ ਬਾਂਸ ਪ੍ਰਤੀ ਹੈਕਟੇਅਰ 60 ਟਨ ਤੱਕ ਬਾਇਓਮਾਸ ਉਤਪਾਦਨ ਕਰਨ ਦੀ ਸਮਰੱਥਾ ਰੱਖਦਾ ਹੈ, ਜਿਸ ਨਾਲ ਉੱਤਰ-ਪੂਰਬ ਭਾਰਤ ਦੇ ਲਈ ਵੱਡੇ ਮੌਕੇ ਪੈਦਾ ਹੋ ਰਹੇ ਹਨ। ਭੰਗ ਵੀ ਇੱਕ ਉੱਭਰਦਾ ਹੋਇਆ ਗਲੋਬਲ ਬਾਜ਼ਾਰ ਬਣ ਰਿਹਾ ਹੈ, ਉੱਤਰਾਖੰਡ ਅਤੇ ਉੱਤਰ ਪ੍ਰਦੇਸ਼ ਵਿੱਚ ਜਿਸ ਦੀ ਖੇਤੀ ਦੀ ਪਹਿਲਾਂ ਹੀ ਇਜਾਜ਼ਤ ਹੈ। ਫਲੈਕਸ, ਸਿਸਲ, ਰੇਮੀ, ਪੀਏਐੱਲਐੱਫ, ਨੇਟਲ ਅਤੇ ਕਪੋਕ ਵਰਗੇ ਫਾਈਬਰਾਂ ਦੇ ਨਾਲ ਮਿਲ ਕੇ ਇਹ ਸਾਰੇ ਭਾਰਤ ਦੇ ਟਿਕਾਊ ਅਤੇ ਕੁਦਰਤੀ ਫਾਈਬਰ ਅਧਾਰ ਦਾ ਨਿਰੰਤਰ ਵਿਸਤਾਰ ਕਰ ਰਹੇ ਹਨ।

ਇਸ ਵਿਗਿਆਨਿਕ ਗਤੀ ਨੂੰ ਅੱਗੇ ਵਧਾਉਂਦੇ ਹੋਏ, ਨਿਊ ਏਜ ਫਾਈਬਰਸ ’ਤੇ ਰਾਸ਼ਟਰੀ ਸੈਮੀਨਾਰ ਇੱਕ ਅਜਿਹੇ ਮੰਚ ਦੇ ਰੂਪ ਵਿੱਚ ਉੱਭਰਿਆ, ਜਿੱਥੇ ਵਿਗਿਆਨ, ਨੀਤੀ ਅਤੇ ਉੱਦਮ ਇਕੱਠੇ ਆ ਸਕਣ। ਇਸ ਨੇ ਖੋਜਕਰਤਾਵਾਂ, ਵਿਗਿਆਨੀਆਂ, ਉੱਦਮੀਆਂ, ਕਿਸਾਨ ਸੰਗਠਨਾਂ, ਉਦਯੋਗ ਜਗਤ ਦੇ ਦਿੱਗਜ਼ਾਂ ਅਤੇ ਨੀਤੀ-ਘਾੜਿਆਂ ਨੂੰ ਇੱਕ ਹੀ ਮੰਚ ’ਤੇ ਇਕੱਠਾ ਕੀਤਾ। ਸਾਰੇ ਦਸ ਤਰਜੀਹੀ ਫਾਈਬਰਾਂ ਨੂੰ ਕਵਰ ਕਰਨ ਵਾਲੀਆਂ ਤਿੰਨ ਟਾਸਕ ਫੋਰਸਾਂ ਦੀਆਂ ਰਿਪੋਰਟਾਂ ਜਾਰੀ ਕੀਤੀਆਂ ਗਈਆਂ, ਜਿਨ੍ਹਾਂ ਨੇ ਖੇਤਰੀ ਵਿਗਿਆਨ ਨੂੰ ਸਿੱਧੇ ਯੋਜਨਾਵਾਂ ਦੇ ਡਿਜ਼ਾਈਨ ਅਤੇ ਨਿਵੇਸ਼ ਦੀਆਂ ਤਰਜੀਹਾਂ ਵਿੱਚ ਬਦਲ ਦਿੱਤਾ। ਇਸ ਸੈਮੀਨਾਰ ਨੇ ਮਾਪਦੰਡਾਂ, ਪ੍ਰੋਸੈਸਿੰਗ ਬੁਨਿਆਦੀ ਢਾਂਚੇ ਅਤੇ ਸੰਸਥਾਗਤ ਫੰਡਿੰਗ ਵਿੱਚ ਮੌਜੂਦ ਖਾਮੀਆਂ ਦੀ ਵੀ ਸਪੱਸ਼ਟ ਰੂਪ ਵਿੱਚ ਪਛਾਣ ਕੀਤੀ, ਜੋ ਇੱਕ ਅਜਿਹੇ ਮਿਸ਼ਨ ਨੂੰ ਦਰਸਾਉਂਦਾ ਹੈ ਜੋ ਸਿਰਫ ਨੀਤੀ ਨਹੀਂ, ਸਗੋਂ ਅਸਲੀ ਅਮਲ ’ਤੇ ਕੇਂਦ੍ਰਿਤ ਹੈ। ਇਸ ਵਿੱਚ ਪ੍ਰਮੁੱਖ ਤਰਜੀਹਾਂ ਸਾਹਮਣੇ ਆਈਆਂ: ਉਤਪਾਦਨ ਨੂੰ ਪੰਜ ਸਾਲਾਂ ਵਿੱਚ 10,000 ਮੀਟ੍ਰਿਕ ਟਨ ਤੋਂ ਵਧਾ ਕੇ 10 ਲੱਖ ਮੀਟ੍ਰਿਕ ਟਨ ਤੱਕ ਪਹੁੰਚਾਉਣਾ, ਗੁਣਵੱਤਾ ਦੇ ਮਾਪਦੰਡਾਂ ਦਾ ਵਿਕਾਸ ਕਰਨਾ, ਮਸ਼ੀਨਰੀ ਦੇ ਦੇਸੀਕਰਨ ਨੂੰ ਉਤਸ਼ਾਹਿਤ ਕਰਨਾ, ਆਯਾਤ ਕੀਤੀ ਪ੍ਰੋਸੈਸਿੰਗ ਤਕਨੀਕ ’ਤੇ ਨਿਰਭਰਤਾ ਘੱਟ ਕਰਨਾ ਅਤੇ ਖੇਤੀ ਤੋਂ ਲੈ ਕੇ ਮੁੱਲ ਵਾਧੇ ਤੱਕ ਕਲਸਟਰ-ਅਧਾਰਿਤ ਫਾਈਬਰ ਈਕੋਸਿਸਟਮ ਦਾ ਨਿਰਮਾਣ ਕਰਨਾ। ਇਹ ਸਾਰੇ ਕਦਮ ਮਿਲ ਕੇ ‘ਨਿਊ ਏਜ ਫਾਈਬਰਸ’ ਨੂੰ ਪੇਂਡੂ ਖੁਸ਼ਹਾਲੀ ਅਤੇ ਟਿਕਾਊ ਵਿਕਾਸ ਦੇ ਲਈ ਇੱਕ ਸੰਪੂਰਨ ਸਰਕਾਰੀ ਮਿਸ਼ਨ ਬਣਾਉਂਦੇ ਹਨ।

ਸ਼ਾਇਦ ਸਭ ਤੋਂ ਵੱਧ ਬਦਲਾਅ ਲਿਆਉਣ ਵਾਲਾ ਕਾਰਜ ‘ਫਾਈਬਰ ਬਲੈਂਡਿੰਗ’ ਹੈ। ਭਾਰਤ ਦੀ ਅਸਲੀ ਤਾਕਤ ਕਿਸੇ ਇੱਕ ਫਾਈਬਰ ਵਿੱਚ ਨਹੀਂ, ਸਗੋਂ ਉਨ੍ਹਾਂ ਨੂੰ ਸਮਝਦਾਰੀ ਨਾਲ ਜੋੜਨ ਵਿੱਚ ਹੈ—ਜਿਵੇਂ ਥਰਮਲ ਹਲਕੇਪਣ ਦੇ ਲਈ ਮਿਲਕਵੀਡ, ਗਰਮਾਹਟ ਦੇ ਲਈ ਉੱਨ, ਸਾਹ ਲੈਣ ਦੀ ਸਮਰੱਥਾ ਦੇ ਲਈ ਬਾਂਸ ਅਤੇ ਨਰਮੀ ਦੇ ਲਈ ਕਪਾਹ। ਮਿਸ਼ਰਿਤ ਕੱਪੜਾ ਜਾਂ ਬਲੈਂਡੇਡ ਫੈਬਰਿਕ ਕੋਈ ਸਮਝੌਤਾ ਨਹੀਂ ਹੈ; ਇਹ ਪ੍ਰਦਰਸ਼ਨ ਨੂੰ ਬਿਹਤਰ ਬਣਾਉਣਾ ਹੈ - ਅਜਿਹੇ ਕੱਪੜੇ ਤਿਆਰ ਕਰਨਾ ਜੋ ਵਧੇਰੇ ਮਜ਼ਬੂਤ, ਵਧੇਰੇ ਸਮਾਰਟ ਅਤੇ ਵਧੇਰੇ ਟਿਕਾਊ ਹੋਣ, ਨਾਲ ਹੀ ਬਿਹਤਰ ਆਰਾਮ, ਪਸੀਨਾ ਸੋਖਣ ਦੀ ਸਮਰੱਥਾ, ਟਿਕਾਊਪਣ ਅਤੇ ਫੈਸ਼ਨ, ਜੀਵਨ-ਸ਼ੈਲੀ ਤੇ ਤਕਨੀਕੀ ਕੱਪੜਿਆਂ ਵਿੱਚ ਬਹੁ-ਉਪਯੋਗਤਾ ਪ੍ਰਦਾਨ ਕਰਨ। ਇਸ ਦੇ ਫਾਇਦੇ ਪੂਰੀ ਮੁੱਲ ਸ਼੍ਰੇਣੀ ਵਿੱਚ ਫੈਲਦੇ ਹਨ। ਉਪਭੋਗਤਾਵਾਂ ਨੂੰ ਬਿਹਤਰ ਆਰਾਮ ਅਤੇ ਕਾਰਜਸ਼ੀਲਤਾ ਮਿਲਦੀ ਹੈ, ਨਿਰਮਾਤਾਵਾਂ ਨੂੰ ਪ੍ਰੀਮੀਅਮ ਅਤੇ ਵਿਸ਼ੇਸ਼ ਉਤਪਾਦ ਵਿਕਸਿਤ ਕਰਨ ਦਾ ਮੌਕਾ ਮਿਲਦਾ ਹੈ ਅਤੇ ਕਿਸਾਨਾਂ ਨੂੰ ਵੱਖ-ਵੱਖ ਪ੍ਰਕਾਰ ਦੀ ਮੰਗ ਅਤੇ ਵਧੇਰੇ ਮਜ਼ਬੂਤ ਆਮਦਨ ਪ੍ਰਾਪਤ ਹੁੰਦੀ ਹੈ। ਭਾਰਤ ਦੇ ਲਈ, ਬਲੈਂਡਿੰਗ ਸਿਰਫ ਇੱਕ ਤਕਨੀਕੀ ਨਵੀਨਤਾ ਭਰ ਨਹੀਂ ਹੈ; ਇਹ ਕੱਚੇ ਫਾਈਬਰ ਦੀ ਸਪਲਾਈ ਤੋਂ ਗਲੋਬਲ ਪੱਧਰ ’ਤੇ ਮੁਕਾਬਲੇਬਾਜ਼, ਮੁੱਲ-ਵਾਧੇ ਅਤੇ ਭਾਰਤੀ ਪਛਾਣ ਨਾਲ ਜੁੜੇ ਬ੍ਰਾਂਡਾਂ ਤੱਕ ਪਹੁੰਚਣ ਦਾ ਇੱਕ ਪੁਲ ਹੈ।

ਅਸਲ ਵਿੱਚ, ‘ਨਿਊ ਏਜ ਫਾਈਬਰ’ ਮੁਹਿੰਮ ਜੀਵਨ ਨੂੰ ਬਦਲਣ, ਕਿਸਾਨਾਂ ਲਈ ਮੌਕਾ ਪੈਦਾ ਕਰਨ, ਪੇਂਡੂ ਆਜੀਵਿਕਾ ਨੂੰ ਸਮਰੱਥ ਬਣਾਉਣ, ਮਹਿਲਾਵਾਂ ਨੂੰ ਸਸ਼ਕਤ ਕਰਨ ਅਤੇ ਉੱਦਮੀਆਂ ਨੂੰ ਸਥਾਨਕ ਸਰੋਤਾਂ ਨਾਲ ਗਲੋਬਲ ਕਾਰੋਬਾਰ ਖੜ੍ਹਾ ਕਰਨ ਵਿੱਚ ਸਮਰੱਥ ਬਣਾਉਣ ਬਾਰੇ ਹੈ। ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ‘5ਐੱਫ ਵਿਜ਼ਨ’ —ਖੇਤ ਤੋਂ ਫਾਈਬਰ, ਫਾਈਬਰ ਤੋਂ ਫੈਕਟਰੀ, ਫੈਕਟਰੀ ਤੋਂ ਫੈਸ਼ਨ ਅਤੇ ਫੈਸ਼ਨ ਤੋਂ ਵਿਦੇਸ਼ ਤੱਕ — ਤੋਂ ਪ੍ਰੇਰਿਤ, ਭਾਰਤ ਦੀ ਗ੍ਰੀਨ ਫਾਈਬਰ ਕ੍ਰਾਂਤੀ ਕੋਈ ਦੂਰ ਦਾ ਸੁਪਨਾ ਨਹੀਂ ਹੈ। ਰਣਨੀਤੀ ਤੈਅ ਹੈ, ਸੰਸਥਾਵਾਂ ਸਰਗਰਮ ਹਨ, ਵਿਗਿਆਨ ਪ੍ਰਮਾਣਿਤ ਹੋ ਚੁੱਕਿਆ ਹੈ ਅਤੇ ਉੱਦਮੀ ਤਿਆਰ ਹਨ। ਅੱਜ ਭਾਰਤ ਜੋ ਕਰ ਰਿਹਾ ਹੈ — ਫਾਈਬਰ ਦਰ ਫਾਈਬਰ, ਮਿਸ਼ਰਣ ਦਰ ਮਿਸ਼ਰਣ, ਖੇਤਰ ਦਰ ਖੇਤਰ ਅਤੇ ਖੇਤ ਦਰ ਖੇਤ — ਆਪਣੀ ਟੈਕਸਟਾਈਲ ਗਾਥਾ ਦਾ ਅਗਲਾ ਮਹਾਨ ਅਧਿਆਇ ਲਿਖ ਰਿਹਾ ਹੈ।

(ਲੇਖਕ ਕੇਂਦਰੀ ਟੈਕਸਟਾਈਲ ਮੰਤਰੀ ਹਨ। ਪ੍ਰਗਟ ਕੀਤੇ ਗਏ ਵਿਚਾਰ ਨਿੱਜੀ ਹਨ)

ਮਿੱਟੀ ਦੇ ਜਾਇਆਂ ਦੀ ਸਦੀਵੀ ਹੂਕ

ਗਲੋਬਲ ਜੰਗਾਂ, ਸਿਸਟਮ ਦੀ ਬੇਰੁਖ਼ੀ ਤੇ ਕਿਸਾਨੀ ਦੀ ਬੇਬਸ ਤਕਦੀਰ

ਵਿੰਕਲਜੀਤ ਸਿੰਘ ਸਰਾ
ਮੋ : 9501477889

ਪੰਜਾਬ ਦੀ ਜਿਸ ਪਵਿੱਤਰ ਧਰਤੀ ਨੇ ਦਹਾਕਿਆਂ ਤੋਂ ਦੇਸ਼ ਦਾ ਢਿੱਡ ਭਰਿਆ ਹੈ, ਅੱਜ ਉਸੇ ਧਰਤੀ ਦੀ ਹਿੱਕ ਵਿੱਚੋਂ ਇੱਕ ਵੱਖਰੀ ਹੀ ਆਵਾਜ਼ ਉੱਠ ਰਹੀ ਹੈ। ਇਹ ਆਵਾਜ਼ ਕਿਸੇ ਬੰਪਰ ਫ਼ਸਲ ਦੀ ਖੁਸ਼ੀ ਜਾਂ ਮੰਡੀਆਂ ਵਿੱਚ ਲੱਗੇ ਅਨਾਜ ਦੇ ਅੰਬਾਰਾਂ ਦਾ ਜਸ਼ਨ ਨਹੀਂ, ਸਗੋਂ ਸਾਡੇ ਕਿਸਾਨਾਂ ਦੇ ਢਿੱਡ ਦੀ ਅੱਗ, ਹੱਕਾਂ ਦੀ ਲੜਾਈ ਅਤੇ ਸਦੀਵੀ ਬੇਬਸੀ ਦਾ ਇੱਕ ਅਜਿਹਾ ਰੋਹ ਹੈ, ਜਿਸ ਨੂੰ ਦੇਖ ਕੇ ਪੱਥਰ ਦਿਲ ਵੀ ਪਿਘਲ ਜਾਵੇ। ਅੰਮ੍ਰਿਤਸਰ, ਜਲੰਧਰ, ਸੰਗਰੂਰ ਤੋਂ ਲੈ ਕੇ ਮਲੋਟ ਤੱਕ, ਸੂਬੇ ਦਾ ਅੰਨਦਾਤਾ ਇੱਕ ਵਾਰ ਫਿਰ ਸੜਕਾਂ 'ਤੇ ਉਤਰਨ ਲਈ ਮਜਬੂਰ ਹੋ ਗਿਆ ਹੈ। ਪੰਜਾਬ ਦੀ ਕਿਰਸਾਨੀ ਨੂੰ ਨੀਝ ਨਾਲ ਦੇਖਦਿਆਂ ਅੱਜ ਦਿਲ ਖੂਨ ਦੇ ਹੰਝੂ ਰੋਂਦਾ ਹੈ। ਅੱਜ ਜਦੋਂ ਸਾਡਾ ਅੰਨਦਾਤਾ ਕੜਕਦੀ ਧੁੱਪ ਵਿੱਚ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਮੂਹਰੇ ਯੂਰੀਆ ਦੀਆਂ ਚਿੱਟੀਆਂ ਬੋਰੀਆਂ ਲਈ ਲਾਈਨਾਂ ਵਿੱਚ ਲੱਗ ਕੇ ਤਰਸ ਰਿਹਾ ਹੈ, ਤਾਂ ਇਹ ਸਿਰਫ਼ ਇੱਕ ਖਾਦ ਦੀ ਕਿੱਲਤ ਨਹੀਂ, ਬਲਕਿ ਸਾਡੇ ਪੂਰੇ ਸਿਸਟਮ ਦੇ ਫੇਲ੍ਹ ਹੋਣ ਦਾ ਪ੍ਰਤੀਕ ਹੈ। ਇਹ ਇਸ ਦੇਸ਼ ਦੀ ਸਭ ਤੋਂ ਵੱਡੀ ਵਿਡੰਬਨਾ ਹੈ ਕਿ ਇੱਕ ਨਿੱਕੀ ਜਿਹੀ ਸੂਈ ਜਾਂ ਮੋਬਾਈਲ ਦਾ ਕਵਰ ਬਣਾਉਣ ਵਾਲੀ ਫੈਕਟਰੀ ਦਾ ਮਾਲਕ ਵੀ ਆਪਣੀ ਚੀਜ਼ ਦੀ ਕੀਮਤ ਖੁਦ ਤੈਅ ਕਰਦਾ ਹੈ, ਪਰ ਪੂਰੇ ਮੁਲਕ ਨੂੰ ਅੰਨ ਦੇਣ ਵਾਲਾ ਕਿਸਾਨ ਆਪਣੀ ਛੇ ਮਹੀਨਿਆਂ ਦੀ ਰੱਤ-ਵੀਟਵੀਂ ਕਮਾਈ ਮੰਡੀ ਵਿੱਚ ਲੈ ਕੇ ਬੇਬਸ ਬੈਠਾ ਰਹਿੰਦਾ ਹੈ ਕਿ ਕੋਈ ਆ ਕੇ ਉਸਦੀ ਮਿਹਨਤ ਦਾ ਮੁੱਲ ਪਾਵੇ।

ਝੋਨੇ ਦੀ ਲਵਾਈ 'ਤੇ ਯੂਰੀਆ ਦੀ ਵੱਡੀ ਘਾਟ : ਇਸ ਸੀਜ਼ਨ ਵਿੱਚ ਪੰਜਾਬ ਅੰਦਰ ਲਗਭਗ 30 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਕਾਸ਼ਤ ਕੀਤੀ ਜਾ ਰਹੀ ਹੈ, ਜਿਸ ਲਈ ਘੱਟੋ-ਘੱਟ 15 ਲੱਖ ਟਨ ਯੂਰੀਆ ਦੀ ਲੋੜ ਹੈ। ਪਰ ਅਫ਼ਸੋਸ ਦੀ ਗੱਲ ਹੈ ਕਿ ਸੂਬੇ ਦੇ ਸਟਾਕ ਵਿੱਚ ਇਸ ਵੇਲੇ ਸਿਰਫ਼ 4 ਲੱਖ ਟਨ ਯੂਰੀਆ ਹੀ ਉਪਲਬਧ ਹੈ, ਜਿਸ ਕਾਰਨ ਝੋਨੇ ਦੀ ਲਵਾਈ ਦੇ ਮੁੱਖ ਦਿਨਾਂ ਵਿੱਚ ਹੀ ਸੂਬਾ 11 ਲੱਖ ਟਨ ਦੀ ਵੱਡੀ ਘਾਟ ਦਾ ਸਾਹਮਣਾ ਕਰ ਰਿਹਾ ਹੈ। ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ ਤੋਂ ਲੈ ਕੇ ਮਾਲਵਾ ਤੇ ਦੋਆਬਾ ਦੇ ਲੁਧਿਆਣਾ, ਮਾਨਸਾ, ਸੰਗਰੂਰ ਅਤੇ ਜਲੰਧਰ ਵਰਗੇ ਜ਼ਿਲ੍ਹਿਆਂ ਵਿੱਚ ਲਵਾਈ ਦਾ ਕੰਮ ਜ਼ੋਰਾਂ 'ਤੇ ਹੈ ਅਤੇ ਅਗਲੇ ਦੋ ਹਫ਼ਤਿਆਂ ਵਿੱਚ ਫ਼ਸਲ ਨੂੰ ਨਾਈਟ੍ਰੋਜਨ ਦੀ ਪਹਿਲੀ ਭਾਰੀ ਖੁਰਾਕ ਚਾਹੀਦੀ ਹੈ, ਜਿਸਦੀ ਸਪਲਾਈ ਨਾ ਹੋਣ 'ਤੇ ਝਾੜ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗਾ।

ਕੀ ਸਰਕਾਰਾਂ ਨੂੰ ਇਸ ਸੀਜ਼ਨ ਦਾ ਪਹਿਲਾਂ ਪਤਾ ਨਹੀਂ ਸੀ ? : ਸਭ ਤੋਂ ਵੱਡਾ ਅਤੇ ਗੰਭੀਰ ਸਵਾਲ ਇਹ ਉੱਠਦਾ ਹੈ ਕਿ ਕੀ ਸਰਕਾਰਾਂ, ਖੇਤੀਬਾੜੀ ਵਿਭਾਗ ਅਤੇ ਉਹਨਾਂ ਦੇ ਵੱਡੇ-ਵੱਡੇ ਅਫ਼ਸਰਾਂ ਨੂੰ ਇਹ ਇਲਮ ਨਹੀਂ ਸੀ ਕਿ ਜੂਨ ਮਹੀਨੇ ਪੰਜਾਬ ਵਿੱਚ ਝੋਨਾ ਲੱਗਣਾ ਹੈ ? ਖੇਤੀਬਾੜੀ ਦਾ ਇਹ ਸੀਜ਼ਨ ਕੋਈ ਅਚਾਨਕ ਆਈ ਆਫ਼ਤ ਨਹੀਂ ਹੈ, ਇਹ ਹਰ ਸਾਲ ਇਸੇ ਤਰੀਕ ਤੇ ਇਸੇ ਮਹੀਨੇ ਆਉਂਦਾ ਹੈ। ਜਦੋਂ ਸਰਕਾਰ ਕੋਲ ਪੂਰਾ ਅੰਕੜਾ ਹੁੰਦਾ ਹੈ ਕਿ ਕਿੰਨੇ ਲੱਖ ਹੈਕਟੇਅਰ ਵਿੱਚ ਝੋਨਾ ਲੱਗਣਾ ਹੈ ਅਤੇ ਕਿੰਨੇ ਲੱਖ ਟਨ ਖਾਦ ਦੀ ਲੋੜ ਪੈਣੀ ਹੈ, ਤਾਂ ਪਹਿਲਾਂ ਤੋਂ ਪ੍ਰਬੰਧ ਕਿਉਂ ਨਹੀਂ ਕੀਤੇ ਗਏ? ਅਫ਼ਸਰਸ਼ਾਹੀ ਦਾ ਇਹ ਕਹਿ ਕੇ ਪੱਲਾ ਝਾੜ ਲੈਣਾ ਕਿ "ਸਪਲਾਈ ਪਿੱਛੋਂ ਬੰਦ ਹੈ", ਉਹਨਾਂ ਦੀ ਅਣਗਹਿਲੀ ਨੂੰ ਛੁਪਾ ਨਹੀਂ ਸਕਦਾ। ਇਹ ਸਿੱਧੇ ਤੌਰ 'ਤੇ ਐਡਵਾਂਸ ਪਲੈਨਿੰਗ ਦੀ ਨਾਕਾਮੀ ਹੈ।

ਕੀ ਕਿਸਾਨਾਂ ਨੂੰ ਜਾਣ-ਬੁੱਝ ਕੇ ਪਰੇਸ਼ਾਨ ਕੀਤਾ ਜਾ ਰਿਹਾ ਹੈ? : ਜਦੋਂ ਹਰ ਸੀਜ਼ਨ ਵਿੱਚ ਕਿਸਾਨ ਨੂੰ ਕਦੇ ਬੀਜ ਲਈ, ਕਦੇ ਡੀਜ਼ਲ ਲਈ, ਕਦੇ ਬਿਜਲੀ ਲਈ ਅਤੇ ਹੁਣ ਯੂਰੀਆ ਲਈ ਸੜਕਾਂ 'ਤੇ ਆਉਣਾ ਪੈਂਦਾ ਹੈ, ਤਾਂ ਆਮ ਲੋਕਾਂ ਅਤੇ ਕਿਸਾਨਾਂ ਦੇ ਮਨ ਵਿੱਚ ਇਹ ਸ਼ੱਕ ਪੱਕਾ ਹੋ ਜਾਂਦਾ ਹੈ ਕਿ ਕੀ ਇਹ ਸਭ ਕਿਸਾਨਾਂ ਨੂੰ ਜਾਣ-ਬੁੱਝ ਕੇ ਖੁਆਰ ਕਰਨ ਲਈ ਕੀਤਾ ਜਾ ਰਿਹਾ ਹੈ? ਦੇਸ਼ ਦੇ ਅੰਨਦਾਤੇ ਨੂੰ ਹਰ ਛੇ ਮਹੀਨੇ ਬਾਅਦ ਮੰਗਤਿਆਂ ਵਾਂਗ ਲਾਈਨਾਂ ਵਿੱਚ ਖੜ੍ਹਾ ਕਰਨਾ, ਉਸ ਦੇ ਸਵੈ-ਮਾਣ ਨੂੰ ਸੱਟ ਮਾਰਨਾ ਅਤੇ ਹੱਕ ਮੰਗਣ 'ਤੇ ਉਹਨਾਂ 'ਤੇ ਪੁਲਿਸ ਦੀ ਮੁਸਤੈਦੀ ਦਿਖਾਉਣੀ ਕੀ ਇਹ ਕਿਸਾਨੀ ਦੀ ਆਵਾਜ਼ ਅਤੇ ਉਹਨਾਂ ਦੇ ਹੌਸਲੇ ਨੂੰ ਤੋੜਨ ਦੀ ਕੋਈ ਡੂੰਘੀ ਸਾਜ਼ਿਸ਼ ਹੈ? ਜੇਕਰ ਨੀਅਤ ਸਾਫ਼ ਹੋਵੇ ਤਾਂ ਦੇਸ਼ ਦਾ ਢਿੱਡ ਭਰਨ ਵਾਲੇ ਨੂੰ ਕਦੇ ਵੀ ਆਪਣੇ ਹੱਕੀ ਪ੍ਰਬੰਧਾਂ ਲਈ ਸੜਕਾਂ 'ਤੇ ਰੁਲਣਾ ਨਾ ਪਵੇ।

ਗਲੋਬਲ ਜੰਗਾਂ ਦੀ ਮਾਰ ਪੰਜਾਬ ਦੇ ਖੇਤਾਂ 'ਤੇ : ਇਸ ਵਾਰ ਲੜਾਈ ਕਿਸੇ ਸਥਾਨਕ ਕਾਨੂੰਨ ਵਿਰੁੱਧ ਨਹੀਂ, ਬਲਕਿ ਹਜ਼ਾਰਾਂ ਮੀਲ ਦੂਰ ਪੱਛਮੀ ਏਸ਼ੀਆ ਵਿੱਚ ਚੱਲ ਰਹੀ ਅਮਰੀਕਾ-ਇਜ਼ਰਾਈਲ ਅਤੇ ਈਰਾਨ ਦੀ ਜੰਗ ਵਿਰੁੱਧ ਹੈ। ਇਸ ਕੌਮਾਂਤਰੀ ਖਿੱਚੋਤਾਣ ਕਾਰਨ 'ਹੋਰਮੁਜ਼ ਦੇ ਜਲਡਮਰੂ' ਵਰਗੇ ਸਮੁੰਦਰੀ ਰਸਤਿਆਂ ਰਾਹੀਂ ਵਪਾਰਕ ਜਹਾਜ਼ਾਂ ਦੀ ਆਵਾਜਾਈ ਠੱਪ ਹੈ, ਕਤਰ ਦੇ ਯੂਰੀਆ ਪਲਾਂਟ ਬੰਦ ਪਏ ਹਨ ਅਤੇ ਖਾੜੀ ਦੇਸ਼ਾਂ ਵਿੱਚ ਗੈਸ ਦੀ ਸਪਲਾਈ ਰੁਕਣ ਕਾਰਨ ਪਾਣੀਪਤ, ਨੰਗਲ ਅਤੇ ਬਠਿੰਡਾ ਦੇ ਸਾਡੇ ਆਪਣੇ ਕਾਰਖਾਨੇ ਕੱਚੇ ਮਾਲ ਨੂੰ ਤਰਸ ਰਹੇ ਹਨ।

ਜ਼ਮੀਨੀ ਪੱਧਰ 'ਤੇ ਕਾਲਾਬਾਜ਼ਾਰੀ ਅਤੇ ਕਿਸਾਨਾਂ ਦੀ ਲੁੱਟ : ਜਦੋਂ ਵੀ ਅਜਿਹੀ ਕੋਈ ਕਿੱਲਤ ਹੁੰਦੀ ਹੈ, ਤਾਂ ਮੁਨਾਫ਼ਾਖੋਰ ਸਰਗਰਮ ਹੋ ਕੇ ਛੋਟੇ ਕਿਸਾਨਾਂ ਦੀ ਮਜਬੂਰੀ ਦਾ ਫਾਇਦਾ ਚੁੱਕਦੇ ਹਨ। ਸਰਕਾਰ ਵੱਲੋਂ ਯੂਰੀਆ ਦੇ ਇੱਕ ਬੈਗ ਦੀ ਕੀਮਤ ਰੁ. 267 ਤੈਅ ਕੀਤੀ ਗਈ ਹੈ, ਪਰ ਪ੍ਰਾਈਵੇਟ ਡੀਲਰ ਕਿਸਾਨਾਂ ਨੂੰ ਜ਼ਬਰਦਸਤੀ ਨੈਨੋ-ਯੂਰੀਆ ਦੀਆਂ ਬੋਤਲਾਂ ਜਾਂ ਹੋਰ ਮਹਿੰਗੀਆਂ ਦਵਾਈਆਂ ਨਾਲ ਖਰੀਦਣ ਲਈ ਮਜਬੂਰ ਕਰ ਰਹੇ ਹਨ, ਜਿਸ ਕਾਰਨ ਗ਼ਰੀਬ ਕਿਸਾਨ ਦੀ ਜੇਬ 'ਤੇ ਦੋਹਰਾ ਡਾਕਾ ਮਾਰਿਆ ਜਾ ਰਿਹਾ ਹੈ।

ਕੁਦਰਤ ਦੀ ਕਰੋਪੀ ਅਤੇ ਚੌਤਰਫ਼ਾ ਮਾਰ : ਕਿਸਾਨ ਦੀ ਫ਼ਸਲ ਕਿਸੇ ਫੈਕਟਰੀ ਦੀ ਸੁਰੱਖਿਅਤ ਛੱਤ ਹੇਠ ਨਹੀਂ ਬਣਦੀ, ਉਹ ਖੁੱਲ੍ਹੇ ਅਸਮਾਨ ਹੇਠ ਹੁੰਦੀ ਹੈ, ਜਿੱਥੇ ਬੇਮੌਸਮਾ ਮੀਂਹ ਜਾਂ ਦਰਿਆਵਾਂ ਦੇ ਬੰਨ੍ਹ ਟੁੱਟਣ ਨਾਲ ਹਜ਼ਾਰਾਂ ਏਕੜ ਫ਼ਸਲ ਪਾਣੀ ਵਿੱਚ ਡੁੱਬ ਜਾਂਦੀ ਹੈ। ਦੂਜੇ ਪਾਸੇ, ਜੇ ਮੀਂਹ ਨਾ ਪਵੇ ਤਾਂ ਟਿਊਬਵੈੱਲਾਂ ਰਾਹੀਂ ਪਾਣੀ ਕੱਢਣ ਲਈ ਦਿਨ-ਰਾਤ ਮਹਿੰਗਾ ਡੀਜ਼ਲ ਫੂਕਣਾ ਪੈਂਦਾ ਹੈ ਅਤੇ ਜੇਕਰ ਪੱਕਣ 'ਤੇ ਆਈ ਕਣਕ ਜਾਂ ਝੋਨੇ 'ਤੇ ਅਚਾਨਕ ਗੜੇ ਪੈ ਜਾਣ, ਤਾਂ ਛੇ ਮਹੀਨੇ ਦੀ ਉਮੀਦ ਮਿੰਟਾਂ ਵਿੱਚ ਖ਼ਾਕ ਹੋ ਜਾਂਦੀ ਹੈ।

ਆਖਿਰ ਕੀ ਗਲਤੀ ਹੋਈ ਹੈ ਕਿਸਾਨ ਤੋਂ ਜੋ ਪਰਮਾਤਮਾ ਦੀ ਏਨੀ ਕਰੋਪੀ ਸਹਿ ਰਿਹਾ ਹੈ? : ਮਨ ਵਿੱਚ ਸਵਾਲ ਉੱਠਦਾ ਹੈ ਕਿ ਦੇਸ਼ ਦਾ ਪੇਟ ਭਰਨ ਵਾਲੇ ਇਸ ਮਾਸੂਮ ਅੰਨਦਾਤੇ ਤੋਂ ਆਖਿਰ ਅਜਿਹੀ ਕਿਹੜੀ ਭੁੱਲ ਹੋ ਗਈ ਹੈ, ਜੋ ਕੁਦਰਤ ਵੀ ਉਸ 'ਤੇ ਰਹਿਮ ਨਹੀਂ ਕਰ ਰਹੀ? ਜਦੋਂ ਤਪਦੀ ਗਰਮੀ ਵਿੱਚ ਹੱਡ ਗਾਲ ਕੇ ਫ਼ਸਲ ਪਾਲੀਦੀ ਹੈ, ਤਾਂ ਪੱਕਣ ਵੇਲੇ ਅਸਮਾਨੋਂ ਅੱਗ ਦੇ ਗੋਲੇ ਜਾਂ ਗੜੇ ਵਰ੍ਹ ਜਾਂਦੇ ਹਨ। ਸ਼ਾਇਦ ਕਿਸਾਨ ਦੀ ਸਭ ਤੋਂ ਵੱਡੀ "ਗਲਤੀ" ਇਹੀ ਹੈ ਕਿ ਉਹ ਹਰ ਰੋਜ਼ ਕੁਦਰਤ ਦੇ ਜੂਏ ਅੱਗੇ ਆਪਣੀ ਕਿਸਮਤ ਦਾ ਦਾਅ ਲਗਾਉਂਦਾ ਹੈ, ਬਿਨਾਂ ਇਹ ਜਾਣੇ ਕਿ ਅਗਲੇ ਪਲ ਮੌਸਮ ਕੀ ਰੰਗ ਦਿਖਾਏਗਾ। ਉਹ ਸਭ ਦਾ ਭਲਾ ਮੰਗਦਾ ਹੈ, ਪਰ ਬਦਲੇ ਵਿੱਚ ਉਸਨੂੰ ਸਿਰਫ਼ ਬੇਕਦਰੀ ਤੇ ਹੰਝੂ ਹੀ ਮਿਲਦੇ ਹਨ।

ਡਿਵੈਲਪਮੈਂਟ ਅਤੇ ਹਾਈਵੇਅਜ਼ ਦੀ ਬਲੀ ਚੜ੍ਹਦੀਆਂ ਘਟਦੀਆਂ ਜ਼ਮੀਨਾਂ : ਪੀੜ੍ਹੀ-ਦਰ-ਪੀੜ੍ਹੀ ਪਰਿਵਾਰ ਵਧਣ ਨਾਲ ਜ਼ਮੀਨਾਂ ਦੀ ਵੰਡ ਤਾਂ ਪਹਿਲਾਂ ਹੀ ਹੋ ਰਹੀ ਸੀ, ਪਰ ਹੁਣ ਰਹੀ-ਸਹੀ ਕਸਰ 'ਤਰੱਕੀ' (Development) ਦੇ ਨਾਂ 'ਤੇ ਬਣ ਰਹੇ ਐਕਸਪ੍ਰੈਸਵੇਅ, ਚੌੜੀਆਂ ਸੜਕਾਂ ਅਤੇ ਵੱਡੇ ਪ੍ਰੋਜੈਕਟਾਂ ਨੇ ਪੂਰੇ ਕਰ ਦਿੱਤੀ ਹੈ। ਪੰਜਾਬ ਦੀਆਂ ਸਭ ਤੋਂ ਉਪਜਾਊ ਜ਼ਮੀਨਾਂ ਅੱਜ ਸੜਕਾਂ ਦੀ ਬਲੀ ਚੜ੍ਹ ਗਈਆਂ ਹਨ। ਕਿਸਾਨ ਕੋਲੋਂ ਉਸਦੀ ਮਾਂ ਵਰਗੀ ਜ਼ਮੀਨ ਖੋਹ ਕੇ ਕੰਕਰੀਟ ਦੇ ਜੰਗਲ ਖੜ੍ਹੇ ਕੀਤੇ ਜਾ ਰਹੇ ਹਨ, ਜਿਸ ਕਾਰਨ ਛੋਟੀ ਹੁੰਦੀ ਜਾ ਰਹੀ ਕਿਸਾਨੀ ਹੁਣ ਮਹਿਜ਼ 2-3 ਏਕੜ 'ਤੇ ਸਿਮਟ ਕੇ ਰਹਿ ਗਈ ਹੈ। ਇਸ ਛੋਟੇ ਰਕਬੇ ਵਿੱਚ ਮਹਿੰਗੇ ਟਰੈਕਟਰਾਂ ਅਤੇ ਮਸ਼ੀਨਰੀ ਦਾ ਬੋਝ ਚੁੱਕਣਾ ਕਿਸਾਨ ਨੂੰ ਕਰਜ਼ੇ ਦੇ ਉਸ ਅੰਧਕਾਰ ਵਿੱਚ ਧੱਕ ਦਿੰਦਾ ਹੈ ਜਿੱਥੋਂ ਵਾਪਸੀ ਦਾ ਕੋਈ ਰਾਹ ਨਹੀਂ ਲੱਭਦਾ।

ਬਿਮਾਰੀਆਂ ਤੇ ਨਕਲੀ ਦਵਾਈਆਂ ਦਾ ਡੰਗ : ਫ਼ਸਲਾਂ ਨੂੰ ਲੱਗਣ ਵਾਲੀਆਂ ਨਵੀਆਂ-ਨਵੀਆਂ ਬਿਮਾਰੀਆਂ, ਜਿਵੇਂ ਨਰਮੇ 'ਤੇ ਚਿੱਟੀ ਮੱਖੀ, ਝੋਨੇ ਵਿੱਚ 'ਬੌਣਾ ਰੋਗ' ਅਤੇ ਕਣਕ 'ਤੇ ਗੁੱਲੀ-ਡੰਡੇ ਦਾ ਪ੍ਰਕੋਪ ਕਿਸਾਨ ਦਾ ਲੱਕ ਤੋੜ ਦਿੰਦਾ ਹੈ। ਇਹਨਾਂ ਬਿਮਾਰੀਆਂ ਨਾਲ ਲੜਦਿਆਂ ਕਿਸਾਨ ਕਈ-ਕਈ ਵਾਰ ਸਪ੍ਰੇਅ ਕਰਦਾ ਹੈ, ਪਰ ਬਜ਼ਾਰ ਵਿੱਚ ਵਿਕਣ ਵਾਲੀਆਂ ਨਕਲੀ ਕੀਟਨਾਸ਼ਕ ਦਵਾਈਆਂ ਉਸ ਨੂੰ ਆਰਥਿਕ ਤੌਰ 'ਤੇ ਤਬਾਹ ਕਰ ਦਿੰਦੀਆਂ ਹਨ ਕਿਉਂਕਿ ਪੈਸਾ ਵੀ ਲੱਗ ਜਾਂਦਾ ਹੈ ਤੇ ਫ਼ਸਲ ਵੀ ਨਹੀਂ ਬਚਦੀ।

ਮੰਡੀਕਰਨ ਦੇ ਚੱਕਰਵਿਊ ਵਿੱਚ ਆਪਣੀ ਹੀ ਜਿਣਸ ਲਈ ਬੇਬਸੀ : ਕਿਸਾਨ ਬਾਜ਼ਾਰ ਦੇ ਉਸ ਅਜੀਬ ਨਿਯਮ ਵਿੱਚ ਫਸਿਆ ਹੋਇਆ ਹੈ, ਜਿੱਥੇ ਉਹ ਖਰੀਦਣ ਵੇਲੇ ਵੀ ਲੁੱਟਿਆ ਜਾਂਦਾ ਹੈ ਤੇ ਵੇਚਣ ਵੇਲੇ ਵੀ। ਬੀਜ, ਖਾਦ ਅਤੇ ਲੇਬਰ ਦੇ ਖਰਚੇ ਕਿਸਾਨ ਮਹਿੰਗੇ ਭਾਅ 'ਤੇ ਕੰਪਨੀਆਂ ਦੇ ਤੈਅ ਮੁੱਲ ਅਨੁਸਾਰ ਖਰੀਦਦਾ ਹੈ, ਪਰ ਜਦੋਂ ਫ਼ਸਲ ਮੰਡੀ ਵਿੱਚ ਆਉਂਦੀ ਹੈ, ਤਾਂ ਐਮ.ਐਸ.ਪੀ. ਜਾਂ ਵਪਾਰੀ ਤੈਅ ਕਰਦੇ ਹਨ ਕਿ ਕਿਸਾਨ ਨੂੰ ਕੀ ਮਿਲੇਗਾ, ਜਿਸ ਕਾਰਨ ਉਹ ਹਮੇਸ਼ਾ ਆੜ੍ਹਤੀਆਂ ਦੇ ਕਰਜ਼ੇ ਹੇਠ ਦੱਬਿਆ ਰਹਿੰਦਾ ਹੈ।

ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਬੇਰੁਖ਼ੀ : ਕੇਂਦਰ ਸਰਕਾਰ ਹਮੇਸ਼ਾ ਐਮ.ਐਸ.ਪੀ. ਦੇ ਨਾਂ 'ਤੇ ਸਿਰਫ਼ ਸਿਆਸਤ ਕਰਦੀ ਆਈ ਹੈ ਅਤੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ (32+50% ਫਾਰਮੂਲਾ) ਨੂੰ ਲਾਗੂ ਨਾ ਕਰਨਾ ਕਿਸਾਨੀ ਨਾਲ ਸਭ ਤੋਂ ਵੱਡਾ ਧ੍ਰੋਹ ਹੈ। ਇਸ ਤੋਂ ਇਲਾਵਾ, ਦਹਾਕਿਆਂ ਤੋਂ ਖਾਦਾਂ ਦੇ ਮਾਮਲੇ ਵਿੱਚ ਭਾਰਤ ਨੂੰ ਆਤਮਨਿਰਭਰ ਬਣਾਉਣ ਲਈ ਦੇਸ਼ ਅੰਦਰ ਲੋੜੀਂਦੇ ਉਤਪਾਦਨ ਪਲਾਂਟ ਨਹੀਂ ਲਗਾਏ ਗਏ, ਜਿਸ ਕਾਰਨ ਅੱਜ ਸਾਡੇ ਕਿਸਾਨ ਨੂੰ ਵਿਦੇਸ਼ੀ ਜੰਗਾਂ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ।

ਰਾਜ ਸਰਕਾਰ ਦੀ ਪ੍ਰਸ਼ਾਸਨਿਕ ਸੁਸਤੀ : ਜਦੋਂ ਪ੍ਰਾਈਵੇਟ ਡੀਲਰ ਯੂਰੀਆ ਦੀ ਕਾਲਾਬਾਜ਼ਾਰੀ ਕਰਦੇ ਹਨ, ਤਾਂ ਰਾਜ ਦਾ ਖੇਤੀਬਾੜੀ ਵਿਭਾਗ ਸਿਰਫ਼ ਨਾਮਾਤਰ ਛਾਪੇਮਾਰੀ ਕਰਦਾ ਹੈ, ਜਦਕਿ ਲੋੜ ਹੈ ਕਿ ਅਜਿਹੇ ਡੀਲਰਾਂ ਦੇ ਲਾਇਸੈਂਸ ਤੁਰੰਤ ਰੱਦ ਕੀਤੇ ਜਾਣ। ਇਸ ਦੇ ਨਾਲ ਹੀ, ਹੜ੍ਹ ਜਾਂ ਸੋਕੇ ਦੀ ਸੂਰਤ ਵਿੱਚ ਗਿਰਦਾਵਰੀ ਅਤੇ ਮੁਆਵਜ਼ੇ ਦੀ ਪ੍ਰਕਿਰਿਆ ਇੰਨੀ ਲੰਬੀ ਅਤੇ ਸੁਸਤ ਹੁੰਦੀ ਹੈ ਕਿ ਮਿਲਣ ਵਾਲੀ ਮਾਮੂਲੀ ਰਕਮ ਕਿਸਾਨ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਬਰਾਬਰ ਸਾਬਿਤ ਹੁੰਦੀ ਹੈ।

ਸਮਾਜਿਕ ਤ੍ਰਾਸਦੀ ਅਤੇ ਪਿੰਡਾਂ ਦਾ ਉਜਾੜਾ : ਖੇਤੀ ਵਿੱਚੋਂ ਆਮਦਨ ਪੱਕੀ ਨਾ ਹੋਣ ਕਾਰਨ ਅੱਜ ਪੰਜਾਬ ਦਾ ਕਿਸਾਨ ਆਪਣੇ ਬੱਚਿਆਂ ਨੂੰ ਇਸ ਹੱਡ-ਭੰਨਵੀਂ ਮਿਹਨਤ ਵਿੱਚ ਨਹੀਂ ਪਾਉਣਾ ਚਾਹੁੰਦਾ, ਜਿਸ ਕਾਰਨ ਪਿੰਡਾਂ ਦੇ ਪਿੰਡ ਖਾਲੀ ਹੋ ਰਹੇ ਹਨ ਅਤੇ ਬੱਚੇ ਜ਼ਮੀਨਾਂ ਵੇਚ ਕੇ ਬਾਹਰਲੇ ਮੁਲਕਾਂ ਵੱਲ ਭੱਜ ਰਹੇ ਹਨ। ਜਦੋਂ ਦੇਸ਼ ਦਾ ਪੇਟ ਭਰਨ ਵਾਲਾ ਅੰਨਦਾਤਾ ਕਰਜ਼ੇ ਦੇ ਬੋਝ ਹੇਠ ਆ ਕੇ ਖੁਦਕੁਸ਼ੀ ਦੇ ਰਾਹ ਪੈਂਦਾ ਹੈ, ਤਾਂ ਇਹ ਸਿਰਫ਼ ਇੱਕ ਪਰਿਵਾਰ ਦੀ ਮੌਤ ਨਹੀਂ, ਬਲਕਿ ਪੂਰੇ ਸਿਸਟਮ ਅਤੇ ਸਮਾਜ ਦੇ ਮੱਥੇ 'ਤੇ ਕਲੰਕ ਹੈ।

ਆਖਿਰ ਕਿਸਾਨਾਂ ਦੀ ਆਵਾਜ਼ ਕੌਣ ਸੁਣੇਗਾ ? : ਸਭ ਤੋਂ ਵੱਡਾ ਅਤੇ ਦਰਦਨਾਕ ਸਵਾਲ ਇਹੀ ਹੈ ਕਿ ਜਮਹੂਰੀਅਤ ਦੇ ਇਸ ਦੇਸ਼ ਵਿੱਚ ਆਖਿਰ ਕਿਸਾਨ ਦੀ ਆਵਾਜ਼ ਸੁਣੇਗਾ ਕੌਣ? ਵੋਟਾਂ ਵੇਲੇ ਹਰ ਸਿਆਸੀ ਪਾਰਟੀ ਕਿਸਾਨ ਦੇ ਹੱਕ ਵਿੱਚ ਹਮਦਰਦੀ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਚੋਣਾਂ ਲੰਘਦਿਆਂ ਹੀ ਉਹੀ ਕਿਸਾਨ ਸੱਤਾ ਦੇ ਗਲਿਆਰਿਆਂ ਲਈ ਗੈਰ-ਜ਼ਰੂਰੀ ਬਣ ਜਾਂਦਾ ਹੈ। ਅਦਾਲਤਾਂ, ਅਫ਼ਸਰਸ਼ਾਹੀ ਅਤੇ ਏਅਰ-ਕੰਡੀਸ਼ਨਡ ਕਮਰਿਆਂ ਵਿੱਚ ਬੈਠੇ ਨੀਤੀ-ਘਾੜ੍ਹਨ ਵਾਲਿਆਂ ਨੂੰ ਖੇਤਾਂ ਦੀ ਮਿੱਟੀ ਦੀ ਮਹਿਕ ਅਤੇ ਉਸ ਵਿਚਲੇ ਹੰਝੂਆਂ ਦਾ ਅਹਿਸਾਸ ਹੀ ਨਹੀਂ ਹੈ। ਜੇਕਰ ਦੇਸ਼ ਨੂੰ ਚਲਾਉਣ ਵਾਲੇ ਹੀ ਅੰਨਦਾਤੇ ਦੇ ਇਸ ਦਰਦ ਤੋਂ ਮੂੰਖ ਮੋੜ ਲੈਣਗੇ, ਤਾਂ ਫਿਰ ਇਨਸਾਫ਼ ਦੀ ਉਮੀਦ ਕਿਸ ਤੋਂ ਰੱਖੀ ਜਾਵੇ?

ਹੁਣ ਗੱਲਾਂ ਦਾ ਨਹੀਂ, ਹੱਲ ਦਾ ਵੇਲਾ ਹੈ : ਇੱਕ ਨੌਕਰੀ ਪੇਸ਼ਾ ਬੰਦੇ ਨੂੰ ਪਤਾ ਹੁੰਦਾ ਹੈ ਕਿ ਮਹੀਨੇ ਬਾਅਦ ਕਿੰਨੀ ਤਨਖਾਹ ਆਉਣੀ ਹੈ, ਪਰ ਕਿਸਾਨ ਜਦੋਂ ਖੇਤ ਵਿੱਚ ਬੀਜ ਬੀਜਦਾ ਹੈ, ਤਾਂ ਉਹ ਆਪਣੀ ਕਿਸਮਤ ਦਾ ਜੂਆ ਖੇਡਦਾ ਹੈ। ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਯੂਰੀਆ ਦੀ ਸਪਲਾਈ ਤੁਰੰਤ ਬਹਾਲ ਕਰਨ, ਕਾਲਾਬਾਜ਼ਾਰੀ ਕਰਨ ਵਾਲਿਆਂ 'ਤੇ ਗੈਰ-ਜ਼ਮਾਨਤੀ ਕੇਸ ਦਰਜ ਕਰਨ, ਸੜਕਾਂ ਤੇ ਵਿਕਾਸ ਦੇ ਨਾਂ 'ਤੇ ਉਜਾੜੇ ਜਾ ਰਹੇ ਕਿਸਾਨਾਂ ਨੂੰ ਜ਼ਮੀਨ ਦਾ ਸਹੀ ਮੁੱਲ ਤੇ ਬਦਲਵਾਂ ਰੁਜ਼ਗਾਰ ਦੇਣ। ਜਦੋਂ ਤੱਕ ਕਿਸਾਨ ਨੂੰ ਉਸਦੀ ਫ਼ਸਲ ਦੀ ਕਾਨੂੰਨੀ ਐਮ.ਐਸ.ਪੀ. ਨਹੀਂ ਮਿਲਦੀ, ਉਦੋਂ ਤੱਕ ਇਹ ਪੀੜ ਖ਼ਤਮ ਨਹੀਂ ਹੋ ਸਕਦੀ। ਹਾਕਮਾਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਜੇਕਰ ਮਿੱਟੀ ਦੇ ਜਾਇਆਂ ਦਾ ਸਬਰ ਟੁੱਟ ਗਿਆ, ਤਾਂ ਦੇਸ਼ ਦੇ ਅੰਨ ਦੇ ਭੰਡਾਰ ਖਾਲੀ ਹੋਣ ਵਿੱਚ ਦੇਰ ਨਹੀਂ ਲੱਗੇਗੀ। ਅੰਨਦਾਤੇ ਦੀ ਆਵਾਜ਼ ਨੂੰ ਹੁਣ ਹੋਰ ਦਬਾਇਆ ਨਹੀਂ ਜਾ ਸਕਦਾ।

ਐਸ.ਆਈ.ਟੀ. ਨੂੰ ਦਿੱਤੇ ਆਪਣੇ ਬਿਆਨ 'ਚ ਸਾਬਕਾ ਜਥੇ. ਗਿ. ਰਘਬੀਰ ਸਿੰਘ ਨੇ ਪੁਸ਼ਟੀ ਕੀਤੀ ਕਿ ਸੁਖਬੀਰ ਸਿੰਘ ਬਾਦਲ ਨੇ ਬਹਿਬਲ ਕਲਾਂ ਗੋਲੀਕਾਂਡ ਦੀ ਜ਼ਿੰਮੇਵਾਰੀ ਕਬੂਲੀ ਸੀ : ਪੰਨੂ

ਜੇਕਰ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਗੁਨਾਹ ਕਬੂਲਿਆ ਸੀ, ਤਾਂ ਅੱਜ ਉਹ ਇਸ ਤੋਂ ਮੁਨਕਰ ਕਿਉਂ ਹੋ ਰਹੇ ਹਨ?

ਚੰਡੀਗੜ੍ਹ, 11 ਜੂਨ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਬਹਿਬਲ ਕਲਾਂ ਗੋਲੀਕਾਂਡ ਮਾਮਲੇ ਵਿੱਚ ਹੋਏ ਨਵੇਂ ਖੁਲਾਸਿਆਂ ਨੇ ਇੱਕ ਵਾਰ ਫਿਰ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਵੱਲੋਂ ਬੇਅਦਬੀ ਦੀਆਂ ਘਟਨਾਵਾਂ ਅਤੇ ਉਸ ਤੋਂ ਬਾਅਦ ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਹੋਈ ਪੁਲਿਸ ਫਾਇਰਿੰਗ ਦੀ ਜਵਾਬਦੇਹੀ ਤੋਂ ਬਚਣ ਦੀਆਂ ਕੋਸ਼ਿਸ਼ਾਂ ਨੂੰ ਬੇਨਕਾਬ ਕਰ ਦਿੱਤਾ ਹੈ। ਐਸਆਈਟੀ ਦੇ ਸਾਹਮਣੇ ਸਾਬਕਾ ਅਕਾਲ ਤਖ਼ਤ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਬਿਆਨ ਦਾ ਹਵਾਲਾ ਦਿੰਦੇ ਹੋਏ ਬਲਤੇਜ ਪੰਨੂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਬਹਿਬਲ ਕਲਾਂ ਗੋਲੀਕਾਂਡ ਦੀ ਜ਼ਿੰਮੇਵਾਰੀ ਕਬੂਲ ਕੀਤੀ ਸੀ ਤੇ ਮੁਆਫੀ ਮੰਗੀ ਸੀ, ਜਿਸ ਕਾਰਨ ਉਨ੍ਹਾਂ ਦਾ ਹੁਣ ਇਸ ਗੱਲ ਤੋਂ ਇਨਕਾਰ ਕਰਨਾ ਉਨ੍ਹਾਂ ਦੇ ਆਪਣੇ ਹੀ ਇਕਬਾਲੀਆ ਬਿਆਨ ਦੇ ਬਿਲਕੁਲ ਉਲਟ ਹੈ। 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਨੇ ਕਿਹਾ ਕਿ ਪੰਜਾਬ ਬਹਿਬਲ ਕਲਾਂ ਅਤੇ ਕੋਟਕਪੂਰਾ ਗੋਲੀਕਾਂਡ, ਬੇਅਦਬੀ ਦੇ ਮਾਮਲਿਆਂ ਅਤੇ ਤਤਕਾਲੀ ਅਕਾਲੀ-ਭਾਜਪਾ ਸਰਕਾਰ ਵੱਲੋਂ ਨਿਭਾਈ ਗਈ ਭੂਮਿਕਾ ਨੂੰ ਭੁੱਲਿਆ ਨਹੀਂ ਹੈ, ਅਤੇ ਉਨ੍ਹਾਂ ਸਪੱਸ਼ਟ ਕੀਤਾ ਕਿ ਜ਼ਿੰਮੇਵਾਰ ਲੋਕਾਂ ਨੂੰ ਜਨਤਾ ਅਤੇ ਕਾਨੂੰਨ ਦੇ ਸਾਹਮਣੇ ਜਵਾਬ ਦੇਣਾ ਪਵੇਗਾ। ਸੁਖਬੀਰ ਸਿੰਘ ਬਾਦਲ ਦੇ ਇਕਬਾਲੀਆ ਬਿਆਨ ਦਾ ਇੱਕ ਵੀਡੀਓ ਰਿਕਾਰਡ ਸ੍ਰੀ ਅਕਾਲ ਤਖ਼ਤ ਸਾਹਿਬ ਕੋਲ ਸੁਰੱਖਿਅਤ ਹੋਣ ਦਾ ਦਾਅਵਾ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਸਿੱਖਾਂ ਦੀ ਸਰਵਉੱਚ ਅਦਾਲਤ ਅੱਗੇ ਗੁਨਾਹ ਕਬੂਲ ਕਰਨਾ ਤੇ ਫਿਰ ਜਨਤਕ ਤੌਰ 'ਤੇ ਇਸ ਤੋਂ ਮੁਨਕਰ ਹੋਣਾ ਸੰਸਥਾ ਦੀ ਮਰਿਆਦਾ ਦੀ ਤੌਹੀਨ ਹੈ ਤੇ ਉਨ੍ਹਾਂ ਪੰਜਾਬੀਆਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਹੈ ਜੋ ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਹਨ।

ਵੀਰਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਜਦੋਂ ਵੀ ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨਾਲ ਸਬੰਧਤ ਘਟਨਾਵਾਂ ਵਾਪਰੀਆਂ, ਉਦੋਂ ਅਕਾਲੀ-ਭਾਜਪਾ ਸਰਕਾਰਾਂ ਸੱਤਾ ਵਿੱਚ ਸਨ। ਉਨ੍ਹਾਂ ਅੱਗੇ ਕਿਹਾ ਕਿ ਇਨਸਾਫ਼ ਯਕੀਨੀ ਬਣਾਉਣ ਦੀ ਬਜਾਏ, ਉਨ੍ਹਾਂ ਸਰਕਾਰਾਂ ਨੇ ਮਾਮਲਿਆਂ ਨੂੰ ਦਬਾਉਣ ਦਾ ਕੰਮ ਕੀਤਾ ਤੇ ਦੋਸ਼ੀਆਂ ਨੂੰ ਬਚਾਇਆ। ਸਾਲ 1986 ਦੇ ਨਕੋਦਰ ਗੋਲੀਕਾਂਡ ਨੂੰ ਯਾਦ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਖਿਲਾਫ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਪ੍ਰਦਰਸ਼ਨਕਾਰੀਆਂ 'ਤੇ ਜਦੋਂ ਪੁਲਿਸ ਨੇ ਗੋਲੀਬਾਰੀ ਕੀਤੀ ਤਾਂ ਚਾਰ ਸਿੱਖ ਨੌਜਵਾਨ ਸ਼ਹੀਦ ਹੋ ਗਏ ਸਨ। ਜਸਟਿਸ ਗੁਰਨਾਮ ਸਿੰਘ ਕਮਿਸ਼ਨ ਦੀ ਰਿਪੋਰਟ ਦਾ ਇੱਕ ਵੱਡਾ ਹਿੱਸਾ ਅਕਾਲੀ ਸ਼ਾਸਨ ਦੌਰਾਨ ਰਹੱਸਮਈ ਢੰਗ ਨਾਲ ਗਾਇਬ ਕਰ ਦਿੱਤਾ ਗਿਆ ਤਾਂ ਜੋ ਸੱਚਾਈ ਸਾਹਮਣੇ ਨਾ ਆ ਸਕੇ। ਉਸ ਦੌਰਾਨ ਅਹਿਮ ਅਹੁਦਿਆਂ 'ਤੇ ਤਾਇਨਾਤ ਅਧਿਕਾਰੀਆਂ ਨੂੰ ਬਾਅਦ ਵਿੱਚ ਅਕਾਲੀ ਦਲ ਵੱਲੋਂ ਸੀਨੀਅਰ ਅਹੁਦਿਆਂ ਤੇ ਸਿਆਸੀ ਅਹੁਦਿਆਂ ਨਾਲ ਨਿਵਾਜਿਆ ਗਿਆ।

ਸਾਲ 2015 ਦੀਆਂ ਘਟਨਾਵਾਂ ਨਾਲ ਸਮਾਨਤਾ ਦਿਖਾਉਂਦੇ ਹੋਏ ਬਲਤੇਜ ਪੰਨੂ ਨੇ ਕਿਹਾ ਕਿ ਸੱਚ ਨੂੰ ਦਬਾਉਣ ਦਾ ਉਹੀ ਤਰੀਕਾ ਉਦੋਂ ਵੀ ਸਾਹਮਣੇ ਆਇਆ ਜਦੋਂ ਬੁਰਜ ਜਵਾਹਰ ਸਿੰਘ ਵਾਲਾ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਚੋਰੀ ਕੀਤਾ ਗਿਆ ਅਤੇ ਭੜਕਾਊ ਪੋਸਟਰ ਲਗਾਏ ਗਏ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੀ। ਜਨਤਾ ਦੇ ਭਾਰੀ ਰੋਸ ਦੇ ਬਾਵਜੂਦ, ਤਤਕਾਲੀ ਅਕਾਲੀ-ਭਾਜਪਾ ਸਰਕਾਰ ਠੋਸ ਕਾਰਵਾਈ ਕਰਨ ਵਿੱਚ ਅਸਫਲ ਰਹੀ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਲੋਕ ਬੇਅਦਬੀ ਦੀਆਂ ਘਟਨਾਵਾਂ ਦੇ ਵਿਰੋਧ ਵਿੱਚ ਸ਼ਾਂਤਮਈ ਪ੍ਰਦਰਸ਼ਨ ਲਈ ਸੜਕਾਂ 'ਤੇ ਉਤਰੇ, ਤਾਂ ਸਰਕਾਰ ਨੇ ਇਨਸਾਫ਼ ਦੇਣ ਦੀ ਬਜਾਏ ਤਾਕਤ ਦੀ ਵਰਤੋਂ ਕੀਤੀ। ਕੋਟਕਪੂਰਾ ਵਿਖੇ ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਪਾਣੀ ਦੀਆਂ ਬੌਛਾਰਾਂ, ਅੱਥਰੂ ਗੈਸ ਅਤੇ ਗੋਲੀਆਂ ਚਲਾਈਆਂ ਗਈਆਂ, ਜਦੋਂ ਕਿ ਬਹਿਬਲ ਕਲਾਂ ਵਿਖੇ ਪੁਲਿਸ ਦੀਆਂ ਗੋਲੀਆਂ ਨੇ ਦੋ ਬੇਗੁਨਾਹ ਸਿੱਖਾਂ ਦੀ ਜਾਨ ਲੈ ਲਈ।

ਸੁਖਬੀਰ ਸਿੰਘ ਬਾਦਲ 'ਤੇ ਸਿੱਧਾ ਨਿਸ਼ਾਨਾ ਸਾਧਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਸਾਬਕਾ ਉਪ ਮੁੱਖ ਮੰਤਰੀ ਅਤੇ ਤਤਕਾਲੀ ਗ੍ਰਹਿ ਮੰਤਰੀ ਆਪਣੇ ਕਾਰਜਕਾਲ ਦੌਰਾਨ ਵਾਪਰੀਆਂ ਘਟਨਾਵਾਂ ਦੀ ਜਵਾਬਦੇਹੀ ਤੋਂ ਬਚ ਨਹੀਂ ਸਕਦੇ। ਕੋਟਕਪੂਰਾ ਗੋਲੀਕਾਂਡ ਮਾਮਲੇ ਵਿੱਚ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਵੱਲੋਂ ਦਾਇਰ ਕੀਤੀ ਚਾਰਜਸ਼ੀਟ ਦਾ ਹਵਾਲਾ ਦਿੰਦਿਆਂ ਉਨ੍ਹਾਂ ਨੋਟ ਕੀਤਾ ਕਿ ਅਦਾਲਤਾਂ ਨੇ ਵੀ ਇਸ ਘਟਨਾ ਨੂੰ ਸੰਭਾਲਣ ਦੇ ਤਰੀਕੇ ਬਾਰੇ ਗੰਭੀਰ ਟਿੱਪਣੀਆਂ ਕੀਤੀਆਂ ਸਨ। ਬਲਤੇਜ ਪੰਨੂ ਨੇ ਕਿਹਾ ਕਿ ਸਭ ਤੋਂ ਮਹੱਤਵਪੂਰਨ ਘਟਨਾਕ੍ਰਮ ਸਾਬਕਾ ਅਕਾਲ ਤਖ਼ਤ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਐਸਆਈਟੀ ਕੋਲ ਦਰਜ ਕਰਵਾਇਆ ਗਿਆ ਬਿਆਨ ਹੈ। ਸਾਬਕਾ ਜਥੇਦਾਰ ਨੇ ਪੁਸ਼ਟੀ ਕੀਤੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੇਸ਼ੀ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਬਹਿਬਲ ਕਲਾਂ ਗੋਲੀਕਾਂਡ ਨਾਲ ਜੁੜੀਆਂ ਘਟਨਾਵਾਂ ਦੀ ਜ਼ਿੰਮੇਵਾਰੀ ਕਬੂਲ ਕੀਤੀ ਸੀ। ਇਹ ਇਕਬਾਲੀਆ ਬਿਆਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਜਨਤਕ ਤੌਰ 'ਤੇ ਕੀਤਾ ਗਿਆ ਸੀ ਅਤੇ ਇਸ ਦੀ ਵੀਡੀਓ ਰਿਕਾਰਡਿੰਗ ਕੀਤੀ ਗਈ ਸੀ। ਇਹ ਰਿਕਾਰਡਿੰਗ ਅੱਜ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਰਿਕਾਰਡ ਵਿੱਚ ਸੁਰੱਖਿਅਤ ਹੈ।

ਅਕਾਲੀ ਦਲ ਦੇ ਪ੍ਰਧਾਨ ਦੇ ਸਟੈਂਡ 'ਤੇ ਸਵਾਲ ਉਠਾਉਂਦੇ ਹੋਏ ਬਲਤੇਜ ਪੰਨੂ ਨੇ ਕਿਹਾ ਕਿ ਜੇਕਰ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਜ਼ਿੰਮੇਵਾਰੀ ਕਬੂਲ ਕੀਤੀ ਸੀ, ਤਾਂ ਉਹ ਹੁਣ ਪੰਜਾਬ ਦੇ ਲੋਕਾਂ ਸਾਹਮਣੇ ਇਸ ਤੋਂ ਇਨਕਾਰ ਕਿਵੇਂ ਕਰ ਸਕਦੇ ਹਨ? ਜੇਕਰ ਉਹ ਸੱਚਮੁੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਰਵਉੱਚ ਮੰਨਦੇ ਹਨ, ਤਾਂ ਉਹ ਆਪਣੇ ਹੀ ਇਕਬਾਲੀਆ ਬਿਆਨ ਦੇ ਉਲਟ ਕਿਉਂ ਜਾ ਰਹੇ ਹਨ?

'ਆਪ' ਸਰਕਾਰ ਦੀ ਪਹੁੰਚ 'ਤੇ ਚਾਨਣਾ ਪਾਉਂਦੇ ਹੋਏ ਬਲਤੇਜ ਪੰਨੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਬੇਅਦਬੀ ਤੇ ਗੋਲੀਕਾਂਡ ਦੇ ਮਾਮਲਿਆਂ ਦੀ ਜਾਂਚ ਕਰ ਰਹੀਆਂ ਐਸ.ਆਈ.ਟੀਜ਼ ਨੂੰ ਬਿਨਾਂ ਕਿਸੇ ਸਿਆਸੀ ਦਖਲਅੰਦਾਜ਼ੀ ਦੇ ਸੁਤੰਤਰ ਤੌਰ 'ਤੇ ਕੰਮ ਕਰਨ ਦੀ ਇਜਾਜ਼ਤ ਦਿੱਤੀ ਹੈ। ਪਿਛਲੀਆਂ ਸਰਕਾਰਾਂ ਦੇ ਉਲਟ, 'ਆਪ' ਸਰਕਾਰ ਨੇ ਜਾਂਚ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਨਹੀਂ ਕੀਤੀ ਅਤੇ ਉਹ ਸੱਚਾਈ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਬਲਤੇਜ ਪੰਨੂ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕਾਂ ਨੇ ਇਨਸਾਫ਼ ਲਈ ਬਹੁਤ ਲੰਮਾ ਇੰਤਜ਼ਾਰ ਕੀਤਾ ਹੈ। ਬੇਅਦਬੀ ਦੀਆਂ ਘਟਨਾਵਾਂ, ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਗੋਲੀਬਾਰੀ ਅਤੇ ਉਸ ਤੋਂ ਬਾਅਦ ਮਾਮਲੇ ਨੂੰ ਦਬਾਉਣ ਲਈ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ, ਭਾਵੇਂ ਉਨ੍ਹਾਂ ਦਾ ਸਿਆਸੀ ਰੁਤਬਾ ਕਿੰਨਾ ਵੀ ਵੱਡਾ ਕਿਉਂ ਨਾ ਹੋਵੇ।

ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)
ਜ਼ਮੀਨੀ ਤਲ ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ-160017

ਮਾਮਲਾ ਨੰ. : ਓਏ/1311/2023 ਈਐਕਸਐਚ ਨੰ. 31996

ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ

ਐਚਡੀਐਫਸੀ ਬੈਂਕ ਬਨਾਮ ਮੈਸ. ਜੈਨ ਕਲਾਥ ਹਾਊਸ ਅਤੇ ਹੋਰ

ਵੱਲ,
(2) ਸਾਹਿਲ ਸ਼ਰਮਾ ਪੁੱਤਰ ਸਵਰਗੀ ਸ਼੍ਰੀ ਸੰਜੇ ਸ਼ਰਮਾ ਵਾਸੀ ਮਕਾਨ ਨੰ. 11, ਵਾਰਡ ਨੰ. 4, ਰਾਇਲ ਸਿਟੀ, ਬੁਢਲਾਡਾ, ਜ਼ਿਲ੍ਹਾ ਮਾਨਸਾ, ਪੰਜਾਬ।
(3) ਸੰਜੇ ਸ਼ਰਮਾ ਪੁੱਤਰ ਸ਼੍ਰੀ ਰਾਮ ਸਰੂਪ, ਮੌਤ ਤੋਂ ਬਾਅਦ ਜ਼ਿੰਦਾ, ਕਾਨੂੰਨੀ ਵਾਰਸਾਂ ਦੁਆਰਾ:
(3.2) ਸ਼੍ਰੀ ਸਾਹਿਲ ਸ਼ਰਮਾ, ਪੁੱਤਰ ਸ਼੍ਰੀ ਰਾਮ ਸਰੂਪ ਵਾਸੀ ਮਕਾਨ ਨੰ. 11 ਵਾਰਡ ਨੰ. 4, ਰਾਇਲ ਸਿਟੀ, ਬੁਢਲਾਡਾ, ਜ਼ਿਲ੍ਹਾ ਮਾਨਸਾ, ਪੰਜਾਬ।

ਸੰਮਨ

ਜਿਥੇ ਕਿ, ਓ. ਏ./1311/2023, 03.06.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 1,00,84,911.85/- (ਅਰਜ਼ੀ, ਦਸਤਾਵੇਜ਼ਾਂ ਦੀਆਂ ਕਾਪੀਆਂ ਆਦਿ ਦੇ ਨਾਲ, ਨਾਲ ਨੱਥੀ ਹੈ।) ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 18.07.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 04.06.2026 ਨੂੰ ਜਾਰੀ।

ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ

ਪੰਜਾਬ ਨੈਸ਼ਨਲ ਬੈਂਕ
.... ਬਿਹਤਰੀ ਲਈ ਸਾਂਝ

ਸ਼ਾਖਾ ਦਫ਼ਤਰ : ਗੱਜੂ ਖੇੜਾ (202410)

ਮੰਗ ਨੋਟਿਸ

ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਸਰਫੇਸੀ ਐਕਟ) ਦੀ ਸੁਰੱਖਿਆ ਅਤੇ ਲਾਗੂ ਕਰਨ ਦੀ ਧਾਰਾ 13(2) ਦੇ ਤਹਿਤ ਮੰਗ ਨੋਟਿਸ (ਸਰਫੇਸੀ ਐਕਟ) ਸੁਰੱਖਿਆ ਵਿਆਜ (ਲਾਗੂ ਕਰਨ) ਨਿਯਮ 2002 ਦੇ ਨਿਯਮ 3 ਦੇ ਨਾਲ ਪੜ੍ਹੋ ।

ਤੁਹਾਨੂੰ ਸਾਰਿਆਂ ਨੂੰ, ਹੇਠਾਂ ਦੱਸੇ ਗਏ ਵਿਅਕਤੀਆਂ (ਕਰਜ਼ਾ ਲੈਣ ਵਾਲੇ/ਗਾਰੰਟਰ) ਨੂੰ, ਬੈਂਕ ਦੇ 'ਅਧਿਕਾਰਤ ਅਧਿਕਾਰੀ' ਦੁਆਰਾ ਸਰਫਾਇਸੀ ਐਕਟ -2002 ਦੀ ਧਾਰਾ 13(2) ਦੇ ਤਹਿਤ ਰਜਿਸਟਰਡ ਮੰਗ ਨੋਟਿਸ ਭੇਜੇ ਗਏ ਸਨ, ਜਿਸ ਵਿੱਚ ਤੁਹਾਨੂੰ ਸਾਰਿਆਂ ਨੂੰ ਨੋਟਿਸ ਦੀ ਮਿਤੀ ਦੇ ਅਨੁਸਾਰ ਖਾਤੇ ਦੇ ਵਿਰੁੱਧ ਦੱਸੀ ਗਈ ਮੰਗ ਨੋਟਿਸ ਦੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਸੀ, ਨੋਟਿਸ ਦੇ 60 (ਸੱਠ) ਦਿਨਾਂ ਦੇ ਅੰਦਰ ਭੁਗਤਾਨ ਹੋਣ ਤੱਕ। ਉਕਤ ਮੰਗ ਨੋਟਿਸ ਤੁਹਾਡੇ ਸਾਰਿਆਂ ਨੂੰ ਨਹੀਂ ਦਿੱਤਾ ਜਾ ਸਕਿਆ ਅਤੇ ਕੁਝ ਮਾਮਲਿਆਂ ਵਿੱਚ ਇਸਨੂੰ ਬਿਨਾਂ ਕਿਸੇ ਜਵਾਬ ਦੇ ਵਾਪਸ ਕਰ ਦਿੱਤਾ ਗਿਆ ਸੀ। ਸੁਰੱਖਿਅਤ ਲੈਣਦਾਰ ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਕਾਰਨ ਹੇਠਾਂ ਹਸਤਾਖਰ ਕਰਨ ਵਾਲੇ ਕੋਲ ਹਨ। ਇਹ ਮੰਨਣ ਲਈ ਕਿ ਤੁਹਾਨੂੰ ਸਾਰਿਆਂ ਨੂੰ ਆਮ ਤੌਰ 'ਤੇ ਬਦਲਵੀਂ ਸੇਵਾ ਦੇ ਢੰਗ ਤੋਂ ਇਲਾਵਾ ਮੰਗ ਨੋਟਿਸ ਨਹੀਂ ਦਿੱਤਾ ਜਾ ਸਕਦਾ। ਇਸ ਲਈ, ਤੁਹਾਡੇ ਵਿੱਚੋਂ ਹਰੇਕ ਨੂੰ ਇਸ ਜਨਤਕ ਨੋਟਿਸ ਰਾਹੀਂ ਇਸ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਤੁਹਾਡੇ ਵਿਰੁੱਧ ਬਕਾਇਆ ਭੁਗਤਾਨ ਦੀ ਮਿਤੀ ਤੱਕ ਹੇਠਾਂ ਦਿੱਤੀ ਰਕਮ ਨੂੰ ਹੋਰ ਵਿਆਜ ਸਮੇਤ ਅਦਾ ਕਰਨ ਲਈ ਕਿਹਾ ਜਾਂਦਾ ਹੈ, ਅਜਿਹਾ ਨਾ ਕਰਨ ਦੀ ਸੂਰਤ ਵਿੱਚ, ਬੈਂਕ ਉਕਤ ਐਕਟ-2002 ਦੀ ਧਾਰਾ 13(4) ਦੇ ਤਹਿਤ ਹੇਠਾਂ ਦੱਸੀਆਂ ਸੁਰੱਖਿਅਤ ਸੰਪਤੀਆਂ ਦਾ ਕਬਜ਼ਾ ਲੈਣ ਲਈ ਕਾਰਵਾਈ ਕਰੇਗਾ ਅਤੇ ਉਸ ਤੋਂ ਬਾਅਦ ਇਸਨੂੰ ਵੇਚਣ ਲਈ ਅੱਗੇ ਵਧਾਏਗਾ ਤਾਂ ਜੋ ਬਕਾਇਆ ਰਕਮ ਦੀ ਪ੍ਰਾਪਤੀ ਤੱਕ ਹੋਰ ਵਿਆਜ ਸਮੇਤ ਪ੍ਰਾਪਤੀ ਕੀਤੀ ਜਾ ਸਕੇ। ਕਰਜ਼ਦਾਰ ਦੁਆਰਾ ਬਕਾਇਆ ਰਕਮ ਦੀ ਅਦਾਇਗੀ ਨਾ ਕਰਨ ਕਾਰਨ ਗਰੰਟਰ/ਮੌਰਟਗੇਗਰ, ਉਹਨਾਂ ਦੁਆਰਾ ਦਿੱਤੀ ਗਈ ਗਰੰਟੀ ਇਸ ਦੁਆਰਾ ਮੰਗੀ ਜਾਂਦੀ ਹੈ ਅਤੇ ਤੁਹਾਨੂੰ ਪੂਰੇ ਬਕਾਏ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ।

ਕਰਜ਼ਦਾਰ (ਾਂ)/ਜ਼ਾਮਨ(ਾਂ)/ ਦਾ ਨਾਮ	ਸੁਰੱਖਿਆ ਦੇ ਵੇਰਵੇ (ਸਾਰੇ ਭਾਗ ਅਤੇ ਹਿੱਸੇ)	ਮੰਗ ਸੂਚਨਾ ਦੀ ਮਿਤੀ / ਐਨਪੀਏ ਦੀ ਮਿਤੀ	ਬਕਾਇਆ ਰਕਮ
ਕਰਜ਼ਦਾਰ: 1. ਸ੍ਰੀ ਰਵਿੰਦਰ ਕੁਮਾਰ ਪੁੱਤਰ ਸ੍ਰੀ ਦੇਵੀ ਦਿਆਲ। 2. ਸ਼੍ਰੀਮਤੀ ਮੀਨੂੰ ਸ਼ਰਮਾ ਪਤਨੀ ਸ੍ਰੀ ਰਵਿੰਦਰ ਕੁਮਾਰ, ਵਾਸੀ ਮਕਾਨ ਨੰ: 80, ਗੁਰੂ ਅੰਗਦ ਦੇਵ ਕਲੋਨੀ, ਸੀ.ਐਮ ਪਬਲਿਕ ਸਕੂਲ ਦੇ ਪਿੱਛੇ, ਰਾਜਪੁਰਾ ਜਿਲ੍ਹਾ, ਪਟਿਆਲਾ। ਜ਼ਾਮਨ: ਸ੍ਰੀ ਓਮ ਪ੍ਰਕਾਸ਼ ਪੁੱਤਰ ਸ੍ਰੀ ਪੇਰਾ ਰਾਮ, ਵਾਸੀ ਐੱਫ-8/27, ਸਤ ਨਰਾਇਣ ਮੰਦਰ ਨੇੜੇ, ਰਾਜਪੁਰਾ ਟਾਊਨ, ਰਾਜਪੁਰਾ, 140401	ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਗੁਰੂ ਅੰਗਦ ਦੇਵ ਕਲੋਨੀ, ਪਿੰਡ ਜੰਡੋਲੀ ਰਾਜਪੁਰਾ ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਹੈ ਜੋ ਕਿ 1-11/50 ਬਿਸਵੇ ਦੇ 61/6650 ਹਿੱਸੇ 4 ਵਿੱਘੇ 10 ਬਿਸਵੇ ਵਜੋਂ ਖੇਵਟ/ਖਾਤਾ ਨੰਬਰ 157/237 (ਨਵਾਂ ਖੇਵਟ ਖਾਤਾ ਨੰਬਰ 163/257), ਖਸਰਾ ਨੰਬਰ 719/112(4-10) ਕਿੱਤਾ 1 ਵਿੱਚ ਸ਼ਾਮਲ ਹੈ ਜੋ ਕਿ ਸਾਲ 2008-09 ਲਈ ਜਮ੍ਹਾਂਬੰਦੀ ਅਨੁਸਾਰ 61 ਵਰਗ ਗਜ਼ ਦੀ ਇਹ ਜਾਇਦਾਦ ਸ੍ਰੀ ਰਵਿੰਦਰ ਕੁਮਾਰ ਪੁੱਤਰ ਸ੍ਰੀ ਦੇਵੀ ਦਿਆਲ ਦੇ ਨਾਮ 'ਤੇ ਹੈ ਜੋ ਕਿ ਤਾਤੀਮਾ (ਸੁਧਾਰ) ਡੀਡ ਨੰਬਰ 1261 ਮਿਤੀ 08.07.2014 ਅਤੇ ਵਿਕਰੀ ਡੀਡ ਨੰਬਰ 1041 ਮਿਤੀ 24.06.2014 ਅਨੁਸਾਰ ਰਜਿਸਟਰਡ ਹੈ। ਹੇਠ ਲਿਖੇ ਅਨੁਸਾਰ	15.05.2026 / 31.03.2026	Rs. 6,77,497.56 (ਛੇ ਲੱਖ ਸਤੱਤਰ ਹਜ਼ਾਰ ਚਾਰ ਸੌ ਸਤਾਨਵੇਂ ਅਤੇ ਛਪੰਜ ਪੈਸੇ ਕੇਵਲ) 30.04.2026 ਨੂੰ। ਤੁਸੀਂ 30.04.2026 ਤੋਂ ਇਤਫਾਕੀਆ ਖਰਚਿਆਂ, ਲਾਗਤ, ਖਰਚਿਆਂ ਦੇ ਨਾਲ ਉਪਰੋਕਤ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਦਾ ਭੁਗਤਾਨ ਕਰਨ ਲਈ ਵੀ ਜ਼ਿੰਮੇਵਾਰ ਹੋ।

ਹੱਦਬੰਦੀ: ਪੂਰਬ: ਪਲਾਟ ਦਾ ਹਿੱਸਾ ਤਰੁਣ ਕੁਮਾਰ ਵਾਲਾ ਪਾਸਾ 35'0", ਪੱਛਮ: ਦਵਿੰਦਰ ਕੌਰ ਵਾਲਾ ਪਲਾਟ ਵਾਲਾ ਪਾਸਾ 35', ਉੱਤਰ: 18' ਚੌੜੀ ਸੜਕ, ਵਾਲਾ ਪਾਸਾ 15'7", ਦੱਖਣ: ਕਸ਼ਮੀਰ ਸਿੰਘ ਵਾਲਾ ਪਲਾਟ ਵਾਲਾ ਪਾਸਾ 15'7"

ਮਿਤੀ : 11.06.2026 ਸਥਾਨ : ਗੱਜੂ ਖੇੜਾ ਅਧਿਕਾਰਤ ਅਧਿਕਾਰੀ

ਪੰਜਾਬ ਨੈਸ਼ਨਲ ਬੈਂਕ
.... ਬਿਹਤਰੀ ਲਈ ਸਾਂਝ

ਸ਼ਾਖਾ ਦਫ਼ਤਰ : ਫਿਰੋਜ਼ਪੁਰ ਕੈਂਟ - 017100

ਕਬਜ਼ਾ ਸੂਚਨਾ (ਅਚੱਲ ਸੰਪੱਤੀ (ਆਂ) ਦੇ ਲਈ)

ਜਦੋਂ ਕਿ ਪੰਜਾਬ ਨੈਸ਼ਨਲ ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 ਦੀ ਧਾਰਾ 13 (2) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਸਰਫਾਇਸੀ ਐਕਟ 2002 ਦੀ ਦੇ ਤਹਿਤ ਇੱਕ ਮੰਗ ਨੋਟਿਸ ਜਾਰੀ ਕੀਤਾ ਹੈ ਜਿਸ ਵਿੱਚ ਹੇਠ ਲਿਖੇ ਕਰਜ਼ਦਾਰ/ਜ਼ਾਮਨ ਨੂੰ ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਕਿਹਾ ਗਿਆ ਹੈ।
ਕਰਜ਼ਦਾਰ/ਜ਼ਾਮਨ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰ/ਜ਼ਾਮਨ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ ਸੁਰੱਖਿਆ ਹਿੱਤ ਲਾਗੂ ਕਰਨ ਦੇ ਨਿਯਮ, 2002 ਦੇ ਨਿਯਮ 8 ਅਤੇ 9 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ ਦਿੱਤੀ ਗਈ ਸ਼ਕਤੀ ਦੀ ਵਰਤੋਂ ਵਿੱਚ ਹੇਠਾਂ ਦੱਸੀ ਗਈ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।
ਕਰਜ਼ਦਾਰ/ਜ਼ਾਮਨ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਉਕਤ ਜਾਇਦਾਦ ਨਾਲ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਨਾਲ ਨਜਿੱਠਣਾ **ਪੰਜਾਬ ਨੈਸ਼ਨਲ ਬੈਂਕ ਬੀ/ਓ : ਫਿਰੋਜ਼ਪੁਰ ਕੈਂਟ** (017100) ਦੇ ਚਾਰਜ ਦੇ ਅਧੀਨ ਹੋਵੇਗਾ, ਹੇਠਾਂ ਦੱਸੇ ਗਏ ਰਕਮ ਦੇ ਵੇਰਵਿਆਂ ਲਈ।
ਕਰਜ਼ਦਾਰ/ਜ਼ਾਮਨ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਧਿਆਨ ਖਿੱਚਦੇ ਹਨ, ਸੁਰੱਖਿਅਤ ਸੰਪਤੀ (ਸੰਪਤੀਆਂ) ਨੂੰ ਛੁਡਾਉਣ ਲਈ ਉਪਲਬਧ ਸਮੇਂ ਦੇ ਸੰਬੰਧ ਵਿੱਚ।

ਕਰਜ਼ਦਾਰ (ਾਂ)/ਜ਼ਾਮਨ(ਾਂ)/ ਦਾ ਨਾਮ	ਅਚੱਲ ਗਿਰਵੀ ਸੰਪੱਤੀ ਦੇ ਵੇਰਵੇ	ਮੰਗ ਸੂਚਨਾ ਦੀ ਮਿਤੀ	ਕਬਜ਼ੇ ਦੀ ਮਿਤੀ	ਬਕਾਇਆ ਰਕਮ
1. ਮੈਸਰਜ਼ ਨਬੇਸਾ 47 (ਕਰਜ਼ਦਾਰ) ਪਤਾ: ਪਿੰਡ ਸੰਤੂ ਵਾਲਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ 142047 2. ਸ਼੍ਰੀ ਰੋਹਿਤ ਗਰਗ (ਭਾਈਵਾਲ ਅਤੇ ਜ਼ਾਮਨ), ਪਤਾ: ਮਕਾਨ ਨੰਬਰ 7, ਗਲੀ ਨੰਬਰ 1, ਫਿਰੋਜ਼ਪੁਰ ਛਾਉਣੀ-152001 3. ਸ਼੍ਰੀ ਮਨਪ੍ਰੀਤ ਸਿੰਘ ਬੁੱਟਰ ਪੁੱਤਰ ਸਤਨਾਮ ਸਿੰਘ (ਭਾਈਵਾਲ ਅਤੇ ਜ਼ਾਮਨ), ਅਵਾਨ ਰੋਡ, ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ-142047। 4. ਮਿਸ ਨਵਜੋਤ ਕੌਰ ਪੁੱਤਰੀ ਗੁਰਮੇਲ ਸਿੰਘ ਪੁੱਤਰ ਗੁਰਦੇਵ ਸਿੰਘ (ਭਾਈਵਾਲ ਅਤੇ ਜ਼ਾਮਨ), ਪਤਾ: ਪਿੰਡ ਸੰਤੂ ਵਾਲਾ, ਜ਼ਿਲ੍ਹਾ ਫਿਰੋਜ਼ਪੁਰ -142047 5. ਮਿਸ ਨਵਜੋਤ ਕੌਰ ਪੁੱਤਰੀ ਗੁਰਮੇਲ ਸਿੰਘ ਪੁੱਤਰ ਗੁਰਮੇਲ ਸਿੰਘ, (ਭਾਈਵਾਲ ਅਤੇ ਜ਼ਾਮਨ), ਪਤਾ: 1 ਰੂਬੀ ਸਿਵਰ, ਡਰਾਈਵ ਬਰੈਂਪਟਨ, ONL6PIP8, ਕੈਨੇਡਾ। 6. ਸ਼੍ਰੀ ਗੁਰਮੇਲ ਸਿੰਘ ਪੁੱਤਰ ਸ੍ਰੀ ਗੁਰਦੇਵ ਸਿੰਘ (ਪੀ.ਓ.ਏ. ਹੋਲਡਰ ਆਫ਼ ਭਾਈਵਾਲ ਅਤੇ ਜ਼ਾਮਨ ਮਿਸ ਨਵਜੋਤ ਕੌਰ), ਪਿੰਡ ਸੰਤੂ ਵਾਲਾ, ਜ਼ਿਲ੍ਹਾ ਫਿਰੋਜ਼ਪੁਰ - 142047 7. ਸ਼੍ਰੀ ਅਸ਼ੋਕ ਕੁਮਾਰ ਗਰਗ ਪੁੱਤਰ ਸ੍ਰੀ ਨੰਗ ਲਾਲ ਗਰਗ (ਜ਼ਾਮਨ ਅਤੇ ਗਿਰਵੀਕਾਰ), ਪਤਾ: ਮਕਾਨ ਨੰ. 7, ਗਲੀ ਨੰ. 1, ਫ਼ਿਰੋਜ਼ਪੁਰ ਕੈਂਟ।	1. ਪਿੰਡ ਸਤੀਆਵਾਲਾ, ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਥਿਤ 8 ਕਨਾਲ ਮਾਪ ਵਾਲੀ ਜ਼ਮੀਨ ਹੇਠ ਲਿਖੇ ਅਨੁਸਾਰ ਹੈ:- ਏ. ਰੈਕਟ ਨੰਬਰ 22, ਕਿਲ੍ਹਾ ਨੰਬਰ 5/2/2(4-0), ਖਰੀਦੀ ਗਈ ਵਿਕਰੀ ਡੀਡ ਨੰਬਰ 4623 ਮਿਤੀ 09.11.2001 ਵਿੱਚ ਸ਼ਾਮਲ 4 ਕਨਾਲ ਜ਼ਮੀਨ। b. 4 ਕਨਾਲਾਂ ਭਾਵ 4 ਕਨਾਲਾਂ 1 ਮਰਲੇ ਜ਼ਮੀਨ ਦਾ 26/81 ਹਿੱਸਾ 1 ਕਨਾਲ 6 ਮਰਲੇ ਵਾਲੀ ਜ਼ਮੀਨ ਜੋ ਕਿ ਰੈਕਟ ਨੰਬਰ 21 ਕਿਲ੍ਹਾ ਨੰਬਰ 1/1/1(4-1) ਵਿੱਚ ਸ਼ਾਮਲ ਹੈ ਅਤੇ 9 ਕਨਾਲ 12 ਮਰਲੇ ਦਾ 54/192 ਹਿੱਸਾ 02 ਕਨਾਲ 14 ਮਰਲੇ ਵਾਲੀ ਜ਼ਮੀਨ ਜੋ ਕਿ ਰੈਕਟ ਨੰਬਰ 16, ਕਿਲ੍ਹਾ ਨੰਬਰ 25/2(3-4), ਰੈਕਟ ਨੰਬਰ 17, ਕਿਲ੍ਹਾ ਨੰਬਰ 21/1(6-8) ਵਿੱਚ ਸ਼ਾਮਲ ਹਨ, ਜੋ ਕਿ 2017-18 ਦੀ ਜਮ ?ਹਾਂਬੰਦੀ ਦੇ ਅਨੁਸਾਰ, ਅਸ਼ੋਕ ਕੁਮਾਰ ਗਰਗ ਦੇ ਨਾਮ 'ਤੇ ਵਿਕਰੀ ਡੀਡ ਨੰਬਰ 4624 ਮਿਤੀ 09.11.2001 ਰਾਹੀਂ ਖਰੀਦੀ ਗਈ। 2. 30 ਕਨਾਲ 16 ਮਰਲੇ ਦਾ 320/616 ਹਿੱਸਾ 16 ਕਨਾਲ 0 ਮਰਲੇ ਮਾਪ ਵਾਲੀ ਜ਼ਮੀਨ ਜੋ ਕਿ ਰੈਕਟ ਨੰਬਰ 80, ਕਿਲ੍ਹਾ ਨੰਬਰ 7/2(0-1), 8/2(7-6), 9(8-0), 12(8-0), 13/1(5-8), 18/3(0-3), 19/1(1-18) ਸਾਲ 2017-18 ਦੀ ਜਮ ?ਹਾਂਬੰਦੀ ਅਨੁਸਾਰ ਸ਼ਾਮਲ ਹੈ, ਜੋ ਕਿ ਪਿੰਡ ਸੰਤੂ ਵਾਲਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਦੇ ਖੇਤਰ ਵਿੱਚ ਸਥਿਤ ਹੈ, ਜੋ ਕਿਵਿਕਰੀ ਡੀਡ ਨੰਬਰ 2021-22/117/1/1446 ਮਿਤੀ 08.09.2021 ਰਾਹੀਂ ਖਰੀਦ ਕੀਤੀ ਗਈ। 3. 9 ਕਨਾਲ 18 ਮਰਲੇ ਦੀ ਜ਼ਮੀਨ ਭਾਵ 30 ਕਨਾਲ 16 ਮਰਲੇ ਜ਼ਮੀਨ ਦਾ 59/964 ਹਿੱਸਾ 1 ਕਨਾਲ 17 ਮਰਲੇ 7 ਸਰਸਾਈ ਦੀ ਜ਼ਮੀਨ ਜੋ ਕਿ ਖੇਵਟ ਨੰਬਰ 80, ਖਤੌਨੀ ਨੰਬਰ 120 ਅਤੇ ਖਸਰਾ ਨੰਬਰ 80M//7/2(0-01), 8/2(7-06), 9(8-0), 12(8-0), 13/1(5-08), 18/3(0-03), 19/1(1-18) 2017-2018 ਦੀ ਜਮ ?ਹਾਂਬੰਦੀ ਅਨੁਸਾਰ ਅਤੇ 32 ਕਨਾਲ 12 ਮਰਲੇ ਜ਼ਮੀਨ ਦਾ 1442/5868 ਹਿੱਸਾ 8 ਕਨਾਲ 2 ਮਰਲੇ ਦੀ ਜ਼ਮੀਨ ਖੇਵਟ ਨੰਬਰ 79, 80/ਖਤੌਨੀ ਨੰਬਰ 119, 120 ਖਸਰਾ ਨੰਬਰ 71M//23/2(1-16), 80M//7/2(0-01), 8/2(7-06), 9(8-0), 12(8-0), 13/1(5-08), 18/3(0-03), 19/1(1-18) ਸਾਲ 2017-18 ਲਈ ਜਮ ?ਹਾਂਬੰਦੀ ਅਨੁਸਾਰ, ਪਿੰਡ ਸੰਤੂਵਾਲਾ ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਦੇ ਖੇਤਰ ਵਿੱਚ ਸਥਿਤ, ਵਿਕਰੀ ਡੀਡ ਨੰਬਰ 2022-23/117/1/869 ਮਿਤੀ 17.06.2022 ਅਤੇ ਅਗਲੇਰੀ ਸੋਧ ਡੀਡ 2022-23/117/1/1076 ਮਿਤੀ 12.07.2022 ਅਨੁਸਾਰ NABESA47 ਦੇ ਨਾਮ 'ਤੇ ਖਰੀਦ ਕੀਤੀ ਗਈ।	10.03.2026	05.06.2026	Rs. 3,05,09,631.37 (ਤਿੰਨ ਕਰੋੜ ਪੰਜ ਲੱਖ ਨੌਂ ਹਜ਼ਾਰ ਛੇ ਸੌ ਇਕੱਤੀ ਅਤੇ ਸੈਂਤੀ ਪੈਸੇ ਕੇਵਲ) 01.03.2026 ਤੋਂ ਇਕਰਾਰਨਾਮੇ ਦੀ ਦਰ 'ਤੇ ਹੋਰ ਵਿਆਜ ਅਤੇ ਹੋਰ ਖਰਚਿਆਂ ਦੇ ਨਾਲ, ਹੋਰ ਖਰਚੇ ਅਤੇ ਖਰਚੇ, ਉਸ ਤੋਂ ਬਾਅਦ, ਜੇਕਰ ਕੋਈ ਹੋਵੇ, ਘਟਾ ਕੇ, ਅਦਾਇਗੀਆਂ।

ਮਿਤੀ : 11.06.2026 ਸਥਾਨ : ਫਿਰੋਜ਼ਪੁਰ ਕੈਂਟ ਅਧਿਕਾਰਤ ਅਧਿਕਾਰੀ

ਕਰਜ਼ ਵਸੂਲੀ ਟ੍ਰਿਬਿਊਨਲ-I ਚੰਡੀਗੜ੍ਹ
ਐਸ.ਸੀ.ਓ. 33-34-35, ਦੂਜੀ ਮੰਜ਼ਿਲ, ਸੈਕਟਰ 17-ਏ ਚੰਡੀਗੜ੍ਹ-160017

ਡੇਅਰੀ ਨੰ. 2030 ਪਬਲੀਕੇਸ਼ਨ ਸੂਚਨਾ ਮਿਤੀ: 18.05.2026

ਆਰਸੀ ਨੰਬਰ 181/2022
ਪੰਜਾਬ ਨੈਸ਼ਨਲ ਬੈਂਕ
ਬਨਾਮ
ਬਲਜਿੰਦਰ ਸਿੰਘ

ਵੱਲ,
1. ਸ਼੍ਰੀ ਬਲਜਿੰਦਰ ਸਿੰਘ ਪੁੱਤਰ ਸ਼੍ਰੀ ਜਗੀਰ ਸਿੰਘ, ਵਾਸੀ ਪਿੰਡ ਦੁੱਗਰੀ, ਡਾਕਖਾਨਾ ਰਹੀਮਪੁਰ, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ।
2. ਸ਼੍ਰੀਮਤੀ ਗੁਰਜੀਤ ਕੌਰ ਪਤਨੀ ਬਲਜਿੰਦਰ ਸਿੰਘ, ਵਾਸੀ ਪਿੰਡ ਦੁੱਗਰੀ, ਡਾਕਖਾਨਾ ਰਹੀਮਪੁਰ, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ।
ਜਦੋਂ ਕਿ, ਮਾਨਯੋਗ ਪ੍ਰੀਜ਼ਾਈਡਿੰਗ ਅਫਸਰ ਦੁਆਰਾ ਜਾਰੀ ਕੀਤੇ ਗਏ O.A ਨੰਬਰ 183/2021 ਵਿੱਚ ਇੱਕ ਰਿਕਵਰੀ ਸਰਟੀਫਿਕੇਟ ਨੰ. 181/2022 ਰੁਪਏ ਦੀ ਰਕਮ। 29,45,499/- (ਰੁਪਏ ਉਨੱਤੀ ਲੱਖ ਪੰਤਾਲੀ ਹਜ਼ਾਰ ਚਾਰ ਸੌ ਨੜਿੰਨਵੇਂ ਸਿਰਫ਼) ਪੈਂਡੇਂਟੇਲਾਈਟ ਅਤੇ ਭਵਿੱਖੀ ਵਿਆਜ ਸਮੇਤ 010.90% 30/09/2020 ਤੋਂ ਪ੍ਰਾਪਤੀ ਤੱਕ ਅਤੇ 32,000/- ਰੁਪਏ (ਬੱਤੀ ਹਜ਼ਾਰ ਰੁਪਏ ਸਿਰਫ਼) ਦੀ ਲਾਗਤ ਤੁਹਾਡੇ ਵਿਰੁੱਧ ਬਕਾਇਆ ਹੋ ਗਈ ਹੈ (ਸੰਯੁਕਤ ਅਤੇ ਕਈ ਵਾਰ/ਪੂਰੀ ਤਰ੍ਹਾਂ/ਸੀਮਤ)।
ਜਦੋਂ ਕਿ, ਮੰਗ ਨੋਟਿਸ ਦੀ ਸੇਵਾ ਅਤੇ ਕਾਫ਼ੀ ਮਿਆਦ ਦੀ ਸਮਾਪਤੀ ਦੇ ਬਾਵਜੂਦ, ਉਕਤ ਰਕਮ ਤੁਹਾਡੇ ਦੁਆਰਾ ਸੀਐਚ ਬੈਂਕ ਨੂੰ ਅਦਾ ਨਹੀਂ ਕੀਤੀ ਗਈ ਹੈ। ਤੁਹਾਨੂੰ ਕਾਨੂੰਨ ਦੀ ਜ਼ਰੂਰਤ ਨੂੰ ਪੂਰਾ ਕਰਨਾ ਪਵੇਗਾ।
ਗਿਰਵੀ ਰੱਖੀ ਗਈ ਜਾਇਦਾਦ ਦੇ ਸੰਬੰਧ ਵਿੱਚ ਵਿਕਰੀ ਦਾ ਐਲਾਨ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਲਈ, ਇਹ ਨੋਟਿਸ 02.07.2026 ਨੂੰ POS ਲਈ ਨਿਯਮਾਂ ਅਤੇ ਸ਼ਰਤਾਂ ਦਾ ਨਿਪਟਾਰਾ ਕਰਨ ਲਈ ਪੇਸ਼ ਕੀਤਾ ਜਾਵੇਗਾ।

ਜਾਇਦਾਦਾਂ ਦਾ ਵੇਰਵਾ

ਸ੍ਰੀ ਬਲਜਿੰਦਰ ਸਿੰਘ ਪੁੱਤਰ ਸ਼੍ਰੀ ਜਗੀਰ ਸਿੰਘ ਦੀ ਮਲਕੀਅਤ ਵਾਲੀ ਜਾਇਦਾਦ/ਖੇਤੀਬਾੜੀ ਜ਼ਮੀਨ, ਪਿੰਡ ਦੁੱਗਰੀ, ਐਚਬੀ ਨੰਬਰ 337, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਵਿਖੇ ਸਥਿਤ। ਜਲੰਧਰ, ਖੇਤਰ 25ਕਨਾਲ-10 ਮਰਲੇ ਜਿਸ ਵਿੱਚ ਖੇਵਟ ਨੰਬਰ 37/39, ਖਤੌਨੀ ਨੰਬਰ 49 ਤੋਂ 51, ਖਸਰਾ ਨੰਬਰ 36//17 (8-0), 36//18 (8-0), 36//19 (8-0), 36//20 (8-0), 36//41, 36/20 (8-0), (43/41), 36//11 (8-0), 36//14/1 (2-8), 36//2 (7-12), 36//3 (8-0), 36//4/1 (5-10), 36//4/2 (2-4), 36//7/2 (5-10), 36//6/2 (5-10), 36//6/3 (2-6), 36//10 (8-0), 36//12 (8-0), 36//13(4-0), 36//14/2 (4-13), 36//15 (8-0), 36//16/1 (2-16), 36//21 (8-0), 36//22 (8-0), 36//23 (4-4), ਕੁੱਲ ਖੇਤਰਫਲ 25ਕਨਾਲ-10 ਮਰਲੇ ਬਣਦਾ ਹੈ ਜੋ ਕਿ 147ਕਨਾਲ-18 ਮਰਲੇ ਦਾ 5/29 ਹਿੱਸਾ ਹੈ।
ਇਸ ਟ੍ਰਿਬਿਊਨਲ ਦੀ 18.05.2026 ਨੂੰ ਚੰਡੀਗੜ੍ਹ ਵਿਖੇ ਮੇਰੇ ਦਸਤਖਤ ਅਤੇ ਮੋਹਰ ਹੇਠ ਦਿੱਤਾ ਗਿਆ ਹੈ।

ਵਸੂਲੀ ਅਫ਼ਸਰ-I
DRT-1, ਚੰਡੀਗੜ੍ਹ

ਮੰਗ ਸੂਚਨਾ

ਜਦੋਂ ਕਿ ਸੰਪਤੀ ਪੁਨਰ ਨਿਰਮਾਣ ਕੰਪਨੀ (ਇੰਡੀਆ) ਲਿਮਟਿਡ (ਹੇਠਾਂ ਦੱਸੇ ਗਏ ਟਰੱਸਟਾਂ ਲਈ ਟਰੱਸਟੀ ਵਜੋਂ ਕੰਮ ਕਰ ਰਹੀ ਹੈ) (ਇਸ ਤੋਂ ਬਾਅਦ "ARCIL" ਵਜੋਂ ਜਾਣਿਆ ਜਾਂਦਾ ਹੈ) ਦਾ ਅਧਿਕਾਰਤ ਅਧਿਕਾਰੀ ਕੰਪਨੀ ਐਕਟ, 1956 ਦੇ ਅਧੀਨ ਸ਼ਾਮਲ ਹੈ ਅਤੇ ਰਿਜ਼ਰਵ ਬੈਂਕ ਆਫ਼ ਇੰਡੀਆ ਦੇ ਨਾਲ ਇੱਕ ਸੰਪਤੀ ਪੁਨਰ ਨਿਰਮਾਣ ਕੰਪਨੀ ਵਜੋਂ ਰਜਿਸਟਰਡ ਹੈ, ਜਿਵੇਂ ਕਿ ਹੇਠਾਂ ਦਿੱਤੇ ਚਾਰਟ ਦੇ ਕਾਲਮ ਨੰਬਰ 2 ਵਿੱਚ ਦੱਸਿਆ ਗਿਆ ਹੈ (ਇਸ ਤੋਂ ਬਾਅਦ "ਸਰਫਾਇਸੀ ਐਕਟ" ਵਜੋਂ ਜਾਣਿਆ ਜਾਂਦਾ ਹੈ) ਅਤੇ ਜਦੋਂ ਕਿ ਹੇਠਾਂ ਦਿੱਤੇ ਚਾਰਟ ਦੇ ਕਾਲਮ ਨੰਬਰ 2 ਵਿੱਚ ਦੱਸੇ ਗਏ ਕਰਜ਼ਾ ਲੈਣ ਵਾਲੇ / ਸਹਿ-ਉਧਾਰ ਲੈਣ ਵਾਲਿਆਂ ਨੇ ਮੂਲ ਕਰਜ਼ਾਦਾਤਾਵਾਂ ਤੋਂ ਕਰਜ਼ਾ ਪ੍ਰਾਪਤ ਕੀਤਾ ਹੈ ਅਤੇ ਜਦੋਂ ਕਿ ARCIL ਨੇ ਹੇਠਾਂ ਦੱਸੇ ਗਏ ਕਰਜ਼ਾ ਖਾਤਿਆਂ ਨਾਲ ਸਬੰਧਤ ਵਿੱਤੀ ਸੰਪਤੀਆਂ ਪ੍ਰਾਪਤ ਕੀਤੀਆਂ ਹਨ ਅਤੇ ਜਦੋਂ ਕਿ ARCIL ਸਰਫਾਇਸੀ ਐਕਟ ਦੇ ਤਹਿਤ ਸੁਰੱਖਿਅਤ ਲੈਣਦਾਰ ਹੈ, ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਦੇ ਨਿਯਮ 2 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਦਿੱਤੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਇੱਥੇ ਦੱਸੇ ਗਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੂੰ ਬੁਲਾਉਂਦੇ ਹੋਏ ਮੰਗ ਨੋਟਿਸ ਜਾਰੀ ਕੀਤਾ ਹੈ। ਹੇਠਾਂ, ਨੋਟਿਸਾਂ ਵਿੱਚ ਦੱਸੀ ਗਈ ਰਕਮ ਨੂੰ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਹੋਰ ਵਿਆਜ ਸਮੇਤ ਵਾਪਸ ਕਰਨ ਲਈ, ਪਰ ਕਈ ਕਾਰਨਾਂ ਕਰਕੇ ਉਨ੍ਹਾਂ ਵਿੱਚੋਂ ਕੁਝ ਨੂੰ ਨੋਟਿਸ ਨਹੀਂ ਭੇਜੇ ਜਾ ਸਕੇ।

ਕਰਜ਼ ਨੰਬਰ / ਮੂਲ ਰਿਣਦਾਤਾ ਦਾ ਨਾਮ / ਮੰਗ ਨੋਟਿਸ ਮਿਤੀ/ਟਰੱਸਟ ਦਾ ਨਾਮ	ਕਰਜ਼ਦਾਰ/ ਸਹਿ-ਕਰਜ਼ਦਾਰ ਦਾ ਨਾਮ	ਮੰਗ ਨੋਟਿਸ ਮਿਤੀ ਦੇ ਅਨੁਸਾਰ ਕੁੱਲ ਬਕਾਇਆ ਰੁਪਏ ਵਿੱਚ
LAN: MFLSECUPUNL000005466973 ਮੂਲ ਰਿਣਦਾਤਾ ਦਾ ਨਾਮ: ਮਥੂਟ ਫਿਨਕਾਰਪ ਲਿਮਿਟਡ ਮੰਗ ਸੂਚਨਾ ਮਿਤੀ: 09.03.2026 ਟਰੱਸਟ ਦਾ ਨਾਮ: Arcil-Trust-2026-018	ਗੁਰਸਾਹਿਬ ਸਿੰਘ/ ਜੋਗਿੰਦਰ ਸਿੰਘ/ ਰਾਜਵੰਤ ਕੌਰ	Rs. 19,64,407.71/- (ਉਨੀ ਲੱਖ ਚੌਂਹਠ ਹਜ਼ਾਰ ਚਾਰ ਸੌ ਸੱਤ ਅਤੇ ਇਕਹੱਤਰ ਪੈਸੇ ਕੇਵਲ) 30.01.2026 ਅਨੁਸਾਰ

ਜਾਇਦਾਦ ਦਾ ਵੇਰਵਾ: ਪਿੰਡ ਸਮਾਣਾ, (ਹਦਬਸਤ ਨੰ. 87), ਤਹਿਸੀਲ ਸਮਾਣਾ, ਜ਼ਿਲ੍ਹਾ ਪਟਿਆਲਾ

ਇਸ ਲਈ, ਕਰਜ਼ਦਾਰ / ਸਹਿ-ਕਰਜ਼ਦਾਰ ਨੂੰ ਨੋਟਿਸ ਦਿੱਤਾ ਜਾਂਦਾ ਹੈ, ਜਿਵੇਂ ਕਿ ਇੱਥੇ ਉੱਪਰ ਦੱਸਿਆ ਗਿਆ ਹੈ, ਉਹਨਾਂ ਨੂੰ ਇਸ ਨੋਟਿਸ ਦੇ ਪ੍ਰਕਾਸ਼ਨ ਦੇ 60 ਦਿਨਾਂ ਦੇ ਅੰਦਰ, ਇੱਥੇ ਉੱਪਰ ਦਰਸਾਈ ਗਈ ਕੁੱਲ ਬਕਾਇਆ ਰਕਮ ਦਾ ਭੁਗਤਾਨ ਸਬੰਧਤ ਉਧਾਰ ਲੈਣ ਵਾਲੇ / ਸਹਿ-ਉਧਾਰ ਲੈਣ ਵਾਲੇ ਵਿਰੁੱਧ ਕਰਨ ਲਈ ਕਿਹਾ ਜਾਂਦਾ ਹੈ। ਸਬੰਧਤ ਕਰਜ਼ਦਾਰ / ਸਹਿ-ਕਰਜ਼ਦਾਰ ਦੁਆਰਾ ਕੁੱਲ ਬਕਾਇਆ ਰਕਮ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿਣ 'ਤੇ, ARCI* ਉੱਪਰ ਦੱਸੇ ਅਨੁਸਾਰ ਜਾਇਦਾਦਾਂ 'ਤੇ ਸੁਰੱਖਿਆ ਵਿਆਜ ਲਾਗੂ ਕਰਨ ਲਈ ਧਾਰਾ 13(4) ਦੇ ਤਹਿਤ ਲੈਣ ਲਈ ਮਜਬੂਰ ਹੋਵੇਗਾ, ਐਕਟ ਅਤੇ ਇੱਥੇ ਬਣਾਏ ਗਏ ਨਿਯਮਾਂ ਦੇ ਤਹਿਤ ਨਿਰਧਾਰਤ ਹੋਰ ਤਰੀਕਿਆਂ ਨਾਲ ਨੋਟਿਸ ਦੀ ਸੇਵਾ ਲਈ ਵੀ ਕਦਮ ਚੁੱਕੇ ਜਾ ਰਹੇ ਹਨ। ਤੁਹਾਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਮੌਰਗੇਜ ਨੂੰ ਸਰਫਾਇਸੀ ਐਕਟ ਦੀ ਧਾਰਾ 13(8) ਵਿੱਚ ਦੱਸੇ ਅਨੁਸਾਰ, ਜਨਤਕ ਨਿਲਾਮੀ ਜਾਂ ਵਿਕਰੀ ਦੁਆਰਾ ਟ੍ਰਾਂਸਫਰ ਲਈ ਨਿੱਜੀ ਸੰਧੀ ਲਈ ਨੋਟਿਸ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ Arcil ਦੁਆਰਾ ਖਰਚਿਆਂ, ਖਰਚਿਆਂ ਅਤੇ ਖਰਚਿਆਂ ਦੇ ਨਾਲ ਪੂਰੀ ਬਕਾਇਆ ਰਕਮ ਦੇ ਭੁਗਤਾਨ 'ਤੇ ਛੁਡਾਇਆ ਜਾ ਸਕਦਾ ਹੈ।
ਧਿਆਨ ਦਿਓ ਕਿ ਸਰਫਾਇਸੀ ਐਕਟ ਦੇ S-13(13) ਦੇ ਅਨੁਸਾਰ, ਤੁਹਾਨੂੰ ਇਸ ਦੁਆਰਾ ਸੁਰੱਖਿਅਤ ਜਾਇਦਾਦਾਂ ਨੂੰ ਕਿਸੇ ਵੀ ਤਰੀਕੇ ਨਾਲ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਕਰਨ ਅਤੇ/ਜਾਂ ਉਹਨਾਂ ਨਾਲ ਨਜਿੱਠਣ ਤੋਂ ਰੋਕਿਆ ਜਾਂਦਾ ਹੈ।

ਸਹੀ/-
ਸਥਾਨ: ਪਟਿਆਲਾ (ਪੰਜਾਬ) ਅਧਿਕਾਰਤ ਅਧਿਕਾਰੀ,
ਮਿਤੀ: 12.06.2026 ਸੰਪਤੀ ਪੁਨਰ ਨਿਰਮਾਣ ਕੰਪਨੀ (ਇੰਡੀਆ) ਲਿਮਟਿਡ (ਟਰੱਸਟੀ ਵਜੋਂ)

ਅਸੈਟ ਪੁਨਰ ਨਿਰਮਾਣ ਕੰਪਨੀ (ਇੰਡੀਆ) ਲਿਮਟਿਡ.,
ਸੀਆਈਐਨ ਨੰਬਰ: U65999MH2002PLC134884 ਵੈੱਬਸਾਈਟ: www.arcil.co.in
ਰਜਿਸਟਰਡ ਦਫ਼ਤਰ: ਦ ਰੂਬੀ, 10ਵੀਂ ਮੰਜ਼ਿਲ, 29 ਸੈਨਾਪਤੀ ਬਾਪਟ ਮਾਰਗ, ਦਾਦਰ (ਪੱਛਮ), ਮੁੰਬਈ - 400028। ਟੈਲੀਫੋਨ ਨੰਬਰ: 022-66581300।

ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)
ਜ਼ਮੀਨੀ ਤਲ ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ-160017

ਮਾਮਲਾ ਨੰ. : ਓਏ/58/2025

ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ

ਈਐਕਸਐਚ.ਨੰ. : 31924

ਬੈਂਕ ਆਫ ਬੜੌਦਾ
ਬਨਾਮ
ਮੈਸ. ਹਨੀ ਗਾਰਮੈਂਟਸ ਅਤੇ ਹੋਰ

ਵੱਲ,
(1) ਮੈਸ. ਹਨੀ ਗਾਰਮੈਂਟਸ ਆਪਣੇ ਇਕਲੌਤੇ ਮਾਲਕ ਸ਼੍ਰੀ ਹਰੀਸ਼ ਕੁਮਾਰ ਪੁੱਤਰ ਸ਼੍ਰੀ ਭਗਤ ਰਾਮ, ਦੁਕਾਨ ਨੰਬਰ 1, ਗਲੀ ਨੰਬਰ 5, ਨਿਊ ਸੁਭਾਸ਼ ਨਗਰ, ਲੁਧਿਆਣਾ-141122, ਦੂਜਾ ਪਤਾ: ਦੁਕਾਨ ਨੰਬਰ 326, ਗੁਰਦੁਆਰਾ ਅਕਾਲਗੜ੍ਹ, ਚੌੜਾ ਬਾਜ਼ਾਰ, ਲੁਧਿਆਣਾ ਰਾਹੀਂ।
2) ਸ਼੍ਰੀ ਹਰੀਸ਼ ਕੁਮਾਰ ਪੁੱਤਰ ਸ਼੍ਰੀ ਭਗਤ ਰਾਮ ਇਕੱਲੇ ਮਾਲਕ ਮੈਸਰਜ਼ ਹਨੀ ਗਾਰਮੈਂਟਸ, ਦੁਕਾਨ ਨੰਬਰ 1, ਗਲੀ ਨੰਬਰ 5, ਨਿਊ ਸੁਭਾਸ਼ ਨਗਰ, ਲੁਧਿਆਣਾ-141122, ਦੂਜਾ ਪਤਾ: ਮਕਾਨ ਨੰਬਰ 13982, ਰਮੇਸ਼ ਨਗਰ, ਟਿੱਬਾ ਰੋਡ, ਲੁਧਿਆਣਾ। ਤੀਜਾ ਪਤਾ: ਮਕਾਨ ਨੰਬਰ 16/17 ਡੀ, ਡੈਲਟਾ ਸਿਟੀ, ਰਾਣੀਆ, ਲੁਧਿਆਣਾ-141122।

ਸੰਮਨ

ਜਿਥੇ ਕਿ, ਓ. ਏ./58/2025, 01.06.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 22,62,451.16/- (**ਅਰਜ਼ੀ, ਦਸਤਾਵੇਜ਼ਾਂ ਦੀਆਂ ਕਾਪੀਆਂ ਆਦਿ ਦੇ ਨਾਲ, ਨਾਲ ਨੱਥੀ ਹੈ।**) ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) **ਕਾਨੂੰਨ ਦੀ ਧਾਰਾ 19 (4)** ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 17.07.2026 ਨੂੰ **ਸਵੇਰੇ 10.30 ਵਜੇ ਰਜਿਸਟਰਾਰ** ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 02.06.2026 ਨੂੰ ਜਾਰੀ।

ਸਹੀ/-
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ
ਨੋਟ : ਜੋ ਵੀ ਲਾਗੂ ਨਾ ਹੋਵੇ ਉਸਨੂੰ ਕੱਟ ਦਿਓ

ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ-I
ਐਸ.ਸੀ.ਓ. 33-34-35, ਦੂਜੀ ਮੰਜ਼ਿਲ, ਸੈਕਟਰ 17-ਏ ਚੰਡੀਗੜ੍ਹ-160017

ਆਰਸੀ ਨੰਬਰ 111/2019

ਯੂਕੋ ਬੈਂਕ .....ਸਰਟੀਫਿਕੇਟ ਧਾਰਕ
ਬਨਾਮ
ਲਖਵਿੰਦਰ ਸਿੰਘ ......ਸਰਟੀਫਿਕੇਟ ਦੇਣਦਾਰ

ਪ੍ਰਕਾਸ਼ਨ ਸੂਚਨਾ
ਆਰਡੀਬੀਬੀਐਫਆਈ ਐਕਟ, 1993 ਦੀ ਧਾਰਾ 25 ਤੋਂ 29, ਆਮਦਨ ਕਰ ਐਕਟ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 53 ਵੇਖੋ)
ਵਿਕਰੀ ਘੋਸ਼ਣਾ ਦਾ ਨਿਪਟਾਰਾ ਕਰਨ ਦਾ ਨੋਟਿਸ

ਵੱਲ,
1. ਸ਼੍ਰੀ ਲਖਵਿੰਦਰ ਸਿੰਘ ਪੁੱਤਰ ਸ਼੍ਰੀ ਕਰਨੈਲ ਸਿੰਘ, ਨਿਵਾਸੀ ਪਿੰਡ ਮੱਲੀਵਾਲ, ਡਾਕਘਰ ਮੱਲੂਪੁਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।
2. ਸ਼੍ਰੀ ਕਰਨੈਲ ਸਿੰਘ ਪੁੱਤਰ ਸ਼੍ਰੀ ਸੋਹਣ ਸਿੰਘ, ਨਿਵਾਸੀ ਪਿੰਡ ਮੱਲੀਵਾਲ, ਡਾਕਘਰ ਮੱਲੂਪੁਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।
ਜਦੋਂ ਕਿ, ਮਾਨਯੋਗ ਪ੍ਰੀਜ਼ਾਈਡਿੰਗ ਅਫਸਰ ਦੁਆਰਾ ਜਾਰੀ ਕੀਤਾ ਗਿਆ ਇੱਕ ਰਿਕਵਰੀ ਸਰਟੀਫਿਕੇਟ ਨੰਬਰ 111/2019, ਓ.ਏ. ਨੰਬਰ 3336/2017 ਵਿੱਚ 2,19,25,961/- ਰੁਪਏ (ਦੋ ਕਰੋੜ ਉਨੀ ਲੱਖ ਪੱਚੀ ਹਜ਼ਾਰ ਨੌਂ ਸੌ ਸੱਠ ਇਕਵੰਜਾ ਰੁਪਏ) ਦੀ ਰਕਮ 10% ਸਾਲਾਨਾ ਵਿਆਜ ਸਮੇਤ, ਓ.ਏ. ਦਾਇਰ ਕਰਨ ਦੀ ਮਿਤੀ ਤੋਂ, ਭਾਵ 08.06.2016 ਤੱਕ, ਲਾਗਤਾਂ ਸਮੇਤ ਵਸੂਲੀ ਦੀ ਮਿਤੀ ਤੱਕ।
ਜਦੋਂ ਕਿ, ਮੰਗ ਨੋਟਿਸ ਦੀ ਸੇਵਾ ਅਤੇ ਕਾਫ਼ੀ ਮਿਆਦ ਦੀ ਸਮਾਪਤੀ ਦੇ ਬਾਵਜੂਦ, ਉਕਤ ਰਕਮ ਤੁਹਾਡੇ ਦੁਆਰਾ ਸੀਐਚ ਬੈਂਕ ਨੂੰ ਅਦਾ ਨਹੀਂ ਕੀਤੀ ਗਈ ਹੈ।
ਤੁਹਾਨੂੰ ਕਾਨੂੰਨ ਦੀ ਜ਼ਰੂਰਤ ਨੂੰ ਪੂਰਾ ਕਰਨਾ ਪਵੇਗਾ।
ਮਰਜਵਾਬ ਜਾਇਦਾਦ ਦੇ ਸਬੰਧ ਵਿੱਚ ਵਿਕਰੀ ਦਾ ਐਲਾਨ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਲਈ, ਇਹ ਨੋਟਿਸ 03.07.2026 ਨੂੰ POS ਲਈ ਨਿਯਮਾਂ ਅਤੇ ਸ਼ਰਤਾਂ ਦਾ ਨਿਪਟਾਰਾ ਕਰਨ ਲਈ ਪੇਸ਼ ਹੋਣਾ ਚਾਹੀਦਾ ਹੈ।

ਜਾਇਦਾਦਾਂ ਦਾ ਵੇਰਵਾ

ਖੇਤੀਬਾੜੀ ਵਾਲੀ ਜ਼ਮੀਨ 79 ਕਨਾਲ 17 ਮਰਲੇ ਹੈ, ਜਿਸ ਵਿੱਚ ਖੇਵਟ ਖਤੌਨੀ ਨੰਬਰ 35/44, ਖਸਰਾ ਨੰਬਰ 8//3/2 (56), 4 (8-0), 5/1(6-4), 6/2 (6-4), 7(8-0), 8/1 (5-12), 13/1(2-13), 14/1(2-13), 15/1(2-1), 18//16/2(2-7), 17/2(5-15), 18/2(5-17), 19/1(2-8), 22/2(2-8), 23(7-10), 24(2-9), 23//2/2(1-9), 3(1-4), 28//14(8-0), 17(6-11), 29//24(4-1), 25(2-4), 30//4/2(4-0), 5(5-4), 7(4-4), 51//7(0-2), 1029/2246 **ਹਿੱਸਾ ਰਕਬਾ 51 ਕਨਾਲ 09 ਮਰਲੇ ਅਤੇ ਖੇਵਤ ਖਤੌਨੀ ਨੰ:** 39/47, **ਖਸਰਾ ਨੰ.** 8//13/2 (5-7), 14/2(5-7), 28//6/2(2-10), 7/1(0-13), 7/3(3-4), **ਹਿੱਸਾ ਰਕਬਾ 8 ਕਨਾਲ 10 ਮਰਲੇ, ਖੇਵਟ ਖਤੌਨੀ ਨੰ:** 38/46, **ਖਸਰਾ ਨੰ:** 8//15/2 (5-17), 28//7/4 (3-12), **ਕਿੱਤਾ-2, ਰਕਬਾ 9 ਕਨਾਲ 9 ਮਰਲੇ ਅਤੇ ਖੇਵਟ ਖਤੌਨੀ ਨੰ:** 46/55, 47/56 **ਖਸਰਾ ਨੰ:** 30//3(1-13), 4/1(4-0), 28//15/2(2-9), 16(5-9), **ਕਿੱਤਾ-4, ਹਿੱਸਾ ਰਕਬਾ 3 ਕਨਾਲ 8 ਮਰਲੇ ਅਤੇ ਖਸਰਾ ਨੰ:** 9//11/1 (2-6),1/1 (2-8), 10/3 (2-8), 8//5/2(1-8), 6/1(1-8), **ਹਿੱਸਾ ਰਕਬਾ 04 ਕਨਾਲ 19 ਮਰਲੇ ਅਤੇ ਖੇਵਤ ਖਤੌਨੀ ਨੰ:** 26/31, **ਖਸਰਾ ਨੰ:** 8//16(7-11), 17/1(1-18), 9//19 (8-0), 20 (7 19 **ਮਰਲੇ** 20 **ਮਰਲੇ ਰਕਬਾ), ਹਿੱਸਾ 02 ਕਨਾਲ, 02 ਮਰਲੇ ਰਕਬਾ ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।**
ਇਸ ਟ੍ਰਿਬਿਊਨਲ ਦੇ ਮੇਰੇ ਦਸਤਖ਼ਤ ਅਤੇ ਮੋਹਰ ਹੇਠ 02.06.2026 ਨੂੰ ਚੰਡੀਗੜ੍ਹ ਵਿਖੇ ਦਿੱਤਾ ਗਿਆ।

ਵਸੂਲੀ ਅਫ਼ਸਰ-1,
ਡੀਆਰਟੀ-1, ਚੰਡੀਗੜ੍ਹ

ਸਰੀ 'ਚ ਜਬਰਨ ਵਸੂਲੀ ਤੇ ਗੋਲੀਬਾਰੀ ਮਾਮਲੇ 'ਚ 3 ਪੰਜਾਬੀ ਨੌਜਵਾਨਾਂ ਨੂੰ ਜੇਲ੍ਹ ਦੀ ਸਜ਼ਾ

ਸਰੀ/ਜਲੰਧਰ, 11 ਜੂਨ (ਚ.ਨ.ਸ): ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਦੇ ਸਰੀ ਸ਼ਹਿਰ ਤੋਂ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਸਰੀ ਸੂਬਾਈ ਅਦਾਲਤ ਵੱਲੋਂ ਗੋਲੀਬਾਰੀ ਤੇ ਅੱਗਜ਼ਨੀ ਦੇ ਮਾਮਲੇ ਵਿੱਚ ਤਿੰਨ ਭਾਰਤੀ ਮੂਲ ਦੇ ਪੰਜਾਬੀ ਨੌਜਵਾਨਾਂ ਨੂੰ ਕੈਦ ਦੀ ਸਜ਼ਾ ਸੁਣਾਈ ਗਈ ਹੈ। ਇਹ ਫੈਸਲਾ 9 ਜੂਨ ਨੂੰ ਅਦਾਲਤ ਵਿੱਚ ਨੌਜਵਾਨਾਂ ਵੱਲੋਂ ਆਪਣਾ ਗੁਨਾਹ ਕਬੂਲ ਕਰਨ ਤੋਂ ਬਾਅਦ ਆਇਆ ਹੈ। ਸਰੀ ਪੁਲਿਸ ਸਰਵਿਸ ਅਨੁਸਾਰ ਇਹ ਮਾਮਲਾ ਬ੍ਰਿਟਿਸ਼ ਕੋਲੰਬੀਆ ਵਿੱਚ ਚੱਲ ਰਹੇ ਜਬਰਨ ਵਸੂਲੀ ਦੇ ਨੈਟਵਰਕ ਨਾਲ ਜੁੜਿਆ ਹੋਇਆ ਮੰਨਿਆ ਜਾ ਰਿਹਾ ਹੈ ਤੇ ਇਸ ਮਾਮਲੇ ਵਿੱਚ ਹੋਈਆਂ ਸਜ਼ਾਵਾਂ ਨੂੰ ਸੂਬੇ ਵਿੱਚ ਜਬਰਨ ਵਸੂਲੀ ਵਿਰੁੱਧ ਪਹਿਲੀ ਵੱਡੀ ਸਫਲਤਾ ਵਜੋਂ ਦੇਖਿਆ ਜਾ ਰਿਹਾ ਹੈ। ਮਿਲੀ ਜਾਣਕਾਰੀ ਅਨੁਸਾਰ ਇਹ ਘਟਨਾ ਚਾਲੂ ਸਾਲ 1 ਫਰਵਰੀ 2026 ਨੂੰ ਤੜਕੇ ਕਰੀਬ 3:50 ਵਜੇ ਵਾਪਰੀ ਸੀ, ਜਦੋਂ ਸਰੀ ਦੇ ਪੌਸ਼ ਇਲਾਕੇ ਕ੍ਰੀਸੈਂਟ ਬੀਚ ਵਿੱਚ ਇੱਕ ਘਰ ਦੇ ਬਾਹਰ ਅੰਨ੍ਹੇਵਾਹ ਗੋਲੀਬਾਰੀ ਕੀਤੀ ਗਈ ਤੇ ਉਥੇ ਇੱਕ ਵਿਸਫੋਟਕ ਪਦਾਰਥ ਸੁੱਟ ਕੇ ਅੱਗ ਲਗਾ ਦਿੱਤੀ ਗਈ। ਸਰੀ ਪੁਲਿਸ ਸਰਵਿਸ ਦੀ ਵਿਸ਼ੇਸ਼ ਟੀਮ ਪ੍ਰੋਜੈਕਟ ਐਸ਼ੋਰੈਂਸ ਜੋ ਕਿ ਇਲਾਕੇ ਵਿੱਚ ਜਬਰਨ ਵਸੂਲੀ ਦੇ ਮਾਮਲਿਆਂ ਨੂੰ ਰੋਕਣ ਲਈ ਗਸ਼ਤ ਕਰ ਰਹੀ ਸੀ, ਨੇ ਤੁਰੰਤ ਕਾਰਵਾਈ ਕਰਦੇ ਹੋਏ ਮੁਲਜ਼ਮਾਂ ਦਾ ਪਿੱਛਾ ਕੀਤਾ। ਇਹ ਤਿੰਨੋਂ ਨੌਜਵਾਨ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਪੈਦਲ ਭੱਜ ਕੇ ਇੱਕ ਰਾਈਡ-ਸ਼ੇਅਰ (ਕੈਬ) ਗੱਡੀ ਵਿੱਚ ਸਵਾਰ ਹੋ ਕੇ ਫਰਾਰ ਹੋਣ ਦੀ ਕੋਸ਼ਿਸ਼ ਕਰ ਰਹੇ ਸਨ, ਜਦੋਂ ਪੁਲਿਸ ਨੇ ਇਨ੍ਹਾਂ ਨੂੰ ਦਬੋਚ ਲਿਆ। ਗ੍ਰਿਫਤਾਰ ਕੀਤੇ ਗਏ ਨੌਜਵਾਨਾਂ ਦੀ ਪਛਾਣ ਤਰਨਵੀਰ ਸਿੰਘ (19), ਹਰਜੋਤ ਸਿੰਘ (21) ਤੇ ਦਯਾਜੀਤ ਸਿੰਘ ਬਿਲਿੰਗ (21) ਵਜੋਂ ਹੋਈ ਹੈ। ਪੁਲਿਸ ਮੁਤਾਬਿਕ ਇਹ ਤਿੰਨੋਂ ਨੌਜਵਾਨ ਵਿਦੇਸ਼ੀ ਨਾਗਰਿਕ (ਭਾਰਤੀ ਮੂਲ ਦੇ) ਹਨ। ਅਦਾਲਤ ਵਿੱਚ ਸੁਣਵਾਈ ਦੌਰਾਨ 19 ਸਾਲਾ ਤਰਨਵੀਰ ਸਿੰਘ ਨੇ ਲਾਪ੍ਰਵਾਹੀ ਨਾਲ ਹਥਿਆਰ ਚਲਾਉਣ ਦਾ ਗੁਨਾਹ ਕਬੂਲ ਕੀਤਾ, ਜਿਸ 'ਤੇ ਮਾਣਯੋਗ ਅਦਾਲਤ ਨੇ ਉਸ ਨੂੰ 5 ਸਾਲ ਦੀ ਕੈਦ ਦੀ ਸਜ਼ਾ ਸੁਣਾਈ। ਇਸ ਦੇ ਨਾਲ ਹੀ ਦੂਜੇ ਦੋ ਨੌਜਵਾਨਾਂ, ਦਯਾਜੀਤ ਸਿੰਘ ਬਿਲਿੰਗ ਤੇ ਹਰਜੋਤ ਸਿੰਘ ਨੇ ਘਰ ਦੇ ਬਾਹਰ ਵਿਸਫੋਟਕ ਪਦਾਰਥ ਸੁੱਟਣ ਦਾ ਜੁਰਮ ਕਬੂਲਿਆ। ਅਦਾਲਤ ਨੇ ਦਯਾਜੀਤ ਸਿੰਘ ਨੂੰ 27 ਮਹੀਨੇ (ਸਵਾ ਦੋ ਸਾਲ) ਤੇ ਹਰਜੋਤ ਸਿੰਘ ਨੂੰ 25 ਮਹੀਨੇ ਦੀ ਜੇਲ੍ਹ ਦੀ ਸਜ਼ਾ ਸੁਣਾਈ ਹੈ।

420 ਕਰੋੜ ਰੁਪਏ ਦੇ ਟੈਕਸ ਮਾਮਲੇ 'ਚ ਅਨਿਲ ਅੰਬਾਨੀ ਨੂੰ ਬੰਬਈ ਹਾਈ ਕੋਰਟ ਤੋਂ ਵੱਡੀ ਅੰਤਰਿਮ ਰਾਹਤ

ਮੁੰਬਈ, 11 ਜੂਨ (ਚ.ਨ.ਸ): ਮਸ਼ਹੂਰ ਉਦਯੋਗਪਤੀ ਤੇ ਰਿਲਾਇੰਸ ਗਰੁੱਪ ਦੇ ਮੁਖੀ ਅਨਿਲ ਅੰਬਾਨੀ ਨੂੰ ਬੰਬਈ ਹਾਈ ਕੋਰਟ ਵੱਲੋਂ ਇੱਕ ਵੱਡੀ ਰਾਹਤ ਮਿਲੀ ਹੈ। ਅਦਾਲਤ ਨੇ ਇਨਕਮ ਟੈਕਸ (ਆਮਦਨ ਕਰ) ਵਿਭਾਗ ਵੱਲੋਂ 420 ਕਰੋੜ ਰੁਪਏ ਦੀ ਕਥਿਤ ਟੈਕਸ ਚੋਰੀ ਦੇ ਮਾਮਲੇ ਵਿੱਚ ਅਨਿਲ ਅੰਬਾਨੀ ਖ਼ਿਲਾਫ਼ ਸ਼ੁਰੂ ਕੀਤੀ ਗਈ ਕਿਸੇ ਵੀ ਤਰ੍ਹਾਂ ਦੀ ਦੰਡਾਤਮਕ ਕਾਰਵਾਈ ਜਾਂ ਮੁਕੱਦਮਾ ਚਲਾਉਣ 'ਤੇ ਅੰਤਰਿਮ ਰੋਕ ਲਗਾ ਦਿੱਤੀ ਹੈ। ਇਹ ਮਾਮਲਾ ਸਵਿਸ ਬੈਂਕ ਦੇ ਦੋ ਖਾਤਿਆਂ ਵਿੱਚ ਰੱਖੇ ਗਏ ਕਥਿਤ 800 ਕਰੋੜ ਰੁਪਏ (ਸਹੀ ਅੰਕੜਾ 814 ਕਰੋੜ ਰੁਪਏ ਤੋਂ ਵੱਧ) ਦੇ ਗੁਪਤ ਫੰਡਾਂ ਨਾਲ ਸਬੰਧਤ ਹੈ, ਜਿਸ ਦੇ ਆਧਾਰ 'ਤੇ ਇਨਕਮ ਟੈਕਸ ਵਿਭਾਗ ਨੇ ਉਨ੍ਹਾਂ 'ਤੇ ਭਾਰੀ ਜੁਰਮਾਨਾ ਤੇ ਟੈਕਸ ਦੀ ਮੰਗ ਕੀਤੀ ਸੀ। ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਅਨਿਲ ਅੰਬਾਨੀ ਵੱਲੋਂ ਦਾਇਰ ਕੀਤੀ ਗਈ ਮੁੱਖ ਪਟੀਸ਼ਨ 'ਤੇ ਅੰਤਿਮ ਫੈਸਲਾ ਨਹੀਂ ਆ ਜਾਂਦਾ, ਉਦੋਂ ਤੱਕ ਉਨ੍ਹਾਂ ਖ਼ਿਲਾਫ਼ ਕੋਈ ਵੀ ਸਖ਼ਤ ਜਾਂ ਜ਼ਬਰਦਸਤੀ ਕਾਰਵਾਈ ਨਹੀਂ ਕੀਤੀ ਜਾ ਸਕਦੀ। ਬੰਬਈ ਹਾਈ ਕੋਰਟ ਦੇ ਜਸਟਿਸ ਬਰਗਿਸ ਕੋਲਾਬਾਵਾਲਾ ਤੇ ਜਸਟਿਸ ਫਿਰਦੋਸ਼ ਪੂਨੀਵਾਲਾ ਦੀ ਅਗਵਾਈ ਵਾਲੇ ਬੈਂਚ ਨੇ ਅਨਿਲ ਅੰਬਾਨੀ ਵੱਲੋਂ ਦਾਇਰ ਰਿੱਟ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਇਹ ਅਹਿਮ ਹੁਕਮ ਜਾਰੀ ਕੀਤੇ। ਅਨਿਲ ਅੰਬਾਨੀ ਨੇ ਸਾਲ 2022 ਵਿੱਚ ਇਹ ਪਟੀਸ਼ਨ ਦਾਇਰ ਕਰਕੇ ਬਲੈਕ ਮਨੀ (ਅਣਦੱਸੇ ਵਿਦੇਸ਼ੀ ਆਮਦਨ ਤੇ ਸੰਪਤੀ) ਤੇ ਟੈਕਸ ਲਗਾਉਣ ਦੇ ਐਕਟ, 2015 ਦੀਆਂ ਕਈ ਧਾਰਾਵਾਂ ਦੀ ਸੰਵਿਧਾਨਕ ਵੈਧਤਾ ਨੂੰ ਚੁਣੌਤੀ ਦਿੱਤੀ ਸੀ। ਉਨ੍ਹਾਂ ਦਾ ਤਰਕ ਹੈ ਕਿ ਇਸ ਕਾਨੂੰਨ ਦੀਆਂ ਇਹ ਪ੍ਰਾਵਧਾਨਾਂ ਭਾਰਤੀ ਸੰਵਿਧਾਨ ਦੇ ਤਹਿਤ ਨਾਗਰਿਕਾਂ ਨੂੰ ਮਿਲੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਕਰਦੀਆਂ ਹਨ। ਅਦਾਲਤ ਨੇ ਇਸ ਪਟੀਸ਼ਨ ਨੂੰ ਸਵੀਕਾਰ ਕਰਦਿਆਂ ਕੇਂਦਰ ਸਰਕਾਰ ਤੇ ਆਮਦਨ ਕਰ ਵਿਭਾਗ ਨੂੰ ਆਪਣਾ ਜਵਾਬ ਦਾਇਰ ਕਰਨ ਲਈ ਚਾਰ ਹਫ਼ਤਿਆਂ ਦਾ ਸਮਾਂ ਦਿੱਤਾ ਹੈ।ਅਦਾਲਤ ਵਿੱਚ ਸੁਣਵਾਈ ਦੌਰਾਨ ਅਨਿਲ ਅੰਬਾਨੀ ਦੇ ਸੀਨੀਅਰ ਵਕੀਲ ਪ੍ਰਕਾਸ਼ ਸ਼ਾਹ ਨੇ ਜ਼ੋਰਦਾਰ ਬਹਿਸ ਕਰਦਿਆਂ ਕਿਹਾ ਕਿ ਬਲੈਕ ਮਨੀ ਐਕਟ ਸਾਲ 2015 ਵਿੱਚ ਲਾਗੂ ਹੋਇਆ ਸੀ, ਜਦੋਂ ਕਿ ਆਮਦਨ ਕਰ ਵਿਭਾਗ ਜਿਨ੍ਹਾਂ ਵਿਦੇਸ਼ੀ ਲੈਣ-ਦੇਣਾਂ ਦੀ ਗੱਲ ਕਰ ਰਿਹਾ ਹੈ, ਉਹ ਮੁਲਾਂਕਣ ਸਾਲ 2006-07 ਤੇ 2010-11 ਦੇ ਹਨ। ਉਨ੍ਹਾਂ ਦਲੀਲ ਦਿੱਤੀ ਕਿ ਕਾਨੂੰਨ ਦੇ ਅਪਰਾਧਿਕ ਪ੍ਰਾਵਧਾਨਾਂ ਨੂੰ ਪਿਛਲੀ ਤਰੀਕ (ਰੈਟਰੋਸਪੈਕਟਿਵ) ਤੋਂ ਲਾਗੂ ਨਹੀਂ ਕੀਤਾ ਜਾ ਸਕਦਾ, ਕਿਉਂਕਿ ਇਹ ਸੰਵਿਧਾਨ ਦੀ ਧਾਰਾ 20 ਦੀ ਉਲੰਘਣਾ ਹੈ।

ਸ੍ਰੀ ਹਰਿਗੋਬਿੰਦਪੁਰ ਦੇ ਪਿੰਡ ਵਰਸਾਲ ਚੱਕ 'ਚ ਚੱਲੀਆਂ ਗੋਲੀਆਂ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 11 ਜੂਨ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸ੍ਰੀ ਹਰਿਗੋਬਿੰਦਪੁਰ ਨਜ਼ਦੀਕ ਪੈਂਦੇ ਪਿੰਡ ਵਰਸਾਲ ਚੱਕ ਵਿੱਚ ਬਾਹਰੋਂ ਆਈ ਮਾਂਗਵੀਂ ਧਾੜ ਨੇ ਅੰਨ੍ਹੇਵਾਹ ਗੋਲੀਆਂ ਚਲਾਈਆਂ। ਇਸ ਦੌਰਾਨ ਦੋ ਔਰਤਾਂ ਤੇ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ਮਾਮਲਾ ਕਬੂਤਰਾਂ ਤੋਂ ਹੋਈ ਲੜਾਈ ਦਾ ਦੱਸਿਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਇੱਕ ਦਿਨ ਪਹਿਲਾਂ ਪਿੰਡ ਵਰਸਾਲ ਚੱਕ ਦੇ ਵਿਅਕਤੀਆਂ ਦੀ ਆਪਸੀ ਲੜਾਈ ਹੋਈ ਸੀ, ਜਿਸ ਵਿੱਚ ਇੱਕ ਧਿਰ ਨੇ ਦੂਸਰੀ ਧਿਰ ਦੇ ਵਿਅਕਤੀ ਨੂੰ ਕੁੱਟਿਆ ਸੀ ਤੇ ਅੱਜ ਉਸ ਵਿਅਕਤੀ ਵੱਲੋਂ ਆਪਣੀ ਹੋਈ ਕੁੱਟ ਦਾ ਬਦਲਾ ਲੈਣ ਲਈ ਬਾਹਰੋਂ 6 ਨੌਜਵਾਨ ਦੋ ਮੋਟਰਸਾਈਕਲਾਂ 'ਤੇ ਬੁਲਾਏ ਗਏ ਸਨ। ਦੱਸਿਆ ਜਾ ਰਿਹਾ ਹੈ ਕਿ ਇਨ੍ਹਾਂ ਨੌਜਵਾਨਾਂ ਕੋਲੋਂ ਚਾਰ ਪਿਸਤੌਲ ਸਨ ਤੇ ਉਨ੍ਹਾਂ ਨੇ 30 ਤੋਂ 40 ਗੋਲੀਆਂ ਚਲਾਈਆਂ। ਇੱਕ ਵਿਅਕਤੀ ਨਿਸ਼ਾਨ ਸਿੰਘ ਪੁੱਤਰ ਸੂਬਾ ਸਿੰਘ, ਜੋ ਦਿਹਾੜੀ ਕਰਕੇ ਆ ਰਿਹਾ ਸੀ, ਉਸ ਦੀ ਲੱਤ ਵਿੱਚ ਗੋਲੀ ਮਾਰੀ ਗਈ। ਉਸ ਤੋਂ ਬਾਅਦ ਉਨ੍ਹਾਂ ਵੱਲੋਂ ਦਵਿੰਦਰ ਕੌਰ ਪਤਨੀ ਸਵਰਗੀ ਗੁਰਨਾਮ ਸਿੰਘ ਸਾਬਕਾ ਫ਼ੌਜੀ ਦੇ ਉਪਰ ਵੀ ਗੋਲੀ ਚਲਾਈ ਗਈ, ਜੋ ਉਸ ਦੇ ਮੋਢੇ ਵਿੱਚ ਲੱਗੀ ਤੇ ਉਸ ਦੀ ਸਵਿਫਟ ਕਾਰ ਦੀ ਵੀ ਉਨ੍ਹਾਂ ਦੇ ਘਰ ਆ ਕੇ ਬੁਰੀ ਤਰ੍ਹਾਂ ਭੰਨਤੋੜ ਕਰ ਦਿੱਤੀ। ਇਸ ਤੋਂ ਇਲਾਵਾ ਕਵਲਜੀਤ ਕੌਰ ਪਤਨੀ ਹਰਜੀਤ ਸਿੰਘ ਦੀ ਵੀ ਬਾਂਹ ਵਿੱਚ ਗੋਲੀ ਵੱਜੀ ਹੈ। ਇੰਨੀਆਂ ਗੋਲੀਆਂ ਚੱਲਣ ਕਾਰਨ ਪਿੰਡ ਵਿੱਚ ਦਹਿਸ਼ਤ ਦਾ ਮਾਹੌਲ ਹੈ। ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਬਟਾਲਾ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਇਸ ਮੌਕੇ ਥਾਣਾ ਮੁਖੀ ਗਗਨਦੀਪ ਸਿੰਘ ਪੁਲਿਸ ਪਾਰਟੀ ਸਮੇਤ ਪੁੱਜੇ ਹਨ ਤੇ ਜਾਂਚ ਕਰ ਰਹੇ ਹਨ।

ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰਾਂ ਵੱਲੋਂ ਚੋਣ ਹਲਕਾ ਪੱਧਰ ਦੇ ਮਾਸਟਰ ਟ੍ਰੇਨਰਾਂ ਨੂੰ ਟ੍ਰੇਨਿੰਗ

ਨਵਾਂਸ਼ਹਿਰ, 11 ਜੂਨ (ਸੁਖਦੇਵ ਸਿੰਘ ਉੜਾਪੜ): ਪੰਜਾਬ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇਨਟੈਂਸਿਵ ਰਵੀਜ਼ਨ-2026 ਨੂੰ ਸਫ਼ਲ ਬਣਾਉਣ ਲਈ ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰਾਂ ਵੱਲੋਂ ਚੋਣ ਹਲਕਾ ਪੱਧਰ ਦੇ ਮਾਸਟਰ ਟ੍ਰੇਨਰਾਂ ਨੂੰ ਸਿਖਲਾਈ ਦੇਣ ਲਈ ਦੋ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਲਗਾਈ ਗਈ। ਇਸ ਟ੍ਰੇਨਿੰਗ ਵਰਕਸ਼ਾਪ ਵਿੱਚ ਐਸ.ਡੀ.ਐਮ. ਨਵਾਂਸ਼ਹਿਰ ਅਨਮਜਯੋਤ ਕੌਰ, ਸਹਾਇਕ ਕਮਿਸ਼ਨਰ ਜਨਰਲ ਰਮਨਜੀਤ, ਜ਼ਿਲ੍ਹਾ ਸੂਚਨਾ ਅਫ਼ਸਰ ਵਿਸ਼ਾਲ ਸ਼ਰਮਾ, ਸੁਰਿੰਦਰ ਪਾਲ ਅਗਨੀਹੋਤਰੀ, ਜ਼ਿਲ੍ਹਾ ਟਾਊਨ ਪਲੈਨਰ ਗੁਰਮੁੱਖ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਅਨਿਤਾ ਸ਼ਰਮਾ, ਡਿਪਟੀ ਡੀ.ਈ.ਓ. ਲਖਵੀਰ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਜਗਰੂਪ ਸਿੰਘ, ਡੀ.ਸੀ.ਪੀ.ਓ. ਕੰਚਨ ਅਰੋੜਾ ਤੇ ਵੱਖ-ਵੱਖ ਟੀਮ ਦੇ ਨੋਡਲ ਅਫ਼ਸਰ ਤੇ ਮੈਂਬਰ ਹਾਜ਼ਰ ਸਨ। ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ ਨੇ ਦੱਸਿਆ ਕਿ ਟ੍ਰੇਨਿੰਗ ਦੌਰਾਨ ਜ਼ਿਲ੍ਹਾ ਮਾਸਟਰ ਟ੍ਰੇਨਰਾਂ ਵੱਲੋਂ ਚੋਣ ਹਲਕਾ ਪੱਧਰ ਦੇ ਮਾਸਟਰ ਟ੍ਰੇਨਰਾਂ ਤੇ ਵੱਖ-ਵੱਖ ਟੀਮਾਂ ਨੋਡਲ ਅਫ਼ਸਰ ਤੇ ਮੈਂਬਰਾਂ ਨੂੰ ਵੋਟਰ ਸੂਚੀ ਦੀ ਵਿਸ਼ੇਸ਼ ਸੰਘਣੀ ਸੋਧ ਪ੍ਰਕਿਰਿਆ ਤੇ ਗਣਨਾ ਫਾਰਮ ਭਰਨ ਦੇ ਤਰੀਕੇ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਫਾਰਮ ਵਿੱਚ ਦਰਜ ਕੀਤੇ ਜਾਣ ਵਾਲੇ ਵੇਰਵਿਆਂ, ਲੋੜੀਂਦੇ ਦਸਤਾਵੇਜ਼ਾਂ ਤੇ ਆਨਲਾਈਨ ਅਪਲੋਡਿੰਗ ਪ੍ਰਕਿਰਿਆ ਤੋਂ ਵੀ ਜਾਣੂੰ ਕਰਵਾਇਆ ਗਿਆ।

ਹਰਿਆਣਾ 'ਚ ਘਰੇਲੂ ਹਿੰਸਾ ਦੇ ਮਾਮਲਿਆਂ 'ਚ ਚਿੰਤਾਜਨਕ ਵਾਧਾ

☛ਰੋਜ਼ਾਨਾ ਔਸਤਨ 20 ਤੋਂ ਵੱਧ ਔਰਤਾਂ ਪਹੁੰਚ ਰਹੀਆਂ ਨੇ ਪ੍ਰਸ਼ਾਸਨ ਦੇ ਬੂਹੇ

ਰੋਹਤਕ, 11 ਜੂਨ (ਚ.ਨ.ਸ): ਮਹਿਲਾ ਸਸ਼ਕਤੀਕਰਨ ਤੇ ਸੁਰੱਖਿਆ ਨੂੰ ਉਤਸ਼ਾਹਿਤ ਕਰਨ ਲਈ ਸਰਕਾਰਾਂ ਤੇ ਸਮਾਜਿਕ ਸੰਸਥਾਵਾਂ ਵੱਲੋਂ ਚਲਾਈਆਂ ਜਾ ਰਹੀਆਂ ਲਗਾਤਾਰ ਮੁਹਿੰਮਾਂ ਦੇ ਬਾਵਜੂਦ ਹਰਿਆਣਾ ਵਿੱਚ ਔਰਤਾਂ ਖ਼ਿਲਾਫ਼ ਘਰੇਲੂ ਹਿੰਸਾ ਦੇ ਮਾਮਲੇ ਰੁਕਣ ਦਾ ਨਾਮ ਨਹੀਂ ਲੈ ਰਹੇ। ਸੂਬੇ ਵਿੱਚ ਸਥਿਤੀ ਇੰਨੀ ਗੰਭੀਰ ਬਣੀ ਹੋਈ ਹੈ ਕਿ ਸਾਲ 2025-26 ਦੌਰਾਨ ਹਰਿਆਣਾ ਵਿੱਚ ਹਰ ਰੋਜ਼ 20 ਤੋਂ ਵੱਧ ਔਰਤਾਂ ਨੇ ਘਰੇਲੂ ਹਿੰਸਾ ਦਾ ਸ਼ਿਕਾਰ ਹੋ ਕੇ ਅਧਿਕਾਰੀਆਂ ਕੋਲ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਸੂਬੇ ਦੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰਤ ਅੰਕੜਿਆਂ ਅਨੁਸਾਰ, ਅਪ੍ਰੈਲ 2025 ਤੋਂ ਮਾਰਚ 2026 ਦੇ ਵਿਚਕਾਰ ਪੂਰੇ ਸੂਬੇ ਵਿੱਚ ਘਰੇਲੂ ਹਿੰਸਾ ਦੀਆਂ ਕੁੱਲ 7,494 ਸ਼ਿਕਾਇਤਾਂ ਦਰਜ ਕੀਤੀਆਂ ਗਈਆਂ, ਜੋ ਕਿ ਰੋਜ਼ਾਨਾ ਔਸਤਨ 20.5 ਸ਼ਿਕਾਇਤਾਂ ਬਣਦੀਆਂ ਹਨ। ਇਸ ਸਰਕਾਰੀ ਰਿਪੋਰਟ ਨੇ ਸੂਬੇ ਵਿੱਚ ਔਰਤਾਂ ਦੀ ਸੁਰੱਖਿਆ ਦੇ ਦਾਅਵਿਆਂ 'ਤੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ। ਸਰਕਾਰੀ ਅੰਕੜਿਆਂ ਦਾ ਵਿਸ਼ਲੇਸ਼ਣ ਕਰਨ 'ਤੇ ਪਤਾ ਲੱਗਦਾ ਹੈ ਕਿ ਸੂਬੇ ਦਾ ਫਰੀਦਾਬਾਦ ਜ਼ਿਲ੍ਹਾ ਘਰੇਲੂ ਹਿੰਸਾ ਦੇ ਮਾਮਲੇ ਵਿੱਚ ਸਭ ਤੋਂ ਅੱਗੇ ਰਿਹਾ ਹੈ। ਫਰੀਦਾਬਾਦ ਵਿੱਚ ਸਭ ਤੋਂ ਵੱਧ 857 ਸ਼ਿਕਾਇਤਾਂ ਦਰਜ ਕੀਤੀਆਂ ਗਈਆਂ, ਜਿਸ ਦਾ ਮਤਲਬ ਹੈ ਕਿ ਇੱਥੇ ਹਰ ਰੋਜ਼ ਲਗਭਗ ਤਿੰਨ ਮਾਮਲੇ ਸਾਹਮਣੇ ਆਏ। ਇਸ ਤੋਂ ਬਾਅਦ ਅੰਬਾਲਾ 729 ਸ਼ਿਕਾਇਤਾਂ ਨਾਲ ਦੂਜੇ ਤੇ ਜੀਂਦ 635 ਸ਼ਿਕਾਇਤਾਂ ਨਾਲ ਤੀਜੇ ਸਥਾਨ 'ਤੇ ਰਿਹਾ। ਸੂਬੇ ਦੇ ਹੋਰਨਾਂ ਜ਼ਿਲ੍ਹਿਆਂ ਦੀ ਗੱਲ ਕੀਤੀ ਜਾਵੇ ਤਾਂ ਰੋਹਤਕ ਵਿੱਚ 439, ਹਿਸਾਰ ਵਿੱਚ 418, ਕਰਨਾਲ ਵਿੱਚ 415, ਯਮੁਨਾਨਗਰ ਵਿੱਚ 380, ਗੁਰੂਗ੍ਰਾਮ ਵਿੱਚ 356, ਨੂਹ ਵਿੱਚ 352 ਤੇ ਪਾਣੀਪਤ ਵਿੱਚ 342 ਘਰੇਲੂ ਹਿੰਸਾ ਦੇ ਮਾਮਲੇ ਰਿਪੋਰਟ ਕੀਤੇ ਗਏ ਹਨ, ਜੋ ਕਿ ਬੇਹੱਦ ਚਿੰਤਾਜਨਕ ਹਨ।ਪਿਛਲੇ ਚਾਰ ਸਾਲਾਂ ਦੇ ਸਮੁੱਚੇ ਅੰਕੜਿਆਂ 'ਤੇ ਨਜ਼ਰ ਮਾਰੀਏ ਤਾਂ ਹਰਿਆਣਾ ਵਿੱਚ ਇਸ ਦੌਰਾਨ 31,000 ਤੋਂ ਵੱਧ ਘਰੇਲੂ ਹਿੰਸਾ ਦੀਆਂ ਸ਼ਿਕਾਇਤਾਂ ਦਰਜ ਹੋਈਆਂ ਹਨ। ਵਿਭਾਗ ਦੇ ਅੰਕੜਿਆਂ ਮੁਤਾਬਿਕ ਸਾਲ 2022-23 ਵਿੱਚ 8,071 ਸ਼ਿਕਾਇਤਾਂ ਮਿਲੀਆਂ ਸਨ, ਜੋ ਸਾਲ 2023-24 ਵਿੱਚ ਘਟ ਕੇ 7,756 ਰਹਿ ਗਈਆਂ। ਪਰ ਇਸ ਤੋਂ ਬਾਅਦ ਸਾਲ 2024-25 ਵਿੱਚ ਇਹ ਅੰਕੜਾ ਆਪਣੇ ਉਚ ਪੱਧਰ 'ਤੇ ਪਹੁੰਚ ਗਿਆ, ਜਦੋਂ ਰਿਕਾਰਡ 8,655 ਸ਼ਿਕਾਇਤਾਂ ਦਰਜ ਹੋਈਆਂ।ਮਾਹਿਰਾਂ ਤੇ ਸਮਾਜ ਸ਼ਾਸਤਰੀਆਂ ਦਾ ਮੰਨਣਾ ਹੈ ਕਿ ਘਰੇਲੂ ਹਿੰਸਾ ਦੇ ਅਸਲ ਮਾਮਲੇ ਸਰਕਾਰੀ ਅੰਕੜਿਆਂ ਨਾਲੋਂ ਕਿਤੇ ਜ਼ਿਆਦਾ ਹੋ ਸਕਦੇ ਹਨ।

ਵਿਧਾਇਕ ਸ਼ੈਰੀ ਕਲਸੀ ਛੀਨਾ ਹਸਪਤਾਲ ਗੌਂਸਪੁਰਾ ਪੁੱਜੇ, ਮਾਹੌਲ ਖ਼ਰਾਬ ਕਰਨ ਵਾਲੇ ਬਖਸ਼ੇ ਨਹੀਂ ਜਾਣਗੇ

ਬਟਾਲਾ, 11 ਜੂਨ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਛੀਨਾ ਹਸਪਤਾਲ, ਜਲੰਧਰ ਰੋਡ ਵਿਖੇ ਅਣਪਛਾਤਿਆਂ ਵੱਲੋਂ ਕੀਤੀ ਫਾਇਰਿੰਗ ਦਾ ਪਤਾ ਚੱਲਣ 'ਤੇ ਘਟਨਾ ਵਾਲੀ ਜਗ੍ਹਾ 'ਤੇ ਪਹੁੰਚੇ ਤੇ ਹਸਪਤਾਲ ਦੇ ਮਾਲਕ ਤੇ ਸਟਾਫ ਨੂੰ ਮਿਲ ਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਜੋ ਸਮਾਜ ਵਿਰੋਧੀ ਅਨਸਰ ਬਟਾਲੇ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਉਨ੍ਹਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਘਟਨਾ ਸਬੰਧੀ ਬਟਾਲਾ ਪੁਲਿਸ ਨੂੰ ਸਖਤ ਹਦਾਇਤ ਕੀਤੀ ਗਈ ਹੈ ਕਿ ਦੋਸ਼ੀਆਂ ਵਿਰੁੱਧ ਸਖ਼ਤੀ ਨਾਲ ਨਿਪਟਣ। ਇੱਕ ਸਵਾਲ ਦੇ ਜਵਾਬ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਪੁਲਿਸ ਵੱਲੋਂ ਬਟਾਲਾ ਵਿਖੇ ਹੁਣ ਤੱਕ ਜੋ ਵੀ ਵਾਰਦਾਤਾਂ ਵਾਪਰੀਆਂ ਹਨ, ਉਨ੍ਹਾਂ ਦੇ ਦੋਸ਼ੀਆਂ ਨੂੰ ਫੜਿਆ ਗਿਆ ਹੈ ਤੇ ਕਾਨੂੰਨੀ ਢੰਗ ਨਾਲ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬਟਾਲਾ ਪੁਲਿਸ ਵੱਲੋਂ ਬੀਤੇ ਦਿਨੀਂ ਰਾਈਫਲ ਰੈਸਟੋਰੈਂਟ ਨੇੜੇ ਚਿੱਟੀ ਗਰਾਊਂਡ ਵਿਖੇ ਜਿਨ੍ਹਾਂ ਬਦਮਾਸ਼ਾਂ ਵੱਲੋਂ ਗੋਲੀ ਚਲਾਈ ਗਈ ਸੀ, ਉਨ੍ਹਾਂ ਨੂੰ ਫੜ ਲਿਆ ਗਿਆ ਹੈ ਤੇ ਉਨ੍ਹਾਂ ਦੀ ਘਟਨਾ ਵਾਲੇ ਸਥਾਨ 'ਤੇ ਪਰੇਡ ਵੀ ਕਰਵਾਈ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਬਟਾਲਾ ਪੁਲਿਸ ਵੱਲੋਂ ਵਿਦੇਸ਼ ਵਿੱਚ ਬੈਠੇ ਦੋਸ਼ੀਆਂ ਨੂੰ ਵੀ ਗ੍ਰਿਫਤਾਰ ਕਰਕੇ ਬਟਾਲੇ ਲਿਆਂਦਾ ਜਾ ਚੁੱਕਾ ਹੈ। ਉਨ੍ਹਾਂ ਦੁਹਰਾਇਆ ਕਿ ਬਟਾਲਾ ਵਾਸੀ ਉਨ੍ਹਾਂ ਦਾ ਪਰਿਵਾਰ ਹਨ ਤੇ ਉਹ ਸਮਾਜ ਵਿਰੋਧੀ ਅਨਸਰ ਨਾਲ ਸਖ਼ਤੀ ਨਾਲ ਪੇਸ਼ ਆਉਣਗੇ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਡਾ. ਲਖਬੀਰ ਸਿੰਘ ਭਾਗੋਵਾਲੀਆ, ਡਾ. ਕੇਜੇ ਸਿੰਘ, ਹਨੀ ਚੌਹਾਨ ਵੀ ਮੌਜੂਦ ਸਨ।

ਉਪ-ਜ਼ਿਲ੍ਹਾ ਸਿੱਖਿਆ ਅਫਸਰ ਰਜਿੰਦਰ ਕੌਰ ਨੇ ਅਹੁਦਾ ਸੰਭਾਲਿਆ

ਅਜਨਾਲਾ, 11 ਜੂਨ (ਸੁਖਦੇਵ ਸਿੰਘ ਖ਼ਾਲਸਾ): ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜਿੰਦਰ ਕੌਰ ਨੇ ਜ਼ਿਲ੍ਹਾ ਤਰਨ ਤਾਰਨ ਵਿਖੇ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲਿਆ। ਇਸ ਮੌਕੇ ਸਮੂਹ ਸਟਾਫ ਸ.ਸ. ਸ. ਸਕੂਲ ਜਗਦੇਵ ਕਲਾਂ ਤੇ ਤਰਨ ਤਾਰਨ ਦਫ਼ਤਰੀ ਅਮਲੇ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਰਾਜਿੰਦਰ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਜ਼ਿਲ੍ਹਾ ਤਰਨ ਤਾਰਨ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਬਣਾਉਣਾ ਹੋਵੇਗਾ। ਉਨ੍ਹਾਂ ਕਿਹਾ ਮੈਂ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਵਾਂਗੀ ਤੇ ਸਿੱਖਿਆ ਵਿਭਾਗ ਦੀਆਂ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਵਾਉਣ ਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਸੇਵਾਮੁਕਤ ਜ਼ਿਲ੍ਹਾ ਸਿੱਖਿਆ ਅਫ਼ਸਰ ਜਗਵਿੰਦਰ ਸਿੰਘ ਲਹਿਰੀ, ਇਲਾਕੇ ਦੇ ਪਤਵੰਤੇ ਸੱਜਣ, ਮੋਹਤਬਰ, ਵੱਖ-ਵੱਖ ਵਿਸ਼ਿਆਂ ਨਾਲ ਸਬੰਧਤ ਅਧਿਆਪਕ, ਦਫ਼ਤਰੀ ਅਮਲਾ ਤੇ ਸਕੂਲ ਸਟਾਫ਼ ਜਗਦੇਵ ਕਲਾਂ ਜਿਨ੍ਹਾਂ ਵਿੱਚ ਚੰਦਰ ਮੋਹਨ ਗੁਪਤਾ, ਗੁਰਵਿੰਦਰ ਸਿੰਘ, ਸੁਖਰਾਜ ਸਿੰਘ, ਬਲਤੇਜ ਸਿੰਘ, ਰਿਤੂ ਸ਼ਰਮਾ, ਜਸਪ੍ਰੀਤ ਕੌਰ, ਹਰਜੀਤ ਕੌਰ, ਸੈਫ਼ੀ ਮਹੇਸ਼ਵਰੀ, ਰਾਜੀਵ ਸ਼ਰਮਾ, ਸੁਰਿੰਦਰ ਸਿੰਘ ਹਾਜ਼ਰ ਸਨ।

ਬੀਬੀ ਵਿਨੈਪਾਲ ਕੌਰ ਦਉਧਰੀਆ ਬਣੇ ਮੋਗਾ ਦੇ ਪੰਜਵੇਂ ਮੇਅਰ

☛ਮੁੱਖ ਮੰਤਰੀ ਤੇ ਵਿਧਾਇਕ ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕੀਤਾ

ਮੋਗਾ, 11 ਜੂਨ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਮੋਗਾ ਦੇ ਵਾਰਡ ਨੰਬਰ ਅੱਠ ਤੋਂ ਕੌਂਸਲਰ ਬੀਬੀ ਵਿਨੈਪਾਲ ਕੌਰ ਨੂੰ ਅੱਜ ਸਰਬਸੰਮਤੀ ਨਾਲ ਮੋਗਾ ਦਾ ਨਵਾਂ ਮੇਅਰ ਚੁਣ ਲਿਆ ਗਿਆ। ਉਹ ਮੋਗਾ ਦੇ ਦੂਜੇ ਮਹਿਲਾ ਤੇ ਪੰਜਵੇਂ ਮੇਅਰ ਬਣੇ ਹਨ। ਜ਼ਿਲ੍ਹਾ ਪ੍ਰਸ਼ਾਸਨਿਕ ਕੰਪਲੈਕਸ ਵਿਖੇ ਪਹਿਲਾਂ ਨਵੇਂ ਚੁਣੇ ਗਏ ਕੌਂਸਲਰਾਂ ਦਾ ਸਹੁੰ ਚੁੱਕ ਸਮਾਰੋਹ ਹੋਇਆ। ਇਸ ਮੌਕੇ 'ਤੇ ਪੰਜਾਬ ਸਰਕਾਰ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵਿਸ਼ੇਸ਼ ਤੌਰ ਉਤੇ ਹਾਜ਼ਰ ਹੋਏ। ਇਸ ਤੋਂ ਇਲਾਵਾ ਜ਼ਿਲ੍ਹੇ ਨਾਲ ਸਬੰਧਤ ਪਾਰਟੀ ਦੇ ਸਾਰੇ ਵਿਧਾਇਕਾਂ ਤੋਂ ਸਮੇਤ ਸੀਨੀਅਰ 'ਆਪ' ਆਗੂ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸਹੁੰ ਚੁੱਕ ਸਮਾਗਮ ਤੋਂ ਬਾਅਦ ਮੀਟਿੰਗ ਹਾਲ ਵਿੱਚ ਮੇਅਰ ਚੁਣਨ ਦੀ ਪ੍ਰਕਿਰਿਆ ਸ਼ੁਰੂ ਹੋਈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਾਜ਼ਰ 42 ਕੌਂਸਲਰਾਂ ਨੇ ਸਰਬਸੰਮਤੀ ਨਾਲ ਬੀਬੀ ਵਿਨੈਪਾਲ ਕੌਰ ਨੂੰ ਮੇਅਰ ਚੁਣ ਲਿਆ। ਮੋਗਾ ਵਾਰਡ ਨੰਬਰ 8 ਪੱਛੜੇ ਵਰਗ ਲਈ ਰਾਖਵਾਂ ਵਾਰਡ ਸੀ ਤੇ ਮੇਅਰ ਦਾ ਅਹੁਦਾ ਰਾਖਵਾਂ ਹੋਣ ਕਾਰਨ ਉਨ੍ਹਾਂ ਦੇ ਨਾਮ ਉਪਰ ਆਮ ਆਦਮੀ ਪਾਰਟੀ ਨੇ ਮੋਹਰ ਲਗਾ ਦਿੱਤੀ। ਬੀਬੀ ਵਿਨੈਪਾਲ ਕੌਰ ਬੇਹੱਦ ਸੂਝਵਾਨ ਤੇ ਪੜ੍ਹੇ-ਲਿਖੇ ਹਨ ਤੇ ਸਾਧਾਰਨ ਪਰਿਵਾਰ ਨਾਲ ਸਬੰਧਤ ਹਨ। ਉਹ ਪਹਿਲੀ ਵਾਰ ਕੌਂਸਲਰ ਬਣੇ ਹਨ ਤੇ ਉਨ੍ਹਾਂ ਨੇ ਸਾਬਕਾ ਮੇਅਰ ਬਲਜੀਤ ਸਿੰਘ ਚਾਨੀ ਨੂੰ ਹਰਾ ਕੇ ਚੋਣ ਜਿੱਤੀ ਹੈ। ਬੀਬੀ ਵਿਨੈਪਾਲ ਕੌਰ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੇ ਵੀ ਕਰੀਬੀ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤੇ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੀਆਂ ਲੋਕ ਪੱਖੀ ਨੀਤੀਆਂ ਨੂੰ ਸੂਬੇ ਅੰਦਰ ਬੂਰ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿਆਸਤ ਜਿਸ ਉਤੇ ਲੰਬੇ ਸਮੇਂ ਤੋਂ ਭਾਈ ਭਤੀਜਾਵਾਦ ਤੇ ਸਰਮਾਏਦਾਰੀ ਨਿਜ਼ਾਮ ਭਾਰੂ ਸੀ ਹੁਣ ਆਮ ਘਰਾਂ ਦੇ ਨੌਜਵਾਨਾਂ ਦੇ ਹੱਥਾਂ ਵਿੱਚ ਹੈ। ਉਨ੍ਹਾਂ ਦਾਅਵਾ ਕਰਦੇ ਹੋਏ ਕਿਹਾ ਕਿ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਫਿਰ ਤੋਂ ਸੂਬੇ ਦੀ ਵਾਗਡੋਰ ਸੰਭਾਲ ਕੇ ਸ਼ੁਰੂ ਕੀਤੀ ਲੋਕ ਸੇਵਾ ਤੇ ਵਿਕਾਸ ਦਾ ਮਿਸ਼ਨ ਅੱਗੇ ਵਧਾਏਗੀ। ਇਸ ਮੌਕੇ ਉਤੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਵੀ ਇਸ ਚੋਣ ਲਈ ਸਮੂਹ ਕੌਂਸਲਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਅਗਲੇ ਹਫਤੇ ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਦੇ ਅਹੁਦਿਆਂ ਦੀ ਵੀ ਚੋਣ ਕਰ ਦਿੱਤੀ ਜਾਵੇਗੀ। ਅਰੋੜਾ ਨੇ ਦੱਸਿਆ ਕਿ ਮੋਗਾ ਨਿਗਮ ਦੇ 50 ਵਾਰਡਾਂ ਵਿੱਚੋਂ 27 ਵਾਰਡਾਂ ਉਤੇ ਮਹਿਲਾ ਕੌਂਸਲਰ ਚੁਣੇ ਗਏ ਹਨ। ਜੋ ਕਿ ਨਾਰੀ ਸ਼ਕਤੀ ਦੇ ਵਾਧੇ ਦਾ ਸੰਕੇਤ ਹੈ। ਨਵੇਂ ਚੁਣੇ ਗਏ ਮੇਅਰ ਬੀਬੀ ਵਿਨੈਪਾਲ ਕੌਰ ਨੇ ਕਿਹਾ ਕਿ ਉਹ ਸ਼ਹਿਰ ਦੇ ਵਿਕਾਸ ਤੇ ਸੁੰਦਰੀਕਰਨ ਲਈ ਸਮੂਹ ਕੌਂਸਲਰਾਂ ਤੇ ਸ਼ਹਿਰ ਨਿਵਾਸੀਆਂ ਦਾ ਸਹਿਯੋਗ ਲੈ ਕੇ ਕੰਮ ਕਰਨਗੇ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀਆਂ ਆਸਾਂ ਤੇ ਉਮੀਦਾਂ ਉਤੇ ਖਰੇ ਉਤਰਨਗੇ।

ਐਸ.ਆਈ.ਆਰ-2026 ਸਬੰਧੀ ਜ਼ਿਲ੍ਹਾ ਪੱਧਰੀ ਟ੍ਰੇਨਿੰਗ 15 ਨੂੰ

ਗੁਰਦਾਸਪੁਰ, 11 ਜੂਨ (ਜਗੀਰ ਸਿੰਘ ਮੰਡ/ਨਾਹਰ): ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (SIR) ਦੇ ਸਫਲ ਆਯੋਜਨ ਲਈ ਜ਼ਿਲ੍ਹਾ ਚੋਣ ਦਫ਼ਤਰ, ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪੱਧਰੀ ਟ੍ਰੇਨਿੰਗ ਪ੍ਰੋਗਰਾਮ 15 ਜੂਨ 2026 ਨੂੰ ਕਰਵਾਇਆ ਜਾ ਰਿਹਾ ਹੈ। ਇਹ ਟ੍ਰੇਨਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਦੇ ਬੀ-ਬਲਾਕ, ਤੀਜੀ ਮੰਜ਼ਿਲ, ਕਮਰਾ ਨੰਬਰ 416 ਵਿਖੇ ਹੋਵੇਗੀ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਵਿੱਚ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ Assembly Level Master Trainers (ALMTs), ਸੁਪਰਵਾਈਜ਼ਰਾਂ, EROs/AEROs ਦੇ ਤਕਨੀਕੀ ਤੇ ਕਲੈਰੀਕਲ ਸਟਾਫ਼ ਸਮੇਤ ਹੋਰ ਤਾਇਨਾਤ ਕਰਮਚਾਰੀ ਭਾਗ ਲੈਣਗੇ। ਟ੍ਰੇਨਿੰਗ ਦੌਰਾਨ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਪੁਨਰਵੀਖਿਆ, ਡਾਟਾ ਐਂਟਰੀ, ਫਾਰਮਾਂ ਦੀ ਜਾਂਚ, ਚੋਣੀ ਪ੍ਰਕਿਰਿਆਵਾਂ ਤੇ ਹੋਰ ਸਬੰਧਤ ਵਿਸ਼ਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਤੇ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾਂ ਸਵੇਰ 9:00 ਵਜੇ ਤੋਂ 10:45 ਵਜੇ ਤੱਕ ਹੋਵੇਗਾ ਤੇ ਟ੍ਰੇਨੀਆਂ ਦੀ ਕੁੱਲ ਗਿਣਤੀ 116 ਹੋਵੇਗੀ, ਵਿਧਾਨ ਸਭਾ ਹਲਕਾ ਬਟਾਲਾ ਤੇ ਕਾਦੀਆਂ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾਂ ਸਵੇਰ 10:45 ਤੋਂ 12:30 ਵਜੇ ਤੱਕ ਹੋਵੇਗਾ ਤੇ ਟ੍ਰੇਨੀਆਂ ਦੀ ਕੁੱਲ ਗਿਣਤੀ 114 ਹੋਵੇਗੀ, ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਤੇ ਵਿਧਾਨ ਸਭਾ ਹਲਕਾ ਫਤਹਿਗੜ੍ਹ ਚੂੜੀਆ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾਂ ਦੁਪਹਿਰ 12:30 ਵਜੇ ਤੋਂ 2:15 ਵਜੇ ਤੱਕ ਹੋਵੇਗਾ ਤੇ ਟ੍ਰੇਨੀਆਂ ਦੀ ਕੁੱਲ ਗਿਣਤੀ 116 ਹੋਵੇਗੀ, ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਤੇ ਜ਼ਿਲ੍ਹਾ ਚੋਣ ਦਫਤਰ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾਂ ਦੁਪਹਿਰ 3:00 ਵਜੇ ਤੋਂ 4: 45 ਤੱਕ ਹੋਵੇਗਾ ਤੇ ਟ੍ਰੇਨੀਆਂ ਦੀ ਕੁੱਲ ਗਿਣਤੀ 85 ਹੋਵੇਗੀ।

ਐਮਐਸਸੀ (ਆਈਟੀ) ਦੇ ਨਤੀਜੇ 'ਚ ਖ਼ਾਲਸਾ ਕਾਲਜ ਦੇ ਵਿਦਿਆਰਥੀ ਨੇ ਯੂਨੀਵਰਸਿਟੀ 'ਚੋਂ ਦੂਜੀ ਪੁਜੀਸ਼ਨ ਹਾਸਲ ਕੀਤੀ



ਮਾਹਿਲਪੁਰ, 11 ਜੂਨ (ਰਵੀ ਬੱਗਾ): ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਕੰਪਿਊਟਰ ਵਿਭਾਗ ਵਿੱਚ ਚੱਲਦੇ ਕੋਰਸ ਐਮਐਸਸੀ (ਆਈਟੀ) ਦੇ ਚੌਥੇ ਸਮੈਸਟਰ ਦੇ ਨਤੀਜੇ ਵਿੱਚ ਵਿਦਿਆਰਥੀ ਮਨਜੋਤ ਸਿੰਘ ਸੈਣੀ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਪੰਜਾਬ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚੋਂ ਦੂਜਾ ਸਥਾਨ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਕਰਵਾਏ ਸਨਮਾਨ ਸਮਾਰੋਹ ਵਿੱਚ ਵਿਦਿਆਰਥੀ ਮਨਜੋਤ ਸਿੰਘ ਸੈਣੀ ਨੂੰ ਸਿੱਖ ਐਜੂਕੇਸ਼ਨਲ ਕੌਂਸਲ ਦੇ ਖਜ਼ਾਨਚੀ ਵੀਰਿੰਦਰ ਸ਼ਰਮਾ, ਖੇਡ ਪ੍ਰਮੋਟਰ ਪ੍ਰਿੰਸੀਪਲ ਜਗਮੋਹਨ ਸਿੰਘ, ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ, ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ. ਗੁਰਪ੍ਰੀਤ ਕੌਰ ਤੇ ਸਟਾਫ਼ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਤੇ ਇਸੇ ਕੋਰਸ ਵਿੱਚ ਕਾਲਜ ਪੱਧਰ 'ਤੇ ਦੂਜੇ ਤੇ ਤੀਜੇ ਸਥਾਨ 'ਤੇ ਆਏ ਵਿਦਿਆਰਥੀਆਂ ਨੂੰ ਵੀ ਸਨਮਾਨਿਆ ਗਿਆ। ਇਹ ਮੌਕੇ ਵੀਰਇੰਦਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਇਸ ਨਤੀਜੇ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਤੇ ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ.ਗੁਰਪ੍ਰੀਤ ਕੌਰ ਨੇ ਦੱਸਿਆ ਕਿ ਵਿਦਿਆਰਥੀ ਮਨਜੋਤ ਸਿੰਘ ਸੈਣੀ ਨੇ 90 ਫੀਸਦੀ ਅੰਕਾਂ ਨਾਲ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਹੈ।ਉਨ੍ਹਾਂ ਦੱਸਿਆ ਕਿ ਵਿਦਿਆਰਥਣ ਸਿਮਰਨ ਨੇ 84 ਫੀਸਦੀ ਅੰਕਾਂ ਨਾਲ ਕਾਲਜ ਵਿੱਚੋਂ ਦੂਜਾ ਤੇ ਨਮਰਿਤਾ ਨੇ 83.9 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ।

ਬਲਾਕ ਪੱਧਰੀ ਕਿਸਾਨ ਸਿਖ਼ਲਾਈ ਕੈਂਪ ਲਗਾਇਆ



ਅਜਨਾਲਾ/ਚੇਤਨਪੁਰਾ, 11 ਜੂਨ (ਸੁਖਦੇਵ ਸਿੰਘ ਖਾਲਸਾ): ਆਤਮਾ ਸਕੀਮ ਅਧੀਨ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਲਾਕ ਵੱਲੋਂ ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਡਾ. ਗੁਰਸਾਹਿਬ ਸਿੰਘ, ਡਿਪਟੀ ਡਾਇਰੈਕਟਰ ਡਾ. ਅਮਰਜੀਤ ਸਿੰਘ ਦੋਸਾਂਝ ਦੇ ਦਿਸ਼ਾ-ਨਿਰਦੇਸ਼ਾਂ ਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤ ਸਿੰਘ ਪੱਟੀ ਦੀ ਯੋਗ ਅਗਵਾਈ ਵਿੱਚ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਪਿੰਡਾਂ ਵਿਖੇ ਲਗਾਏ ਗਏ, ਇਸ ਕੈਂਪ ਵਿੱਚ ਸਾਉਣੀ ਸੀਜ਼ਨ ਨੂੰ ਮੁੱਖ ਰੱਖਦਿਆਂ ਝੋਨੇ, ਬਾਸਮਤੀ ਤੇ ਮੱਕੀ ਦੀਆਂ ਫਸਲਾਂ ਸਬੰਧੀ ਅਹਿਮ ਜਾਣਕਾਰੀ ਸਾਂਝੀ ਕੀਤੀ ਗਈ। ਇਸ ਕੈਂਪ ਵਿੱਚ ਸਟੇਜ ਸੈਕਟਰੀ ਦੀ ਭੂਮਿਕਾ ਖੇਤੀਬਾੜੀ ਵਿਸਥਾਰ ਅਫਸਰ ਹਰਗੁਰਨਾਦ ਸਿੰਘ ਵੱਲੋਂ ਨਿਭਾਈ ਗਈ ਤੇ ਖੇਤੀਬਾੜੀ ਵਿਕਾਸ ਅਫਸਰ ਡਾ. ਹਰਮੀਤ ਸਿੰਘ ਪੀਪੀ ਤੇ ਡਾ. ਗੁਰਜੀਤ ਸਿੰਘ ਡੀਬਲਿਊ ਵੱਲੋਂ ਝੋਨੇ ਤੇ ਮੱਕੀ ਦੀ ਫਸਲਾਂ ਦੀ ਕਾਸ਼ਤ ਸਬੰਧੀ ਅਹਿਮ ਜਾਣਕਾਰੀ ਦਿੱਤੀ ਗਈ। ਇਸ ਮੌਕੇ ਕੇਵੀਕੇ ਤੋਂ ਡਾ. ਆਸਥਾ ਵੱਲੋਂ ਫਸਲਾਂ ਦੇ ਕੀੜੇ ਮਕੌੜਿਆਂ ਦੇ ਹਮਲੇ ਤੇ ਰੋਕਥਾਮ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਅਖੀਰ ਵਿੱਚ ਡਾ. ਹਰਪ੍ਰੀਤ ਸਿੰਘ ਪੱਟੀ ਬਲਾਕ ਖੇਤੀਬਾੜੀ ਅਫਸਰ ਵੱਲੋਂ ਸਮੂਹ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣਕਾਰੀ ਦਿੰਦਿਆਂ ਸਮੂਹ ਸਾਇੰਸਦਾਨ ਤੇ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਕੈਂਪ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਪ੍ਰਭਦੀਪ ਸਿੰਘ ਗਿੱਲ, ਪ੍ਰਭਜੋਤ ਸਿੰਘ ਵਿਰਕ, ਪ੍ਰਦੀਪ ਸਿੰਘ ਮਾਹਲਾ, ਮਨਦੀਪ ਸਿੰਘ ਸਾਰੇ ਏਈਓ ਤੇ ਬੀਟੀਐਮ ਰਜਨੀ ਬਸ਼ਿਸ਼ਟ ਖੇਤੀਬਾੜੀ ਸਬ-ਇੰਸਪੈਕਟਰ ਸੰਦੀਪ ਕੁਮਾਰ, ਸ਼ਰਨਜੀਤ ਕੌਰ, ਸੰਜੀਵ ਕੱਕੜ, ਯੁਗੇਸ਼ ਕੁਮਾਰ ਸਮੂਹ ਖੇਤੀ ਸਟਾਫ ਸਮੇਤ ਪਿੰਡਾਂ ਦੇ ਅਗਾਂਹਵਧੂ ਕਿਸਾਨ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਗੁਰਦਾਸਪੁਰ ਇਕਾਈ ਦੀ ਅਹਿਮ ਮੀਟਿੰਗ



ਗੁਰਦਾਸਪੁਰ/ਬਟਾਲਾ, 11 ਜੂਨ (ਜਗੀਰ ਸਿੰਘ ਮੰਡ/ਡਾ. ਨਰਿੰਦਰ ਸਿੰਘ ਘੁਮਾਣ): ਆਰਐਮਪੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਗੁਰਦਾਸਪੁਰ ਇਕਾਈ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਡਾ. ਰਮੇਸ਼ ਕੁਮਾਰ ਬਾਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸੋਸੀਏਸ਼ਨ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਚੇਅਰਮੈਨ ਡਾ. ਹਰਜਿੰਦਰ ਸਿੰਘ ਜੱਜ ਘੁਮਾਣ ਦੀ ਅਗਵਾਈ ਹੇਠ ਕਸਬਾ ਘੁਮਾਣ ਵਿਖੇ ਹੋਈ। ਇਸ ਮੌਕੇ ਆਰਐਮਪੀ ਡਾਕਟਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਡਾ. ਹਰਜਿੰਦਰ ਸਿੰਘ ਜੱਜ ਘੁਮਾਣ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵੋਟਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਗਏ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਬੀਤੇ ਦਿਨੀਂ ਆਰਐਮਪੀ ਅਨਰਜਿਸਟਰਡ ਡਾਕਟਰਾਂ ਨੂੰ ਰਜਿਸਟਰਡ ਕਰਨ ਸਬੰਧੀ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਰਮੇਸ਼ ਕੁਮਾਰ ਬਾਲੀ ਦੀ ਚੀਫ ਸੈਕਟਰੀ ਪੰਜਾਬ ਨਾਲ ਮੀਟਿੰਗ ਹੋਈ, ਜਿਸ ਵਿੱਚ ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਬਾਹਰਲੀਆਂ ਸੂਬਿਆਂ ਵਾਂਗ ਪੰਜਾਬ ਸਰਕਾਰ ਪਿੰਡਾਂ ਵਿੱਚ ਪ੍ਰੈਕਟਿਸ ਕਰ ਰਹੇ ਡਾਕਟਰਾਂ ਨੂੰ ਟ੍ਰੇਨਿੰਗ ਦੇ ਪ੍ਰੈਕਟਿਸ ਕਰਨ ਸਰਟੀਫਿਕੇਟ ਮੁਹੱਈਆ ਕਰਵਾਏ ਜਾਣਗੇ। ਜਿਸ ਨਾਲ ਆਰਐਮ ਡਾਕਟਰਾਂ ਨੂੰ ਆਸ ਬੱਝੀ ਹੈ। ਉਹ ਟ੍ਰੇਨਿੰਗ ਕਰਨ ਤੋਂ ਬਾਅਦ ਬੇਖੌਫ ਹੋ ਕੇ ਮੈਡੀਕਲ ਪ੍ਰੈਕਟਿਸ ਕਰ ਸਕਣਗੇ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਜਲਦੀ ਤੋਂ ਜਲਦੀ ਅਨਰਜਿਸਟਰਡ ਡਾਕਟਰਾਂ ਨੂੰ ਟ੍ਰੇਨਿੰਗ ਦੇ ਕੇ ਸਰਟੀਫਿਕੇਟ ਮੁਹੱਈਆ ਕਰਵਾਏ ਤਾਂ ਉਹ ਪਿੰਡਾਂ ਵਿੱਚ ਲੋਕਾਂ ਨੂੰ ਫਸਟਏਡ ਦੀਆਂ ਸੇਵਾਵਾਂ ਬੇਖੌਫ ਹੋ ਕੇ ਨਿਭਾ ਸਕਣ। ਇਸ ਮੌਕੇ ਪ੍ਰਧਾਨ ਨੂਰਾ ਘੁਮਾਣ, ਜਨਰਲ ਸਕੱਤਰ ਡਾ. ਮਨਜੀਤ ਸਿੰਘ, ਸਾਬਕਾ ਪ੍ਰਧਾਨ ਡਾ. ਗੁਰਨਾਮ ਸਿੰਘ, ਡਾ. ਰਣਧੀਰ ਸਿੰਘ ਪੰਡੋਰੀ, ਡਾ. ਨਰਿੰਦਰ ਸਿੰਘ ਮੰਡਿਆਲਾ, ਡਾ. ਰਣਜੀਤ ਸਿੰਘ, ਡਾ. ਸਤਨਾਮ ਸਿੰਘ ਲਾਡੀ, ਡਾ. ਗੁਰਦਿਆਲ ਸਿੰਘ ਘੁਮਾਣ, ਡਾ. ਮਨਿੰਦਰ ਸਿੰਘ, ਡਾ. ਨਵਤੇਜ ਸਿੰਘ, ਡਾ. ਕੁਲਦੀਪ ਸਿੰਘ, ਡਾ. ਮਨਜੀਤ ਸਿੰਘ, ਡਾ. ਮੰਗਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਰਐਮਪੀ ਡਾਕਟਰ ਹਾਜ਼ਰ ਸਨ।

ਮਹੀਨਾਵਾਰ ਰਾਸ਼ਨ ਵੰਡ ਸਮਾਰੋਹ ਕਰਵਾਇਆ

ਗੜ੍ਹਦੀਵਾਲਾ, 11 ਜੂਨ (ਗੌਰਵ): ਬਾਬਾ ਦੀਪ ਸਿੰਘ ਸੇਵਾ ਦਲ ਤੇ ਵੈਲਫੇਅਰ ਸੁਸਾਇਟੀ ਗੜ੍ਹਦੀਵਾਲਾ ਵੱਲੋਂ ਅੱਜ 122ਵਾਂ ਮਹੀਨਾਵਾਰ ਰਾਸ਼ਨ ਵੰਡ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਸੁਸਾਇਟੀ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਜਿਨ੍ਹਾਂ 'ਚ ਵਿਧਵਾ ਔਰਤਾਂ, ਅਨਾਥ ਬੱਚਿਆਂ, ਬਜ਼ੁਰਗ ਆਦਿ ਸ਼ਾਮਲ ਸਨ। ਇਸ ਮੌਕੇ ਸੁਸਾਇਟੀ ਦੇ ਸੇਵਾਦਾਰ ਮਨਜੋਤ ਸਿੰਘ ਤਲਵੰਡੀ ਵੱਲੋਂ ਸਮੂਹ ਐਨਆਰਆਈ ਵੀਰਾਂ ਦਾ ਧੰਨਵਾਦ ਕੀਤਾ ਗਿਆ, ਜੋ ਹਰ ਮਹੀਨੇ ਆਪਣੀ ਨੇਕ ਕਮਾਈ ਵਿੱਚੋਂ ਦਸਬੰਧ ਕੱਢ ਕੇ ਇਸ ਰਾਸ਼ਨ ਵੰਡ ਸਮਾਰੋਹ ਵਿੱਚ ਸਹਿਯੋਗ ਪਾਉਂਦੇ ਹਨ। ਜਿਨ੍ਹਾਂ ਵਿਚ ਵੀਰ ਗੁਰਿੰਦਰ ਸਿੰਘ ਮੈਲਬੋਰਨ, ਹਰਜੀਤ ਸਿੰਘ ਕੈਨੇਡਾ ਤੇ ਮੈਲਬੋਰਨ ਦੀ ਸਮੂਹ ਸੰਗਤ ਦਾ ਵਿਸ਼ੇਸ਼ ਸਹਿਯੋਗ ਰਹਿੰਦਾ ਹੈ। ਇਸ ਮੌਕੇ ਉਨ੍ਹਾਂ ਹੋਰ ਸਮੂਹ ਸੰਗਤਾਂ ਦਾ ਧੰਨਵਾਦ ਵੀ ਕੀਤਾ ਜੋ ਸੁਸਾਇਟੀ ਵੱਲੋਂ ਹੋਰ ਕੀਤੇ ਜਾ ਰਹੇ ਕਾਰਜਾਂ ਵਿੱਚ ਸਹਿਯੋਗ ਪਾਉਂਦੇ ਹਨ।ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਮਨਜੋਤ ਸਿੰਘ ਤਲਵੰਡੀ, ਕੈਸ਼ੀਅਰ ਪਰਸ਼ੋਤਮ ਸਿੰਘ, ਮਨਿੰਦਰ ਸਿੰਘ, ਕਮਲਜੀਤ ਸਿੰਘ ਭਟੋਆ, ਹਰਭਜਨ ਸਿੰਘ ਖੁਰਦਾ, ਰਿੰਕੂ ਹੁਸ਼ਿਆਰਪੁਰ, ਹਰਪ੍ਰੀਤ ਸਿੰਘ, ਲਖਵਿੰਦਰ ਸਿੰਘ ਸਮੇਤ ਸੁਸਾਇਟੀ ਦੇ ਹੋਰ ਸੇਵਾਦਾਰ ਹਾਜ਼ਰ ਸਨ।

ਹੁਸ਼ਿਆਰਪੁਰ-ਊਨਾ ਤੇ ਫਗਵਾੜਾ-ਹੁਸ਼ਿਆਰਪੁਰ ਨੈਸ਼ਨਲ ਹਾਈਵੇ ਪ੍ਰੋਜੈਕਟਾਂ ਤੋਂ ਪ੍ਰਭਾਵਿਤ ਜ਼ਮੀਨ ਮਾਲਕ 30 ਤੱਕ ਜਮ੍ਹਾਂ ਕਰਵਾਉਣ ਮੁਆਵਜ਼ਾ ਸਬੰਧੀ ਫਾਈਲਾਂ: ਅਮਨਦੀਪ ਚਾਵਲਾ

ਹੁਸ਼ਿਆਰਪੁਰ, 11 ਜੂਨ (ਦੀਪਕ ਅਗਨੀਹੋਤਰੀ): ਜ਼ਿਲ੍ਹਾ ਮਾਲ ਅਫ਼ਸਰ ਤੇ ਸਮਰੱਥ ਅਧਿਕਾਰੀ ਭੌਂ ਪ੍ਰਾਪਤੀ ਅਮਨਦੀਪ ਚਾਵਲਾ ਨੇ ਦੱਸਿਆ ਕਿ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ (ਐਨ.ਐਚ.ਏ.ਆਈ) ਵੱਲੋਂ ਹੁਸ਼ਿਆਰਪੁਰ-ਊਨਾ ਰਾਸ਼ਟਰੀ ਰਾਸ਼ਟਰੀ ਰਾਜ ਮਾਰਗ-503 ਏ (ਪੈਕੇਜ-4) ਆਪ ਟੂ ਪੰਜਾਬ ਬਾਰਡਰ ਸਮੇਤ ਬਾਈਪਾਸ ਤੇ ਫਗਵਾੜਾ-ਹੁਸ਼ਿਆਰਪੁਰ ਰਾਸ਼ਟਰੀ ਰਾਜ ਮਾਰਗ-344 ਬੀ ਲਈ ਐਕਵਾਇਰ ਕੀਤੀ ਜ਼ਮੀਨ ਦੇ ਯੋਗ ਜ਼ਮੀਨ ਮਾਲਕਾਂ ਨੂੰ ਮੁਆਵਜ਼ਾ ਪ੍ਰਦਾਨ ਕਰਨ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ ਐਨ.ਐਚ-503 ਏ ਪ੍ਰੋਜੈਕਟ ਤਹਿਤ ਤਹਿਸੀਲ ਹੁਸ਼ਿਆਰਪੁਰ ਦੇ 22 ਪਿੰਡਾਂ ਅੱਜੋਵਾਲ, ਬ੍ਰਹਮਜੀਤ, ਬਸੀ ਨੌ, ਡਗਾਣਾ ਖੁਰਦ, ਡਗਾਣਾ ਕਲਾਂ, ਸੱਜਣ, ਹਰਦੋਖਾਨਪੁਰ, ਆਦਮਵਾਲ, ਕੱਕੋਂ, ਖਾਖਲੀ, ਨੰਦਨ, ਬਸੀ ਗੁਲਾਮ ਹੁਸੈਨ, ਬਸੀ ਪੁਰਾਣੀ, ਖੜਕਾਂ, ਚੱਕ ਹਰਨੌਲੀ, ਪਟਿਆੜੀ, ਜਹਾਨਖੇਲਾਂ, ਮਹਿਲਾਂਵਾਲੀ, ਬਸੀ ਮੁਸਤਫਾ, ਬਜਵਾੜਾ, ਕੋਟਲਾ ਗੌਂਸਪੁਰ ਤੇ ਕਿਲਾ ਬਰੂਨ ਦੀ ਜ਼ਮੀਨ ਐਕਵਾਇਰ ਕਰਨ ਲਈ ਰਾਸ਼ਟਰੀ ਰਾਜ ਮਾਰਗ ਐਕਟ 1956 ਦੀ ਧਾਰਾ 3 (ਡੀ) ਤਹਿਤ ਪ੍ਰਾਪਤ ਕੀਤੀ ਗਈ ਹੈ ਤੇ ਇਹ ਜ਼ਮੀਨ ਭਾਰਤ ਸਰਕਾਰ ਦੇ ਨਾਮ ਹੋ ਚੁੱਕੀ ਹੈ। ਇਸੇ ਤਰ੍ਹਾਂ ਫਗਵਾੜਾ-ਹੁਸ਼ਿਆਰਪੁਰ ਰਾਸ਼ਟਰੀ ਰਾਜ ਮਾਰਗ-344 ਬੀ ਪ੍ਰੋਜੈਕਟ ਤਹਿਤ ਮੇਹਟਿਆਣਾ, ਖਨੌੜਾ, ਅਹਿਰਾਣਾ, ਤਨੂਲੀ, ਮਰਨਾਈਆਂ ਕਲਾਂ, ਅੱਤੋਵਾਲ, ਸਾਹਰੀ, ਕਾਹਰੀ, ਬਸੀ ਦੌਲਤ ਖਾਂ, ਮੜੂਲੀ ਬ੍ਰਹਾਮਣਾ, ਕਾਇਮਪੁਰ, ਅਟਲਗੜ੍ਹ, ਪੁਰਹੀਰਾਂ, ਢੋਲਣਵਾਲ, ਸ਼ੇਰਗੜ੍ਹ, ਛਾਉਣੀ ਕਲਾਂ, ਅੰਮੋਆਲ, ਕਿਲਾ ਬਰੂਨ, ਨੰਗਲ ਸ਼ਹੀਦਾਂ, ਬਿਲਾਸਪੁਰ ਤੇ ਬਜਵਾੜਾ ਪਿੰਡਾਂ ਦੀ ਜ਼ਮੀਨ ਐਕਵਾਇਰ ਕੀਤੀ ਜਾ ਚੁੱਕੀ ਹੈ। ਅਮਨਦੀਪ ਚਾਵਲਾ ਨੇ ਦੱਸਿਆ ਕਿ ਪ੍ਰਭਾਵਿਤ ਜ਼ਮੀਨ ਮਾਲਕਾਂ ਲਈ ਮੁਆਵਜ਼ੇ ਸਬੰਧੀ ਪਹਿਲਾਂ ਵੱਖ-ਵੱਖ ਅਖ਼ਬਾਰਾਂ ਰਾਹੀਂ ਜਨਤਕ ਨੋਟਿਸ ਜਾਰੀ ਕੀਤੇ ਗਏ ਸਨ ਤੇ ਐਨ ਐਚ-344 ਬੀ ਪ੍ਰੋਜੈਕਟ ਲਈ ਵਿਸ਼ੇਸ਼ ਕੈਂਪ ਵੀ ਲਗਾਏ ਗਏ ਸਨ। ਇਸ ਦੇ ਬਾਵਜੂਦ ਬਹੁਤ ਸਾਰੇ ਪ੍ਰਭਾਵਿਤ ਜ਼ਮੀਨ ਮਾਲਕਾਂ ਨੇ ਅਜੇ ਤੱਕ ਆਪਣੀਆਂ ਫਾਈਲਾਂ, ਲੋੜੀਂਦੇ ਦਸਤਾਵੇਜ਼ਾਂ ਸਮੇਤ, ਦਫ਼ਤਰ ਵਿੱਚ ਜਮ੍ਹਾਂ ਨਹੀਂ ਕਰਵਾਈਆਂ ਹਨ। ਉਨ੍ਹਾਂ ਸਾਰੇ ਸਬੰਧਤ ਯੋਗ ਜ਼ਮੀਨ ਮਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਅਰਜ਼ੀਆਂ ਫਾਇਲਾਂ ਤੇ ਜ਼ਰੂਰੀ ਦਸਤਾਵੇਜ਼ 30 ਜੂਨ, 2026 ਤੱਕ ਕਮਰਾ ਨੰਬਰ 309, ਨੈਸ਼ਨਲ ਹਾਈਵੇਅ ਵਿੰਗ, ਤੀਜੀ ਮੰਜ਼ਿਲ, ਡਿਪਟੀ ਕਮਿਸ਼ਨਰ ਦਫ਼ਤਰ, ਹੁਸ਼ਿਆਰਪੁਰ ਵਿਖੇ ਜਮ੍ਹਾਂ ਕਰਵਾਉਣ, ਤਾਂ ਜੋ ਉਨ੍ਹਾਂ ਨੂੰ ਸਰਕਾਰੀ ਨਿਯਮਾਂ ਅਨੁਸਾਰ ਬਣਦਾ ਮੁਆਵਜ਼ਾ ਦਿੱਤਾ ਜਾ ਸਕੇ।

'ਸੁਰੱਖਿਅਤ ਮਾਤ੍ਰਿਤਵ ਮਿਸ਼ਨ' ਤਹਿਤ ਗਰਭਵਤੀ ਔਰਤਾਂ ਲਈ ਵਿਸ਼ੇਸ਼ ਸਮੀਖਿਆ ਮੀਟਿੰਗ

ਫਤਹਿਗੜ੍ਹ ਚੂੜੀਆਂ, 11 ਜੂਨ (ਰਾਜਨ ਸ਼ਰਮਾ): ਸਿਵਲ ਸਰਜਨ ਗੁਰਦਾਸਪੁਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਤਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਐਸਐਮਓ ਡਾ. ਲਖਵਿੰਦਰ ਸਿੰਘ ਦੀ ਅਗਵਾਈ ਹੇਠ ਸੀਐਚਸੀ ਫਤਹਿਗੜ੍ਹ ਚੂੜੀਆਂ ਵਿਖੇ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਤਜਿੰਦਰ ਕੌਰ ਨੇ ਦੱਸਿਆ ਕਿ ਹਰ ਗਰਭਵਤੀ ਔਰਤ ਤੱਕ ਸਮੇਂ ਸਿਰ ਮੈਡੀਕਲ ਜਾਂਚ, ਪੋਸ਼ਣ ਸਲਾਹ ਤੇ ਐਮਰਜੈਂਸੀ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਈ ਜਾਵੇ। ਅਧਿਕਾਰੀਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਦੀ PMSMA ਯੋਜਨਾ ਨੇ ਮਾਵਾਂ ਦੀ ਮੌਤ ਦਰ ਨੂੰ 86% ਤੱਕ ਘਟਾਉਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ। ਮੀਟਿੰਗ ਵਿੱਚ ਲਏ ਗਏ ਮਹੱਤਵਪੂਰਨ ਫੈਸਲੇ: ਪਹਿਲੀ ਤਿਮਾਹੀ ਰਜਿਸਟ੍ਰੇਸ਼ਨ 100%: ਸਾਰੇ ਸਿਹਤ ਕੇਂਦਰਾਂ ਨੂੰ ਹਦਾਇਤ ਦਿੱਤੀ ਗਈ ਕਿ ਹਰ ਗਰਭ ਦੀ ਰਜਿਸਟ੍ਰੇਸ਼ਨ ਪਹਿਲੇ 12 ਹਫ਼ਤਿਆਂ ਵਿੱਚ ਹੀ ਹੋ ਜਾਵੇ। ਪੋਸ਼ਣ ਤੇ ਜਾਗਰੂਕਤਾ: ਗਰਭਵਤੀ ਔਰਤਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਆਇਰਨ, ਕੈਲਸ਼ੀਅਮ ਤੇ ਸੰਤੁਲਿਤ ਖੁਰਾਕ ਬਾਰੇ ਘਰ-ਘਰ ਜਾਗਰੂਕ ਕੀਤਾ ਜਾਵੇਗਾ।ਡਿਜੀਟਲ ਨਿਗਰਾਨੀ: ANC ਚੈਕ-ਅੱਪ ਦਾ ਰਿਕਾਰਡ ਹੁਣ ਆਨਲਾਈਨ ਪੋਰਟਲ 'ਤੇ ਅੱਪਡੇਟ ਹੋਵੇਗਾ ਤਾਂ ਜੋ ਕਿਸੇ ਵੀ ਔਰਤ ਦੀ ਫਾਲੋ-ਅੱਪ ਮਿਸ ਨਾ ਹੋਵੇ। ਉਨ੍ਹਾ ਨੇ ਕਿਹਾ ਕਿ ਸਾਡਾ ਸੰਕਲਪ ਸਾਫ਼ ਹੈ ਹਰ ਡਿਲੀਵਰੀ ਸੰਸਥਾਗਤ ਹੋਵੇ, ਹਰ ਮਾਂ ਸੁਰੱਖਿਅਤ ਹੋਵੇ। ਜਦੋਂ ਮਾਂ ਸਿਹਤਮੰਦ ਹੋਵੇਗੀ ਤਾਂ ਹੀ ਇੱਕ ਸਿਹਤਮੰਦ ਪੀੜ੍ਹੀ ਤਿਆਰ ਹੋਵੇਗੀ। ਇਸ ਮੌਕੇ 'ਤੇ ਡਾ. ਸੁਖਮਨਪਰੀਤ ਕੌਰ ਗਾਇਨਾਕੋਲੋਜਿਸਟ, ਡਾ. ਨਵਨੀਤ ਕੌਰ ਵਿਰਕ, ਡਾ. ਸੁਖਪ੍ਰੀਤ ਸਿੰਘ, ਡਾ. ਰਿਸਵ ਸ਼ਰਮਾ, ਜੋਗਾ ਸਿੰਘ ਬੀਈਈ, ਹਰਵਿੰਦਰ ਸਿੰਘ ਹੈਲਥ ਸੁਪਰਵਾਈਜ਼ਰ, ਸਰਬਜੀਤ ਕੌਰ ਐਲਐਚਵੀ, ਮਨਜਿੰਦਰ ਕੌਰ ਏਐਨਐਮ ਆਦਿ ਹਾਜ਼ਰ ਸਨ।



ਐਚ.ਐਸ.ਜੀ.ਪੀ.ਸੀ. ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ 16 ਨੂੰ ਜਨਰਲ ਹਾਊਸ ਦੀ ਮੀਟਿੰਗ ਸੱਦੀ

ਕੁਰੂਕਸ਼ੇਤਰ, 11 ਜੂਨ (ਚ.ਨ.ਸ): ਮੀਰੀ-ਪੀਰੀ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਦੇ ਸੁਚਾਰੂ ਕੰਮਕਾਜ ਨੂੰ ਮੁੜ ਬਹਾਲ ਕਰਨ ਲਈ ਲਗਾਤਾਰ ਵੱਧ ਰਹੇ ਦਬਾਅ ਦਰਮਿਆਨ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਐਚ.ਐਸ.ਜੀ.ਪੀ.ਸੀ.) ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵੱਲੋਂ ਆਉਂਦੀ 16 ਜੂਨ ਨੂੰ ਜਨਰਲ ਹਾਊਸ ਦੀ ਇੱਕ ਵਿਸ਼ੇਸ਼ ਮੀਟਿੰਗ ਸੱਦੀ ਗਈ ਹੈ। ਇਸ ਮੀਟਿੰਗ ਦਾ ਮੁੱਖ ਮਨੋਰਥ ਕਮੇਟੀ ਦੀ ਕਾਰਜਕਾਰਨੀ ਦੇ ਅੰਦਰ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੇ ਡੈਡਲਾਕ ਨੂੰ ਖ਼ਤਮ ਕਰਨਾ ਤੇ ਸੰਸਥਾ ਦੇ ਪ੍ਰਬੰਧਕੀ ਢਾਂਚੇ ਨੂੰ ਮੁੜ ਲੀਹ 'ਤੇ ਲਿਆਉਣਾ ਹੈ। ਐਚ.ਐਸ.ਜੀ.ਪੀ.ਸੀ. ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਦੀ ਅਗਵਾਈ ਹੇਠ ਹੋਣ ਵਾਲੀ ਇਸ ਅਹਿਮ ਬੈਠਕ ਵਿੱਚ ਕਾਰਜਕਾਰੀ ਬਾਡੀ ਦੇ ਉਨ੍ਹਾਂ ਚਾਰ ਮੈਂਬਰਾਂ ਦੇ ਭਵਿੱਖ ਦਾ ਫੈਸਲਾ ਕੀਤਾ ਜਾਵੇਗਾ, ਜੋ ਲਗਾਤਾਰ ਮੀਟਿੰਗਾਂ ਤੋਂ ਗੈਰ-ਹਾਜ਼ਰ ਰਹਿ ਰਹੇ ਹਨ। ਇਨ੍ਹਾਂ ਮੈਂਬਰਾਂ ਦੀ ਲਗਾਤਾਰ ਗੈਰ-ਹਾਜ਼ਰੀ ਕਾਰਨ ਕਮੇਟੀ ਦਾ ਕੰਮਕਾਜ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ ਤੇ ਕਈ ਅਹਿਮ

ਫੈਸਲੇ ਲਟਕੇ ਹੋਏ ਹਨ, ਜਿਨ੍ਹਾਂ ਵਿੱਚ ਸਾਲਾਨਾ ਬਜਟ ਨੂੰ ਪਾਸ ਕਰਨਾ ਵੀ ਸ਼ਾਮਲ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਕਮੇਟੀ ਦੇ ਕਰੀਬ 17 ਮੈਂਬਰਾਂ ਨੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੂੰ ਲਿਖਤੀ ਬੇਨਤੀ ਕਰਦਿਆਂ ਮੰਗ ਕੀਤੀ ਸੀ ਕਿ ਲਗਾਤਾਰ ਬੈਠਕਾਂ ਵਿੱਚੋਂ ਗੈਰ-ਹਾਜ਼ਰ ਰਹਿਣ ਵਾਲੇ ਮੈਂਬਰਾਂ ਨੂੰ ਕਾਰਜਕਾਰੀ ਬਾਡੀ ਵਿੱਚੋਂ ਤੁਰੰਤ ਹਟਾਇਆ ਜਾਵੇ। ਇਨ੍ਹਾਂ ਗੈਰ-ਹਾਜ਼ਰ ਰਹਿਣ ਵਾਲੇ ਅਹੁਦੇਦਾਰਾਂ ਵਿੱਚ ਸੀਨੀਅਰ ਮੀਤ ਪ੍ਰਧਾਨ ਤੇ ਜੂਨੀਅਰ ਮੀਤ ਪ੍ਰਧਾਨ ਵਰਗੇ ਅਹਿਮ ਅਹੁਦੇ ਵੀ ਸ਼ਾਮਲ ਹਨ, ਜਿਨ੍ਹਾਂ ਦੀ ਗੈਰ-ਮੌਜੂਦਗੀ ਪ੍ਰਬੰਧਕੀ ਕੰਮਾਂ ਵਿੱਚ ਵੱਡੀ ਰੁਕਾਵਟ ਬਣ ਰਹੀ ਹੈ।ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਦੱਸਿਆ ਕਿ ਕਾਰਜਕਾਰੀ ਬਾਡੀ ਦੇ ਚਾਰ ਮੈਂਬਰ ਲਗਾਤਾਰ ਮੀਟਿੰਗਾਂ ਵਿੱਚ ਸ਼ਾਮਲ ਨਹੀਂ ਹੋ ਰਹੇ, ਜਿਸ ਕਾਰਨ ਕਮੇਟੀ ਦੀਆਂ ਗਤੀਵਿਧੀਆਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਹਨ। ਉਨ੍ਹਾਂ ਖੁਲਾਸਾ ਕੀਤਾ ਕਿ ਮੈਂਬਰਾਂ ਦੇ ਸਹਿਯੋਗ ਨਾ ਮਿਲਣ ਕਾਰਨ ਪਿਛਲੇ ਸਾਲ ਤੇ ਮੌਜੂਦਾ ਸਾਲ ਦੇ ਬਜਟ ਅਜੇ ਤੱਕ ਪਾਸ ਨਹੀਂ ਕੀਤੇ ਜਾ ਸਕੇ। ਬਜਟ ਨਾ ਪਾਸ ਹੋਣ ਦੀ ਇਸ ਸਥਿਤੀ ਦਾ ਸਿੱਧਾ ਅਸਰ ਮੀਰੀ-ਪੀਰੀ ਇੰਸਟੀਚਿਊਟ ਦੇ ਕੰਮਕਾਜ ਤੇ ਉਥੋਂ ਦੇ ਪ੍ਰਬੰਧਾਂ 'ਤੇ ਪੈ ਰਿਹਾ ਹੈ। ਉਨ੍ਹਾਂ ਸਾਫ਼ ਕੀਤਾ ਕਿ ਇਨ੍ਹਾਂ ਸਾਰੇ ਮਸਲਿਆਂ ਦੇ ਸਥਾਈ ਹੱਲ ਤੇ ਇੱਕ ਨਵੀਂ ਕਾਰਜਕਾਰੀ ਬਾਡੀ ਦੇ ਗਠਨ ਦੇ ਉਦੇਸ਼ ਨਾਲ ਹੀ ਇਸ ਜਨਰਲ ਹਾਊਸ ਦੀ ਮੀਟਿੰਗ ਨੂੰ ਬੁਲਾਉਣ ਦਾ ਫੈਸਲਾ ਕੀਤਾ ਗਿਆ ਹੈ।

ਹਸਪਤਾਲੋਂ ਭੱਜੇ ਮੁਲਜ਼ਮ ਨੇ ਪੁਲਿਸ ਮੁਲਾਜ਼ਮ ਦੀ ਕਾਰ ਨੂੰ ਮਾਰੀ ਟੱਕਰ, ਇਲਾਜ ਦੌਰਾਨ ਮੌਤ

☛ਕਾਂਸਟੇਬਲ ਤਰੁਣ ਬਾਲੀ ਦੋ ਸਾਲ ਪਹਿਲਾਂ ਓਂਟਾਰੀਓ ਪੁਲਿਸ 'ਚ ਹੋਇਆ ਸੀ ਭਰਤੀ

ਵੈਨਕੂਵਰ, 11 ਜੂਨ (ਚ.ਨ.ਸ): ਕੈਨੇਡਾ ਦੇ ਸੂਬੇ ਓਂਟਾਰੀਓ ਦੇ ਉਤਰ-ਪੱਛਮੀ ਪਾਸੇ ਹਰਸਟ ਨੇੜੇ ਪੁਲਿਸ ਵੱਲੋਂ ਮਾਨਸਿਕ ਹਾਲਾਤ ਦੇ ਜਾਇਜ਼ੇ ਲਈ ਹਸਪਤਾਲ ਦਾਖ਼ਲ ਕਰਵਾਏ ਇੱਕ 18 ਸਾਲਾ ਮੁੰਡੇ ਨੇ ਪੰਜਾਬੀ ਪੁਲਿਸ ਮੁਲਾਜ਼ਮ ਨੂੰ ਕਾਰ ਦੀ ਟੱਕਰ ਮਾਰ ਕੇ ਮਾਰ ਦਿੱਤਾ। ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਉਸ ਉਤੇ ਪਹਿਲਾ ਦਰਜਾ ਕਤਲ ਦੇ ਦੋਸ਼ ਆਇਦ ਕੀਤੇ ਗਏ ਹਨ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪੁਲਿਸ ਕਮਿਸ਼ਨਰ ਥੌਮਸ ਕੈਰਿਕਿਊ ਨੇ ਦੱਸਿਆ ਕਿ ਕਾਂਸਟੇਬਲ ਤਰੁਣ ਬਾਲੀ ਕਿਸੇ ਅਪਰਾਧਿਕ ਮਾਮਲੇ ਦੀ ਜਾਂਚ ਵਿੱਚ ਰੁੱਝਿਆ ਹੋਇਆ ਸੀ। ਜਦੋਂ ਉਸ ਨੂੰ ਹਸਪਤਾਲੋਂ ਭੱਜੇ ਮੁੰਡੇ ਦਾ ਪਤਾ ਲੱਗਾ ਤਾਂ ਉਹ ਉਸ ਦਾ ਪਿੱਛਾ ਕਰਨ ਲੱਗਾ। ਇਸ ਦੌਰਾਨ ਹਸਪਤਾਲੋਂ ਭੱਜੇ ਮੁਲਜ਼ਮ ਨੇ ਉਸ ਦੀ ਕਾਰ ਨੂੰ ਟੱਕਰ ਮਾਰ ਕੇ ਉਸ ਨੂੰ ਸਖ਼ਤ ਜ਼ਖ਼ਮੀ ਕਰ ਦਿੱਤਾ। ਗੰਭੀਰ ਜ਼ਖ਼ਮੀ ਹਾਲਤ ਵਿੱਚ ਉਸ ਨੂੰ ਪਹਿਲਾਂ ਨੇੜਲੇ ਹਸਪਤਾਲ ਲਿਜਾਇਆ ਗਿਆ, ਪਰ ਹਾਲਤ ਗੰਭੀਰ ਹੋਣ ਕਾਰਨ ਵੱਡੇ ਹਸਪਤਾਲ ਲਿਜਾਂਦੇ ਸਮੇਂ ਉਹ ਜ਼ਖ਼ਮਾਂ ਦੀ ਤਾਬ ਨਾ ਸਹਿੰਦਿਆਂ ਦਮ ਤੋੜ ਗਿਆ। ਕਮਿਸ਼ਨਰ ਨੇ ਦੱਸਿਆ ਕਿ ਮੁਲਜ਼ਮ ਵਿਰੁੱਧ ਪਹਿਲਾ ਦਰਜਾ ਕਤਲ ਸਮੇਤ, ਹਿਰਾਸਤ ਵਿੱਚੋਂ ਭੱਜਣ ਤੇ ਲਾਪ੍ਰਵਾਹੀ ਨਾਲ ਤੇਜ਼ ਰਫ਼ਤਾਰ ਕਾਰ ਚਲਾਉਣ ਦੇ ਦੋਸ਼ ਆਇਦ ਕੀਤੇ ਗਏ ਹਨ। ਪੁਲਿਸ ਕਮਿਸ਼ਨਰ ਨੇ ਤਰੁਣ ਬਾਲੀ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਦੋ ਸਾਲ ਪਹਿਲਾਂ ਪੁਲਿਸ

ਬਲ ਵਿੱਚ ਆਇਆ। ਤਰੁਣ ਬਾਲੀ ਆਪਣੇ ਸਾਥੀਆਂ ਵਿੱਚ ਸਤਿਕਾਰਿਆ ਜਾਂਦਾ ਸੀ ਤੇ ਉਸ ਨੇ ਥੋੜ੍ਹੇ ਸਮੇਂ ਵਿੱਚ ਹੀ ਕਈ ਵੱਡੇ ਮਾਅਰਕੇ ਮਾਰ ਲਏ ਸਨ। ਕਮਿਸ਼ਨਰ ਨੇ ਕਿਹਾ ਕਿ ਉਹ ਤਰੁਣ ਬਾਲੀ ਦੀ ਉਹ ਫ਼ੋਟੋ ਵੇਖ ਕੇ ਭਾਵੁਕ ਹੋਣੋਂ ਨਹੀਂ ਰਹਿ ਸਕਿਆ, ਜਿਸ ਵਿੱਚ ਉਹ ਕਿਸੇ ਵਰਦੀਧਾਰੀ ਪੁਲਿਸ ਅਫ਼ਸਰ ਨੂੰ ਉਦੋਂ ਸਲੂਟ ਕਰ ਰਿਹਾ, ਜਦ ਅਜੇ ਦੋ ਢਾਈ ਸਾਲ ਦਾ ਬੱਚਾ ਹੀ ਸੀ। ਓਂਟਾਰੀਓ ਪੁਲਿਸ ਐਸੋਸੀਏਸ਼ਨ ਦੇ ਪ੍ਰਧਾਨ ਡੇਵਿਡ ਸਬਾਤਿਨੀ ਨੇ ਕਿਹਾ ਕਿ ਤਰੁਣ ਬਾਲੀ ਦੀ ਦੁਖਦਾਈ ਮੌਤ ਨੇ ਯਾਦ ਕਰਵਾਇਆ ਹੈ ਕਿ ਪੁਲਿਸ ਮੁਲਾਜ਼ਮਾਂ ਨੂੰ ਕਿੰਨੇ ਜ਼ੋਖ਼ਮ ਭਰੇ ਹਾਲਾਤਾਂ ਵਿੱਚੋਂ ਲੰਘਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਬਾਲੀ ਦੇ ਪਰਿਵਾਰ ਦੇ ਨਾਲ ਖੜ੍ਹੇ ਰਹੇਗੀ।

ਪਾਕਿਸਤਾਨੀ ਫੌਜ ਦਾ ਹੈਲੀਕਾਪਟਰ ਹਾਦਸਾਗ੍ਰਸਤ, 21 ਸੁਰੱਖਿਆ ਮੁਲਾਜ਼ਮਾਂ ਦੀ ਮੌਤ

ਮੁਜ਼ੱਫਰਾਬਾਦ, 11 ਜੂਨ (ਚ.ਨ.ਸ): ਪਾਕਿਸਤਾਨੀ ਫੌਜ ਦਾ ਇੱਕ MI-17 ਹੈਲੀਕਾਪਟਰ ਬੁੱਧਵਾਰ ਨੂੰ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ (ਪੀਓਕੇ) ਵਿੱਚ ਹਾਦਸਾਗ੍ਰਸਤ ਹੋ ਗਿਆ। ਇਹ ਹਾਦਸਾ ਮੁਜ਼ੱਫਰਾਬਾਦ ਨੇੜੇ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੋਇਆ। ਇਸ ਵਿੱਚ ਸਵਾਰ ਸਾਰੇ 21 ਸੁਰੱਖਿਆ ਕਰਮਚਾਰੀਆਂ ਦੀ ਮੌਤ ਹੋਣ ਦੀ ਖ਼ਬਰ ਹੈ। ਹਾਲਾਂਕਿ, ਫੌਜ ਨੇ ਅਜੇ ਤੱਕ ਸਵਾਰ ਲੋਕਾਂ ਦੀ ਸਹੀ ਗਿਣਤੀ ਦਾ ਖੁਲਾਸਾ ਨਹੀਂ ਕੀਤਾ ਹੈ। ਸ਼ੁਰੂਆਤੀ ਰਿਪੋਰਟਾਂ ਅਨੁਸਾਰ, ਸੁਰੱਖਿਆ ਕਰਮਚਾਰੀ ਪੀਓਕੇ ਵਿੱਚ ਨੀਲਮ ਵੈਲੀ ਸੈਕਟਰ ਵੱਲ ਜਾ ਰਹੇ ਸਨ। ਵਿਧਾਨ ਸਭਾ ਵਿੱਚ 12 ਰਾਖਵੀਆਂ ਸੀਟਾਂ ਨੂੰ ਲੈ ਕੇ ਉਥੇ ਵਿਵਾਦ ਚੱਲ ਰਿਹਾ ਹੈ, ਜਿਸ ਕਾਰਨ ਸਰਕਾਰ ਨੂੰ ਇਲਾਕੇ ਵਿੱਚ ਵਾਧੂ ਫੌਜ ਤਾਇਨਾਤ ਕਰਨੀ ਪਈ। ਮੁਜ਼ੱਫਰਾਬਾਦ ਤੋਂ ਉਡਾਣ ਭਰਨ ਤੋਂ ਬਾਅਦ ਹੈਲੀਕਾਪਟਰ ਵਿੱਚ ਤਕਨੀਕੀ ਨੁਕਸ ਪੈ ਗਿਆ। ਪਾਇਲਟ ਨੇ ਐਮਰਜੈਂਸੀ ਲੈਂਡਿੰਗ ਦੀ ਕੋਸ਼ਿਸ਼ ਕੀਤੀ ਪਰ ਸੁਰੱਖਿਅਤ ਢੰਗ ਨਾਲ ਲੈਂਡ ਨਹੀਂ ਕਰ ਸਕਿਆ। ਪਾਕਿਸਤਾਨੀ ਫੌਜ ਨੇ ਕਿਹਾ ਕਿ ਹਾਦਸੇ ਦੇ ਸਹੀ ਕਾਰਨ ਦਾ ਪਤਾ ਲਗਾਉਣ ਲਈ ਜਾਂਚ ਦੇ ਹੁਕਮ ਦੇ ਦਿੱਤੇ ਗਏ ਹਨ। ਫੌਜ ਮੁਖੀ ਮੁਨੀਰ ਨੇ ਦਿੱਤੇ ਹਾਦਸੇ ਦੀ ਜਾਂਚ ਦੇ ਹੁਕਮ ਫੌਜ ਨੇ ਕਿਹਾ ਹੈ ਕਿ ਹਾਦਸੇ ਦੇ ਕਾਰਨ ਦਾ ਪਤਾ ਲਗਾਉਣ ਲਈ ਜਾਂਚ ਦੇ ਹੁਕਮ ਦੇ ਦਿੱਤੇ ਗਏ ਹਨ। ਪਾਕਿਸਤਾਨ ਦੇ ਫੌਜ ਮੁਖੀ ਅਸੀਮ ਮੁਨੀਰ ਸਮੇਤ ਫੌਜ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਇਸ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ ਤੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਪਾਕਿਸਤਾਨ ਦੇ ਰਾਸ਼ਟਰਪਤੀ ਆਸਿਫ ਅਲੀ ਜ਼ਰਦਾਰੀ ਤੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵੀ ਹੈਲੀਕਾਪਟਰ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਹੈ। ਦੋਵਾਂ ਨੇਤਾਵਾਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ ਤੇ ਕਿਹਾ ਹੈ ਕਿ ਪੂਰਾ ਦੇਸ਼ ਇਨ੍ਹਾਂ ਸੈਨਿਕਾਂ ਦੀ ਕੁਰਬਾਨੀ ਨੂੰ ਸਲਾਮ ਕਰਦਾ ਹੈ।

ਸਲਵਿੰਦਰ ਸਿੰਘ ਸਦਿਓੜਾ ਪੰਜਾਬ ਸਵਰਨਕਾਰ ਸੰਘ ਦੇ ਸੂਬਾ ਸੈਕਟਰੀ ਨਿਯੁਕਤ

ਕੋਟ ਈਸੇ ਖਾਂ, 11 ਜੂਨ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਪੰਜਾਬ ਸਵਰਨਕਾਰ ਸੰਘ ਵੱਲੋਂ ਸਮਾਜਿਕ ਤੇ ਜਥੇਬੰਦੀ ਸੇਵਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸਲਵਿੰਦਰ ਸਿੰਘ ਸਦਿਓੜਾ ਨੂੰ ਸੰਘ ਦਾ ਸੂਬਾ ਸੈਕਟਰੀ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਸਵਰਨਕਾਰ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਆਪਣੀ ਨਿਯੁਕਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਸਲਵਿੰਦਰ ਸਿੰਘ ਸਦਿਓੜਾ ਨੇ ਪੰਜਾਬ ਸਵਰਨਕਾਰ ਸੰਘ ਦੇ ਸੂਬਾ ਪ੍ਰਧਾਨ ਕਰਤਾਰ ਸਿੰਘ ਜੌੜਾ ਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੰਘ ਵੱਲੋਂ ਸੌਂਪੀ ਗਈ ਇਸ ਮਹੱਤਵਪੂਰਨ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਲਗਨ ਤੇ ਤਨਦੇਹੀ ਨਾਲ ਨਿਭਾਉਣਗੇ ਤੇ ਸਵਰਨਕਾਰ ਭਾਈਚਾਰੇ ਦੀ ਭਲਾਈ ਤੇ ਹੱਕਾਂ ਲਈ ਹਰ ਸੰਭਵ ਯਤਨ ਕਰਨਗੇ। ਸਲਵਿੰਦਰ ਸਿੰਘ ਸਦਿਓੜਾ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਸਵਰਨਕਾਰ ਸੰਘ ਮੋਗਾ ਦੇ ਪ੍ਰਧਾਨ ਬਲਵੀਰ ਸਿੰਘ ਰਾਮੂਵਾਲੀਆ ਸਮੇਤ ਸੁਖਚੈਨ ਸਿੰਘ ਰਾਮੂਵਾਲੀਆ,

ਅਜੀਤ ਸਿੰਘ, ਬਲਜੀਤ ਸਿੰਘ, ਕੁਲਵੰਤ ਸਿੰਘ, ਬੌਬੀ ਵਰਮਾ, ਕਮਲਜੀਤ ਸਿੰਘ ਸਦਿਓੜਾ, ਰਾਜੂ ਗੁਪਤਾ, ਨਿਰਮਲਜੀਤ ਸਿੰਘ, ਸੋਨੂੰ ਵਰਮਾ, ਵਤਨ ਸਚਦੇਵਾ, ਕਰਨ ਵਰਮਾ, ਰਾਕੇਸ਼ ਸੂਦ, ਸੰਜੀਵ ਕੁਮਾਰ, ਮਲਕੀਤ ਸਿੰਘ, ਬੂਟਾ ਸਿੰਘ ਵਾਲੀਆ, ਹੈਪੀ ਵਰਮਾ, ਦਵਿੰਦਰ ਸਿੰਘ, ਪ੍ਰਭਜੀਤ ਸਿੰਘ ਤੇ ਗੁਰਜੀਤ ਸਿੰਘ ਪ੍ਰਿੰਸ ਆਦਿ ਨੇ ਉਨ੍ਹਾਂ ਨੂੰ ਵਧਾਈ ਦਿੱਤੀ। ਆਗੂਆਂ ਨੇ ਆਸ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਸੰਘ ਹੋਰ ਮਜ਼ਬੂਤ ਹੋਵੇਗਾ ਤੇ ਸਵਰਨਕਾਰ ਭਾਈਚਾਰੇ ਦੀਆਂ ਸਮੱਸਿਆਵਾਂ ਦੇ ਹੱਲ ਲਈ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰੇਗਾ।

ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਟਰੱਸਟ ਦੀ ਕਾਰਜਕਾਰੀ ਤੇ ਗਵਰਨਿੰਗ ਬਾਡੀ ਬਣਾਉਣ ਦੇ ਅਧਿਕਾਰ ਚੇਅਰਮੈਨ ਸੁਖਦੇਵ ਸਿੰਘ ਰਾਜ ਨੂੰ ਦਿੱਤੇ

☛ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਸ੍ਰੀ ਫਤਹਿਗੜ੍ਹ ਸਾਹਿਬ, 11 ਜੂਨ (ਹਰਪ੍ਰੀਤ ਕੌਰ ਟਿਵਾਣਾ): ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਮੈਮੋਰੀਅਲ ਚੈਰੀਟੇਬਲ ਟਰੱਸਟ ਸ੍ਰੀ ਫਤਹਿਗੜ੍ਹ ਸਾਹਿਬ ਦੇ ਨਵੇਂ ਚੁਣੇ ਗਏ ਚੇਅਰਮੈਨ ਸੁਖਦੇਵ ਸਿੰਘ ਰਾਜ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ ਅੱਜ ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਜਿਥੇ ਰਾਗੀ ਸਿੰਘਾਂ ਨੇ ਕੀਰਤਨ ਕੀਤਾ। ਇਸ ਉਪਰੰਤ ਟਰੱਸਟੀਆਂ ਦੀ ਹੋਈ ਮੀਟਿੰਗ ਵਿੱਚ ਸਰਬਸੰਮਤੀ ਨਾਲ ਨਵੇਂ ਚੁਣੇ ਗਏ ਚੇਅਰਮੈਨ ਸੁਖਦੇਵ ਸਿੰਘ ਰਾਜ ਨੂੰ ਕਾਰਜਕਾਰਨੀ ਤੇ ਗਵਰਨਿੰਗ ਬਾਡੀ ਬਣਾਉਣ ਦੇ ਅਧਿਕਾਰ ਦਿੱਤੇ ਗਏ। ਇਸ ਮੀਟਿੰਗ ਵਿੱਚ ਸੁਖਦੇਵ ਸਿੰਘ ਰਾਜ ਚੇਅਰਮੈਨ ਨੇ ਕਿਹਾ ਕਿ ਉਹ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਦੀ ਲਾਮਿਸਾਲ ਸ਼ਹਾਦਤ ਅੱਗੇ ਸਿਰ ਝੁਕਾਉਂਦੇ ਹੋਏ ਸਾਰੇ ਟਰੱਸਟੀਆਂ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਹਰ ਇਨਸਾਨ ਜੋ ਬਾਬਾ ਜੀ ਤੇ ਸਮਾਜ ਨੂੰ ਪ੍ਰਣਾਇਆ ਹੋਇਆ ਹੈ ਦਾ ਸਤਿਕਾਰ ਕਰਨਗੇ ਤੇ ਸਿੱਖ ਧਰਮ ਤੇ ਬਾਬਾ ਜੀ ਦੀ ਮਹਾਨ ਸ਼ਹਾਦਤ ਦੇ ਪ੍ਰਚਾਰ, ਪ੍ਰਸਾਰ ਤੇ ਸਮਾਜ ਦੇ ਹਿੱਤ ਲਈ ਹਰ ਸੰਭਵ ਕੋਸ਼ਿਸ਼ ਕਰਨਗੇ। ਇਸ ਮੌਕੇ ਵੱਖ-ਵੱਖ ਮਹਿਰਾ, ਕਸ਼ਯਪ ਰਾਜਪੂਤ ਸਭਾ, ਭਾਈ ਹਿੰਮਤ ਸਿੰਘ ਚੈਰੀਟੇਬਲ ਟਰੱਸਟ ਰੋਪੜ, ਕਸ਼ਯਪ ਰਾਜਪੂਤ ਮਹਾਂਸਭਾ, ਭਾਈ ਹਿੰਮਤ ਸਿੰਘ ਨਰੈਣਗੜ੍ਹ ਸਭਾ ਸਮੇਤ ਕਈ ਸੰਸਥਾਵਾਂ ਨੇ ਨਵੇਂ ਚੇਅਰਮੈਨ ਦੇ ਅਹੁਦਾ ਸੰਭਾਲਣ 'ਤੇ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਸੁਖਬੀਰ ਸਿੰਘ ਸਾਲੀਮਾਰ, ਮਨਮੋਹਨ ਸਿੰਘ ਭਾਗੋਵਾਲੀਆ, ਠੇਕੇਦਾਰ ਰਣਜੀਤ ਸਿੰਘ, ਗੁਰਚਰਨ ਸਿੰਘ ਮਹਿਰਾ ਧਨੌਲਾ, ਰਾਜ ਕੁਮਾਰ ਪਾਤੜਾਂ, ਕੁਲਦੀਪ ਸਿੰਘ ਜੰਮੂ, ਮਾਨ ਸਿੰਘ, ਨਰਿੰਦਰ ਕਸ਼ਯਪ, ਅਨੂਪ ਭਾਰਦਵਾਜ, ਮਨਜੀਤ ਸਿੰਘ ਕੋਟ ਖ਼ਾਲਸਾ, ਪ੍ਰੇਮ ਸਿੰਘ ਸਾਂਤ, ਬੀਬੀ ਬਲਜਿੰਦਰ ਕੌਰ, ਜਸਵਿੰਦਰ ਕੌਰ, ਜਸ਼ਨਪ੍ਰੀਤ ਕੌਰ, ਮਨਦੀਪ ਕੌਰ, ਕਮਲਜੀਤ ਕੌਰ, ਨਰਿੰਦਰ ਕੌਰ, ਪਰਮਜੀਤ ਸਿੰਘ ਖੰਨਾ, ਮਹਿੰਦਰ ਸਿੰਘ ਖੰਨਾ, ਤਲਵਿੰਦਰ ਸਿੰਘ ਲੁਧਿਆਣਾ, ਨਵਜੋਤ ਸਿੰਘ ਮੈਨੇਜਰ, ਪਰਮਜੀਤ ਸਿੰਘ ਜਲੰਧਰ, ਮਹਿੰਦਰ ਸਿੰਘ ਮੋਰਿੰਡਾ, ਸਰਵਣ ਸਿੰਘ ਬਿਹਾਲ, ਅਮੀਚੰਦ ਮਾਛੀਵਾੜਾ, ਕੈਪਟਨ ਹਰਜੀਤ ਸਿੰਘ ਮਜਾਰੀ, ਬਾਬਾ ਗੁਰਜੰਟ ਸਿੰਘ ਤਪਾ ਦਰਾਜ ਵਾਲੇ, ਬਾਬਾ ਅਮਰਜੀਤ ਸਿੰਘ ਸਹਿਣੇ ਵਾਲੇ, ਫਕੀਰ ਸਿੰਘ, ਮੰਗਤ ਸਿੰਘ ਮਹਿਰਾ, ਕੁਲਵੰਤ ਸਿੰਘ ਚੰਡੀਗੜ੍ਹ, ਮੇਜਰ ਸਿੰਘ, ਸਾਧਾ ਸਿੰਘ, ਗੁਰਚਰਨ ਸਿੰਘ, ਸਿੰਗਾਰਾ ਸਿੰਘ, ਨਾਥ ਰਾਮ ਤਪਾ, ਰਾਜਿੰਦਰ ਸਿੰਘ ਰਾਜੂ ਤਪਾ, ਗੁਰਜੀਤ ਸਿੰਘ ਤਪਾ, ਜਗਦੀਪ ਸਿੰਘ ਪੈਂਟਾ ਪ੍ਰਧਾਨ ਸੰਗਰੂਰ, ਲਖਵੀਰ ਸਿੰਘ ਸ਼ੇਰਪੁਰ, ਸੁਰਮੁੱਖ ਸਿੰਘ ਹਸਨਪੁਰ, ਨਿਰਵੈਰ ਸਿੰਘ ਅੰਮ੍ਰਿਤਸਰ, ਮਮਤਾ ਕਸ਼ਯਪ ਕਰਨਾਲ, ਜਸਵਿੰਦਰ ਸਿੰਘ, ਸਿਕੰਦਰ ਸਿੰਘ, ਬਹਾਦਰ ਸਿੰਘ ਮਹਾਦੀਆਂ, ਬੱਗਾ ਸਿੰਘ ਹਰਬੰਸਪੁਰ, ਅਸ਼ੋਕ ਕੁਮਾਰ ਖੰਨਾ, ਦਰਸ਼ਨ ਸਿੰਘ ਖੰਨਾ, ਸੰਤੋਖ ਸਿੰਘ ਜਲੰਧਰ, ਕੁਲਦੀਪ ਸਿੰਘ ਜੇਈ, ਜਸਪਾਲ ਸਿੰਘ ਕਲੌਦੀ, ਗੁਰਚਰਨ ਸਿੰਘ ਮਾਲਵਾ, ਹਰਵਿੰਦਰ ਸਿੰਘ ਲੁਧਿਆਣਾ, ਜੋਗਿੰਦਰਪਾਲ, ਬਲਵੀਰ ਸਿੰਘ ਹਾਜ਼ਰ ਸਨ।

ਬੇਕਸੂਰ ਬੇਰੁਜ਼ਗਾਰਾਂ 'ਤੇ ਲਾਠੀਚਾਰਜ ਕਰਨਾ ਨਿੰਦਣਯੋਗ: ਪ੍ਰੋ. ਜਲਵੇੜਾ

ਅਮਲੋਹ, 11 ਜੂਨ (ਜਸਵੰਤ ਸਿੰਘ): ਮੁੱਖ ਬਿਜਲੀ ਦਫਤਰ ਪਟਿਆਲਾ ਅੱਗੇ ਕਈ ਦਿਨਾਂ ਤੋਂ ਸ਼ਾਂਤਮਈ ਧਰਨੇ 'ਤੇ ਬੈਠੇ ਬੇਰੁਜ਼ਗਾਰਾਂ 'ਤੇ ਸਰਕਾਰ ਵੱਲੋਂ ਪੁਲਿਸ ਰਾਹੀਂ ਲਾਠੀਚਾਰਜ ਕਰਵਾ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜਣ ਦਾ ਸੰਕੇਤ ਦਿੱਤਾ ਹੈ। ਇਹ ਗੱਲ ਉਘੇ ਸਮਾਜ ਸੇਵੀ ਤੇ ਲੋਕ ਆਗੂ ਪ੍ਰੋ. ਧਰਮਜੀਤ ਜਲਵੇੜਾ ਨੇ ਕਹੀ। ਉਨ੍ਹਾਂ ਕਿਹਾ ਕਿ ਲੋਕ ਸਰਕਾਰਾਂ ਤੋਂ ਹੱਕ ਮੰਗਦੇ ਨੇ ਤੇ ਉਮੀਦ ਰੱਖਦੇ ਹਨ ਕਿ ਉਨ੍ਹਾਂ ਦੀਆਂ ਮੰਗਾਂ ਮੰਨੀਆਂ ਜਾਣਗੀਆਂ ਪਰ ਬੇਕਸੂਰ ਬੇਰੁਜ਼ਗਾਰਾਂ 'ਤੇ ਦਰਿੰਦਗੀ ਭਰਿਆ ਲਾਠੀਚਾਰਜ ਕਰਨਾ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਇੱਕ ਡੀ.ਐਸ.ਪੀ. ਵੱਲੋਂ ਜਿਸ ਤਰ੍ਹਾਂ ਬੇਰੁਜ਼ਗਾਰਾਂ ਨੂੰ ਕੁੱਟਿਆ ਗਿਆ, ਉਸ ਨੇ ਅੰਗਰੇਜ਼ ਹਕੂਮਤ ਯਾਦ ਕਰਵਾ ਦਿੱਤੀ ਜਿਸ ਨੂੰ ਇਤਿਹਾਸ ਦੀਆਂ ਕਿਤਾਬਾਂ 'ਚ ਪੜ੍ਹਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣਾ ਹੱਕ ਮੰਗਣਾ ਲੋਕਤੰਤਰਕ ਹੱਕ ਹੈ ਪ੍ਰੰਤੂ ਇਸ ਤਰ੍ਹਾਂ ਉਨ੍ਹਾਂ ਉਪਰ ਜ਼ੁਲਮ ਢਾਹੁਣਾ ਬਹੁਤ ਹੀ ਮੰਦਭਾਗੀ ਗੱਲ ਹੈ। ਉਨ੍ਹਾਂ ਧਰਨਾਕਾਰੀਆਂ ਨਾਲ ਹਮਾਇਤ ਜ਼ਾਹਿਰ ਕਰਦਿਆਂ ਉਨ੍ਹਾਂ ਦੇ ਧਰਨੇ ਵਿੱਚ ਲਗਾਤਾਰ ਸ਼ਮੂਲੀਅਤ ਦਾ ਵੀ ਐਲਾਨ ਕੀਤਾ ਤੇ ਸਰਕਾਰ ਤੋਂ ਮੰਗ ਕੀਤੀ ਕਿ ਜ਼ਿੰਮੇਵਾਰ ਅਧਿਕਾਰੀ ਖਿਲਾਫ਼ ਕਾਰਵਾਈ ਕੀਤੀ ਜਾਵੇ ਤੇ ਧਰਨਾਕਾਰੀਆਂ ਦੀਆਂ ਜਾਇਜ਼ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ।

ਫਿਰੋਜ਼ਪੁਰ-ਫਾਜ਼ਿਲਕਾ ਸੜਕ ਨੂੰ ਰਾਸ਼ਟਰੀ ਰਾਜਮਾਰਗ ਬਣਾਉਣ ਵੱਲ ਵੱਡਾ ਕਦਮ

☛ਡੀ.ਪੀ.ਆਰ. ਤਿਆਰ ਕਰਨ ਦੇ ਨਿਰਦੇਸ਼

ਫਿਰੋਜ਼ਪੁਰ, 11 ਜੂਨ (ਤਿਵਾੜੀ): ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਤੇ ਪੰਜਾਬ ਦੇ ਸਾਬਕਾ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਦੇ ਯਤਨਾਂ ਨੂੰ ਵੱਡੀ ਸਫਲਤਾ ਮਿਲੀ ਹੈ। ਉਨ੍ਹਾਂ ਵੱਲੋਂ ਕੇਂਦਰੀ ਸੜਕ ਆਵਾਜਾਈ ਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੂੰ ਪੱਤਰ ਲਿਖ ਕੇ ਫਿਰੋਜ਼ਪੁਰ-ਫਾਜ਼ਿਲਕਾ ਸੜਕ ਨੂੰ ਚਾਰ ਮਾਰਗੀ (ਫੋਰ ਲੇਨ) ਬਣਾਉਣ ਤੇ ਇਸ ਨੂੰ ਰਾਸ਼ਟਰੀ ਰਾਜਮਾਰਗ ਘੋਸ਼ਿਤ ਕਰਨ ਦੀ ਮੰਗ ਕੀਤੀ ਗਈ ਸੀ। ਇਸ ਸਬੰਧੀ ਕੇਂਦਰੀ ਗ੍ਰਹਿ ਮੰਤਰੀ ਦੇ ਨਿੱਜੀ ਸਕੱਤਰ ਪਵਨ ਯਾਦਵ ਵੱਲੋਂ ਭੇਜੇ ਗਏ ਪੱਤਰ ਵਿੱਚ ਦੱਸਿਆ ਗਿਆ ਹੈ ਕਿ ਸੜਕ ਆਵਾਜਾਈ ਤੇ ਰਾਜਮਾਰਗ ਮੰਤਰਾਲੇ ਨੇ ਇਸ ਮਾਰਗ ਦੀ ਤਕਨੀਕੀ ਸਮੀਖਿਆ ਕਰ ਲਈ ਹੈ।ਪੱਤਰ ਅਨੁਸਾਰ ਰਾਸ਼ਟਰੀ ਸੁਰੱਖਿਆ, ਰਣਨੀਤਿਕ ਮਹੱਤਤਾ ਤੇ ਵੱਧ ਰਹੇ ਟ੍ਰੈਫਿਕ ਨੂੰ ਧਿਆਨ ਵਿੱਚ ਰੱਖਦਿਆਂ ਭਾਰਤੀ ਰਾਸ਼ਟਰੀ ਰਾਜਮਾਰਗ ਪ੍ਰਾਧੀਕਰਨ ਨੂੰ ਇਸ ਸੜਕ ਖੰਡ ਲਈ ਵਿਸਤ੍ਰਿਤ ਪ੍ਰੋਜੈਕਟ ਰਿਪੋਰਟ (ਡੀ.ਪੀ.ਆਰ.) ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਡੀ.ਪੀ.ਆਰ.

ਪੂਰੀ ਹੋਣ ਉਪਰੰਤ ਪ੍ਰੋਜੈਕਟ 'ਤੇ ਅਗਲੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ।ਰਾਣਾ ਗੁਰਮੀਤ ਸਿੰਘ ਸੋਢੀ ਨੇ ਕਿਹਾ ਕਿ ਫਿਰੋਜ਼ਪੁਰ-ਫਾਜ਼ਿਲਕਾ ਮਾਰਗ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉਤਰ ਪ੍ਰਦੇਸ਼ ਤੇ ਗੁਜਰਾਤ ਨੂੰ ਜੋੜਨ ਵਾਲਾ ਇੱਕ ਮਹੱਤਵਪੂਰਨ ਰਸਤਾ ਹੈ। ਸੜਕ ਦੇ ਤੰਗ ਹੋਣ ਕਾਰਨ ਇੱਥੇ ਅਕਸਰ ਹਾਦਸੇ ਵਾਪਰਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਸੜਕ ਚੌੜੀ ਹੋਣ ਨਾਲ ਨਾ ਸਿਰਫ਼ ਹਾਦਸਿਆਂ ਵਿੱਚ ਕਮੀ ਆਵੇਗੀ, ਸਗੋਂ ਖੇਤਰ ਦੇ ਵਪਾਰ, ਸੈਰ-ਸਪਾਟੇ ਤੇ ਵਿਕਾਸ ਨੂੰ ਵੀ ਨਵੀਂ ਰਫ਼ਤਾਰ ਮਿਲੇਗੀ।

ਕਾਂਗਰਸ ਪੰਜਾਬ ਪ੍ਰਧਾਨ ਨਾਲ ਕੇ.ਕੇ. ਤਿਵਾੜੀ ਦੀ ਅਹਿਮ ਮੀਟਿੰਗ

☛ਲੋਕ-ਪੱਖੀ ਨੀਤੀਆਂ ਦੇ ਆਧਾਰ 'ਤੇ ਮਿਸ਼ਨ 2027 ਫਤਿਹ ਕੀਤਾ ਜਾਵੇਗਾ: ਤਿਵਾੜੀ

ਕੋਟ ਈਸੇ ਖਾਂ, 11 ਜੂਨ (ਗੁਰਦੇਵ ਖੁਰਾਣਾ/ਹਰਜੀਤ ਛਾਬੜਾ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਤੇ ਹਲਕਾ ਡੈਲੀਗੇਟ ਕੇ.ਕੇ. ਤਿਵਾੜੀ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਇੱਕ ਅਹਿਮ ਮੀਟਿੰਗ ਕਰਕੇ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤਾਂ ਤੇ ਮਿਸ਼ਨ-2027 ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਕੇ.ਕੇ. ਤਿਵਾੜੀ ਨੇ ਦੱਸਿਆ ਕਿ ਕਾਂਗਰਸ ਪਾਰਟੀ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਲੋਕ-ਪੱਖੀ ਨੀਤੀਆਂ ਤੇ ਜਨਤਾ ਦੇ ਸਹਿਯੋਗ ਨਾਲ ਪੰਜਾਬ ਵਿੱਚ ਮੁੜ ਕਾਂਗਰਸ ਦੀ ਸਰਕਾਰ ਬਣਾਉਣ ਲਈ ਰਣਨੀਤੀ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਨ ਵੱਲੋਂ ਸੌਂਪੀ ਜਾਣ ਵਾਲੀ ਹਰ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਤਨਦੇਹੀ ਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾ ਲੋਕਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਹੈ ਤੇ ਮੌਜੂਦਾ ਸਰਕਾਰ ਦੀਆਂ ਕਥਿਤ ਧੱਕੇਸ਼ਾਹੀਆਂ ਵਿਰੁੱਧ ਡਟ ਕੇ ਸੰਘਰਸ਼ ਕੀਤਾ ਹੈ। ਇਸ ਮੌਕੇ ਕੋਟ ਈਸੇ ਖਾਂ ਨਗਰ ਪੰਚਾਇਤ ਚੋਣਾਂ ਦੌਰਾਨ ਕਾਂਗਰਸੀ ਉਮੀਦਵਾਰਾਂ ਨਾਲ ਹੋਈਆਂ ਕਥਿਤ ਬੇਨਿਯਮੀਆਂ ਤੇ ਧੱਕੇਸ਼ਾਹੀਆਂ ਦਾ ਮਾਮਲਾ ਵੀ ਪੰਜਾਬ ਕਾਂਗਰਸ ਪ੍ਰਧਾਨ ਦੇ ਧਿਆਨ ਵਿੱਚ ਲਿਆਂਦਾ ਗਿਆ, ਜਿਸ 'ਤੇ ਵਿਸਥਾਰ ਨਾਲ ਚਰਚਾ ਹੋਈ। ਕੇ.ਕੇ. ਤਿਵਾੜੀ ਨੇ

ਕਿਹਾ ਕਿ ਪੰਜਾਬ ਦੀ ਜਨਤਾ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਨਿਰਾਸ਼ ਹੈ ਤੇ ਸੂਬੇ ਵਿੱਚ ਅਮਨ-ਸ਼ਾਂਤੀ, ਵਿਕਾਸ ਤੇ ਲੋਕ-ਹਿਤੈਸ਼ੀ ਪ੍ਰਸ਼ਾਸਨ ਲਈ ਕਾਂਗਰਸ ਨੂੰ ਮੁੜ ਸੱਤਾ ਵਿੱਚ ਦੇਖਣਾ ਚਾਹੁੰਦੀ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ 2027 ਦੀਆਂ ਚੋਣਾਂ ਵਿੱਚ ਕਾਂਗਰਸ ਦੇ ਕੌਮੀ ਪ੍ਰਧਾਨ ਮੱਲਿਕਾਰਜੁਨ ਖੜਗੇ, ਰਾਹੁਲ ਗਾਂਧੀ ਤੇ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਇਕਜੁੱਟ ਹੋ ਕੇ ਚੋਣ ਮੈਦਾਨ ਵਿੱਚ ਉਤਰੇਗੀ ਤੇ ਪੂਰਨ ਬਹੁਮਤ ਨਾਲ ਸਰਕਾਰ ਬਣਾਏਗੀ।

ਵਿਧਾਇਕ ਰਾਏ ਨੇ ਕੋਟਲਾ ਬਜਵਾੜਾ 'ਚ ਧਰਮਸ਼ਾਲਾ ਤੇ ਸੀਵਰੇਜ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ

ਸ੍ਰੀ ਫਤਹਿਗੜ੍ਹ ਸਾਹਿਬ, 11 ਜੂਨ (ਨਰਿੰਦਰ ਸਿੰਘ): ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਨੇ 4 ਸਾਲਾਂ ਦੇ ਵਿੱਚ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੀ ਪਿਰਤ ਪਾ ਦਿੱਤੀ ਹੈ, ਜਿਸ ਦੇ ਤਹਿਤ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡ. ਲਖਬੀਰ ਸਿੰਘ ਰਾਏ ਨੇ ਪਿੰਡ ਕੋਟਲਾ ਬਜਵਾੜਾ ਵਿਖੇ ਨਵੀਂ ਬਣਨ ਵਾਲੀ ਧਰਮਸ਼ਾਲਾ ਤੇ ਸੀਵਰੇਜ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ, ਜਿਸ ਦੇ ਤਹਿਤ ਪਿੰਡਾਂ ਨੂੰ ਰੰਗਲਾ ਬਣਾਉਣ ਦੇ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਕੋਟਲਾ ਬਜਵਾੜਾ ਹਲਕੇ ਦਾ ਉਹ ਪਿੰਡ

ਹੈ, ਜਿਸ ਨੂੰ ਲਗਭਗ ਕਰੋੜ ਰੁਪਏ ਦੇ ਕਰੀਬ ਗ੍ਰਾਂਟਾਂ ਮਿਲ ਚੁੱਕੀਆਂ ਹਨ। ਨੌਜਵਾਨ ਪੀੜ੍ਹੀ ਦੇ ਖੇਡਣ ਲਈ ਖੇਡ ਮੈਦਾਨ ਬਣਾਇਆ ਜਾ ਰਿਹਾ ਹੈ, ਇਸ ਤੋਂ ਇਲਾਵਾ ਗੰਦੇ ਪਾਣੀ ਦੀ ਨਿਕਾਸੀ ਦੇ ਲਈ ਸੀਵਰੇਜ ਸਿਸਟਮ ਚਾਲੂ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਦੇ ਵਿੱਚ ਇੱਕ ਵਾਲੀਬਾਲ ਦਾ ਗਰਾਊਂਡ ਬਣ ਰਿਹਾ ਹੈ, ਪਿੰਡ ਨੂੰ ਇੱਕ ਟੈਂਕਰ ਮੁਹੱਈਆ ਕਰਵਾਇਆ ਗਿਆ ਹੈ ਜੋ ਪਾਣੀ ਦੇਣ ਦੇ ਨਾਲ-ਨਾਲ ਫਾਇਰ ਬ੍ਰਿਗੇਡ ਪੰਪ ਵਜੋਂ ਵੀ ਕੰਮ ਕਰੇਗਾ। ਪਿੰਡ ਦੇ ਜੋ ਹੋਰ ਛੋਟੇ-ਮੋਟੇ ਕਾਰਜ ਹਨ, ਉਨ੍ਹਾਂ ਨੂੰ ਵੀ ਜਲਦ ਪੂਰਾ ਕੀਤਾ ਜਾਵੇਗਾ। ਇਸ ਮੌਕੇ ਗ੍ਰਾਮ ਪੰਚਾਇਤ ਕੋਟਲਾ ਬਜਵਾੜਾ ਵੱਲੋਂ ਆਏ ਮਹਿਮਾਨਾਂ ਨੂੰ ਸਿਰੋਪਾਓ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵਿੰਦਰ ਸਿੰਘ ਡੇਰਾ, ਮਨਦੀਪ ਸਿੰਘ ਪੋਲਾ, ਬਿਕਰਮਜੀਤ ਸਿੰਘ, ਬਲਵੀਰ ਸਿੰਘ ਚੀਮਾ, ਸਰਪੰਚ ਅਮਰਜੀਤ ਸਿੰਘ, ਮਾਨਵ ਟਿਵਾਣਾ ਸਤੀਸ਼ ਲਟੌਰ ਹਾਜ਼ਰ ਸਨ।

ਏਸ਼ੀਆ ਹਾਕੀ ਕੱਪ 'ਚ ਕਾਂਸੀ ਤਮਗਾ ਜੇਤੂ ਰਸ਼ਮੀਨ ਕੌਰ ਹਾਂਡਾ ਨੂੰ ਡਿਪਟੀ ਕਮਿਸ਼ਨਰ ਨੇ ਸਨਮਾਨਿਤ ਕੀਤਾ

ਫਿਰੋਜ਼ਪੁਰ, 11 ਜੂਨ (ਤਿਵਾੜੀ): ਭਾਰਤੀ ਅੰਡਰ-18 ਮਹਿਲਾ ਹਾਕੀ ਟੀਮ ਵਿੱਚ ਆਪਣੇ ਬਲਬੂਤੇ ਨਾਲ ਸਥਾਨ ਬਣਾਉਣ ਵਾਲੀ ਪੰਜਾਬ ਦੀ ਹੋਣਹਾਰ ਧੀ ਰਸ਼ਮੀਨ ਕੌਰ ਹਾਂਡਾ ਨੇ ਜਾਪਾਨ ਦੇ ਕਾਕਾਮਿਗਾਹਾਰਾ ਵਿਖੇ ਹੋਏ ਅੰਡਰ-18 ਮਹਿਲਾ ਹਾਕੀ ਏਸ਼ੀਆ ਕੱਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਨਾ ਸਿਰਫ਼ ਆਪਣੇ ਪਿੰਡ ਤੇ ਜ਼ਿਲ੍ਹੇ ਦਾ, ਸਗੋਂ ਸਮੁੱਚੇ ਪੰਜਾਬ ਤੇ ਭਾਰਤ ਦਾ ਨਾਮ ਰੌਸ਼ਨ ਕੀਤਾ ਹੈ। ਇਸ ਕਾਮਯਾਬੀ ਲਈ ਅੱਜ ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਨੇ ਹੋਣਹਾਰ ਖਿਡਾਰੀ ਰਸ਼ਮੀਨ ਕੌਰ ਹਾਂਡਾ ਨੂੰ ਸਨਮਾਨਿਤ ਕੀਤਾ ਤੇ ਭਵਿੱਖ ਵਿੱਚ ਹੋਰ ਵੱਡੀਆਂ ਉਪਲਬਧੀਆਂ ਲਈ ਸ਼ੁੱਭ ਇੱਛਾਵਾਂ ਪ੍ਰਗਟ ਕੀਤੀਆਂ। ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਨੇ ਦੱਸਿਆ ਕਿ ਫਿਰੋਜ਼ਪੁਰ ਦੇ ਪਿੰਡ ਜਮੀਤਪੁਰ ਢੇਰੂ ਦੀ ਧੀ ਰਸ਼ਮੀਨ ਕੌਰ ਹਾਂਡਾ ਨੇ ਆਪਣੀ ਮਿਹਨਤ, ਲਗਨ ਤੇ ਖੇਡ ਪ੍ਰਤੀ ਸਮਰਪਣ ਦੇ ਸਦਕਾ ਭਾਰਤੀ ਟੀਮ ਵਿੱਚ ਅਹਿਮ ਸਥਾਨ ਹਾਸਲ ਕੀਤਾ ਹੈ। ਇੱਕ ਤੇਜ਼-ਤਰਾਰ ਤੇ ਫੁਰਤੀਲੀ ਮਿਡ ਫੀਲਡਰ ਵਜੋਂ ਉਸ ਨੇ ਪੂਰੇ ਟੂਰਨਾਮੈਂਟ ਦੌਰਾਨ ਟੀਮ ਦੀ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਚੈਂਪੀਅਨਸ਼ਿਪ ਵਿੱਚ ਭਾਰਤੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਦੱਖਣੀ ਕੋਰੀਆ ਨੂੰ 3-0 ਨਾਲ ਹਰਾ ਕੇ ਕਾਂਸੀ ਦਾ ਤਮਗਾ ਜਿੱਤਿਆ ਹੈ। ਇਸ ਉਪਲਬਧੀ ਵਿੱਚ ਰਸ਼ਮੀਨ ਕੌਰ ਤੇ ਉਸ ਦੀਆਂ ਸਾਥੀ ਖਿਡਾਰਨਾਂ ਦੇ ਜਜ਼ਬੇ, ਮਿਹਨਤ ਤੇ ਟੀਮ ਵਰਕ ਦਾ ਵੱਡਾ ਯੋਗਦਾਨ ਰਿਹਾ। ਉਨ੍ਹਾਂ ਆਸ ਪ੍ਰਗਟ ਕੀਤੀ ਗਈ ਭਵਿੱਖ ਵਿੱਚ ਵੀ ਇਹ ਖਿਡਾਰਨ ਇਸੇ ਤਰ੍ਹਾਂ ਆਪਣੇ ਪਿੰਡ, ਮਾਪਿਆਂ ਤੇ ਜ਼ਿਲ੍ਹੇ ਦਾ ਨਾਮ ਰੋਸ਼ਨ ਕਰੇਗੀ। ਉਨ੍ਹਾਂ ਨੇ ਖਿਡਾਰਨ ਦੇ ਮਾਪਿਆਂ ਤੇ ਕੋਚਾਂ ਨੂੰ ਵੀ ਮੁਬਾਰਕਬਾਦ ਦਿੱਤੀ। ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਗੁਰਦੀਪ ਸਿੰਘ ਗਰੇਵਾਲ, ਹਾਕੀ ਕੋਚ ਮਨਮੀਤ ਸਿੰਘ ਰੂਬਲ, ਖਿਡਾਰਣ ਦੇ ਪਿਤਾ ਸੁਖਵਿੰਦਰ ਸਿੰਘ, ਮਾਤਾ ਸੁਖਵਿੰਦਰ ਕੌਰ, ਭਰਾ ਵਤਨਜੀਤ ਸਿੰਘ, ਦਾਦਾ ਨਗਿੰਦਰ ਸਿੰਘ, ਚਾਚਾ ਮਾਸਟਰ ਕਸ਼ਮੀਰ ਸਿੰਘ ਹਾਜ਼ਰ ਸਨ।

ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਇਨਕਲਾਬੀ ਕਾਨਫਰੰਸ

ਜ਼ੀਰਾ, 11 ਜੂਨ (ਦੀਪਕ ਭਾਰਗੋ): ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਬਲਾਕ ਜ਼ੀਰਾ) ਵੱਲੋਂ ਸਥਾਨਕ ਦਾਣਾ ਮੰਡੀ ਵਿਖੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਇੱਕ ਵਿਸ਼ਾਲ 'ਇਨਕਲਾਬੀ ਕਾਨਫਰੰਸ' ਕਰਵਾਈ ਗਈ। ਇਨਕਲਾਬੀ ਗੀਤਾਂ ਨਾਲ ਸ਼ੁਰੂ ਹੋਏ ਇਸ ਪ੍ਰੋਗਰਾਮ ਦੌਰਾਨ ਵੱਖ-ਵੱਖ ਜਨਤਕ ਜਥੇਬੰਦੀਆਂ ਦੇ ਆਗੂਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਕਾਨਫਰੰਸ ਦੌਰਾਨ ਮਜ਼ਦੂਰਾਂ ਦੇ ਸੰਵਿਧਾਨਕ ਹੱਕਾਂ ਤੇ ਪੰਚਾਇਤੀ ਜ਼ਮੀਨਾਂ ਦੀ ਬਰਾਬਰ ਵੰਡ ਲਈ ਸੰਘਰਸ਼ ਤੇਜ਼ ਕਰਨ ਦਾ ਅਹਿਦ ਲਿਆ ਗਿਆ। ਇਸ ਪ੍ਰਭਾਵਸ਼ਾਲੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰਮੁੱਖ ਬੁਲਾਰਿਆਂ ਤੇ ਯੂਨੀਅਨ ਦੇ ਆਗੂਆਂ ਨੇ ਬਾਬਾ ਬੰਦਾ ਸਿੰਘ ਬਹਾਦਰ ਦੇ ਇਤਿਹਾਸਕ ਸ਼ਾਸਨਕਾਲ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੇ ਰਾਜ-ਭਾਗ ਦੌਰਾਨ ਸਮਾਜ ਵਿੱਚ ਹਰ ਵਰਗ ਦੇ ਲੋਕਾਂ ਨੂੰ ਬਰਾਬਰ ਦੇ ਅਧਿਕਾਰ ਹਾਸਲ ਸਨ ਤੇ ਜਨਤਾ ਹਰ ਪੱਖੋਂ ਸੁਖੀ ਤੇ ਸੰਤੁਸ਼ਟ ਸੀ। ਉਨ੍ਹਾਂ ਨੇ ਹਲਵਾਹਕਾਂ ਨੂੰ ਜ਼ਮੀਨਾਂ ਦੇ ਮਾਲਕਾਨਾ ਹੱਕ ਦੇ ਕੇ ਸਦੀਆਂ ਪੁਰਾਣੀ ਜਾਗੀਰਦਾਰੀ ਪ੍ਰਥਾ ਦਾ ਖ਼ਾਤਮਾ ਕੀਤਾ ਸੀ। ਆਗੂਆਂ ਨੇ ਜ਼ੋਰ ਦੇ ਕੇ ਕਹੇ ਕਿ ਮੌਜੂਦਾ ਦੌਰ ਵਿੱਚ ਵੀ ਉਸੇ ਇਤਿਹਾਸਕ ਸੇਧ ਨੂੰ ਅਪਣਾਉਣ ਦੀ ਸਖ਼ਤ ਜ਼ਰੂਰਤ ਹੈ। ਕਾਨਫਰੰਸ ਦੌਰਾਨ ਪੰਚਾਇਤੀ ਜ਼ਮੀਨਾਂ ਦੀ ਵੰਡ ਦਾ ਮੁੱਦਾ ਮੁੱਖ ਤੌਰ 'ਤੇ ਗੂੰਜਿਆ।ਇਸ ਇਨਕਲਾਬੀ ਇਕੱਠ ਵਿੱਚ ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ) ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਫਰੀਦੇਵਾਲਾ, ਬਲਾਕ ਪ੍ਰਧਾਨ ਗੁਲਰਾਜ ਸਿੰਘ ਤੇ ਲੋਕ ਸੰਗਰਾਮ ਮੋਰਚਾ ਦੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਤੋਂ ਇਲਾਵਾ ਕ੍ਰਾਂਤੀਕਾਰੀ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਲਖਵੀਰ ਸਿੰਘ ਸਿੰਘਾਂਵਾਲਾ, ਪੰਜਾਬ ਸੂਬਾ ਕਮੇਟੀ ਦੇ ਖ਼ਜ਼ਾਨਚੀ ਗਿਆਨ ਸਿੰਘ, ਸੂਬਾ ਆਗੂ ਸੰਦੀਪ ਪੰਡੋਰੀ ਤੇ ਜਨਰਲ ਸਕੱਤਰ ਜਗਸੀਰ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਬਲਾਕ ਆਗੂ ਸੁਖਦੇਵ ਸਿੰਘ ਮਨਸੂਰਦੇਵਾ, ਸੋਨਾ ਨਵਾਂ ਜ਼ੀਰਾ ਤੇ ਗੁਰਦੇਵ ਮਰਖਾਈ ਨੇ ਅਹਿਮ ਭੂਮਿਕਾ ਨਿਭਾਈ। ਹਾਜ਼ਰ ਆਗੂਆਂ ਨੇ ਸਰਕਾਰਾਂ ਦੀਆਂ ਮਜ਼ਦੂਰ-ਵਿਰੋਧੀ ਨੀਤੀਆਂ ਦੀ ਨਿਖੇਧੀ ਕੀਤੀ। ਦਲਿਤਾਂ ਤੇ ਪੱਛੜੇ ਵਰਗਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਤੇ ਜ਼ਮੀਨਾਂ ਦੇ ਅਧਿਕਾਰ ਨਹੀਂ ਮਿਲ ਜਾਂਦੇ, ਇਹ ਸੰਗਰਾਮ ਨਿਰੰਤਰ ਜਾਰੀ ਰਹੇਗਾ।

ਸਵਰਨ ਸਿੰਘ ਸ਼ਿਵਦਾਸਪੁਰ ਬਣੇ ਅਕਾਲੀ ਦਲ ਦੇ ਜ਼ਿਲ੍ਹਾ ਸਕੱਤਰ ਜਨਰਲ

ਸ੍ਰੀ ਫਤਹਿਗੜ੍ਹ ਸਾਹਿਬ, 11 ਜੂਨ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਤੇ ਹਲਕਾ ਇੰਚਾਰਜ ਇੰਚਾਰਜ ਬੱਸੀ ਪਠਾਣਾ ਦਰਬਾਰਾ ਸਿੰਘ ਗੁਰੂ ਨੇ ਜ਼ਿਲ੍ਹੇ ਦੇ ਅਹੁਦੇਦਾਰਾਂ ਦੀ ਜਾਰੀ ਕੀਤੀ ਗਈ ਸੂਚੀ ਵਿੱਚ ਟਕਸਾਲੀ ਅਕਾਲੀ ਪਰਿਵਾਰ ਦੇ ਸਵਰਨ ਸਿੰਘ ਸ਼ਿਵਦਾਸਪੁਰ ਨੂੰ ਜ਼ਿਲ੍ਹਾ ਸਕੱਤਰ ਜਨਰਲ ਲਈ ਨਿਯੁਕਤ ਕੀਤਾ ਗਿਆ ਹੈ। ਵਰਣਨਯੋਗ ਹੈ ਕਿ ਸਵਰਨ ਸਿੰਘ ਸ਼ਿਵਦਾਸਪੁਰ 10 ਸਾਲ ਲਗਾਤਾਰ ਪਿੰਡ ਦੇ ਸਰਪੰਚ ਰਹੇ ਤੇ ਬਲਾਕ ਸੰਮਤੀ ਬੱਸੀ ਪਠਾਣਾ ਦੇ ਮੈਂਬਰ ਵੀ ਰਹੇ ਹਨ, ਇੱਕ ਬਹੁਤ ਹੀ ਸਾਊ ਸੁਭਾਅ ਦੇ ਮਾਲਕ ਤੇ ਲੋਕਾਂ ਵਿੱਚ ਵਿਚਰਨ ਵਾਲੇ ਵਿਅਕਤੀ ਹਨ। ਅਕਾਲੀ ਦਲ ਦੇ ਹਰ ਪ੍ਰੋਗਰਾਮ ਵਿੱਚ ਸ਼ਾਮਲ ਹੁੰਦੇ ਆਏ ਹਨ। ਅਕਾਲੀ ਦਲ ਦੇ ਮਾੜੇ ਸਮੇਂ ਦੌਰਾਨ ਵੀ ਆਪਣੀ ਪਾਰਟੀ ਨਾਲ ਡੱਟ ਕੇ ਖੜ੍ਹੇ



ਰਹੇ, ਜਿਸ ਕਾਰਨ ਅੱਜ ਪਾਰਟੀ ਨੇ ਬਹੁਤ ਵੱਡਾ ਮਾਣ ਬਖ਼ਸ਼ਿਆ ਹੈ, ਇਨ੍ਹਾਂ ਦੇ ਪਿਤਾ ਸਵਰਗੀ ਗੁਰਦਰਸ਼ਨ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੇ ਕਈ ਮੋਰਚਿਆਂ ਵਿੱਚ ਜੇਲ੍ਹ ਯਾਤਰਾ ਕੀਤੀ ਸੀ, ਜਿਸ ਕਾਰਨ ਸਰਕਾਰ ਵੱਲੋਂ ਪਰਿਵਾਰ ਨੂੰ ਸੰਘਰਸ਼ੀ ਯੋਧੇ ਦਾ ਖਿਤਾਬ ਦੇ ਕੇ ਪੈਨਸ਼ਨ ਵੀ ਲਗਾਈ ਹੋਈ ਸੀ, ਸਵਰਨ ਸਿੰਘ ਸ਼ਿਵਦਾਸਪੁਰ ਨੂੰ ਇਹ ਅਹੁਦਾ ਮਿਲਣ ਕਾਰਨ ਸ਼੍ਰੋਮਣੀ ਅਕਾਲੀ ਦਲ ਨੂੰ ਪਿਆਰ ਕਰਨ ਵਾਲਿਆਂ ਵਿੱਚ ਖੁਸ਼ੀ ਦਾ ਮਾਹੌਲ ਹੈ ਤੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਹੋਰ ਮਜ਼ਬੂਤ ਹੋਵੇਗਾ।

ਰਿਮਟ ਯੂਨੀਵਰਸਿਟੀ ਦੇ ਐਨ.ਐਸ.ਐਸ. ਵਿੰਗ ਵੱਲੋਂ ਬੂਟੇ ਲਗਾਉਣ ਦੀ ਮੁਹਿੰਮ ਦਾ ਆਗਾਜ਼

ਮੰਡੀ ਗੋਬਿੰਦਗੜ੍ਹ, 11 ਜੂਨ (ਸੂਦ): ਰਿਮਟ ਯੂਨੀਵਰਸਿਟੀ ਦੇ ਐਨਐਸਐਸ ਸੈਲ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤੇ ਰਿਮਟ ਸਕੂਲ ਆਫ਼ ਲੀਗਲ ਸਟੱਡੀਜ਼ ਦੇ ਸਹਿਯੋਗ ਨਾਲ ਵਾਤਾਵਰਨ ਸਥਿਰਤਾ ਨੂੰ ਉਤਸ਼ਾਹਿਤ ਕਰਨ ਤੇ ਹਰੇ-ਭਰੇ ਵਾਤਾਵਰਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਯੂਨੀਵਰਸਿਟੀ ਕੈਂਪਸ ਵਿੱਚ ਬੂਟੇ ਲਗਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ।ਇਸ ਮੌਕੇ ਯੂਨੀਵਰਸਿਟੀ ਦੇ ਵੱਖ-ਵੱਖ ਫੈਕਲਟੀਆਂ ਦੇ ਨੁਮਾਇੰਦੇ, ਡੀਨ ਤੇ ਵਿਭਾਗ ਮੁਖੀ ਸ਼ਾਮਲ ਸਨ। ਪ੍ਰੋ. ਵਾਈਸ-ਚਾਂਸਲਰ ਡਾ. ਐਸ.ਸੀ. ਸ਼ਰਮਾ ਨੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਵੱਧ ਰਹੇ ਪ੍ਰਦੂਸ਼ਣ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਬੂਟੇ ਲਗਾ ਕੇ ਉਨ੍ਹਾਂ ਦੀ ਸੰਭਾਲ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਜੇਕਰ ਅਸੀਂ ਅੱਜ ਵੀ ਇਸ ਪ੍ਰਤੀ ਸੁਚੇਤ ਨਾ ਹੋਏ ਤਾਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਜਾਣਗੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਇਨ੍ਹਾਂ ਬੂਟਿਆਂ ਦੀ ਸੰਭਾਲ ਰੱਖਣ ਦੀ ਵੀ ਅਪੀਲ ਕੀਤੀ।

ਸ੍ਰੀ ਬਾਬਾ ਲਾਲ ਦਿਆਲ ਮੰਦਰ ਵਿਖੇ 17ਵੇਂ ਮੂਰਤੀ ਸਥਾਪਨਾ ਦਿਵਸ ਲਈ ਡਿਊਟੀਆਂ ਲਗਾਈਆਂ

ਮੰਡੀ ਗੋਬਿੰਦਗੜ੍ਹ, 11 ਜੂਨ (ਸੂਦ): ਸ੍ਰੀ ਬਾਬਾ ਲਾਲ ਦਿਆਲ ਟਰੱਸਟ ਦੀ ਮੀਟਿੰਗ ਪ੍ਰਧਾਨ ਦਰਸ਼ਨ ਲਾਲ ਭਾਟੀਆ ਦੀ ਪ੍ਰਧਾਨਗੀ ਹੇਠ ਗੁਰੂ ਨਾਨਕ ਕਲੋਨੀ ਸਥਿਤ ਲਾਲ ਦੁਆਰੇ ਸਤਿਸੰਗ ਭਵਨ ਤੇ ਧਰਮਸ਼ਾਲਾ ਵਿਖੇ ਹੋਈ। ਸ੍ਰੀ ਭਾਟੀਆ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ 12 ਜੂਨ ਨੂੰ 17ਵੇਂ ਮੂਰਤੀ ਸਥਾਪਨਾ ਦਿਵਸ 'ਤੇ, ਸ੍ਰੀ ਧਿਆਨਪੁਰ ਧਾਮ ਤੋਂ ਸ੍ਰੀ ਸ੍ਰੀ 1008 ਰਾਮ ਸੁੰਦਰ ਦਾਸ ਜੀ ਮਹਾਰਾਜ ਤੇ ਮਹਾਂਮੰਡਲੇਸ਼ਵਰ ਸ੍ਰੀ ਗੋਪਾਲ ਦਾਸ ਜੀ ਮਹਾਰਾਜ ਸਵੇਰੇ 8 ਵਜੇ ਮੰਦਰ ਵਿੱਚ ਆ ਰਹੇ ਹਨ।ਮੀਟਿੰਗ ਵਿੱਚ

ਸਮਾਗਮ ਦੀਆਂ ਤਿਆਰੀਆਂ ਦਾ ਲੇਖਾ-ਜੋਖਾ ਕਰਕੇ ਡਿਊਟੀਆਂ ਲਗਾਈਆਂ ਗਈਆਂ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਨਜ਼ਦੀਕੀ ਇਲਾਕਿਆਂ ਤੋਂ ਸ਼ਰਧਾਲੂ ਪਹੁੰਚ ਰਹੇ ਹਨ। ਜੁੱਤੀਆਂ ਸੰਭਾਲ ਦੀ ਸੇਵਾ ਸ੍ਰੀ ਨੈਣਾ ਦੇਵੀ ਸੇਵਾ ਸੰਮਤੀ ਵੱਲੋਂ ਕੀਤੀ ਜਾਵੇਗੀ। ਸਾਈਂ ਕੇ ਦੀਵਾਨੇ ਕਲੱਬ ਦੇ ਮੈਂਬਰ ਸੇਵਾ ਕਰਨਗੇ। ਉਨ੍ਹਾਂ ਦੱਸਿਆ ਕਿ ਮੁੱਖ ਮੇਜ਼ਬਾਨ ਸਾਵਿਤਰੀ ਮਿੱਤਲ ਤੇ ਉਦਯੋਗਪਤੀ ਰਮੇਸ਼ ਮਿੱਤਲ ਵੱਲੋਂ ਮੂਰਤੀਆਂ ਦੀ ਪੂਜਾ ਕੀਤੀ ਜਾਵੇਗੀ ਤੇ ਜਲ ਅਭਿਸ਼ੇਕ ਕੀਤਾ ਜਾਵੇਗਾ। ਸ਼ਾਮ 7 ਵਜੇ ਉਦਯੋਗਪਤੀ ਤੇ ਸ੍ਰੀ ਹਰੀ ਕਥਾ ਸੰਮਤੀ ਦੇ ਪ੍ਰਧਾਨ ਸ਼ਰਨ ਦਾਸ ਮਿੱਤਲ ਮੁੱਖ-ਮਹਿਮਾਨ ਹੋਣਗੇ ਤੇ ਸੰਕੀਰਤਨ ਵਿੱਚ ਜੋਤੀ ਪ੍ਰਚੰਡ ਕਰਨਗੇ। ਸ੍ਰੀ ਧਿਆਨਪੁਰ ਧਾਮ ਤੋਂ ਪਹੁੰਚੇ ਮਹਾਰਾਜ ਦਾ ਸਵਾਗਤ ਆਰਤੀ ਤੇ ਤਿਲਕ ਨਾਲ ਕੀਤਾ ਜਾਵੇਗਾ। ਇਸ ਮੌਕੇ ਪ੍ਰਧਾਨ ਦਰਸ਼ਨ ਲਾਲ ਭਾਟੀਆ, ਉਪ ਪ੍ਰਧਾਨ ਸੁਭਾਸ਼ ਭਾਰਤੀ, ਸੁਰਿੰਦਰ ਕਵਾਤਰਾ, ਜਨਰਲ ਸਕੱਤਰ ਨਰਿੰਦਰ ਭਾਟੀਆ, ਖ਼ਜ਼ਾਨਚੀ ਵਿਜੇ ਭਾਰਤੀ, ਪ੍ਰਦੀਪ ਭਾਰਤੀ, ਊਸ਼ਾ ਕਵਾਤਰਾ ਤੇ ਮੰਦਰ ਦੇ ਪੁਜਾਰੀ ਪੰਡਤ ਕਾਂਤ ਭਾਰਦਵਾਜ ਹਾਜ਼ਰ ਸਨ।

ਕ੍ਰਿਕਟ ਟੂਰਨਾਮੈਂਟ ਬੀ.ਐਸ.ਐਫ. ਦੇ ਸਹਿਯੋਗ ਨਾਲ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ

ਫਾਜ਼ਿਲਕਾ, 11 ਜੂਨ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪਿਛਲੇ ਕੁਝ ਦਿਨਾਂ ਤੋਂ ਸਰਹੱਦੀ ਪਿੰਡ ਜੋਧਾਵਾਲਾ (ਉਰਫ਼ ਜੋਧਾ ਭੈਣੀ) ਵਿਖੇ ਪਿੰਡ ਵਾਸੀਆਂ ਤੇ ਕ੍ਰਿਕਟ ਕਲੱਬ ਪਿੰਡ ਜੋਧਾ ਵਾਲਾ ਵੱਲੋਂ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਇਸ ਕ੍ਰਿਕਟ ਟੂਰਨਾਮੈਂਟ ਵਿੱਚ ਫਾਜ਼ਿਲਕਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦੀਆਂ ਟੀਮਾਂ ਨੇ ਹਿੱਸਾ ਲਿਆ। ਇਸ ਕ੍ਰਿਕਟ ਟੂਰਨਾਮੈਂਟ ਨੂੰ ਬੀਐਸਐਫ ਦੀ 65ਵੀਂ ਬਟਾਲੀਅਨ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ।ਵੱਖ-ਵੱਖ ਟੀਮਾਂ ਦੇ ਮੁਕਾਬਲਿਆਂ ਤੋਂ ਬਾਅਦ ਪਿੰਡ ਘੁਬਾਇਆ ਤੇ ਫਾਜ਼ਿਲਕਾ ਸ਼ਹਿਰ ਦੀਆਂ ਟੀਮਾਂ ਫਾਈਨਲ ਵਿੱਚ ਪਹੁੰਚੀਆਂ। ਸਮੁੱਚੇ ਇਲਾਕੇ ਦੇ ਨਿਵਾਸੀਆਂ ਤੇ ਬੀਐਸਐਫ ਦੇ ਆਪਸੀ ਸਹਿਯੋਗ ਤੇ ਮਿਲਵਰਤਨ ਦੇ ਸਦਕਾ ਇਹ ਕ੍ਰਿਕਟ ਟੂਰਨਾਮੈਂਟ ਨੇਪਰੇ ਚਾੜ੍ਹਿਆ। ਇਸ ਕ੍ਰਿਕਟ ਟੂਰਨਾਮੈਂਟ ਦਾ ਫਾਈਨਲ ਮੈਚ 9 ਜੂਨ 2026 ਦਿਨ ਮੰਗਲਵਾਰ ਸ਼ਾਮ 6 ਵਜੇ

ਤੋਂ 7:30 ਤੱਕ ਬੀਐਸਐਫ ਦੇ ਅਧਿਕਾਰ ਖੇਤਰ ਦੇ ਵਿੱਚ ਬੀਐਸਐਫ ਦੇ ਸਫ਼ਲ ਸਹਿਯੋਗ ਨਾਲ ਖੇਡਿਆ ਗਿਆ।ਇਸ ਫਾਈਨਲ ਮੈਚ ਘੁਬਾਇਆ ਪਿੰਡ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਫਾਈਨਲ ਮੈਚ ਵਿੱਚ ਜੇਤੂ ਰਹੀ। ਇਹ ਸਮੁੱਚੇ ਟੂਰਨਾਮੈਂਟ ਦੀ ਦੇਖਰੇਖ ਤੇ ਮਾਰਗਦਰਸ਼ਨ ਵੀ.ਬੀ.ਯਾਦਵ ਕਮਾਂਡਰ 65 ਬਟਾਲੀਅਨ ਬੀ.ਐਸ.ਐਫ, ਸੋਹਨ ਲਾਲ ਸ਼ਰਮਾ ਉਪ ਕਮਾਂਡਰ, ਜੇਪੀ ਯਾਦਵ ਸਹਾਇਕ ਕਮਾਂਡੈਂਟ ਮੁੱਖ ਸੈਕਟਰ ਅਬੋਹਰ, ਨਿਰੀਖਕ ਸੰਦੀਪ ਕੁਮਾਰ ਕਾਰਜਕਾਰੀ ਕੰਪਨੀ ਕਮਾਂਡਰ ਸੀ ਕੰਪਨੀ ਤੇ ਨਿਰੀਖਕ ਰਣਧੀਰ ਕੁਮਾਰ ਯੂਨਿਟ ਸੈਲ ਵੱਲੋਂ ਕੀਤਾ ਗਿਆ। ਇਸ ਕ੍ਰਿਕਟ ਟੂਰਨਾਮੈਂਟ ਦੇ ਮੁੱਖ ਮਹਿਮਾਨ ਸੁਕੁਮਾਰ ਸਾਰੰਗੀ ਜੀ ਡੀ ਆਈ ਜੀ ਅਬੋਹਰ ਬੀਐਸਐਫ ਨੇ ਫਾਈਨਲ ਮੈਚ ਦੀ ਜੇਤੂ ਟੀਮ ਘੁਬਾਇਆ, ਉਪ ਜੇਤੂ ਟੀਮ ਜਲਾਲਾਬਾਦ ਨੂੰ ਟਰਾਫੀਆਂ ਭੇਟ ਕੀਤੀਆਂ ਤੇ ਨਕਦ ਇਨਾਮ ਵੀ ਦਿੱਤੇ।ਇਸ ਤੋਂ ਇਲਾਵਾ ਬੈਸਟ ਬੱਲੇਬਾਜ਼, ਬੈਸਟ ਗੇਂਦਬਾਜ਼, ਬੈਸਟ ਪਲੇਅਰ ਆਫ਼ ਦਾ ਸੀਰੀਜ਼, ਮੈਨ ਆਫ਼ ਦਾ ਮੈਚ ਦੇ ਇਨਾਮ ਤਕਸੀਮ ਵੀ ਕੀਤੇ।

ਲੁਧਿਆਣਾ ਵਿੱਚ ਜੀ.ਐਸ.ਟੀ. ਧੋਖਾਧੜੀ ਰੈਕਟ ਦਾ ਪਰਦਾਫਾਸ਼

ਲੁਧਿਆਣਾ, 11 ਜੂਨ(ਵਿਸ਼ਾਲ ਸ਼ਰਮਾ): ਰਾਜ ਕਰ ਵਿਭਾਗ, ਪੰਜਾਬ ਨੇ ਹਾਲ ਹੀ ਵਿੱਚ ਇੱਕ ਡਾਟਾ ਸੰਚਾਲਿਤ ਤਸਦੀਕ ਅਭਿਆਸ ਦੌਰਾਨ ਇੱਕ ਚੰਗੀ ਤਰ੍ਹਾਂ ਸੰਗਠਿਤ ਧੋਖਾਧੜੀ ਵਾਲੇ ਇਨਪੁਟ ਟੈਕਸ ਕ੍ਰੈਡਿਟ (ਟੀ.ਆਈ.ਸੀ) ਰੈਕੇਟ ਦਾ ਪਰਦਾਫਾਸ਼ ਕੀਤਾ ਹੈ, ਜਿਸ ਤਹਿਤ ਲੁਧਿਆਣਾ ਭਰ ਵਿੱਚ ਮੁੱਖ ਤੌਰ 'ਤੇ ਕੰਮ ਕਰ ਰਹੇ ਜੀ.ਐਸ.ਟੀ ਧੋਖਾਧੜੀ ਦੇ ਸੰਗਠਿਤ ਨੈੱਟਵਰਕ ਸ਼ਾਮਲ ਹਨ।

ਇਹ ਜਾਣਕਾਰੀ ਸ਼੍ਰੀਮਤੀ ਰਣਧੀਰ ਕੌਰ ਡੀ.ਸੀ.ਐਸ.ਟੀ ਲੁਧਿਆਣਾ ਡਿਵੀਜ਼ਨ ਨੇ ਦਿੰਦੇ ਹੋਏ ਦੱਸਿਆ ਕਿ ਇਸ ਨੈੱਟਵਰਕ ਦਾ ਪਤਾ ਲਗਾਉਣਾ ਜੀ.ਐਸ.ਟੀ.ਆਰ-2ਏ/2ਬੀ ਵਿੱਚ ਦਰਸਾਏ ਗਏ ਖਰੀਦ ਡਾਟਾ ਦੀ ਵਿਸ਼ਲੇਸ਼ਣਾਤਮਕ ਤੁਲਨਾ ਦੁਆਰਾ ਸੰਭਵ ਹੋਇਆ ਸੀ ਜੋ ਸਬੰਧਿਤ ਈ-ਵੇਅ ਬਿੱਲ ਰਿਕਾਰਡਾਂ ਦੇ ਨਾਲ-ਨਾਲ ਸੰਬੰਧਿਤ ਈ-ਵੇਅ ਬਿੱਲ ਰਿਕਾਰਡਾਂ ਦੇ ਨਾਲ ਹੈ। ਇਹ ਧੋਖਾਧੜੀ ਵਾਲੇ ਲੈਣ-ਦੇਣ, ਜੀ.ਐਸ.ਟੀ ਰਜਿਸਟ੍ਰੇਸ਼ਨ ਨੰਬਰਾਂ ਦੀ ਦੁਰਵਰਤੋਂ ਅਤੇ ਜਾਅਲੀ ਟੈਕਸ ਦਸਤਾਵੇਜ਼ਾਂ ਦੇ ਸਰਕੂਲੇਸ਼ਨ ਨਾਲ ਸਬੰਧਤ ਹੈ। ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਫਰਮਾਂ, ਜਿਨ੍ਹਾਂ ਨੂੰ ਸਰਕਾਰ ਦੀ 'ਕਾਰੋਬਾਰ ਕਰਨ ਵਿੱਚ ਸੌਖ' ਪਹਿਲਕਦਮੀ ਦੇ ਤਹਿਤ ਜੀ.ਐਸ.ਟੀ ਰਜਿਸਟ੍ਰੇਸ਼ਨ ਨੰਬਰ ਦਿੱਤੇ ਗਏ ਸਨ, ਇੱਕ ਵਿਚਾਰ ਜੋ ਜਾਇਜ਼ ਵਪਾਰ ਅਤੇ ਉਦਯੋਗ ਨੂੰ ਧੋਖਾਧੜੀ ਵਾਲੇ ਦਸਤਾਵੇਜ਼ਾਂ ਰਾਹੀਂ ਜੀ.ਐਸ.ਟੀ ਰਜਿਸਟ੍ਰੇਸ਼ਨ ਪ੍ਰਾਪਤ ਕਰਨ ਜਾਂ ਫਰਜ਼ੀ

ਇਨਪੁਟ ਟੈਕਸ ਕ੍ਰੈਡਿਟ (ਆਈ.ਟੀ.ਸੀ) ਤਿਆਰ ਕਰਨ ਅਤੇ ਪਾਸ ਕਰਨ ਲਈ ਯੋਜਨਾਬੱਧ ਢੰਗ ਨਾਲ ਉਕਤ ਰਜਿਸਟ੍ਰੇਸ਼ਨਾਂ ਦੀ ਦੁਰਵਰਤੋਂ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਕਾਫ਼ੀ ਮਾਲੀਆ ਦਾ ਨੁਕਸਾਨ ਹੋਇਆ ਹੈ। ਇਸ ਢੰਗ ਵਿੱਚ ਸਾਮਾਨ ਜਾਂ ਸੇਵਾਵਾਂ ਦੀ ਅਸਲ ਸਪਲਾਈ ਤੋਂ ਬਿਨਾਂ ਧੋਖਾਧੜੀ ਵਾਲੇ ਟੈਕਸ ਇਨਵੌਇਸ ਜਾਰੀ ਕਰਨਾ ਅਤੇ ਸਰਕੂਲੇਸ਼ਨ ਸ਼ਾਮਲ ਸੀ। ਇਹਨਾਂ ਜਾਅਲੀ ਇਨਵੌਇਸਾਂ ਦੀ ਵਰਤੋਂ ਨਾ ਸਿਰਫ਼ ਸਰਕਾਰ ਨੂੰ ਸਗੋਂ ਸਪਲਾਈ ਲੜੀ ਵਿੱਚ ਅਸਲ ਖਰੀਦਦਾਰਾਂ ਨੂੰ ਵੀ ਧੋਖਾ ਦਿੱਤਾ ਗਿਆ ਹੈ। ਇਹ ਦੇਖਿਆ ਗਿਆ ਕਿ ਕਈ ਸੰਸਥਾਵਾਂ ਨੇ ਜੀ.ਐਸ.ਟੀ.ਆਰ-2ਏ/2ਬੀ ਵਿੱਚ ਕਾਫ਼ੀ ਅੰਦਰੂਨੀ ਸਪਲਾਈ ਦੀ ਰਿਪੋਰਟ ਕੀਤੀ ਸੀ ਹਾਲਾਂਕਿ, ਜਾਂ ਤਾਂ ਮਾਲ ਦੀ ਆਵਾਜਾਈ ਲਈ ਕੋਈ ਮੇਲ ਖਾਂਦਾ ਈ-ਵੇਅ ਬਿੱਲ ਮੌਜੂਦ ਨਹੀਂ ਸੀ ਜਾਂ ਹੋਰ ਗੰਭੀਰ ਅੰਤਰ ਹਨ। ਇਸ ਅੰਤਰ ਨੇ ਲੈਣ-ਦੇਣ ਦੀ ਅਸਲੀਅਤ ਬਾਰੇ ਸ਼ੱਕ ਪੈਦਾ ਕੀਤਾ ਅਤੇ ਸਬੰਧਤ ਫਰਮਾਂ ਦੀ ਵਿਸਤ੍ਰਿਤ ਜਾਂਚ ਦੀ ਅਗਵਾਈ ਕੀਤੀ।

ਇਹ ਵਿਭਾਗ ਦੀ ਜਾਂਚ ਦੇ ਘੇਰੇ ਵਿੱਚ ਆਇਆ ਹੈ ਕਿ ਕਾਰੋਬਾਰ ਕਰਨ ਵਿੱਚ ਆਸਾਨੀ ਦੀ ਸਹੂਲਤ ਲਈ ਦਿੱਤੀਆਂ ਗਈਆਂ ਜੀ.ਐਸ.ਟੀ ਰਜਿਸਟ੍ਰੇਸ਼ਨਾਂ ਨੂੰ ਅਰਜ਼ੀ ਦੇ ਸਮੇਂ ਧੋਖਾਧੜੀ ਵਾਲੇ ਦਸਤਾਵੇਜ਼ਾਂ ਦੁਆਰਾ ਹਥਿਆਰ ਬਣਾਇਆ ਜਾ ਰਿਹਾ ਹੈ ਜਾਂ ਜਾਅਲੀ ਆਈ.ਟੀ.ਸੀ ਚੇਨ ਬਣਾਈ ਜਾ ਰਹੀ ਹੈ। ਵਿਭਾਗ ਇਹ ਯਕੀਨੀ ਬਣਾ ਰਿਹਾ ਹੈ ਕਿ ਸਰਕਾਰੀ ਮਾਲੀਏ ਦੀ ਸੁਰੱਖਿਆ ਲਈ ਅਤੇ ਜੀ.ਐਸ.ਟੀ ਸ਼ਾਸਨ ਅਧੀਨ ਟੈਕਸ ਚੋਰੀ ਅਤੇ ਧੋਖਾਧੜੀ ਦੇ ਅਭਿਆਸਾਂ ਵਿੱਚ ਸ਼ਾਮਲ ਇਕਾਈਆਂ ਵਿਰੁੱਧ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਅਜਿਹੀ ਹਰ ਧੋਖਾਧੜੀ ਵਾਲੀ ਇਕਾਈ ਨੂੰ ਕਾਬੂ ਵਿੱਚ ਲਿਆਂਦਾ ਜਾਵੇ।

ਨਗਰ ਨਿਗਮ ਨੇ 7500 ਟਨ ਗੋਹਾ ਬੁੱਢੇ ਦਰਿਆ ਵਿੱਚ ਪੈਣ ਤੋਂ ਰੋਕਿਆ : ਸੰਤ ਸੀਚੇਵਾਲ

ਲੁਧਿਆਣਾ, 11 ਜੂਨ (ਵਿਸ਼ਾਲ ਸ਼ਰਮਾ): ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਬੁੱਢੇ ਦਰਿਆ ਦੀ ਸਫ਼ਾਈ ਮੁਹਿੰਮ ਬਾਰੇ 38ਵੀਂ ਮੀਟਿੰਗ ਨੂੰ ਸੰਬੋਧਨ ਕਰਦਿਆ ਹੋਇਆ ਕਿਹਾ ਕਿ ਬੁੱਢੇ ਦਰਿਆ ਦੇ ਪਾਣੀਆਂ ਵਿੱਚ ਹੋਏ ਵੱਡੇ ਸੁਧਾਰਾਂ ਲਈ ਸਮੁੱਚੇ ਅਧਿਕਾਰੀਆਂ ਨੇ ਇੱਕ ਟੀਮ ਦੇ ਰੂਪ ਵਿੱਚ ਕੰਮ ਕੀਤਾ ਹੈ, ਜਿਸ ਦੇ ਹਾਂ ਪੱਖੀ ਨਤੀਜੇ ਆ ਰਹੇ ਹਨ। ਸੰਤ ਸੀਚੇਵਾਲ ਨੇ ਕਿਹਾ ਕਿ ਜਿਹੜੇ ਅਧਿਕਾਰੀ ਬੁੱਢੇ ਦਰਿਆ ਦੀ ਸਫ਼ਾਈ ਵਿੱਚ ਹਾਂ ਪੱਖੀ ਭੂਮਿਕਾ ਨਿਭਾਅ ਰਹੇ ਹਨ, ਉਨ੍ਹਾਂ ਦਾ ਕੋਟਿਨ ਕੋਟ ਧੰਨਵਾਦ ਅਤੇ ਜਿਹੜੇ ਲਾਪ੍ਰਵਾਹੀ ਕਰਨਗੇ ਉਨ੍ਹਾਂ ਵਿਰੁੱਧ ਸਖ਼ਤੀ ਨਾਲ ਪੇਸ਼ ਆਇਆ ਜਾਵੇਗਾ।

ਮੀਟਿੰਗ ਵਿੱਚ ਏ.ਡੀ.ਸੀ ਅਮਿਤ ਬੈਂਬੀ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਅਮਨਪ੍ਰੀਤ ਸਿੰਘ ਸਮੇਤ ਪੁਲਿਸ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ, ਪੀਪੀਸੀਬੀ, ਗੋਬਰ ਚੁੱਕਣ ਲਈ ਰੱਖੇ ਠੇਕੇਦਾਰ ਸਮੇਤ ਦੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ। ਨਗਰ ਨਿਗਮ ਦੇ ਅਧਿਕਾਰੀਆਂ ਵੱਲੋਂ ਤਾਜਪੁਰ ਵਿੱਚੋਂ 12 ਅਪ੍ਰੈਲ ਤੋਂ 8 ਜੂਨ ਤੱਕ 3500 ਟਨ ਅਤੇ ਹੈਬੋਵਾਲ ਦੀਆਂ ਡੇਅਰੀਆਂ ਵਿੱਚੋਂ 16 ਅਪ੍ਰੈਲ ਤੋਂ ਲੈਕੇ 8 ਜੂਨ ਤੱਕ 2500 ਟਨ ਗੋਹਾ ਚੁੱਕਿਆ ਹੈ। ਇਸ ਤੋਂ ਇਲਾਵਾ ਏਸੇ ਸਮੇਂ ਦੌਰਾਨ ਨਗਰ ਨਿਗਮ ਨੇ 1000 ਟਨ ਗੋਹਾ ਚੁੱਕਿਆ ਹੈ। ਸੰਤ ਸੀਚੇਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਏਨਾ 62 ਦਿਨਾਂ ਵਿੱਚ ਤਾਜਪੁਰ ਅਤੇ ਹੈਬੋਵਾਲ ਦੀਆਂ ਡੇਅਰੀਆਂ ਵਿੱਚੋਂ 7500 ਟਨ ਗੋਹਾ ਚੁੱਕਿਆ ਗਿਆ ਹੈ ਭਾਵ ਕਿ ਜੇ ਹਰ ਟਿਪੱਰ ਵਿੱਚ 12 ਟਨ ਗੋਹਾ ਭਰਿਆ ਜਾਂਦਾ ਤਾਂ 625 ਟਿੱਪਰ ਗੋਹੇ ਦੇ ਬੁੱਢੇ ਦਰਿਆ ਵਿੱਚ ਪੈਣ ਤੋਂ ਰੋਕੇ ਗਏ ਹਨ। ਉਨ੍ਹਾਂ ਸਵਾਲ ਖੜ੍ਹਾ ਕੀਤਾ ਕਿ ਬੁੱਢੇ ਦਰਿਆ ਵਿਚ ਗੋਹਾ ਤੇ ਮੂਤਰਾਲ ਪਾਉਣ ਵਾਲੇ, ਲੋਕਾਂ ਨਾਲ ਪਾਪ ਕਮਾ ਰਹੇ ਹਨ, ਜੋ ਉਨ੍ਹਾਂ ਨੂੰ ਆਪਣਾ ਗੰਦ ਪਿਲਾਉਣ ਲਈ ਮਜ਼ਬੂਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਕਿੱਧਰਲੀ ਇਨਸਾਨੀਅਤ ਹੈ। ਸਰਕਾਰ ਵੱਲੋਂ ਸਾਰਾ ਪ੍ਰਬੰਧ ਕਰਕੇ ਦੇਣ ਦੇ ਬਾਵਜੂਦ ਦਰਿਆ ਨੂੰ ਪਲੀਤ ਕਰੋ ਤੇ ਨਾਲੇ ਸਰਕਾਰ ਵਿਰੁੱਧ ਧਰਨੇ ਮੁਜ਼ਾਹਰੇ ਕਰੋ?

ਕੌਂਸਲਰ ਨਿਧੀ ਦੇ ਯਤਨਾਂ ਸਦਕਾ ਵਾਰਡ ਨੰਬਰ 19 'ਚ ਸੜਕ ਨਿਰਮਾਣ ਦੀ ਸ਼ੁਰੂਆਤ

ਲੁਧਿਆਣਾ, 11 ਜੂਨ (ਵਿਸ਼ਾਲ ਸ਼ਰਮਾ): ਕੌਂਸਲਰ ਨਿਧੀ ਗੁਪਤਾ ਦੀਆਂ ਕੋਸ਼ਿਸ਼ਾਂ ਸਦਕਾ ਵਾਰਡ ਨੰ. 19 ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਦਿਆਂ ਹੋਇਆਂ, ਨਿਊ ਕੀਰਤੀ ਨਗਰ ਵਿੱਚ ਕਰੀਬ 18 ਲੱਖ ਰੁਪਏ ਦੀ ਲਾਗਤ ਨਾਲ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ ਵੱਲੋਂ ਕੀਤਾ ਗਿਆ। ਇਸ ਮੌਕੇ ਕੌਂਸਲਰ ਨਿਧੀ ਗੁਪਤਾ ਸਣੇ ਇਲਾਕੇ ਦੀਆਂ ਪਤਵੰਤੀਆਂ ਸ਼ਖ਼ਸੀਅਤਾਂ ਵੀ ਮੌਜੂਦ ਰਹੀਆਂ। ਇਸ ਮੌਕੇ ਸੰਬੋਧਨ ਕਰਦਿਆਂ, ਵਿਧਾਇਕ ਭੋਲਾ ਗਰੇਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ 45 ਹਜ਼ਾਰ ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਮੁਹੱਲਾ ਕਲੀਨਿਕ, ਵੱਡੇ ਪੱਧਰ 'ਤੇ ਨੌਕਰੀਆਂ, ਮਹਿਲਾਵਾਂ ਨੂੰ ਸਨਮਾਨ ਰਾਸ਼ੀ ਸਣੇ ਹੋਰ ਗਈ ਸੁਵਿਧਾਵਾਂ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਜਦਕਿ ਇਹ ਸੜਕ ਨਾ ਸਿਰਫ ਨਿਊ ਕੀਰਤੀ ਨਗਰ ਦੇ ਨਿਵਾਸੀਆਂ, ਬਲਕਿ ਇਥੋਂ ਨਿਕਲਣ ਵਾਲੇ ਵੱਡੀ ਗਿਣਤੀ 'ਚ ਰਾਹਗੀਰਾਂ ਨੂੰ ਵੀ ਫਾਇਦਾ ਪਹੁੰਚਾਏਗੀ। ਇਲਾਕਾ ਕੌਂਸਲਰ ਅਤੇ ਆਮ ਆਦਮੀ ਪਾਰਟੀ ਜ਼ਿਲ੍ਹਾ ਲੁਧਿਆਣਾ ਦੇ ਸਕੱਤਰ ਨਿਧੀ ਗੁਪਤਾ ਨੇ ਦੱਸਿਆ ਕਿ ਪਿਛਲੇ ਕਰੀਬ 40-50 ਸਾਲਾਂ ਤੋਂ ਕਲੋਨੀ ਦੇ ਵਾਸੀ ਇਸ ਸੜਕ ਦੇ ਨਿਰਮਾਣ ਦਾ ਇੰਤਜ਼ਾਰ ਕਰ ਰਹੇ ਸਨ। ਕਈ ਪਾਰਟੀਆਂ ਸੱਤਾ ਵਿੱਚ ਆਈਆਂ ਅਤੇ ਚਲੀਆਂ ਗਈਆਂ, ਲੇਕਿਨ ਇਸ ਸਮੱਸਿਆ ਦਾ ਹੱਲ ਨਾ ਹੋ ਸਕਿਆ। ਉਹਨਾਂ ਨੇ ਵਿਧਾਇਕ ਭੋਲਾ ਅਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਇਲਾਕੇ ਦੇ ਬਾਕੀ ਰਹਿ ਗਏ ਕੰਮ ਵੀ ਥੋੜ੍ਹੇ ਦਿਨਾਂ ਵਿੱਚ ਮੁਕੰਮਲ ਕਰ ਲਏ ਜਾਣਗੇ। ਇਸ ਦੌਰਾਨ ਹੋਰਨਾਂ ਤੋਂ ਇਲਾਵਾ, ਗੁਰਸ਼ਰਨ ਸਿੰਘ (ਗਿਫਟੀ), ਅਗਰਵਾਲ ਵੈਲਫੇਅਰ ਬੋਰਡ ਦੇ ਵਾਈਸ ਚੇਅਰਮੈਨ ਅਭਿਸ਼ੇਕ ਗੁਪਤਾ, ਬਾਬਾ ਬਾਲਕ ਨਾਥ ਮੰਦਿਰ ਦੇ ਪੰਡਿਤ ਜਗਦੀਪ ਸਿੰਘ, ਹਰਿੰਦਰ, ਦੌਲਤ ਰਾਮ, ਜੋਗਿੰਦਰ ਲਾਲਾ, ਰਾਜ ਕੁਮਾਰ, ਬਾਪੂ ਟਰਾਂਸਪੋਰਟ ਵਾਲੇ, ਮੋਹਿਤ ਸ਼ਰਮਾ, ਅਮਰਜੀਤ ਸਿੰਘ ਸਣੇ ਨਗਰ ਨਿਗਮ ਦੇ ਕਈ ਅਫਸਰ ਅਤੇ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ ਵੀ ਮੌਜੂਦ ਰਹੇ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਗੁਰਮਤਿ ਕੈਂਪ ਦੀ ਆਰੰਭਤਾ

ਲੁਧਿਆਣਾ, 11 ਜੂਨ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਸਿੱਖ ਮਿਸ਼ਨਰੀ ਕਾਲਜ ਪੱਖੋਵਾਲ ਸਰਕਲ ਲੁਧਿਆਣਾ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਗੁਰਮਤਿ ਕੈਂਪ ਦੀ ਆਰੰਭਤਾ 8 ਜੂਨ ਤੋਂ ਹੋਈ ਜੋ ਕਿ 14 ਜੂਨ ਦਿਨ ਐਤਵਾਰ ਤੱਕ ਚੱਲੇਗਾ । ਜਿਸ ਵਿੱਚ ਗੁਰਬਾਣੀ ਕੰਠ, ਸਿੱਖ ਇਤਿਹਾਸ, ਦਸਤਾਰ, ਕੀਰਤਨ, ਗਤਕਾ ਦੀ ਸਿਖਲਾਈ ਬੱਚਿਆਂ ਨੂੰ ਦਿੱਤੀ ਜਾਵੇਗੀ। ਕਾਫੀ ਬੱਚਿਆਂ ਦਾ ਉਤਸ਼ਾਹ ਦੇਖਣ ਨੂੰ ਮਿਲਿਆ। ਜਿਸ ਵਿੱਚ ਪਹਿਲੀ ਕਲਾਸ ਤੋਂ ਲੈ ਕੇ ਕਾਲਜ ਤੱਕ ਦੇ ਵਿਦਿਆਰਥੀ ਨੇ ਭਾਗ ਲਿਆ। ਕੀਰਤਨ ਸਿਖਲਾਈ ਬੀਬੀ ਤੇਜਿੰਦਰ ਕੌਰ ਅਤੇ ਰਣਧੀਰ ਸਿੰਘ, ਗੁਰਬਾਣੀ ਸਿਖਲਾਈ ਬੀਬੀ ਪਰਮਜੀਤ ਕੌਰ, ਸਿੱਖ ਇਤਿਹਾਸ ਪਰਵਿੰਦਰ ਸਿੰਘ, ਗਤਕਾ ਸਿਖਲਾਈ ਸੁਖਵਿੰਦਰ ਸਿੰਘ ਅਤੇ ਦਸਤਾਰ ਸਿਖਲਾਈ ਜਗਦੀਪ ਸਿੰਘ ਵੱਲੋਂ ਦਿੱਤੀ ਜਾਵੇਗੀ। ਬੱਚਿਆਂ ਨੂੰ ਸਿਖਲਾਈ ਸ਼ਾਮ 4 ਵਜੇ ਤੋਂ 6 ਵਜੇ ਤੱਕ ਦਿੱਤੀ ਜਾਵੇਗੀ। ਇਸ ਤਰ੍ਹਾਂ ਬੱਚਿਆਂ ਨੂੰ ਗੁਰਬਾਣੀ, ਕੀਰਤਨ ਅਤੇ ਗੱਤਕੇ ਨਾਲ ਜੋੜਨ ਦਾ ਇੱਕ ਵਧੀਆ ਉਪਰਾਲਾ ਕੀਤਾ। ਗੁਰਬਾਣੀ ਕੀਰਤਨ ਵਿੱਚ ਹਰਸ਼ੀਨ ਕੌਰ, ਸੀਰਤ ਕੌਰ, ਸਿਮਰਜੀਤ ਸਿੰਘ, ਤਾਰਨਪ੍ਰੀਤ ਕੌਰ, ਸਤਿੰਦਰ ਕੌਰ, ਕਮਲਜੋਤ ਸਿੰਘ ਬੱਚਿਆਂ ਨੇ ਭਾਗ ਲਿਆ । ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਸਾਰੇ ਬੱਚੇ ਵਧਾਈ ਦੇ ਪਾਤਰ ਹਨ। ਸਾਰੇ ਪਰਿਵਾਰਾਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਗੁਰਬਾਣੀ, ਕੀਰਤਨ ਅਤੇ ਸਿੱਖ ਇਤਿਹਾਸ ਨਾਲ ਜੋੜਨ।

ਵਿਧਾਇਕ ਬੱਗਾ ਤੇ ਨਿਗਮ ਕਮਿਸ਼ਨਰ ਨੇ ਮਾਨਸੂਨ ਦੀਆਂ ਤਿਆਰੀਆਂ ਲਈ ਕੀਤੀ ਮੀਟਿੰਗ

ਲੁਧਿਆਣਾ, 11 ਜੂਨ ਵਿਸ਼ਾਲ ਸ਼ਰਮਾ): ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਅਤੇ ਮਾਨਸੂਨ ਦੀਆਂ ਤਿਆਰੀਆਂ ਨੂੰ ਯਕੀਨੀ ਬਣਾਉਣ ਲਈ, ਲੁਧਿਆਣਾ ਉੱਤਰੀ ਦੇ ਵਿਧਾਇਕ ਮਦਨ ਲਾਲ ਬੱਗਾ ਅਤੇ ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਨੇ ਵੀਰਵਾਰ ਨੂੰ ਸਰਾਭਾ ਨਗਰ ਸਥਿਤ ਨਗਰ ਨਿਗਮ ਜ਼ੋਨ ਡੀ ਦਫ਼ਤਰ ਵਿਖੇ ਨਗਰ ਨਿਗਮ ਦੇ ਸਬੰਧਤ ਅਧਿਕਾਰੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ। ਅਧਿਕਾਰੀਆਂ ਨੂੰ ਸੀਵਰ, ਪਾਣੀ ਸਪਲਾਈ ਲਾਈਨਾਂ ਵਿਛਾਉਣ, ਸੜਕਾਂ ਦੀ ਮੁੜ ਉਸਾਰੀ ਆਦਿ ਚੱਲ ਰਹੇ ਕੰਮਾਂ ਵਿੱਚ ਤੇਜ਼ੀ ਲਿਆਉਣ ਅਤੇ ਇਨ੍ਹਾਂ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ।ਇਸ ਤੋਂ ਇਲਾਵਾ, ਅਧਿਕਾਰੀਆਂ ਨੂੰ ਟਿਊਬਵੈੱਲਾਂ ਦੇ ਸਹੀ ਕੰਮਕਾਜ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ ਗਏ ਹਨ, ਤਾਂ ਜੋ ਵਸਨੀਕਾਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਦੀ ਘਾਟ ਦਾ ਸਾਹਮਣਾ ਨਾ ਕਰਨਾ ਪਵੇ। ਨਗਰ ਨਿਗਮ ਦੀ ਬੀ ਐਂਡ ਆਰ ਸ਼ਾਖਾ

ਅਤੇ ਓ ਐਂਡ ਐਮ ਸੈੱਲ ਦੇ ਅਧਿਕਾਰੀਆਂ ਨੂੰ ਵੀ ਇੱਕ ਦੂਜੇ ਨਾਲ ਤਾਲਮੇਲ ਕਰਕੇ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਤਾਂ ਜੋ ਸੀਵਰ/ਪਾਣੀ ਸਪਲਾਈ ਲਾਈਨਾਂ ਲਗਾਉਣ ਅਤੇ ਸੜਕਾਂ ਦੀ ਮੁੜ ਉਸਾਰੀ ਦੇ ਪ੍ਰੋਜੈਕਟਾਂ ਵਿੱਚ ਦੇਰੀ ਨਾ ਹੋਵੇ।ਮੀਟਿੰਗ ਵਿੱਚ ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ, ਸੰਯੁਕਤ ਕਮਿਸ਼ਨਰ ਤਪਨ ਭਨੋਟ, ਜ਼ੋਨਲ ਕਮਿਸ਼ਨਰ ਜਸਦੇਵ ਸਿੰਘ ਸੇਖੋਂ, ਐਸਈ ਏਕਜੋਤ ਸਿੰਘ, ਐਸਈ ਰਣਜੀਤ ਸਿੰਘ, ਐਮਟੀਪੀ ਵਿਜੇ ਕੁਮਾਰ ਸਮੇਤ ਬੀ ਐਂਡ ਆਰ ਸ਼ਾਖਾ, ਓ ਐਂਡ ਐਮ ਸੈੱਲ, ਬਿਲਡਿੰਗ ਸ਼ਾਖਾ ਆਦਿ ਦੇ ਹੋਰ ਅਧਿਕਾਰੀ ਮੌਜੂਦ ਸਨ। ਵਿਧਾਇਕ ਬੱਗਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਕੰਮ ਕਰਦੇ ਹੋਏ, ਟਿਕਾਊ ਵਿਕਾਸ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਚੱਲ ਰਹੇ ਪ੍ਰੋਜੈਕਟਾਂ ਦੀ ਨਿਯਮਤ ਤੌਰ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਜ਼ਮੀਨੀ ਪੱਧਰ 'ਤੇ ਖਾਸ ਕਰਕੇ ਕੰਮਾਂ ਦੀ ਗੁਣਵੱਤਾ ਦੇ ਮਾਮਲੇ ਵਿੱਚ ਕੋਈ ਵੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਨਕਲੀ ਪੁਲਿਸ ਵਾਲਾ ਬਣ ਕੇ 2 ਫ਼ਲ ਵਿਕਰੇਤਾਵਾਂ ਨਾਲ ਮਾਰੀ ਠੱਗੀ

ਲੁਧਿਆਣਾ, 11 ਜੂਨ (ਵਿਸ਼ਾਲ ਸ਼ਰਮਾ):ਰਿਪੋਰਟਾਂ ਅਨੁਸਾਰ ਲੁਧਿਆਣਾ ਦੇ ਜਮਾਲਪੁਰ ਥਾਣਾ ਖੇਤਰ ਵਿੱਚ ਇੱਕ ਨੌਜਵਾਨ ਨੇ ਪੁਲਿਸ ਅਧਿਕਾਰੀ ਦੇ ਰੂਪ ਵਿੱਚ 2 ਫਲ ਵਿਕਰੇਤਾਵਾਂ ਨੂੰ ਲੁੱਟ ਲਿਆ। ਪੁਲਿਸ ਨੇ ਦੱਸਿਆ ਕਿ ਦੋਸ਼ੀ ਦੀ ਪਛਾਣ ਸਾਹਮਣੇ ਆਉਣ ਤੋਂ ਬਾਅਦ ਉਸ ਵਿਰੁੱਧ ਸਖ਼ਤ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਸ਼ਿਕਾਇਤਕਰਤਾ ਸੁਨੀਲ ਯਾਦਵ ਨੇ ਪੁਲਿਸ ਨੂੰ ਦੱਸਿਆ ਕਿ 6 ਜੂਨ ਨੂੰ ਦੁਪਹਿਰ 1:30 ਵਜੇ ਦੇ ਕਰੀਬ ਉਹ ਅਤੇ ਉਸਦੇ ਚਾਚੇ ਦਾ ਪੁੱਤਰ ਚੰਦ ਕਿਸ਼ੋਰ ਯਾਦਵ 33 ਫੁੱਟਾ ਰੋਡ 'ਤੇ ਸਰਕਾਰੀ ਫਲੈਟਾਂ ਦੇ ਨੇੜੇ ਫਲ ਵੇਚ ਰਹੇ ਸਨ। ਇਸ ਦੌਰਾਨ ਇੱਕ ਅਣਪਛਾਤਾ ਵਿਅਕਤੀ ਸਪਲੈਂਡਰ ਮੋਟਰਸਾਈਕਲ 'ਤੇ ਆਇਆ ਅਤੇ ਪੁਲਿਸ ਅਧਿਕਾਰੀ ਹੋਣ ਦਾ ਦਾਅਵਾ ਕਰਦੇ ਹੋਏ ਉਨ੍ਹਾਂ ਦੀ ਤਲਾਸ਼ੀ ਲੈਣ ਲੱਗਾ। ਇਸ ਦੌਰਾਨ,ਦੋਸ਼ੀ ਨੇ ਸੁਨੀਲ ਯਾਦਵ ਦੀ ਜੇਬ ਵਿੱਚੋਂ 2,000 ਰੁਪਏ ਅਤੇ ਚੰਦ ਕਿਸ਼ੋਰ ਯਾਦਵ ਦਾ ਆਈਫੋਨ 11 ਅਤੇ 6,000 ਰੁਪਏ ਲੈ ਲਏ। ਫਿਰ ਉਸਨੇ ਉਨ੍ਹਾਂ ਨੂੰ ਥਾਣੇ ਲਿਜਾਣ ਦੀ ਧਮਕੀ ਦਿੱਤੀ ਅਤੇ ਸੁਨੀਲ ਯਾਦਵ ਨੂੰ ਆਪਣੀ ਮੋਟਰਸਾਈਕਲ 'ਤੇ ਥੋੜ੍ਹੀ ਦੂਰੀ 'ਤੇ ਲੈ ਗਿਆ। ਮੌਕਾ ਸੰਭਾਲਦੇ ਹੋਏ, ਦੋਸ਼ੀ ਉਸਨੂੰ ਸੜਕ 'ਤੇ ਛੱਡ ਕੇ ਭੱਜ ਗਿਆ। ਪੀੜਤਾਂ ਨੇ ਦੋਸ਼ੀ ਦੀ ਭਾਲ ਕੀਤੀ, ਜਿਸਦੀ ਪਛਾਣ ਗੁਰਜੀਤ ਸਿੰਘ ਵਜੋਂ ਹੋਈ, ਜੋ ਕਿ ਰਵਿਦਾਸ ਗੁਰਦੁਆਰਾ ਨੇੜੇ ਪਿੰਡ ਝੰਡੇਵਾਲ ਲੁਧਿਆਣਾ ਦਾ ਰਹਿਣ ਵਾਲਾ ਹੈ। ਪੁਲਿਸ ਨੇ ਗੁਰਜੀਤ ਸਿੰਘ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ ਅਤੇ ਉਸਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਦੱਸਿਆ ਕਿ ਦੋਸ਼ੀ ਨੂੰ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ ਅਤੇ ਉਸ ਉੱਪਰ ਬਣਦੀ ਕਾਰਵਾਈ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਮੂੰਡੀਆਂ ਨੇ ਆਪਣਾ 50ਵਾਂ ਜਨਮ ਦਿਨ ਇਲਾਕਾ ਵਾਸੀਆਂ ਨਾਲ ਮਨਾਇਆ

ਸਾਹਨੇਵਾਲ, ਕੁਹਾੜਾ, 11 ਜੂਨ (ਕੁਲਦੀਪ ਸਿੰਘ ਕੁਹਾੜਾ) : ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੂੰਡੀਆਂ ਨੇ ਆਪਣਾ 50ਵਾਂ ਜਨਮ ਦਿਨ ਹਲਕਾ ਸਾਹਨੇਵਾਲ ਦੇ ਲੋਕਾਂ, ਪਾਰਟੀ ਵਰਕਰਾਂ ਅਤੇ ਸਮਰਥਕਾਂ ਨਾਲ ਧੂਮਧਾਮ ਨਾਲ ਮਨਾਇਆ। ਇਸ ਮੌਕੇ ਜਿੱਥੇ ਹਲਕਾ ਸਾਹਨੇਵਾਲ ਦੇ ਵੱਡੀ ਗਿਣਤੀ ਲੋਕਾਂ ਨੇ ਪਹੁੰਚ ਕੇ ਮੰਤਰੀ ਮੂੰਡੀਆਂ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ, ਉੱਥੇ ਹੀ ਲੁਧਿਆਣਾ ਅਤੇ ਪੰਜਾਬ ਦੇ ਵੱਖ-ਵੱਖ ਹਲਕਿਆਂ ਤੋਂ ਵਿਧਾਇਕਾਂ ਅਤੇ ਪਾਰਟੀ ਆਗੂਆਂ ਨੇ ਵੀ ਸਮਾਗਮ ਵਿੱਚ ਸ਼ਿਰਕਤ ਕਰਕੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ।

ਜਨਮ ਦਿਨ ਸਮਾਗਮ ਦੌਰਾਨ ਮਾਹੌਲ ਪੂਰੀ ਤਰ੍ਹਾਂ ਤਿਉਹਾਰਮਈ ਬਣਿਆ ਰਿਹਾ। ਹਾਜ਼ਰ ਲੋਕਾਂ ਨੇ ਕੇਕ ਕੱਟ ਕੇ ਅਤੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਮੰਤਰੀ ਮੂੰਡੀਆਂ ਪ੍ਰਤੀ ਆਪਣਾ ਪਿਆਰ ਅਤੇ ਸਤਿਕਾਰ ਪ੍ਰਗਟਾਇਆ। ਸਮਾਗਮ ਵਿੱਚ ਸ਼ਾਮਲ ਵਿਧਾਇਕਾਂ ਅਤੇ ਆਗੂਆਂ ਨੇ ਹਰਦੀਪ ਸਿੰਘ ਮੂੰਡੀਆਂ ਦੀ ਲੋਕਪ੍ਰਿਯਤਾ ਅਤੇ ਉਨ੍ਹਾਂ ਵੱਲੋਂ ਹਲਕੇ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸਰਾਹਨਾ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਹਰਦੀਪ ਸਿੰਘ ਮੂੰਡੀਆਂ ਨੇ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਪਿਆਰ ਅਤੇ ਵਿਸ਼ਵਾਸ ਉਨ੍ਹਾਂ ਲਈ ਸਭ ਤੋਂ ਵੱਡੀ ਪੂੰਜੀ ਹੈ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਅਤੇ ਹਲਕਾ ਸਾਹਨੇਵਾਲ ਸਮੇਤ ਪੰਜਾਬ ਦੇ ਵਿਕਾਸ ਲਈ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਕੰਮ ਕਰਦੇ ਰਹਿਣਗੇ।

ਸਮਾਗਮ ਦੌਰਾਨ ਪੰਜਾਬ ਭਰ ਤੋਂ ਆਏ ਵਿਧਾਇਕਾਂ, ਪਾਰਟੀ ਆਗੂਆਂ, ਸਮਾਜ ਸੇਵੀਆਂ ਅਤੇ ਇਲਾਕਾ ਵਾਸੀਆਂ ਦੀ ਭਾਰੀ ਹਾਜ਼ਰੀ ਨੇ ਇਸ ਜਨਮ ਦਿਨ ਸਮਾਰੋਹ ਨੂੰ ਇੱਕ ਵਿਸ਼ੇਸ਼ ਰਾਜਨੀਤਿਕ ਅਤੇ ਸਮਾਜਿਕ ਇਕੱਠ ਦਾ ਰੂਪ ਦੇ ਦਿੱਤਾ। ਲੋਕਾਂ ਨੇ ਮੰਤਰੀ ਮੂੰਡੀਆਂ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਹੋਰ ਵਧੇਰੇ ਲੋਕ ਸੇਵਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਗੁਰਮਤਿ ਸੰਗੀਤ ਕਾਰਜਸ਼ਾਲਾ ਜਵੱਦੀ ਟਕਸਾਲ ਦੇ ਦੂਜੇ ਦਿਨ ਸੰਗੀਤ ਦੇ ਮਾਹਿਰਾਂ ਨੇ ਸੰਗੀਤ ਪ੍ਰੇਮੀਆਂ ਨੂੰ ਬਾਰੀਕੀਆਂ ਸਮਝਾਈਆਂ

ਲੁਧਿਆਣਾ, 11 ਜੂਨ (ਕਰਨੈਲ ਸਿੰਘ ਐੱਮ.ਏ.) : ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ ਸੱਚਖੰਡ ਵਾਸੀ ਸੰਤ ਬਾਬਾ ਸੁੱਚਾ ਸਿੰਘ ਜੀ ਬਾਨੀ 'ਜਵੱਦੀ ਟਕਸਾਲ' ਵੱਲੋਂ ਅਰੰਭੀ ਗੁਰਮਤਿ ਪ੍ਰਚਾਰ ਪਸਾਰ ਲਹਿਰ ਤਹਿਤ ਮੌਜੂਦਾ ਮੁਖੀ ਸੰਤ ਅਮੀਰ ਸਿੰਘ ਵੱਲੋਂ ਕਰਵਾਈ ਜਾ ਰਹੀ ਗੁਰਮਤਿ ਸੰਗੀਤ ਕਾਰਜਸ਼ਾਲਾ 2026 ਦੇ ਦੂਜੇ ਦਿਨ ਸੰਗੀਤ ਕਲਾ ਨਾਲ ਸੰਬੰਧਿਤ ਉਸਤਾਦ ਸਤਨਿੰਦਰ ਸਿੰਘ ਬੋਦਲ, ਡਾ: ਜਤਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਪ੍ਰੋ: ਇਕਬਾਲ ਸਿੰਘ ਜਮਾਲਪੁਰ, ਉਸਤਾਦ ਦੀਪਿਨ ਰਾਜ ਅਤੇ ਭਾਈ ਜਸਪ੍ਰੀਤ ਸਿੰਘ ਗੋਨਿਆਣਾ ਮੰਡੀ ਆਦਿ ਮਾਹਿਰਾਂ ਨੇ ਗੁਰਮਤਿ ਸੰਗੀਤ ਦੇ ਪ੍ਰੇਮੀਆਂ ਨੂੰ ਗੁਰਮਤਿ ਸੰਗੀਤ ਦੀਆਂ ਬਾਰੀਕੀਆਂ ਤੋਂ ਜਾਣੂ ਕਰਵਾਇਆ। ਪੰਥ ਪ੍ਰਸਿੱਧ ਉਸਤਾਦ ਕੀਰਤਨੀਏ ਭਾਈ ਸਤਨਿੰਦਰ ਸਿੰਘ ਬੋਦਲ ਨੇ ਜੁੜੇ ਸੰਗੀਤ ਪ੍ਰੇਮੀਆਂ ਨੂੰ ਬਾਰੀਕੀਆਂ ਸਮਝਾਉਂਦਿਆਂ ਕਿਹਾ ਕਿ 'ਰਾਗ' ਕੇਵਲ ਕਲਾ-ਪ੍ਰਵੀਨਤਾ ਦਾ ਪ੍ਰਭਾਵ ਪਾਉਣ ਲਈ ਨਹੀਂ ਹੈ, ਇਹ ਤਾਂ 'ਕਥਤਾ-ਬਕਤਾ-ਸੁਨਤਾ' ਤਿੰਨਾਂ ਨੂੰ ਇੱਕ ਤਾਰ ਵਿੱਚ ਪਰੋਣ ਵਾਲੀ ਅਤੇ ਲਵਲੀਨਤਾ ਦੇ ਰੰਗ ਵਿੱਚ ਰੰਗਣ ਵਾਲਾ ਅਦੁੱਤੀ ਪੱਖ ਹੈ। ਰਾਗ ਦਾ ਸੰਬੰਧ ਨਾ-ਕੇਵਲ ਮਾਨਵ-ਹਿਰਦੇ ਨਾਲ ਹੈ, ਸਗੋਂ ਸੰਸਾਰ ਦੀ ਹਰ ਵਸਤੂ ਸਜੀਵ, ਅਜੀਵ, ਸੂਰਜ-

ਚੰਦ-ਤਾਰੇ, ਜਲ, ਵਾਯੂ, ਅਗਨੀ, ਤਿੰਨ ਲੋਕ -ਪਤਾਲ, ਮਾਤ, ਆਕਾਸ਼ ਪ੍ਰਕਿਰਤੀ ਦਾ ਹਰ ਰੂਪ ਬਨਸਪਤੀ ਦਾ ਹਰ ਅੰਗ, ਖੰਡ, ਮੰਡਲ, ਬ੍ਰਹਿਮੰਡ, ਬ੍ਰਹਮਾ, ਬਿਸ਼ਨ, ਮਹੇਸ, ਇੰਦਰ-ਇੰਦਰਾਸਣ, ਪਸ਼ੂ-ਪੰਛੀ ਸਭ ਆਪੋ-ਆਪਣੇ ਰੰਗ ਵਿੱਚ ਗਾਉਂਦੇ ਅਤੇ ਰਾਗ ਦਾ ਆਨੰਦ ਮਾਣਦੇ ਹਨ। ਉਸਤਾਦ ਦੀਪਿਨ ਰਾਜ ਨੇ ਕਿਹਾ ਕਿ ਰਾਗ ਦਾ ਸਬੰਧ ਗਾਇਨ ਨਾਲ ਹੈ, ਪਰ ਇਹ ਨਿਰਾ ਗਾਈਨ ਨਹੀਂ, ਨਿਰਾ ਸੰਗੀਤ ਨਹੀਂ। ਇਹ ਗਾਇਨ ਤੋਂ ਬਹੁਤ ਉੱਚਾ ਹੈ ਕਿਉਂਕਿ ਇਸ ਵਿੱਚ ਪ੍ਰੇਮ ਪ੍ਰਮੁੱਖ ਹੈ। ਰਾਗ ਅਤੇ ਪ੍ਰੇਮ ਅਨਿੱਖੜ ਹਨ। ਡਾ: ਜਤਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਨੇ ਦੱਸਿਆ ਕਿ ਰਾਗ ਸੰਗੀਤ ਵਿਦਿਆ ਦੇ ਉਸ ਸੁਰ-ਪ੍ਰਬੰਧ ਨਾਲ ਸਬੰਧ ਰੱਖਦਾ ਹੈ, ਜਿਸ ਦੇ ਸੁਣਨ ਤੋਂ ਮਨ ਵਿੱਚ ਰਾਗ (ਪ੍ਰੇਮ) ਉਪਜੇ।ਸੋ ਗੁਰਮਤਿ ਅਨੁਸਾਰ ਰਾਗ ਵਿੱਚ ਪ੍ਰੇਮ ਪ੍ਰਮੁੱਖ ਹੈ ਅਤੇ ਗਾਇਨ ਗੌਣ ਰੂਪ ਵਿੱਚ ਆਉਂਦਾ ਹੈ। ਉਸਤਾਦ ਗੋਬਿੰਦਰ ਸਿੰਘ ਆਲਮਪੁਰੀ, ਉਸਤਾਦ ਜਤਿੰਦਰਪਾਲ ਸਿੰਘ ਜੀ, ਉਸਤਾਦ ਇੰਦਰਜੀਤ ਸਿੰਘ ਬਿੰਦੂ, ਉਸਤਾਦ ਮਨਿੰਦਰ ਸਿੰਘ ਨਾਮਧਾਰੀ, ਪੰਡਿਤ ਰਮਾ ਕਾਂਤ ਆਦਿ ਸ਼ਖ਼ਸੀਅਤਾਂ ਨੇ ਸਾਂਝੇ ਰੂਪ 'ਚ ਕਿਹਾ ਕਿ ਜਵੱਦੀ ਟਕਸਾਲ ਵੱਲੋਂ ਸੀਮਤ ਸਾਧਨਾਂ ਦੇ ਬਾਵਜੂਦ ਹਰ ਵਰ੍ਹੇ ਅਦੁੱਤੀ ਗੁਰਮਤਿ ਸੰਗੀਤ ਸਮਾਗਮ, ਸਲਾਨਾਂ ਗੁਰਮਤਿ ਸੰਗੀਤ ਵਰਕਸ਼ਾਪ, ਵਿਸ਼ੇਸ਼ ਸੈਮੀਨਾਰ ਆਦਿ ਵਰਗੇ ਵੱਡੇ ਸਮਾਗਮ ਕਰਵਾਉਣ ਦੀ ਤਾਰੀਫ਼ ਕੀਤੀ। ਗੁਰਮਤਿ ਸੰਗੀਤ ਵਰਕਸ਼ਾਪ ਦਾ ਦੂਜਾ ਦਿਨ ਵੀ ਸੰਗੀਤ ਪ੍ਰੇਮੀਆਂ ਦੀ ਖਿੱਚ ਦਾ ਕੇਂਦਰ ਬਣਿਆ ਰਿਹਾ, ਵੱਡੀ ਗਿਣਤੀ 'ਚ ਸੰਗੀਤ ਪ੍ਰੇਮੀਆਂ ਨੇ ਗੁਰਮਤਿ ਸੰਗੀਤ ਵਰਕਸ਼ਾਪ ਦਾ ਲਾਹਾ ਲਿਆ। ਗੁਰੂ ਕਾ ਲੰਗਰ ਅਤੁੱਟ ਵਰਤਿਆ।

ਇਆਲੀ ਦੇ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਆਉਣ ਨਾਲ ਪਾਰਟੀ ਵਰਕਰਾਂ 'ਚ ਭਾਰੀ ਉਤਸ਼ਾਹ : ਲਵਲੀ



ਲੁਧਿਆਣਾ, 11 ਜੂਨ: ਅਕਾਲੀ ਦਲ 'ਵਾਰਿਸ ਪੰਜਾਬ ਦੇ' ਸੀਨੀਅਰ ਆਗੂ ਰਾਜੀਵ ਕੁਮਾਰ ਲਵਲੀ ਨੇ ਕਿਹਾ ਹੈ ਕਿ ਤਿੰਨ ਵਾਰਾਂ ਦੇ ਵਿਧਾਇਕ ਅਤੇ ਤਜਰਬੇਕਾਰ ਸਿਆਸਤਦਾਨ ਮਨਪ੍ਰੀਤ ਸਿੰਘ ਇਆਲੀ ਦੇ ਪਾਰਟੀ ਵਿੱਚ ਸ਼ਾਮਿਲ ਹੋਣ ਨਾਲ ਵਰਕਰਾਂ 'ਚ ਭਾਰੀ ਉਤਸ਼ਾਹ ਹੈ। ਉਹਨਾਂ ਨੇ ਇਆਲੀ ਨੂੰ ਮਾਲਵੇ ਦਾ ਨਿਧੱੜਕ ਯੋਧਾ ਕਰਾਰ ਦਿੰਦੇ ਹੋਏ, ਕਿਹਾ ਕਿ ਕਈ ਵੱਡੀਆਂ ਕੌਮੀ ਪਾਰਟੀਆਂ ਨੂੰ ਛੱਡ ਕੇ ਇਹਨਾਂ ਦੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਣ ਨਾਲ ਲੋਕ ਹਿੱਤ ਵਿੱਚ ਪਾਰਟੀ ਦੀ ਨੀਤੀ ਨੂੰ ਹੋਰ ਮਜਬੂਤੀ ਮਿਲੀ ਹੈ।ਲਵਲੀ ਨੇ ਕਿਹਾ ਕਿ ਇਆਲੀ ਦੇ ਪਾਰਟੀ ਵਿੱਚ ਸ਼ਾਮਿਲ ਹੋਣ ਨਾਲ ਜਿੱਥੇ ਉੱਪਰਲੀਆ ਸਫਾਂ ਵਿੱਚ ਪੰਜਾਬ ਦੀ ਸਿਆਸਤ ਨੇ ਰੰਗ ਬਦਲਿਆ ਹੈ ਉੱਥੇ ਹੀ, ਪਾਰਟੀ ਵਰਕਰਾਂ ਵਿੱਚ ਇਸ ਗੱਲ ਦਾ ਉਤਸ਼ਾਹ ਹੈ ਕਿ ਸਥਾਪਨਾ ਤੋਂ ਕਰੀਬ ਦੋ ਸਾਲਾਂ ਦੇ ਅੰਦਰ ਪਾਰਟੀ ਦੋ ਸੰਸਦ ਮੈਂਬਰ ਅਤੇ ਇੱਕ ਵਿਧਾਇਕ ਬਣ ਗਏ ਹਨ। ਉਹਨਾਂ ਨੇ ਜ਼ੋਰ ਦਿੰਦੇ ਹੋਏ, ਕਿਹਾ ਕਿ ਆਉਂਦੇ ਦਿਨਾਂ ਦੌਰਾਨ ਕਈ ਹੋਰ ਲੋਕ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੁੰਦੇ ਨਜ਼ਰ ਆਉਣਗੇ। ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਸੂਬੇ ਅੰਦਰ ਮੁੱਖ ਮੰਤਰੀ ਵਜੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਾਲੀ ਸਰਕਾਰ ਦੇਖਣਾ ਚਾਹੁੰਦੇ ਹਨ।

ਉਨ੍ਹਾਂ ਨੇ ਸੀਨੀਅਰ ਆਗੂ ਇਆਲੀ ਤੇ ਉਹਨਾਂ ਦੇ ਸਾਥੀਆਂ ਦਾ ਪਾਰਟੀ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਹੈ ਅਤੇ ਉਮੀਦ ਪ੍ਰਗਟਾਈ ਹੈ ਕਿ ਇਹਨਾਂ ਦਾ ਕਰੀਬ 25 ਸਾਲਾਂ ਦਾ ਸਿਆਸੀ ਤਜੁਰਬਾ ਪਾਰਟੀ ਨੂੰ ਉੱਚਾ ਚੁੱਕਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਬਾਲ ਮਜ਼ਦੂਰੀ ਦੀ ਰੋਕਥਾਮ ਲਈ ਦੁਕਾਨਾਂ ਤੇ ਢਾਬਿਆਂ ਦੀ ਚੈਕਿੰਗ

ਲੁਧਿਆਣਾ, 11 ਜੂਨ (ਵਿਸ਼ਾਲ ਸ਼ਰਮਾ): ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ, ਜੀਵਨਜੋਤ ਪ੍ਰੋਜੈਕਟ ਅਧੀਨ ਬਾਲ ਮਜ਼ਦੂਰੀ ਦੀ ਰੋਕਥਾਮ ਲਈ ਇੱਕ ਵਿਸ਼ੇਸ਼ ਅਭਿਆਨ ਚਲਾਇਆ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਰਸ਼ਮੀ ਦੀ ਅਗਵਾਈ ਹੇਠ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਬੀਤੇ ਕੱਲ ਖੰਨਾ ਵਿਖੇ ਵੱਖ-ਵੱਖ ਦੁਕਾਨਾਂ ਅਤੇ ਢਾਬਿਆਂ 'ਤੇ ਅਚਨਚੇਤ ਚੈਕਿੰਗ ਕੀਤੀ ਗਈ ਜਿੱਥੇ ਬਾਲ ਮਜ਼ਦੂਰੀ ਕਰਦਿਆਂ 09 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ੍ਰੀਮਤੀ ਰਸ਼ਮੀ ਨੇ ਦੱਸਿਆ ਕਿ ਰੈਸਕਿਊ ਕਰਨ ਤੋਂ ਬਾਅਦ ਬੱਚਿਆਂ ਨੂੰ ਬਾਲ ਭਲਾਈ ਕਮੇਟੀ, ਲੁਧਿਆਣਾ ਦੇ ਸਾਹਮਣੇ ਪੇਸ਼ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬੱਚਿਆਂ ਦੇ ਨਾਲ-ਨਾਲ ਉਹਨਾ ਦੇ ਮਾਪਿਆਂ ਦੀ ਵੀ ਕਾਊਂਸਲਿੰਗ ਕੀਤੀ ਗਈ। ਇਹ ਅਭਿਆਨ ਲੀਗਲ ਅਫਸਰ ਦੀਪਕ ਕੁਮਾਰ (ਜ਼ਿਲ੍ਹਾ ਬਾਲ ਸੁਰੱਖਿਆ ਦਫਤਰ), ਸ਼ਰਧ ਸੂਦ (ਸੁਪਰਵਾਈਜ਼ਰ) ਚਾਈਲਡ ਹੈਲਪ ਲਾਈਨ (1098), ਲੁਧਿਆਣਾ ਕਿਰਤ ਵਿਭਾਗ ਅਤੇ ਪੁਲਿਸ ਵਿਭਾਗ ਵੱਲੋ ਸਾਂਝੇ ਤੌਰ 'ਤੇ ਚਲਾਇਆ ਗਿਆ। ਜਾਗਰੂਕਤਾ ਅਭਿਆਨ ਦੌਰਾਨ ਲੋਕਾਂ ਨੂੰ ਦੱਸਿਆ ਗਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਬਾਲ ਮਜ਼ਦੂਰੀ ਨਾ ਕਰਵਾਈ ਜਾਵੇ।

ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰਸ਼ਮੀ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਇਹ ਅਚਨਚੇਤ ਚੈਕਿੰਗ ਜਾਰੀ ਰਹੇਗੀ ਤਾਂ ਜੋ ਬਾਲ ਮਜ਼ਦੂਰੀ ਦਾ ਸੰਪੂਰਨ ਰੂਪ ਵਿੱਚ ਖਾਤਮਾ ਕੀਤਾ ਜਾ ਸਕੇ।

ਡੀ.ਪੀ.ਆਈ.ਆਈ.ਟੀ. ਦੇ ਸੰਯੁਕਤ ਸਕੱਤਰ ਨੇ ਹੈਂਡ ਟੂਲ ਉਦਯੋਗ ਨਾਲ ਕੀਤੀ ਬੈਠਕ

ਲੁਧਿਆਣਾ, 11 ਜੂਨ (ਵਿਸ਼ਾਲ ਸ਼ਰਮਾ) : ਆਟੋਮੋਟਿਵ, ਨਿਰਮਾਣ ਅਤੇ ਬੁਨਿਆਦੀ ਢਾਂਚੇ ਵਰਗੇ ਪ੍ਰਮੁੱਖ ਉਦਯੋਗਾਂ ਨੂੰ ਸਮਰਥਨ ਦੇਣ ਵਿੱਚ ਹੱਥ ਅਤੇ ਬਿਜਲੀ ਸੰਦਾਂ ਦੇ ਖੇਤਰਾਂ ਦੀ ਮਹੱਤਤਾ ਨੂੰ ਦੇਖਦੇ ਹੋਏ, ਵਣਜ ਅਤੇ ਉਦਯੋਗ ਮੰਤਰਾਲੇ ਦੇ ਉਦਯੋਗ ਅਤੇ ਅੰਦਰੂਨੀ ਵਪਾਰ ਨੂੰ ਉਤਸ਼ਾਹਿਤ ਕਰਨ ਵਾਲੇ ਉਦਯੋਗ ਅਤੇ ਅੰਦਰੂਨੀ ਵਪਾਰ ਪ੍ਰੋਤਸਾਹਨ ਵਿਭਾਗ (ਡੀ.ਪੀ.ਆਈ.ਆਈ.ਟੀ) ਨੇ ਲੁਧਿਆਣਾ ਵਿੱਚ ਹੱਥ ਅਤੇ ਬਿਜਲੀ ਸੰਦਾਂ ਦੇ ਨਿਰਮਾਤਾਵਾਂ ਨਾਲ ਇੱਕ ਹਿੱਸੇਦਾਰ ਸਲਾਹ-ਮਸ਼ਵਰੇ ਦਾ ਆਯੋਜਨ ਕੀਤਾ। ਡੀ.ਪੀ.ਆਈ.ਆਈ.ਟੀ। ਦੇ ਸੰਯੁਕਤ ਸਕੱਤਰ ਸ੍ਰੀ ਸੁਮੀਤ ਕੁਮਾਰ ਜਾਰੰਗਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਉਦਯੋਗ ਸੰਗਠਨਾਂ, ਉਦਯੋਗ ਮੈਂਬਰਾਂ ਅਤੇ ਨਿਰਮਾਤਾਵਾਂ ਸਮੇਤ ਹੋਰਾਂ ਨੇ ਹਿੱਸਾ ਲਿਆ। ਸਲਾਹ-ਮਸ਼ਵਰੇ ਵਿੱਚ ਖੇਤਰੀ ਵਿਕਾਸ ਨੂੰ ਸਮਰਥਨ ਦੇਣ ਅਤੇ ਮੁਕਾਬਲੇਬਾਜ਼ੀ ਨੂੰ ਵਧਾਉਣ ਲਈ ਸਮਰਪਿਤ ਨੀਤੀਗਤ ਉਪਾਵਾਂ ਦੀ ਪੜਚੋਲ ਕਰਨ 'ਤੇ ਕੇਂਦ੍ਰਿਤ ਕੀਤਾ ਗਿਆ।

ਇਸ ਖੇਤਰ ਦੀ ਨਾਜ਼ੁਕਤਾ 'ਤੇ ਜ਼ੋਰ ਦਿੰਦੇ ਹੋਏ, ਸ੍ਰੀ ਸੁਮੀਤ ਕੁਮਾਰ ਜਾਰੰਗਲ ਨੇ ਕਿਹਾ ਕਿ ਹੈਂਡ ਟੂਲਸ ਲਈ ਕਰੀਬ 34 ਬਿਲੀਅਨ ਅਮਰੀਕੀ ਡਾਲਰ ਅਤੇ ਪਾਵਰ ਟੂਲਸ ਲਈ 63 ਬਿਲੀਅਨ ਅਮਰੀਕੀ ਡਾਲਰ ਦੇ ਵੱਡੇ

ਵਿਸ਼ਵ ਵਪਾਰ ਦੇ ਬਾਵਜੂਦ ਭਾਰਤ ਦਾ ਨਿਰਯਾਤ ਹਿੱਸਾ ਘੱਟ ਰਹਿੰਦਾ ਹੈ ਜੋ ਕਿ ਨਿਰਮਾਣ ਨੂੰ ਵਧਾਉਣ ਅਤੇ ਇਸਦੇ ਵਿਸ਼ਵ ਪੱਧਰੀ ਪਦ-ਪ੍ਰਦਰਸ਼ਨ ਨੂੰ ਵਧਾਉਣ ਲਈ ਮਹੱਤਵਪੂਰਨ ਗੁੰਜਾਇਸ਼ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਹੈਂਡ ਅਤੇ ਪਾਵਰ ਟੂਲਸ ਸੈਕਟਰ ਲਈ ਉਤਪਾਦ ਦੀ ਗੁਣਵੱਤਾ ਨੂੰ ਵਧਾਉਣ ਅਤੇ ਘਰੇਲੂ ਨਿਰਮਾਣ ਨੂੰ ਮਜ਼ਬੂਤ ਕਰਨ ਲਈ ਕਈ ਉਪਾਅ ਕੀਤੇ ਜਾ ਰਹੇ ਹਨ, ਜਿਸ ਵਿੱਚ ਹੈਂਡ ਟੂਲਸ 'ਤੇ ਕੁਆਲਟੀ ਕੰਟਰੋਲ ਆਰਡਰ (ਕਿਊ.ਸੀ.ਓ) ਦੀ ਸ਼ੁਰੂਆਤ ਸ਼ਾਮਲ ਹੈ ਜੋ 1 ਅਕਤੂਬਰ 2026 ਤੋਂ ਲਾਗੂ ਕੀਤਾ ਜਾਣਾ ਹੈ। ਇਸ ਤੋਂ ਇਲਾਵਾ ਡੀ.ਪੀ.ਆਈ.ਆਈ.ਟੀ ਹੈਂਡ-ਹੋਲਡ ਮੋਟਰ-ਸੰਚਾਲਿਤ ਇਲੈਕਟ੍ਰਿਕ ਟੂਲਸ ਦੀ ਸੁਰੱਖਿਆ 'ਤੇ ਇੱਕ ਕਿਊ.ਸੀ.ਓ ਨੂੰ ਸੂਚਿਤ ਕਰਨ ਦੀ ਪ੍ਰਕਿਰਿਆ ਵਿੱਚ ਵੀ ਹੈ। ਸਿੱਟੇ ਵਜੋਂ, ਹੈਂਡ ਐਂਡ ਪਾਵਰ ਟੂਲਸ ਸੈਕਟਰ ਭਾਰਤ ਦੇ ਨਿਰਮਾਣ ਈਕੋਸਿਸਟਮ ਨੂੰ ਮਜ਼ਬੂਤ ਕਰਨ ਅਤੇ ਇਸਦੀ ਵਿਸ਼ਵਵਿਆਪੀ ਵਪਾਰ ਮੌਜੂਦਗੀ ਨੂੰ ਵਧਾਉਣ ਲਈ ਇੱਕ ਮੁੱਖ ਚਾਲਕ ਹੈ। ਹਿੱਸੇਦਾਰਾਂ ਦੀ ਸਲਾਹ-ਮਸ਼ਵਰੇ ਨੇ ਸਬੰਧਤ ਖੇਤਰ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਵਿਕਾਸ ਸੰਭਾਵਨਾ ਨੂੰ ਅਨਲੌਕ ਕਰਨ ਲਈ ਇੱਕ ਮਜ਼ਬੂਤ ਸਰਕਾਰ-ਉਦਯੋਗ ਸਹਿਯੋਗ ਦੀ ਮਹੱਤਤਾ ਨੂੰ ਉਜਾਗਰ ਕੀਤਾ। ਨਿਰੰਤਰ ਯਤਨਾਂ ਨਾਲ ਇਹ ਖੇਤਰ 2047 ਤੱਕ ਮੁਕਾਬਲੇਬਾਜ਼ੀ ਵਧਾਉਣ, ਨਿਰਯਾਤ ਨੂੰ ਵਧਾਉਣ, ਰੁਜ਼ਗਾਰ ਪੈਦਾ ਕਰਨ ਅਤੇ ਵਿਕਾਸ ਭਾਰਤ ਦੇ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਪਾਉਣ ਲਈ ਤਿਆਰ ਹੈ।

ਦੀਵਾਨ ਤੇ ਜਗਸੀਰ ਨੇ ਹਲਕਾ ਪੱਛਮੀ ਦੇ ਨਵੇਂ ਬਲਾਕ ਚੇਅਰਮੈਨਾਂ ਨੂੰ ਨਿਯੁਕਤੀ ਪੱਤਰ ਸੌਂਪੇ

ਲੁਧਿਆਣਾ, 11 ਜੂਨ (ਰਵਿੰਦਰ ਸਿੰਘ ਨਿੱਝਰ): ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਵਿਚ ਕਾਂਗਰਸ ਪਾਰਟੀ ਨੂੰ ਹੋਰ ਮਜਬੂਤੀ ਪ੍ਰਦਾਨ ਕਰਦੇ ਹੋਏ, ਜ਼ਿਲ੍ਹਾ ਕਾਂਗਰਸ ਕਮੇਟੀ ਅਨੁਸੂਚਿਤ ਜਾਤੀ ਵਿਭਾਗ ਲੁਧਿਆਣਾ ਦੇ ਚੇਅਰਮੈਨ ਐਡਵੋਕੇਟ ਰਾਹੁਲ ਪੁਹਾਲ ਦੀ ਮੌਜੂਦਗੀ ਵਿਚ ਲੁਧਿਆਣਾ ਸ਼ਹਿਰੀ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਪਵਨ ਦੀਵਾਨ ਤੇ ਮੈਂਬਰ ਪਾਰਲੀਮੈਂਟ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਫਤਰ ਇੰਚਾਰਜ ਜਗਸੀਰ ਸਿੰਘ ਸਿੱਧੂ ਵੱਲੋਂ ਅੱਜ ਹਲਕਾ ਪੱਛਮੀ ਦੇ ਲੁਧਿਆਣਾ ਬਲਾਕ-1 ਤੋਂ ਰੂਪੇਸ਼ ਚੋਟਾਲਾ ਅਤੇ ਬਲਾਕ-2 ਤੋਂ ਕਮਲਜੀਤ ਸਿੰਘ ਨੂੰ ਜ਼ਿਲ੍ਹਾ ਕਾਂਗਰਸ ਕਮੇਟੀ ਅਨੁਸੂਚਿਤ ਜਾਤੀ ਵਿਭਾਗ ਲੁਧਿਆਣਾ ਦੇ ਬਲਾਕ ਚੇਅਰਮੈਨ ਵਜੋਂ ਨਿਯੁਕਤੀ ਪੱਤਰ ਸੌਂਪੇ ਗਏ।ਇਸ ਮੌਕੇ ਐਡਵੋਕੇਟ ਰਾਹੁਲ ਪੁਹਾਲ ਨੇ ਨਵੇਂ ਨਿਯੁਕਤ ਬਲਾਕ ਚੇਅਰਮੈਨਾਂ ਨੂੰ ਵਧਾਈ ਦਿੰਦਿਆਂ, ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਰਹੀ ਹੈ ਅਤੇ ਰਹੇਗੀ । ਪਵਨ ਦੀਵਾਨ ਤੇ ਜਗਸੀਰ ਸਿੰਘ ਨੇ ਨੇ ਨਵੇਂ ਨਿਯੁਕਤ ਬਲਾਕ ਚੇਅਰਮੈਨਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਲੋਕ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਬਹੁਤ ਤੰਗ ਅਤੇ ਪ੍ਰੇਸ਼ਾਨ ਹਨ ਤੇ ਕਾਂਗਰਸ ਪਾਰਟੀ ਨੂੰ ਬਦਲ ਵਜੋਂ ਦੇਖ ਰਹੇ ਹਨ। ਉਹਨਾਂ ਉਮੀਦ ਪ੍ਰਗਟਾਈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਨਵ ਨਿਯੁਕਤ ਬਲਾਕ ਚੇਅਰਮੈਨਾਂ ਰੁਪੇਸ਼ ਚੌਟਾਲਾ ਤੇ ਕਮਲਜੀਤ ਸਿੰਘ ਨੇ ਪਾਰਟੀ ਹਾਈ ਕਮਾਂਡ ਅਤੇ ਮੌਜੂਦ ਸੀਨੀਅਰ ਆਗੂਆਂ ਦਾ ਧੰਨਵਾਦ ਪ੍ਰਗਟ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ, ਹਰਜਿੰਦਰ ਸਿੰਘ ਹੈਪੀ ਲਾਲੀ (ਸਾਬਕਾ ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ ਲੁਧਿਆਣਾ), ਹਰਵਿੰਦਰ ਸਿੰਘ, ਅਖਲੇਸ਼ ਸ਼ਰਮਾ, ਸਾਗਰ ਦੂਬੇ, ਵਿਨੈ ਵੀ ਮੌਜੂਦ ਰਹੇ।

ਅਗਰਵਾਲ ਵੈਲਫ਼ੇਅਰ ਬੋਰਡ ਦੇ ਸੀਨੀ: ਉਪ ਚੇਅਰਮੈਨ ਬਣਨ 'ਤੇ ਸਾਹਿਲ ਸਨਮਾਨਿਤ

ਲੁਧਿਆਣਾ, 11 ਜੂਨ (ਰਵਿੰਦਰ ਸਿੰਘ ਨਿੱਝਰ): ਸਾਹਿਲ ਅਗਰਵਾਲ ਨੂੰ ਅਗਰਵਾਲ ਵੈਲਫੇਅਰ ਬੋਰਡ, ਪੰਜਾਬ ਦੇ ਸੀਨੀਅਰ ਵਾਈਸ ਚੇਅਰਮੈਨ ਦੀ ਨਿਯੁਕਤੀ 'ਤੇ ਸਰੋਪੇ ਅਤੇ ਗੁਲਦੱਸਤੇ ਭੇਟ ਕੀਤੇ ਗਏ।ਆਮ ਆਦਮੀ ਪਾਰਟੀ ਦੀ ਪੰਜਾਬ ਟਰੇਡ ਕਮਿਸ਼ਨ ਆਤਮ ਨਗਰ ਦੀ ਸਮੁੱਚੀ ਟੀਮ ਵੱਲੋਂ, ਮੁੱਖ ਮੰਤਰੀ ਭਗਵੰਤ ਮਾਨ, ਵਿਧਾਇਕ ਕੁਲਵੰਤ ਸਿੱਧੂ ਅਤੇ ਸੀਨੀਅਰ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸ੍ਰੀ ਸਾਹਿਲ ਅਗਰਵਾਲ ਵੱਲੋਂ ਇਹ ਜ਼ਿੰਮੇਵਾਰੀ ਸੌਂਪਣ ਲਈ, ਹਰਮੀਤ ਸਿੰਘ ਭਾਟੀਆ, ਬਲਜਿੰਦਰ ਸਿੰਘ ਬਿੱਲਾ,ਦੀਪਕ ਅਰੋੜਾ, ਅਸ਼ੋਕ ਪੁਰੀ, ਹਰਵਿੰਦਰ ਸਿੰਘ ਲੋਟੇ, ਦੀਪਕ ਚਾਵਲਾ,ਰਜਿੰਦਰ ਸਿੰਘ ਸਰਹਾਲੀ ਨੇ ਸਾਹਿਲ ਨੂੰ ਫੋਨ 'ਤੇ ਵਧਾਈਆ ਦਿੱਤੀਆਂ ਅਤੇ ਗੁਰਪ੍ਰੀਤ ਸਿੰਘ ਬੇਦੀ ਤੇ ਹੋਰ ਸਮੂਹ ਸਾਥੀਆਂ ਦਾ ਵੀ ਸ਼ੁਕਰਾਨਾ ਕੀਤਾ।

ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
In The Court of Ms. Navneet Kaur Civil Judge Jr. Div., Chandigarh
CNR No.CHCH02-000899-2024
Next Date: 02.07.2026
Sudesh Sahi
Versus
Samita Vohra
Notice to: Samita Vohra Spouse::- Sudesh Sahi Near Water Box No-1 Ward No-4 Patti Tehsil Patti Distt Tarn Taran Punjab
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 02.07.2026 at 10:00 am. For details logon to https://highcourtchd.gov.in/?trs=district_notice&district=Chandigarh
Dated, this day of 09-05-2026
Sd/- Civil Judge Jr. Div., Chandigarh

(U/o 5 Rule 20 CPC)
In The Court of Ms. Gurpreet Kaur-II Civil Judge Junior Division Zira-2, Zira
CNR No.PBFZA0-001056-2025
Next Date: 08.07.2026
Gurpreet Singh and ors
Versus
Pardeep Singh etc.
Notice to: 4. Galinder Sigh Alias Joginder Singh Tundi Father::- Mallanwala Teh Zira Dist Fzr
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 08.07.2026 at 10:00 am. For details logon to https://highcourtchd.gov.in/?mod=district_notice&district=mogacourt
Dated this day of 05-06-2026
Sd/- Civil Judge Junior Division Zira-2, Zira

(U/o 5 Rule 20 CPC)
In The Court of Ms. Pratima Singla
Additional Civil Judge Senior Division Zira, Zira
CNR No.PBFZA0-000393-2026
Next Date: 04.07.2026
Lakhbir Kaur alias Swaran Kaur
Versus
General Public etc
Notice to: General Public etc:- NA
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **04.**07.2026 at 10:00 A.M. For details logon to https://highcourtchd.gov.in/?mod=district_notice&district=mogacourt
Dated this day of 05-06-2026
Sd/- Additional Civil Judge Senior Division Zira, Zira

(U/o 5 Rule 20 CPC)
In The Court of Ms. Pavleen Singh Additional Civil Judge (Senior Division), Ludhiana
CNR No. PBLD02-003974-2026
Next Date:- 07-07-2026
Ramandeep Kaur
Versus
General Public and Ors.
Suit for declaration
Notice to: General Public
In above titled case the defendant(s)/respondent(s) could not be served. It is ordered that the defendant(s)/respondent(s) should appear in person or through counsel on **07.**07.2026 at 10:00 A.M. For details logon to https://highcourtchd.gov.in/?mod=district_notice&district=mogacourt
Dated this day of 09-06-2026
Sd/- Additional Civil Judge (Senior Division), Ludhiana

(U/o 5 Rule 20 CPC)
In The Court of Ms. Rana Kanwardeep Kaur Chahal Principal Judge, Family Court Camp at Phagwara, Phagwara
CNR No. PBKPF2-000308-2025
Next Date:- 10-07-2026
Shivani
Versus
General Public
Notice to: General Public:- GP
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **10.**07.2026 at 10:00 A.M. For details logon to https://highcourtchd.gov.in/?mod=district_notice&district=Kapurthala
Dated this day of 01-06-2026
Sd/- Principal Judge, Family Court Camp at Phagwara, Phagwara

---

(U/o 5 Rule 20 CPC)
In The Court of Sh. Daleep Kumar Additional Civil Judge (Senior Division), Tarn Taran
Next date, Purpose of case Orders and Judgments as well as other case information is available on http://districts.ecourts.gov.in
CNR No:-PBTT02-000111-2025
Next Date: 02.07.2026
Balkar Singh
Versus
Gurpal Singh
Notice to: 1. Baljit Kaur W/O Harjinder Singh S/O Charan Singh 2.Gurdeep Singh 3. Avtar Signh Both Sons Of Harjinder Sing S/O Charan Singh R/O Plot No. 49, Gurunanak Society Nari Road, Uppal Wadi S/o Nagpur, Maharashtra, 440026 Mno. 8055076896 4. Paramjit Kaur Alias Jasbir Kaur C/O Gurmukh Singh R/O Village Mallian, Tehsil And District Tarn Taran 5. Gurmeet Kaur D/O Charan Singh W/O Amarjit Singh C/O Jaspal Singh C/O Amritpal Singh R/O Vilalge Panjawa Post Office Panajwa Mandal, District Fazilka, Pin Code 152132 MNo. 9966744855
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **02.**07.2026 at 10:00 A.M. For details logon to https://highcourtchd.gov.in/?trs=district_notice&district=Tarn Taran
Dated, this day of 06-06-2026
Sd/- Additional Civil Judge (Senior Division), Tarn Taran

(U/o 5 Rule 20 CPC)
(Under Guardian and Ward Act)
In The Court of Sh. Arun Gupta Additional Civil Judge (Senior Division), Jalalabad
CNR No. PBFZB0-000415-2026
Next Date:- 20-07-2026
Kanta Rani
Versus
General Public
Notice to: General Public:- General Public
In above titled case the defendant(s)/respondent(s) could not be served. It is ordered that the defendant(s)/respondent(s) should appear in person or through counsel on **20.**07.2026 at 10:00 A.M. For details logon to https://highcourtchd.gov.in/?mod=district_notice&district=fazilkacourt
Dated this day of 04-06-2026
Sd/- Additional Civil Judge (Senior Division), Jalalabad

(U/o 5 Rule 20 CPC)
In The Court of Sh. Bikramdeep Singh
Civil Judge (Junior Division), Tarn Taran
Next Date, Purpose of case, Orders and Judgments as well as other case information is available on http://districts.ecourts.gov.in
CNR No.PBTT02-001179-2025
Next Date: 09.07.2026
Partap Singh
Versus
Buta Singh
Notice to: 1) Satpal Singh 2) Savjinder Singh S/O Chetan Singh S/O Arjan Singh 3) Manjit Singh S/O Jaswant Singh 4) Paramjit Kaur 5) Rajbir Kaur 6) Karamjit Kaur D/O Jaswant Singh All are R/O Village Jarmastpur Tehsil And District Tarn Taran
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 09.07.2026 at 10:00 am. For details logon to https://highcourtchd.gov.in/?trs=district_notice&district=Tarn Taran
Dated, this day of 09-06-2026
Sd/- Civil Judge (Junior Division), Tarn Taran

(U/o 5 Rule 20 CPC)
In The Court of Ms. Amita Singh Additional Principal Judge Family Court-1, Jalandhar
CNR No.PBJL01-016711-2023
Next Date: 04.07.2026
Nidhi Gupta wife of Anshul Gupta R/O 40, Sat Kartar Enclave, Chopra Colony, Basti Sheikh, Jalandhar City
Versus
Anshul Gupta Son Of Sant Kumar Gupta, R/O 49, Raja Garden Extension, Near Basti Bawa Khel, Jalandhar
Notice to: Anshul Gupta Father::- Sant Kumar Gupta H.No. 49, Raja Garden Extension, Near Basti Bawa Khel, Jalandhar
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 04.07.2026 at 10:00 am. For details logon to https://highcourtchd.gov.in/?mod=district_notice&district=Jalandhar
Dated this day of 05-06-2026
Sd/- Additional Principal Judge Family Court-1, Jalandhar

(U/o 5 Rule 20 CPC)
In The Court of Ms. Neeraj Goyal Civil Judge (Junior Division), Talwandi Sabo
CNR No.PBBTA0-001271-2025
Next Date: 17.07.2026
CIS No. CS/816/2025
State Bank of India
Versus
Sibjeet Singh
Rs. 1,59,343/-
Notice to: Sibjeet Singh Son Of Gurchet Singh R/O Village Chehlanwali, Tehsil And District Mansa. 95010-68764.
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **17.**07.2026 at 10:00 A.M. For details logon to https://highcourtchd.gov.in/?mod=district_notice&district=Bathinda
Dated this day of 06-06-2026
Sd/- Civil Judge (Junior Division), Talwandi Sabo

(U/o 5 Rule 20 CPC)
In The Court of Ms. Ramandeep Neetu
Additional Civil Judge (Senior Division), Mukerian
CNR No. PBHOC0-000319-2025
Next Date:- 17-07-2026
CS-230-2025
Hem Raj S/O Brij Lal R/O Village Lajhyani Post Office Nagrota Gazian Tehsil Bhoranj District Hamirpur
Versus
Jaswinder Singh
Suit For Recovery
Notice to: 1. Jaswinder Singh S/O Tara Singh 2. Kamal Alias Jassi S/O Unknown R/O Village Thamuwal Post Office Sandhwal Tehsil Shahkot District Jalandhar
In above titled Petition the defendant(s)/respondent(s) could not be served. It is ordered that the defendant(s)/respondent(s) should appear in person or through counsel on **17.**07.2026 at 10:00 A.M. For details logon to https://highcourtchd.gov.in/?mod=district_notice&district=Hoshiarpur
Dated this day of 22-04-2026
Sd/- Additional Civil Judge (Senior Division), Mukerian

(U/o 5 Rule 20 CPC)
In The Court of Hon'ble Aditya Chopra
Judicial Magistrate Ist Class, Malout
CNR No. PBSMB1-001472-2023
Next Date:- 21-07-2026
Bank of India
Versus
Kuldeep Kumar
Notice to: Kuldeep Kumar:- Harbans lal R/o H.No. 8/1576, W.No. 7, Baba Deep Singh Nagar, Malout 2nd Address M/s Bala Ji Dairy, Sirsa Raod, Gol Chowk, Dabwali 3rd Add Flat No. 1077, Tower 18, Motiaz Royal Gunn Kitchen, Bhabat, Zirakpur.
In above titled Petition the accused could not be served. It is ordered that the accused should appear in person or through counsel on **21.**07.2026 at 10:00 A.M. For details logon to https://highcourtchd.gov.in/?mod=district_notice&district=mogacourt
Dated this day of 11-06-2026
Sd/- Judicial Magistrate Ist Class, Malout

(U/o 5 Rule 20 CPC)
In The Court of Sh. Sachin Yadav Addl. Civil Judge (Sr. Divn.), Chandigarh
CNR No.CHCH02-003052-2021
Next Date: 17.07.2026
Anika
Versus
General Public
For grant of Succession Certificate
Notice to: Anushka D/o Rajinder Singh R/o H.No. 1619, Sector-40B, Chandigarh
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 17.07.2026 at 10:00 am. For details logon to https://highcourtchd.gov.in/?trs=district_notice&district=Chandigarh
Dated, this day of 10-06-2026
Sd/- Addl. Civil Judge (Sr. Divn.), Chandigarh

COURT NOTICE
(U/o 5 Rule 20 CPC)
IN THE COURT OF Sh. Chetan Sharma
Civil Judge Junior Division-2 Abohar
KRISHAN SINGH Vs. JOGINDER SINGH ETC.
CNR No. PBFZE0-001529-2021
Next Date:- 10-07-2026
PUBLICATION ISSUED TO:
678) Mukhtiar Singh S/o Santa Singh S/o Lahora Singh (679) Biraj Mohan S/o Dhana Ram S/o Rikhi Ram (680) Harinder Singh S/o Kesar Singh (681) Tarlochan Singh S/o Kesar Singh (682) Sahib Ram S/o Jasram S/o Sunder (683) Pali Ram S/o Karura Ram S/o Manmukh Rani (684) Geeta Ram S/o Birbal Ram S/o Bega Ram (685) Krishan Kumar S/o Gordan Das Sto Khushi Ram (686) Pal Singh S/o Kapoor Singh S/o Phuman Singh (687) Surja Ram S/o Sadhu Ram S/o Ghumandi Ram (688) Vinos Kumar S/o Bhup Ram S/o Ladhu Ram (689) Anil Kumar S/o Bhup Ram S/o Ladhu Ram (690) Bhagan widow Het Ram S/o Ladhu Ram (691) Rani d/o Heth Ram S/o Ladhu Ram (692) Indra d/o Heth Ram S/o Ladhu Ram (693) Sukadia d/o heth Ram S/o Ladhu Ram (694) Sunil Kumar S/o Heth Ram S/o Ladhu Ram (695) Kamla Devi widow Dilap Kumar S/o Heth Ram (696) Bhupinder Kumar S/o Dilap Kumar S/o Heth Ram (697) Vikas Kumari d/o Dilap Kumar S/o Heth Ram (698) Monikka Devi d/o Dilap Kumar S/o Heth Ram (699) Reevina Rani d/o Dilap Kumar S/o Heth Ram (700) Sunita Rani w/o Jagjit Kumar S/o Hans Raj (701) Veena Rani w/o Kuldeep Kumar S/o Hans Raj (702) Sunita Devi w/o Bharat Lal S/o Fakeer Chand (703) Veena Rani w/o Bhupinder Singh S/o Ram Singh (704) Ram Chander S/o Dhana Ram S/o Rikhi Ram (705) Anujam w/o Vaneet Kumar S/o Chandd Kumar (706) Karuna w/o Naveen Kumar S/o Ram Chander (707) Shukantla Devi w/o Shubash Kumar S/o Satnam Das (708) Manpreet Kaur d/o Kikar Singh S/o Hardeep Singh (709) Nand Kishore S/o Karam Chand S/o Gurdita (710) Rakesh Kumar S/o Karam Chand S/o Gurdita (711) Baljit Singh S/o Amar Singh S/o Vishaksa Singh (712) Hardev Singh S/o karnail Singh Sto Tahail Singh (713) Amarjeet Singh S/o Jai Singh S/o Gokal Singh (714) Bharat Lal S/o Fakeer Chand S/o Dhola Ram (715) ArvindKaur w/o Narinderpal Singh S/o Santokh Singh (716) Indu w/o BirjPaskash S/o Birj Mohan (717) Shalini @ Shalu w/o Mahinder S/o Sham Lal (718) Inderdeep Singh S/o Narinderpal Singh S/o Santokh Singh (719) RajbirKaur w/o Surinderpal Singh S/o Santokh Singh (720) Prem Kaur widow Santokh Singh S/o Nihal Singh (721) Parveen Kumar S/o Hans Raj S/o Lekha Ram (722) Pardeep Kumar S/o Hans Raj S/o Lekha Ram (723) Sushil Kumar S/o Hans Raj S/o Lekha Ram (724) Vinkal S/o Naveen S/o Dharmpal (725) Raj Kaur widow Avtar Singh S/o Chanan Singh 726) Sukhdev Singh S/o Avtar Singh Sto Chanan Singh 727) Mohan @ Manjeet Singh S/o Avtar Singh S/o Chanan Singh 728) Sarbject Singh S/o Bakshish Singh S/o Mela Singh 729) Gurmej Kaur w/o Tirlok Singh S/o Hajara Singh 730) Krishna Devi w/o Avnash Chander S/o Ram Chand 731) Mahinder Kaur w/o Amarjeet Kaur S/o Jai Singh 732) Gurcharan Singh S/o Jai Mel Singh S/o Khajan Singh 733) Jarnail Singh S/o Harnam Singh S/o Dalip Singh 734) Mohan Singh S/o Kehar Singh S/o Heera Singh (735) Surinder Singh S/o Kesar Singh S/o Fota Singh (736) Jaspal Singh S/o Maher Singh S/o Kehar Singh (737) Sukhbir Singh S/o Maher Singh S/o Kehar Singh (738) Vijay Kumar S/o Uttam Chand S/o Bagu Ram (739) Naresh Kumar S/o Uttam Chand S/o Bagu Ram (740) Bura Singh S/o Arjan Singh S/o Bhajan Singh (741) Bhup Singh S/o Sukhdev Ram S/o Pohala Ram (742) Veena Rani w/o Haresh Kumar (743) Sadhu Singh S/o Fuman Singh S/o Pham Singh (744) Gurdev Singh S/o Karam Singh S/o Jivan Singh (745) Sukhmander Singh S/o Balwinder Singh S/o Kher Singh (746) Rajinder Kumar S/o Hari Ram S/o Kalu Ram (747) Shiv Singh S/o Sahib Ram S/o Gansa Ram (748) Satpal S/o Atama Ram S/o Emi Lal (749) Amarjeet Singh S/o Maher Singh S/o Jamal Singh (750) Gobind Singh S/o Partap Singh S/o Thakar Singh (751) Kamla Devi w/o Surinder Kumar S/o Arjan Ram (752) VeerpalKaur w/o Balkaren Singh S/o Kapoor Singh (753) Karishna Devi w/o Bihari Lal S/o Sehi Ram (754) Maya Devi w/o Chiman Lal S/o Duta Ram (755) Sukhwinder Singh S/o Gurdas Singh S/o Kartar Singh (756) Manoj Kumar S/o MukandLal S/o PanjabRai (757) Mahaveer S/o Sukhpal S/o Hari Ram (758) Ajay Kumar S/o Mohan Lal S/o Hiri Ram (759) Pawan Singh S/o Sehi Ram S/o Ganga Ram (760) Pritpal Singh S/o Bhagat Singh S/o Hukham Singh (761) Pawan Kumar S/o Phool Chand S/o Raja Ram (762) Gobind Singh S/o Partap Singh S/o Thakar Singh (763) Asha Rani w/o Ashok Kumar S/o Hans Raj (764) Surjeet Kaur w/o Sukhwant Singh S/o Hardev Singh (765) Gurpreet Kaur widow Balkar Singh S/o Gurcharan Singh (766) Ramchander S/o Heth Ram S/o Her Lal (767) Surinder Kumar S/o Ram Kumar S/o Siri Ram (768) Kamla Devi w/o Raaja Ram S/o Siri Ram (769) Geeta Devi w/o Harman Kumar S/o Siri Ram (770) Sukhdev Ram S/o Phola Ram S/o Bishan Ram (771) Vikram S/o DayalParkash S/o Bhagwan Das (772) Narinder Kumar S/o Beni Parshad S/o Pooran Chand (773) Vijay Kumar S/o Beni Parshad S/o Pooran Chand (774) Ashok Kumar S/o Beni Parshad S/o Pooran Chand (775) Sita Devi widow Diwan Chand S/o Pooran Chand (776) Des Raj S/o Megh Raj S/o Mool Chand (777) Jagan Nath S/o Valu Ram S/o Sal Bihari (778) KanchanBala d/o Satpal @ SatyapalS/o Thakar Das (779) Raj Kumar S/o Satpal S/o Thakar Das (780) Naresh Kumar S/o Sham Lal S/o Bota Ram (781) Bhavri Devi widow Nathu Ram S/o Narain Ram (782) Parkash Kumar S/o Nathu Ram S/o Narain Ram (783) Ashok Kumar S/o Nathu Ram S/o Narain Ram (784) Santosh d/o Nathu Ram S/o Narain Ram (785) Durga d/o Nathu Ram S/o Narain Ram (786) Kamla Devi widow Dharmpal S/o Basti Ram (787) Kapil S/o Dharmpal S/o Basti Ram 788) MahinderSaroop Stu Dharmpal S/o Basti Ram (789) Parveen Chaudhary d/o Dharmpal S/o Basti Ram 790) Naresh Kumar S/o Karam Chand S/o Jawala Ram (791) Sharda widow Satish Kumar S/o Milkh Raj (792) Vishak S/o Satish Kumar S/o Milkh Raj (793) Ajay S/o DayalParkash S/o Bhagwan Das (794) Kamaljit S/o Pirthi Raj S/o Suhagh Chand (795) ShubashChander S/o Milkhi Ram S/o Sunder Das (796) Asha Rani widoeSandeep S/o Bishan Das (797) Kiran d/o Suraj Parkash S/o Prabhdyal (798) Sema d/o Suraj Parkash S/o Prabhdyal (799) ShewitaSani d/o Suraj Parkash S/o Prabhdyal (800) Gurwinder Kaur w/o Gurdeep Singh S/o Harnam Singh (801) Kasturi Devi widow Kesari Chand S/o Lal Chand (802) Janeshwar Dev S/o Kesari Chand S/o Lal Chand (803) Reshma Devi d/o Kesari Chand S/o Lal Chand (804) Parveen d/o Kaseri Chand S/o Lal Chand (805) Usha Rani d/o Kesari Chand S/o Lal Chand (806) ShitalPaskash S/o Kundan Lal S/o Lal Chand (807) ShubashChander S/o Kundan Lal S/o Lal Chand (808) Ashok Kumar S/o Kundan Lal S/o Lal Chand (809) Shela Devi d/o Kundan Lal S/o Lal Chand (810) Raksha Devi d/o Kundan Lal S/o Lal Chand (811) Pawan Kumar S/o Parsnath S/o Tirlok Chand (812) Vinod Kumar S/o Parsnath S/o Tirlok Chand (813) Kalash Rani w/o Sohan Lal S/o Chanan Lal (814) Varinder Singh S/o Shivraj Singh S/o Gurpartap Singh (815) Gunmala d/o Kundan Lal S/o Lal Chand all R/o Abohar-II Tehsil Abohar District Fazilka, Punjab.
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 10-07-2026 at 10:00 a.m.
For details logon to
https:/highcourtchd.gov.in/?mod=district_notice&district=mogacourt
Civil Judge Junior Division-2 Abohar
Dated, this day of 05-06-2026

ਜਨਤਕ ਸੂਚਨਾ

ਸ਼੍ਰੀ ਪਰਦੁਮਨ ਸਿੰਘ, ਸਹਾਇਕ ਅਸਟੇਟ ਅਫ਼ਸਰ-III ਤੋਂ ਪਹਿਲਾਂ, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ।

ਵਿਸ਼ਾ:- ਸ਼੍ਰੀ ਰਣਜੀਤ ਸਿੰਘ ਚੇਡਾ ਅਤੇ ਮੈਸਰਜ਼ ਵੈਨ ਨੌਰਮਨ ਮਸ਼ੀਨ (ਇੰਡੀਆ) ਪ੍ਰਾਈਵੇਟ ਲਿਮਿਟਡ ਦੇ ਨਾਵਾਂ ਨੂੰ ਆਪਣੇ ਅਧਿਕਾਰਤ ਹਸਤਾਖਰਕਰਤਾ ਸ਼੍ਰੀ ਰਣਜੀਤ ਸਿੰਘ ਚੇਡਾ ਦੁਆਰਾ ਮੈਸਰਜ਼ ਜੈਬੀ ਐਸੋਸੀਏਟਸ ਐਲਐਲਪੀ ਦੇ ਨਵੇਂ ਭਾਈਵਾਲਾਂ ਵਜੋਂ, ਉਦਯੋਗਿਕ ਪਲਾਟ ਨੰਬਰ 192, ਉਦਯੋਗਿਕ ਖੇਤਰ, ਫੇਜ਼-2, ਚੰਡੀਗੜ੍ਹ ਦੇ ਸਬੰਧ ਵਿੱਚ 100% ਹਿੱਸੇਦਾਰੀ ਦੀ ਹੱਦ ਤੱਕ ਨੋਟ ਕਰਨਾ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰੀ ਜਾਇਦਾਦ ਦੇ ਰਿਕਾਰਡ ਅਨੁਸਾਰ ਉਦਯੋਗਿਕ ਪਲਾਟ ਨੰਬਰ 192, ਉਦਯੋਗਿਕ ਖੇਤਰ, ਫੇਜ਼-2, ਚੰਡੀਗੜ੍ਹ, ਭਾਈਵਾਲ ਸ਼੍ਰੀ ਸ਼ਿਵ ਕੁਮਾਰ ਭੰਡਾਰੀ (100%) ਰਾਹੀਂ ਮੈਸਰਜ਼ ਜੈਬੀ ਐਸੋਸੀਏਟਸ ਐਲਐਲਪੀ ਵਿੱਚ ਹੈ।

ਸ਼੍ਰੀ ਰਣਜੀਤ ਸਿੰਘ ਚੇਡਾ ਅਤੇ ਮੈਸਰਜ਼ ਵੈਨ ਨੌਰਮਨ ਮਸ਼ੀਨ (ਇੰਡੀਆ) ਪ੍ਰਾਈਵੇਟ ਲਿਮਿਟਡ। ਲਿਮਿਟਡ ਨੇ ਆਪਣੇ ਅਧਿਕਾਰਤ ਹਸਤਾਖਰਕਰਤਾ ਸ਼੍ਰੀ ਰਣਜੀਤ ਸਿੰਘ ਚੇਡਾ ਰਾਹੀਂ ਮੈਸਰਜ਼ ਜੈਬੀ ਐਸੋਸੀਏਟਸ ਐਲਐਲਪੀ ਦੇ ਭਾਈਵਾਲਾਂ ਨੂੰ ਸੂਚਿਤ ਕੀਤਾ ਹੈ ਕਿ ਸ਼੍ਰੀ ਸ਼ਿਵ ਕੁਮਾਰ ਭੰਡਾਰੀ ਅਤੇ ਸ਼੍ਰੀਮਤੀ ਸੁਨੀਤਾ ਭੰਡਾਰੀ (ਮੈਸਰਜ਼ ਜੈਬੀ ਐਸੋਸੀਏਟਸ ਐਲਐਲਪੀ ਦੇ ਬਾਹਰ ਜਾਣ ਵਾਲੇ/ਪਿਛਲੇ ਭਾਈਵਾਲ), ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ਦੁਆਰਾ ਜਾਰੀ ਕੀਤੇ ਗਏ ਐਲਐਲਪੀ ਫਾਰਮ ਨੰਬਰ 3 ਦੀ ਇੱਕ ਕਾਪੀ ਅਤੇ ਨਵੇਂ ਭਾਈਵਾਲ ਸ਼੍ਰੀ ਰਣਜੀਤ ਸਿੰਘ ਚੇਡਾ ਅਤੇ ਮੈਸਰਜ਼ ਵੈਨ ਨੌਰਮਨ ਮਸ਼ੀਨ (ਇੰਡੀਆ) ਪ੍ਰਾਈਵੇਟ ਲਿਮਿਟਡ ਨੇ ਆਪਣੇ ਅਧਿਕਾਰਤ ਹਸਤਾਖਰਕਰਤਾ ਸ਼੍ਰੀ ਰਣਜੀਤ ਸਿੰਘ ਚੇਡਾ ਰਾਹੀਂ ਪਿਛਲੇ ਭਾਈਵਾਲਾਂ ਦੀ ਥਾਂ 'ਤੇ ਮੈਸਰਜ਼ ਜੈਬੀ ਐਸੋਸੀਏਟਸ ਐਲਐਲਪੀ ਦੇ ਨਵੇਂ ਭਾਈਵਾਲਾਂ ਵਜੋਂ ਨਿਯੁਕਤ/ਸ਼ਾਮਲ ਕੀਤਾ ਹੈ।

ਹੁਣ, ਸ਼੍ਰੀ ਰਣਜੀਤ ਸਿੰਘ ਚੇਡਾ ਅਤੇ ਮੈਸਰਜ਼ ਵੈਨ ਨੌਰਮਨ ਮਸ਼ੀਨ (ਇੰਡੀਆ) ਪ੍ਰਾਈਵੇਟ ਲਿਮਿਟਡ ਨੇ ਆਪਣੇ ਅਧਿਕਾਰਤ ਹਸਤਾਖਰਕਰਤਾ ਸ਼੍ਰੀ ਰਣਜੀਤ ਸਿੰਘ ਚੇਡਾ ਰਾਹੀਂ ਮੈਸਰਜ਼ ਜੈਬੀ ਐਸੋਸੀਏਟਸ ਐਲਐਲਪੀ ਦੇ ਨਵੇਂ ਭਾਈਵਾਲਾਂ ਵਜੋਂ, ਦੋਵਾਂ ਸਪਲੀਮੈਂਟਰੀ ਐਲਐਲਪੀ ਸਮਝੌਤੇ ਮਿਤੀ 27.03.2026 ਦੇ ਆਧਾਰ 'ਤੇ ਉਦਯੋਗਿਕ ਪਲਾਟ ਨੰਬਰ 192, ਉਦਯੋਗਿਕ ਖੇਤਰ, ਫੇਜ਼-2, ਚੰਡੀਗੜ੍ਹ ਦੇ ਸਬੰਧ ਵਿੱਚ 100% ਹਿੱਸੇਦਾਰੀ ਦੀ ਹੱਦ ਤੱਕ ਅਰਜ਼ੀ ਦਿੱਤੀ ਹੈ।

ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕਰਨ ਵਾਲੇ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ ਪੇਸ਼ ਕਰ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦਾ ਇੰਤਕਾਲ ਉਸੇ ਅਨੁਸਾਰ ਕੀਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਪ੍ਰਧੁਮਨ ਸਿੰਘ,
ਸਹਾਇਕ ਅਸਟੇਟ ਅਫ਼ਸਰ-III, ਅਸਟੇਟ ਅਫ਼ਸਰ, ਯੂ.ਟੀ.,
ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।

ਉੱਤਰ ਰੇਲਵੇ
ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਅੰਬਾਲਾ ਛਾਵਣੀ ਦੁਆਰਾ ਈ-ਨੀਲਾਮੀ ਕੀਤੀ ਜਾਵੇਗੀ ਵੇਰਵਾ ਸਾਰਣੀਬੱਧ ਹੈ।

ਲ. ਨੰ:	ਕੈਟਗਰੀ ਅਤੇ ਵੇਰਵਾ	ਈ-ਕੈਟਲਾਗ	ਰੇਲਵੇ ਸਟੇਸ਼ਨ ਦਾ ਨਾਮ	ਰੇਲਵੇ ਸਟੇਸ਼ਨ ਦੇ ਨਾਮ
1	04 ਰੇਲਵੇ ਸਟੇਸ਼ਨ ਉਤੇ, ਪੇ ਅਤੇ ਯੂਜ਼ ਪਖਾਨਾ ਦੇ ਸੰਚਾਲਨ ਅਤੇ ਰੱਖ - ਰੱਖਾਵ ਦਾ ਠੇਕਾ।	UMB-PnUToi-6-26	ਅੰਬਾਲਾ ਸਿਟੀ, ਮਲੇਰਕੋਟਲਾ, ਅੰਬਅੰਦੋਰਾ ਅਤੇ ਬਠਿੰਡਾ (P/F-5/7)।	18.06.2026 ਨੂੰ 15:00 ਵਜੇ

ਈ-ਨੀਲਾਮੀ ਲੀਜਿੰਗ ਮੰਗ ਸੂਚਨਾ, ਨੀਲਾਮੀ ਪ੍ਰਪੱਤ, ਇਕ ਵਾਰ ਰਜਿਸਟਰੈਸ਼ਨ ਤੇ ਜ਼ਿਆਦਾ ਜਾਣਕਾਰੀ ਲਈ ਰੇਲਵੇ ਵੈੱਬਸਾਈਟ www.ireps.gov.in ਉਤੇ ਜਾਏ।
1999/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਭਗਵੰਤ ਮਾਨ ਦੀ ਆਪ ਸਰਕਾਰ 2027 ਵਿੱਚ ਦੁਬਾਰਾ ਆਵੇਗੀ : ਚੇਅਰਮੈਨ ਰਾਜਾ

ਫਤਿਹਗੜ੍ਹ ਸਾਹਿਬ, 11 ਜੂਨ (ਨਰਿੰਦਰ ਸਿੰਘ) ਮਾਰਕੀਟ ਕਮੇਟੀ ਚਨਾਰਥਲ ਦੇ ਚੇਅਰਮੈਨ ਰਸ਼ਿੰਦਰ ਸਿੰਘ ਰਾਜਾ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਪੰਜਾਬ ਇੱਕ ਵਾਰ ਫਿਰ ਇਤਿਹਾਸ ਰਚਣ ਲਈ ਤਿਆਰ ਹੈ। ਉਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦੁਬਾਰਾ ਬਣਨ ਜਾ

ਰਹੀ ਹੈ। ਇਹ ਨਾ ਸਿਰਫ਼ ਇੱਕ ਭਵਿੱਖਬਾਣੀ ਹੈ ਬਲਕਿ ਪੰਜਾਬ ਦੇ ਲੱਖਾਂ ਲੋਕਾਂ ਦਾ ਅਟੱਲ ਵਿਸ਼ਵਾਸ ਅਤੇ ਤਜਰਬਾ ਹੈ। ਰਾਜਾ ਨੇ ਅੱਗੇ ਦੱਸਿਆ ਕਿ ਪਿਛਲੀਆਂ ਚੋਣਾਂ ਵਿੱਚ ਆਪ ਨੇ ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਅਤੇ ਲੁੱਟ ਦੀ ਰਾਜਨੀਤੀ ਖਤਮ ਕਰਨ ਦਾ ਵਾਅਦਾ ਕੀਤਾ ਸੀ। ਭਗਵੰਤ ਮਾਨ ਦੀ ਸਰਕਾਰ ਨੇ ਉਸ ਵਾਅਦੇ ਨੂੰ ਧਰਤੀ ਉੱਤੇ ਉਤਾਰ ਕੇ ਦਿਖਾਇਆ ਹੈ। ਆਪਣੇ ਪਹਿਲੇ ਟਰਮ ਵਿੱਚ ਸਰਕਾਰ ਨੇ ਸਿਹਤ, ਖੇਤੀ, ਰੁਜ਼ਗਾਰ ਅਤੇ ਵਿਕਾਸ ਦੇ ਖੇਤਰ ਵਿੱਚ ਅਭੂਤਪੂਰਵ ਕੰਮ ਕੀਤੇ ਹਨ। ਮੁਫਤ ਬਿਜਲੀ, ਮੁਫਤ ਇਲਾਜ, ਖੇਤੀਬਾੜੀ ਲਈ ਨਵੀਆਂ ਯੋਜਨਾਵਾਂ, ਨੌਜਵਾਨਾਂ ਲਈ ਰੁਜ਼ਗਾਰ ਮੁਹਿੰਮਾਂ ਅਤੇ ਭ੍ਰਿਸ਼ਟ ਤੱਤਾਂ ਉੱਤੇ ਕਾਰਵਾਈ ਨੇ ਲੋਕਾਂ ਦੇ ਦਿਲ ਜਿੱਤ ਲਏ ਹਨ। ਅੱਗੇ ਦੱਸਦਿਆਂ ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਨਿਡਰ ਅਤੇ ਲੋਕ-ਪੱਖੀ ਲੀਡਰਸ਼ਿਪ ਨੇ ਪੰਜਾਬ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ। ਉਨ੍ਹਾਂ ਨੇ ਆਪਣੀਆਂ ਤਾਕਤਾਂ ਨਾਲ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਿਆ ਅਤੇ ਹਰ ਸਮੱਸਿਆ ਨੂੰ ਗੰਭੀਰਤਾ ਨਾਲ ਹੱਲ ਕੀਤਾ। ਇਸ ਲਈ ਪੰਜਾਬੀਆਂ ਵਿੱਚ ਇੱਕ ਆਵਾਜ਼ ਉਠ ਰਹੀ ਹੈ - ਫਿਰ ਭਗਵੰਤ, ਫਿਰ ਆਪ। ਲੋਕਾਂ ਨੂੰ ਯਕੀਨ ਹੈ ਕਿ 2027 ਵਿੱਚ ਆਪ ਇੱਕ ਵਾਰ ਫਿਰ ਬਹੁਮਤ ਨਾਲ ਸਰਕਾਰ ਬਣਾਏਗੀ ਅਤੇ ਪੰਜਾਬ ਨੂੰ ਵਿਕਾਸ ਦੀ ਨਵੀਂ ਉਚਾਈਆਂ ਤੱਕ ਲੈ ਜਾਵੇਗੀ। ਚੇਅਰਮੈਨ ਰਾਜਾ ਨੇ ਦੱਸਿਆ ਇਸ ਵਾਰ ਸਰਕਾਰ ਦਾ ਏਜੰਡਾ ਹੋਰ ਵੀ ਵਿਸਤ੍ਰਿਤ ਹੋਵੇਗਾ। ਨੌਜਵਾਨਾਂ ਲਈ ਰੁਜ਼ਗਾਰ, ਖੇਤੀ ਨੂੰ ਆਧੁਨਿਕ ਬਣਾਉਣ ਲਈ ਟੈਕਨਾਲੋਜੀ ਅਤੇ ਇਨਫਰਾਸਟ੍ਰਕਚਰ, ਔਰਤਾਂ ਅਤੇ ਬੱਚਿਆਂ ਲਈ ਸੁਰੱਖਿਆ ਅਤੇ ਸਸ਼ਕਤੀਕਰਨ, ਸਿੱਖਿਆ ਵਿਵਸਥਾ ਨੂੰ ਮਜ਼ਬੂਤ ਬਣਾਉਣਾ ਅਤੇ ਉਦਯੋਗਾਂ ਨੂੰ ਉਤਸ਼ਾਹਿਤ ਕਰਨਾ ਇਸ ਦੀਆਂ ਮੁੱਖ ਤਰਜੀਹਾਂ ਹੋਣਗੀਆਂ। ਭਗਵੰਤ ਮਾਨ ਦੀ ਅਗਵਾਈ ਵਾਲੀ ਟੀਮ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਲੋਕਾਂ ਦੀ ਭਲਾਈ ਲਈ ਕੰਮ ਕਰਨ ਵਾਲੀ ਸਰਕਾਰ ਸੰਭਵ ਹੈ। ਵਿਰੋਧੀ ਧਿਰਾਂ ਵੱਲੋਂ ਲਗਾਏ ਜਾ ਰਹੇ ਝੂਠੇ ਇਲਜ਼ਾਮ ਅਤੇ ਭ੍ਰਮ ਫੈਲਾਉਣ ਵਾਲੀਆਂ ਰਣਨੀਤੀਆਂ ਲੋਕ ਇਸ ਵਾਰ ਵੀ ਰੱਦ ਕਰ ਦੇਣਗੇ। ਪੰਜਾਬ ਵਾਸੀਆਂ ਨੇ ਤਜਰਬੇ ਤੋਂ ਸਿੱਖਿਆ ਹੈ ਕਿ ਪੁਰਾਣੀਆਂ ਤਾਕਤਾਂ ਵਾਪਸ ਆਉਣ ਤੋਂ ਬਾਅਦ ਫਿਰ ਉਹੀ ਭ੍ਰਿਸ਼ਟਾਚਾਰ, ਗੁੰਡਾਗਰਦੀ ਅਤੇ ਲੁੱਟ ਵਾਪਸ ਆ ਜਾਵੇਗੀ। ਇਸ ਲਈ ਉਹ ਭਗਵੰਤ ਮਾਨ ਵਰਗੀ ਸਾਫ਼-ਸੁਥਰੀ ਅਤੇ ਲੋਕ-ਪੱਖੀ ਲੀਡਰਸ਼ਿਪ ਨੂੰ ਹੋਰ ਮਜ਼ਬੂਤ ਕਰਨਾ ਚਾਹੁੰਦੇ ਹਨ। ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਜਦੋਂ ਲੋਕ ਇੱਕਜੁੱਟ ਹੋ ਜਾਂਦੇ ਹਨ ਤਾਂ ਉਹ ਅਸੰਭਵ ਨੂੰ ਸੰਭਵ ਬਣਾ ਦਿੰਦੇ ਹਨ। 2022 ਵਿੱਚ ਆਪ ਨੇ ਇੱਕ ਵੱਡਾ ਇਤਿਹਾਸ ਰਚਿਆ ਅਤੇ 2027 ਵਿੱਚ ਉਸ ਇਤਿਹਾਸ ਨੂੰ ਹੋਰ ਮਜ਼ਬੂਤੀ ਨਾਲ ਦੁਹਰਾਉਣ ਲਈ ਤਿਆਰ ਹੈ।

ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਪੱਧਰੀ ਵਿਜੀਲੈਂਸ ਅਤੇ ਮਾਨੀਟਰਿੰਗ ਕਮੇਟੀ ਦੀ ਮੀਟਿੰਗ

ਨਵਾਂਸ਼ਹਿਰ, 11 ਜੂਨ:(ਸੁਖਦੇਵ ਸਿੰਘ ਉੜਾਪੜ) ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ The Prohibition of Employment as Manual Scavenger and their Rehabilitation Act 2013 ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਪੱਧਰੀ ਵਿਜੀਲੈਂਸ ਅਤੇ ਮੋਨੀਟਰਿੰਗ ਕਮੇਟੀ ਕਰਵਾਈ ਗਈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਰਕਾਰ ਦੀਆਂ ਹਦਾਇਤਾਂ ਅਤੇ ਮੈਨੂਅਲ ਸਕਵੈਂਜਰ ਐਕਟ 2013 ਦੀ ਪਾਲਣਾਂ ਨੂੰ ਯਕੀਨੀ ਬਣਾਉਣ। ਮੀਟਿੰਗ ਵਿੱਚ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਰਵਿੰਦਰ ਪਾਲ ਸਿੰਘ ਸੰਧੂ ਨੇ ਮੀਟਿੰਗ ਵਿੱਚ ਹਾਜ਼ਰ ਅਧਿਕਾਰੀਆਂ ਅਤੇ ਗੈਰ ਸਰਕਾਰੀ ਮੈਂਬਰਾਂ ਨੂੰ ਮੈਨੂਅਲ ਸਕਵੈਂਜਰ ਐਕਟ, 2013 ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਐਕਟ ਤਹਿਤ ਮਲੀਨ ਕਿੱਤਾ ਕਰਨ ਵਾਲੇ ਮਜਦੂਰਾਂ ਦੀ ਭਾਲ ਕਰਕੇ ਉਨ੍ਹਾਂ ਨੂੰ ਇਸ ਕੰਮ ਤੋਂ ਨਿਜਾਤ ਦਿਵਾਉਣਾ, insanitary latrine ਨੂੰ ਖਤਮ ਕਰਨਾ ਜਾਂ insanitary latrine ਤੋਂ sanitary latrine ਵਿੱਚ ਕੰਨਵਰਟ ਕਰਨਾ ਇਸ ਐਕਟ ਦਾ ਮੁੱਖ ਮੰਤਵ ਹੈ। ਇਸ ਐਕਟ ਤਹਿਤ ਭਾਰਤ ਸਰਕਾਰ ਵਲੋਂ 01 ਫਰਵਰੀ 2024 ਦੀਆਂ ਗਾਈਡਲਾਈਨਜ ਅਨੁਸਾਰ ਜਿਲ੍ਹਾ ਪੱਧਰੀ ਸਰਵੇ ਕਮੇਟੀ ਵੀ ਗਠਿਤ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਲੋਕਲ ਬਾਡੀ ਵਿਭਾਗ ਵਲੋਂ ਜਿਲ੍ਹੇ ਅੰਦਰ ਮੈਨੂੰਅਲ ਸਕਵੈਜਰ ਸਬੰਧੀ ਸਰਵੇ ਕਰਵਾਇਆ ਗਿਆ ਸੀ, ਜਿਸ ਸਬੰਧੀ ਵੱਖ ਵੱਖ ਕਾਰਜ ਸਾਧਕ ਅਫਸਰਾਂ ਅਤੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ ਵਲੋਂ ਨਿੱਲ ਰਿਪੋਰਟ ਭੇਜੀ ਗਈ ਸੀ। ਇਸ ਰਿਪੋਰਟ ਦੇ ਸਨਮੁੱਖ ਡਿਪਟੀ ਕਮਿਸ਼ਨਰ ਵਲੋਂ ਸ਼ਹੀਦ ਭਗਤ ਸਿੰਘ ਨਗਰ ਨੂੰ ਮੈਨੂੰਅਲ ਸਕਵੈਜਰ ਮੁਕਤ ਜਿਲ੍ਹਾ ਘੋਸ਼ਿਤ ਕੀਤਾ ਗਿਆ ਸੀ ਅਤੇ ਜਿਸਦੀ ਰਿਪੋਰਟ ਨਮਸਤੇ ਪੋਰਟਲ ਤੇ ਵੀ ਅਪਲੋਡ ਕਰਦੇ ਹੋਏ ਇਸਦੀ ਸੂਚਨਾਂ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਨੂੰ ਵੀ ਭੇਜ ਦਿੱਤੀ ਗਈ ਸੀ। ਉਨ੍ਹਾਂ ਦੱਸਿਆ ਕਿ ਸਾਲ 2025-26 ਦੌਰਾਨ ਵੀ ਵੱਖ-ਵੱਖ ਕਾਰਜ ਸਾਧਕ ਅਫਸਰਾਂ ਅਤੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ ਵਲੋਂ ਮੈਨੂਅਲ ਸਕਵੈਜਰ ਸਬੰਧੀ ਰਿਪੋਰਟ ਨਿਲ ਪ੍ਰਾਪਤ ਹੋਈ ਹੈ। ਸਰਕਾਰ ਦੇ ਹੁਕਮਾਂ ਅਨੁਸਾਰ ਸਬ ਡਵੀਜਨ ਪੱਧਰ ਨਵਾਂਸ਼ਹਿਰ ਤੇ ਮਿਤੀ 10-06-2026 ਨੂੰ ਉੱਪ ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਦੀ ਪ੍ਰਧਾਨਗੀ ਹੇਠ ਮੀਟਿੰਗ ਕਰਵਾਈ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਵੱਲੋਂ ਇਸ ਤੋਂ ਬਾਅਦ ਅਨੁਸੂਚਿਤ ਜਾਤੀਆਂ ਤੇ ਅਨੁਸੂਚਿਤ ਕਬੀਲਿਆਂ ਤੇ ਅੱਤਿਚਾਰ ਰੋਕਥਾਮ ਐਕਟ 1989 ਤਹਿਤ ਜਿਲ੍ਹਾ ਪੱਧਰੀ ਵਿਜੀਲੈਂਸ ਅਤੇ ਮੈਨੀਟਰਿੰਗ ਕਮੇਟੀ ਦੀ ਮੀਟਿੰਗ ਦੀ ਮੀਟਿੰਗ ਕੀਤੀ ਗਈ।

ਮਾਤਾ ਗੁਜਰੀ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ ਵਿਸ਼ੇਸ਼ ਪਲੇਸਮੈਂਟ ਡਰਾਈਵ

ਫ਼ਤਹਿਗੜ੍ਹ ਸਾਹਿਬ, 11 ਜੂਨ (ਹਰਪ੍ਰੀਤ ਕੌਰ ਟਿਵਾਣਾ) ਮਾਤਾ ਗੁਜਰੀ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ ਨਾਮਵਰ ਉਦਯੋਗਿਕ ਕੰਪਨੀ ਟਰਾਈਡੈਂਟ ਗਰੁੱਪ ਦੇ ਸਹਿਯੋਗ ਨਾਲ ਕਾਲਜ ਦੇ ਬੀ.ਐਸ.ਸੀ. ਐਗਰੀਕਲਚਰ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਕੈਂਪਸ ਪਲੇਸਮੈਂਟ ਡਰਾਈਵ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਮੌਕੇ ਟਰਾਈਡੈਂਟ ਗਰੁੱਪ ਦੇ ਅਧਿਕਾਰੀਆਂ ਦੀ ਟੀਮ ਨੇ ਕਾਲਜ ਕੈਂਪਸ ਦਾ ਦੌਰਾ ਕੀਤਾ ਜਿਸ ਵਿੱਚ ਕੌਟਨ ਸੋਰਸਿੰਗ ਦੇ ਗਰੁੱਪ ਹੈੱਡ ਸਤੀਸ਼ ਕੁਮਾਰ ਅਰੋੜਾ, ਕੌਟਨ ਪ੍ਰੋਕਿਊਰਮੈਂਟ ਦੇ ਹੈੱਡ ਉਦੈ ਸਿੰਘ ਅਤੇ ਹਿਊਮਨ ਰਿਸੋਰਸ ਬਿਜ਼ਨਸ ਪਾਰਟਨਰ ਸੋਨੂ ਸ਼ਾਮਲ ਸਨ।

ਪਲੇਸਮੈਂਟ ਡਰਾਈਵ ਦੌਰਾਨ ਵਿਦਿਆਰਥੀਆਂ ਨੂੰ ਕੰਪਨੀ ਦੀ ਕਾਰਜ-ਪ੍ਰਣਾਲੀ, ਰੁਜ਼ਗਾਰ ਦੇ ਮੌਕਿਆਂ ਅਤੇ ਖੇਤੀਬਾੜੀ ਖੇਤਰ ਵਿੱਚ ਉਪਲਬਧ ਕਰੀਅਰ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਡਰਾਈਵ ਵਿੱਚ ਕੁੱਲ 28 ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ ਅਤੇ ਇੰਟਰਵਿਊ ਦੇ ਵੱਖ-ਵੱਖ ਪੜਾਵਾਂ ਵਿੱਚ ਆਪਣੀ ਯੋਗਤਾ ਦਾ ਪ੍ਰਦਰਸ਼ਨ ਕੀਤਾ। ਵਰਣਨਯੋਗ ਹੈ ਕਿ ਇਹ ਭਰਤੀ ਮੁਹਿੰਮ ਕੌਟਨ ਪ੍ਰੋਕਿਊਰਮੈਂਟ ਅਫ਼ਸਰ ਦੇ ਅਹੁਦੇ ਲਈ ਆਯੋਜਿਤ ਕੀਤੀ ਗਈ ਸੀ ਜਿਸ ਲਈ ਸਾਲਾਨਾ 7.2 ਲੱਖ ਰੁਪਏ ਤੱਕ ਦਾ ਆਕਰਸ਼ਕ ਪੈਕੇਜ ਨਿਰਧਾਰਤ ਕੀਤਾ ਗਿਆ ਹੈ। ਇੰਟਰਵਿਊ ਪ੍ਰਕਿਰਿਆ ਪੂਰੀ ਹੋਣ ਉਪਰੰਤ ਚੋਣ ਦੇ ਅੰਤਿਮ ਨਤੀਜੇ ਜਲਦ ਹੀ ਟਰਾਈਡੈਂਟ ਗਰੁੱਪ ਵੱਲੋਂ ਐਲਾਨੇ ਜਾਣਗੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਵਿੱਦਿਆ ਇੰਜੀਨੀਅਰ ਸ੍ਰ. ਸੁਖਮਿੰਦਰ ਸਿੰਘ ਨੇ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਾਲਜ ਵੱਲੋਂ ਸਮੇਂ-ਸਮੇਂ @ਤੇ ਆਯੋਜਿਤ ਰੁਜ਼ਗਾਰ ਮੇਲੇ ਵਿਦਿਆਰਥੀਆਂ ਨੂੰ ਉਦਯੋਗ ਦੀਆਂ ਪ੍ਰਮੁੱਖ ਕੰਪਨੀਆਂ ਨਾਲ ਜੁੜਨ ਦੇ ਨਾਲ-ਨਾਲ ਕਾਰਪੋਰੇਟ ਸੈਕਟਰਾਂ ਵਿੱਚ ਸਿਖਲਾਈ ਹਾਸਲ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕਰਦੇ ਹਨ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਸੰਧੂ ਨੇ ਪਲੇਸਮੈਂਟ ਡਰਾਈਵ ਵਿੱਚ ਹਿੱਸਾ ਲੈ ਰਹੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਵਿਦਿਆਰਥੀ ਜੀਵਨ ਦੌਰਾਨ ਹੀ ਆਪਣੇ ਸੁਨਹਿਰੀ ਭਵਿੱਖ ਲਈ ਰੁਜ਼ਗਾਰ ਦੇ ਸੰਭਾਵਿਤ ਮੌਕੇ ਤਲਾਸ਼ ਕਰਨੇ ਚਾਹੀਦੇ ਹਨ ਅਤੇ ਇਸ ਉਦੇਸ਼ ਲਈ ਕਾਲਜ ਹਮੇਸ਼ਾਂ ਹੀ ਯਤਨਸ਼ੀਲ ਰਹਿੰਦਾ ਹੈ।

ਕਾਲਜ ਦੇ ਡੀਨ ਪਲੇਸਮੈਂਟ ਡਾ. ਕਮਲਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਵੱਲੋਂ ਸਮੇਂ-ਸਮੇਂ @ਤੇ ਵਿਦਿਆਰਥੀਆਂ ਨੂੰ ਬਿਹਤਰ ਭਵਿੱਖ ਪ੍ਰਦਾਨ ਕਰਨ ਅਤੇ ਰੁਜ਼ਗਾਰ ਦੇ ਅਵਸਰ ਮੁਹਈਆ ਕਰਵਾਉਣ ਲਈ ਅਜਿਹੇ ਰੁਜ਼ਗਾਰ ਮੇਲੇ ਆਯੋਜਿਤ ਕੀਤੇ ਜਾਂਦੇ ਹਨ। ਕਾਲਜ ਦੇ ਪਲੇਸਮੈਂਟ ਅਫ਼ਸਰ ਡਾ. ਸੌਰਵ ਸ਼ਰਮਾ ਨੇ ਭਰਤੀ ਟੀਮ ਦੇ ਅਧਿਕਾਰੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਵਧੀਆ ਮੌਕੇ ਉਪਲਬਧ ਕਰਵਾਉਣ ਪ੍ਰਤੀ ਕਾਲਜ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਡਰਾਈਵ ਦੇ ਸਫ਼ਲ ਆਯੋਜਨ ਵਿਚ ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਸੰਤੋਸ਼ ਕੁਮਾਰ ਅਤੇ ਡਾ. ਸੰਦੀਪ ਕੁਮਾਰ ਸਿੰਘ ਨੇ ਮਹੱਤਵਪਰਨ ਯੋਗਦਾਨ ਪਾਇਆ।

ਨਗਰ ਪੰਚਾਇਤ ਦੇਵੀਗੜ੍ਹ
ਜ਼ਿਲ੍ਹਾ ਪਟਿਆਲਾ
ਪੰਜਾਬ ਸਰਕਾਰ
ਟੈਂਡਰ/ਆਰਐਫਪੀ ਹਵਾਲਾ ਨੰਬਰ EPROC.NP ਦੇਵੀਗੜ੍ਹ/2026-27/02
ਨਗਰ ਪੰਚਾਇਤ ਦੇਵੀਗੜ੍ਹ ਦੇ ਵਿਭਾਗ ਵੱਲੋਂ ਸਿਵਲ ਕੰਮਾਂ/ਹੋਰ ਕੰਮਾਂ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ।
ਬੰਦ ਹੋਣ ਦੀ ਮਿਤੀ ਅਤੇ ਸਮਾਂ : 23.06.26 (ਸਵੇਰੇ 10.00 ਵਜੇ)
ਵੇਰਵਿਆਂ ਲਈ ਲਾਗ ਆਨ ਕਰੋ :**https://eproc.punjab.gov.in**
ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।
ਸਹੀ/-ਕਾਰਜਕਾਰੀ ਅਧਿਕਾਰੀ,
ਨਗਰ ਪੰਚਾਇਤ ਦੇਵੀਗੜ੍ਹ
RO.No.PR-Advt.No.: 3031/12/2026-27/12232/Dated CHD : 11/06/2026

PSPCL Punjab State Power Corporation Limited
Office of Addl Superintending Engineer, Central Store, Malout
E-mail : xen-cs-malout@pspcl.in
Regd. Office : PSEB Head Office, The Mall, Patiala - 147001
Corporate Identity Number : U40109PB2010SGC033813 Website : www.pspcl.in

ਟੈਂਡਰ ਇਨਕੁਆਇਰੀ ਨੰ. 01/2026-27 CS Malout — **ਮਿਤੀ : 12.06.2026**
ਟੈਂਡਰ ਇਨਕੁਆਇਰੀ
ਵਧੀਕ ਨਿਗਰਾਨ ਇੰਜੀਨੀਅਰ ਕੇਂਦਰੀ ਭੰਡਾਰ, ਮਲੋਟ ਵੱਲੋਂ ਵੱਖ-ਵੱਖ ਸਟੋਰਾਂ ਲਈ 4 ਨੰ. ਗੱਡੀਆਂ (2 ਨੰ. 9 ਟਨ ਕਪੈਸਟੀ ਟਰੱਕ (1 ਨੰ. ਕੇਂਦਰੀ ਭੰਡਾਰ, ਮਲੋਟ, ਟੀ.ਆਰ.ਵਾਈ., ਮਲੋਟ ਅਤੇ 1 ਨੰ. ਸਬ ਸਟੋਰ, ਫਾਜ਼ਿਲਕਾ ਲਈ) ਅਤੇ 2 ਨੰ. 6 ਟਨ ਕਪੈਸਟੀ ਟਰੱਕ (1 ਨੰ. ਕੇਂਦਰੀ ਭੰਡਾਰ, ਮਲੋਟ, ਟੀ.ਆਰ.ਵਾਈ., ਮਲੋਟ ਅਤੇ 1 ਨੰ. ਸਬ ਸਟੋਰ, ਫਾਜ਼ਿਲਕਾ ਲਈ) ਦੀ ਮੰਗ ਸਮੇਤ ਲੇਬਰ, ਜ਼ਰੂਰੀ ਟੀ.ਐਂਡ ਪੀ. ਅਤੇ ਘੱਟੋ-ਘੱਟ 12 MT ਸਮਰੱਥਾ ਵਾਲੀਆਂ 2 ਨੰ. ਕਰੇਨਾਂ (1 ਨੰ. ਕੇਂਦਰੀ ਭੰਡਾਰ, ਮਲੋਟ, ਟੀ.ਆਰ.ਵਾਈ., ਮਲੋਟ ਅਤੇ 1 ਨੰ. ਸਬ ਸਟੋਰ, ਫਾਜ਼ਿਲਕਾ ਲਈ), ਢੋਆ-ਢੁਆਈ, ਲਦਾਈ ਲੁਹਾਈ ਅਤੇ ਸਟੋਰ/ਟੀ.ਆਰ.ਵਾਈ. ਵਿੱਚ ਪਏ ਸਮਾਨ (ਪੀ.ਸੀ.ਸੀ. ਪੋਲ, ਟ੍ਰਾਂਸਫਾਰਮਰ, ਚੈਨਲ, ਐਂਗਲ, ਫਲੈਟ ਵਗੈਰਾਂ) ਦੀ ਸ਼ਟੈਕਿੰਗ ਕਰਨ ਵਾਸਤੇ, ਇੰਟਰ ਸਟੋਰ ਅਤੇ ਮਹਿਕਮੇ ਦੇ ਦੂਸਰੇ ਕੰਮ ਵਾਲੀਆਂ ਥਾਵਾਂ ਉਤੇ ਮਹਿਕਮੇ ਦੀ ਜ਼ਰੂਰਤ ਅਨੁਸਾਰ ਸਮਾਨ ਦੀ ਢੋਆ-ਢੁਆਈ ਲਈ ਗੱਡੀਆਂ ਉਪਲਬੱਧ ਕਰਵਾਉਣ ਸਬੰਧੀ। ਇਸ ਤੋਂ ਇਲਾਵਾ, ਸਟੋਰ/ਟੀ.ਆਰ.ਵਾਈ. ਵਿਖੇ ਵੱਖ-ਵੱਖ ਜ਼ਰੂਰਤ ਅਨੁਸਾਰ ਭਾੜੇ ਦੇ ਵਾਹਨ, ਪੀ.ਐਸ.ਪੀ.ਸੀ.ਐਲ. ਵਾਹਨ ਜਾਂ ਪੀ.ਐਸ.ਪੀ.ਸੀ.ਐਲ. ਦੁਆਰਾ ਸਮਾਨ ਦੀ ਢੋਆ-ਢੁਆਈ ਲਈ ਪ੍ਰਵਾਨਿਤ ਕਿਸੇ ਹੋਰ ਵਾਹਨ ਵਿੱਚ/ਤੋਂ ਕਿਸੇ ਵੀ ਸਮਾਨ ਦੀ ਲੋਡਿੰਗ, ਅਨਲੋਡਿੰਗ ਅਤੇ ਸਟੈਕਿੰਗ ਠੇਕੇਦਾਰ ਦੀ ਜ਼ਿੰਮੇਵਾਰੀ ਹੋਵੇਗੀ। ਸਟੋਰ ਨਾਲੋਂ ਵੱਖਰੀ ਥਾਂ ਤੇ ਸਥਿਤ ਟੀ.ਆਰ.ਵਾਈ. ਵਿਖੇ ਸਮਾਨ ਦੀ ਢੋਆ-ਢੁਆਈ, ਲੁਹਾਈ, ਲਦਾਈ ਅਤੇ ਸਟੈਕਿੰਗ ਦਾ ਕੰਮ ਵੀ ਠੇਕੇਦਾਰ ਦੇ ਕੰਮ ਦੇ ਸਕੋਪ ਵਿੱਚ ਸ਼ਾਮਿਲ ਹੋਵੇਗਾ। ਵਿਸਤ੍ਰਿਤ ਐਨ.ਆਈ.ਟੀ. ਅਤੇ ਟੈਂਡਰ ਸਪੈਸੀਫਿਕੇਸ਼ਨ ਲਈ https://eproc.punjab.gov.in ਤੋਂ ਮਿਤੀ 12.06.2026 ਨੂੰ ਸ਼ਾਮ 12:00 ਵਜੇ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।
ਨੋਟ : ਕੋਈ ਵੀ ਸੁੱਧੀ/ਪੱਤਰ ਵਾਧਾ ਜੇਕਰ ਹੋਵੇ ਤਾਂ **https://eproc.punjab.gov.in** ਉੱਪਰ ਹੀ ਅਪਲੋਡ ਕੀਤਾ ਜਾਵੇਗਾ।
C 641/26
Ro No.: PR-Advt. No.: 1079 / 12 / 2026-27 / 12250 / Dated CHD : 11.06.2026

ਪੰਜਾਬ ਸਰਕਾਰ
ਕੰਮਾਂ ਲਈ ਟੈਂਡਰ/ਆਰਐਫਪੀ
ਟੈਂਡਰ ਸੂਚਨਾ ਹਵਾਲਾ ਨੰਬਰ ਐਮਸੀਜੇ/ਓਐਮ/2026-27/27 ਅਤੇ 104/ਸੀਈ/ਡਬਲਿਊਐਸ/ਜੀ ਮਿਤੀ 09.06.2026
ਨਗਰ ਨਿਗਮ ਜਲੰਧਰ ਦੇ ਵਿਭਾਗ ਵੱਲੋਂ ਨਿਮਨ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ :- ਜਲੰਧਰ ਸ਼ਹਿਰ ਵਿਚ 158 ਅਦਦ ਟਿਊਬਵੈਲਾਂ ਦੇ ਲਈ ਕਲੋਰੀਨ ਡੋਜ਼ਰਾਂ ਦੀ ਵਿਵਸਥਾ/ਸਥਾਪਨਾ ਲਈ ਓ ਅਤੇ ਐਮ ਸ਼ਾਖਾ ਨਾਲ ਸਬੰਧਤ 01 ਕੰਮ (ਕੰਮ ਦੇ ਵੇਰਵੇ ਵੈਬਸਾਈਟ 'ਤੇ ਦਰਸਾਏ ਅਨੁਸਾਰ)
ਬੰਦ ਹੋਣ ਦੀ ਮਿਤੀ ਅਤੇ ਸਮਾਂ :- (ਪਹਿਲਾ ਯਤਨ)
ਟੈਂਡਰ ਦੀ ਉਪਲਬਧਤਾ :- 10.06.2026, ਬਾ.ਦੁ. 14.00 ਵਜੇ
ਟੈਂਡਰ ਜਮ੍ਹਾਂ ਕਰਨ ਲਈ ਆਖ਼ਰੀ ਮਿਤੀ :- 22.06.2026, ਬਾ.ਦੁ. 14.00 ਵਜੇ
ਵੇਰਵਿਆਂ ਲਈ ਲਾਗ ਆਨ ਕਰੋ : **eproc.punjab.gov.in**
ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।
ਸਰਕਾਰੀ ਪੱਤਰ ਹਵਾਲਾ ਨੰਬਰ ਜੇਡੀਈਐਲਜੀ/ਪੀਆਰਯੂ/ਡੀਐਲਜੀ/2021/1018-23 ਮਿਤੀ 13.05.2021 ਦੇ ਅਨੁਸਾਰ
ਸਹੀ/- ਨਿਗਮ ਇੰਜੀਨੀਅਰ,
ਨਗਰ ਨਿਗਮ ਜਲੰਧਰ
RO.No.PR-Advt.No. : 1911/12/2026-27/12226/Dated CHD : 11/06/2026

ਦਫਤਰ ਨਗਰ ਕੌਂਸਲ ਫਾਜ਼ਿਲਕਾ ਜ਼ਿਲ੍ਹਾ ਫਾਜ਼ਿਲਕਾ
ਈ-ਨਿਲਾਮੀ
E O/MC/Fazilka/2026-27-02
ਨਗਰ ਕੌਂਸਲ ਫਾਜ਼ਿਲਕਾ ਵੱਲੋਂ ਆਪਣੀ ਮਾਲਕੀ ਵਾਹੀਯੋਗ ਜ਼ਮੀਨ ਦੇ ਪਲਾਟਾਂ ਨੂੰ 2 ਸਾਲਾਂ ਲਈ ਈ. ਆਕਸ਼ਨ ਪ੍ਰਣਾਲੀ ਰਾਹੀਂ ਠੇਕੇ ਤੇ ਦਿੱਤੇ ਜਾਣੇ ਹਨ ਜਿਨ੍ਹਾਂ ਨੂੰ ਠੇਕੇ ਤੇ ਜ਼ਮੀਨ ਲੈਣ ਦਾ ਸੁਨਹਿਰੀ ਮੌਕਾ ਆਮ ਲੋਕਾਂ ਨੂੰ ਦਿੱਤਾ ਜਾਂਦਾ ਹੈ ਅਤੇ ਹੇਠ ਦਰਸਾਏ ਅਨੁਸਾਰ ਬੋਲੀ ਦੀ ਪੇਸ਼ਕਸ਼ ਕਰਦਾ ਹੈ।

ਬਿਡਰ ਲਈ ਰਜਿਸਟ੍ਰੇਸ਼ਨ ਸ਼ੁਰੂ ਹੋਣ ਅਤੇ ਬਿਆਨਾ ਰਕਮ ਜਮ੍ਹਾਂ ਕਰਵਾਉਣ ਦੀ ਮਿਤੀ ਅਤੇ ਸਮਾਂ	10.06.2026 ਸਵੇਰੇ 10:00 ਵਜੇ
ਬਿਡਰ ਲਈ ਰਜਿਸਟ੍ਰੇਸ਼ਨ ਬੰਦ ਹੋਣ ਅਤੇ ਬਿਆਨਾ ਰਕਮ ਜਮ੍ਹਾਂ ਕਰਵਾਉਣ ਦੀ ਆਖ਼ਰੀ ਮਿਤੀ ਅਤੇ ਸਮਾਂ	21.06.2026 ਸ਼ਾਮ 3:00 ਵਜੇ
ਆਨਲਾਈਨ ਬਿਡ ਸ਼ੁਰੂ ਹੋਣ ਦੀ ਮਿਤੀ ਅਤੇ ਸਮਾਂ	21.06.2026 ਸ਼ਾਮ 5:00 ਵਜੇ
ਆਨਲਾਈਨ ਬਿਡ ਸ਼ੁਰੂ ਹੋਣ ਦੀ ਮਿਤੀ ਅਤੇ ਸਮਾਂ	22.06.2026 ਸ਼ਾਮ 5:00 ਵਜੇ
ਈ. ਆਕਸ਼ਨ ਪੋਰਟਲ	www.tenderwizard.com/DLGP

ਹੋਰ ਵਾਹੀਯੋਗ ਜ਼ਮੀਨ ਸਬੰਧੀ ਸ਼ਰਤਾਂ ਅਤੇ ਡਿਟੇਲ ਦਫਤਰੀ ਨੋਟਿਸ ਵੈੱਬਸਾਈਟ ਅਤੇ ਕਿਸੇ ਵੀ ਕੰਮਕਾਜ ਵਾਲੇ ਦਿਨ ਦਫਤਰ ਨਗਰ ਕੌਂਸਲ ਫਾਜ਼ਿਲਕਾ ਵਿਖੇ ਮੋਬਾਇਲ ਨੰ. 95017-04400, 98146-70132 ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।
ਸਹੀ/- ਸੁਪਰਡੰਟ, ਨਗਰ ਕੌਂਸਲ, ਫਾਜ਼ਿਲਕਾ — ਸਹੀ/- ਕਾਰਜਸਾਧਕ ਅਫਸਰ, ਨਗਰ ਕੌਂਸਲ, ਫਾਜ਼ਿਲਕਾ
Ro No. PR-Advt. No.: 1493 / 12 / 2026-27 / 12227 / Dated CHD : 11.06.2026

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ
ਰਜਿਸਟਰਡ ਦਫਤਰ : ਪੰ.ਰਾ.ਬਿ. ਬੋਰਡ, ਮੁੱਖ ਦਫਤਰ, ਦੀ ਮਾਲ, ਪਟਿਆਲਾ - 147001
ਕਾਰਪੋਰੇਸ਼ਨ ਪਹਿਚਾਣ ਨੰ.: U40109PB2010SGC033813
ਵੈੱਬਸਾਈਟ : www.pspcl.in
ਮੋਬਾਇਲ ਨੰਬਰ : 96461-21953
ਈ-ਟੈਂਡਰ ਇਨਕੁਆਇਰੀ ਨੰ. 03/CWL/2026-27
ਮਿਤੀ : 11.06.2026
ਵਧੀਕ ਨਿਗਰਾਨ ਇੰਜੀਨੀਅਰ ਸਿਵਲ ਨਿਰਮਾਣ ਮੰਡਲ ਪੀ.ਐਸ.ਪੀ.ਸੀ.ਐਲ. ਲੁਧਿਆਣਾ ਵੱਲੋਂ ਉਪਰੋਕਤ ਅਨੁਸਾਰ ਟੈਂਡਰ ਇਨਕੁਆਇਰੀ ਨੰ. 03/CWL/2026-27 ਬਾਬਤ 66 ਕੇ.ਵੀ. ਸਬ-ਸਟੇਸ਼ਨ Nawashaher ਵਿਖੇ Construction of Additional T/F Plinth & Allied civil works at 66 KV Sub Station Nawashahar ਦੇ ਕੰਮਾਂ ਲਈ ਈ-ਟੈਂਡਰ ਮੰਗੇ ਜਾਂਦੇ ਹਨ। ਵਿਸਤ੍ਰਿਤ ਟੈਂਡਰ ਮੰਗ ਨੋਟਿਸ ਅਤੇ ਟੈਂਡਰ ਸਪੈਸੀਫਿਕੇਸ਼ਨ https://eproc.punjab.gov.in ਤੇ ਮਿਤੀ 12.06.2026 ਸ਼ਾਮ 5:00 ਵਜੇ ਤੋਂ ਬਾਅਦ ਵੇਖੇ ਜਾ ਸਕਦੇ ਹਨ।
ਨੋਟ : ਸੋਧ ਸਬੰਧੀ ਵੇਰਵੇ ਵੈੱਬਸਾਈਟ https://eproc.punjab.gov.in ਤੇ ਵੇਖੇ ਜਾਣ।
C 644 / 26
Ro No. PR-Advt. No.: 1079 / 12 / 2026-27 / 12252 / Dated CHD : 11.06.2026

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ
ਰਜਿਸਟਰਡ ਦਫਤਰ : ਪੰ.ਰਾ.ਬਿ. ਬੋਰਡ, ਮੁੱਖ ਦਫਤਰ, ਦੀ ਮਾਲ, ਪਟਿਆਲਾ - 147001
ਕਾਰਪੋਰੇਸ਼ਨ ਪਹਿਚਾਣ ਨੰ.: U40109PB2010SGC033813
ਵੈੱਬਸਾਈਟ : www.pspcl.in
ਮੋਬਾਇਲ ਨੰਬਰ : 96461-21953
ਈ-ਟੈਂਡਰ ਇਨਕੁਆਇਰੀ ਨੰ. 04/CWL/2026-27
ਮਿਤੀ : 11.06.2026
ਵਧੀਕ ਨਿਗਰਾਨ ਇੰਜੀਨੀਅਰ ਸਿਵਲ ਨਿਰਮਾਣ ਮੰਡਲ ਪੀ.ਐਸ.ਪੀ.ਸੀ.ਐਲ. ਲੁਧਿਆਣਾ ਵੱਲੋਂ ਉਪਰੋਕਤ ਅਨੁਸਾਰ ਟੈਂਡਰ ਇਨਕੁਆਇਰੀ ਨੰ. 04/CWL/2026-27 ਬਾਬਤ 66 ਕੇ.ਵੀ. ਸਬ-ਸਟੇਸ਼ਨ Balachor ਵਿਖੇ Construction of Additional T/F Plinth & Allied civil works at 66 KV Sub Station Balachor ਦੇ ਕੰਮਾਂ ਲਈ ਈ-ਟੈਂਡਰ ਮੰਗੇ ਜਾਂਦੇ ਹਨ। ਵਿਸਤ੍ਰਿਤ ਟੈਂਡਰ ਮੰਗ ਨੋਟਿਸ ਅਤੇ ਟੈਂਡਰ ਸਪੈਸੀਫਿਕੇਸ਼ਨ https://eproc.punjab.gov.in ਤੇ ਮਿਤੀ 12.06.2026 ਸ਼ਾਮ 5:00 ਵਜੇ ਤੋਂ ਬਾਅਦ ਵੇਖੇ ਜਾ ਸਕਦੇ ਹਨ।
ਨੋਟ : ਸੋਧ ਸਬੰਧੀ ਵੇਰਵੇ ਵੈੱਬਸਾਈਟ https://eproc.punjab.gov.in ਤੇ ਵੇਖੇ ਜਾਣ।
C 645 / 26
Ro No. PR-Advt. No.: 1079 / 12 / 2026-27 / 12253 / Dated CHD : 11.06.2026

---

pstcl Punjab State Transmission Corporation Limited
Corporate Identity Number : U40109PB2010SGC033814 www.pstcl.org
ਮੋਬਾਇਲ ਨੰਬਰ : 96461-17804 ਅਤੇ ਈ-ਮੇਲ ਆਈ.ਡੀ. se-tlsc-pta@pstcl.org

ਲੜੀ ਨੰ.	ਕੰਮ/ਟੈਂਡਰ ਦਾ ਵੇਰਵਾ
1	E-Tender Enquiry No. 06/TLSC/PTA/2026-27 Stringing of 2nd Circuit of 220 KV line Malout to Abohar & pending works of 220 KV Katorewala (Malout) Abohar line ਟੈਂਡਰ ਭਰਨ ਦੀ ਆਖਰੀ ਮਿਤੀ ਅਤੇ ਸਮਾਂ 08.07.2026 up to 11:00 A.M., ਟੈਂਡਰ ਖੋਲ੍ਹਣ ਦੀ ਮਿਤੀ ਅਤੇ ਸਮਾਂ 09.07.2026 AT 11:00 A.M.
2	E-Tender Enquiry No. 07/TLSC/PTA/2026-27 LILO of 220 KV line Katorewala-Muktsar line at newly upgraded prop. 220 KV Bhalaiana ਟੈਂਡਰ ਭਰਨ ਦੀ ਆਖਰੀ ਮਿਤੀ ਅਤੇ ਸਮਾਂ 08.07.2026 up to 11:00 A.M. ਟੈਂਡਰ ਖੋਲ੍ਹਣ ਦੀ ਮਿਤੀ ਅਤੇ ਸਮਾਂ 09.07.2026 AT 11:00 A.M.

ਨੋਟ : ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਕਾਰਨ ਟੈਂਡਰ ਪ੍ਰੀਕ੍ਰਿਆ ਪੂਰੀ ਨਹੀਂ ਹੁੰਦੀ ਤਾਂ ਉਸ ਕੇਸ ਵਿੱਚ ਅਖ਼ਬਾਰਾਂ ਵਿੱਚ ਸੋਧ ਪ੍ਰਕਾਸ਼ਿਤ ਨਹੀਂ ਕਰਵਾਈ ਜਾਵੇਗੀ। ਸੋਧ ਸਬੰਧੀ ਵੇਰਵੇ ਪੀ.ਐਸ.ਟੀ.ਸੀ.ਐਲ. ਦੀ ਵੈੱਬਸਾਈਟ www.pstcl.org ਤੇ ਵੇਖੇ ਜਾਣ। Terms and conditions may be downloaded from PSTCL's website : (https://eproc.punujab.gov.in)
Ro No. PR-Advt. No.: 1078 / 12 / 2026-27 / 12241 / Dated CHD : 11.06.2026

PSPCL Punjab State Power Corporation Limited
Regd. Office : PSEB Head Office, The Mall, Patiala - 147001
Corporate Identity Number : U40109PP20SGC033813
ਟੈਂਡਰ ਇਨਕੁਆਇਰੀ ਨੰ. 02/ASE City / FZR. / 2026-27 — **Dated : 02.06.2026**
ਦਫਤਰ : ਸਰਾ: ਇੰਜ./ਵੰਡ ਉਪ ਮੰਡਲ ਪੀ.ਐਸ.ਪੀ.ਸੀ.ਐਲ., ਕੈਂਟ 02 ਫਿਰੋਜ਼ਪੁਰ ਅਧੀਨ ਸ਼ਹਿਰੀ ਮੰਡਲ ਫਿਰੋਜ਼ਪੁਰ ਦੇ ਦਫਤਰ ਲਈ ਇੱਕ ਨੰਬਰ ਗੱਡੀ (ਮਹਿੰਦਰਾ ਜੀਨੀਅਸ/ਬਲੈਰੋ/ਟਾਟਾ 207 / 408 (ਡਬਲ ਡੋਰ) ਜਾਂ ਇਸ ਦੇ ਬਰਾਬਰ ਕੀਮਤ ਦੀ) ਇੱਕ ਸਾਲ ਲਈ ਠੇਕੇ ਦੇ ਆਧਾਰ ਤੇ ਲੈਣ ਸਬੰਧੀ (ਗੱਡੀ 04 ਸਾਲ ਤੋਂ ਵੱਧ ਪੁਰਾਣੀ ਨਹੀਂ ਹੋਣੀ ਚਾਹੀਦੀ)।

ਟੈਂਡਰ ਵੇਚਣ ਦੀ ਆਖਰੀ ਮਿਤੀ :	23.06.2026 ਸਮਾਂ 05:00 PM ਤੱਕ
ਟੈਂਡਰ ਜਮ੍ਹਾਂ ਕਰਵਾਉਣ ਦੀ ਮਿਤੀ :	23.06.2026 ਸਮਾਂ 12:00 PM ਤੱਕ
ਟੈਂਡਰ ਖੋਲ੍ਹਣ ਦੀ ਮਿਤੀ :	24.06.2026 ਸਮਾਂ 01:00 PM ਵਜੇ ਤੱਕ
ਟੈਂਡਰ ਦੀ ਕੀਮਤ :	1180/- ਰੁਪਏ

ਨੋਟ : ਟੈਂਡਰ ਦੀਆਂ ਸਪੈਸੀਫਿਕੇਸ਼ਨਾਂ ਅਤੇ ਸ਼ਰਤਾਂ ਪੀ.ਐਸ.ਪੀ.ਸੀ.ਐਲ. ਦੀ ਵੈੱਬਸਾਈਟ (www.pspcl.in) ਤੋਂ ਡਾਊਨਲੋਡ ਕੀਤੀਆਂ ਜਾ ਸਕਦੀਆਂ ਹਨ। ਜੇਕਰ ਕੋਈ ਕੋਰੀਜੰਡਮ ਹੋਇਆ ਤਾਂ ਉਹ ਅਖ਼ਬਾਰ ਵਿੱਚ ਪ੍ਰਕਾਸ਼ਿਤ ਨਹੀਂ ਕੀਤਾ ਜਾਵੇਗਾ। ਕਿਸੇ ਵੀ ਤਰ੍ਹਾਂ ਦੀ ਅਪਡੇਟ ਲਈ ਪੀ.ਐਸ.ਪੀ.ਸੀ.ਐਲ. ਦੀ ਵੈੱਬਸਾਈਟ ਤੇ ਲਗਾਤਾਰ ਦੇਖਿਆ ਜਾਵੇ।
C 643 / 26
Ro No. PR-Advt. No.: 1079 / 12 / 2026-27 / 12251 / Dated CHD : 11.06.2026

ਨਗਰ ਨਿਗਮ ਚੰਡੀਗੜ੍ਹ
ਈ - ਟੈਂਡਰ ਸੂਚਨਾ

ਲ. ਨੰ.	ਕੰਮ ਦਾ ਨਾਮ	ਬੋਲੀ ਜਮ੍ਹਾਂ ਸੂਚੀ (ਆਨਲਾਈਨ)	ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ)
	ਕਾਰਜਕਾਰੀ ਇੰਜੀਨੀਅਰ -ਬਾਗਬਾਨੀ ਮੰਡਲ ਨੰ. 2		
1.	ਕੈਪੀਟਲ ਹੈਡ-ਸੁੰਦਰੀਕਰਨ ਦੇ ਅਧੀਨ ਸਲਾਨਾ ਬਾਗ ਭਾਗ-2 ਸੈਕਟਰ 44, ਚੰਡੀਗੜ੍ਹ ਵਿਚ ਵਾਕਿੰਗ ਟਰੈਕ ਦੀ ਵਿਸ਼ੇਸ਼ ਮੁਰੰਮਤ ਅਤੇ ਉਚਾ ਚੁੱਕਣਾ। **ਰਕਮ : ਰੁ.27,02,823/-** **ਸਮਾਂ ਹੱਦ : 03 ਮਹੀਨੇ** **ਬਿਆਨਾ ਰਕਮ : ਰੁ. 54,056/-** **ਟੈਂਡਰ ਫੀਸ : ਰੁ. 3000/-**	11.06.2026 at 5:30 P.M To 18.06.2026 at 03:00 P.M	18.06.2026 at 03:00 P.M.
	ਕਾਰਜਕਾਰੀ ਇੰਜੀਨੀਅਰ - ਸੜਕ ਮੰਡਲ ਨੰ. 3		
2.	ਪਿੰਡ ਖੁੱਡਾ ਅਲੀ ਸ਼ੇਰ, ਚੰਡੀਗੜ੍ਹ ਦੀ ਫਿਰਨੀ ਸੜਕ 'ਤੇ 60 ਐਮਐਮ ਮੋਟੇ ਇੰਟਰਲਾਕਿੰਗ ਪੇਵਰ ਬਲਾਕਾਂ ਨੂੰ ਤੋੜਨਾ, ਵਿਵਸਥਾ ਅਤੇ ਸਥਾਪਨਾ। ਕੈਪੀਟਲ ਹੈਡ - ਐਮਸੀਸੀ ਦੇ ਅਧੀਨ ਰਲੇਵੇਂ ਵਾਲੇ ਪਿੰਡਾਂ/ਇਲਾਕੇ ਵਿਚ ਬੁਨਿਆਦੀ ਢਾਂਚਾ ਸਹੂਲਤਾਂ। **ਅਨੁਮਾਨਤ ਲਾਗਤ : ਰੁ. 40.35 ਲੱਖ** **ਬਿਆਨਾ ਰਕਮ : ਰੁ. 80,695/-** **ਸਮਾਂ ਹੱਦ : 04 ਮਹੀਨੇ**	11.06.2026 To 19.06.2026 upto 12.00 noon	19.06.2026 at 15.00 PM
3.	ਪਿੰਡ ਖੁੱਡਾ ਜੱਸੂ ਅਤੇ ਖੁੱਡਾ ਲਾਹੌਰਾ, ਚੰਡੀਗੜ੍ਹ ਦੀ ਫਿਰਨੀ ਸੜਕ 'ਤੇ 60 ਐਮਐਮ ਮੋਟੇ ਇੰਟਰਲਾਕਿੰਗ ਪੇਵਰ ਬਲਾਕਾਂ ਨੂੰ ਤੋੜਨਾ, ਵਿਵਸਥਾ ਅਤੇ ਸਥਾਪਨਾ। ਕੈਪੀਟਲ ਹੈਡ - ਸੜਕ, ਪਾਰਕਿੰਗ ਥਾਵਾਂ ਅਤੇ ਬੁਨਿਆਦੀ ਢਾਂਚਾ ਸਹੂਲਤਾਂ ਦਾ ਸੁਧਾਰ। **ਅਨੁਮਾਨਤ ਲਾਗਤ : ਰੁ. 39.99 ਲੱਖ** **ਬਿਆਨਾ ਰਕਮ : ਰੁ. 79,977/-** **ਸਮਾਂ ਹੱਦ : 04 ਮਹੀਨੇ**	11.06.2026 To 19.06.2026 upto 12.00 noon	19.06.2026 at 15.00 PM
4.	ਡੱਡੂ ਮਾਜਰਾ ਕਲੋਨੀ, ਚੰਡੀਗੜ੍ਹ ਵਿਚ ਮੁੱਖ ਸੜਕਾਂ ਦੇ ਨਾਲ ਫੁੱਟਪਾਥਾਂ ਦੇ ਪੁਨਰ ਨਿਰਮਾਣ। ਕੈਪੀਟਲ ਹੈਡ - ਪੁਨਰਵਾਸ ਕਲੋਨੀਆਂ (ਈਡਬਲਿਊਐਸ) ਵਿਚ ਬੁਨਿਆਦੀ ਸਹੂਲਤਾਂ/ਸੇਵਾਵਾਂ। **ਅਨੁਮਾਨਤ ਲਾਗਤ : ਰੁ. 66.27 ਲੱਖ** **ਬਿਆਨਾ ਰਕਮ : ਰੁ. 1,32,535/-** **ਸਮਾਂ ਹੱਦ : 03 ਮਹੀਨੇ**	11.06.2026 To 19.06.2026 upto 12.00 noon	19.06.2026 at 15.00 PM

ਨੋਟ :- 1) ਵਿਸਥਾਰਤ ਨਿਯਮ ਅਤੇ ਸ਼ਰਤਾਂ ਸਮੇਤ ਟੈਂਡਰ ਸੂਚਨਾ ਵੈਬਸਾਈਟ www.chandigarh.gov.in ਜਾਂ etenders.chd.nic.in 'ਤੇ ਉਪਲਬਧ/ਅਪਲੋਡ ਕੀਤੀ ਗਈ ਹੈ
ਕਾਰਜਕਾਰੀ ਇੰਜੀਨੀਅਰ
ਬਾਗਬਾਨੀ ਮੰਡਲ ਨੰ. 2, ਐਮ.ਸੀ. ਚੰਡੀਗੜ੍ਹ ਅਤੇ
ਸੜਕ ਮੰਡਲ ਨੰ. 3, ਕਮਰਾ ਨੰ. 311, ਐਮਸੀ ਚੰਡੀਗੜ੍ਹ, ਫੋਨ : 0172-5021482 xenroad3.mcc@chd.nic.in

ਸਰਕਾਰੀ ਸਕੂਲ: ਘਟਦੇ ਦਾਖ਼ਲੇ, ਵਧਦੀ ਚਿੰਤਾ

ਕਿਸੇ ਵੀ ਜਮਹੂਰੀ ਮੁਲਕ ਵਿੱਚ ਸਿਹਤ ਅਤੇ ਸਿੱਖਿਆ ਸਰਕਾਰਾਂ ਦੇ ਮੁੱਖ ਕਾਰਜਾਂ ਵਿੱਚ ਸ਼ਾਮਿਲ ਹੁੰਦੇ ਹਨ। ਸਰਕਾਰਾਂ ਦਾ ਫ਼ਰਜ਼ ਬਣਦਾ ਹੈ ਕਿ ਉਹ ਆਪਣੇ ਅਵਾਮ ਨੂੰ ਚੰਗੀ ਸਿਹਤ ਅਤੇ ਉੱਚ ਕੋਟੀ ਦੀ ਸਿੱਖਿਆ ਪਹਿਲ ਦੇ ਆਧਾਰ 'ਤੇ ਪ੍ਰਦਾਨ ਕਰਨ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਇਨ੍ਹਾਂ ਖੇਤਰਾਂ ਵਿੱਚ ਚੰਗੀ ਕਾਰਗੁਜ਼ਾਰੀ ਰਹੀ ਹੈ ਅਤੇ ਲੋਕਾਂ ਨੂੰ ਸਿਹਤ ਸਹੂਲਤਾਂ ਵੀ ਮਿਲੀਆਂ ਹਨ। ਜਿੱਥੋਂ ਤੱਕ ਸਿੱਖਿਆ ਦਾ ਸਵਾਲ ਹੈ, ਪੰਜਾਬ ਦੇ ਹਰ ਪਿੰਡ ਵਿੱਚ ਸਕੂਲ ਤਾਂ ਖੁੱਲ੍ਹ ਗਏ, ਪਰ ਸਿੱਖਿਆ ਦੇ ਖੇਤਰ ਵਿੱਚ ਉਮੀਦ ਮੁਤਾਬਿਕ ਉੱਚ ਕੋਟੀ ਦਾ ਸੁਧਾਰ ਨਹੀ ਹੋ ਸਕਿਆ। ਇਸ ਦੇ ਭਾਵੇਂ ਬਹੁਤ ਸਾਰੇ ਕਾਰਨ ਹਨ, ਜਿਨ੍ਹਾਂ ਵਿੱਚੋਂ ਲਗਾਤਾਰ ਵਧ ਰਹੀ ਆਬਾਦੀ ਇੱਕ ਮੁੱਖ ਕਾਰਨ ਹੈ।

ਕਿਸੇ ਵੀ ਦੇਸ਼ ਦੀ ਉੱਨਤੀ ਅਤੇ ਸਿੱਖਿਆ ਇੱਕ-ਦੂਜੇ ਦੇ ਪੂਰਕ ਹਨ। ਇਸ ਲਈ ਉਹੀ ਮੁਲਕ ਵਿਕਾਸ ਦੀਆਂ ਲੀਹਾਂ 'ਤੇ ਅੱਗੇ ਵਧ ਸਕਦਾ ਹੈ ਜਿੱਥੋ ਦਾ ਸਿੱਖਿਆ ਢਾਂਚਾ ਮਜ਼ਬੂਤ ਅਤੇ ਗ਼ਰੀਬ ਵਰਗ ਦੇ ਪੱਖ ਵਿੱਚ ਹੋਵੇ। ਸਾਡੀਆਂ ਸਰਕਾਰਾਂ ਅੱਜਕੱਲ੍ਹ ਸਿੱਖਿਆ ਦੇ ਸਬੰਧ ਵਿੱਚ ਭਾਵੇਂ ਵੱਡੇ-ਵੱਡੇ ਦਾਅਵੇ ਕਰ ਰਹੀਆਂ ਹਨ, ਪਰ ਹਾਲ ਹੀ ਵਿੱਚ ਭਾਰਤ ਦੇ ਨੀਤੀ ਆਯੋਗ ਦੀ ਰਿਪੋਰਟ ਨੇ ਸਾਨੂੰ ਡੂੰਘੀ ਚਿੰਤਾ ਵਿੱਚ ਪਾ ਦਿੱਤਾ ਹੈ। ਨੀਤੀ ਆਯੋਗ ਨੇ ਆਪਣੀ ਰਿਪੋਰਟ ਵਿੱਚ ਦੱਸਿਆ ਹੈ ਕਿ ਦੇਸ਼ ਦੇ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ 'ਚ ਤਕਰੀਬਨ 22 ਫ਼ੀਸਦੀ ਕਮੀ ਆਈ ਹੈ। ਭਾਵੇਂ ਇਸ ਦਾ ਮੁੱਖ ਕਾਰਨ ਪ੍ਰਾਈਵੇਟ ਸਕੂਲਾਂ ਦੀ ਵਧ ਰਹੀ ਗਿਣਤੀ ਜਾਂ ਮਾਪਿਆਂ ਵੱਲੋਂ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਭੇਜਣਾ ਹੈ, ਪਰ ਇਸ ਰੁਝਾਨ ਨੇ ਗ਼ਰੀਬ ਅਤੇ ਮੱਧ ਵਰਗੀ ਲੋਕਾਂ ਲਈ ਕਾਫ਼ੀ ਮੁਸ਼ਕਿਲਾਂ ਖੜ੍ਹੀਆਂ ਕਰ ਦਿੱਤੀਆਂ ਹਨ।

ਇਸੇ ਰਿਪੋਰਟ ਅਨੁਸਾਰ ਸਾਲ 2005 ਵਿੱਚ 71 ਫ਼ੀਸਦੀ ਦਾਖਲੇ ਸਰਕਾਰੀ ਸਕੂਲਾਂ ਵਿੱਚ ਹੁੰਦੇ ਸਨ, ਜੋ ਸਾਲ 2024-25 ਵਿੱਚ ਘਟ ਕੇ ਸਿਰਫ 49.24 ਫ਼ੀਸਦੀ ਰਹਿ ਗਏ ਹਨ। ਇਹ ਰਿਪੋਰਟ ਹੋਰ ਤੱਥ ਬਿਆਨ ਕਰਦਿਆਂ ਦੱਸਦੀ ਹੈ ਕਿ ਸੈਕੰਡਰੀ ਸਿੱਖਿਆ ਦੇ ਅਦਾਰਿਆਂ ਵਿੱਚ ਪ੍ਰਾਈਵੇਟ ਸਕੂਲਾਂ ਦਾ ਹਿੱਸਾ ਵਧ ਕੇ 44.01 ਫ਼ੀਸਦੀ ਹੋ ਗਿਆ ਹੈ। ਜਿਵੇਂ ਕਿ ਪਹਿਲਾਂ ਜ਼ਿਕਰ ਕੀਤਾ ਗਿਆ ਹੈ ਕਿ ਮਾਪਿਆਂ ਦੀ ਰੁਚੀ ਸਰਕਾਰੀ ਸਕੂਲਾਂ ਤੋਂ ਹਟ ਕੇ ਪ੍ਰਾਈਵੇਟ ਅਦਾਰਿਆਂ ਵੱਲ ਹੋ ਰਹੀ ਹੈ। ਮਾਪਿਆਂ ਦੀ ਇਹ ਵੀ ਸੋਚ ਹੈ ਕਿ ਉਨ੍ਹਾਂ ਦੇ ਬੱਚੇ ਪ੍ਰਾਈਵੇਟ ਅੰਗਰੇਜ਼ੀ ਮਾਧਿਅਮ ਸਕੂਲਾਂ ਵਿੱਚ ਪੜ੍ਹ ਕੇ ਸ਼ਾਇਦ ਜਲਦੀ ਅਤੇ ਚੰਗਾ ਰੁਜ਼ਗਾਰ ਪ੍ਰਾਪਤ ਕਰ ਸਕਣਗੇ, ਪਰ ਨੀਤੀ ਆਯੋਗ ਨੇ ਇਸ ਧਾਰਨਾ ਨੂੰ ਸਹੀ ਨਹੀ ਮੰਨਿਆ। ਖ਼ੈਰ, ਕਾਰਨ ਕੁਝ ਵੀ ਹੋਵੇ, ਇਹ ਬੇਹੱਦ ਚਿੰਤਾ ਦਾ ਵਿਸ਼ਾ ਹੈ ਕਿ ਦੇਸ਼ ਦੀ ਜਨਸੰਖਿਆ ਤਾਂ ਤੇਜ਼ੀ ਨਾਲ ਵਧ ਰਹੀ ਹੈ, ਪਰ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੇ ਦਾਖਲੇ ਦੀ ਦਰ ਲਗਾਤਾਰ ਘਟਦੀ ਜਾ ਰਹੀ ਹੈ।

ਇੱਥੇ ਹੀ ਬੱਸ ਨਹੀ, ਨੀਤੀ ਆਯੋਗ ਦੀ ਇਸ ਰਿਪੋਰਟ ਨੇ ਸਿੱਖਿਆ ਦੇ ਸਬੰਧ ਵਿੱਚ ਕਈ ਹੋਰ ਅਹਿਮ ਤੇ ਪ੍ਰੇਸ਼ਾਨ ਕਰਨ ਵਾਲੇ ਖੁਲਾਸੇ ਵੀ ਕੀਤੇ ਹਨ। ਰਿਪੋਰਟ ਮੁਤਾਬਿਕ ਦੇਸ਼ ਦੇ ਇੱਕ ਲੱਖ ਤੋਂ ਵੱਧ ਸਰਕਾਰੀ ਸਕੂਲ ਅਜਿਹੇ ਹਨ ਜੋ ਕੇਵਲ ਇੱਕ-ਇੱਕ ਅਧਿਆਪਕ ਦੇ ਭਰੋਸੇ ਚੱਲ ਰਹੇ ਹਨ। ਕਹਿਣ ਦਾ ਭਾਵ ਹੈ ਕਿ ਸਕੂਲਾਂ ਵਿੱਚ ਅਧਿਆਪਕਾਂ ਦੀ ਵੱਡੀ ਘਾਟ ਹੈ। ਖ਼ਾਸ ਕਰਕੇ ਦੇਸ਼ ਦੇ ਪਿੰਡਾਂ ਅਤੇ ਪੱਛੜੇ ਇਲਾਕਿਆਂ ਵਿੱਚ ਅਧਿਆਪਕਾਂ ਦੀ ਇਹ ਕਮੀ ਹੋਰ ਵੀ ਚਿੰਤਾਜਨਕ ਹੈ। ਭਾਵੇਂ ਸਰਕਾਰਾਂ ਵੱਲੋਂ ਕਾਗਜ਼ਾਂ ਵਿੱਚ 'ਅਧਿਆਪਕ-ਵਿਦਿਆਰਥੀ ਅਨੁਪਾਤ' ਵਿੱਚ ਸੁਧਾਰ ਹੋਣ ਦੇ ਦਾਅਵੇ ਕੀਤੇ ਜਾ

ਬਹਾਦਰ ਸਿੰਘ ਗੋਸਲ
98764-52223

ਰਹੇ ਹਨ ਪਰ ਹਕੀਕਤ ਵਿੱਚ ਅਜੇ ਵੀ ਲੱਖਾਂ ਅਧਿਆਪਕਾਂ ਦੀ ਲੋੜ ਹੈ। ਨੀਤੀ ਆਯੋਗ ਵੱਲੋਂ ਦਿੱਤੇ ਅੰਕੜਿਆਂ ਅਨੁਸਾਰ, ਇਸ ਸਮੇਂ ਦੇਸ਼ ਦੇ ਲਗਪਗ 14 ਲੱਖ ਸਕੂਲਾਂ (ਸਰਕਾਰੀ ਤੇ ਪ੍ਰਾਈਵੇਟ) ਵਿੱਚ ਤਕਰੀਬਨ 95 ਲੱਖ ਤੋਂ ਲੈ ਕੇ ਇੱਕ ਕਰੋੜ ਅਧਿਆਪਕ ਕੰਮ ਕਰ ਰਹੇ ਹਨ ਪਰ ਇਸ ਦੇ ਬਾਵਜੂਦ ਅਧਿਆਪਕਾਂ ਦੀ ਘਾਟ ਸਿੱਖਿਆ ਪ੍ਰਣਾਲੀ ਲਈ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ।

ਜੇਕਰ ਅਸੀ ਨੀਤੀ ਆਯੋਗ ਦੀ ਇਸ ਰਿਪੋਰਟ ਨੂੰ ਹੋਰ ਬਾਰੀਕੀ ਨਾਲ ਦੇਖੀਏ ਤਾਂ ਇੱਕ ਹੋਰ ਹੈਰਾਨੀਜਨਕ ਤੱਥ ਸਾਹਮਣੇ ਆਉਂਦਾ ਹੈ। ਆਮ ਤੌਰ 'ਤੇ ਪ੍ਰਾਈਵੇਟ ਸਕੂਲਾਂ ਨੂੰ ਮਿਆਰੀ ਸਿੱਖਿਆ ਦਾ ਪ੍ਰਤੀਕ ਮੰਨਿਆ ਜਾਂਦਾ ਹੈ ਪਰ ਰਿਪੋਰਟ ਮੁਤਾਬਿਕ ਇਨ੍ਹਾਂ ਵਿੱਚੋ ਬਹੁਤੇ ਅਦਾਰਿਆਂ ਵਿੱਚ ਸਿੱਖਿਆ ਦਾ ਪੱਧਰ ਬਹੁਤਾ ਤਸੱਲੀਬਖ਼ਸ਼ ਨਹੀ ਹੈ। ਰਿਪੋਰਟ ਅਨੁਸਾਰ ਪ੍ਰਾਈਵੇਟ ਸਕੂਲਾਂ ਦੀ ਪੰਜਵੀ ਜਮਾਤ ਵਿੱਚ ਪੜ੍ਹਦੇ 25 ਫ਼ੀਸਦੀ ਵਿਦਿਆਰਥੀ ਆਪਣੀ ਪਾਠ-ਪੁਸਤਕ ਸਹੀ ਤਰੀਕੇ ਨਾਲ ਪੜ੍ਹ ਵੀ ਨਹੀ ਸਕਦੇ। ਇਸੇ ਤਰ੍ਹਾਂ 35 ਫ਼ੀਸਦੀ ਬੱਚੇ ਦੂਜੀ ਜਮਾਤ ਦੀ ਕਿਤਾਬ ਪੜ੍ਹਨ ਤੋਂ ਵੀ ਅਸਮਰੱਥ ਹਨ ਅਤੇ 60 ਫ਼ੀਸਦੀ ਵਿਦਿਆਰਥੀ ਹਿਸਾਬ ਦੇ ਬੁਨਿਆਦੀ ਸਵਾਲਾਂ ਨੂੰ ਹੱਲ ਨਹੀ ਕਰ ਪਾਉਂਦੇ।

ਇਹ ਅੰਕੜੇ ਕਈ ਪ੍ਰਾਈਵੇਟ ਅਦਾਰਿਆਂ ਦੀ ਸਿੱਖਿਆ ਦੀ ਗੁਣਵੱਤਾ 'ਤੇ ਵੱਡਾ ਸਵਾਲੀਆ ਚਿੰਨ੍ਹ ਲਗਾਉਂਦੇ ਹਨ। ਭਾਵੇਂ ਅਤੀਤ ਵਿੱਚ ਦੇਸ਼ ਦੇ ਕਈ ਸਿੱਖਿਆ ਕਮਿਸ਼ਨਾਂ ਨੇ ਸੁਧਾਰਾਂ ਲਈ ਵਡਮੁੱਲੇ ਸੁਝਾਅ ਦਿੱਤੇ ਅਤੇ ਉਨ੍ਹਾਂ ਦੇ ਕੁਝ ਸਕਾਰਾਤਮਕ ਅਸਰ ਵੀ ਦੇਖਣ ਨੂੰ ਮਿਲੇ ਪਰ ਅੱਜ ਫਿਰ ਦੇਸ਼ ਵਿੱਚ ਇੱਕ ਵੱਡੇ ਅਤੇ ਵਿਆਪਕ ਸਿੱਖਿਆ ਸੁਧਾਰ ਦੀ ਲੋੜ ਹੈ। ਦਿਨ-ਬ-ਦਿਨ ਸਿੱਖਿਆ ਦਾ ਪ੍ਰਾਈਵੇਟ ਹੱਥਾਂ ਵਿੱਚ ਜਾਣਾ ਕੋਈ ਸ਼ੁਭ ਸੰਕੇਤ ਨਹੀ ਹੈ ਕਿਉਕਿ ਇਸ ਵਪਾਰੀਕਰਨ ਕਾਰਨ ਬੱਚਿਆਂ ਦਾ 'ਸਿੱਖਿਆ ਪ੍ਰਾਪਤੀ ਲਈ ਸਮਾਨਤਾ ਦਾ ਅਧਿਕਾਰ' ਖ਼ਤਮ ਹੋ ਰਿਹਾ ਹੈ। ਗ਼ਰੀਬਾਂ ਦੇ ਬੱਚੇ ਸਰਕਾਰੀ ਸਕੂਲਾਂ ਦੇ ਆਸਰੇ ਹਨ ਅਤੇ ਅਮੀਰਾਂ ਦੇ ਬੱਚੇ ਆਧੁਨਿਕ ਸੁਵਿਧਾਵਾਂ ਵਾਲੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ ਹਨ, ਜਿਸ ਨਾਲ ਸਮਾਜਿਕ ਪਾੜਾ ਹੋਰ ਵਧ ਰਿਹਾ ਹੈ।

ਸਭ ਤੋਂ ਦੁਖਦਾਈ ਪਹਿਲੂ ਇਹ ਹੈ ਕਿ ਸਾਡੀਆਂ ਸਿੱਖਿਆ ਨੀਤੀਆਂ ਹੀ ਇਨ੍ਹਾਂ ਹਾਲਾਤ ਲਈ ਜ਼ਿੰਮੇਵਾਰ ਹਨ। ਵਾਰ-ਵਾਰ ਬਦਲਦੀਆਂ ਸਿੱਖਿਆ ਨੀਤੀਆਂ ਸਿਸਟਮ ਵਿੱਚ ਸਥਿਰਤਾ ਨਹੀ ਆਉਣ ਦਿੰਦੀਆਂ। ਨਤੀਜੇ ਵਜੋਂ, ਸਿੱਖਿਆ ਦਿਨੋ-ਦਿਨ ਮਹਿੰਗੀ ਹੁੰਦੀ ਜਾ ਰਹੀ ਹੈ ਅਤੇ ਇਹ ਆਮ ਲੋਕਾਂ ਜਾਂ ਪਿੰਡਾਂ ਦੇ ਗ਼ਰੀਬ ਪਰਿਵਾਰਾਂ ਦੀ ਪਹੁੰਚ ਤੋਂ ਦੂਰ ਹੁੰਦੀ ਜਾ ਰਹੀ ਹੈ। ਇਸ ਗੰਭੀਰ ਸਮੱਸਿਆ ਦਾ ਇੱਕੋ-ਇੱਕ ਠੋਸ ਹੱਲ 'ਸਿੱਖਿਆ ਦਾ ਕੌਮੀਕਰਨ' (ਸਰਕਾਰੀਕਰਨ) ਹੈ ਜੋ ਦੇਸ਼ ਦੇ ਹਰ ਵਰਗ ਦੇ ਬੱਚੇ ਨੂੰ ਬਿਨਾਂ ਕਿਸੇ ਵਿਤਕਰੇ ਦੇ ਬਰਾਬਰੀ ਦੇ ਅਧਿਕਾਰ ਵਾਲੀ ਮਿਆਰੀ ਸਿੱਖਿਆ ਪ੍ਰਦਾਨ ਕਰ ਸਕੇ।

ਜੇਕਰ ਅਸੀ ਖ਼ਾਸ ਤੌਰ 'ਤੇ ਪੰਜਾਬ ਦੀ ਗੱਲ ਕਰੀਏ ਤਾਂ ਇੱਥੋ ਦੇ ਕਈ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਚਿੰਤਾਜਨਕ ਹੱਦ ਤੱਕ ਘੱਟ ਹੈ ਅਤੇ ਕੁਝ ਥਾਵਾਂ 'ਤੇ ਤਾਂ ਇਹ ਨਾ-ਮਾਤਰ ਹੀ ਰਹਿ ਗਈ ਹੈ। ਦੇਖਣ ਵਿੱਚ ਆਇਆ ਹੈ ਕਿ ਸੂਬੇ ਦੇ ਕਈ ਪ੍ਰਾਇਮਰੀ ਜਾਂ ਮਿਡਲ ਸਕੂਲਾਂ ਵਿੱਚ ਅਧਿਆਪਕਾਂ ਦੀ ਗਿਣਤੀ ਤਾਂ ਪੂਰੀ ਹੈ ਪਰ ਉੱਥੇ ਪੜ੍ਹਨ ਵਾਲੇ ਬੱਚਿਆਂ ਦੀ ਕੁੱਲ ਸੰਖਿਆ 100 ਦਾ ਅੰਕੜਾ ਵੀ ਮੁਸ਼ਕਲ ਨਾਲ ਪਾਰ ਕਰਦੀ ਹੈ। ਅਜਿਹੀ ਸਥਿਤੀ ਵਿੱਚ ਸਰਕਾਰ ਇਸ ਢਾਂਚੇ ਨੂੰ ਆਪਣੇ ਉੱਪਰ ਇੱਕ ਵਾਧੂ ਆਰਥਿਕ ਬੋਝ ਵਜੋ ਦੇਖਣ ਲੱਗ ਪੈਂਦੀ ਹੈ। ਦੂਜੇ ਪਾਸੇ ਸਰਕਾਰੀ ਹਾਈ ਸਕੂਲਾਂ ਵਿੱਚ ਨਿਯਮਾਂ ਮੁਤਾਬਕ ਵਿਸ਼ਾ-ਮਾਹਿਰ ਅਧਿਆਪਕ ਨਿਯੁਕਤ ਕਰਨੇ ਪੈਂਦੇ ਹਨ ਪਰ ਉੱਥੇ ਵੀ ਵਿਦਿਆਰਥੀਆਂ ਦੀ ਗਿਣਤੀ ਲਗਾਤਾਰ ਘਟ ਰਹੀ ਹੈ।

ਪਿਛਲੇ ਕੁਝ ਸਾਲਾਂ ਦੌਰਾਨ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਅਧਿਆਪਕਾਂ ਨੇ ਸਰਕਾਰੀ ਸਕੂਲਾਂ ਵਿੱਚ ਦਾਖ਼ਲੇ ਵਧਾਉਣ ਲਈ ਕਈ ਵਿਸ਼ੇਸ਼ ਮੁਹਿੰਮਾਂ ਅਤੇ ਸਕੀਮਾਂ ਵੀ ਚਲਾਈਆਂ ਪਰ ਜ਼ਮੀਨੀ ਸਥਿਤੀ ਵਿੱਚ ਕੋਈ ਵੱਡਾ ਬਦਲਾਅ ਨਹੀ ਆਇਆ। ਇਹੀ ਕਾਰਨ ਹੈ ਕਿ ਨੀਤੀ ਆਯੋਗ ਦੀ ਇਸ ਰਿਪੋਰਟ ਨੇ ਸਰਕਾਰੀ ਸਕੂਲਾਂ ਵਿੱਚ ਘਟ ਰਹੇ ਦਾਖਲਿਆਂ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਜੇਕਰ ਅਸੀ ਦੇਸ਼ ਦੇ ਭਵਿੱਖ ਨੂੰ ਉੱਜਵਲ ਬਣਾਉਣਾ ਹੈ ਤਾਂ ਸਰਕਾਰਾਂ ਨੂੰ ਇਸ ਰੁਝਾਨ ਪ੍ਰਤੀ ਬੇਹੱਦ ਸੁਚੇਤ ਹੋਣ ਅਤੇ ਸਿੱਖਿਆ ਦੇ ਸਰਕਾਰੀ ਢਾਂਚੇ ਨੂੰ ਸੁਰਜੀਤ ਕਰਨ ਲਈ ਤੁਰੰਤ ਠੋਸ ਕਦਮ ਚੁੱਕਣ ਦੀ ਲੋੜ ਹੈ।

ਮਨਪ੍ਰੀਤ ਸਿੰਘ ਇਆਲੀ ਦਾ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ ਹੋਣਾ

ਕੀ ਹੋਣਗੀਆਂ ਨਵੀਆਂ ਸਫਬੰਦੀਆਂ?

ਚੜ੍ਹਦੀਕਲਾ ਬਿਊਰੋ

ਪਟਿਆਲਾ-11 ਜੂਨ ਪੰਜਾਬ ਦੀ ਸਿੱਖ ਸਿਆਸਤ ਵਿੱਚ ਇੱਕ ਅਹਿਮ ਅਧਿਆਇ ਉਦੋਂ ਜੁੜਿਆ ਜਦੋਂ ਦਾਖਾ ਹਲਕੇ ਦੇ ਵਿਧਾਇਕ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਆਗੂ ਮਨਪ੍ਰੀਤ ਸਿੰਘ ਇਆਲੀ ਨੇ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਜਥੇਬੰਦੀ 'ਅਕਾਲੀ ਦਲ (ਵਾਰਿਸ ਪੰਜਾਬ ਦੇ)' ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਹ ਕਦਮ ਮਹਿਜ਼ ਇੱਕ ਨੇਤਾ ਦੀ ਪਾਰਟੀ ਬਦਲੀ ਨਹੀਂ, ਸਗੋਂ ਇਹ ਸਿੱਖ ਸਿਆਸੀ ਖੇਤਰ ਵਿੱਚ ਚੱਲ ਰਹੀਆਂ ਡੂੰਘੀਆਂ ਤਬਦੀਲੀਆਂ ਦਾ ਪ੍ਰਤੀਬਿੰਬ ਹੈ।

ਮਨਪ੍ਰੀਤ ਸਿੰਘ ਇਆਲੀ ਦਾ ਸਿਆਸੀ ਸਫ਼ਰ ਸ਼੍ਰੋਮਣੀ ਅਕਾਲੀ ਦਲ (ਬਾਦਲ) ਤੋਂ ਸ਼ੁਰੂ ਹੋਇਆ ਸੀ। ਦਾਖਾ ਹਲਕੇ ਤੋਂ ਵਿਧਾਇਕ ਵਜੋਂ ਉਨ੍ਹਾਂ ਨੇ ਇਸ ਖੇਤਰ ਵਿੱਚ ਚੰਗੀ ਪਕੜ ਕਾਇਮ ਕੀਤੀ ਅਤੇ ਲੋਕਾਂ ਵਿੱਚ ਵਿਸ਼ਵਾਸ ਹਾਸਲ ਕੀਤਾ। ਪਰ ਬਾਦਲ ਪਰਿਵਾਰ ਦੀ ਅਗਵਾਈ ਵਾਲੀ ਪਾਰਟੀ ਨਾਲ ਮਤਭੇਦ ਹੋਣ ਤੋਂ ਬਾਅਦ ਉਹ ਸੁਧਾਰ ਲਹਿਰ ਦਾ ਹਿੱਸਾ ਬਣੇ। ਦਸੰਬਰ 2024 ਵਿੱਚ ਅਕਾਲ ਤਖ਼ਤ ਦੇ ਨਿਰਦੇਸ਼ਾਂ ਤਹਿਤ ਉਹ ਉਸ ਪੰਜ ਮੈਂਬਰੀ ਕਮੇਟੀ ਦਾ ਹਿੱਸਾ ਬਣੇ ਜਿਸ ਨੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਸਥਾਪਨਾ ਕੀਤੀ। ਪਰ ਉੱਥੋਂ ਵੀ ਮਨਪ੍ਰੀਤ ਸਿੰਘ ਇਆਲੀ ਵੱਲੋਂ ਅਸਤੀਫ਼ਾ ਦਿੱਤੇ ਜਾਣ ਤੋਂ ਬਾਅਦ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਸੁਨੇਹੇ ਤਹਿਤ ਤਰਸੇਮ ਸਿੰਘ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਟੀਮ ਨੇ ਮਨਪ੍ਰੀਤ ਸਿੰਘ ਇਆਲੀ ਦੇ ਗ੍ਰਹਿ ਵਿਖੇ ਉਨ੍ਹਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਲੰਮੇ ਸਿਆਸੀ ਤਜਰਬੇ, ਪੰਥਕ ਸੋਚ ਅਤੇ ਲੋਕਾਂ ਵਿੱਚ ਬਣੇ ਵਿਸ਼ਵਾਸ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੋੜਨ ਦੀ ਬੇਨਤੀ ਕੀਤੀ। ਇਹ ਤੱਥ ਦੱਸਦਾ ਹੈ ਕਿ ਜੇਲ੍ਹ ਵਿੱਚ ਬੰਦ ਹੋਣ ਦੇ ਬਾਵਜੂਦ ਅੰਮ੍ਰਿਤਪਾਲ ਸਿੰਘ ਆਪਣੀ ਜਥੇਬੰਦੀ ਦਾ ਪ੍ਰਭਾਵਸ਼ਾਲੀ ਤਰੀਕੇ ਨਾਲ ਵਿਸਥਾਰ ਕਰ ਰਿਹਾ ਹੈ।

ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਇਆਲੀ ਨੇ ਕਈ ਅਹਿਮ ਗੱਲਾਂ ਸਾਫ਼ ਕੀਤੀਆਂ। ਉਨ੍ਹਾਂ ਨੇ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਅੰਮ੍ਰਿਤਪਾਲ ਸਿੰਘ ਦੀ ਰਿਹਾਈ, ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਜਾਬ ਦੀ ਤਰੱਕੀ ਨੂੰ ਆਪਣਾ ਮੁੱਖ ਏਜੰਡਾ ਦੱਸਿਆ। ਇਸ ਦੇ ਨਾਲ ਹੀ ਉਨ੍ਹਾਂ ਨੇ ਭਾਰਤੀ ਜਨਤਾ ਪਾਰਟੀ ਨਾਲ ਕਿਸੇ ਵੀ ਤਰ੍ਹਾਂ ਦੇ ਗੱਠਜੋੜ ਦੀ ਸੰਭਾਵਨਾ ਨੂੰ ਸਿਰੇ ਤੋਂ ਖ਼ਾਰਜ ਕਰ ਦਿੱਤਾ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਉਹ ਫ਼ਿਲਹਾਲ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਮੈਂਬਰਸ਼ਿਪ ਤੋਂ ਰਸਮੀ ਅਸਤੀਫ਼ਾ ਨਹੀਂ ਦੇਣਗੇ। ਇਹ ਇੱਕ ਸੋਚਿਆ-ਸਮਝਿਆ ਕਦਮ ਜਾਪਦਾ ਹੈ ਕਿਉਂਕਿ 'ਵਾਰਿਸ ਪੰਜਾਬ ਦੇ' ਇਸ ਵੇਲੇ ਚੋਣ ਕਮਿਸ਼ਨ ਕੋਲ ਰਜਿਸਟਰਡ ਸਿਆਸੀ ਪਾਰਟੀ ਨਹੀਂ ਹੈ, ਇਸ ਲਈ ਮਨਪ੍ਰੀਤ ਇਆਲੀ ਨੂੰ ਦਲ-ਬਦਲੀ ਕਾਨੂੰਨ ਤਹਿਤ ਵਿਧਾਇਕੀ ਗੁਆਉਣ ਦਾ ਖ਼ਤਰਾ ਨਹੀਂ ਹੋਵੇਗਾ।

ਇਆਲੀ ਦੇ ਜਾਣ ਨਾਲ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਇੱਕ ਹੋਰ ਝਟਕਾ ਲੱਗਾ ਹੈ। ਪਾਰਟੀ ਪਹਿਲਾਂ ਹੀ 2017 ਅਤੇ 2022 ਦੀਆਂ ਚੋਣਾਂ ਵਿੱਚ ਕਰਾਰੀ ਹਾਰ ਝੱਲ ਚੁੱਕੀ ਹੈ। ਅੰਦਰੋਂ ਬਗ਼ਾਵਤਾਂ ਅਤੇ ਟੁੱਟ-ਭੱਜ ਦਾ ਸਿਲਸਿਲਾ ਜਾਰੀ ਹੈ। ਸੁਧਾਰ ਲਹਿਰ ਦਾ ਕੋਈ ਸਾਰਥਿਕ ਨਤੀਜਾ ਨਾ ਨਿਕਲ ਸਕਣ ਅਤੇ ਪੁਨਰ ਸੁਰਜੀਤ ਧੜੇ ਵਿੱਚ ਵੀ ਮਤਭੇਦ ਸਾਹਮਣੇ ਆਉਣ ਤੋਂ ਬਾਅਦ ਇਆਲੀ ਵਰਗੇ ਅਨੁਭਵੀ ਆਗੂ ਦਾ 'ਵਾਰਿਸ ਪੰਜਾਬ ਦੇ' ਵੱਲ ਜਾਣਾ, ਦੱਸਦਾ ਹੈ ਕਿ ਪਰੰਪਰਾਗਤ ਅਕਾਲੀ ਲੀਡਰਸ਼ਿਪ ਨਾਲ ਕਾਡਰ ਦਾ ਮੋਹ ਭੰਗ ਹੋ ਰਿਹਾ ਹੈ। ਹਾਲਾਂਕਿ ਸ਼੍ਰੋਮਣੀ ਅਕਾਲੀ ਦਲ ਉਨ੍ਹਾਂ ਖ਼ਿਲਾਫ਼ ਪਾਰਟੀ ਪੱਧਰ 'ਤੇ ਕਾਰਵਾਈ ਕਰ ਸਕਦਾ ਹੈ।

ਇਸ ਸ਼ਮੂਲੀਅਤ ਨਾਲ 'ਅਕਾਲੀ ਦਲ ਵਾਰਿਸ ਪੰਜਾਬ ਦੇ' ਨੂੰ ਕਈ ਪੱਖਾਂ ਤੋਂ ਲਾਭ ਪਹੁੰਚ ਸਕਦਾ ਹੈ। ਪਹਿਲੀ ਗੱਲ, ਇਆਲੀ ਇੱਕ ਮੌਜੂਦਾ ਵਿਧਾਇਕ ਹਨ -ਇਸ ਨਾਲ ਜਥੇਬੰਦੀ ਨੂੰ ਵਿਧਾਨ ਸਭਾ ਵਿੱਚ ਪ੍ਰਤੀਨਿਧਤਾ ਮਿਲਦੀ ਜਾਪਦੀ ਹੈ। ਦੂਜਾ, ਲੁਧਿਆਣਾ ਜ਼ਿਲ੍ਹੇ ਦੇ ਦਾਖਾ ਹਲਕੇ ਵਿੱਚ ਇਆਲੀ ਦੀ ਮਜ਼ਬੂਤ ਜ਼ਮੀਨੀ ਪਕੜ ਅਤੇ ਭਾਈਚਾਰਕ ਸਾਂਝ ਜਥੇਬੰਦੀ ਦੇ ਆਧਾਰ ਨੂੰ ਮਜ਼ਬੂਤ ਕਰੇਗੀ। ਤੀਜਾ, ਇਆਲੀ ਵਰਗੇ ਤਜਰਬੇਕਾਰ ਆਗੂ ਦੀ ਸ਼ਮੂਲੀਅਤ ਨਾਲ ਜਥੇਬੰਦੀ ਦਾ ਸਿਆਸੀ ਕੱਦ ਵਧੇਗਾ ਅਤੇ ਹੋਰ ਆਗੂਆਂ ਨੂੰ ਸ਼ਾਮਲ ਕਰਨ ਦੀ ਰਾਹ ਖੁੱਲ੍ਹੇਗੀ। ਇਆਲੀ ਨੇ ਦਾਅਵਾ ਵੀ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਕਈ ਵੱਡੇ ਸਿਆਸੀ ਆਗੂ ਅਤੇ ਨਾਮਵਰ ਹਸਤੀਆਂ ਇਸ ਜਥੇਬੰਦੀ ਵਿੱਚ ਸ਼ਾਮਲ ਹੋਣਗੀਆਂ। ਇਹ ਘਟਨਾਕ੍ਰਮ ਦੱਸਦਾ ਹੈ ਕਿ ਸਿੱਖ ਸਿਆਸਤ ਵਿੱਚ ਇੱਕ ਨਵੀਂ ਧਿਰ ਉੱਭਰਨ ਦੀ ਕੋਸ਼ਿਸ਼ ਹੋ ਰਹੀ ਹੈ ਜੋ ਪਰੰਪਰਾਗਤ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਮੁਕਾਬਲੇ ਵਧੇਰੇ ਪੰਥਕ ਰੰਗਤ ਵਾਲੀ ਹੋਵੇ। ਇਆਲੀ ਨੇ ਵੀ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਰਾਜਸੀ ਲੜਾਈ ਕੁਰਸੀ ਦੀ ਨਹੀਂ, ਸਗੋਂ ਪੰਜਾਬ ਅਤੇ ਪੰਥਕ ਮੁੱਦਿਆਂ ਦੀ ਹੈ। ਜੇਕਰ ਇਹ ਜਥੇਬੰਦੀ ਚੋਣ ਕਮਿਸ਼ਨ ਕੋਲ ਰਜਿਸਟਰਡ ਪਾਰਟੀ ਬਣਦੀ ਹੈ ਅਤੇ ਹੋਰ ਅਨੁਭਵੀ ਆਗੂ ਜੁੜਦੇ ਹਨ, ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਹ ਤੀਜੀ ਪੰਥਕ ਤਾਕਤ ਵਜੋਂ ਉੱਭਰ ਸਕਦੀ ਹੈ।

ਹਾਲਾਂਕਿ, ਚੁਣੌਤੀਆਂ ਵੀ ਘੱਟ ਨਹੀਂ। ਅੰਮ੍ਰਿਤਪਾਲ ਸਿੰਘ ਦਾ ਜੇਲ੍ਹ ਵਿੱਚ ਹੋਣਾ ਜਥੇਬੰਦੀ ਦੀ ਰੋਜ਼ਾਨਾ ਅਗਵਾਈ ਲਈ ਵੱਡੀ ਔਕੜ ਹੈ। ਇਸ ਤੋਂ ਇਲਾਵਾ, ਜਥੇਬੰਦੀ ਦਾ ਖ਼ਾਲਿਸਤਾਨ ਨਾਲ ਜੋੜਿਆ ਜਾਣ ਵਾਲਾ ਅਕਸ ਮੁੱਖਧਾਰਾ ਦੀ ਸਿਆਸਤ ਵਿੱਚ ਰੁਕਾਵਟ ਬਣ ਸਕਦਾ ਹੈ।ਮਨਪ੍ਰੀਤ ਸਿੰਘ ਇਆਲੀ ਦਾ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ ਹੋਣਾ ਕਈ ਸੁਆਲ ਖੜੇ ਕਰਦਾ ਹੈ - ਕੀ ਇਹ ਜਥੇਬੰਦੀ ਸੱਚਮੁੱਚ ਸਿੱਖ ਸਿਆਸੀ ਖਲਾਅ ਭਰ ਸਕਦੀ ਹੈ? ਕੀ ਵਿਚਾਰਧਾਰਾ ਅਤੇ ਅਮਲੀ ਸਿਆਸਤ ਵਿੱਚ ਸੁਮੇਲ ਬਣ ਸਕਦਾ ਹੈ? ਫ਼ਿਲਹਾਲ ਇੱਕ ਗੱਲ ਸਾਫ਼ ਹੈ ਕਿ ਪੰਜਾਬ ਦੀ ਸਿੱਖ ਸਿਆਸਤ ਇੱਕ ਨਵੀਂ ਕਰਵਟ ਲੈ ਰਹੀ ਹੈ, ਅਤੇ 2027 ਦੀਆਂ ਚੋਣਾਂ ਤੋਂ ਪਹਿਲਾਂ ਇਸ ਖਿੱਚਾ-ਧੂਹੀ ਦੇ ਹੋਰ ਅਧਿਆਏ ਸਾਹਮਣੇ ਆਉਣੇ ਤੈਅ ਹਨ।

ਕਾਲ ਭੈਰਵ; ਭਾਰਤ ਦਾ ਪਹਿਲਾ ਜੰਗੀ ਡਰੋਨ

ਭਾਰਤ ਨੇ ਰੱਖਿਆ ਤਕਨੀਕ ਦੇ ਖੇਤਰ ਵਿੱਚ ਇੱਕ ਨਵਾਂ ਅਤੇ ਇਤਿਹਾਸਕ ਮੀਲ ਪੱਥਰ ਸਥਾਪਤ ਕੀਤਾ ਹੈ। ਬੰਗਲੌਰ ਸਥਿਤ ਇੱਕ ਸਟਾਰਟਅਪ, ਫਲਾਇੰਗ ਵੈਂਜ ਡਿਫੈਂਸ ਐਂਡ ਏਰੋਸਪੇਸ (ਐੱਫਡਬਲਯੂਡੀਏ) ਨੇ ਭਾਰਤ ਦਾ ਪਹਿਲਾ ਸਵਦੇਸ਼ੀ ਮੀਡੀਅਮ ਐਲਟੀਚਿਊਡ ਲੌਂਗ ਇੰਡਿਊਰੈਂਸ ਜੰਗੀ ਡਰੋਨ 'ਕਾਲ ਭੈਰਵ' ਵਿਕਸਤ ਕਰਕੇ ਦੁਨੀਆ ਭਰ ਵਿੱਚ ਭਾਰਤ ਦੀ ਤਕਨੀਕੀ ਸਮਰੱਥਾ ਦਾ ਡੰਕਾ ਵਜਾਇਆ ਹੈ। ਸਿਰਫ਼ 1 ਕਰੋੜ ਡਾਲਰ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਇਹ ਡਰੋਨ ਅਮਰੀਕਾ ਦੇ ਮਸ਼ਹੂਰ ਐੱਮ. ਕਿਊ -9 ਪ੍ਰੀਡੇਟਰ ਡਰੋਨ ਨਾਲੋ 10 ਗੁਣਾ ਸਸਤਾ ਹੈ ਜੋ ਇਸ ਦੀ ਵਿਲੱਖਣਤਾ ਅਤੇ ਭਾਰਤ ਦੀ ਨਵੀਨਤਮ ਸਮਰੱਥਾ ਨੂੰ ਦਰਸਾਉਂਦਾ ਹੈ। ਇਸ ਦੇ ਨਾਲ ਹੀ 30 ਮਿਲੀਅਨ ਡਾਲਰ ਦਾ ਇੱਕ ਨਿਰਯਾਤ ਸੌਦਾ ਸਾਈਨ ਹੋਣ ਨਾਲ ਭਾਰਤ ਨੇ ਵਿਸ਼ਵ ਪੱਧਰ 'ਤੇ ਜੰਗੀ ਡਰੋਨ ਨਿਰਮਾਤਾਵਾਂ ਦੀ ਸੂਚੀ ਵਿੱਚ ਆਪਣਾ ਨਾਮ ਸ਼ਾਮਲ ਕਰ ਲਿਆ ਹੈ। ਇਹ ਪ੍ਰਾਪਤੀ ਨਾ ਸਿਰਫ਼ ਭਾਰਤ ਦੀ ਰੱਖਿਆ ਉਦਯੋਗ ਵਿੱਚ ਸਵੈ-ਨਿਰਭਰਤਾ ਦੀ ਮਿਸਾਲ ਹੈ, ਸਗੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਭਾਰਤ ਦੀ ਮੌਜੂਦਗੀ ਨੂੰ ਵੀ ਮਜ਼ਬੂਤ ਕਰਦੀ ਹੈ।

ਭਾਰਤ ਦੀ ਰੱਖਿਆ ਤਕਨੀਕ ਦੇ ਖੇਤਰ ਵਿੱਚ ਇਹ ਪ੍ਰਾਪਤੀ ਆਤਮਨਿਰਭਰ ਭਾਰਤ ਮੁਹਿੰਮ ਦਾ ਇੱਕ ਜੀਵੰਤ ਪ੍ਰਤੀਕ ਹੈ। ਸਰਕਾਰ ਦੀ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਸਵਦੇਸ਼ੀ ਤਕਨੀਕ ਨੂੰ ਉਤਸ਼ਾਹਿਤ ਕਰਨਾ ਅਤੇ ਵਿਦੇਸ਼ੀ ਰੱਖਿਆ ਪ੍ਰਣਾਲੀਆਂ 'ਤੇ ਨਿਰਭਰਤਾ ਨੂੰ ਘਟਾਉਣਾ ਹੈ। ਪਿਛਲੇ ਕੁਝ ਸਾਲਾਂ ਵਿੱਚ ਭਾਰਤ ਨੇ ਰੱਖਿਆ ਨਿਰਮਾਣ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਕਦਮ ਚੁੱਕੇ ਹਨ, ਜਿਨ੍ਹਾਂ ਵਿੱਚ ਸਵਦੇਸ਼ੀ ਜੰਗੀ ਜਹਾਜ਼, ਮਿਸਾਈਲ ਸਿਸਟਮ ਅਤੇ ਹੁਣ ਜੰਗੀ ਡਰੋਨ ਸ਼ਾਮਲ ਹਨ। ਕਾਲ ਭੈਰਵ ਦਾ ਵਿਕਾਸ ਇਸੇ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ ਜੋ ਨਾ ਸਿਰਫ਼ ਭਾਰਤ ਦੀਆਂ ਸੁਰੱਖਿਆ ਜ਼ਰੂਰਤਾਂ ਨੂੰ ਪੂਰਾ ਕਰਦਾ ਹੈ, ਸਗੋਂ ਅੰਤਰਰਾਸ਼ਟਰੀ ਪੱਧਰ 'ਤੇ ਵੀ ਇਸ ਦੀ ਮੰਗ ਨੂੰ ਦਰਸਾਉਂਦਾ ਹੈ।

ਕਾਲ ਭੈਰਵ ਡਰੋਨ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਸ ਦੀ ਲਾਗਤ-ਪ੍ਰਭਾਵਸ਼ੀਲਤਾ ਹੈ। ਜਿੱਥੇ ਅਮਰੀਕਾ ਦਾ ਐੱਮ.ਕਿਊ-9 ਪ੍ਰੀਡੇਟਰ ਡਰੋਨ ਅਤੇ ਇਜ਼ਰਾਈਲ ਦੇ ਸਰਚਰ ਜਿਹੇ ਡਰੋਨਾਂ ਦੀ ਲਾਗਤ ਕਈ ਗੁਣਾ ਵੱਧ ਹੈ, ਉੱਥੇ ਕਾਲ ਭੈਰਵ ਨੂੰ ਸਿਰਫ਼ 10 ਮਿਲੀਅਨ ਡਾਲਰ ਦੀ ਲਾਗਤ ਨਾਲ ਵਿਕਸਤ ਕੀਤਾ ਗਿਆ ਹੈ। ਇਹ ਨਾ ਸਿਰਫ਼ ਭਾਰਤ ਦੀ ਤਕਨੀਕੀ ਸਮਰੱਥਾ ਨੂੰ ਦਰਸਾਉਂਦਾ ਹੈ, ਸਗੋਂ ਇਹ ਵੀ ਸਾਬਤ ਕਰਦਾ ਹੈ ਕਿ ਭਾਰਤ ਘੱਟ ਲਾਗਤ ਵਿੱਚ ਉੱਚ ਗੁਣਵੱਤਾ ਵਾਲੀ ਰੱਖਿਆ ਤਕਨੀਕ ਵਿਕਸਤ ਕਰ ਸਕਦਾ ਹੈ। ਇਸ ਦੀ ਸਫਲਤਾ ਦਾ ਸਬੂਤ 30 ਮਿਲੀਅਨ ਡਾਲਰ ਦਾ ਨਿਰਯਾਤ ਸੌਦਾ

ਸੰਦੀਪ ਕੁਮਾਰ

ਹੈ ਜੋ ਕਿਸੇ ਦੱਖਣੀ ਏਸ਼ਿਆਈ ਦੇਸ਼ ਨਾਲ ਸਾਈਨ ਕੀਤਾ ਗਿਆ ਹੈ। ਇਸ ਸੌਦੇ ਵਿੱਚ ਡਰੋਨ ਦੇ ਨਾਲ-ਨਾਲ ਮੈਂਟੇਨੈਂਸ, ਮੁਰੰਮਤ ਅਤੇ ਓਵਰਹਾਲ ਸੇਵਾਵਾਂ ਵੀ ਸ਼ਾਮਲ ਹਨ, ਜੋ ਇਸ ਦੀ ਵਪਾਰਕ ਸੰਭਾਵਨਾ ਨੂੰ ਹੋਰ ਮਜ਼ਬੂਤ ਕਰਦੀਆਂ ਹਨ।

ਇਹ ਡਰੋਨ ਨਾ ਸਿਰਫ਼ ਭਾਰਤ ਦੀਆਂ ਸੁਰੱਖਿਆ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ, ਸਗੋਂ ਇਸ ਦਾ ਡਿਜ਼ਾਈਨ ਅਤੇ ਤਕਨੀਕੀ ਵਿਸ਼ੇਸ਼ਤਾਵਾਂ ਅੰਤਰਰਾਸ਼ਟਰੀ ਮਾਪਦੰਡਾਂ ਨੂੰ ਵੀ ਪੂਰਾ ਕਰਦੀਆਂ ਹਨ। ਇਸ ਦੇ ਨਾਲ ਹੀ 3,000 ਕਿਲੋਮੀਟਰ ਦੀ ਰੇਂਜ ਵਾਲਾ ਇਹ ਆਰਟੀਫੀਸ਼ਿਅਲ ਇੰਟੈਲੀਜੈਂਸ ਸੰਚਾਲਿਤ ਡਰੋਨ ਆਧੁਨਿਕ ਜੰਗੀ ਤਕਨੀਕ ਦੀਆਂ ਸਾਰੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੀ ਸਮਰੱਥਾ ਰੱਖਦਾ ਹੈ।

ਇਸ ਪ੍ਰਾਜੈਕਟ ਦੀ ਸਫਲਤਾ ਦਾ ਸਿਹਰਾ ਫਲਾਇੰਗ ਵੈਂਜ ਡਿਫੈਂਸ ਐਂਡ ਏਰੋਸਪੇਸ ਦੀ ਨੌਜਵਾਨ ਅਤੇ ਨਵੀਨਤਮ ਟੀਮ ਨੂੰ ਜਾਂਦਾ ਹੈ, ਜਿਸ ਨੇ ਸੀਮਤ ਸਰੋਤਾਂ ਦੇ ਬਾਵਜੂਦ ਇੱਕ ਅਜਿਹੀ ਤਕਨੀਕ ਵਿਕਸਤ ਕੀਤੀ ਜੋ ਵਿਸ਼ਵ ਪੱਧਰ 'ਤੇ ਮੁਕਾਬਲਾ ਕਰ ਸਕਦੀ ਹੈ। ਇਸ ਸਟਾਰਟਅਪ ਨੇ ਨਾ ਸਿਰਫ਼ ਤਕਨੀਕੀ ਖੇਤਰ ਵਿੱਚ ਨਵੀਨਤਾ ਦੀ ਮਿਸਾਲ ਕਾਇਮ ਕੀਤੀ, ਸਗੋਂ ਭਾਰਤ ਦੀ ਸਟਾਰਟਅਪ ਈਕੋਸਿਸਟਮ ਦੀ ਸਮਰੱਥਾ ਨੂੰ ਵੀ ਸਾਬਤ ਕੀਤਾ। ਭਾਰਤ ਸਰਕਾਰ ਦੀਆਂ ਨੀਤੀਆਂ, ਜਿਵੇਂ ਕਿ ਮੇਕ ਇਨ ਇੰਡੀਆ ਅਤੇ ਸਟਾਰਟਅਪ ਇੰਡੀਆ ਨੇ ਵੀ ਇਸ ਪ੍ਰਾਜੈਕਟ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਕਾਲ ਭੈਰਵ ਦੀ ਸਫਲਤਾ ਦਾ ਇੱਕ ਹੋਰ ਮਹੱਤਵਪੂਰਨ ਪਹਿਲੂ ਇਸ ਦੀ ਨਿਰਯਾਤ ਸੰਭਾਵਨਾ ਹੈ ਅਤੇ 30 ਮਿਲੀਅਨ ਡਾਲਰ ਦਾ ਸੌਦਾ ਇਸ ਗੱਲ ਦਾ ਸੰਕੇਤ ਹੈ ਕਿ ਭਾਰਤ ਦੀ ਸਵਦੇਸ਼ੀ ਰੱਖਿਆ ਤਕਨੀਕ ਨੂੰ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਵੀ ਮਾਨਤਾ ਮਿਲ ਰਹੀ ਹੈ। ਇਹ ਸੌਦਾ ਸਿਰਫ਼ ਇੱਕ ਸ਼ੁਰੂਆਤ ਹੈ ਅਤੇ ਭਵਿੱਖ ਵਿੱਚ ਹੋਰ ਦੇਸ਼ਾਂ ਨਾਲ ਅਜਿਹੇ ਸੌਦੇ ਸੰਭਵ ਹਨ। ਇਹ ਨਾ ਸਿਰਫ਼ ਭਾਰਤ ਦੀ ਆਰਥਿਕਤਾ ਨੂੰ ਮਜ਼ਬੂਤ ਕਰੇਗਾ, ਸਗੋਂ ਭਾਰਤ ਨੂੰ ਰੱਖਿਆ ਉਪਕਰਣਾਂ ਦੇ ਨਿਰਯਾਤ ਵਿੱਚ ਇੱਕ ਮਹੱਤਵਪੂਰਨ ਖਿਡਾਰੀ ਵਜੋਂ ਸਥਾਪਿਤ ਕਰੇਗਾ।

ਇਸ ਡਰੋਨ ਦੀਆਂ ਤਕਨੀਕੀ ਵਿਸ਼ੇਸ਼ਤਾਵਾਂ ਵੀ ਧਿਆਨ ਦੇਣ ਯੋਗ ਹਨ। ਆਰਟੀਫੀਸ਼ਿਅਲ ਇੰਟੈਲੀਜੈਂਸ ਸੰਚਾਲਿਤ ਇਹ ਡਰੋਨ ਨਾ ਸਿਰਫ਼ ਨਿਗਰਾਨੀ ਅਤੇ ਖੁਫ਼ੀਆ ਜਾਣਕਾਰੀ ਇਕੱਠੀ ਕਰਨ ਵਿੱਚ ਸਮਰੱਥ ਹੈ, ਸਗੋਂ ਜੰਗੀ ਮਿਸ਼ਨਾਂ ਵਿੱਚ ਵੀ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਸਕਦਾ ਹੈ। ਇਸ ਦੀ 3,000 ਕਿਲੋਮੀਟਰ ਦੀ ਰੇਂਜ ਇਸ ਨੂੰ ਲੰਬੇ ਸਮੇਂ ਤੱਕ ਅਤੇ ਦੂਰ-ਦੁਰਾਡੇ ਦੇ ਮਿਸ਼ਨਾਂ ਲਈ ਢੁਕਵਾਂ ਬਣਾਉਂਦੀ ਹੈ। ਇਸ ਦੀ ਆਟੋਨੋਮਸ ਸਮਰੱਥਾ ਇਸ ਨੂੰ ਆਧੁਨਿਕ ਜੰਗ ਦੀਆਂ ਜ਼ਰੂਰਤਾਂ ਦੇ ਅਨੁਕੂਲ ਬਣਾਉਂਦੀ ਹੈ, ਜਿੱਥੇ ਤੇਜ਼ੀ ਅਤੇ ਸਟੀਕਤਾ ਦੀ ਮੰਗ ਵਧ ਰਹੀ ਹੈ। ਇਸ ਪ੍ਰਾਪਤੀ ਦਾ ਭਾਰਤ ਦੀ ਰੱਖਿਆ ਰਣਨੀਤੀ 'ਤੇ ਵੀ ਡੂੰਘਾ ਪ੍ਰਭਾਵ ਪਵੇਗਾ। ਇਹ ਪ੍ਰਾਜੈਕਟ ਭਾਰਤ ਦੀ ਨੌਜਵਾਨ ਪੀੜ੍ਹੀ ਲਈ ਪ੍ਰੇਰਣਾ ਸਰੋਤ ਹੈ। ਫਲਾਇੰਗ ਵੈਂਜ ਵਰਗੇ ਸਟਾਰਟਅਪਸ ਦੀ ਸਫਲਤਾ ਇਹ ਸਾਬਤ ਕਰਦੀ ਹੈ ਕਿ ਸੀਮਤ ਸਰੋਤਾਂ ਦੇ ਬਾਵਜੂਦ ਸਖ਼ਤ ਮਿਹਨਤ ਅਤੇ ਨਵੀਨਤਮ ਸੋਚ ਨਾਲ ਵੱਡੀਆਂ ਪ੍ਰਾਪਤੀਆਂ ਸੰਭਵ ਹਨ। ਇਹ ਨੌਜਵਾਨ ਉੱਦਮੀਆਂ ਨੂੰ ਰੱਖਿਆ, ਏਰੋਸਪੇਸ ਅਤੇ ਤਕਨੀਕ ਦੇ ਖੇਤਰ ਵਿੱਚ ਨਵੇਂ ਸੁਪਨੇ ਦੇਖਣ ਲਈ ਪ੍ਰੇਰਿਤ ਕਰੇਗਾ।

ਰੰਗਾਂ ਦਾ ਬਾਦਸ਼ਾਹ ਐੱਮ. ਐੱਫ਼. ਹੁਸੈਨ

ਧਰਮਿੰਦਰ ਸਿੰਘ ਚੱਬਾ

ਭਾਰਤੀ ਚਿੱਤਰਕਲਾ ਦੇ ਇਤਿਹਾਸ ਵਿੱਚ ਐੱਮ. ਐੱਫ. ਹੁਸੈਨ ਦਾ ਨਾਮ ਇੱਕ ਅਜਿਹੇ ਕਲਾਕਾਰ ਵਜੋਂ ਦਰਜ ਹੈ ਜਿਸ ਨੇ ਆਪਣੇ ਰੰਗਾਂ ਅਤੇ ਰੇਖਾਵਾਂ ਨਾਲ ਕਲਾ ਨੂੰ ਨਵੀ ਪਛਾਣ ਦਿੱਤੀ। ਦੌੜਦੇ ਘੋੜਿਆਂ ਦੇ ਚਿੱਤਰ, ਭਾਰਤੀ ਮਿਥਿਹਾਸ, ਲੋਕ-ਸੱਭਿਆਚਾਰ ਅਤੇ ਆਧੁਨਿਕ ਜੀਵਨ ਦੇ ਵਿਸ਼ਿਆਂ ਨੂੰ ਆਪਣੇ ਵਿਲੱਖਣ ਅੰਦਾਜ਼ ਵਿੱਚ ਪੇਸ਼ ਕਰਨ ਵਾਲੇ ਹੁਸੈਨ ਨੂੰ ਅਕਸਰ 'ਭਾਰਤ ਦਾ ਪਿਕਾਸੋ' ਵੀ ਕਿਹਾ ਜਾਂਦਾ ਹੈ। ਉਸ ਦੀ ਕਲਾ ਜਿੱਥੇ ਇੱਕ ਪਾਸੇ ਦੁਨੀਆ ਭਰ ਦੀਆਂ ਗੈਲਰੀਆਂ ਵਿੱਚ ਸਰਾਹੀ ਗਈ, ਉੱਥੇ ਕਈ ਵਾਰ ਵਿਵਾਦਾਂ ਦਾ ਕਾਰਨ ਵੀ ਬਣੀ। ਫਿਰ ਵੀ, ਉਸ ਦੀ ਸਿਰਜਣਾਤਮਕਤਾ, ਨਿਡਰ ਸੋਚ ਅਤੇ ਕਲਾ ਪ੍ਰਤੀ ਸਮਰਪਣ ਨੇ ਉਸ ਨੂੰ ਵੀਹਵੀ ਸਦੀ ਦੇ ਸਭ ਤੋ ਪ੍ਰਭਾਵਸ਼ਾਲੀ ਚਿੱਤਰਕਾਰਾਂ ਵਿੱਚ ਸ਼ਾਮਲ ਕਰ ਦਿੱਤਾ। ਐੱਮ. ਐੱਫ. ਹੁਸੈਨ ਦੀ ਜੀਵਨ ਯਾਤਰਾ ਸਿਰਫ਼ ਇੱਕ ਕਲਾਕਾਰ ਦੀ ਕਹਾਣੀ ਨਹੀ, ਸਗੋਂ ਕਲਾ ਦੀ ਆਜ਼ਾਦੀ, ਪ੍ਰਯੋਗਸ਼ੀਲਤਾ ਅਤੇ ਪ੍ਰਗਟਾਵੇ ਦੇ ਅਧਿਕਾਰ ਦੀ ਵੀ ਦਾਸਤਾਨ ਹੈ।

ਹੁਸੈਨ ਨੂੰ ਅਕਸਰ ਇਹ ਤਿੰਨ ਸਵਾਲ ਪੁੱਛੇ ਜਾਂਦੇ ਰਹੇ ਹਨ ਕਿ ਤੁਹਾਡੀਆਂ ਪੇਂਟਿੰਗਾਂ 'ਚ ਜ਼ਿਆਦਾ ਘੋੜੇ ਕਿਉ ਦੌੜਦੇ ਹਨ? ਤੁਸੀ ਹਮੇਸ਼ਾਂ ਨੰਗੇ ਪੈਰ ਕਿਉ ਰਹਿੰਦੇ ਹੋ? ਅਤੇ ਤੁਸੀ ਇੰਨਾ ਵੱਡਾ ਸੋਟੀ ਨੁਮਾ ਬੁਰਸ਼ ਹਮੇਸ਼ਾਂ ਆਪਣੇ ਕੋਲ ਕਿਉ ਰੱਖਦੇ ਹੋ? ਤਾਂ ਹੁਸੈਨ ਦਾ ਜਵਾਬ ਹੁੰਦਾ ਸੀ ਕਿ ਮੇਰੀਆਂ ਪੇਂਟਿੰਗਾਂ ਦੇ ਦੌੜਦੇ ਘੋੜਿਆਂ ਨੂੰ ਤੁਸੀ ਮੇਰਾ ਪ੍ਰੇਮੋ ਸਮਝੋ। ਹਮੇਸ਼ਾਂ ਨੰਗੇ ਪੈਰੀ ਚੱਲਣ ਬਾਰੇ ਜਵਾਬ ਹੁੰਦਾ ਸੀ, ਮੈਨੂੰ ਛੋਟੇ ਰਸਤਿਆਂ 'ਤੇ ਚੱਲਣਾ ਤੇ ਝੁੱਗੀਆਂ ਝੌਂਪੜੀਆਂ 'ਚ ਜਾਣਾ ਚੰਗਾ ਲੱਗਦਾ ਹੈ। ਇਸ ਲਈ ਕਿ ਉਹ ਲੋਕ ਮੈਨੂੰ ਆਪਣਾ ਸਮਝਣ। ਮੇਰੇ ਪਿਤਾ ਜੀ ਅਕਸਰ ਕਹਿੰਦੇ ਸਨ ਕਿ 'ਤੇਰੇ ਪੈਰ ਤੇਰੀ ਮਾਂ ਵਰਗੇ ਹਨ।' ਫਿਰ ਮੈਂ ਉਨ੍ਹਾਂ ਵਿੱਚ ਜੁੱਤੇ ਕਿਵੇਂ ਪਹਿਨ ਸਕਦਾ ਹਾਂ। ਤੀਸਰੇ ਸਵਾਲ ਦਾ ਜਵਾਬ ਹੁੰਦਾ ਸੀ, 'ਇਹ ਬੁਰਸ਼ ਨਹੀ ਛੜੀ ਹੈ। ਬਲਕਿ ਗੁੱਲਛੜੀ ਹੈ। ਇਸ ਨੇ ਬੜੇ-ਬੜੇ ਗੁੱਲ ਖਿਲਾਏ ਹਨ।'

ਐੱਮ. ਐੱਫ ਹੁਸੈਨ ਦਾ ਜਨਮ 17 ਸਤੰਬਰ 1915 ਨੂੰ ਮਹਾਰਾਸ਼ਟਰ ਦੇ ਪਿੰਡ ਪੰਡਰਪੁਰ ਵਿੱਚ ਪਿਤਾ ਫ਼ਿਦਾ ਹੁਸੈਨ ਤੇ ਮਾਤਾ ਜ਼ੁਨੈਬ ਹੁਸੈਨ ਦੇ ਘਰ ਹੋਇਆ। ਜਨਮ ਤੋਂ ਕੁਝ ਸਮੇਂ ਬਾਅਦ ਹੀ ਮਾਂ ਦਾ ਸਾਇਆ ਸਿਰ ਤੋਂ ਉੱਠ ਗਿਆ। ਪਿਤਾ ਨੇ ਦੂਜਾ ਵਿਆਹ ਕਰਵਾ ਲਿਆ ਤੇ ਪਰਿਵਾਰ ਸਮੇਤ ਇੰਦੌਰ ਆ ਕੇ ਰਹਿਣ ਲੱਗ ਪਏ। ਇੱਕ ਬੱਚੇ ਲਈ ਬਚਪਨ ਵਿੱਚ ਹੀ ਮਾਂ ਦਾ ਤੁਰ ਜਾਣਾ ਬਹੁਤ ਕਠਿਨ ਹੁੰਦਾ ਹੈ। ਮਾਂ ਦੀ ਯਾਦ ਸਦਾ ਉਸ ਦੇ ਸੀਨੇ ਵਿੱਚ ਵੱਸੀ ਰਹੀ।

ਹੁਸੈਨ ਦੀ ਉਮਰ ਉਸ ਵਕਤ ਡੇਢ ਸਾਲ ਸੀ ਜਦ ਉਸ ਦੀ ਮਾਂ ਦਾ ਦੇਹਾਂਤ ਹੋ ਗਿਆ ਸੀ। ਸਾਰੀ ਉਮਰ ਉਹ ਆਪਣੀ ਮਾਂ ਦੇ ਪਿਆਰ ਨੂੰ ਤਰਸਦਾ ਰਿਹਾ। ਉਸ ਨੇ ਆਪਣੀ ਮਾਂ ਨੂੰ ਕਈ ਪੇਂਟਿੰਗਾਂ ਜ਼ਰੀਏ ਹਮੇਸ਼ਾਂ ਯਾਦ ਰੱਖਿਆ।

ਪਿਤਾ ਦੀ ਮਰਜ਼ੀ ਦੇ ਮੁਤਾਬਿਕ ਹੁਸੈਨ ਲਈ ਦਰਜੀ ਦਾ ਕਿੱਤਾ ਚੁਣਿਆ ਗਿਆ, ਪਰ ਪਰਮਾਤਮਾ ਨੂੰ ਤਾਂ ਕੁਝ ਹੋਰ ਹੀ ਮਨਜ਼ੂਰ ਸੀ। ਇੰਦੌਰ ਆ ਕੇ ਹੁਸੈਨ ਆਰਟ ਸਕੂਲ ਦੇ ਪ੍ਰੋ. ਦੇਵ ਲਾਲੀਕਰ ਕੋਲ ਚਲੇ ਗਏ ਤੇ ਨਵੀ ਜ਼ਿੰਦਗੀ ਦੀ ਸ਼ੁਰੂਆਤ ਕੀਤੀ। ਤਕਰੀਬਨ ਵੀਹ ਸਾਲ ਦੀ ਉਮਰ ਵਿੱਚ ਉਸ ਨੇ ਮੁੰਬਈ ਦਾ ਰੁਖ਼ ਕੀਤਾ। ਉਸ ਨੂੰ ਵੀ ਕਈ ਕਲਾਕਾਰਾਂ ਵਾਂਗ ਮੁੰਬਈ ਦੀਆਂ ਸੜਕਾਂ 'ਤੇ ਫਾਕੇ ਕੱਟਣੇ ਪਏ। ਉੱਥੇ ਉਸ ਨੇ ਕੰਧਾਂ ਉੱਪਰ ਪੋਸਟਰ ਆਦਿ ਤੇ ਫਿਲਮਾਂ ਦੇ ਹੋਰਡਿੰਗ ਪੇਂਟ ਕਰਨੇ ਆਰੰਭ ਕੀਤੇ। ਉਦੋਂ ਫਿਲਮਾਂ ਦੇ ਹੋਰਡਿੰਗ ਹੱਥਾਂ ਨਾਲ ਲਿਖੇ ਜਾਂਦੇ ਸਨ। ਉੱਥੇ ਹੀ ਹੁਸੈਨ ਨੇ ਜੇ.ਜੇ. ਸਕੂਲ ਵਿੱਚ ਦਾਖਲਾ ਲਿਆ। ਵਿਹਲੇ ਸਮੇਂ ਵਿੱਚ ਉਸ ਨੇ ਖਿਡੌਣਿਆਂ ਦੀ ਫੈਕਟਰੀ ਵਿੱਚ ਮਜ਼ਦੂਰੀ ਵੀ ਕੀਤੀ। ਸਿਰ ਢਕਣ ਲਈ ਬੜੀ ਜਦੋ-ਜਹਿਦ ਤੋਂ ਬਾਅਦ ਇੱਕ ਕਮਰੇ ਦਾ ਜੁਗਾੜ ਕੀਤਾ।

ਸਾਲ 1941 ਵਿੱਚ 26 ਸਾਲ ਦੀ ਉਮਰ ਵਿੱਚ ਉਸ ਨੇ ਫ਼ਾਜ਼ੀਲਾ ਬੀਬੀ ਨਾਲ ਵਿਆਹ ਕਰਵਾਇਆ। ਉਨ੍ਹਾਂ ਦੇ ਪੰਜ ਬੱਚੇ ਸ਼ਮਸ਼ਾਦ ਹੁਸੈਨ, ਰਸੀਆ ਹੁਸੈਨ, ਮੁਸਤਫਾ ਹੁਸੈਨ, ਉਵੇਜ਼ ਹੁਸੈਨ ਤੇ ਸ਼ਾਫਤ ਹੁਸੈਨ ਹੋਏ। ਉਨ੍ਹਾਂ ਦਾ ਇੱਕ ਬੇਟਾ ਉਨ੍ਹਾਂ ਦੇ ਨਕਸ਼ੇ ਕਦਮਾਂ 'ਤੇ ਚੱਲ ਰਿਹਾ ਹੈ। ਇੱਕ ਬੇਟਾ ਉਵੇਜ਼ ਹੁਸੈਨ ਫਿਲਮੀ ਖੇਤਰ ਨਾਲ ਜੁੜਿਆ ਹੋਇਆ ਹੈ। ਉਸ ਨੇ ਆਪਣੇ ਪਿਤਾ ਨਾਲ ਮਿਲ ਕੇ ਕਈ ਫਿਲਮਾਂ ਦਾ ਨਿਰਦੇਸ਼ਨ ਕੀਤਾ ਹੈ।

ਜਦੋਂ ਮਕਬੂਲ ਫ਼ਿਦਾ ਹੁਸੈਨ ਫਿਲਮਾਂ ਦੇ ਹੋਰਡਿੰਗ ਲਿਖਦਾ ਸੀ ਤੇ ਆਰਟ ਸਕੂਲ 'ਚੋ ਚਿੱਤਰਕਾਰੀ ਸਿੱਖ ਕੇ ਚਿੱਤਰ ਬਣਾਉਣੇ ਆਰੰਭ ਕੀਤੇ ਤਾਂ ਉਹ ਚਿੱਤਰ ਬਣਾ ਕੇ ਸਾਈਕਲ 'ਤੇ ਤੁਰ ਫਿਰ ਕੇ ਜਾਂ ਸੜਕ ਕਿਨਾਰੇ ਉਨ੍ਹਾਂ ਨੂੰ ਵੇਚਦਾ ਸੀ। ਉਨ੍ਹਾਂ ਦਿਨਾਂ ਵਿੱਚ ਇੱਕ ਗਾਹਕ ਨੇ ਉਸ ਦਾ ਚਿੱਤਰ ਦਸ ਰੁਪਏ ਵਿੱਚ ਖਰੀਦਿਆ ਸੀ। ਮਕਬੂਲ ਫ਼ਿਦਾ ਹੁਸੈਨ ਕਹਿੰਦੇ ਹੁੰਦੇ ਸਨ ਕਿ ਭਾਵੇਂ ਅੱਜ ਉਸ ਦੀਆਂ ਪੇਂਟਿੰਗਾਂ ਲੱਖਾਂ ਕਰੋੜਾਂ ਦੀਆਂ ਵਿਕ ਰਹੀਆਂ ਹਨ, ਪਰ ਉਹ ਦਸ ਰੁਪਏ 'ਚ ਵਿਕੀ ਪੇਂਟਿੰਗ ਉਸ ਲਈ ਬਹੁਤ ਮਾਅਨੇ ਰੱਖਦੀ ਹੈ। ਉਹ ਉਸ ਲਈ ਦਸ ਲੱਖ ਦੇ ਬਰਾਬਰ ਹੈ। 'ਸੁਨਹਿਰਾ ਸੰਸਾਰ' ਨਾਂ ਦੀ ਪੇਂਟਿੰਗ ਨੇ ਹੁਸੈਨ ਦੀ ਜ਼ਿੰਦਗੀ ਬਦਲ ਕੇ ਰੱਖ ਦਿੱਤੀ। ਇਸ ਪੇਂਟਿੰਗ ਸਦਕਾ ਉਸ ਦੀ ਗਿਣਤੀ ਵੱਡੇ ਕਲਾਕਾਰਾਂ ਵਿੱਚ ਹੋਣ ਲੱਗੀ ਸੀ। ਉਸ ਤੋਂ ਬਾਅਦ ਉਸ ਨੇ ਇੱਕ ਹੋਰ ਪੇਂਟਿੰਗ 'ਮੱਕੜੀ ਦਾ ਜਾਲ ਤੇ ਲੈਂਪ' ਬਣਾਈ। ਇਸ ਪੇਂਟਿੰਗ ਦੀ ਪਬਲਸਿਟੀ ਲਈ ਹੁਸੈਨ ਹੱਥ ਵਿੱਚ ਲੈਂਪ ਤੇ ਜੁੱਤੀ ਫੜ ਕੇ ਨੰਗੇ ਪੈਰੀ ਚੱਲਦਾ ਸੀ। ਉਹ ਬਚਪਨ ਤੋਂ ਹੀ ਘਰ ਵਿੱਚ ਗ਼ਰੀਬੀ ਕਾਰਨ ਨੰਗੇ ਪੈਰੀ ਰਿਹਾ ਸੀ। ਕਲਾਕਾਰ ਬਣ ਕੇ ਜਦੋਂ ਉਸ ਦੀਆਂ ਕਰੋੜਾਂ ਰੁਪਏ ਦੀਆਂ ਪੇਂਟਿੰਗਾਂ ਵਿਕਣ ਲੱਗ ਪਈਆਂ ਸਨ ਤਾਂ ਵੀ ਉਹ ਸਾਰੀ ਉਮਰ ਨੰਗੇ ਪੈਰੀ ਹੀ ਰਿਹਾ।

ਹੁਸੈਨ ਦੀਆਂ ਕਲਾਕ੍ਰਿਤੀਆਂ ਦੀਆਂ ਨੁਮਾਇਸ਼ਾਂ ਲੱਗਣੀਆਂ ਸ਼ੁਰੂ ਹੋਈਆਂ। 1952 ਵਿੱਚ ਪਹਿਲੀ ਨੁਮਾਇਸ਼ ਜਿਉਰਿਖ ਸ਼ਹਿਰ ਵਿੱਚ ਲੱਗੀ। ਉਸ ਦੀਆਂ ਪੇਂਟਿੰਗਾਂ ਵਿੱਚ ਜ਼ਿੰਦਗੀ ਦੇ ਰਹੱਸ ਛੁਪੇ ਹੋਏ ਸਨ। ਉਸ ਨੇ ਘੋੜੇ, ਔਰਤਾਂ, ਮਨੁੱਖ ਆਦਿ ਦੇ ਚਿੱਤਰਾਂ ਨੂੰ ਬਾਖੂਬੀ ਸਿਰਜਿਆ। ਮਹਾਭਾਰਤ ਦੇ 45 ਚਿੱਤਰ ਉਸ ਨੇ 50 ਦਿਨਾਂ ਵਿੱਚ ਬਣਾ ਕੇ ਰਿਕਾਰਡ ਕਾਇਮ ਕੀਤਾ। ਇੱਕ ਅਜਿਹਾ ਸਮਾਂ ਆਇਆ ਕਿ ਹੁਸੈਨ ਦੀਆਂ ਪੇਂਟਿੰਗਾਂ ਦੀ ਕੀਮਤ ਕਰੋੜਾਂ ਤੱਕ ਪਹੁੰਚ ਗਈ। ਜਦੋਂ ਉਸ ਨੇ 'ਗੰਗਾ ਜਮੁਨਾ' ਦੀ ਲੜਾਈ ਬਿਆਨ ਕਰਦੀ ਇੱਕ ਬਹੁਤ ਵੱਡੀ ਪੇਂਟਿੰਗ ਬਣਾਈ ਤਾਂ ਇਸ ਨੇ ਰਿਕਾਰਡ ਕਾਇਮ ਕੀਤਾ। ਇਹ ਪੇਂਟਿੰਗ ਤਕਰੀਬਨ ਸੱਤ ਕਰੋੜ ਰੁਪਏ ਵਿੱਚ ਵਿਕੀ। ਇੱਕ ਹੋਰ ਪੇਂਟਿੰਗ ਲੰਡਨ ਵਿੱਚ ਤਿੰਨ ਕਰੋੜ ਪਚੱਤਰ ਲੱਖ ਰੁਪਏ ਵਿੱਚ ਵਿਕੀ। ਇੱਕ ਪੇਂਟਿੰਗ ਅੱਸੀ ਲੱਖ ਅਮਰੀਕੀ ਡਾਲਰ 'ਚ ਵਿਕੀ। ਉਸ ਦੀ ਮੌਤ ਤੋਂ ਤੁਰੰਤ ਬਾਅਦ ਦੋ ਪੇਂਟਿੰਗਾਂ ਇੱਕ ਅੱਸੀ ਲੱਖ ਅਤੇ ਦੂਜੀ ਬਵੰਜਾਂ ਲੱਖ ਰੁਪਏ ਵਿੱਚ ਵਿਕੀ।

ਇੱਕ ਵਾਰ ਹੁਸੈਨ ਆਪਣੀ ਇੱਕ ਮਹਿਲਾ ਦੋਸਤ ਨਾਲ ਕਾਲੇ ਕੱਪੜੇ ਪਾ ਕੇ ਨੰਗੇ ਪੈਰੀ ਦਾਤਾ ਗੰਜ ਬਖ਼ਸ਼ ਦੇ ਦਰਬਾਰ 'ਚ ਗਿਆ। ਉਸ ਨੇ ਆਪਣੀ ਮਹਿਲਾ

ਦੋਸਤ ਨੂੰ ਕਿਹਾ, 'ਤੁਮ ਦਰਬਾਰ ਮੇਂ ਹਾਜ਼ਰੀ ਦੇ ਆਓ। ਮੈਂ ਢਾਬੇ ਪੇ ਬੈਠ ਕਰ ਚਾਏ ਪੀ ਲੇਤਾ ਹੂੰ।' ਉਹ ਮਹਿਲਾ ਦੋਸਤ ਜਦੋਂ ਦਰਬਾਰ ਤੋਂ ਵਾਪਸ ਆਈ ਤਾਂ ਉਸ ਨੇ ਦੇਖਿਆ ਕਿ ਇੱਕ ਬਜ਼ੁਰਗ ਔਰਤ ਹੁਸੈਨ ਦੇ ਹੱਥ 'ਚ ਦੋ ਰੁਪਏ ਦੇ ਕੇ ਕਹਿ ਰਹੀ ਸੀ, "ਬਾਬਾ ਹਮਾਰੇ ਲੀਏ ਦੂਆ ਕੀਜੀਏ।" ਹੁਸੈਨ ਚੁੱਪ-ਚਾਪ ਸੁਣਦਾ ਤੇ ਦੇਖਦਾ ਰਿਹਾ। ਅਸਲ ਵਿੱਚ ਉਸ ਔਰਤ ਦੀ ਵੀ ਕੋਈ ਗ਼ਲਤੀ ਨਹੀ ਸੀ ਕਿਉਕਿ ਇੱਕ ਤਾਂ ਹੁਸੈਨ ਨੇ ਕਾਲੇ ਕੱਪੜੇ ਪਹਿਨੇ ਹੋਏ ਸਨ ਤੇ ਦੂਜਾ ਨੰਗੇ ਪੈਰੀ ਸੀ। ਉਹ ਔਰਤ ਹੁਸੈਨ ਨੂੰ ਕੋਈ ਫ਼ਕੀਰ ਸਮਝ ਬੈਠੀ ਸੀ।

ਹੁਸੈਨ ਇੱਕ ਵਾਰ ਆਪਣੇ ਬਚਪਨ ਦੇ ਦੋਸਤ ਨੂੰ ਪੂਰੇ ਸੱਤਰ ਸਾਲ ਬਾਅਦ ਮਿਲਿਆ। ਜਦੋਂ ਉਹ ਉਸ ਦੇ ਘਰ ਗਿਆ ਤਾਂ ਉਸ ਦੇ ਘਰ ਦੀਆਂ ਖਾਲੀ ਦੀਵਾਰਾਂ ਦੇਖ ਕੇ ਉਹ ਰਹਿ ਨਾ ਸਕਿਆ ਤੇ ਕੋਲ ਜੋ ਬੁਰਸ਼ ਸੀ, ਉਸ ਨਾਲ ਕੰਧ 'ਤੇ ਮਿੰਟਾਂ-ਸਕਿੰਟਾਂ 'ਚ ਭੱਜਦੇ ਹੋਏ ਘੋੜਿਆਂ ਦੀਆਂ ਤਸਵੀਰਾਂ ਬਣਾ ਦਿੱਤੀਆਂ। ਉਸ ਦੋਸਤ ਦੀ ਘਰਵਾਲੀ ਦੇਖਦੀ ਰਹੀ ਤੇ ਆਪਣੇ ਪਤੀ ਨੂੰ ਦੂਜੇ ਕਮਰੇ 'ਚ ਬੁਲਾ ਕੇ ਕਹਿਣ ਲੱਗੀ ਕਿ 'ਤੁਸੀ ਆਪਣੇ ਦੋਸਤ ਨੂੰ ਮਨ੍ਹਾ ਕਿਉ ਨਹੀ ਕੀਤਾ। ਉਸ ਨੇ ਸਾਰੀ ਦੀਵਾਰ ਖ਼ਰਾਬ ਕਰ ਦਿੱਤੀ ਹੈ।'

ਉਸ ਦੀਆਂ ਕਲਾਕ੍ਰਿਤੀਆਂ ਨੂੰ ਸਮੇਂ-ਸਮੇਂ 'ਤੇ ਕਈ ਮਾਨ-ਸਨਮਾਨ ਵੀ ਮਿਲੇ, ਜਿਸ ਵਿੱਚ 1955 ਵਿੱਚ ਨੈਸ਼ਨਲ ਐਵਾਰਡ, 1959 ਵਿੱਚ ਬੀਨਾਲੇ ਟੋਕੀਓ ਵਿੱਚ ਐਵਾਰਡ ਅਤੇ 1966 ਵਿੱਚ ਹੁਸੈਨ ਨੂੰ 'ਪਦਮ ਸ਼੍ਰੀ' ਨਾਲ ਨਿਵਾਜਿਆ ਗਿਆ। 1971 ਵਿੱਚ ਪਿਕਾਸੋ ਨਾਲ ਸਾਓ ਪਾਉਲੋ ਬੀਨਾਲੇ ਵਿੱਚ ਸੱਦਾ ਪੱਤਰ ਵੀ ਮਿਲਿਆ। ਰਾਜਨੀਤੀ ਭਾਵੇਂ ਉਸ ਦੇ ਵੱਸ ਦੀ ਗੱਲ ਨਹੀ ਸੀ, ਪਰ 1984 ਵਿੱਚ ਉਹ ਰਾਜ ਸਭਾ ਦਾ ਮੈਂਬਰ ਵੀ ਬਣਿਆ। 1991 ਵਿੱਚ 'ਪਦਮ ਵਿਭੂਸ਼ਣ' ਨਾਲ ਨਿਵਾਜਿਆ ਗਿਆ। 1982 'ਚ ਉਸ ਦੇ ਨਾਂ ਵਾਲੀ ਡਾਕ ਟਿਕਟ ਜਾਰੀ ਕਰਕੇ ਭਾਰਤ ਸਰਕਾਰ ਨੇ ਉਸ ਨੂੰ ਮਾਨ-ਸਨਮਾਨ ਬਖ਼ਸ਼ਿਆ। ਹੁਸੈਨ ਨੂੰ 'ਕਲਾਕਾਰ ਦੀ ਅੱਖ' ਫਿਲਮ ਲਈ ਜਰਮਨ ਵਿੱਚ 'ਗੋਲਡਨ ਬੀਅਰ' ਐਵਾਰਡ ਮਿਲਿਆ।

ਹੁਸੈਨ ਨੇ ਕਈ ਫਿਲਮਾਂ ਦਾ ਨਿਰਦੇਸ਼ਨ ਵੀ ਕੀਤਾ। 1967 ਵਿੱਚ 'ਥਰੂ ਦਿ ਆਈਜ਼ ਆਫ ਏ ਪੇਂਟਰ' ਫਿਲਮ ਬਣਾਈ। ਇਸ ਫਿਲਮ ਨੂੰ ਨੈਸ਼ਨਲ ਫਿਲਮ ਐਵਾਰਡ ਵੀ ਮਿਲਿਆ। ਮਕਬੂਲ ਫ਼ਿਦਾ ਹੁਸੈਨ ਮਾਧੁਰੀ ਦੀਕਸ਼ਿਤ ਦਾ ਬਹੁਤ ਦੀਵਾਨਾ ਸੀ। ਉਸ ਨੇ ਮਾਧੁਰੀ ਦੀ ਇੱਕ ਫਿਲਮ ਸੱਠ ਵਾਰ ਦੇਖੀ ਸੀ। ਇਸੇ ਲਈ 2000 ਵਿੱਚ ਉਸ ਨੇ ਮਾਧੁਰੀ ਦੀਕਸ਼ਿਤ ਨੂੰ ਲੈ ਕੇ 'ਗਜ਼ਗਾਮਿਨੀ' ਨਾਂ ਦੀ ਫਿਲਮ ਦਾ ਨਿਰਮਾਣ ਕੀਤਾ। ਇਹ ਫਿਲਮ ਦਸੰਬਰ 2000 'ਚ ਰਿਲੀਜ਼ ਹੋਈ ਸੀ। ਉਸ ਤੋਂ ਬਾਅਦ ਪ੍ਰਸਿੱਧ ਅਭਿਨੇਤਰੀ ਤੱਬੂ ਨੂੰ ਲੈ ਕੇ 'ਮੀਨਾਕਸ਼ੀ' ਨਾਂ ਦੀ ਫਿਲਮ ਬਣਾਈ। 2012 'ਚ 'ਪਹਿਲਾ ਸਿਤਾਰਾ' ਦਾ ਨਿਰਮਾਣ ਕੀਤਾ।

ਇੱਕ ਵਾਰ ਮਕਬੂਲ ਫ਼ਿਦਾ ਹੁਸੈਨ ਬਿਮਾਰ ਸੀ, ਜਿਸ 'ਤੇ ਉਸ ਨੂੰ ਹਸਪਤਾਲ ਭਰਤੀ ਕਰਾਇਆ ਗਿਆ। ਉਸ ਨਾਲ ਉਸ ਦੀ ਇੱਕ ਮਹਿਲਾ ਦੋਸਤ ਸੀ। ਉਨ੍ਹੀ ਦਿਨੀ ਉਸੇ ਹਸਪਤਾਲ ਵਿੱਚ ਮੀਨਾ ਕੁਮਾਰੀ ਵੀ ਜ਼ੇਰੇ ਇਲਾਜ ਸੀ। ਉਸ ਮਹਿਲਾ ਦੋਸਤ ਨੂੰ ਜਦੋਂ ਮੀਨਾ ਕੁਮਾਰੀ ਦੇ ਹਸਪਤਾਲ ਵਿੱਚ ਦਾਖਲ ਹੋਣ ਬਾਰੇ ਪਤਾ ਚੱਲਿਆ ਤਾਂ ਉਹ ਮੀਨਾ ਕੁਮਾਰੀ ਨੂੰ ਮਿਲਣ ਗਈ। ਮੀਨਾ ਕੁਮਾਰੀ ਨਾਲ ਗੱਲਬਾਤ ਹੋਈ, ਹਾਲਚਾਲ ਪੁੱਛਿਆ ਤੇ ਨਾਲ ਹੀ ਕਿਹਾ ਕਿ ਇਸੇ ਹਸਪਤਾਲ ਵਿੱਚ ਮਕਬੂਲ ਫ਼ਿਦਾ ਹੁਸੈਨ ਵੀ ਦਾਖਲ ਹਨ ਤੇ ਉਹ ਤੁਹਾਨੂੰ ਮਿਲਣਾ ਚਾਹੁੰਦੇ ਹਨ ਤਾਂ ਮੀਨਾ ਕੁਮਾਰੀ ਨੇ ਝੱਟ-ਪੱਟ ਹਾਂ ਕਹਿ ਦਿੱਤੀ ਤੇ ਕਿਹਾ ਕਿ 'ਮੈਂ ਵੀ ਉਨ੍ਹਾਂ ਨੂੰ ਮਿਲਣਾ ਚਾਹੁੰਦੀ ਹਾਂ।' ਉਸ ਮਹਿਲਾ ਦੋਸਤ ਦੇ ਕਹਿਣ 'ਤੇ ਹੁਸੈਨ ਮੀਨਾ ਕੁਮਾਰੀ ਨੂੰ ਮਿਲਣ ਗਏ ਤੇ ਜਾ ਕੇ ਬੈਠ ਗਏ। ਹਾਲਚਾਲ ਪੁੱਛਿਆ। ਫਿਰ ਸਾਰੀ ਮੁਲਾਕਾਤ ਵਿੱਚ ਅੱਖਾਂ ਨੀਵੀਆਂ ਕਰਕੇ ਬੈਠੇ ਰਹੇ। ਸਿਰਫ਼ ਮੀਨਾ ਕੁਮਾਰੀ ਹੀ ਬੋਲਦੀ ਰਹੀ। ਜਦੋਂ ਉਹ ਆਪਣੀ ਮਹਿਲਾ ਦੋਸਤ ਨਾਲ ਉਸ ਕਮਰੇ ਵਿੱਚੋਂ ਬਾਹਰ ਆਏ ਤਾਂ ਉਸ ਮਹਿਲਾ ਦੋਸਤ ਨੇ ਕਿਹਾ ਕਿ 'ਹੁਸੈਨ ਸਾਹਬ, ਕਮਾਲ ਹੈ ਆਪ ਨਜ਼ਰੇ ਝੁਕਾ ਕਰ ਬੈਠੇ ਰਹੇ ਔਰ ਏਕ ਲਫ਼ਜ਼ ਭੀ ਨਹੀ ਬੋਲੇ' ਤਾਂ ਹੁਸੈਨ ਨੇ ਸਿਰਫ਼ ਇਹੀ ਕਿਹਾ, 'ਕਿਆ ਕਰੂ ਉੱਠੀ ਹੀ ਨਹੀ, ਕੰਮਬਖ਼ਤ ਨਜ਼ਰੇ ਹੀ ਕੱਟ ਗਈ।'

ਹੁਸੈਨ ਫੱਕਰ ਸੁਭਾਅ ਦਾ ਆਦਮੀ ਸੀ। ਇੱਕ ਵਾਰ ਉਹ ਆਪਣੇ ਕਿਸੇ ਦੋਸਤ ਨੂੰ ਮਿਲਣ ਗਿਆ ਅਤੇ ਉਸ ਦੇ ਘਰ ਹੀ ਠਹਿਰਿਆ। ਇੱਕ-ਦੋ ਦਿਨਾਂ ਬਾਅਦ ਵਾਪਸ ਜਾਣ ਲਈ ਘਰੋ ਨਿਕਲਿਆ, ਪਰ ਰਸਤੇ ਵਿੱਚੋ ਫਿਰ ਵਾਪਸ ਦੋਸਤ ਦੇ ਘਰ ਪਹੁੰਚ ਗਿਆ। ਇਸ ਤਰ੍ਹਾਂ ਦੋ-ਤਿੰਨ ਵਾਰੀ ਹੋਇਆ। ਉਨ੍ਹਾਂ ਦਾ ਨੌਕਰ ਵੀ ਕਹਿਣ ਲੱਗਿਆ, "ਯਹ ਕੈਸੇ ਸਾਹਬ ਹੈ। ਇਨ ਕੇ ਜਾਨੇ ਕੇ ਬਾਅਦ ਮੈਂ ਕਮਰਾ ਸਾਫ਼ ਕਰਤਾ ਹੂੰ। ਯਹ ਬੀਚ ਰਾਸਤੇ ਮੇਂ ਸੇ ਫਿਰ ਵਾਪਸ ਆ ਜਾਤੇ ਹੈ।' ਫਿਰ ਚੌਥੇ-ਪੰਜਵੇਂ ਦਿਨ ਏਅਰਪੋਰਟ ਲਈ ਘਰੋ ਨਿਕਲੇ। ਮਰਸਡੀਜ਼ ਗੱਡੀ 'ਚ ਡਰਾਈਵਰ ਏਅਰਪੋਰਟ ਛੱਡਣ ਜਾ ਰਿਹਾ ਸੀ। ਰਸਤੇ ਵਿੱਚ ਡਰਾਈਵਰ ਨੂੰ ਕਹਿੰਦਾ ਕਿ 'ਗਾੜੀ ਰੋਕ ਮੈਨੇ ਆਰਾਮ ਕਰਨਾ ਹੈ।' ਡਰਾਈਵਰ ਨੇ ਗੱਡੀ ਰੋਕੀ। ਹੁਸੈਨ ਗੱਡੀ 'ਚੋ ਆਪਣਾ ਬੈਗ ਲੈ ਕੇ ਬਾਹਰ ਨਿਕਲਿਆ। ਬੈਗ ਸਿਰਹਾਣੇ ਰੱਖ ਕੇ ਸੜਕ ਦੇ ਕਿਨਾਰੇ ਲੇਟ ਗਿਆ। ਉਸ ਡਰਾਈਵਰ ਨੇ ਆਪਣੇ ਮਾਲਕਾਂ ਨੂੰ ਫੋਨ 'ਤੇ ਦੱਸਿਆ 'ਯਹ ਕੈਸੇ ਸਾਹਬ ਹੈਂ। ਮਰਸਡੀਜ਼ ਸੜਕ ਪਰ ਖੜ੍ਹੀ ਹੈ ਔਰ ਇਹ ਉਤਰ ਕੇ ਆਰਾਮ ਕਰਨੇ ਕੇ ਲੀਏ ਸੜਕ ਪਰ ਲੇਟ ਗਏ ਹੈਂ।'

ਜਦੋਂ ਤੋਂ ਮਾਧੁਰੀ ਦੀਕਸ਼ਿਤ ਨੂੰ 'ਹਮ ਆਪ ਕੇ ਹੈ ਕੌਨ' ਲਈ ਐਵਾਰਡ ਮਿਲਿਆ। ਉਦੋਂ ਤੋਂ ਹੀ ਹੁਸੈਨ ਮਾਧੁਰੀ ਦਾ ਦੀਵਾਨਾ ਹੋ ਗਿਆ ਸੀ। ਮਾਧੁਰੀ ਦੀ ਇੱਕ ਫਿਲਮ ਉਸ ਨੇ ਸੱਠ ਵਾਰ ਦੇਖੀ ਸੀ। ਉਸ ਦਾ ਕਹਿਣਾ ਸੀ ਕਿ ਜਿੰਨੀ ਮੇਰੀ ਉਮਰ ਹੈ ਮੈਂ ਓਨੀ ਬਾਰ ਮਾਧੁਰੀ ਦੀ ਫਿਲਮ ਦੇਖੀ ਹੈ। ਮਾਧੁਰੀ ਨੂੰ ਲੈ ਕੇ ਉਸ ਨੇ 'ਗਜ਼ਗਾਮਿਨੀ' ਨਾਂ ਦੀ ਫਿਲਮ ਦਾ ਨਿਰਮਾਣ ਵੀ ਕੀਤਾ। ਇਸ ਫਿਲਮ ਬਾਰੇ ਮਾਧੁਰੀ ਦਾ ਕਹਿਣਾ ਸੀ ਕਿ 'ਜਦ ਇਸ ਫਿਲਮ ਦੀ ਕਹਾਣੀ ਲੈ ਕੇ ਹੁਸੈਨ ਸਾਹਬ ਮੇਰੇ ਕੋਲ ਆਏ ਤਾਂ ਪਹਿਲਾਂ ਤਾਂ ਮੈਨੂੰ ਇਸ ਕਹਾਣੀ ਦੀ ਸਮਝ ਹੀ ਨਹੀ ਲੱਗੀ। ਫਿਰ ਇਨ੍ਹਾਂ ਨੇ ਸਾਰੀ ਫਿਲਮ ਦੇ ਕੈਨਵਸ 'ਤੇ ਚਿੱਤਰ ਬਣਾ ਕੇ ਜਦੋਂ ਉਹ ਦਿਖਾਏ ਤਾਂ ਮੈਂ ਬਹੁਤ ਪ੍ਰਭਾਵਿਤ ਹੋਈ। ਫਿਰ ਮੈਂ ਇਹ ਫਿਲਮ ਕੀਤੀ।'

ਸਾਲ 1996 ਵਿੱਚ ਉਸ ਨੇ ਇੱਕ ਵਿਵਾਦਮਈ ਪੇਂਟਿੰਗ ਬਣਾ ਕੇ ਆਪਣੇ ਲਈ ਮੁਸੀਬਤ ਸਹੇੜ ਲਈ। ਉਸ ਨੇ ਹਿੰਦੂ ਦੇਵੀ-ਦੇਵਤਿਆਂ ਉੱਪਰ ਵਿਅੰਗ ਕਰਦੀ ਪੇਂਟਿੰਗ ਬਣਾਈ। ਉਸ ਦੀ ਇਸ ਵਜ੍ਹਾ ਕਰਕੇ ਦੇਸ਼ ਭਰ ਵਿੱਚ ਹਿੰਦੂਆਂ ਵੱਲੋਂ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਸ ਲਈ ਹੁਸੈਨ ਨੂੰ ਆਪਣਾ ਦੇਸ਼ ਛੱਡਣਾ ਪਿਆ ਅਤੇ ਲੰਡਨ ਜਾ ਕੇ ਵਸ ਗਿਆ। ਲੰਡਨ ਵਿਖੇ ਹੀ ਉਸ ਨੇ 9 ਜੂਨ 2011 ਨੂੰ 95 ਸਾਲ 8 ਮਹੀਨੇ ਤੇ 23 ਦਿਨ ਦੀ ਜ਼ਿੰਦਗੀ ਗੁਜ਼ਾਰ ਕੇ ਅਲਵਿਦਾ ਆਖ ਦਿੱਤਾ।

ਖ਼ਾਲਸਾ ਕਾਲਜ ਲਾਅ ਦੀ ਵਿਦਿਆਰਥਣ ਨੇ ਸ਼ਾਨਦਾਰ ਸਥਾਨ ਕੀਤਾ ਹਾਸਲ

ਅੰਮ੍ਰਿਤਸਰ, 11 ਜੂਨ (ਗੁਰਦਿਆਲ ਸਿੰਘ)—ਖਾਲਸਾ ਕਾਲਜ ਆਫ਼ ਲਾਅ ਦੀ ਵਿਦਿਆਰਥਣ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਲਈ ਗਈ ਬੀ. ਕਾਮ. ਐਲ. ਐਲ. ਬੀ. (ਪੰਜ ਸਾਲਾ ਕੋਰਸ) ਡਿਗਰੀ ਕੋਰਸ ਦੇ ਸਮੈਸਟਰ 9ਵਾਂ ਦੀ ਹੋਈ ਪ੍ਰੀਖਿਆ 'ਚੋਂ 378 ਅੰਕਾਂ ਨਾਲ 'ਵਰਸਿਟੀ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਸ ਮੌਕੇ ਕਾਲਜ ਡਾਇਰੈਕਟਰ—ਕਮ—ਪ੍ਰਿੰਸੀਪਲ ਪ੍ਰੋ. (ਡਾ.) ਜਸਪਾਲ ਸਿੰਘ ਨੇ ਸਟਾਫ ਦੀ ਮੌਜੂਦਗੀ 'ਚ ਉਕਤ ਵਿਦਿਆਰਥਣ ਨਵਦੀਪ ਕੌਰ ਦਾ ਆਪਣੇ ਦਫ਼ਤਰ ਵਿਖੇ ਮੂੰਹ ਮਿੱਠਾ ਕਰਵਾਉਂਦਿਆਂ ਕਿਹਾ ਕਿ ਇਹ ਪ੍ਰਾਪਤੀ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੂਪ ਹੈ।ਉਨ੍ਹਾਂ ਕਿਹਾ ਕਿ ਨਵਦੀਪ ਕੌਰ ਨੇ 500 ਅੰਕਾਂ 'ਚੋਂ 378 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ 'ਚੋਂ ਪਹਿਲਾ ਸਥਾਨ ਹਾਸਿਲ ਕੀਤਾ।ਉਨ੍ਹਾਂ ਕਿਹਾ ਕਿ ਕਾਲਜ ਦਾ ਵਧੀਆ ਨਤੀਜਾ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ, ਲਗਨ ਅਤੇ ਮੈਨੇਜਮੈਂਟ ਵੱਲੋਂ ਸਿੱਖਿਆ ਦਾ ਵਧੀਆ ਵਾਤਾਵਰਣ ਪ੍ਰਦਾਨ ਕਰਨ ਕਰਕੇ ਹੀ ਸੰਭਵ ਹੋ ਸਕਿਆ ਹੈ। ਵਿਦਿਆਰਥਣ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਕਾਲਜ ਅਧਿਆਪਕਾਂ ਨੇ ਕਿਹਾ ਕਿ ਨਵਦੀਪ ਕੌਰ ਪੜ੍ਹਾਈ 'ਚ ਹਮੇਸ਼ਾਂ ਮਿਹਨਤੀ ਅਤੇ ਅਨੁਸ਼ਾਸਿਤ ਰਹੀ ਹੈ, ਜਿਸ ਦਾ ਨਤੀਜਾ ਅੱਜ ਉਸਦੀ ਕਾਮਯਾਬੀ ਦੇ ਰੂਪ 'ਚ ਸਾਹਮਣੇ ਆਇਆ ਹੈ।ਇਸ ਮੌਕੇ ਡਾ. ਜਸਪਾਲ ਸਿੰਘ ਤੇ ਸਬੰਧਿਤ ਅਧਿਆਪਕਾਂ ਨੇ ਹੋਰਨਾਂ ਵਿਦਿਆਰਥੀਆਂ ਨੂੰ ਵੀ ਸਖ਼ਤ ਮਿਹਨਤ ਕਰਕੇ ਆਪਣਾ ਅਤੇ ਕਾਲਜ ਦਾ ਨਾਂ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਰਾਸ਼ੀਮਾ ਚੰਗੋਤਰਾ, ਡਾ. ਪ੍ਰੀਤ ਇੰਦਰ ਕੌਰ, ਡਾ. ਹਰਜੋਤ ਕੌਰ, ਪ੍ਰੋ. ਹੇਮਾ ਸਿੰਘ, ਪ੍ਰੋ. ਸੁਗਮ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

30 ਕਿਲੋ ਹੈਰੋਇਨ ਸਮੇਤ ਦੋ ਨਾਬਾਲਗਾਂ ਸਣੇ ਛੇ ਗ੍ਰਿਫ਼ਤਾਰ

ਗ੍ਰਿਫ਼ਤਾਰ ਮੁਲਜ਼ਮ ਦੁਬਈ ਅਧਾਰਤ ਤਸਕਰ ਦੇ ਸੰਪਰਕ 'ਚ ਸਨ: ਡੀ.ਜੀ.ਪੀ.

ਚੰਡੀਗੜ੍ਹ/ਅੰਮ੍ਰਿਤਸਰ, 11 ਜੂਨ:ਗੁਰਦਿਆਲ ਸਿੰਘ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਛੇ ਵਿਅਕਤੀਆਂ, ਜਿਨ੍ਹਾਂ ਵਿੱਚੋਂ ਦੋ ਨਾਬਾਲਗ ਹਨ, ਨੂੰ 30.045 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ਾ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਅੰਮ੍ਰਿਤਸਰ ਦੀ ਫਤਿਹ ਸਿੰਘ ਕਲੋਨੀ ਦੇ ਰਹਿਣ ਵਾਲੇ ਗੌਤਮ (24), ਅੰਮ੍ਰਿਤਸਰ ਦੇ ਛੇਹਰਟਾ ਦੇ ਰਹਿਣ ਵਾਲੇ ਕਬੀਰ ਉਰਫ਼ ਕਾਕੂ (22), ਅੰਮ੍ਰਿਤਸਰ ਦੇ ਰਹਿਣ ਵਾਲੇ ਸਮੀਰ ਉਰਫ਼ ਸਭਰਵਾਲ (18), ਅੰਮ੍ਰਿਤਸਰ ਦੀ ਔਰਚਿਡ ਵੈਲੀ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਉਰਫ਼ ਕੀੜਾ (18) ਵਜੋਂ ਹੋਈ ਹੈ।ਇਸ ਤੋਂ ਇਲਾਵਾ ਗ੍ਰਿਫਤਾਰ ਮੁਲਜ਼ਮਾਂ ਵਿੱਚ ਦੋ ਨਾਬਾਲਗ ਵੀ ਸ਼ਾਮਲ ਹਨ। ਗ੍ਰਿਫ਼ਤਾਰ ਮੁਲਜ਼ਮ ਕਬੀਰ ਉਰਫ਼ ਕਾਕੂ ਦਾ ਪੁਰਾਣਾ ਅਪਰਾਧਕ ਰਿਕਾਰਡ ਹੈ ਜਿਸ ਖ਼ ?ਲਾਫ਼ ਥਾਣਾ ਛੇਹਰਟਾ ਵਿਖੇ ਐਨਡੀਪੀਐਸ ਤਹਿਤ ਪਹਿਲਾਂ ਹੀ ਕੇਸ ਦਰਜ ਹੈ।ਨਸ਼ਿਆਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਉਹ ਨਸ਼ਾ ਤਸਕਰੀ ਲਈ ਕਰ ਰਹੇ ਸਨ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਗ੍ਰਿਫ਼ਤਾਰ ਮੁਲਜ਼ਮ ਦੁਬਈ ਅਧਾਰਤ ਤਸਕਰ ਨਾਲ ਸੰਪਰਕ ਵਿੱਚ ਸਨ ਜੋ ਸਰਹੱਦ ਪਾਰੋਂ ਹੈਰੋਇਨ ਤਸਕਰੀ ਵਿੱਚ ਉਨ੍ਹਾਂ ਦੀ ਸਹਾਇਤਾ ਕਰ ਰਿਹਾ ਸੀ।ਉਨ੍ਹਾਂ ਦੱਸਿਆ ਕਿ ਦੁਬਈ ਅਧਾਰਤ ਤਸਕਰ ਦੇ ਨਿਰਦੇਸ਼ਾਂ 'ਤੇ ਕੰਮ ਕਰਦਿਆਂ ਉਕਤ ਮੁਲਜ਼ਮ ਨਿਰਧਾਰਤ ਥਾਵਾਂ ਤੋਂ ਖੇਪਾਂ ਪ੍ਰਾਪਤ ਕਰਕੇ ਉਨ੍ਹਾਂ ਨੂੰ ਅੱਗੇ ਪੰਜਾਬ ਭਰ 'ਚ ਸਪਲਾਈ ਕਰਦੇ ਸਨ।ਡੀਜੀਪੀ ਨੇ ਕਿਹਾ ਕਿ ਇਸ ਨੈੱਟਵਰਕ ਵਿੱਚ ਸ਼ਾਮਲ ਹੋਰ ਮੁਲਜ਼ਮਾਂ ਦੀ ਪਛਾਣ ਕਰਨ ਅਤੇ ਵਿੱਤੀ ਸਰੋਤਾਂ ਦਾ ਪਤਾ ਲਗਾ ਕੇ ਸੰਭਾਵਿਤ ਹਵਾਲਾ ਸਬੰਧਾਂ ਦਾ ਪਰਦਾਫਾਸ਼ ਕਰਨ ਲਈ ਲਈ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਖੁਫੀਆ ਜਾਣਕਾਰੀ 'ਤੇ ਅਧਾਰਤ ਕਾਰਵਾਈ ਵਿੱਚ ਪੁਲਿਸ ਟੀਮਾਂ ਨੇ ਮੁਲਜ਼ਮ ਗੌਤਮ ਨੂੰ ਉਸਦੇ ਦੋ ਨਾਬਾਲਗ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ਅਤੇ ਉਨ੍ਹਾਂ ਕੋਲੋਂ 30.045 ਕਿਲੋ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਗੌਤਮ ਦੇ ਖੁਲਾਸੇ 'ਤੇ ਤਿੰਨ ਹੋਰ ਦੋਸ਼ੀਆਂ ਜਿਨ੍ਹਾਂ ਦੀ ਪਛਾਣ ਕਬੀਰ ਉਰਫ਼ ਕਾਕੂ, ਸਮੀਰ ਉਰਫ਼ ਸਭਰਵਾਲ ਅਤੇ ਗੁਰਪ੍ਰੀਤ ਸਿੰਘ ਉਰਫ਼ ਕੀੜਾ ਵਜੋਂ ਹੋਈ ਹੈ, ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਜਾਂਚ ਅਨੁਸਾਰ ਦੁਬਈ ਅਧਾਰਤ ਤਸਕਰ ਇਸ ਮਾਡਿਊਲ ਦਾ ਮਾਸਟਰਮਾਈਂਡ ਹੈ, ਜੋ ਪੁਲਿਸ ਨੂੰ ਪਹਿਲਾਂ ਹੀ 42 ਕਿਲੋ ਹੈਰੋਇਨ ਰਿਕਵਰੀ ਕੇਸ ਅਤੇ 10 ਕਿਲੋਆਈਸੀਈ ਰਿਕਵਰੀ ਕੇਸ ਸਮੇਤ ਤਿੰਨ ਵੱਡੇ ਐਨਡੀਪੀਐਸ ਮਾਮਲਿਆਂ ਵਿੱਚ ਲੋੜੀਂਦਾ ਹੈ। ਉਨ੍ਹਾਂ ਦੱਸਿਆ ਕਿ ਦੁਬਈ 'ਚ ਬੈਠ ਕੇ ਕੰਮ ਕਰਦਿਆਂ ਉਕਤ ਮੁਲਜ਼ਮ ਨੌਜਵਾਨਾਂ, ਜਿਨ੍ਹਾਂ ਵਿੱਚ ਨਾਬਾਲਗ ਵੀ ਸ਼ਾਮਲ ਹਨ, ਨੂੰ ਪੈਸੇ ਦਾ ਲਾਲਚ ਦੇ ਕੇ ਲੁਭਾਉਂਦਾ ਸੀ ਅਤੇ ਫਿਰ ਉਨ੍ਹਾਂ ਨੂੰ ਨਸ਼ਿਆਂ ਦੀ ਖੇਪ ਹਾਸਲ ਕਰਨ ਤੋਂ ਲੈ ਕੇ ਇਨ੍ਹਾਂ ਦੀ ਅੱਗੇ ਸਪਲਾਈ ਵਰਗੇ ਕੰਮਾਂ ਲਈ ਵਰਤਦਾ ਸੀ।

ਗੁਰਜੀਤ ਸਿੰਘ ਔਜਲਾ ਨੇ ਮੱਲਿਕਾਰਜੁਨ ਖੜਗੇ ਨਾਲ ਕੀਤੀ ਵਿਸ਼ੇਸ਼ ਮੁਲਾਕਾਤ

ਅੰਮ੍ਰਿਤਸਰ , 11 ਜੂਨ : ਗੁਰਦਿਆਲ ਸਿੰਘ : ਨਵੀਂ ਦਿੱਲੀ ਵਿਖੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੁੱਖ ਦਫ਼ਤਰ ਇੰਦਿਰਾ ਭਵਨ ਵਿੱਚ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਾਂਗਰਸ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਮੱਲਿਕਾਰਜੁਨ ਖੜਗੇ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਪੰਜਾਬ ਅਤੇ ਦੇਸ਼ ਦੀ ਮੌਜੂਦਾ ਸਿਆਸੀ ਸਥਿਤੀ ਸਮੇਤ ਲੋਕਾਂ ਨਾਲ ਜੁੜੇ ਅਹਿਮ ਮੁੱਦਿਆਂ ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤ ਬਣਾਉਣ, ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਨਾਲ ਜੁੜੇ ਵੱਖ-ਵੱਖ ਮੁੱਦਿਆਂ ਅਤੇ ਲੋਕਾਂ ਦੀਆਂ ਉਮੀਦਾਂ ਨੂੰ ਕੌਮੀ ਪ੍ਰਧਾਨ ਦੇ ਧਿਆਨ ਵਿੱਚ ਲਿਆਂਦਾ।ਇਸ ਮੌਕੇ ਔਜਲਾ ਨੇ ਕਿਹਾ ਕਿ ਦੇਸ਼ ਇਸ ਵੇਲੇ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਅਜਿਹੇ ਸਮੇਂ ਵਿੱਚ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨਾ, ਸੰਵਿਧਾਨ ਅਤੇ ਲੋਕਤੰਤਰ ਦੀ ਰੱਖਿਆ ਕਰਨਾ ਅਤੇ ਦੇਸ਼ ਨੂੰ ਤਰੱਕੀ, ਏਕਤਾ ਅਤੇ ਭਾਈਚਾਰੇ ਦੇ ਰਾਹ ਤੇ ਅੱਗੇ ਲੈ ਕੇ ਜਾਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਸ੍ਰੀ ਮੱਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਦੇਸ਼ ਦੇ ਹਰ ਵਰਗ ਦੀ ਆਵਾਜ਼ ਬਣ ਕੇ ਲੋਕਾਂ ਦੇ ਹੱਕਾਂ ਲਈ ਨਿਰੰਤਰ ਸੰਘਰਸ਼ ਕਰ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸ ਵਚਨਬੱਧਤਾ ਨਾਲ ਕੰਮ ਕਰਦੀ ਰਹੇਗੀ।

ਬ੍ਰੈਸਟ ਕੈਂਸਰ ਅਤੇ ਦਿਲ ਦੀ ਗੰਭੀਰ ਬਿਮਾਰੀ ਤੋਂ ਪੀੜਤ ਨੂੰ ਨਵੀਂ ਜ਼ਿੰਦਗੀ ਮਿਲੀ

ਅੰਮ੍ਰਿਤਸਰ, 11 ਜੂਨ : ਗੁਰਦਿਆਲ ਸਿੰਘ : ਅਡਵਾਂਸਡ ਬ੍ਰੈਸਟ ਕੈਂਸਰ ਅਤੇ ਗੰਭੀਰ ਦਿਲ ਦੀ ਬਿਮਾਰੀ ਤੋਂ ਪੀੜਤ 59 ਸਾਲਾ ਔਰਤ ਨੂੰ ਅੰਮ੍ਰਿਤਸਰ ਦੇ ਲਿਵਾਸਾ ਹਸਪਤਾਲ ਵਿੱਚ ਸਫਲ ਇਲਾਜ ਤੋਂ ਬਾਅਦ ਨਵੀਂ ਜ਼ਿੰਦਗੀ ਮਿਲੀ ਹੈ। ਔਰਤ ਦੀ ਖੱਬੀ ਛਾਤੀ ਵਿੱਚ ਇੱਕ ਗੰਢ ਸੀ। ਵਿਸਤ੍ਰਿਤ ਜਾਂਚ ਤੋਂ ਪਤਾ ਲੱਗਾ ਕਿ ਉਸਨੂੰ ਪਾਜ਼ਿਟਿਵ, ਹਾਰਮੋਨ ਰੀਸੈਪਟਰ-ਨੈਗੇਟਿਵ ਛਾਤੀ ਦਾ ਕੈਂਸਰ ਸੀ ਜੋ ਫੇਫੜਿਆਂ ਤੱਕ ਫੈਲ ਗਿਆ ਸੀ। ਉਸਨੂੰ ਪਹਿਲਾਂ ਤੋਂ ਮੌਜੂਦ ਕੋਰੋਨਰੀ ਆਰਟਰੀ ਬਿਮਾਰੀ ਵੀ ਸੀ ਅਤੇ ਕੋਰੋਨਰੀ ਸਟੈਂਟਿੰਗ ਵੀ ਹੋਈ ਸੀ। ਉਸਦਾ ਖੱਬਾ ਵੈਂਟ੍ਰਿਕੂਲਰ ਇਜੈਕਸ਼ਨ ਫਰੈਕਸ਼ਨ ਸਿਰਫ 18 ਪ੍ਰਤੀਸ਼ਤ ਸੀ। ਇਸਨੇ ਸਟੈਂਡਰਡ ਐਂਟੀ- ਟਾਰਗੇਟਡ ਥੈਰੇਪੀਆਂ ਨਾਲ ਜੁੜੇ ਜੋਖਮਾਂ ਨੂੰ ਕਾਫ਼ੀ ਵਧਾ ਦਿੱਤਾ, ਜੋ ਦਿਲ ਦੇ ਕੰਮ ਨੂੰ ਹੋਰ ਵਿਗਾੜ ਸਕਦੇ ਹਨ। ਮੈਡੀਕਲ ਓਨਕੋਲੋਜੀ ਸਲਾਹਕਾਰ ਡਾ. ਅੰਮ੍ਰਿਤਜੋਤ ਸਿੰਘ ਰੰਧਾਵਾ ਦੀ ਨਿਗਰਾਨੀ ਹੇਠ ਓਨਕੋਲੋਜੀ, ਕਾਰਡੀਓਲੋਜੀ, ਇਮੇਜਿੰਗ ਮਾਹਿਰਾਂ ਅਤੇ ਕ੍ਰਿਟੀਕਲ ਕੇਅਰ ਟੀਮ ਨੇ ਇੱਕ ਅਨੁਕੂਲਿਤ ਇਲਾਜ ਰਣਨੀਤੀ ਤਿਆਰ ਕੀਤੀ। ਡਾ. ਰੰਧਾਵਾ ਨੇ ਕਿਹਾ, ਮਰੀਜ਼ ਦੇ ਨਾਜ਼ੁਕ ਦਿਲ ਦੀ ਸਥਿਤੀ ਨੂੰ ਦੇਖਦੇ ਹੋਏ, ਅਸੀਂ ਦਿਲ ਦੀ ਨਿਗਰਾਨੀ ਅਤੇ ਵਧੀ ਹੋਈ ਸਹਾਇਕ ਦੇਖਭਾਲ ਦੇ ਨਾਲ ਨੈਨੋਪਾਰਟੀਕਲ ਪੈਕਲੀਟੈਕਸਲ ਕੀਮੋਥੈਰੇਪੀ ਦੀ ਚੋਣ ਕੀਤੀ। ਮਰੀਜ਼ ਨੇ ਕੀਮੋਥੈਰੇਪੀ ਦੇ ਚਾਰ ਚੱਕਰ ਸਫਲਤਾਪੂਰਵਕ ਪੂਰੇ ਕੀਤੇ । ਬਾਅਦ ਵਿੱਚ ਕੀਤੇ ਗਏ ਸਕੈਨ ਨੇ ਪੂਰੀ ਤਰ੍ਹਾਂ ਮੈਟਾਬੋਲਿਕ ਰਿਮਿਸ਼ਨ ਦਾ ਖੁਲਾਸਾ ਕੀਤਾ, ਕੋਈ ਸਰਗਰਮ ਬਿਮਾਰੀ ਬਾਕੀ ਨਹੀਂ ਰਹੀ। ਕਮਾਲ ਦੀ ਗੱਲ ਹੈ ਕਿ, ਗੰਭੀਰ ਦਿਲ ਦੀ ਬਿਮਾਰੀ ਦੇ ਬਾਵਜੂਦ, ਔਰਤ ਨੇ ਬਿਨਾਂ ਕਿਸੇ ਵੱਡੀ ਪੇਚੀਦਗੀਆਂ ਦੇ ਇਲਾਜ ਨੂੰ ਬਹੁਤ ਵਧੀਆ ਢੰਗ ਨਾਲ ਬਰਦਾਸ਼ਤ ਕੀਤਾ।

ਰੈਡ ਕਰਾਸ ਸੁਸਾਇਟੀ ਨੂੰ ਦਿੱਲੀ ਜੀ.ਐਸ.ਟੀ. ਪ੍ਰੋਫੈਸ਼ਨਲਜ਼ ਗਰੁੱਪ ਨੇ ਕੀਤਾ ਸਨਮਾਨਤ

ਅੰਮ੍ਰਿਤਸਰ, 11 ਜੂਨ (ਬਬਲੂ ਮਹਾਜਨ) :ਮਾਨਵਤਾ ਦੀ ਸੇਵਾ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਲਈ ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ ਨੂੰ ਦਿੱਲੀ ਜੀਐਸਟੀ ਪ੍ਰੋਫੈਸ਼ਨਲਜ਼ ਗਰੁੱਪ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸਮਾਗਮ ਨਵੀਂ ਦਿੱਲੀ ਵਿਖੇ ਲੋਕ ਸਭਾ ਮੈਂਬਰ ਸ਼੍ਰੀ ਪ੍ਰਵੀਣ ਖੰਡੇਲਵਾਲ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਸਾਲ ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ, ਲੋਪੋਕੇ, ਰਮਦਾਸ ਅਤੇ ਬਾਬਾ ਬਕਾਲਾ ਸਾਹਿਬ ਖੇਤਰਾਂ ਵਿੱਚ ਆਏ ਹੜ੍ਹਾਂ ਦੌਰਾਨ ਰਾਹਤ ਅਤੇ ਮੁੜ ਵਸੇਬੇ ਦੇ ਕੰਮਾਂ ਵਿੱਚ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਅਤੇ ਦਿੱਲੀ ਜੀਐਸਟੀ ਪ੍ਰੋਫੈਸ਼ਨਲਜ਼ ਗਰੁੱਪ ਵੱਲੋਂ ਸਾਂਝੇ ਤੌਰ ਤੇ ਮਹੱਤਵਪੂਰਨ ਭੂਮਿਕਾ ਨਿਭਾਈ ਗਈ ਸੀ। ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਪ੍ਰਭਾਵਿਤ ਪਰਿਵਾਰਾਂ ਤੱਕ ਰਾਹਤ ਸਮੱਗਰੀ ਪਹੁੰਚਾਉਣ, ਲੋੜਵੰਦਾਂ ਦੀ ਸਹਾਇਤਾ ਕਰਨ ਅਤੇ ਮੁੜ ਵਸੇਬੇ ਦੇ ਕਾਰਜਾਂ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਵਿੱਚ ਦੋਵਾਂ ਸੰਸਥਾਵਾਂ ਨੇ ਅਹਿਮ ਯੋਗਦਾਨ ਪਾਇਆ।ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ, ਸ੍ਰੀ ਦਲਵਿੰਦਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਮੁੜ ਵਸੇਬੇ ਦੇ ਕੰਮ ਸਫਲਤਾਪੂਰਵਕ ਮੁਕੰਮਲ ਕੀਤੇ ਗਏ। ਉਨ੍ਹਾਂ ਕਿਹਾ ਕਿ ਦਿੱਲੀ ਜੀਐਸਟੀ ਪ੍ਰੋਫੈਸ਼ਨਲਜ਼ ਗਰੁੱਪ ਅੱਜ ਵੀ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਨਾਲ ਮਿਲ ਕੇ ਮਾਨਵਤਾ ਸੇਵਾ ਦੇ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾ ਰਿਹਾ ਹੈ।ਸਮਾਗਮ ਦੇ ਸਫਲ ਆਯੋਜਨ ਵਿੱਚ ਦਿੱਲੀ ਜੀਐਸਟੀ ਪ੍ਰੋਫੈਸ਼ਨਲਜ਼ ਗਰੁੱਪ ਦੇ ਪ੍ਰਧਾਨ ਐਡਵੋਕੇਟ ਸੁਸ਼ੀਲ ਵਰਮਾ, ਐਡਵੋਕੇਟ ਨਰਿੰਦਰ ਅਹੂਜਾ, ਸ੍ਰੀਮਤੀ ਰਸ਼ਮੀ ਜੈਨ, ਸ੍ਰੀਮਤੀ ਰਾਜਮਾਨੀ ਜਿੰਦਲ, ਐਡਵੋਕੇਟ ਵਰਸ਼ਾ ਜੈਨ ਅਤੇ ਐਡਵੋਕੇਟ ਹਰੀਸ਼ ਚੰਦਰ ਭਾਟੀਆ ਦੀ ਭੂਮਿਕਾ ਨੂੰ ਵਿਸ਼ੇਸ਼ ਤੌਰ ਤੇ ਸਰਾਹਿਆ ਗਿਆ। ਇਸ ਮੌਕੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਲਗਭਗ 265 ਵਕੀਲ ਅਤੇ ਕਾਨੂੰਨੀ ਮਾਹਿਰ ਵੀ ਹਾਜ਼ਰ ਸਨ।ਆਪਣੇ ਸੰਬੋਧਨ ਦੌਰਾਨ ਲੋਕ ਸਭਾ ਮੈਂਬਰ ਸ਼੍ਰੀ ਪ੍ਰਵੀਣ ਖੰਡੇਲਵਾਲ ਨੇ ਰੈਡ ਕਰਾਸ ਸੁਸਾਇਟੀ ਵੱਲੋਂ ਕੀਤੀਆਂ ਜਾ ਰਹੀਆਂ ਮਾਨਵਤਾ ਭਰਪੂਰ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਕੁਦਰਤੀ ਆਫ਼ਤਾਂ, ਐਮਰਜੈਂਸੀ ਹਾਲਾਤਾਂ ਅਤੇ ਸਮਾਜਿਕ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਰੈਡ ਕਰਾਸ ਵਰਗੀਆਂ ਸੰਸਥਾਵਾਂ ਦਾ ਸਹਿਯੋਗ ਕਰਨਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਮਾਨਵਤਾ ਦੀ ਸੇਵਾ ਲਈ ਅੱਗੇ ਆਉਣ ਅਤੇ ਲੋੜਵੰਦਾਂ ਦੀ ਮਦਦ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਐਡਵੋਕੇਟ ਸੁਸ਼ੀਲ ਵਰਮਾ, ਐਡਵੋਕੇਟ ਹਰੀਸ਼ ਚੰਦਰ ਭਾਟੀਆ, ਐਡਵੋਕੇਟ ਨਰਿੰਦਰ ਅਹੂਜਾ ਅਤੇ ਸ੍ਰੀਮਤੀ ਰਸ਼ਮੀ ਜੈਨ ਨੇ ਵੀ ਸਮਾਜ ਸੇਵਾ ਅਤੇ ਮਾਨਵ ਭਲਾਈ ਨਾਲ ਸਬੰਧਤ ਕਾਰਜਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ

ਬਾਜਵਾ ਬਣੇ ਬਟਾਲਾ ਨਗਰ ਨਿਗਮ ਦੇ ਮੇਅਰ

ਬਟਾਲਾ, 11 ਜੂਨ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ)- ਬਟਾਲਾ ਨਗਰ ਨਿਗਮ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ ਅੱਜ ਚੁਣੇ ਗਏ ਕੌਂਸਲਰਾਂ ਦੀ ਸਰਬਸੰਮਤੀ ਨਾਲ ਸਫਲਤਾਪੂਰਵਕ ਸੰਪੰਨ ਹੋਈ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਸਿੰਘ ਕਟਾਰੂਚੱਕ, ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਕਮਿਸ਼ਨਰ ਜਲੰਧਰ ਡਵੀਜ਼ਨ ਸ੍ਰੀ ਰਾਮ ਅਤੇ ਕਮਿਸ਼ਨਰ ਨਗਰ ਨਿਗਮ ਬਟਾਲਾ ਗੁਰਸਿਮਰਨ ਸਿੰਘ ਢਿੱਲੋਂ ਵਿਸ਼ੇਸ਼ ਤੌਰ ਤੇ ਮੌਜੂਦ ਰਹੇ।ਨਗਰ ਨਿਗਮ ਦੇ ਨਵ-ਚੁਣੇ ਕੌਂਸਲਰਾਂ ਵੱਲੋਂ ਸਰਬਸੰਮਤੀ ਨਾਲ ਭੁਪਿੰਦਰ ਸਿੰਘ ਬਾਜਵਾ ਨੂੰ ਬਟਾਲਾ ਨਗਰ ਨਿਗਮ ਦਾ ਮੇਅਰ ਚੁਣਿਆ ਗਿਆ। ਇਸ ਦੇ ਨਾਲ ਹੀ ਸ੍ਰੀਮਤੀ ਸੁਖਰਾਜ ਕੌਰ ਸੀਨੀਅਰ ਡਿਪਟੀ ਮੇਅਰ ਅਤੇ ਸ੍ਰੀਮਤੀ ਨੀਲਮ ਚੌਹਾਨ ਡਿਪਟੀ ਮੇਅਰ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਕੈਬਨਿਟ ਮੰਤਰੀ ਲਾਲ ਸਿੰਘ ਕਟਾਰੂਚੱਕ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਟਾਲਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਆਮ ਆਦਮੀ ਪਾਰਟੀ ਦੀ ਟੀਮ ਪੂਰੀ ਇਮਾਨਦਾਰੀ ਅਤੇ ਵਚਨਬੱਧਤਾ ਨਾਲ ਕੰਮ ਕਰੇਗੀ।

ਟਾਂਡਾ 'ਚ ਪੈਨਸ਼ਨਰਾਂ ਨੇ ਕੀਤੀ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ

ਟਾਂਡਾ ਉੜਮੁੜ, 11 ਜੂਨ (ਅਰਜੁਨ ਜੈਨ)- ਪੰਜਾਬ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਉੜਮੁੜ ਟਾਂਡਾ ਦੀ ਇਕ ਵਿਸ਼ੇਸ਼ ਮੀਟਿੰਗ ਪ੍ਰਧਾਨ ਅਜੀਤ ਸਿੰਘ ਗੁਰਾਇਆ, ਜਨਰਲ ਸਕੱਤਰ ਪ੍ਰੇਮ ਸਾਗਰ ਅਰੋੜਾ ਅਤੇ ਵਿੱਤ ਸਕੱਤਰ ਸੁਖਬੀਰ ਸਿੰਘ ਦੀ ਅਗਵਾਈ ਹੇਠ ਪ੍ਰੋਫੈਸਰ ਕੇ. ਕਲੋਟੀ ਲਾਇਬ੍ਰੇਰੀ ਹਾਲ, ਨੇੜੇ ਸ਼ਿਮਲਾ ਪਹਾੜੀ ਪਾਰਕ ਵਿਖੇ ਹੋਈ। ਮੀਟਿੰਗ ਦੌਰਾਨ ਪੈਨਸ਼ਨਰਾਂ ਨੇ ਆਪਣੀਆਂ ਹੱਕੀ ਮੰਗਾਂ ਸਬੰਧੀ ਆਵਾਜ਼ ਬੁਲੰਦ ਕੀਤੀ।ਮੀਟਿੰਗ ਦੀ ਸ਼ੁਰੂਆਤ ਮੌਕੇ ਸਮੂਹ ਮੈਂਬਰਾਂ ਨੇ ਪਟਿਆਲਾ ਵਿਖੇ ਸਰਕਾਰ ਦੇ ਇਸ਼ਾਰੇ ਤੇ ਪੁਲਸ ਪ੍ਰਸ਼ਾਸਨ ਵੱਲੋਂ ਬੇਰੋਜ਼ਗਾਰ ਲਾਈਨਮੈਨਾਂ ਤੇ ਕੀਤੇ ਤਸ਼ੱਦਦ ਦਾ ਸਖ਼ਤ ਵਿਰੋਧ ਕੀਤਾ ਗਿਆ । ਇਸ ਤੋਂ ਬਾਅਦ ਪੈਨਸ਼ਨਰਾਂ ਦੀਆਂ ਮੁਸ਼ਕਿਲਾਂ, ਉਨ੍ਹਾਂ ਦੇ ਹੱਲ ਅਤੇ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਮਾਨਯੋਗ ਹਾਈਕੋਰਟ ਦੇ ਸਿੰਗਲ ਅਤੇ ਡਬਲ ਬੈਂਚ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਪੇ ਕਮਿਸ਼ਨ ਦੇ ਬਕਾਏ,18 ਫੀਸਦੀ ਡੀ.ਏ. ਦੇ ਬਕਾਏ ਦੇ ਭੁਗਤਾਨ ਸਬੰਧੀ ਦਿੱਤਾ ਗਿਆ ਇਤਿਹਾਸਿਕ ਫੈਸਲਾ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਹ ਫੈਸਲਾ ਜਲਦ ਤੋਂ ਜਲਦ ਲਾਗੂ ਕਰਨਾ ਚਾਹੀਦਾ ਹੈ।ਮੀਟਿੰਗ ਵਿਚ ਬਾਕੀ ਰਹਿੰਦੀਆਂ ਮੰਗਾਂ ਜਿਵੇਂ 2.59 ਦੇ ਗੁਣਾਕ ਅਨੁਸਾਰ ਪੈਨਸ਼ਨ ਸੋਧਣ, ਮੈਡੀਕਲ ਭੱਤਾ 2000 ਰੁਪਏ ਕਰਨ ਅਤੇ ਕੈਸ਼ਲੈੱਸ ਮੈਡੀਕਲ ਸਕੀਮ ਲਾਗੂ ਕਰਨ ਦੀ ਮੰਗ ਵੀ ਜ਼ੋਰਦਾਰ ਢੰਗ ਨਾਲ ਚੁੱਕੀ ਗਈ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਲਗਾਤਾਰ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਸੰਜੀਦਗੀ ਨਹੀਂ ਦਿਖਾ ਰਹੀ, ਜਿਸ ਕਰਕੇ ਉਨ੍ਹਾਂ ਵਿਚ ਸਰਕਾਰ ਪ੍ਰਤੀ ਰੋਸ ਹੈ । ਆਗੂਆਂ ਨੇ ਕਿਹਾ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਪੈਨਸ਼ਨਰ ਸੰਘਰਸ਼ ਲਈ ਵੀ ਤਿਆਰ ਰਹਿਣਗੇ ਅਤੇ ਆਉਣ ਵਾਲੇ ਦਿਨਾਂ ਵਿਚ ਸੰਘਰਸ਼ ਹੋਰ ਤੇਜ ਕੀਤਾ ਜਾਵੇਗਾ । ਉਨ੍ਹਾਂ ਆਖਿਆ ਕਿ ਸਰਕਾਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਪ੍ਰਤੀ ਮਾੜੇ ਵਤੀਰੇ ਦਾ ਖਾਮਿਆਜਾ 2027 ਦੀਆਂ ਚੋਣਾਂ ਵਿਚ ਭੁਗਤਣਾ ਪਵੇਗਾ।

ਗਿ:ਗੌਹਰ ਵੱਲੋਂ ਗਿਆਨੀ ਰਘਬੀਰ ਸਿੰਘ ਨੂੰ ਪੰਥ ਚੋਂ ਛੇਕਣ ਦੀ ਮੰਗ

ਅੰਮ੍ਰਿਤਸਰ, 11 ਜੂਨ (ਬਬਲੂ ਮਹਾਜਨ) : ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਤੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਗੌਹਰ ਏ ਮਸਕੀਨ ਨੇ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥ ਚੋਂ ਛੇਕਣ ਦੀ ਮੰਗ ਕੀਤੀ ਹੈ। ਗਿਆਨੀ ਗੌਹਰ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਲਿਖੇ ਪੱਤਰ ਵਿਚ ਕਿਹਾ ਕਿ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਿਧਾਂਤਾਂ ਦੀ ਉਲੰਘਣਾ ਕਰਦੇ ਹੋਏ ਸਿੱਟ ਅੱਗੇ ਪੇਸ਼ ਹੋ ਕੇ ਸ੍ਰੀ ਅਕਾਲ ਤਖਤ ਸਾਹਿਬ ਦੀ ਮਰਿਆਦਾ ਨੂੰ ਢਾਹ ਲਗਾਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਸਿੱਖਾਂ ਲਈ ਸਰਵ ਉੱਚ ਅਸਥਾਨ ਹੈ, ਇਸ ਤੋਂ ਹਰੇਕ ਹੁਕਮ, ਆਦੇਸ਼, ਸੰਦੇਸ਼ ਸਿੱਖ ਪੰਥ ਲਈ ਇਲਾਹੀ ਫੁਰਮਾਨ ਹੈ। ਗਿਆਨੀ ਰਘਬੀਰ ਸਿੰਘ ਨੇ ਦੁਨਿਆਵੀਂ ਅਤੇ ਸਰਕਾਰੀ ਵਿਸ਼ੇਸ਼ ਜਾਂਚ ਟੀਮ ਪਾਸ ਜਾ ਕੇ ਆਪਣੇ ਬਿਆਨ ਦਰਜ ਕਰਵਾ ਕੇ ਆਪਣੇ ਸਮੇਤ ਪੰਜ ਸਿੰਘ ਸਹਿਬਾਨ ਵੱਲੋਂ ਸਿੱਖ ਰਿਵਾਇਤਾ ਅਨੁਸਾਰ ਸਿੱਖਾਂ ਦੇ ਸਰਵ ਉੱਚ ਤਖਤ ਦੇ ਫੈਂਸਲੇ ਦੇ ਉੱਲਟ ਜਾ ਕੇ ਮਰਿਆਦਾ ਦੀ ਉਲੰਘਣਾ ਕੀਤਾ ਹੈ, ਜੋ ਮਾਫ ਕਰਨ ਦੇ ਯੋਗ ਨਹੀਂ ਹੈ। ਇਸ ਲਈ ਬਿਨ੍ਹਾਂ ਕਿਸੇ ਦੇਰੀ ਕੀਤੇ ਗਿਆਨੀ ਰਘਬੀਰ ਸਿੰਘ ਨੂੰ ਪੰਥ ਚੋਂ ਛੇਕਿਆ ਜਾਵੇ ਤਾਂ ਜੋ ਕੋਈ ਵੀ ਸ੍ਰੀ ਅਕਾਲ ਤਖਤ ਸਾਹਿਬ ਨੂੰ ਚੁਨੌਤੀ ਦੇਣ ਦੀ ਜੁਅਰਤ ਨਾ ਕਰ ਸਕੇ।

ਸ਼੍ਰੋਮਣੀ ਕਮੇਟੀ ਵਫ਼ਦ ਨੇ ਯੂਬਾ ਸਿਟੀ 'ਚ ਕੀਤੇ ਜਾਣ ਵਾਲੇ ਕਾਰਜਾਂ ਲਈ ਜਗ੍ਹਾ ਦਾ ਲਿਆ ਜਾਇਜ਼ਾ

ਅੰਮ੍ਰਿਤਸਰ, 11 ਜੂਨ (ਗੁਰਦਿਆਲ ਸਿੰਘ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅਮਰੀਕਾ ਪੁੱਜੇ ਵਫ਼ਦ ਨੇ ਅਮਰੀਕਾ ਦੇ ਯੂਬਾ ਸਿਟੀ ਵਿਖੇ ਸਥਾਪਿਤ ਕੀਤੇ ਜਾਣ ਵਾਲੇ ਧਰਮ ਪ੍ਰਚਾਰ ਕੇਂਦਰ, ਪ੍ਰੈੱਸ, ਸਿੱਖ ਮਿਸ਼ਨ ਅਤੇ ਗੁਰਮਤਿ ਵਿਦਿਆਲੇ ਲਈ ਜ਼ਮੀਨ ਦਾ ਜਾਇਜ਼ਾ ਲਿਆ ਅਤੇ ਇਥੇ ਕੀਤੇ ਜਾਣ ਵਾਲੇ ਕਾਰਜਾਂ ਸਬੰਧੀ ਆਰਕੀਟੈਕਟਾਂ ਅਤੇ ਸਥਾਨਕ ਸਿੱਖ ਆਗੂਆਂ ਨਾਲ ਵਿਚਾਰ ਚਰਚਾ ਕੀਤੀ। ਜ਼ਿਕਰਯੋਗ ਹੈ ਕਿ ਇਹ 14 ਏਕੜ ਦੇ ਕਰੀਬ ਜ਼ਮੀਨ ਸਵਰਗੀ ਸ. ਦੀਦਾਰ ਸਿੰਘ ਬੈਂਸ ਅਤੇ ਪਰਿਵਾਰ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਦਿੱਤੀ ਗਈ ਹੈ। ਸ਼੍ਰੋਮਣੀ ਕਮੇਟੀ ਵਫ਼ਦ ਵਿਚ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਮੌਜੂਦ ਸਨ।ਇਸ ਸਬੰਧੀ ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਦੀਆਂ ਸੰਗਤਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿਚ ਰੱਖਦਿਆਂ ਬੀਤੇ ਸਮੇਂ ਸ਼੍ਰੋਮਣੀ ਕਮੇਟੀ ਨੇ ਅਮਰੀਕਾ ਅੰਦਰ ਧਰਮ ਪ੍ਰਚਾਰ ਕੇਂਦਰ, ਪ੍ਰੈੱਸ, ਸਿੱਖ ਮਿਸ਼ਨ ਅਤੇ ਗੁਰਮਤਿ ਵਿਦਿਆਲਾ ਸਥਾਪਤ ਕਰਨ ਦਾ ਫੈਸਲਾ ਕੀਤਾ ਸੀ। ਇਸ ਕਾਰਜ ਲਈ ਸਵਰਗੀ ਸ. ਦੀਦਾਰ ਸਿੰਘ ਬੈਂਸ ਵੱਲੋਂ ਸ਼੍ਰੋਮਣੀ ਕਮੇਟੀ ਨੂੰ 14.5 ਏਕੜ ਜ਼ਮੀਨ ਦਿੱਤੀ ਗਈ ਸੀ।ਉਨ੍ਹਾਂ ਕਿਹਾ ਕਿ ਅਮਰੀਕਾ ਕੈਨੇਡਾ ਤੋਂ ਬਹੁਤ ਸਾਰੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਵੱਡੀ ਮੰਗ ਪੁੱਜਦੀ ਹੈ, ਜੋ ਇਥੇ ਪ੍ਰੈੱਸ ਸਥਾਪਤ ਹੋਣ ਨਾਲ ਸਹਿਜੇ ਪੂਰੀਆਂ ਕੀਤੀ ਜਾ ਸਕੇਗੀ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਦੇ ਮਕਸਦ ਨਾਲ ਸਥਾਪਤ ਕੀਤਾ ਜਾ ਰਿਹਾ ਇਹ ਕੇਂਦਰ ਜਿਥੇ ਪ੍ਰਵਾਸੀ ਸਿੱਖ ਭਾਈਚਾਰੇ ਅਤੇ ਸਿੱਖ ਸੰਸਥਾ ਦੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰੇਗਾ, ਉਥੇ ਇਹ ਕੇਂਦਰ ਪ੍ਰਵਾਸੀ ਸਿੱਖ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਅਤੇ ਸਿੱਖੀ ਪ੍ਰੰਪਰਾਵਾਂ ਨਾਲ ਜੋੜਨ ਵਿਚ ਵੀ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਕਾਰਜ ਨੂੰ ਸਥਾਨਕ ਸਿੱਖ ਆਗੂਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਜਲਦ ਮੁਕੰਮਲ ਕੀਤਾ ਜਾਵੇਗਾ।ਇਸ ਮੌਕੇ ਅਮਰੀਕਾ ਨਿਵਾਸੀ ਸ. ਕਰਮਦੀਪ ਸਿੰਘ ਬੈਂਸ, ਸ. ਹਰਗੁਰਜੀਤ ਸਿੰਘ ਬੱਲ, ਸ. ਦਲਬੀਰ ਸਿੰਘ ਗਿੱਲ, ਸ. ਪਰਮਜੀਤ ਸਿੰਘ ਗਿੱਲ, ਸ. ਗੁਰਮੀਤ ਸਿੰਘ ਗਿੱਲ, ਸ. ਗੁਰਨਾਮ ਸਿੰਘ ਪੰਮਾ, ਸ. ਕੁਲਵੰਤ ਸਿੰਘ ਖੈਹਰਾ, ਸ. ਬਲਜੀਤ ਸਿੰਘ ਮਾਨ, ਸ. ਜੀਵਨ ਸਿੰਘ, ਅਤੇ ਹੋਰ ਮੌਜੂਦ ਸਨ।

ਡੀ.ਸੀ. ਨੇ ਸੁਣੀਆਂ ਸੁਤੰਤਰਤਾ ਸੰਗਰਾਮੀਆਂ ਦੀਆਂ ਮੰਗਾਂ

ਨਵਾਂਸ਼ਹਿਰ, 11 ਜੂਨ : ਸੁਖਦੇਵ ਸਿੰਘ ਉੜਾਪੜ: ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਅੱਜ ਆਪਣੇ ਦਫਤਰ ਵਿੱਚ ਸੁਤੰਤਰਤਾ ਸੰਗਰਾਮੀਆਂ ਦੇ ਇੱਕ ਵਫ਼ਦ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਧਿਆਨ ਨਾਲ ਸੁਣੀਆਂ।ਵਫ਼ਦ ਨੇ ਡਿਪਟੀ ਕਮਿਸ਼ਨਰ ਨੂੰ ਰੇਲਵੇ ਵਿੱਚ ਫਰੀ ਸਫਰ ਸਹੂਲਤ, ਪੈਨਸ਼ਨ, ਮੈਡੀਕਲ ਸਹੂਲਤਾਂ, 300 ਯੂਨਿਟ ਬਿਜਲੀ ਫਰੀ ਅਤੇ ਹੋਰ ਭਲਾਈ ਸਕੀਮਾਂ ਨਾਲ ਸਬੰਧਤ ਮੁੱਦਿਆਂ ਤੋਂ ਜਾਣੂ ਕਰਵਾਇਆ। ਸੰਗਰਾਮੀਆਂ ਨੇ ਆਜ਼ਾਦੀ ਦੀ ਲੜਾਈ ਵਿੱਚ ਆਪਣੇ ਯੋਗਦਾਨ ਦਾ ਜ਼ਿਕਰ ਕੀਤੀ।ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਵੱਲੋਂ ਜੋ ਮੰਗਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਹਨ, ਉਨ੍ਹਾਂ ਵਿਚੋਂ ਕੁਝ ਮੰਗਾਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨਾਲ ਸਬੰਧਤ ਹਨ ਅਤੇ ਬਹੁਤ ਸਾਰੀਆਂ ਮੰਗਾਂ ਪਹਿਲਾਂ ਤੋਂ ਹੀ ਸਰਕਾਰ ਵੱਲੋ ਸੁਤੰਤਰਤਾ ਸੰਗਰਾਮੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਡਿਪਟੀ ਕਮਿਸ਼ਨਰ ਨੇ ਸੁਤੰਤਰਤਾ ਸੰਗਰਾਮੀਆਂ ਨੂੰ ਰਾਸ਼ਟਰ ਦੇ ਅਸਲ ਨਾਇਕ ਕਰਾਰ ਦਿੰਦਿਆਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਨਿਪਟਾਰੇ ਲਈ ਪ੍ਰਸ਼ਾਸਨ ਵੱਲੋਂ ਤਰਜੀਹੀ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੁਤੰਤਰਤਾ ਸੰਗਰਾਮੀਆਂ ਦੀਆਂ ਅਰਜ਼ੀਆਂ ਦੀ ਛੇਤੀ ਪੜਤਾਲ ਕਰਕੇ ਰਿਪੋਰਟ ਪੇਸ਼ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਵਿੱਚ ਕਿਸੇ ਕਿਸਮ ਦੀ ਦੇਰੀ ਨਾ ਹੋਵੇ। ਉਨ੍ਹਾਂ ਕਿਹਾ ਕਿ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਦੇਖਭਾਲ ਕਰਨਾ ਸਾਡਾ ਫ਼ਰਜ਼ ਹੈ।

ਬੂੜ ਸਿੰਘ ਸਵਰਨਕਾਰ ਵੈੱਲਫੇਅਰ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਨਿਯੁਕਤ

ਤਰਨ ਤਾਰਨ, 11 ਜੂਨ (ਪੁਸ਼ਪਿੰਦਰ ਬੰਟੀ, ਗੁਰਵਿੰਦਰ ਸਿੰਘ : ਸਵਰਨਕਾਰ ਸਮਾਜ ਅਤੇ ਸੰਗਠਨ ਦੇ ਹਿੱਤ ਵਿੱਚ ਇੱਕ ਵੱਡਾ ਫੈਸਲਾ ਲੈਂਦੇ ਹੋਏ, ਮੁੱਖ ਮੰਤਰੀ ਦਫ਼ਤਰ ਵੱਲੋਂ ਸਰਦਾਰ ਬੂੜ ਸਿੰਘ (ਮੌਜੂਦਾ ਜ਼ਿਲ੍ਹਾ ਪ੍ਰਧਾਨ, ਸਵਰਨਕਾਰ ਸੰਘ) ਨੂੰ ਸਵਰਨਕਾਰ ਵੈੱਲਫੇਅਰ ਬੋਰਡ ਦੇ ਜਿਲ੍ਹਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਇਸ ਨਿਯੁਕਤੀ ਨਾਲ ਪੂਰੇ ਸਵਰਨਕਾਰ ਭਾਈਚਾਰੇ ਅਤੇ ਸੰਘ ਦੇ ਮੈਂਬਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਬੂੜ ਸਿੰਘ ਲੰਮੇ ਸਮੇਂ ਤੋਂ ਪ੍ਰਧਾਨ ਵਜੋਂ ਸੰਘ ਨਾਲ ਜੁੜੇ ਹੋਏ ਹਨ ਅਤੇ ਉਨ੍ਹਾਂ ਨੇ ਹਮੇਸ਼ਾ ਸੁਨਿਆਰ ਬਰਾਦਰੀ ਦੇ ਹੱਕਾਂ, ਵਪਾਰੀਆਂ ਦੀਆਂ ਮੁਸ਼ਕਿਲਾਂ ਅਤੇ ਸਮਾਜਿਕ ਭਲਾਈ ਲਈ ਮੋਹਰੀ ਹੋ ਕੇ ਕੰਮ ਕੀਤਾ ਹੈ। ਉਨ੍ਹਾਂ ਦੀ ਇਸੇ ਮਿਹਨਤ, ਇਮਾਨਦਾਰੀ ਅਤੇ ਲੀਡਰਸ਼ਿਪ ਨੂੰ ਦੇਖਦੇ ਹੋਏ ਸਰਕਾਰ ਵੱਲੋਂ ਉਨ੍ਹਾਂ ਨੂੰ ਇਸ ਵੱਕਾਰੀ ਰੁਤਬੇ ਨਾਲ ਨਿਵਾਜਿਆ ਗਿਆ ਹੈ।ਸਰਦਾਰ ਬੂੜ ਸਿੰਘ ਜੀ ਨੇ ਨਿਯੁਕਤੀ ਤੋਂ ਬਾਅਦ ਕਿਹਾ ਕਿ ਮੈਂ ਮਾਣਯੋਗ ਮੁੱਖ ਮੰਤਰੀ ਜੀ ਅਤੇ ਸਮੁੱਚੇ ਸਵਰਨਕਾਰ ਸਮਾਜ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਮੇਰੇ ਤੇ ਇਹ ਭਰੋਸਾ ਜਤਾਇਆ ਹੈ। ਚੇਅਰਮੈਨ ਵਜੋਂ ਮੇਰੀ ਪਹਿਲ ਸਵਰਨਕਾਰ ਸੰਘ ਨੂੰ ਹੋਰ ਮਜ਼ਬੂਤ ਕਰਨਾ, ਵਪਾਰੀਆਂ ਦੇ ਮਸਲਿਆਂ ਨੂੰ ਸਰਕਾਰ ਤੱਕ ਪਹੁੰਚਾਉਣਾ ਅਤੇ ਭਾਈਚਾਰੇ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰਨਾ ਹੋਵੇਗੀ।ਇਸ ਮੌਕੇ ਸਵਰਨਕਾਰ ਸੰਘ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸਰਦਾਰ ਬੂੜ ਸਿੰਘ ਜੀ ਨੂੰ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਅਤੇ ਮੁੱਖ ਮੰਤਰੀ ਦਫ਼ਤਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਸਮਾਜ ਦੇ ਆਗੂਆਂ ਦਾ ਕਹਿਣਾ ਹੈ ਕਿ ਬੂੜ ਸਿੰਘ ਜੀ ਦੀ ਅਗਵਾਈ ਹੇਠ ਸਵਰਨਕਾਰ ਸੰਘ ਨਵੀਆਂ ਉਚਾਈਆਂ ਨੂੰ ਛੂਹੇਗਾ।

ਕੇਂਦਰੀ ਜੇਲ੍ਹ ਅੰਮ੍ਰਿਤਸਰ ਦੇ ਟਰਾਂਜ਼ਿਟ ਕੈਂਪ ਵਿੱਚ ਰਹਿ ਰਹੇ 9 ਬੰਗਲਾਦੇਸ਼ੀ ਨਾਗਰਿਕਾਂ ਦੀ ਹੋਈ ਵਤਨ ਵਾਪਸੀ

ਅੰਮ੍ਰਿਤਸਰ, 11 ਜੂਨ (ਬਬਲੂ ਮਹਾਜਨ) :ਇੱਕ ਮਨੁੱਖਤਾ-ਅਧਾਰਿਤ ਅਤੇ ਲੋਕ-ਭਲਾਈ ਦੀ ਪਹਿਲਕਦਮੀ ਤਹਿਤ, ਕੇਂਦਰੀ ਜੇਲ੍ਹ, ਅੰਮ੍ਰਿਤਸਰ ਦੇ ਟਰਾਂਜ਼ਿਟ ਕੈਂਪ ਵਿੱਚ ਕਾਨੂੰਨੀ ਕਾਰਵਾਈਆਂ ਪੂਰੀਆਂ ਹੋਣ ਉਪਰੰਤ ਰੱਖੇ ਗਏ 9 ਬੰਗਲਾਦੇਸ਼ੀ ਨਾਗਰਿਕਾਂ, ਜਿਨ੍ਹਾਂ ਵਿੱਚ 2 ਮਹਿਲਾਵਾਂ ਵੀ ਸ਼ਾਮਲ ਹਨ, ਨੂੰ ਮਿਤੀ 11.06.2026 ਨੂੰ ਸਫਲਤਾਪੂਰਵਕ ਉਨ੍ਹਾਂ ਦੇ ਆਪਣੇ ਦੇਸ਼ ਵਾਪਸ ਭੇਜਿਆ ਗਿਆ।ਵਾਪਸੀ ਲਈ ਰਵਾਨਾ ਕੀਤੇ ਗਏ ਵਿਅਕਤੀਆਂ ਨੇ ਮਿਤੀ 11.06.2026 ਨੂੰ ਸਵੇਰੇ ਲਗਭਗ 4:00 ਵਜੇ ਕੇਂਦਰੀ ਜੇਲ੍ਹ, ਅੰਮ੍ਰਿਤਸਰ ਤੋਂ ਆਪਣੀ ਯਾਤਰਾ ਸ਼ੁਰੂ ਕੀਤੀ। ਨਿਰਧਾਰਤ ਪ੍ਰਕਿਰਿਆ ਅਨੁਸਾਰ ਉਨ੍ਹਾਂ ਨੂੰ ਸੁਰੱਖਿਅਤ ਢੰਗ ਨਾਲ ਅੱਗੇ ਭੇਜਣ ਲਈ ਜ਼ਰੂਰੀ ਸਹੂਲਤਾਂ ਅਤੇ ਮਦਦ ਪ੍ਰਦਾਨ ਕੀਤੀ ਗਈ। ਲਗਭਗ 30 ਘੰਟਿਆਂ ਦੀ ਰੇਲ ਯਾਤਰਾ ਤੋਂ ਬਾਅਦ ਉਹ ਬੰਗਲਾਦੇਸ਼ ਸਰਹੱਦ ਤੇ ਪਹੁੰਚਣਗੇ, ਜਿੱਥੇ ਉਨ੍ਹਾਂ ਨੂੰ ਅਗਲੀ ਲੋੜੀਂਦੀ ਕਾਰਵਾਈ ਲਈ ਉਨ੍ਹਾਂ ਦੇ ਦੇਸ਼ ਦੇ ਸੰਬੰਧਿਤ ਅਧਿਕਾਰੀਆਂ ਦੇ ਹਵਾਲੇ ਕੀਤਾ ਜਾਵੇਗਾ।ਇਹ ਮਹੱਤਵਪੂਰਨ ਕਾਰਵਾਈ ਸ਼੍ਰੀਮਤੀ ਜਤਿੰਦਰ ਕੌਰ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਯੋਗ ਅਗਵਾਈ ਅਤੇ ਨਿਗਰਾਨੀ ਹੇਠ ਪੂਰੀ ਕੀਤੀ ਗਈ। ਇਸ ਵਾਪਸੀ ਪ੍ਰਕਿਰਿਆ ਨੂੰ ਸਫਲ ਬਣਾਉਣ ਲਈ ਸ਼੍ਰੀ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਸੰਬੰਧਿਤ ਅਧਿਕਾਰੀਆਂ ਨਾਲ ਲਗਾਤਾਰ ਤਾਲਮੇਲ ਅਤੇ ਯਤਨ ਕੀਤੇ ਗਏ ਤਾਂ ਜੋ ਇਹ ਵਿਅਕਤੀ ਜਲਦੀ ਤੋਂ ਜਲਦੀ ਆਪਣੇ ਵਤਨ ਵਾਪਸ ਜਾ ਕੇ ਆਪਣੇ ਪਰਿਵਾਰਾਂ ਨਾਲ ਮੁੜ ਮਿਲ ਸਕਣ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਨੇ ਕਾਨੂੰਨੀ ਸੇਵਾਵਾਂ ਅਥਾਰਟੀ ਐਕਟ, 1987 ਦੇ ਉਦੇਸ਼ਾਂ ਅਨੁਸਾਰ ਸਾਰੇ ਵਿਅਕਤੀਆਂ, ਜਿਸ ਵਿੱਚ ਵਿਦੇਸ਼ੀ ਨਾਗਰਿਕ ਵੀ ਸ਼ਾਮਲ ਹਨ, ਦੇ ਅਧਿਕਾਰਾਂ ਅਤੇ ਮਰਿਆਦਾ ਦੀ ਰੱਖਿਆ ਲਈ ਸਰਗਰਮ ਭੂਮਿਕਾ ਨਿਭਾਈ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਇਨ੍ਹਾਂ ਵਿਅਕਤੀਆਂ ਦੇ ਮਾਮਲਿਆਂ ਦੀ ਨਿਗਰਾਨੀ, ਜਿੱਥੇ ਲੋੜ ਸੀ ਕਾਨੂੰਨੀ ਸਹਾਇਤਾ ਪ੍ਰਦਾਨ ਕਰਨਾ ਅਤੇ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਕਰਕੇ ਵਾਪਸੀ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਯਤਨ ਕੀਤੇ ਗਏ। ਇਹ ਯਕੀਨੀ ਬਣਾਇਆ ਗਿਆ ਕਿ ਉਨ੍ਹਾਂ ਨਾਲ ਪੂਰੀ ਇਜ਼ਤ ਅਤੇ ਮਨੁੱਖੀ ਸੰਵੇਦਨਸ਼ੀਲਤਾ ਨਾਲ ਵਿਵਹਾਰ ਕੀਤਾ ਜਾਵੇ।ਇਸ ਸਫਲ ਵਾਪਸੀ ਪ੍ਰਕਿਰਿਆ ਵਿੱਚ ਜੇਲ੍ਹ ਪ੍ਰਸ਼ਾਸਨ ਦਾ ਵੀ ਮਹੱਤਵਪੂਰਨ ਸਹਿਯੋਗ ਰਿਹਾ। ਸ਼੍ਰੀ ਰਾਜੀਵ ਕੁਮਾਰ ਅਰੋੜਾ, ਸੁਪਰਡੈਂਟ, ਕੇਂਦਰੀ ਜੇਲ੍ਹ, ਅੰਮ੍ਰਿਤਸਰ ਅਤੇ ਸ਼੍ਰੀ ਨਵਿੰਦਰ ਸਿੰਘ, ਐਡੀਸ਼ਨਲ ਸੁਪਰਡੈਂਟ, ਕੇਂਦਰੀ ਜੇਲ੍ਹ, ਅੰਮ੍ਰਿਤਸਰ ਵੱਲੋਂ ਸਾਰੀਆਂ ਜ਼ਰੂਰੀ ਪ੍ਰਸ਼ਾਸਕੀ ਕਾਰਵਾਈਆਂ ਪੂਰੀਆਂ ਕਰਨ ਅਤੇ ਇਨ੍ਹਾਂ ਵਿਅਕਤੀਆਂ ਦੀ ਸੁਚੱਜੀ ਰਵਾਨਗੀ ਲਈ ਪੂਰਾ ਸਹਿਯੋਗ ਦਿੱਤਾ ਗਿਆ। ਜੇਲ੍ਹ ਵਿਭਾਗ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਅਤੇ ਹੋਰ ਸੰਬੰਧਿਤ ਏਜੰਸੀਆਂ ਨਾਲ ਮਿਲ ਕੇ ਇਸ ਕਾਰਜ ਨੂੰ ਸੁਚਾਰੂ ਅਤੇ ਮਨੁੱਖੀ ਢੰਗ ਨਾਲ ਪੂਰਾ ਕੀਤਾ।ਇਨ੍ਹਾਂ ਵਿੱਚੋਂ ਕਈ ਵਿਅਕਤੀਆਂ ਲਈ ਇਹ ਵਾਪਸੀ ਅਨਿਸ਼ਚਿਤਤਾ ਅਤੇ ਆਪਣੇ ਪਰਿਵਾਰਾਂ ਤੋਂ ਲੰਬੇ ਵਿਛੋੜੇ ਦੇ ਦੌਰ ਦਾ ਅੰਤ ਹੈ।

ਸੋਨੀਆ ਮਾਨ ਨੇ ਵੱਖ-ਵੱਖ ਮਹਿਕਮਿਆਂ ਨਾਲ ਪਹੁੰਚ ਕੇ ਮਸਲੇ ਕੀਤੇ ਹੱਲ

ਚੋਗਾਵਾਂ, 11 ਜੂਨ (ਸੁਬੇਗ ਸਿੰਘ ਸੋਨਾ) ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਭੀਲੋਵਾਲ ਕੱਚਾ ਵਿਖੇ ਸਰਪੰਚ ਜਸਪਾਲ ਸਿੰਘ ਮਿੰਟੂ ਦੀ ਅਗਵਾਈ ਹੇਠ ਪਿੰਡ ਦੇ ਲੋਕਾਂ ਦੀ ਅਹਿਮ ਇਕੱਤਰਤਾ ਹੋਈ। ਜਿਸ ਵਿੱਚ ਹਲਕਾ ਰਾਜਾਸਾਂਸੀ ਦੀ ਇੰਚਾਰਜ ਮੈਡਮ ਸੋਨੀਆ ਮਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਰਵਲੀਨ ਕੌਰ, ਜ਼ਿਲਾ ਪ੍ਰੀਸ਼ਦ ਦੇ ਵਾਈਸ ਚੇਅਰਮੈਨ ਲਖਬੀਰ ਸਿੰਘ, ਵਿਰਾਸਤ ਸੇਵਾ ਸੰਗਠਨ ਦੇ ਇੰਚਾਰਜ ਅੰਮ੍ਰਿਤਪਾਲ ਸਿੰਘ ਸਹੂਰਾ, ਬਲਾਕ ਪ੍ਰਧਾਨ ਦਵਿੰਦਰ ਸਿੰਘ ਭੁੱਲਰ, ਸਰਪੰਚ ਪਿਸ਼ੌਰਾ ਸਿੰਘ ਨਵਾਂ ਜੀਵਨ, ਬਲਾਕ ਪ੍ਰਧਾਨ ਤਰਸੇਮ ਸਿੰਘ ਛੰਨ ਕੋਹਾਲੀ, ਬਲਾਕ ਪ੍ਰਧਾਨ ਜਰਮਨਜੀਤ ਸਿੰਘ ਕਾਵੇ ਸਮੇਤ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀ ਨਾਲ ਮੌਜੂਦ ਸਨ। ਇਸ ਮੌਕੇ ਹਲਕਾ ਇੰਚਾਰਜ ਸੋਨੀਆ ਮਾਨ ਜੀ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਬੜੇ ਵਿਸਥਾਰ ਨਾਲ ਸੁਣਿਆ ਅਤੇ ਸਬੰਧਿਤ ਅਧਿਕਾਰੀਆਂ ਨੂੰ ਮੌਕੇ ਤੇ ਹੱਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ ਜੋ ਗਰੰਟੀਆਂ ਪੰਜਾਬ ਵਾਸੀਆਂ ਨੂੰ ਦਿੱਤੀਆਂ ਸਨ। ਉਸ ਨੂੰ ਇਨ ਬਿਨ ਲਾਗੂ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ। ਸੋਨੀਆ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੇ ਚੰਗੇ ਕੰਮਾਂ ਨੂੰ ਦੇਖ ਪੰਜਾਬ ਦੇ ਲੋਕ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਦੂਸਰੀ ਵਾਰ ਸਰਕਾਰ ਬਣਾ ਕੇ ਇਤਿਹਾਸ ਰਚਨਾ ਚਾਹੁੰਦੇ ਹਨ। ਇਸ ਮੌਕੇ ਤੇ ਸੁਖਦੇਵ ਸਿੰਘ ਬਾਦਸ਼ਾਹ ਬਲਾਕ ਸਮਤੀ ਮੈਂਬਰ, ਬਿਕਰਮ ਸਿੰਘ ਪ੍ਰਧਾਨ, ਪਰਮਿੰਦਰ ਸਿੰਘ, ਨਿਸ਼ਾਨ ਸਿੰਘ ਨੰਬਰਦਾਰ, ਸਾਬਕਾ ਸਰਪੰਚ ਅਨੂਪ ਸਿੰਘ ਆਦਿ ਹਾਜ਼ਰ ਸਨ।

ਰੋਜ਼ਾਨਾ ਚੜ੍ਹਦੀਕਲਾ

ਸਿਹਤ ਖ਼ਬਰਨਾਮਾ



ਖਾਲੀ ਪੇਟ ਮੌਸੰਮੀ ਦਾ ਜੂਸ ਸਿਹਤ ਲਈ ਹੈ ਵਰਦਾਨ

ਮੌਸੰਮੀ ਜੂਸ ਸਿਹਤ ਲਈ ਬਹੁਤ ਹੀ ਫਾਇਦੇਮੰਦ ਮੰਨਿਆ ਜਾਂਦਾ ਹੈ। ਲੋਕ ਤਾਜ਼ੇ ਜੂਸ ਨੂੰ ਪੀਣਾ ਪਸੰਦ ਕਰਦੇ ਹਨ ਕਿਉਂਕਿ ਇਸ 'ਚ ਵਿਟਾਮਿਨ ਸੀ ਅਤੇ ਕਈ ਜ਼ਰੂਰੀ ਪੌਸ਼ਟਿਕ ਤੱਤ ਹੁੰਦੇ ਹਨ ਜੋ ਵਾਲਾਂ ਅਤੇ ਚਮੜੀ ਲਈ ਫਾਇਦੇਮੰਦ ਹੁੰਦੇ ਹਨ ਪਰ ਕੀ ਇਸ ਨੂੰ ਖਾਲੀ ਪੇਟ ਪੀਣਾ ਸੁਰੱਖਿਅਤ ਹੈ ਮੌਸੰਮੀ ਜੂਸ 'ਚ ਵਿਟਾਮਿਨ ਸੀ ਦੀ ਚੰਗੀ ਮਾਤਰਾ ਹੁੰਦੀ ਹੈ, ਜੋ ਇਮਿਊਨ ਸਿਸਟਮ ਨੂੰ ਮਜ਼ਬੂਤ ਕਰਨ 'ਚ ਮਦਦ ਕਰਦੀ ਹੈ। ਇਸਦਾ ਨਿਯਮਿਤ ਸੇਵਨ ਸਰੀਰ ਨੂੰ ਮਜ਼ਬੂਤ ਬਣਾਉਂਦਾ ਹੈ।

ਸਰੀਰ ਨੂੰ ਹਾਈਡ੍ਰੇਟ ਰੱਖੇ: ਮੌਸੰਮੀ ਜੂਸ 'ਚ ਪਾਣੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ, ਇਸ ਲਈ ਸਵੇਰੇ ਜਲਦੀ ਇਸਦਾ ਸੇਵਨ ਸਰੀਰ ਨੂੰ ਹਾਈਡ੍ਰੇਟ ਕਰਨ 'ਚ ਮਦਦ ਕਰ ਸਕਦਾ ਹੈ। ਇਹ ਸਰੀਰ ਨੂੰ ਹਾਈਡ੍ਰੇਟ ਰੱਖਦਾ ਹੈ ਅਤੇ ਗਰਮੀਆਂ ਦੀ ਗਰਮੀ 'ਚ ਡੀਹਾਈਡ੍ਰੇਸ਼ਨ ਤੋਂ ਬਚਾਉਂਦਾ ਹੈ। ਹਾਲਾਂਕਿ, ਜੂਸ ਨੂੰ ਜ਼ਿਆਦਾ ਦੇਰ ਤੱਕ ਨਹੀਂ ਛੱਡਣਾ ਚਾਹੀਦਾ।

ਹਾਜ਼ਮੇ ਲਈ ਵਧੀਆ: ਕੁਝ ਲੋਕਾਂ ਲਈ, ਖਾਲੀ ਪੇਟ ਮੌਸੰਮੀ ਜੂਸ ਪਾਚਨ ਕਿਰਿਆ ਨੂੰ ਬਿਹਤਰ ਬਣਾਉਣ ਅਤੇ ਹਲਕਾ ਮਹਿਸੂਸ ਕਰਨ 'ਚ ਮਦਦ ਕਰ ਸਕਦਾ ਹੈ। ਜੇਕਰ ਤੁਹਾਡਾ ਪੇਟ ਖਰਾਬ ਰਹਿੰਦਾ ਹੈ ਜਾਂ ਤੁਹਾਨੂੰ ਆਸਾਨੀ ਨਾਲ ਕਬਜ਼ ਹੋ ਜਾਂਦੀ ਹੈ, ਤਾਂ ਇਸ ਜੂਸ ਨੂੰ ਪੀਣਾ ਲਾਭਦਾਇਕ ਹੋ ਸਕਦਾ ਹੈ।

ਸਕਿਨ ਲਈ ਫਾਇਦੇਮੰਦ: ਵਿਟਾਮਿਨ ਸੀ ਅਤੇ ਐਂਟੀਆਕਸੀਡੈਂਟ ਸਿਹਤਮੰਦ ਚਮੜੀ ਅਤੇ ਕੁਦਰਤੀ ਚਮਕ ਬਣਾਈ ਰੱਖਣ 'ਚ ਮਦਦ ਕਰ ਸਕਦੇ ਹਨ। ਤੁਸੀਂ ਇਸ ਨੂੰ ਆਪਣੀ ਖੁਰਾਕ 'ਚ ਸ਼ਾਮਲ ਕਰ ਸਕਦੇ ਹੋ ਅਤੇ ਇਸਦੇ ਨਾਲ ਫਲਾਂ ਦੀ ਚਾਟ ਦਾ ਆਨੰਦ ਮਾਣ ਸਕਦੇ ਹੋ।

ਥਕਾਨ ਦੂਰ ਕਰਨ 'ਚ ਮਦਦਗਾਰ: ਮੌਸੰਮੀ ਜੂਸ ਤੁਰੰਤ ਊਰਜਾ ਪ੍ਰਦਾਨ ਕਰ ਸਕਦਾ ਹੈ, ਸੁਸਤੀ ਅਤੇ ਥਕਾਵਟ ਨੂੰ ਘਟਾਉਂਦਾ ਹੈ। ਜੇਕਰ ਥਕਾਵਟ ਬਣੀ ਰਹਿੰਦੀ ਹੈ, ਤਾਂ ਤੁਹਾਨੂੰ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ।

ਵਿਦਿਸ਼ਾ 'ਚ 14 ਨੂੰ ਰੱਖਿਆ ਜਾਵੇਗਾ ਖੇਤੀਬਾੜੀ ਵਿਗਿਆਨ ਕੇਂਦਰ ਦਾ ਨੀਂਹ ਪੱਥਰ: ਚੌਹਾਨ

ਨਵੀਂ ਦਿੱਲੀ, 11 ਜੂਨ (ਅੰਮ੍ਰਿਤਪਾਲ ਸਿੰਘ) : ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਸੋਸ਼ਲ ਮੀਡੀਆ ਰਾਹੀਂ ਕਿਸਾਨਾਂ ਲਈ ਇੱਕ ਵੱਡਾ ਐਲਾਨ ਕਰਦਿਆਂ ਦੱਸਿਆ ਹੈ ਕਿ 14 ਜੂਨ ਦਾ ਦਿਨ ਵਿਦਿਸ਼ਾ ਸੰਸਦੀ ਖੇਤਰ ਦੇ ਖੇਤੀਬਾੜੀ ਖੇਤਰ ਲਈ ਬੇਹੱਦ ਇਤਿਹਾਸਕ ਹੋਣ ਜਾ ਰਿਹਾ ਹੈ। ਇਸ ਦਿਨ ਸਵੇਰੇ 10 ਵਜੇ ਵਿਦਿਸ਼ਾ ਦੇ ਬਰਖੇੜੀ ਜਾਟੂ ਵਿਖੇ ਇੱਕ ਨਵੇਂ @ਕ੍ਰਿਸ਼ੀ ਵਿਗਿਆਨ ਕੇਂਦਰ@ ਦਾ ਨੀਂਹ ਪੱਥਰ ਰੱਖਿਆ ਜਾਵੇਗਾ, ਜਿਸ ਨੂੰ ਪੂਰੇ ਦੇਸ਼ ਲਈ ਇੱਕ ਮਾਡਲ ਖੇਤੀਬਾੜੀ ਵਿਗਿਆਨ ਕੇਂਦਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਸੇ ਸਮਾਗਮ ਦੌਰਾਨ ਵਿਦਿਸ਼ਾ, ਰਾਇਸੇਨ, ਸੀਹੋਰ ਅਤੇ ਦੇਵਾਸ ਜ਼ਿਲ੍ਹਿਆਂ ਦੇ ਕਿਸਾਨਾਂ ਦੀ ਭਲਾਈ ਅਤੇ ਖੇਤੀ ਦੇ ਵਿਕਾਸ ਲਈ ਤਿਆਰ ਕੀਤਾ ਗਿਆ ਵਿਸ਼ੇਸ਼ ਵਿਗਿਆਨਕ ਖੇਤੀ ਰੋਡਮੈਪ ਵੀ ਲਾਗੂ ਕਰਨਾ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਵਿਸ਼ੇਸ਼ ਪ੍ਰੋਗਰਾਮ ਦੌਰਾਨ ਖੇਤ ਬਚਾਓ ਮੁਹਿੰਮ ਦੇ ਤਹਿਤ ਕਿਸਾਨਾਂ ਨੂੰ ਆਧੁਨਿਕ ਅਤੇ ਲਾਹੇਵੰਦ ਖੇਤੀ ਨਾਲ ਜੋੜਨ ਲਈ ਕਈ ਮਹੱਤਵਪੂਰਨ ਜਾਣਕਾਰੀਆਂ ਦਿੱਤੀਆਂ ਜਾਣਗੀਆਂ। ਕਿਸਾਨਾਂ ਨੂੰ ਸਭ ਤੋਂ ਵੱਡੀ ਸਮੱਸਿਆ ਯਾਨੀ ਨਕਲੀ ਖਾਦਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੇ ਮਾੜੂ ਪ੍ਰਭਾਵਾਂ ਤੋਂ ਬਚਣ ਦੇ ਤਰੀਕਿਆਂ ਬਾਰੇ ਜਾਗਰੂਕ ਕੀਤਾ ਜਾਵੇਗਾ।

ਪ੍ਰਧਾਨ ਮੰਤਰੀ ਦਫ਼ਤਰ (ਪੀਐਮਓ) ਦੇ ਅਧਿਕਾਰੀਆਂ ਨੇ ਬੁੱਧਵਾਰ ਨੂੰ ਨਰਿੰਦਰ ਮੋਦੀ ਨੂੰ ਚੁਣੇ ਹੋਏ ਪ੍ਰਧਾਨ ਮੰਤਰੀ ਵਜੋਂ ਲਗਾਤਾਰ ਸਭ ਤੋਂ ਲੰਬਾ ਕਾਰਜਕਾਲ ਹਾਸਲ ਕਰਨ ਲਈ ਵਧਾਈ ਦਿੱਤੀ। ਭਾਰਤ ਦੇ ਇਤਿਹਾਸ ਵਿੱਚ, ਦੇਸ਼ ਦੀ ਅਗਵਾਈ ਕਰਨ ਤੋਂ ਪਹਿਲਾਂ ਸਿਰਫ਼ ਛੇ ਨੇਤਾਵਾਂ ਨੇ ਰਾਜਾਂ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ ਹੈ। ਹਾਂ, ਸਿਰਫ਼ ਛੇ ਨੇਤਾ ਅਜਿਹੇ ਰਹੇ ਹਨ ਜਿਨ੍ਹਾਂ ਨੇ ਪਹਿਲਾਂ ਰਾਜਾਂ ਦੇ ਮੁੱਖ ਮੰਤਰੀਆਂ ਵਜੋਂ ਰਾਜ ਕੀਤਾ ਅਤੇ ਬਾਅਦ ਵਿੱਚ ਪ੍ਰਧਾਨ ਮੰਤਰੀ ਵਜੋਂ ਦੇਸ਼ ਦੀ ਵਾਗਡੋਰ ਸੰਭਾਲੀ।

ਇਨ੍ਹਾਂ ਛੇ ਨੇਤਾਵਾਂ ਵਿੱਚ ਮੌਜੂਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਮੋਰਾਰਜੀ ਦੇਸਾਈ, ਪੀਵੀ ਨਰਸਿਮਹਾ ਰਾਓ, ਵੀਪੀ ਸਿੰਘ, ਐਚਡੀ ਦੇਵਗੌੜਾ ਅਤੇ ਚੌਧਰੀ ਚਰਨ ਸਿੰਘ ਸ਼ਾਮਲ ਹਨ। ਦਿਲਚਸਪ ਗੱਲ ਇਹ ਹੈ ਕਿ ਇਨ੍ਹਾਂ ਨੇਤਾਵਾਂ ਦੇ ਸਾਂਝੇ ਕਾਰਜਕਾਲ ਦੇ ਮੁਕਾਬਲੇ ਨਰਿੰਦਰ ਮੋਦੀ ਕੋਲ ਸਭ ਤੋਂ ਲੰਬਾ ਪ੍ਰਸ਼ਾਸਨਿਕ ਤਜਰਬਾ ਹੈ। ਗੁਜਰਾਤ ਅਤੇ ਕੇਂਦਰ ਵਿੱਚ ਆਪਣੇ ਕਾਰਜਕਾਲ ਦੌਰਾਨ ਕੁੱਲ 9,010 ਦਿਨ ਅਹੁਦੇ 'ਤੇ ਰਹਿਣ ਤੋਂ ਬਾਅਦ, ਨਰਿੰਦਰ ਮੋਦੀ ਭਾਰਤ ਵਿੱਚ ਸਭ ਤੋਂ ਵੱਧ ਸਮਾਂ ਸੇਵਾ ਕਰਨ ਵਾਲੇ ਚੁਣੇ ਹੋਏ ਸਰਕਾਰ ਮੁਖੀ ਹਨ। ਉਹ ਸਿੱਕਮ ਦੇ ਮੁੱਖ ਮੰਤਰੀ ਵਜੋਂ ਪਵਨ ਚਾਮਲਿੰਗ ਦੇ 8,931 ਦਿਨਾਂ ਦੇ ਕਾਰਜਕਾਲ ਨੂੰ ਪਛਾੜਦੇ ਹਨ।

ਦੋਵਾਂ ਅਹੁਦਿਆਂ 'ਤੇ 2,000 ਦਿਨਾਂ ਤੋਂ ਵੱਧ ਸਮੇਂ ਲਈ ਰਾਜ ਕੀਤਾ

ਦਿਲਚਸਪ ਗੱਲ ਇਹ ਹੈ ਕਿ ਛੇ ਵਿੱਚੋਂ, ਸਿਰਫ਼ ਨਰਿੰਦਰ ਮੋਦੀ, ਮੋਰਾਰਜੀ ਦੇਸਾਈ ਅਤੇ ਨਰਸਿਮਹਾ ਰਾਓ ਨੇ ਹੀ ਦੋਵਾਂ ਅਹੁਦਿਆਂ 'ਤੇ 2,000 ਦਿਨਾਂ ਤੋਂ ਵੱਧ ਸਮੇਂ ਲਈ ਰਾਜ ਕੀਤਾ ਹੈ। ਚੌਧਰੀ ਚਰਨ ਸਿੰਘ ਅਤੇ ਵੀ.ਪੀ. ਸਿੰਘ ਦੋਵੇਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਵਜੋਂ ਸੇਵਾ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਬਣੇ। ਇਨ੍ਹਾਂ ਛੇ ਆਗੂਆਂ ਨੇ ਵੱਖ-ਵੱਖ ਯੁੱਗਾਂ ਵਿੱਚ ਭਾਰਤ ਦੀ ਅਗਵਾਈ ਕੀਤੀ, ਅਤੇ ਹਰੇਕ ਨੇ ਆਪਣੀ ਵੱਖਰੀ ਛਾਪ ਛੱਡੀ। ਆਓ ਇਨ੍ਹਾਂ ਛੇ ਸਿਆਸਤਦਾਨਾਂ ਦੇ ਕੁੱਲ ਕਾਰਜਕਾਲ 'ਤੇ ਇੱਕ ਨਜ਼ਰ ਮਾਰੀਏ।

ਨਰਿੰਦਰ ਮੋਦੀ ਨੇ ਅਕਤੂਬਰ 2001 ਵਿੱਚ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਅਹੁਦਾ ਸੰਭਾਲਿਆ। ਬਾਅਦ ਵਿੱਚ ਉਨ੍ਹਾਂ ਨੇ ਲਗਾਤਾਰ ਤਿੰਨ ਵਿਧਾਨ ਸਭਾ ਚੋਣਾਂ ਜਿੱਤ ਕੇ ਰਾਜ ਦੀ ਅਗਵਾਈ ਕੀਤੀ। ਮਈ 2014 ਵਿੱਚ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ, ਉਹ ਕੇਂਦਰ ਵਿੱਚ ਸੱਤਾ ਵਿੱਚ ਹਨ ਅਤੇ 2024 ਵਿੱਚ ਤੀਜੇ ਕਾਰਜਕਾਲ ਲਈ ਪ੍ਰਧਾਨ ਮੰਤਰੀ ਬਣਨਗੇ। ਗੁਜਰਾਤ ਦੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਵਜੋਂ ਆਪਣੇ ਕਾਰਜਕਾਲ ਨੂੰ ਜੋੜਦੇ ਹੋਏ, ਨਰਿੰਦਰ ਮੋਦੀ ਨੇ 9,010 ਦਿਨਾਂ ਤੋਂ ਵੱਧ ਸਮੇਂ ਲਈ ਇੱਕ ਚੁਣੀ ਹੋਈ ਸਰਕਾਰ ਦੀ ਅਗਵਾਈ ਕੀਤੀ ਹੈ। ਉਨ੍ਹਾਂ ਨੇ 7 ਅਕਤੂਬਰ, 2001 ਤੋਂ 22 ਮਈ, 2014 ਤੱਕ 4,611 ਦਿਨ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ। ਇਸ ਤੋਂ ਬਾਅਦ, ਪ੍ਰਧਾਨ ਮੰਤਰੀ ਵਜੋਂ ਉਨ੍ਹਾਂ ਦਾ ਕਾਰਜਕਾਲ 26 ਮਈ, 2014 ਨੂੰ ਸ਼ੁਰੂ ਹੋਇਆ, ਅਤੇ 10 ਜੂਨ, 2026 ਤੱਕ 4,399 ਦਿਨ ਰਹੇਗਾ।

ਉਹ ਭਾਰਤ ਦੇ ਇਤਿਹਾਸ ਵਿੱਚ ਕਿਸੇ ਵੀ ਚੁਣੀ ਹੋਈ ਸਰਕਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਮੁਖੀ ਹਨ। ਇਸ ਸਬੰਧ ਵਿੱਚ, ਉਹ ਸਿੱਕਮ ਦੇ ਸਾਬਕਾ ਮੁੱਖ ਮੰਤਰੀ ਪਵਨ ਚਾਮਲਿੰਗ ਨੂੰ ਪਛਾੜਦੇ ਹਨ, ਜਿਨ੍ਹਾਂ ਦਾ ਕਾਰਜਕਾਲ 8,931 ਦਿਨ ਸੀ। ਚਾਮਲਿੰਗ ਨੇ 1994 ਤੋਂ 2019 ਤੱਕ ਲਗਾਤਾਰ ਸਿੱਕਮ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ, ਜਿਸ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਕਾਰਜਕਾਲ ਦਾ ਰਿਕਾਰਡ ਹੈ।

ਮੋਰਾਰਜੀ ਦੇਸਾਈ ਨੇ 2,500 ਦਿਨਾਂ ਤੋਂ ਵੱਧ ਸਮੇਂ ਤੱਕ ਦੋਵਾਂ ਅਹੁਦਿਆਂ 'ਤੇ ਸੇਵਾ ਕੀਤੀ

ਭਾਰਤ ਦੇ ਚੌਥੇ ਪ੍ਰਧਾਨ ਮੰਤਰੀ, ਮੋਰਾਰਜੀ ਦੇਸਾਈ, ਰਾਜ ਅਤੇ ਕੇਂਦਰੀ ਪੱਧਰ 'ਤੇ ਲੀਡਰਸ਼ਿਪ ਅਹੁਦਿਆਂ 'ਤੇ ਰਹਿਣ ਵਾਲੇ ਪਹਿਲੇ ਨੇਤਾਵਾਂ ਵਿੱਚੋਂ ਇੱਕ ਸਨ। ਉਨ੍ਹਾਂ ਨੇ ਅਣਵੰਡੇ ਬੰਬਈ ਰਾਜ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ ਅਤੇ ਬਾਅਦ ਵਿੱਚ ਜਨਤਾ ਪਾਰਟੀ ਸਰਕਾਰ ਦੌਰਾਨ 1977 ਵਿੱਚ ਪ੍ਰਧਾਨ ਮੰਤਰੀ ਬਣੇ। ਮੋਰਾਰਜੀ ਇਸ ਸੂਚੀ ਵਿੱਚ ਦੂਜੇ ਸਥਾਨ 'ਤੇ ਹਨ। ਉਨ੍ਹਾਂ ਨੇ 21 ਮਾਰਚ, 1952 ਤੋਂ 31 ਅਕਤੂਬਰ, 1956 ਤੱਕ ਅਣਵੰਡੇ ਬੰਬਈ ਰਾਜ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ, ਜੋ ਕਿ 1,655 ਦਿਨ ਦਾ ਕਾਰਜਕਾਲ ਸੀ। ਬਾਅਦ ਵਿੱਚ ਉਨ੍ਹਾਂ ਨੇ 24 ਮਾਰਚ, 1977 ਤੋਂ 28 ਜੁਲਾਈ, 1979 ਤੱਕ 857 ਦਿਨ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਈ। ਦੋਵਾਂ ਅਹੁਦਿਆਂ 'ਤੇ ਉਨ੍ਹਾਂ ਦਾ ਕੁੱਲ ਕਾਰਜਕਾਲ 2,512 ਦਿਨ ਸੀ।

ਪੀਵੀ ਨਰਸਿਮਹਾ ਰਾਓ ਦਾ ਸੰਯੁਕਤ ਕਾਰਜਕਾਲ

ਪੀਵੀ ਨਰਸਿਮਹਾ ਰਾਓ ਨੇ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ ਅਤੇ ਬਾਅਦ ਵਿੱਚ 1991 ਵਿੱਚ ਪ੍ਰਧਾਨ ਮੰਤਰੀ ਬਣੇ। ਉਨ੍ਹਾਂ ਨੇ 30 ਸਤੰਬਰ, 1971 ਤੋਂ 10 ਜਨਵਰੀ, 1973 ਤੱਕ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ, 469 ਦਿਨ ਰਾਜ ਦੀ ਅਗਵਾਈ ਕੀਤੀ। ਫਿਰ ਉਨ੍ਹਾਂ ਨੇ 21 ਜੂਨ, 1991 ਤੋਂ 16 ਮਈ, 1996 ਤੱਕ 1,792 ਦਿਨ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਈ। ਇਸ ਤਰ੍ਹਾਂ, ਦੋਵਾਂ ਅਹੁਦਿਆਂ 'ਤੇ ਉਨ੍ਹਾਂ ਦਾ ਸੰਯੁਕਤ ਕਾਰਜਕਾਲ 2,261 ਦਿਨ ਸੀ।

ਵੀਪੀ ਸਿੰਘ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸਨ

ਵੀਪੀ ਸਿੰਘ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ ਅਤੇ 1989 ਵਿੱਚ ਪ੍ਰਧਾਨ ਮੰਤਰੀ ਬਣੇ। ਵੀਪੀ ਨੇ 9 ਜੂਨ, 1980 ਤੋਂ 19 ਜੁਲਾਈ, 1982 ਤੱਕ 771 ਦਿਨ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ। ਬਾਅਦ ਵਿੱਚ ਉਨ੍ਹਾਂ ਨੇ 2 ਦਸੰਬਰ, 1989 ਤੋਂ 10 ਨਵੰਬਰ, 1990 ਤੱਕ 344 ਦਿਨ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਈ। ਦੋਵਾਂ ਅਹੁਦਿਆਂ 'ਤੇ ਉਨ੍ਹਾਂ ਦਾ ਕੁੱਲ ਕਾਰਜਕਾਲ 1,115 ਦਿਨ ਸੀ।

ਦੇਵਗੌੜਾ ਦਾ ਕਾਰਜਕਾਲ ਇੱਕ ਹਜ਼ਾਰ ਦਿਨਾਂ ਤੋਂ ਵੀ ਘੱਟ ਸਮਾਂ ਚੱਲਿਆ

ਕਰਨਾਟਕ ਦੇ ਸਾਬਕਾ ਮੁੱਖ ਮੰਤਰੀ ਐਚਡੀ ਦੇਵਗੌੜਾ 1996 ਵਿੱਚ ਪ੍ਰਧਾਨ ਮੰਤਰੀ ਬਣੇ। ਹਾਲਾਂਕਿ, ਉਨ੍ਹਾਂ ਦਾ ਕਾਰਜਕਾਲ ਮੁਕਾਬਲਤਨ ਛੋਟਾ ਸੀ। ਉਨ੍ਹਾਂ ਨੇ 11 ਦਸੰਬਰ, 1994 ਤੋਂ 31 ਮਈ, 1996 ਤੱਕ ਕਰਨਾਟਕ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ, 538 ਦਿਨ ਰਾਜ ਦੀ ਅਗਵਾਈ ਕੀਤੀ। ਫਿਰ ਉਹ 1 ਜੂਨ, 1996 ਤੋਂ 21 ਅਪ੍ਰੈਲ, 1997 ਤੱਕ 325 ਦਿਨ ਪ੍ਰਧਾਨ ਮੰਤਰੀ ਰਹੇ। ਉਨ੍ਹਾਂ ਦਾ ਸੰਯੁਕਤ ਕਾਰਜਕਾਲ 863 ਦਿਨ ਸੀ।

ਚਰਨ ਸਿੰਘ ਨੇ ਦੋ ਵਾਰ ਉੱਤਰ ਪ੍ਰਦੇਸ਼ ਦੀ ਵਾਗਡੋਰ ਸੰਭਾਲੀ

ਉੱਤਰ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਚੌਧਰੀ ਚਰਨ ਸਿੰਘ ਨੂੰ ਭਾਰਤੀ ਰਾਜਨੀਤੀ ਵਿੱਚ ਕਿਸਾਨ ਹਿੱਤਾਂ ਦੇ ਮੋਹਰੀ ਆਗੂਆਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਰਾਜ ਪੱਧਰ 'ਤੇ ਵਿਆਪਕ ਰਾਜਨੀਤਿਕ ਤਜਰਬਾ ਹਾਸਲ ਕਰਨ ਤੋਂ ਬਾਅਦ, ਉਹ 1979 ਵਿੱਚ ਪ੍ਰਧਾਨ ਮੰਤਰੀ ਬਣੇ। ਹਾਲਾਂਕਿ, ਉਨ੍ਹਾਂ ਦਾ ਕਾਰਜਕਾਲ ਬਹੁਤ ਲੰਬਾ ਨਹੀਂ ਸੀ। ਉਨ੍ਹਾਂ ਨੇ ਦੋ ਵੱਖ-ਵੱਖ ਸਮੇਂ ਲਈ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ: ਪਹਿਲਾ 3 ਅਪ੍ਰੈਲ, 1967 ਤੋਂ 25 ਫਰਵਰੀ, 1968 ਤੱਕ, ਅਤੇ ਦੂਜਾ 18 ਫਰਵਰੀ, 1970 ਤੋਂ 1 ਅਕਤੂਬਰ, 1970 ਤੱਕ। ਮਿਲਾ ਕੇ, ਉਨ੍ਹਾਂ ਨੇ 555 ਦਿਨਾਂ ਲਈ ਮੁੱਖ ਮੰਤਰੀ ਦਾ ਅਹੁਦਾ ਸੰਭਾਲਿਆ। ਬਾਅਦ ਵਿੱਚ ਉਨ੍ਹਾਂ ਨੇ 28 ਜੁਲਾਈ, 1979 ਤੋਂ 14 ਜਨਵਰੀ, 1980 ਤੱਕ 171 ਦਿਨਾਂ ਲਈ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਈ। ਇਸ ਤਰ੍ਹਾਂ, ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਵਜੋਂ ਉਨ੍ਹਾਂ ਦਾ ਕੁੱਲ ਕਾਰਜਕਾਲ 726 ਦਿਨ ਸੀ।

ਛੇ ਆਗੂਆਂ ਦਾ ਕਾਰਜਕਾਲ

ਨਰਿੰਦਰ ਮੋਦੀ - 9,010+ ਦਿਨ
ਮੋਰਾਰਜੀ ਦੇਸਾਈ - 2,512 ਦਿਨ
ਪੀ.ਵੀ. ਨਰਸਿਮਹਾ ਰਾਓ - 2,261 ਦਿਨ
ਵੀ.ਪੀ. ਸਿੰਘ - 1,115 ਦਿਨ
ਐਚ.ਡੀ. ਦੇਵਗੌੜਾ - 863 ਦਿਨ
ਚੌਧਰੀ ਚਰਨ ਸਿੰਘ - 726 ਦਿਨ
ਨਰਿੰਦਰ ਮੋਦੀ ਨੇ 9,000 ਦਿਨਾਂ ਤੋਂ ਵੱਧ ਸਮੇਂ ਲਈ ਅਗਵਾਈ ਕੀਤੀ ਹੈ

ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ 76ਵੀਂ ਬਰਸੀ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਅੱਜ

ਰੋਮ / ਬਰੇਸ਼ੀਆ, 11 ਜੂਨ (ਗੁਰਸ਼ਰਨ ਸਿੰਘ ਸੋਨੀ) : ਸਿੱਖ ਪੰਥ ਦੀ ਸਿਰਮੌਰ ਸ਼ਖਸ਼ੀਅਤ ਬਾਲ ਬ੍ਰਹਮਚਾਰੀ, ਵਿਦਿਆ ਦੇ ਦਾਨੀ, ਸੰਤ ਸਿਪਾਹੀ ਬ੍ਰਹਮਗਿਆਨੀ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲੇ ਜਿਨ੍ਹਾਂ ਦੀ 76ਵੀਂ ਬਰਸੀ ਦੇ ਸੰਬੰਧ ਵਿੱਚ ਮਹਾਨ ਗੁਰਮਤਿ ਸਮਾਗਮ 12,13 ਅਤੇ 14 ਜੂਨ ਨੂੰ ਗੁਰਦੁਆਰਾ ਸਿੰਘ ਸਭਾ ਫਲੇਰੋ ਬਰੇਸ਼ੀਆ ਵਿਖੇ ਕਰਵਾਏ ਜਾ ਰਹੇ ਹਨ, ਇਸ ਸੰਬੰਧੀ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸ. ਬਲਕਾਰ ਸਿੰਘ ਘੋੜੇਸ਼ਾਹਵਾਨ ਅਤੇ ਸੰਤ ਬਾਬਾ ਪ੍ਰੇਮ ਸਿੰਘ ਯਾਦਗਾਰ ਕਮੇਟੀ ਫਲੇਰੋ ਦੇ ਪ੍ਰਧਾਨ ਸ. ਲੱਖਵਿੰਦਰ ਸਿੰਘ ਬੈਰਗਾਮੋ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੀਆਂ ਤਿਆਰੀ 2 ਮਹੀਨੇ ਪਹਿਲਾਂ ਤੋਂ ਹੀ ਸ਼ੁਰੂ ਕਰ ਦਿੱਤੀਆਂ ਜਾਂਦੀਆਂ ਹਨ, ਗੁਰੂ ਘਰ ਦੇ ਬਾਹਰ ਖੁੱਲੇ ਵੱਡੇ ਪੰਡਾਲਾਂ ਵਿਚ ਇਹ ਸਮਾਗਮ ਕਰਵਾਏ ਜਾਂਦੇ ਹਨ, ਇਨ੍ਹਾਂ ਸਮਾਗਮਾਂ ਵਿਚ ਪੂਰੇ ਯੂਰਪ ਭਰ ਤੋਂ ਸੰਗਤ ਪੁੱਜਦੀ

ਸ਼ਰਾਬ ਦੇ ਠੇਕੇ ਦੇ ਕਰਿੰਦੇ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ

ਕੱਚੇ ਖਾਲ ਵਿੱਚੋਂ ਖ਼ੂਨ ਨਾਲ ਲੱਥਪੱਥ ਮਿਲੀ ਲਾਸ਼

ਬਠਿੰਡਾ, 11 ਜੂਨ (ਦੀਪਕ ਸ਼ਰਮਾ)ਥਾਣਾ ਨੰਦਗੜ੍ਹ ਦੇ ਅਧੀਨ ਆਉਂਦੇ ਝੁੰਬਾ ਰੋਡ ਤੇ ਸਥਿਤ ਇੱਕ ਸ਼ਰਾਬ ਦੇ ਠੇਕੇ ਤੇ ਕੰਮ ਕਰਨ ਵਾਲੇ ਬਜ਼ੁਰਗ ਕਰਿੰਦੇ ਦਾ ਅਣਪਛਾਤੇ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਬੇਰਹਿਮੀ ਨਾਲ ਕਤਲ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਕਾਤਲ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਬੜੀ ਆਸਾਨੀ ਨਾਲ ਮੌਕੇ ਤੋਂ ਫ਼ਰਾਰ ਹੋਣ ਵਿੱਚ ਕਾਮਯਾਬ ਹੋ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਅਤੇ ਪੁਲਿਸ ਨੇ ਮ੍ਰਿਤਕ ਦੇ ਪੁੱਤਰ ਦੇ ਬਿਆਨਾਂ ਦੇ ਅਧਾਰ ਤੇ ਅਣਪਛਾਤੇ ਹਮਲਾਵਰਾਂ ਖ਼ਿਲਾਫ਼ ਕਤਲ ਦਾ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਸ਼ਿਕਾਇਤਕਰਤਾ ਰਣਜੀਤ ਸਿੰਘ ਵਾਸੀ ਪਿੰਡ ਬਾਜਕ ਨੇ ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿੱਚ ਦੱਸਿਆ ਕਿ ਉਸਦੇ ਪਿਤਾ ਨੈਬ ਸਿੰਘ ਉਮਰ 65 ਸਾਲ ਪਿਛਲੇ ਲੰਮੇ ਸਮੇਂ ਤੋਂ ਝੁੰਬਾ ਰੋਡ ਵਿਖੇ ਸਥਿਤ ਸ਼ਰਾਬ ਦੇ ਠੇਕੇ ਤੇ ਬਤੌਰ ਕਰਿੰਦਾ ਕੰਮ ਕਰਦੇ ਸਨ ਅਤੇ ਰਾਤ ਵੇਲੇ ਵੀ ਠੇਕੇ ਉੱਪਰ ਹੀ ਰਹਿੰਦੇ ਸਨ। ਉਹ ਹਰ ਰੋਜ਼ ਸਵੇਰੇ ਰੋਜ਼ਾਨਾ ਦੇ ਨਿਯਮ ਮੁਤਾਬਕ ਚਾਹ-ਪਾਣੀ ਪੀਣ ਲਈ ਆਪਣੇ ਘਰ ਆਉਂਦੇ ਸਨ। ਲੰਘੇ ਦਿਨੀਂ ਜਦੋਂ ਨੈਬ ਸਿੰਘ ਸਵੇਰੇ ਨਿਸ਼ਚਿਤ ਸਮੇਂ ਤੇ ਘਰ ਨਹੀਂ ਪਹੁੰਚੇ, ਤਾਂ ਪਰਿਵਾਰ ਨੂੰ ਚਿੰਤਾ ਹੋਈ ਅਤੇ ਸ਼ਿਕਾਇਤਕਰਤਾ ਉਨ੍ਹਾਂ ਨੂੰ ਦੇਖਣ ਲਈ ਠੇਕੇ ਵੱਲ ਰਵਾਨਾ ਹੋਇਆ।ਜਦੋਂ ਉਹ ਰਸਤੇ ਵਿੱਚ ਜਾ ਰਿਹਾ ਸੀ ਤਾਂ ਉਸ ਨੇ ਦੇਖਿਆ ਕਿ ਸੜਕ ਦੇ ਦੂਜੇ ਕਿਨਾਰੇ ਬਣੇ ਇੱਕ ਕੱਚੇ ਖਾਲ ਵਿੱਚ ਉਸਦੇ ਪਿਤਾ ਨੈਬ ਸਿੰਘ ਦੀ ਲਾਸ਼ ਪਈ ਹੋਈ ਸੀ, ਜਿਸ ਨੂੰ ਦੇਖ ਕੇ ਉਸ ਦੇ ਹੋਸ਼ ਉੱਡ ਗਏ। ਨੈਬ ਸਿੰਘ ਦੇ ਸਰੀਰ ਤੇ ਅਣਪਛਾਤੇ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਕਈ ਡੂੰਘੇ ਜ਼ਖ਼ਮ ਕੀਤੇ ਗਏ ਸਨ, ਜਿਸ ਕਾਰਨ ਉਨ੍ਹਾਂ ਦੀ ਮੌਕੇ ਤੇ ਹੀ ਮੌਤ ਹੋ ਚੁੱਕੀ ਸੀ। ਵਾਰਦਾਤ ਦੀ ਸੂਚਨਾ ਮਿਲਦਿਆਂ ਹੀ ਮੌਕੇ ਤੇ ਪਹੁੰਚੇ ਇੰਸਪੈਕਟਰ ਬੇਅੰਤ ਸਿੰਘ ਨੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਹੈ ਅਤੇ ਅਣਪਛਾਤੇ ਕਾਤਲਾਂ ਦੀ ਪੈੜ ਨੱਪਣ ਲਈ ਆਸ-ਪਾਸ ਦੇ ਤਕਨੀਕੀ ਸਬੂਤਾਂ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਨੂੰ ਖੰਗਾਲਣਾ ਸ਼ੁਰੂ ਕਰ ਦਿੱਤਾ ਹੈ।**ਡਰੇਨ ਚੋਂ ਮਿਲੀ ਲਾਸ਼, ਕਤਲ ਜਾਂ ਹਾਦਸਾ?** ਪਿੰਡ ਮਛਾਣਾ ਦੇ ਕੋਲ ਲਸਾੜਾ ਡਰੇਨ ਵਿੱਚੋਂ ਲੰਘੀ ਕੱਲ੍ਹ ਇੱਕ ਵਿਅਕਤੀ ਦੀ ਲਾਸ਼ ਮਿਲਣ ਨਾਲ ਫੈਕਟਰੀ ਮੁਲਾਜ਼ਮਾਂ ਅਤੇ ਪਿੰਡ ਵਾਸੀਆਂ ਵਿੱਚ ਡਰ ਦਾ ਮਾਹੌਲ ਬਣ ਗਿਆ ਹੈ। ਮ੍ਰਿਤਕ ਦੀ ਪਛਾਣ ਫ਼ਤਿਹ ਸਿੰਘ ਵਜੋਂ ਹੋਈ ਹੈ, ਜੋ ਮਛਾਣਾ ਵਿਖੇ ਚੱਲ ਰਹੀ ਸ਼ਰਾਬ ਫੈਕਟਰੀ ਵਿੱਚ ਲੰਮੇ ਸਮੇਂ ਤੋਂ ਮਜ਼ਦੂਰਾਂ ਦੀ ਦੇਖ-ਰੇਖ ਕਰਨ ਵਾਲੇ ਠੇਕੇਦਾਰ ਵਜੋਂ ਤਾਇਨਾਤ ਸੀ। ਪਰਿਵਾਰ ਵੱਲੋਂ ਦੋ ਦਿਨਾਂ ਤੋਂ ਉਸ ਦੀ ਤਲਾਸ਼ ਕੀਤੀ ਜਾ ਰਹੀ ਸੀ ਕਿਉਂਕਿ ਉਹ ਐਤਵਾਰ ਸਵੇਰ ਤੋਂ ਬਿਨਾਂ ਦੱਸੇ ਲਾਪਤਾ ਸੀ।ਘਟਨਾ ਦੀ ਸੂਚਨਾ ਪਾ ਕੇ ਪੁਲਿਸ ਦੇ ਉੱਚ ਅਧਿਕਾਰੀ ਅਤੇ ਫੋਰੈਂਸਿਕ ਮਾਹਰ ਤੁਰੰਤ ਮੌਕੇ ਤੇ ਪਹੁੰਚੇ ਅਤੇ ਸਥਿਤੀ ਦਾ ਜਾਇਜ਼ਾ ਲਿਆ।

ਨਕਸ਼ਾ-ਨਵੀਸ ਬਣਿਆ ਨਸ਼ੇ ਦਾ ਸੌਦਾਗਰ, ਹੈਰੋਇਨ ਸਮੇਤ ਕਾਬੂ

ਬਠਿੰਡਾ, 11 ਜੂਨ (ਦੀਪਕ ਸ਼ਰਮਾ) :ਇੱਕ ਆਰਕੀਟੈਕਟ ਜਲਦੀ ਅਮੀਰ ਬਣਨ ਦੇ ਚੱਕਰ ਵਿੱਚ ਨਸ਼ੇ ਦਾ ਸੌਦਾਗਰ ਬਣ ਗਿਆ, ਜਿਸ ਨੂੰ ਸੀਆਈਏ ਸਟਾਫ਼-2 ਦੀ ਪੁਲਿਸ ਨੇ 314 ਗ੍ਰਾਮ ਹੈਰੋਇਨ ਸਮੇਤ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਫੜਿਆ ਗਿਆ ਇਹ ਨਸ਼ਾ ਤਸਕਰ ਪੇਸ਼ੇਵਰ ਆਰਕੀਟੈਕਟ ਹੋਣ ਦੇ ਨਾਲ-ਨਾਲ ਪਿੰਡ ਵਿੱਚ ਬਿਜਲੀ ਦਾ ਕੰਮ ਵੀ ਕਰਦਾ ਸੀ, ਪਰ ਪਿਛਲੇ ਤਿੰਨ ਮਹੀਨਿਆਂ ਤੋਂ ਉਹ ਹੈਰੋਇਨ ਦੀ ਸਮਗਲਿੰਗ ਦੇ ਕਾਲੇ ਧੰਦੇ ਵਿੱਚ ਸਰਗਰਮ ਸੀ। ਪੁਲਿਸ ਨੇ ਮੁਲਜ਼ਮ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਮਾਮਲੇ ਦੇ ਵੇਰਵੇ ਸਾਂਝੇ ਕਰਦਿਆਂ ਡੀਐਸਪੀ ਸੰਦੀਪ ਭਾਟੀ ਨੇ ਦੱਸਿਆ ਕਿ ਪੁਲਿਸ ਕਪਤਾਨ ਜਯੋਤੀ ਯਾਦਵ ਦੇ ਨਿਰਦੇਸ਼ਾਂ ਤੇ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਦੌਰਾਨ ਪੁਲਿਸ ਟੀਮ ਠੰਡੀ ਸੜਕ ਤੋਂ ਸੁਖਪੀਰ ਰੋਡ ਵੱਲ ਗਸ਼ਤ ਤੇ ਸੀ। ਇਸੇ ਦੌਰਾਨ ਪੋਖਰਮਲ ਕੰਟੀਨ ਦੇ ਕੋਲ ਪੈਦਲ ਜਾ ਰਹੇ ਇੱਕ ਸ਼ੱਕੀ ਨੌਜਵਾਨ ਨੂੰ ਰੋਕ ਕੇ ਜਦੋਂ ਤਲਾਸ਼ੀ ਲਈ ਗਈ, ਤਾਂ ਉਸ ਕੋਲੋਂ 314 ਗ੍ਰਾਮ ਹੈਰੋਇਨ ਬਰਾਮਦ ਹੋਈ। ਮੁਲਜ਼ਮ ਦੀ ਪਛਾਣ ਰਾਜਪ੍ਰੀਤ ਸਿੰਘ ਉਰਫ਼ ਮਾਨ ਵਾਸੀ ਕੋਟਲੀ ਅਬਲੂ, ਥਾਣਾ ਕੋਟਭਾਈ ਵਜੋਂ ਹੋਈ ਹੈ। ਥਾਣਾ ਕਨਾਲ ਕਲੋਨੀ ਵਿੱਚ ਇਸ ਸਬੰਧੀ ਕੇਸ ਦਰਜ ਕਰ ਲਿਆ ਗਿਆ ਹੈ।ਡੀਐਸਪੀ ਨੇ ਅੱਗੇ ਦੱਸਿਆ ਕਿ ਪੁੱਛਗਿੱਛ ਦੌਰਾਨ ਖੁਲਾਸਾ ਹੋਇਆ ਹੈ ਕਿ ਮੁਲਜ਼ਮ ਰਾਜਪ੍ਰੀਤ ਸਿੰਘ ਨੇ ਆਰਕੀਟੈਕਟ ਦਾ ਡਿਪਲੋਮਾ ਕੀਤਾ ਹੋਇਆ ਹੈ। ਉਹ ਡੀਡੀ ਮਿੱਤਲ ਟਾਵਰ ਵਿੱਚ ਇੱਕ ਫਲੈਟ ਕਿਰਾਏ ਤੇ ਲੈ ਕੇ ਰਹਿ ਰਿਹਾ ਸੀ ਅਤੇ ਉਸੇ ਖੇਤਰ ਵਿੱਚ ਨਸ਼ੇ ਦੀ ਸਪਲਾਈ ਕਰਦਾ ਸੀ। ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਕੋਟਭਾਈ ਥਾਣੇ ਵਿੱਚ ਝਪਟਮਾਰੀ ਦਾ ਇੱਕ ਮਾਮਲਾ ਦਰਜ ਹੈ। ਪੁਲਿਸ ਮੁਲਜ਼ਮ ਦਾ ਅਦਾਲਤੀ ਰਿਮਾਂਡ ਹਾਸਲ ਕਰ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਹ ਨਸ਼ੇ ਦੀ ਇਹ ਖੇਪ ਕਿੱਥੋਂ ਲੈ ਕੇ ਆਇਆ ਸੀ। **275 ਗ੍ਰਾਮ ਹੈਰੋਇਨ ਸਮੇਤ ਦੋ ਜਣੇ ਗ੍ਰਿਫ਼ਤਾਰ** : ਇੱਕ ਹੋਰ ਮਾਮਲੇ ਵਿੱਚ ਪੁਲਿਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਲੰਘੇ ਦਿਨੀਂ ਇੱਕ ਹੋਰ ਵੱਡੀ ਕਾਰਵਾਈ ਕਰਦਿਆਂ, ਗੋਨਿਆਣਾ-ਜੈਤੋ ਰੋਡ 'ਤੇ ਨਾਕਾਬੰਦੀ ਦੌਰਾਨ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 275 ਗ੍ਰਾਮ ਹੈਰੋਇਨ ਬਰਾਮਦ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ।ਸੀ.ਆਈ.ਏ.ਸਟਾਫ਼-2 ਦੀ ਪੁਲਿਸ ਟੀਮ ਨੇ ਗਸ਼ਤ ਦੌਰਾਨ ਦੋ ਨੌਜਵਾਨਾਂ ਨੂੰ 275 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਫੜੇ ਗਏ ਕਥਿਤ ਦੋਸ਼ੀਆਂ ਵਿੱਚੋਂ ਇੱਕ ਪਹਿਲਾਂ ਵੀ ਨਸ਼ਾ ਤਸਕਰੀ ਦੇ ਮਾਮਲੇ ਵਿੱਚ ਜ਼ਮਾਨਤ ਤੇ ਬਾਹਰ ਆਇਆ ਹੋਇਆ ਸੀ ਅਤੇ ਇਹ ਦੋਵੇਂ ਪਿਛਲੇ ਕਰੀਬ ਇੱਕ ਸਾਲ ਤੋਂ ਇਸ ਕਾਲੇ ਧੰਦੇ ਵਿੱਚ ਸਰਗਰਮ ਸਨ। ਪੁਲਿਸ ਨੇ ਦੋਵਾਂ ਖ਼ਿਲਾਫ਼ ਥਾਣਾ ਨਹੀਆਂ ਵਾਲਾ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਡੀ.ਐਸ.ਪੀ. ਸੰਦੀਪ ਭਾਟੀ ਨੇ ਦੱਸਿਆ ਕਿ ਪੁਲਿਸ ਕਪਤਾਨ ਜਯੋਤੀ ਯਾਦਵ ਦੇ ਨਿਰਦੇਸ਼ਾਂ ਤਹਿਤ ਸੀ.ਆਈ.ਏ.-2 ਦੇ ਏ.ਐਸ.ਆਈ. ਗੁਰਸੇਵਕ ਸਿੰਘ ਦੀ ਟੀਮ ਗੋਨਿਆਣਾ ਰੋਡ ਤੋਂ ਜੈਤੋ ਵੱਲ ਗਸ਼ਤ ਤੇ ਸੀ। ਇਸੇ ਦੌਰਾਨ ਸ਼ੱਕ ਦੇ ਆਧਾਰ ਤੇ ਦੋ ਵਿਅਕਤੀਆਂ ਨੂੰ ਰੋਕ ਕੇ ਜਦੋਂ ਤਲਾਸ਼ੀ ਲਈ ਗਈ, ਤਾਂ ਉਨ੍ਹਾਂ ਦੇ ਕਬਜ਼ੇ ਵਿੱਚੋਂ 275 ਗ੍ਰਾਮ ਹੈਰੋਇਨ ਬਰਾਮਦ ਹੋਈ। ਮੁਲਜ਼ਮਾਂ ਦੀ ਪਛਾਣ ਗਗਨਦੀਪ ਸਿੰਘ ਵਾਸੀ ਗੰਗਾ ਅਬਲੂ ਅਤੇ ਜਗਵੀਰ ਸਿੰਘ ਵਾਸੀ ਰੋੜੀਕਪੂਰਾ ਵਜੋਂ ਹੋਈ ਹੈ।ਡੀ.ਐਸ.ਪੀ. ਨੇ ਦੱਸਿਆ ਕਿ ਮੁਢਲੀ ਪੁੱਛਗਿੱਛ ਮੁਤਾਬਕ ਕਥਿਤ ਦੋਸ਼ੀ ਗਗਨਦੀਪ ਸਿੰਘ ਖ਼ਿਲਾਫ਼ ਪਹਿਲਾਂ ਵੀ ਨਸ਼ਾ ਤਸਕਰੀ ਦੇ ਪਰਚੇ ਦਰਜ ਹਨਲ਼ਜਦਕਿ ਜਗਵੀਰ ਸਿੰਘ ਦੇ ਅਪਰਾਧਿਕ ਰਿਕਾਰਡ ਦੀ ਪੜਤਾਲ ਕੀਤੀ ਜਾ ਰਹੀ ਹੈ। ਪੁਲਿਸ ਅਨੁਸਾਰ ਬਰਾਮਦ ਕੀਤੀ ਗਈ ਹੈਰੋਇਨ ਵਪਾਰਕ ਮਾਤਰਾ ਦੇ ਅਧੀਨ ਆਉਂਦੀ ਹੈ। ਉਕਤ ਵਿਅਕਤੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਤਾਂ ਜੋ ਪਤਾ ਲਗਾਇਆ ਜਾ ਸਕੇ ਕਿ ਉਹ ਇਹ ਖੇਪ ਕਿੱਥੋਂ ਲਿਆਏ ਸਨ ਅਤੇ ਅੱਗੇ ਕਿੱਥੇ ਸਪਲਾਈ ਕਰਨੀ ਸੀ। ਦੋਵਾਂ ਦਾ ਡੋਪ ਟੈਸਟ ਵੀ ਕਰਵਾਇਆ ਗਿਆ ਹੈ।

ਤੀਜੇ ਦਿਨ ਵੀ ਉੱਚੇ ਮੋਬਾਇਲ ਟਾਵਰ 'ਤੇ ਡਟਿਆ ਰਿਹਾ ਹਰਜੀਤ ਸਿੰਘ

ਪ੍ਰਸ਼ਾਸਨ ਦੀਆਂ ਕੋਸ਼ਿਸ਼ਾ ਨੂੰ ਨਹੀਂ ਪਿਆ ਬੂਰ

ਧੂਰੀ, 11 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ) :5994 ਕਾਡਰ ਈ.ਟੀ.ਟੀ. ਅਧਿਆਪਕਾਂ ਵਿੱਚੋਂ ਰਹਿੰਦੇ 2994 ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਸਥਾਨਕ ਟੈਲੀਫੋਨ ਐਕਸਚੇਂਜ ਵਿੱਚ ਸਥਿਤ ਇੱਕ ਉੱਚੇ ਮੋਬਾਇਲ ਟਾਵਰ ਤੇ ਚੜ੍ਹਿਆ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਅੱਜ ਤਪਦੀ ਅਤੇ ਕੜਕਦੀ ਗਰਮੀ ਦੇ ਬਾਵਜੂਦ ਵੀ ਤੀਜੇ ਦਿਨ ਲਗਾਤਾਰ ਟਾਵਰ ਉੱਪਰ ਹੀ ਡਟਿਆ ਰਿਹਾ। ਹਰਜੀਤ ਸਿੰਘ ਦੀ ਸਿਹਤ ਅਤੇ ਸੁਰੱਖਿਆ ਨੂੰ ਲੈ ਕੇ ਚਿੰਤਤ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਉਸ ਨੂੰ ਹੇਠਾਂ ਉਤਾਰਨ ਲਈ ਅੱਡੀ-ਚੋਟੀ ਦਾ ਜ਼ੋਰ ਲਗਾਇਆ ਜਾ ਰਿਹਾ ਹੈ, ਪਰ ਅਜੇ ਤੱਕ ਕੋਈ ਵੀ ਸਫ਼ਲਤਾ ਹੱਥ ਨਹੀਂ ਲੱਗੀ।ਪ੍ਰਸ਼ਾਸਨ ਵੱਲੋਂ ਫਾਇਰ ਬ੍ਰਿਗੇਡ ਦੀਆਂ ਵੱਡੀਆਂ ਹਾਈਡ੍ਰੌਲਿਕ ਟੈਂਡਰ ਦੀ ਮਦਦ ਨਾਲ ਕੱਲ੍ਹ ਦੇਰ ਰਾਤ ਅਤੇ ਅੱਜ ਸਵੇਰੇ ਵੀ ਹਰਜੀਤ ਸਿੰਘ ਨੂੰ ਸੁਰੱਖਿਅਤ ਹੇਠਾਂ ਲਿਆਉਣ ਦੀਆਂ ਗੰਭੀਰ ਕੋਸ਼ਿਸ਼ਾਂ ਕੀਤੀਆਂ ਗਈਆਂ। ਪ੍ਰੰਤੂ ਪ੍ਰਸ਼ਾਸਨ ਦੇ ਇਹ ਸਾਰੇ ਯਤਨ ਉਸ ਵੇਲੇ ਬੇਕਾਰ ਸਾਬਤ ਹੋਏ ਜਦੋਂ ਟਾਵਰ ਤੇ ਮੌਜੂਦ ਅਧਿਆਪਕ ਨੇ ਹੇਠਾਂ ਆਉਣ ਤੋਂ ਸਾਫ਼ ਇਨਕਾਰ ਕਰ ਦਿੱਤਾ। ਦੂਜੇ ਪਾਸੇ, ਟਾਵਰ ਦੇ ਬਿਲਕੁਲ ਹੇਠਾਂ ਉਸ ਦੇ ਸਾਥੀ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਲਗਾਤਾਰ ਰੋਸ ਧਰਨਾ ਦਿੱਤਾ ਜਾ ਰਿਹਾ ਹੈ ਅਤੇ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਜਾ ਰਹੀ ਹੈ।ਮੌਕੇ ਤੇ ਪਹੁੰਚੇ ਉੱਚ ਸਿਵਲ ਅਤੇ ਪੁਲਿਸ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਹਰਜੀਤ ਸਿੰਘ ਅਤੇ ਸੰਘਰਸ਼ ਕਮੇਟੀ ਦੇ ਆਗੂਆਂ ਨਾਲ ਲਗਾਤਾਰ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਅਧਿਕਾਰੀਆਂ ਵੱਲੋਂ ਭਰੋਸਾ ਦਿੱਤਾ ਜਾ ਰਿਹਾ ਹੈ ਕਿ ਉਨ੍ਹਾਂ ਦੀ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਅਤੇ ਮੰਤਰੀਆਂ ਨਾਲ ਜਲਦ ਹੀ ਇੱਕ ਪੈਨਲ ਮੀਟਿੰਗ ਕਰਵਾਈ ਜਾਵੇਗੀ ਤਾਂ ਜੋ ਇਸ ਮਸਲੇ ਦਾ ਕੋਈ ਸਾਰਥਕ ਹੱਲ ਕੱਢਿਆ ਜਾ ਸਕੇ।ਪ੍ਰਸ਼ਾਸਨ ਦੇ ਇਸ ਭਰੋਸੇ ਨੂੰ ਪੂਰੀ ਤਰ੍ਹਾਂ ਨਕਾਰਦਿਆਂ ਟਾਵਰ 'ਤੇ ਡਟੇ ਹਰਜੀਤ ਸਿੰਘ ਅਤੇ ਧਰਨਾਕਾਰੀ ਸਾਥੀਆਂ ਨੇ ਸਪੱਸ਼ਟ ਕੀਤਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਸਰਕਾਰ ਦੀਆਂ ਲਾਰੇ-ਲੱਪੇ ਵਾਲੀਆਂ ਨੀਤੀਆਂ ਅਤੇ ਰਾਜਨੀਤੀ ਤੋਂ ਬੁਰੀ ਤਰ੍ਹਾਂ ਅੱਕ ਚੁੱਕੇ ਹਨ। ਉਨ੍ਹਾਂ ਐਲਾਨ ਕੀਤਾ ਕਿ ਹੁਣ ਇਹ ਲੜਾਈ ਆਰ-ਪਾਰ ਦੀ ਹੋਵੇਗੀ ਅਤੇ ਜਦੋਂ ਤੱਕ ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਨਹੀਂ ਹੁੰਦਾ, ਉਦੋਂ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ।

ਆਕਸਫੋਰਡ ਸਕੂਲ ਵਿਖੇ 10 ਰੋਜ਼ਾ ਸਾਲਾਨਾ ਸਿਖਲਾਈ ਕੈਂਪ ਸ਼ਫਲਤਾਪੂਰਵਕ ਸੰਪੰਨ

ਭਗਤਾ ਭਾਈ ਕਾ, 11 ਜੂਨ (ਸਵਰਨ ਸਿੰਘ ਭਗਤਾ)ਦਾ ਆਕਸਫੋਰਡ ਸਕੂਲ ਆਫ ਐਜੂਕੇਸ਼ਨ, ਭਗਤਾ ਭਾਈਕਾ, ਇਲਾਕੇ ਦੀ ਇੱਕ ਅਜਿਹੀ ਮਾਣਮੱਤੀ ਸੰਸਥਾ ਹੈ ,ਜੋ ਵਿਦਿਅਕ ਪੱਖ ਦੇ ਨਾਲ -ਨਾਲ ਬੱਚਿਆਂ ਦੇ ਬੌਧਿਕ ਵਿਕਾਸ ਅਤੇ ਹੋਰ ਗਤੀਵਿਧੀਆਂ ਨੂੰ ਪ੍ਰਮੁੱਖ ਰੱਖਦੇ ਹੋਏ ਸਮੇਂ -ਸਮੇਂ ਉੱਤੇ ਅਜਿਹੇ ਉਪਰਾਲੇ ਕਰਦੀ ਹੈ, ਜੋ ਵਿਦਿਆਰਥੀਆਂ ਦੇ ਵਰਤਮਾਨ ਅਤੇ ਭਵਿੱਖ ਨੂੰ ਉਜਵਲ ਬਣਾਉਣ ਵਿੱਚ ਸਹਾਈ ਸਿੱਧ ਹੁੰਦੇ ਹਨ । ਇਹ ਅਜਿਹੀ ਸੰਸਥਾ ਹੈ, ਜਿਸ ਦੇ ਵਿਦਿਆਰਥੀ ਐਨ.ਸੀ.ਸੀ ਕੈਡਿਟ ਬਣ ਚੁੱਕੇ ਹਨ। ਜਿਸ ਕਾਰਨ ਇਸ ਸੰਸਥਾ ਵਿੱਚ ਨੇਵੀ ਵਿੰਗ ਦੇ ਸਲਾਨਾ ਟ੍ਰੇਨਿੰਗ ਕੈਂਪ ਦੀ ਸ਼ੁਰੂਆਤ 2 ਜੂਨ ਨੂੰ ਕੀਤੀ ਗਈ ਸੀ। ਇਸ ਦਸ ਰੋਜ਼ਾ ਕੈਂਪ ਵਿੱਚ ਐਨ.ਸੀ.ਸੀ ਕੈਡਿਟਾਂ ਨੂੰ ਅਨੁਸ਼ਾਸਨ, ਲੀਡਰਸ਼ਿਪ ,ਦੇਸ਼ ਦੀ ਸੇਵਾ ਕਰਨ ਅਤੇ ਇੱਕ ਚੰਗੇ ਨਾਗਰਿਕ ਬਣਨ ਦੀ ਜਾਣਕਾਰੀ ਦਿੱਤੀ ਗਈ। ਸਾਰੇ ਕੈਡਿਟਾਂ ਨੇ ਇਸ ਸਿਖਲਾਈ ਦਾ ਪੂਰਾ ਲਾਭ ਲਿਆ ਤਾਂ ਕਿ ਉਹ ਇਥੋਂ ਅਨੁਸ਼ਾਸਿਤ ਰੂਪ ਵਿੱਚ ਅੱਗੇ ਵਧਣ ਅਤੇ ਕਿਸੇ ਵੀ ਰੂਪ ਵਿੱਚ ਦੇਸ਼ ਦੀ ਸੇਵਾ ਕਰ ਸਕਣ। ਇਸ ਕੈਂਪ ਦਾ ਮੁੱਖ ਉਦੇਸ਼ ਇੱਕ ਜੁੱਟ ਹੋ ਕੇ ਰਹਿਣ ਦੀ ਜਾਚ ਸਿੱਖਣਾ ,ਅਨੁਸ਼ਾਸਨ ਸਿੱਖਣਾ, ਵੱਖ ਵੱਖ ਪ੍ਰਸਥਿਤੀਆਂ ਵਿੱਚ ਇਕੱਠੇ ਰਹਿਣ ਦੀ ਜਾਚ ਸਿੱਖਣਾ ਵੀ ਸੀ।ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਸਮਾਪਤੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ।ਇਸ ਦਿਨ ਵੱਖ-ਵੱਖ ਸਕੂਲਾਂ ਤੋਂ ਆਏ ਸਾਰੇ ਕੈਡੀਟਾਂ ਨੇ ਵੱਖ-ਵੱਖ ਮਨੋਰੰਜਨ ਦਾਇਕ ਗਤੀਵਿਧੀਆਂ ਵਿੱਚ ਹਿੱਸਾ ਲਿਆ। ਇਸ ਸਮੇਂ ਸਾਰੇ ਕੈਡਿਟਾਂ ਵੱਲੋਂ ਇੱਕ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਹ ਰੰਗਾ -ਰੰਗ ਪ੍ਰੋਗਰਾਮ ਵਿੱਚ ਪੰਜਾਬੀ ਲੋਕ ਨਾਚ ਦਾ ਮੁਕਾਬਲਾ ਵੀ ਕਰਵਾਇਆ ਗਿਆ। ਜਿਸ ਵਿੱਚ ਕੈਡਿਟ ਨੇ ਪੋਜੀਸ਼ਨਾਂ ਵੀ ਹਾਸਿਲ ਕੀਤੀਆਂ। ਆਕਸਫੋਰਡ ਸਕੂਲ ਦੇ ਕੈਡਿਟ ਨੇ ਵੀ ਪੁਜੀਸ਼ਨ ਹਾਸਿਲ ਕੀਤੀ ।ਕੈਪਟਨ ਇਸ਼ਰਾਜ ਸਿੰਘ (ਕਮਾਂਡਰ ਅਫਸਰ) ਨੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੂੰ ਸਨਮਾਨ ਚਿੰਨ ਦੇ ਕੇ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਸਾਹਿਬ ਦਾ ਧੰਨਵਾਦ ਕੀਤਾ । ਏ.ਐਨ.ਓ. ਤਜਿੰਦਰ ਸਿੰਘ,ਸੀ.ਟੀ.ਓ. ਜਗਜੀਤ ਸਿੰਘ, ਸਕੂਲ ਦੇ ਡੀਪੀ ਈ ਪ੍ਰਦਮਨਸਿੰਘ, ਸੁਖਵਿੰਦਰ ਸਿੰਘ, ਗੁਰਜਿੰਦਰ ਸਿੰਘ ,ਮਨਪ੍ਰੀਤ ਕੌਰ, ਪੂਨਮ , ਅਤੇ ਬਾਕੀ ਸਕੂਲਾਂ ਤੋਂ ਆਏ ਅਧਿਆਪਕਾਂ ਦੇ ਸਹਿਯੋਗ ਨਾਲ ਇਹ ਕੈਂਪ ਸਦੀਵੀ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ।ਇਸ ਸਮੇਂ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਰਾਜਵਿੰਦਰ ਸਿੰਘ ਸੋਢੀ (ਜਨਰਲ ਸਕੱਤਰ), ਗੁਰਮੀਤ ਸਿੰਘ ਗਿੱਲ (ਸਰਪੰਚ) ਵੀ ਮੌਜੂਦ ਸਨ।

ਕਾਂਗਰਸ ਵੱਲੋਂ ਬੂਥ ਏਜੰਟਾਂ ਲਈ ਵਿਸ਼ੇਸ਼ ਸਿਖਲਾਈ ਕੈਂਪ

ਵੋਟਾਂ ਦੀ ਸੁਧਾਈ ਦੌਰਾਨ ਵਰਕਰ ਰਹਿਣਗੇ ਮੁਸਤੈਦ : ਨਿੱਪੀ, ਖੰਗੂੜਾ

ਧੂਰੀ, 11 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਤੇ ਵਿਧਾਨ ਸਭਾ ਹਲਕਾ ਧੂਰੀ ਦੇ ਕਾਂਗਰਸੀ ਬੂਥ ਏਜੰਟਾਂ ਨੂੰ ਚੋਣ ਪ੍ਰਕਿਰਿਆ ਨਾਲ ਐਸ.ਆਈ.ਆਰ. ਬਾਰੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਦਾ ਆਯੋਜਨ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਦੌਰਾਨ ਬੂਥ ਪੱਧਰ ਦੇ ਵਰਕਰਾਂ ਨੂੰ ਚੋਣਾਂ ਦੌਰਾਨ ਵਰਤੀ ਜਾਣ ਵਾਲੀ ਬਾਰੀਕੀ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ। ਇਸ ਸਿਖਲਾਈ ਕੈਂਪ ਦਾ ਮੁੱਖ ਮਨੋਰਥ ਹਲਕੇ ਦੇ 189 ਬੂਥਾਂ ਦੇ ਬੀ.ਐਲ.ਏ.-1 ਅਤੇ ਬੀ.ਐਲ.ਏ.-2 ਨੂੰ ਐਸ.ਆਈ.ਆਰ. ਦੇ ਤਕਨੀਕੀ ਤੇ ਸੰਗਠਨਾਤਮਕ ਪਹਿਲੂਆਂ ਤੋਂ ਚੰਗੀ ਤਰ੍ਹਾਂ ਜਾਣੂ ਕਰਵਾਉਣਾ ਸੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਗਾਗਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਟ੍ਰੇਨਿੰਗ ਸੈਸ਼ਨ ਵਿੱਚ ਪੰਜਾਬ ਕਾਂਗਰਸ ਵੱਲੋਂ ਜਿਲ੍ਹਾ ਸੰਗਰੂਰ ਦੇ ਐਸ.ਆਈ.ਆਰ ਕੈਂਪਾਂ ਦੇ ਕੋਆਰਡੀਨੇਟਰ ਅਤੇ ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਹਰਵਿੰਦਰ ਸਿੰਘ ਨਿੱਪੀ ਅਤੇ ਟਰੇਨਿੰਗ ਕੈਂਪ ਦੇ ਆਗੂ ਰਵਿੰਦਰ ਸਿੰਘ ਨੇ ਵਰਕਰਾਂ ਨੂੰ ਐਸ.ਆਈ.ਆਰ. ਵਿਸ਼ੇ ਤੇ ਮਾਸਟਰ ਟ੍ਰੇਨਿੰਗ ਦਿੰਦਿਆਂ ਅਪੀਲ ਕੀਤੀ ਕਿ ਉਹ ਬੂਥ ਪੱਧਰ 'ਤੇ ਮੁਸਤੈਦ ਰਹਿਣ ਅਤੇ ਹਰ ਇੱਕ ਜਾਇਜ਼ ਵੋਟ 'ਤੇ ਤਿੱਖੀ ਨਿਗ੍ਹਾ ਰੱਖਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਚੋਣਾਂ ਦੌਰਾਨ ਕਿਸੇ ਵੀ ਸੂਰਤ ਵਿੱਚ ਕਿਸੇ ਵੀ ਜਾਇਜ਼ ਵੋਟਰ ਦੀ ਵੋਟ ਕੱਟੀ ਨਹੀਂ ਜਾਣੀ ਚਾਹੀਦੀ, ਤਾਂ ਜੋ ਲੋਕਤੰਤਰ ਦੀ ਨੀਂਹ ਮਜ਼ਬੂਤ ਰਹੇ।ਹਲਕਾ ਧੂਰੀ ਦੇ ਬੀ.ਐਲ.ਏ. ਇੰਚਾਰਜ ਗੁਰਪਿਆਰ ਸਿੰਘ ਧੂਰਾ ਨੇ ਵੀ ਹਾਜ਼ਰ ਵਰਕਰਾਂ ਤੇ ਏਜੰਟਾਂ ਨੂੰ ਸੰਬੋਧਨ ਕਰਦਿਆਂ ਸਮੂਹ ਕਾਰਕੁੰਨਾਂ ਨੂੰ ਆਉਣ ਵਾਲੇ ਸਮੇਂ ਵਿੱਚ ਪੂਰੀ ਸੰਜੀਦਗੀ, ਜ਼ਿੰਮੇਵਾਰੀ ਅਤੇ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਧੂਰੀ ਹਲਕੇ ਦੇ 189 ਬੀ.ਐਲ.ਏ ਸਬੰਧਤ ਬੂਥਾਂ ਦੇ ਬੀ.ਐਲ.ਓ ਨਾਲ ਰਾਬਤੇ 'ਚ ਰਹਿਣਗੇ ਅਤੇ ਜੇਕਰ ਕਿਸੇ ਵੀ ਵੋਟਰ ਨੂੰ ਕੋਈ ਮੁਸ਼ਕਲ ਆਉਂਦੀ ਹੈ, ਤਾਂ ਸਬੰਧਤ ਵੋਟਰ ਦੀ ਸੰਭਵ ਮੱਦਦ ਕਰਨਗੇ।ਇਸ ਅਹਿਮ ਸਿਖਲਾਈ ਕੈਂਪ ਦੌਰਾਨ ਹਲਕੇ ਦੀ ਸਮੁੱਚੀ ਲੀਡਰਸ਼ਿਪ ਅਤੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਵਿੱਚ ਇੰਦਰਪਾਲ ਸਿੰਘ ਗੋਲਡੀ, ਚਮਕੌਰ ਸਿੰਘ ਕੁੰਭੜਵਾਲ, ਜਗਤਾਰ ਸਿੰਘ ਤਾਰਾ ਬੇਨੜਾ, ਨਰੇਸ਼ ਕੁਮਾਰ ਮੰਗੀ, ਪ੍ਰੇਮ ਕੁਮਾਰ ਠੇਕੇਦਾਰ, ਮਹਾਂਵੀਰ ਸਿੰਘ, ਸਾਬਕਾ ਕੌਂਸਲਰ ਸਾਧੂ ਸਿੰਘ, ਸਰਪੰਚ ਮਿੱਠੂ ਲੱਡਾ, ਜਗਪਾਲ ਸਿੰਘ, ਰਾਕੇਸ਼ ਕੁਮਾਰ ਅਤੇ ਵੀਰਪਾਲ ਸਿੰਘ ਕਾਕਾ ਤੂਰ ਸਮੇਤ ਕਈ ਹੋਰ ਆਗੂ ਤੇ ਵਰਕਰ ਸ਼ਾਮਲ ਸਨ।

ਕਿਸਾਨਾਂ ਨੂੰ ਸੰਤੁਲਿਤ ਖਾਦ ਵਰਤੋਂ ਬਾਰੇ ਕੀਤਾ ਜਾਗਰੂਕ

ਸ੍ਰੀ ਮੁਕਤਸਰ ਸਾਹਿਬ, 11 ਜੂਨ (ਐਚ ਐਸ ਕਪੂਰ) :ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਖੇਤ ਬਚਾਓ ਅਭਿਆਨ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਪਿੰਡ ਝੁਰੜ, ਔਲਖ ਅਤੇ ਭੁਲੇਰੀਆਂ ਵਿਖੇ ਕਿਸਾਨ ਜਾਗਰੂਕਤਾ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ। ਇਸ ਦੌਰਾਨ ਮਾਹਿਰਾਂ ਨੇ ਕਿਸਾਨਾਂ ਨੂੰ ਝੋਨੇ ਦੀ ਕਾਸ਼ਤ ਸਬੰਧੀ ਸਿਫ਼ਾਰਸ਼ੀ ਖੇਤੀ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਮਾਹਿਰਾਂ ਨੇ ਕਿਸਾਨਾਂ ਨੂੰ ਖਾਦਾਂ, ਨਦੀਨਨਾਸ਼ਕਾਂ ਅਤੇ ਕੀਟਨਾਸ਼ਕਾਂ ਦੀ ਸੰਤੁਲਿਤ ਅਤੇ ਸਿਫ਼ਾਰਸ਼ੀ ਵਰਤੋਂ ਦੇ ਮਹੱਤਵ ਬਾਰੇ ਜਾਗਰੂਕ ਕਰਦਿਆਂ ਦੱਸਿਆ ਕਿ ਇਨ੍ਹਾਂ ਖੇਤੀ ਨਿਵੇਸ਼ਾਂ ਦੀ ਅਣਉਚਿਤ ਵਰਤੋਂ ਨਾ ਸਿਰਫ਼ ਉਤਪਾਦਨ ਲਾਗਤ ਵਿੱਚ ਵਾਧਾ ਕਰਦੀ ਹੈ, ਸਗੋਂ ਮਿੱਟੀ ਦੀ ਸਿਹਤ ਅਤੇ ਵਾਤਾਵਰਣ ਉੱਤੇ ਵੀ ਮਾੜਾ ਪ੍ਰਭਾਵ ਪਾਉਂਦੀ ਹੈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਪਰਖ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਕਰਨ ਅਤੇ ਲੋੜ ਅਨੁਸਾਰ ਹੀ ਕੀਟਨਾਸ਼ਕਾਂ ਤੇ ਨਦੀਨਨਾਸ਼ਕਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ।ਇਸ ਮੌਕੇ ਤੇ ਕਿਸਾਨਾਂ ਨੂੰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਅਤੇ ਕਿਸਾਨ ਭਲਾਈ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ।

'ਪਿੰਡ ਮਿਲਣੀ' ਤਹਿਤ ਲੋਕਾਂ ਨੂੰ ਮਿਲੇ ਮੰਤਰੀ ਗੋਇਲ , ਸੁਣੀਆਂ ਮੁਸ਼ਕਲਾਂ



ਲਹਿਰਾਗਾਗਾ, 11 ਜੂਨ (ਗੁਰਦੀਪ ਸਿੰਘ): ਮਿਸ਼ਨ ਵਿਧਾਨ ਸਭਾ ਚੋਣਾਂ 2027 ਦੀ ਤਿਆਰੀ ਦੇ ਤਹਿਤ ਆਮ ਆਦਮੀ ਪਾਰਟੀ ਵੱਲੋਂ ਚਲਾਏ ਗਏ ਪ੍ਰੋਗਰਾਮ ਪਿੰਡ ਮਿਲਣੀ ਦੇ ਤਹਿਤ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਅੱਜ ਹਲਕਾ ਲਹਿਰਾ ਦੇ ਪਿੰਡ ਕੋਟੜਾ ਲਹਿਲ, ਆਲਮਪੁਰ, ਅਲੀਸ਼ੇਰ, ਚੋਟੀਆਂ, ਕਾਲੀਆ ਅਤੇ ਚੂੜਲ ਖੁਰਦ ਵਿਖੇ ਲੋਕਾਂ ਨਾਲ ਮਿਲਣੀ ਕਰਦਿਆਂ ਜਿੱਥੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਗਿਆ ਉਥੇ ਹੀ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਸਾਹਮਣੇ ਰੱਖਿਆ ਗਿਆ, ਵੱਖ-ਵੱਖ ਪਿੰਡਾਂ ਅੰਦਰ ਲੋਕਾਂ ਨੂੰ ਸੰਬੋਧਨ ਕਰਦਿਆਂ ਮੰਤਰੀ ਗੋਇਲ ਨੇ ਕਿਹਾ ਕਿ ਆਪ ਵੱਲੋਂ 2022 ਵਿਧਾਨ ਸਭਾ ਚੋਣਾਂ ਸਮੇਂ ਕੀਤੇ ਗਏ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ। ਉਨ੍ਹਾਂ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਐਸ ਆਈ ਆਰ (ਵੋਟਰ ਸੂਚੀ ਦੀ ਵਿਸ਼ੇਸ਼ ਸੋਧ) ਦੀ ਆੜ ਵਿੱਚ ਬੀਜੇਪੀ ਵੋਟਾਂ ਕੱਟਣ ਦੀ ਸਾਜ਼ਿਸ਼ ਰਚ ਰਹੀ ਹੈ ਅਤੇ ਲੋਕਾਂ ਨੂੰ ਧਰਮ ਅਤੇ ਜਾਤ ਦੇ ਨਾਂ ਤੇ ਲੜਾ ਕੇ ਪੰਜਾਬ ਦੀ ਸੱਤਾ ਵਿੱਚ ਆਉਣਾ ਚਾਹੁੰਦੀ ਹੈ। ਪਰ ਪੰਜਾਬ ਦੇ ਸੂਝਵਾਨ ਵੋਟਰ ਅਤੇ ਆਮ ਆਦਮੀ ਪਾਰਟੀ ਭਾਜਪਾ ਨੂੰ ਉਸਦੀਆਂ ਚਾਲਾਂ ਵਿੱਚ ਕਾਮਯਾਬ ਨਹੀਂ ਹੋਣ ਦੇਣਗੇ। ਉਹਨਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੂਥ 'ਤੇ ਜਾ ਕੇ ਆਪਣੀ ਵੋਟ ਦੀ ਰਾਖੀ ਕਰਨ, ਮੰਤਰੀ ਗੋਇਲ ਨੇ ਕਿਹਾ ਕਿ ਸਰਕਾਰ ਨੇ ਗੈਂਗਸਟਰਾਂ ਤੇ ਨਸ਼ਾ ਤਸਕਰਾਂ ਵਿਰੁੱਧ ਵੀ ਵਿਸ਼ੇਸ਼ ਮੁਹਿੰਮ ਚਲਾ ਕੇ ਪੰਜਾਬ ਨੂੰ ਨਸ਼ਾ ਮੁਕਤ ਅਤੇ ਗੈਂਗਸਟਰ ਮੁਕਤ ਕਰਨ ਵੱਲ ਅਹਿਮ ਕਦਮ ਵਧਾਏ ਹਨ। ਇਸ ਮੌਕੇ ਮੰਤਰੀ ਗੋਇਲ ਦੇ ਨਾਲ ਉਹਨਾਂ ਦੇ ਓਐਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਦਰਬਾਰਾ ਸਿੰਘ ਹੈਪੀ, ਯੂਥ ਆਗੂ ਅਜੈ ਕੁਮਾਰ ਠੋਲੀ ,ਪਰਵੀਨ ਕੁਮਾਰ ਟਿੰਕਾ, ਰਤਨ ਸ਼ਰਮਾ, ਬੂਟਾ ਸਿੰਘ ਸਰਪੰਚ ਆਲਮਪੁਰ, ਟਰੇਡ ਵਿੰਗ ਦੇ ਰਕੇਸ਼ ਕੁਮਾਰ ਗਰਗ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਲੰਟੀਅਰ ਹਾਜ਼ਰ ਸਨ।

ਉੱਚ ਰਕਤ ਚਾਪ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਸਿਹਤ ਵਿਭਾਗ ਵੱਲੋਂ ਲਘੂ ਫ਼ਿਲਮ ਜਾਰੀ

ਬਠਿੰਡਾ, 11 ਜੂਨ (ਦੀਪਕ ਸ਼ਰਮਾ) :ਸਿਹਤ ਵਿਭਾਗ ਬਠਿੰਡਾ ਦੇ ਗੈਰ-ਸੰਚਾਰੀ ਰੋਗ ਸ਼ਾਖਾ ਵੱਲੋਂ ਲੋਕਾਂ ਨੂੰ ਉੱਚ ਰਕਤ ਚਾਪ ਯਾਨੀ ਹਾਈਪਰਟੈਂਸ਼ਨ ਦੇ ਪ੍ਰਤੀ ਸੁਚੇਤ ਕਰਨ ਦੇ ਮਕਸਦ ਨਾਲ ਤਿਆਰ ਕੀਤੀ ਗਈ ਇੱਕ ਲਘੂ ਫ਼ਿਲਮ ਜਾਰੀ ਕੀਤੀ ਗਈ ਹੈ। ਕਰੀਬ ਦੋ ਮਿੰਟ ਦੀ ਇਸ ਫ਼ਿਲਮ ਨੂੰ ਮੁੱਖ ਜ਼ਿਲ੍ਹਾ ਸਿਹਤ ਅਫ਼ਸਰ ਡਾਕਟਰ ਤਪਿੰਦਰਜੋਤ ਦੀ ਅਗਵਾਈ ਹੇਠ ਲੋਕ ਅਰਪਣ ਕੀਤਾ ਗਿਆ। ਇਸ ਲਘੂ ਫ਼ਿਲਮ ਦਾ ਨਿਰਮਾਣ ਗੈਰ-ਸੰਚਾਰੀ ਰੋਗ ਸ਼ਾਖਾ ਦੇ ਮੁਲਾਜ਼ਮ ਸੁਖਵਿੰਦਰ ਸਿੰਘ ਵੱਲੋਂ ਲੋਕ ਸੰਪਰਕ ਸ਼ਾਖਾ ਦੇ ਸਹਿਯੋਗ ਨਾਲ ਕੀਤਾ ਗਿਆ ਹੈ। ਫ਼ਿਲਮ ਵਿੱਚ ਉੱਚ ਰਕਤ ਚਾਪ ਦੀ ਸਮੱਸਿਆ, ਇਸ ਦੇ ਲੱਛਣ, ਕਾਰਨ, ਮਾੜੇ ਪ੍ਰਭਾਵ ਅਤੇ ਬਚਾਅ ਦੇ ਤਰੀਕਿਆਂ ਨੂੰ ਬਹੁਤ ਹੀ ਸਰਲ ਭਾਸ਼ਾ ਵਿੱਚ ਸਮਝਾਇਆ ਗਿਆ ਹੈ।ਫ਼ਿਲਮ ਨੂੰ ਜਾਰੀ ਕਰਨ ਦੇ ਮੌਕੇ ਡਾਕਟਰ ਵੰਦਨਾ ਮਿੱਡਾ, ਡਾਕਟਰ ਪੁਨੀਤ ਸੁਲੀਜਾ, ਡਾਕਟਰ ਜਸ਼ਨਦੀਪ ਸਮੇਤ ਹੋਰ ਮੁਲਾਜ਼ਮ ਹਾਜ਼ਰ ਸਨ। ਇਸ ਮੌਕੇ ਮੁੱਖ ਜ਼ਿਲ੍ਹਾ ਸਿਹਤ ਅਫ਼ਸਰ ਡਾਕਟਰ ਤਪਿੰਦਰਜੋਤ ਨੇ ਦੱਸਿਆ ਕਿ ਉੱਚ ਰਕਤ ਚਾਪ ਇੱਕ ਅਜਿਹੀ ਬਿਮਾਰੀ ਹੈ ਜੋ ਅੰਦਰੇ-ਅੰਦਰ ਮਨੁੱਖ ਨੂੰ ਖ਼ਤਮ ਕਰਦੀ ਹੈ ਅਤੇ ਕਈ ਵਾਰ ਬਿਨਾਂ ਕਿਸੇ ਸਪਸ਼ਟ ਲੱਛਣ ਦੇ ਸਰੀਰ ਨੂੰ ਨੁਕਸਾਨ ਪਹੁੰਚਾਉਂਦੀ ਰਹਿੰਦੀ ਹੈ। ਇਹ ਦਿਲ ਦੇ ਰੋਗ, ਦਿਮਾਗ ਦੇ ਦੌਰੇ ਅਤੇ ਗੁਰਦੇ ਖ਼ਰਾਬ ਹੋਣ ਵਰਗੀਆਂ ਗੰਭੀਰ ਬਿਮਾਰੀਆਂ ਦਾ ਵੱਡਾ ਕਾਰਨ ਬਣਦੀ ਹੈ।ਲਘੂ ਫ਼ਿਲਮ ਰਾਹੀਂ ਸੁਨੇਹਾ ਦਿੱਤਾ ਗਿਆ ਹੈ ਕਿ ਰੋਜ਼ਾਨਾ ਕਸਰਤ, ਸੰਤੁਲਿਤ ਖ਼ੁਰਾਕ, ਨਮਕ ਦੀ ਸੀਮਤ ਵਰਤੋਂ ਅਤੇ ਸਮੇਂ-ਸਮੇਂ 'ਤੇ ਬਲੱਡ ਪ੍ਰੈਸ਼ਰ ਦੀ ਜਾਂਚ ਕਰਵਾ ਕੇ ਇਸ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ। ਇਹ ਫ਼ਿਲਮ ਸਿਹਤ ਵਿਭਾਗ ਬਠਿੰਡਾ ਦੇ ਸੋਸ਼ਲ ਮੀਡੀਆ ਪੇਜ ਤੇ ਉਪਲੱਬਧ ਹੈ। ਵਿਭਾਗ ਵੱਲੋਂ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਅਤੇ ਜਾਂਚ ਲਈ ਆਉਣ ਵਾਲੇ ਮਰੀਜ਼ਾਂ ਨੂੰ ਵੀ ਇਹ ਫ਼ਿਲਮ ਦਿਖਾਈ ਜਾਵੇਗੀ, ਤਾਂ ਜੋ ਆਮ ਲੋਕਾਂ ਵਿੱਚ ਇਸ ਬਿਮਾਰੀ ਪ੍ਰਤੀ ਜਾਗਰੂਕਤਾ ਵਧਾਈ ਜਾ ਸਕੇ।

ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਨਿਯਮਤ ਟੀਕਾਕਰਨ ਤੰਦਰੁਸਤ ਸਮਾਜ ਦੀ ਨੀਂਹ : ਡਾ. ਤਪਿੰਦਰਜੋਤ

ਬਠਿੰਡਾ, 11 ਜੂਨ (ਦੀਪਕ ਸ਼ਰਮਾ) :ਜ਼ਿਲ੍ਹੇ ਭਰ ਵਿੱਚ ਚਲਾਈ ਜਾ ਰਹੀ ਨਿਯਮਤ ਟੀਕਾਕਰਨ ਮੁਹਿੰਮ ਤਹਿਤ ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਮਾਰੂ ਬਿਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਾਏ ਜਾ ਰਹੇ ਹਨ। ਮੁੱਖ ਜ਼ਿਲ੍ਹਾ ਸਿਹਤ ਅਫ਼ਸਰ ਡਾਕਟਰ ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾਕਟਰ ਮੀਨਾਖਸ਼ੀ ਸਿੰਗਲਾ ਦੀ ਦੇਖ-ਰੇਖ ਹੇਠ ਇਹ ਮੁਹਿੰਮ ਲਗਾਤਾਰ ਜਾਰੀ ਹੈ। ਇਸ ਨਿਯਮਤ ਪ੍ਰੋਗਰਾਮ ਤਹਿਤ ਸਾਰੇ ਸਰਕਾਰੀ ਸਿਹਤ ਕੇਂਦਰਾਂ ਵਿੱਚ ਜਨਮ ਤੋਂ ਲੈ ਕੇ 16 ਸਾਲ ਤੱਕ ਦੇ ਬੱਚਿਆਂ

ਦਾ ਬਿਲਕੁਲ ਮੁਫ਼ਤ ਟੀਕਾਕਰਨ ਕੀਤਾ ਜਾਂਦਾ ਹੈ ਅਤੇ ਗਰਭਵਤੀ ਔਰਤਾਂ ਨੂੰ ਟੈਟਨਸ ਤੋਂ ਬਚਾਅ ਦੇ ਟੀਕੇ ਲਗਾਏ ਜਾਂਦੇ ਹਨ।ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾਕਟਰ ਮੀਨਾਕਸ਼ੀ ਸਿੰਗਲਾ ਨੇ ਇਸ ਸਬੰਧੀ ਦੱਸਿਆ ਕਿ ਗਰਭ ਅਵਸਥਾ ਦੌਰਾਨ ਟੈਟਨਸ ਦੇ ਟੀਕੇ ਲਗਵਾਉਣੇ ਬਹੁਤ ਜ਼ਰੂਰੀ ਹਨ, ਕਿਉਂਕਿ ਇਹ ਮਾਂ ਅਤੇ ਨਵਜੰਮੇ ਬੱਚੇ ਦੋਵਾਂ ਨੂੰ ਇਸ ਭਿਆਨਕ ਬਿਮਾਰੀ ਤੋਂ ਸੁਰੱਖਿਅਤ ਰੱਖਦੇ ਹਨ। ਉਨ੍ਹਾਂ ਸਾਫ਼ ਕੀਤਾ ਕਿ ਇਹ ਟੀਕੇ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਅਸਰਦਾਰ ਹਨ, ਇਸ ਲਈ ਹਰ ਬੱਚੇ ਨੂੰ ਸਮੇਂ ਸਿਰ ਸਾਰੇ ਲੋੜੀਂਦੇ ਟੀਕੇ ਲਗਵਾਉਣੇ ਚਾਹੀਦੇ ਹਨ। ਸਿਹਤ ਵਿਭਾਗ ਦੀਆਂ ਟੀਮਾਂ, ਜਿਨ੍ਹਾਂ ਵਿੱਚ ਆਸ਼ਾ ਵਰਕਰ, ਏ.ਐਨ.ਐਮ. ਅਤੇ ਬਹੁ-ਮੰਤਵੀ ਸਿਹਤ ਮੁਲਾਜ਼ਮ ਸ਼ਾਮਲ ਹਨ, ਘਰ-ਘਰ ਜਾ ਕੇ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕਰ ਰਹੇ ਹਨ।ਉਨ੍ਹਾਂ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦਾ ਟੀਕਾਕਰਨ ਕਾਰਡ ਜ਼ਰੂਰ ਚੈੱਕ ਕਰਨ ਅਤੇ ਜੇਕਰ ਕੋਈ ਟੀਕਾ ਲੱਗਣੋਂ ਰਹਿ ਗਿਆ ਹੋਵੇ, ਤਾਂ ਤੁਰੰਤ ਨੇੜੇ ਦੇ ਸਰਕਾਰੀ ਸਿਹਤ ਕੇਂਦਰ ਵਿੱਚ ਜਾ ਕੇ ਲਗਵਾਉਣ। ਡਾਕਟਰ ਸਿੰਗਲਾ ਨੇ ਕਿਹਾ ਕਿ ਟੀਕਾਕਰਨ ਹੀ ਛੂਤ ਦੀਆਂ ਅਤੇ ਗੰਭੀਰ ਬਿਮਾਰੀਆਂ ਤੋਂ ਬਚਣ ਦਾ ਸਭ ਤੋਂ ਉੱਤਮ ਸਾਧਨ ਹੈ, ਜਿਸ ਨਾਲ ਬੱਚਿਆਂ ਨੂੰ ਨਰੋਆ ਜੀਵਨ ਦੇ ਕੇ ਇੱਕ ਸਿਹਤਮੰਦ ਅਤੇ ਮਜ਼ਬੂਤ ਸਮਾਜ ਦਾ ਨਿਰਮਾਣ ਕੀਤਾ ਜਾ ਸਕਦਾ ਹੈ।

ਫੁੱਟਬਾਲ ਟੂਰਨਾਮੈਂਟ ਸ਼ਾਨੋਂ-ਸ਼ੌਕਤ ਨਾਲ ਸੰਪੰਨ

ਰਾਮਪੁਰਾ ਫੂਲ,11 ਜੂਨ ਮਨਪ੍ਰੀਤ ਮਿੰਟੂ) : ਪਿੰਡ ਰਾਮਪੁਰਾ ਦੇ ਦੁੱਧਾਧਾਰੀ ਖੇਡ ਸਟੇਡੀਅਮ ਵਿੱਚ ਸਮੂਹ ਨਗਰ ਦੇ ਸਹਿਯੋਗ ਨਾਲ ਦੋ ਰੋਜ਼ਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੀਆਂ ਲਗਭਗ 24 ਟੀਮਾਂ ਨੇ ਭਾਗ ਲੈ ਕੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਦਾ ਰਸਮੀ ਉਦਘਾਟਨ ਸੰਤ ਬਾਬਾ ਰਾਮ ਨਰਾਇਣ ਗਿਰੀ ਅਤੇ ਪਾਵਨ ਨਕੱਈ ਵੱਲੋਂ ਕੀਤਾ ਗਿਆ।ਟੂਰਨਾਮੈਂਟ ਦੌਰਾਨ ਖਿਡਾਰੀਆਂ ਨੇ ਖੇਡ ਭਾਵਨਾ ਅਤੇ ਅਨੁਸ਼ਾਸਨ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਦੂਜੇ ਦਿਨ ਹੋਏ ਫਾਈਨਲ ਮੁਕਾਬਲੇ ਵਿੱਚ ਪਿੰਡ ਫੱਤਾ ਮਾਲੋਕਾ ਦੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਮੇਜ਼ਬਾਨ ਪਿੰਡ ਰਾਮਪੁਰਾ ਦੀ ਟੀਮ ਉਪ ਜੇਤੂ ਰਹੀ। ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਨਗਦ ਇਨਾਮਾਂ ਦੇ ਨਾਲ-ਨਾਲ ਸਾਈਕਲਾਂ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਇੰਦਰਜੀਤ ਮਾਨ ਚੇਅਰਮੈਨ ਮਾਰਕਫੈੱਡ ਪੰਜਾਬ, ਗਗਨਦੀਪ ਸ਼ਰਮਾ ਪੀ.ਸੀ.ਐਸ., ਐੱਸ.ਡੀ.ਐੱਮ. ਨਿਹਾਲ ਸਿੰਘ ਵਾਲਾ, ਡਾ. ਗੁਰਕੇਸਰ ਸਿੰਘ ਬੱਗਾ, ਭਗਵਾਨ ਸਿੰਘ ਅਤੇ ਲਖਵੀਰ ਸਿੰਘ ਨੰਬਰਦਾਰ, ਜਸਕੀਰਤ ਢਿੱਲੋਂ ਸਰਪੰਚ ਅਤੇ ਪ੍ਰੈਸ ਕਲੱਬ ਰਾਮਪੁਰਾ ਦੇ ਮੈਂਬਰਾਂ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਬੁਲਾਰਿਆਂ ਨੇ ਕਿਹਾ ਕਿ ਅਜਿਹੇ ਖੇਡ ਮੇਲੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਟੂਰਨਾਮੈਂਟ ਦੌਰਾਨ ਨੂਰੀ ਤੇ ਸਾਹਿਲ ਨੇ ਵਿਸ਼ੇਸ਼ ਸੇਵਾ ਕੀਤੀ

ਆਤਮਾ ਰਾਮ ਮੈਮੋਰੀਅਲ ਸਕੂਲ ਦੇ ਵਿਦਿਆਰਥੀ ਨੇ ਸੋਨ ਤਮ.ਗਾ ਜਿੱਤਿਆ

ਬਰੇਟਾ, 11 ਜੂਨ (ਵਿਨੋਦ ਸਿੰਗਲਾ) : ਨੇਪਾਲ ਵਿਖੇ ਹੋਏ ਕਿੱਕ ਬਾਕਸਿੰਗ ਦੇ ਮੈਚ ਵਿੱਚ ਆਤਮਾ ਰਾਮ ਮੈਮੋਰੀਅਲ ਕਾਨਵੇਂਟ ਸਕੂਲ ਦੇ ਅਠਵੀਂ ਜਮਾਤ ਦੇ ਵਿਦਿਆਰਥੀ ਅਨੁਰੁਧ ਜੋ ਕਿ (-50) ਨੇ ਸ਼ਾਨਦਾਰ ਪ੍ਰਦਰਸ਼ਨ ਦਿਖਾਇਆ ਤੇ ਇੰਟਰਨੈਸ਼ਨਲ ਨੇਪਾਲ ਵਿਖੇ ਜਿੱਤ ਹਾਸਿਲ ਕੀਤੀ । ਸਕੂਲ ਦੇ ਚੇਅਰਮੈਨ ਸੇ ਗਰਗ ਨੇ ਬੱਚੇ ਤੇ ਕੋਚ ਗੁਰਜੋਤ ਕੌਰ ਨੂੰ ਸਕੂਲ ਵਿੱਚ ਸਮਾਨੀਤ ਕੀਤਾ।ਉਨ੍ਹਾਂ ਨੇ ਬੱਚੇ, ਉਨ੍ਹਾਂ ਦੇ ਮਾਪਿਆ ਅਤੇ ਕੋਚ ਗੁਰਜੋਤ ਕੌਰ ਨੂੰ ਬਹੁਤ-ਬਹੁਤ ਵਧਾਈਆ ਦਿੱਤੀਆਂ ਙ ਅਨੁਰੁਧ ਨੇ ਨਾ ਸਿਰਫ਼ ਸਕੂਲ, ਪੰਜਾਬ ਦਾ ਨਾਮ ਰੋਸ਼ਨ ਕੀਤਾ ਬਲਕਿ ਪੂਰੇ ਭਾਰਤ ਦੇਸ਼ ਦਾ ਨਾਮ ਰੋਸ਼ਣ ਕੀਤਾ ਹੈ। ਕਿੱਕ ਬਾਕਸਿੰਗ ਕੋਚ ਗੁਰਜੋਤ ਕੌਰ ਨੂੰ ਵੀ ਵਧੀਆਂ ਖਿਡਾਰੀ ਦਾ ਮੈਡਲ ਵੀ ਮਿਲਿਆਂ ।ਚੇਅਰਮੈਨ ਸਰ ਨੇ ਇਹ ਵੀ ਦੱਸਿਆ ਕਿ ਸਕੂਲ ਪਿਛਲੇ ਕਈ ਸਾਲਾਂ ਤੋਂ ਨਾ ਸਿਰਫ਼ ਪੜ੍ਹਾਈ ਵਿੱਚ ਬਲਕਿ ਖੇਡਾਂ ਵਿੱਚ ਵੀ ਬਹੁਤ ਵਧੀਆ ਪ੍ਰਦਰਸ਼ਨ ਦਿਖਾ ਰਹੇ ਹੈ ।

ਪਦਮਜੀਤ ਮਹਿਤਾ ਦੂਜੀ ਵਾਰ ਬਣੇ ਬਠਿੰਡਾ ਦੇ ਮੇਅਰ, 50 ਵਿੱਚੋਂ 38 ਕੌਂਸਲਰਾਂ ਨੇ ਜਤਾਇਆ ਪੂਰਨ ਭਰੋਸਾ

ਮੇਅਰ ਚੁਣੇ ਜਾਣ ਤੋਂ ਬਾਅਦ ਪਦਮਜੀਤ ਮਹਿਤਾ ਨੇ ਸ਼ਹਿਰ ਵਾਸੀਆਂ ਦਾ ਆਭਾਰ ਜਤਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਪ੍ਰਾਥਮਿਕਤਾ ਬਠਿੰਡਾ ਦੀਆਂ ਬੁਨਿਆਦੀ ਸਹੂਲਤਾਂ ਅਤੇ ਟ੍ਰੈਫਿਕ ਪ੍ਰਬੰਧਨ ਨੂੰ ਮਜ਼ਬੂਤ ਕਰਨਾ ਰਹੇਗੀ। ਇਸੇ ਦੌਰਾਨ, ਚੋਣਾਂ ਵਿੱਚ ਮਿਲੇ ਭਾਰੀ ਜਨਸਮਰਥਨ ਲਈ ਜਨਤਾ ਦਾ ਧੰਨਵਾਦ ਕਰਨ ਵਾਸਤੇ 12 ਜੂਨ ਨੂੰ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਬਠਿੰਡਾ ਪਹੁੰਚ ਕੇ ਸਿਰਕੀ ਬਾਜ਼ਾਰ ਤੋਂ ਸਦਭਾਵਨਾ ਚੌਕ ਤੱਕ ਇੱਕ ਵਿਸ਼ਾਲ ਰੋਡ ਸ਼ੋਅ ਕੱਢਣਗੇ।

ਬਠਿੰਡਾ, 11 ਜੂਨ (ਦੀਪਕ ਸ਼ਰਮਾ) : ਨਗਰ ਨਿਗਮ ਬਠਿੰਡਾ ਦੀ ਸੱਤਾ 'ਤੇ ਆਮ ਆਦਮੀ ਪਾਰਟੀ ਨੇ ਪੂਰਨ ਬਹੁਮਤ ਨਾਲ ਕਬਜ਼ਾ ਜਮਾਉਂਦਿਆਂ ਇੱਕ ਨਵਾਂ ਸਿਆਸੀ ਅਧਿਆਏ ਲਿਖ ਦਿੱਤਾ ਹੈ। ਨਿਗਮ ਚੋਣਾਂ ਵਿੱਚ ਪਾਰਟੀ ਨੂੰ ਦੋ-ਤਿਹਾਈ ਤੋਂ ਵੱਧ ਬਹੁਮਤ ਦਿਵਾਉਣ ਵਾਲੇ ਪਦਮਜੀਤ ਸਿੰਘ ਮਹਿਤਾ ਨੂੰ ਲਗਾਤਾਰ ਦੂਜੀ ਵਾਰ ਬਠਿੰਡਾ ਨਗਰ ਨਿਗਮ ਦਾ ਮੇਅਰ ਚੁਣ ਲਿਆ ਗਿਆ। ਫਰੀਦਕੋਟ ਮੰਡਲ ਦੇ ਕਮਿਸ਼ਨਰ ਦੀ ਪ੍ਰਧਾਨਗੀ ਅਤੇ ਡਿਪਟੀ ਕਮਿਸ਼ਨਰ ਦੀ ਮੌਜੂਦਗੀ ਵਿੱਚ ਆਯੋਜਿਤ ਨਵ-ਨਿਯੁਕਤ ਪਾਰਸ਼ਦਾਂ ਦੀ ਮੀਟਿੰਗ ਵਿੱਚ ਕੁੱਲ 50 ਵਿੱਚੋਂ 38 ਪਾਰਸ਼ਦਾਂ ਨੇ ਹੱਥ ਖੜ੍ਹੇ ਕਰਕੇ ਪਦਮਜੀਤ ਮਹਿਤਾ ਦੇ ਪੱਖ ਵਿੱਚ ਆਪਣਾ ਸਮਰਥਨ ਜਤਾਇਆ। ਇਸ ਦੇ ਨਾਲ ਹੀ ਪਾਰਟੀ ਨੇ ਲਗਾਤਾਰ ਦੂਜੀ ਵਾਰ ਨਿਗਮ ਵਿੱਚ ਆਪਣਾ ਮੇਅਰ ਬਣਾ ਕੇ ਸ਼ਿਰੋਮਣੀ ਅਕਾਲੀ ਦਲ ਦੇ ਰਿਕਾਰਡ ਦੀ ਬਰਾਬਰੀ ਕਰ ਲਈ ਹੈ।ਹਾਲਾਂਕਿ ਵੀਰਵਾਰ ਨੂੰ ਹੋਈ ਨਿਗਮ ਹਾਊਸ ਦੀ ਇਸ ਬੈਠਕ ਵਿੱਚ ਕੇਵਲ ਮੇਅਰ ਦੀ ਚੋਣ ਸੰਪੰਨ ਹੋਈ, ਜਦੋਂਕਿ ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਨੂੰ ਲੈ ਕੇ ਅੰਤਿਮ ਐਲਾਨ ਨਹੀਂ ਕੀਤਾ ਗਿਆ। ਨਗਰ ਨਿਗਮ ਹਾਊਸ ਵਿੱਚ ਬਹੁਮਤ ਸਾਬਤ ਕਰਨ ਲਈ 26 ਪਾਰਸ਼ਦਾਂ ਦੀ ਲੋੜ ਹੁੰਦੀ ਹੈ, ਜਦੋਂ ਕਿ ਆਮ ਆਦਮੀ ਪਾਰਟੀ ਦੇ ਕੋਲ ਆਪਣੇ 35 ਪਾਰਸ਼ਦ ਹਨ ਅਤੇ 6 ਆਜ਼ਾਦ ਪਾਰਸ਼ਦਾਂ ਨੇ ਵੀ ਪਾਰਟੀ ਨੂੰ ਸਮਰਥਨ ਦੇ ਦਿੱਤਾ ਹੈ। ਅਜਿਹੇ ਵਿੱਚ ਮੇਅਰ ਅਹੁਦੇ ਤੇ ਪਦਮਜੀਤ ਮਹਿ ਤਾ ਦੀ ਜਿੱਤ ਪਹਿਲਾਂ ਹੀ ਤੈਅ ਮੰਨੀ ਜਾ ਰਹੀ ਸੀ। ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਵੱਲੋਂ ਕਿਸੇ ਵੀ ਉਮੀਦਵਾਰ ਨੂੰ ਮੈਦਾਨ ਵਿੱਚ ਨਾ ਉਤਾਰੇ ਜਾਣ ਕਰਕੇ ਇਹ ਚੋਣ ਪੂਰੀ ਤਰ੍ਹਾਂ ਨਿਰਵਿਰੋਧ ਸੰਪੰਨ ਹੋਈ।ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੂੰ ਪਾਰਟੀ ਹਾਈਕਮਾਂਡ ਵੱਲੋਂ ਚੋਣ ਪ੍ਰਕਿਰਿਆ ਦਾ ਆਬਜ਼ਰਵਰ ਨਿਯੁਕਤ ਕੀਤਾ ਗਿਆ ਸੀ, ਜਿਨ੍ਹਾਂ ਦੀ ਅਗਵਾਈ ਵਿੱਚ ਪਾਰਸ਼ਦਾਂ ਦੀ ਮੀਟਿੰਗ ਹੋਈ। ਚੋਣ ਪ੍ਰਕਿਰਿਆ ਦੌਰਾਨ ਪਹਿਲਾਂ ਨਵ-ਨਿਯੁਕਤ ਪਾਰਸ਼ਦਾਂ ਨੂੰ ਸਹੁੰ ਚੁਕਾਈ ਗਈ ਅਤੇ ਉਸ ਤੋਂ ਬਾਅਦ ਹੱਥ ਖੜ੍ਹੇ ਕਰਵਾ ਕੇ ਵੋਟਿੰਗ ਕਰਵਾਈ ਗਈ। ਇਸ ਪ੍ਰਕਿਰਿਆ ਵਿੱਚ ਹਰੇਕ ਪਾਰਸ਼ਦ ਦੀ ਵੋਟ ਜਨਤਕ ਰਹੀ, ਜਿਸ ਨਾਲ ਕ੍ਰਾਸ ਵੋਟਿੰਗ ਦੀ ਕਿਸੇ ਵੀ ਸੰਭਾਵਨਾ ਨੂੰ ਖ਼ਤਮ ਕਰ ਦਿੱਤਾ ਗਿਆ। ਲੰਦਨ ਤੋਂ ਪੜ੍ਹਾਈ ਪੂਰੀ ਕਰ ਚੁੱਕੇ ਪਦਮਜੀਤ ਸਿੰਘ ਮਹਿਤਾ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਸਿੰਘ ਮਹਿਤਾ ਦੇ ਸਪੁੱਤਰ ਹਨ, ਜਿਨ੍ਹਾਂ ਨੇ ਦਸੰਬਰ 2024 ਵਿੱਚ ਵਾਰਡ ਨੰਬਰ 48 ਦੀ ਜ਼ਿਮਨੀ ਚੋਣ ਰਾਹੀਂ ਸਰਗਰਮ ਸਿਆਸਤ ਵਿੱਚ ਕਦਮ ਰੱਖਿਆ ਸੀ।ਚੋਣ ਪ੍ਰਕਿਰਿਆ ਦੌਰਾਨ ਬਠਿੰਡਾ ਦੇ ਵਿਧਾਇਕ ਜਗਰੂਪ ਸਿੰਘ ਗਿੱਲ ਦੀ ਗੈਰ-ਹਾਜ਼ਰੀ ਨੂੰ ਲੈ ਕੇ ਵੀ ਸਿਆਸੀ ਚਰਚਾਵਾਂ ਹੁੰਦੀਆਂ ਰਹੀਆਂ, ਜਿਸ ਬਾਰੇ ਆਬਜ਼ਰਵਰ ਹਰਦੀਪ ਮੁੰਡੀਆਂ ਨੇ ਕਿਹਾ ਕਿ ਹੋ ਸਕਦਾ ਹੈ ਵਿਧਾਇਕ ਕਿਸੇ ਹੋਰ ਪ੍ਰੋਗਰਾਮ ਵਿੱਚ ਰੁੱਝੇ ਹੋਣ। ਦੂਜੇ ਪਾਸੇ, ਮੇਅਰ ਚੁਣੇ ਜਾਣ ਤੋਂ ਬਾਅਦ ਪਦਮਜੀਤ ਮਹਿਤਾ ਨੇ ਸ਼ਹਿਰ ਵਾਸੀਆਂ ਦਾ ਆਭਾਰ ਜਤਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਪ੍ਰਾਥਮਿਕਤਾ ਬਠਿੰਡਾ ਦੀਆਂ ਬੁਨਿਆਦੀ ਸਹੂਲਤਾਂ ਅਤੇ ਟ੍ਰੈਫਿਕ ਪ੍ਰਬੰਧਨ ਨੂੰ ਮਜ਼ਬੂਤ ਕਰਨਾ ਰਹੇਗੀ। ਇਸੇ ਦੌਰਾਨ, ਚੋਣਾਂ ਵਿੱਚ ਮਿਲੇ ਭਾਰੀ ਜਨਸਮਰਥਨ ਲਈ ਜਨਤਾ ਦਾ ਧੰਨਵਾਦ ਕਰਨ ਵਾਸਤੇ 12 ਜੂਨ ਨੂੰ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਬਠਿੰਡਾ ਪਹੁੰਚ ਕੇ ਸਿਰਕੀ ਬਾਜ਼ਾਰ ਤੋਂ ਸਦਭਾਵਨਾ ਚੌਕ ਤੱਕ ਇੱਕ ਵਿਸ਼ਾਲ ਰੋਡ ਸ਼ੋਅ ਕੱਢਣਗੇ।

ਭਗਤ ਰਵਿਦਾਸ ਨੌਜਵਾਨ ਕਮੇਟੀ ਨੇ ਲਗਾਈ ਠੰਢੇ ਮਿੱਠੇ ਜਲ ਦੀ ਛਬੀਲ

ਭਗਤਾ ਭਾਈ ਕਾ, 11 ਜੂਨ (ਸਵਰਨ ਸਿੰਘ ਭਗਤਾ) : ਸਥਾਨਕ ਸ਼ਹਿਰ ਦੇ ਵਾਰਡ ਨੰਬਰ ਦੋ ਵਿੱਚ ਭਗਤ ਰਵਿਦਾਸ ਜੀ ਨੌਜਵਾਨ ਕਮੇਟੀ ਭਗਤਾ ਭਾਈ ਵੱਲੋਂ ਪੈ ਰਹੀ ਅੱਤ ਦੀ ਗਰਮੀ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਆਪ ਆਗੂ ਸੁਖਮੰਦਰ ਸਿੰਘ ਨੇ ਦੱਸਿਆ ਕਿ ਇਸ ਦੌਰਾਨ ਆਉਂਦੇ ਜਾਂਦੇ ਰਾਹੀਆਂ ਨੂੰ ਠੰਢਾ ਮਿੱਠਾ ਜਲ ਛਕਾਇਆ ਗਿਆ ਤਾਂ ਕਿ ਗਰਮੀ ਤੋਂ ਆਉਣ ਜਾਣ ਵਾਲੇ ਰਾਹੀਆਂ ਨੂੰ ਕੁਝ ਰਾਹਤ ਮਿਲ ਸਕੇ।ਇਸ ਮੌਕੇ ਸਥਾਨਕ ਪੁਲਿਸ ਥਾਣਾ ਦੇ ਐਸ ਐਚ ਓ ਪਰਬਤ ਸਿੰਘ ਵੀ ਪਾਹੁੰਚੇ ਉਨ੍ਹਾਂ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਛਬੀਲ ਦੇ ਨਾਲ ਨਾਲ ਆਪਣੇ ਘਰਾਂ ਦੀਆਂ ਛੱਤਾਂ ਉਪਰ ਵੀ ਪਾਣੀ ਦੇ ਕਟੋਰੇ ਵੀ ਭਰਕੇ ਰੱਖਣੇ ਚਾਹੀਦੇ ਹਨ ਤਾਂ ਜ਼ੋ ਪੰਛੀ ਵੀ ਆਪਣੀ ਪਿਆਸ ਬੁਝਾ ਸਕਣ।ਇਸ ਮੌਕੇ ਡਾਕਟਰ ਸੁਖਜੀਤ ਸਿੰਘ, ਅਮਨਦੀਪ ਸਿੰਘ ਖਰਾਜੀ, ਜੁਗਰਾਜ ਸਿੰਘ,ਜੀਤ ਸਿੰਘ,ਜੱਸਾ ਵੜਿੰਗ, ਜੀਤ ਸਿੰਘ ਅਤੇ ਗੱਗੀ ਬੂਨਾ ਆਦਿ ਵੱਲੋਂ ਜਲ ਛਕਾਉਣ ਦੀ ਸੇਵਾ ਨਿਭਾਈ ਗਈ।

ਬਰਨਾਲਾ ਨਗਰ ਨਿਗਮ ਨੂੰ ਮਿਲਿਆ ਪਹਿਲਾ ਮੇਅਰ, ਹਸਨ ਭਾਰਦਵਾਜ ਨੇ ਸੰਭਾਲਿਆ ਅਹੁਦਾ

ਬਰਨਾਲਾ, 11 ਜੂਨ (ਬਘੇਲ ਸਿੰਘ ਧਾਲੀਵਾਲ/ਹਮੀਰ ਸਿੰਘ) : ਨਗਰ ਨਿਗਮ ਬਰਨਾਲਾ ਦੇ ਮੇਅਰ ਦੀ ਚੋਣ ਅੱਜ ਇੱਥੇ ਦਫ਼ਤਰ ਨਗਰ ਨਿਗਮ ਵਿਖੇ ਰਾਮ ਸਰੂਪ ਅਣਖੀ ਮਿਉਂਸੀਪਲ ਲਾਇਬ੍ਰੇਰੀ ਵਿੱਚ ਹੋਈ, ਜਿਸ ਵਿਚ ਹਸਨ ਭਾਰਦਵਾਜ ਨੂੰ ਨਗਰ ਨਿਗਮ ਬਰਨਾਲਾ ਦਾ ਪਹਿਲਾ ਮੇਅਰ ਚੁਣਿਆ ਗਿਆ।ਚੋਣ ਪ੍ਰਕਿਰਿਆ ਤੋਂ ਪਹਿਲਾਂ ਨਗਰ ਨਿਗਮ ਬਰਨਾਲਾ ਦੇ ਸਾਰੇ ਨਵੇਂ ਚੁਣੇ ਕੌਂਸਲਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ ਗਈ। ਸਹੁੰ ਚੁੱਕ ਸਮਾਗਮ ਅਤੇ ਚੋਣ ਪ੍ਰਕਿਰਿਆ ਪਟਿਆਲਾ ਡਿਵੀਜ਼ਨ ਦੇ ਕਮਿਸ਼ਨਰ ਵਿਨੈ ਬੁਬਲਾਨੀ ਆਈਏਐੱਸ ਦੀ ਨਿਗਰਾਨੀ ਹੇਠ ਹੋਈ।ਚੋਣ ਤੋਂ ਬਾਅਦ ਹਸਨ ਭਾਰਦਵਾਜ ਨੇ ਵਿੱਤ ਮੰਤਰੀ ਪੰਜਾਬ ਸ. ਹਰਪਾਲ ਸਿੰਘ ਚੀਮਾ, ਲੋਕ ਸਭਾ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ, ਵਿਧਾਇਕ ਮਹਿਲ ਕਲਾਂ ਸ. ਕੁਲਵੰਤ ਸਿੰਘ ਪੰਡੋਰੀ, ਵਿਧਾਇਕ ਭਦੌੜ ਸ. ਲਾਭ ਸਿੰਘ ਦੀ ਹਾਜ਼ਰੀ ਵਿੱਚ ਨਗਰ ਨਿਗਮ ਬਰਨਾਲਾ ਦੇ ਮੇਅਰ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲਿਆ।ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ, ਜਿਨ੍ਹਾਂ ਨੂੰ ਪਾਰਟੀ ਹਾਈਕਮਾਨ ਵੱਲੋਂ ਬਰਨਾਲਾ ਦੀ ਮੇਅਰ ਚੋਣ ਦੀ ਪਾਰਟੀ ਪੱਧਰ @ਤੇ ਨਿਗਰਾਨੀ ਲਈ ਜ਼ਿੰਮੇਵਾਰੀ ਸੌਂਪੀ ਗਈ ਸੀ ਅਤੇ ਸੰਸਦ ਮੈਂਬਰ ਮੀਤ ਹੇਅਰ ਨੇ ਨਵੇਂ ਚੁਣੇ ਮੇਅਰ ਨੂੰ ਵਧਾਈ ਦਿੰਦਿਆਂ ਭਰੋਸਾ ਪ੍ਰਗਟਾਇਆ ਕਿ ਨਵੀਂ ਟੀਮ ਬਰਨਾਲਾ ਦੇ ਵਿਕਾਸ ਨੂੰ ਹੋਰ ਹੁਲਾਰਾ ਦੇਣ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ। ਇਸ ਮੌਕੇ ਮੀਤ ਹੇਅਰ ਨੇ ਕਿਹਾ ਕਿ ਬਰਨਾਲਾ ਨੂੰ ਮਾਡਲ ਸ਼ਹਿਰ ਵਿਕਸਿਤ ਕਰਨ ਦੀ ਸੋਚ ਨਾਲ ਨਗਰ ਨਿਗਮ ਦਾ ਦਰਜਾ ਦਿਵਾਇਆ ਗਿਆ ਹੈ ਅਤੇ ਓਹਨਾਂ ਨੂੰ ਪੂਰਾ ਭਰੋਸਾ ਹੈ ਕਿ ਹੁਣ ਨਵੇਂ ਚੁਣੇ ਮੇਅਰ ਅਤੇ ਕੌਂਸਲਰ ਇਸ ਦਿਸ਼ਾ ਵਿਚ ਤਨਦੇਹੀ ਨਾਲ ਕੰਮ ਕਰਨਗੇ।ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਸੰਪੰਨ ਕਰਵਾਉਣ ਲਈ ਸਾਰੇ ਕੌਂਸਲਰਾਂ ਦਾ ਧੰਨਵਾਦ ਕਰਦਿਆਂ ਮੀਤ ਹੇਅਰ ਨੇ ਮੇਅਰ ਅਤੇ ਕੌਂਸਲਰਾਂ ਨੂੰ ਬਰਨਾਲੇ ਦੇ ਲੋਕਾਂ ਦੀ ਸੇਵਾ ਲਈ ਦਿਨ ਰਾਤ ਇੱਕ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਨਵੇਂ ਚੁਣੇ ਮੇਅਰ ਹਸਨ ਭਾਰਦਵਾਜ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਸੰਸਦ ਮੈਂਬਰ ਮੀਤ ਹੇਅਰ ਅਤੇ ਬਰਨਾਲਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬਰਨਾਲਾ ਨੂੰ ਵਿਕਾਸ ਪੱਖੋਂ ਨੰਬਰ ਇਕ ਸ਼ਹਿਰ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਪਰਮਿੰਦਰ ਸਿੰਘ ਭੰਗੂ, ਚੇਅਰਮੈਨ ਨਗਰ ਸੁਧਾਰ ਟਰੱਸਟ ਰਾਮ ਤੀਰਥ ਮਾਨ, ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ, ਮੈਂਬਰ ਜ਼ਿਲ੍ਹਾ ਯੋਜਨਾ ਬੋਰਡ ਇਸ਼ਵਿੰਦਰ ਸਿੰਘ ਜੰਡੂ, ਨਗਰ ਨਿਗਮ ਕੌਂਸਲਰ, ਪਾਰਟੀ ਆਗੂ, ਅਧਿਕਾਰੀ ਤੇ ਸਮਰਥਕ ਹਾਜ਼ਰ ਸਨ।

ਅੱਖਾਂ ਜਾਂਚ ਅਤੇ ਖ਼ੂਨ ਦਾਨ ਕੈਂਪ ਪਿੰਡ ਠਸਕਾ ਵਿੱਚ ਭਲਕੇ

ਖਨੌਰੀ, 11 ਜੂਨ (ਓਮਪ੍ਰਕਾਸ਼ ਮੁਆਲ) ਨਜ਼ਦੀਕੀ ਪਿੰਡ ਠਸਕਾ ਵਿੱਚ 13 ਜੂਨ ਨੂੰ ਅੱਖਾਂ ਜਾਂਚ ਅਤੇ ਖ਼ੂਨ ਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਕਿਸਾਨ ਯੂਨੀਅਨ ਆਗੂ ਸ੍ਰ. ਜਸਵੰਤ ਸਿੰਘ ਠਸਕਾ ਨੇ ਦੱਸਿਆ ਕਿ ਸ੍ਰ.ਅਲਵੇਲ ਸਿੰਘ ਵੈਲਫੇਅਰ ਕਲੱਬ ਵੱਲੋਂ ਏਕ ਨੂਰ ਯੂਥ ਕਲੱਬ ਦੇ ਸਹਿਯੋਗ ਨਾਲ ਇਹ ਕੈਂਪ ਗੁਰਦੁਆਰਾ ਸਾਹਿਬ (ਟੋਭੇ ਵਾਲਾ) ਵਿੱਚ ਲਗਾਇਆ ਜਾ ਰਿਹਾ ਹੈ। ਜਿਸ ਵਿੱਚ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਦੇ ਪੁੱਤਰ ਗੌਰਵ ਗੋਇਲ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚ ਰਹੇ ਹਨ , ਜਦੋਂ ਕਿ ਸ੍ਰੀ. ਜੋਗੀ ਰਾਮ ਭੁੱਲਣ ਚੇਅਰਮੈਨ ਮਾਰਕੀਟ ਕਮੇਟੀ ਖਨੌਰੀ, ਸ੍ਰ. ਤੇਜਵੀਰ ਸਿੰਘ ਠਸਕਾ ਵਾਇਸ ਚੇਅਰਮੈਨ ਬਲਾਕ ਸੰਮਤੀ ਅਨਦਾਨਾ ਐਟ ਮੂਨਕ, ਸਰਪੰਚ ਸੰਦੀਪ ਕੌਰ ਮਹਾਂ ਸਿੰਘ ਵਾਲਾ ਹਲਕਾ ਪ੍ਰਧਾਨ ਇਸਤਰੀ ਵਿੰਗ ਲਹਿਰਾ ? ਉਨ੍ਹਾਂ ਨਾਲ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪਹੁੰਚ ਰਹੇ ਹਨ। ਇਸ ਕੈਂਪ ਵਿੱਚ ਕਮਲਦੀਪ ਸਿੰਘ, ਨਰਿੰਦਰ ਸਿੰਘ, ਗੁਰਮੇਲ ਸਿੰਘ ਅਤੇ ਜਸਵੀਰ ਸਿੰਘ ਮੁੱਖ ਪ੍ਰਬੰਧਕ ਹੋਣਗੇ। ਕੈਂਪ ਦੌਰਾਨ ਏਕ ਨੂਰ ਯੂਥ ਕਲੱਬ ਦੇ ਪ੍ਰਧਾਨ ਸੁਖਦੇਵ ਰਾਮ ਧਰਮਸੋਤ ਦਾ ਵਿਸ਼ੇਸ਼ ਸਹਿਯੋਗ ਰਹੇਗਾ।

ਸਾਹਿਤਕ ਸਮਾਗਮ 14 ਜੂਨ ਨੂੰ

ਬਰਨਾਲਾ, 11 ਜੂਨ (ਬਘੇਲ ਸਿੰਘ ਧਾਲੀਵਾਲ) : ਮਾਲਵਾ ਸਾਹਿਤ ਸਭਾ ਬਰਨਾਲਾ ਵੱਲੋਂ ਮਹੀਨਾਵਾਰ ਸਾਹਿਤਕ ਸਮਾਗਮ ਸਥਾਨਕ ਪੰਜਾਬ ਆਈਟੀਆਈ ਹੰਡਿਆਇਆ ਰੋਡ ਬਰਨਾਲਾ ਵਿਖੇ ਮਿਤੀ 14 ਜੂਨ ਦਿਨ ਐਤਵਾਰ ਸਵੇਰੇ 10 ਵਜੇ ਕਰਵਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦਿਆਂ ਡਾ ਅਮਨਦੀਪ ਸਿੰਘ ਟੱਲੇਵਾਲੀਆਂ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਰਾਮ ਸਰੂਪ ਸ਼ਰਮਾ ਦੇ ਕਾਵਿ ਕਥਨ ਰਮਜ਼ਾਂ ਡਾ ਰਵੀ ਸ਼ੇਰਗਿੱਲ ਦੁਆਰਾ ਸੰਪਾਦਤ ਬਰਨਾਲਾ ਇਲਾਕੇ ਦੇ ਨਵੇਂ ਕਹਾਣੀਕਾਰਾਂ ਦੀ ਪੁਸਤਕ ਚੱਲ ਚੱਲੀਏ ਬਰਨਾਲੇ ਅਤੇ ਤੇਜਿੰਦਰ ਚੰਡਿਹੋਕ ਦੁਆਰਾ ਸੰਪਾਦਤ ਕਹਾਣੀ ਸੰਗ੍ਰਹਿ ਸੁੰਨੇ ਰਾਹਾਂ ਦੀ ਪੈੜ ਦਾ ਲੋਕ ਅਰਪਣ ਕੀਤਾ ਜਾਵੇਗਾ ।ਬੂਟਾ ਸਿੰਘ ਚੌਹਾਨ ਤੇਜਾ ਸਿੰਘ ਤਿਲਕ ਡਾ ਸੰਪੂਰਨ ਸਿੰਘ ਟੱਲੇਵਾਲੀਆ ਡਾ ਰਾਮਪਾਲ ਸਿੰਘ ਤੇਜਿੰਦਰ ਚੰਡਿਹੋਕ ਦਰਸ਼ਨ ਸਿੰਘ ਗੁਰੂ ਅਤੇ ਰਾਮ ਸਰੂਪ ਸ਼ਰਮਾ ਇਹਨਾਂ ਪੁਸਤਕਾਂ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ ਉਪਰੰਤ ਕਵੀ ਦਰਬਾਰ ਹੋਵੇਗਾ।

ਸਾਈਬਰ ਧੋਖਾਧੜੀ ਤੋਂ ਬਚਣ ਲਈ **ਸਾਈਬਰ ਕ੍ਰਾਈਮ** ਬਾਰੇ ਜਾਣਕਾਰੀ ਜ਼ਰੂਰੀ

ਬਰਨਾਲਾ, 11 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਸਮਾਜ ਸੇਵੀ ਮਹਿੰਦਰ ਪਾਲ ਗਰਗ, ਵਾਤਾਵਰਨ ਪ੍ਰੇਮੀ ਰਾਕੇਸ਼ ਜਿੰਦਲ ਐਮ ਡੀ ਜਿੰਦਲ ਸਟੀਲ ਇੰਡਸਟਰੀਜ਼ ਬਰਨਾਲਾ ਅਤੇ ਸਮਾਜ ਸੇਵੀ ਹਰਮਨਜੀਤ ਸਿੰਘ ਰੁਪਾਲ ਨੇ ਸਾਈਬਰ ਕਰਾਇਮ ਤੇ ਗੱਲਬਾਤ ਕਰਦਿਆਂ ਦੱਸਿਆ ਕਿ ਅਜੋਕੇ ਸਮੇਂ ਵਿੱਚ ਸਾਈਬਰ ਕਰਾਇਮ ਆਪਣੀ ਪਕੜ ਮਜਬੂਤ ਕਰ ਰਿਹਾ ਹੈ, ਦੇਸ਼ ਵਿੱਚ ਸਾਈਬਰ ਧੋਖਾਧੜੀ ਤੋਂ ਬਚਣ ਦੇ ਤਮਾਮ ਪ੍ਰਬੰਧ ਛੋਟੇ ਨਜਰ ਆ ਰਹੇ ਹਨ, ਆਏ ਦਿਨ ਸਾਈਬਰ ਠੱਗੀ ਦੀਆਂ ਘਟਨਾਵਾਂ ਵੱਧ ਰਹੀਆਂ ਹਨ, ਓ.ਟੀ.ਪੀ. ਫਰਾਡ, ਕ੍ਰੈਡਿਟ ਕਾਰਡ ਧੋਖਾਧੜੀ, ਈ-ਕਾਮਰਸ, ਫਰਜੀ ਪਛਾਣ ਪੱਤਰ ਬਣਾਉਣਾ, ਖਾਤੇ ਵਿੱਚੋਂ ਪੈਸੇ ਨਿਕਲਣਾ, ਫ਼ਰਜ਼ੀ ਮੋਬਾਇਲ ਸੰਪਰਕ, ਬਿਜਲੀ ਬਿੱਲ ਸਬੰਧੀ, ਆਧਾਰ ਕਾਰਡ ਅਪਡੇਟ ਕਰਨ ਸੰਬੰਧੀ ਆਦਿ ਅਨੇਕਾਂ ਘਟਨਾਵਾਂ ਸਾਇਬਰ ਠੱਗੀ ਦਾ ਕਾਰਨ ਬਣ ਗਿਆ ਹੈ। ਦੂਜੇ ਪਾਸੇ ਡਿਜੀਟਲ ਇੰਡੀਆ ਰਾਹੀਂ ਸਭ ਕੁੱਝ ਇੰਟਰਨੈੱਟ ਰਾਹੀਂ ਜੁੜ ਗਿਆ ਹੈ। ਲੈਣ-ਦੇਣ, ਬੈਂਕਿੰਗ ਪ੍ਰਣਾਲੀ ਇਸ ਦਾ ਮੁੱਖ ਹਿੱਸਾ ਹਨ, ਪਰ ਸਾਇਬਰ ਠੱਗੀ ਨੇ ਲੋਕਾਂ ਦੇ ਖਾਤੇ ਖਾਲੀ ਕਰ ਦਿੱਤੇ ਹਨ। ਹੁਣ ਨਕਦੀ ਦੇ ਨਾਲ ਨਾਲ ਸਾਇਬਰ ਠੱਗ ਇੰਟਰਨੈੱਟ ਡਾਟਾ ਵੀ ਚੋਰੀ ਕਰ ਰਹੇ ਹਨ। ਅੱਜ ਹਰ ਦੂਸਰਾ ਆਦਮੀ ਸਾਇਬਰ ਠੱਗੀ ਦਾ ਸ਼ਿਕਾਰ ਹੋ ਰਿਹਾ ਹੈ।ਸਾਇਬਰ ਠੱਗ ਅਨੇਕਾਂ ਪ੍ਰਕਾਰ ਦੇ ਨਵੇਂ ਤਰੀਕੇ ਲੱਭ ਕੇ ਜਨਤਾ ਨਾਲ ਠੱਗੀ ਮਾਰ ਰਹੇ ਹਨ। ਲੋਕਾਂ ਦਾ ਡਾਟਾ ਜਿਵੇਂ ਮੋਬਾਇਲ ਨੰਬਰ ਆਦਿ ਵੇਚਣ ਅਤੇ ਖਰੀਦਣ ਦਾ ਵਪਾਰ ਅਰਬਾਂ ਰੁਪਏ ਦੀ ਗੱਲ ਸੁਣਦੇ ਹਾਂ। ਕਈ ਵਾਰ ਹੈਰਾਨੀ ਹੁੰਦੀ ਹੈ, ਜਦੋਂ ਕਿਸੇ ਕੰਪਨੀ ਆਦਿ ਦਾ ਫੋਨ ਆਉਂਦਾ ਹੈ ਕੀ ਇਹ ਉਤਪਾਦ ਲਵੋ ਜੀ ਇਹ ਸੇਵਾਵਾਂ ਪੇਸ਼ ਕਰ ਰਹੇ ਹਾਂ ਆਦਿ। ਜਦ ਕੀ ਅਸੀਂ ਕਦੇ ਵੀ ਇਹਨਾਂ ਨਾਲ ਜੁੜੇ ਨਹੀਂ ਹੁੰਦੇ। ਇਸ ਲਈ ਸਾਇਬਰ ਠੱਗਾਂ ਤੋਂ ਬਚਣ ਲਈ ਕਦੇ ਵੀ ਕਿਸੇ ਆਫਰ ਦੇ ਲਾਲਚ ਵਿੱਚ ਨਾ ਆਵੋ, ਮੋਬਾਇਲ ਤੇ ਆਈ.ਪੀ. ਓ.ਟੀ.ਪੀ. ਕਿਸੇ ਨਾਲ ਸਾਂਝੀ ਨਾ ਕਰੋ, ਉਸ ਨੀਲੇ ਲਿੰਕ ਨੂੰ ਟੱਚ ਨਾ ਕਰੋ, ਜਿਸ ਵਾਰੇ ਤੁਸੀਂ ਜਾਣਦੇ ਨਹੀਂ।

ਪਿੰਡ ਸ਼ੇਰਗੜ੍ਹ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

ਅਰਨੋ, 11 ਜੂਨ (ਕਰਮਵੀਰ ਸਿੰਘ) : ਨਜ਼ਦੀਕੀ ਪਿੰਡ ਸ਼ੇਰਗੜ੍ਹ ਵਿਖੇ ਵੱਧ ਰਹੀ ਗਰਮੀ ਨੂੰ ਵੇਖਦੇ ਹੋਏ ਡੀ.ਐਮ.ਪੈਲੇਸ ਦੇ ਸਾਹਮਣੇ ਸਤੀਸ਼ ਬਾਂਸਲ ਦੇ ਸਹਿਯੋਗ ਨਾਲ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਜਿਨ੍ਹਾਂ ਨੇ ਛਬੀਲ ਦੀ ਸੇਵਾ ਦੀ ਸ਼ੁਰੂਆਤ ਕਰਦਿਆਂ ਸੰਗਤ ਨੂੰ ਠੰਢਾ-ਮਿੱਠਾ ਜਲ ਵਰਤਾਇਆ। ਸੋਨੂੰ ਸ਼ੇਰਗੜ੍ਹ ਨੇ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਛਬੀਲ ਲਗਾ ਕੇ ਰਾਹਗੀਰਾਂ ਤੇ ਸੰਗਤ ਦੀ ਸੇਵਾ ਕਰਨਾ ਬਹੁਤ ਹੀ ਪੁੰਨ ਦਾ ਕਾਰਜ ਹੈ। ਸੋਨੂੰ ਨੇ ਕਿਹਾ ਕਿ ਇਸ ਛਬੀਲ ਪਿੱਛਲੇ 6-7 ਦਿਨਾਂ ਤੋਂ ਲਗਾਤਾਰ ਚੱਲ ਰਹੀ ਏ, ਅੱਗੇ ਵੀ ਚਲਦੇ ਰਹੂਗੀ। ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਤੇ ਸਮਾਜਿਕ ਕਾਰਜ ਸਮਾਜ ਵਿੱਚ ਆਪਸੀ ਭਾਈਚਾਰੇ ਤੇ ਸੇਵਾ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਇਸ ਮੌਕੇ ਸੋਨੂੰ ਬੱਠਲ, ਸਤਿਸ਼ ਬਾਂਸਲ, ਅਨੀਲ ਕੁਮਾਰ, ਸ਼ੇਰ ਸਿੰਘ ਪੈਂਚ ਸੇਵਾ ਸਿੰਘ ਪੈਂਚ, ਨੀਮਾ ਸਿੰਘ ਅਤੇ ਪ੍ਰੀਤ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ। ਨੌਜਵਾਨਾਂ ਨੇ ਸੰਗਤ ਤੇ ਰਾਹਗੀਰਾਂ ਨੂੰ ਠੰਢਾ-ਮਿੱਠਾ ਜਲ ਵਰਤਾਉਂਦਿਆਂ ਸੇਵਾ ਨਿਭਾਈ।

'ਫਾਈਂਡ ਦ ਲੈਟਰ ਏ ਐਂਡ ਆਈ' ਗਤੀਵਿਧੀ ਰਾਹੀਂ ਐਲ.ਕੇ.ਜੀ. ਦੇ ਬੱਚਿਆਂ ਨੇ ਸਿੱਖੀ ਅੱਖਰ ਪਛਾਣ

ਬਰਨਾਲਾ, 11 ਜੂਨ (ਹਮੀਰ ਸਿੰਘ) : ਬੀਵੀਐਮ ਇੰਟਰਨੈਸ਼ਨਲ ਸਕੂਲ ਵਿੱਚ ਐਲਕੇਜੀ ਕਲਾਸ ਦੇ ਵਿਦਿਆਰਥੀਆਂ ਲਈ ਫਾਈਂਡ ਦ ਲੈਟਰ ਏ ਐਂਡ ਆਈ ਗਤੀਵਿਧੀ ਕਰਵਾਈ ਗਈ। ਇਸ ਦਾ ਉਦੇਸ਼ ਬੱਚਿਆਂ ਨੂੰ ਅੰਗਰੇਜ਼ੀ ਵਰਣਮਾਲਾ ਦੇ 'ਏ' ਅਤੇ 'ਆਈ' ਅੱਖਰਾਂ ਦੀ ਪਛਾਣ ਕਰਵਾਉਣਾ ਅਤੇ ਉਨ੍ਹਾਂ ਦੇ ਭਾਸ਼ਾਈ ਹੁਨਰ ਨੂੰ ਵਿਕਸਤ ਕਰਨਾ ਸੀ।ਗਤੀਵਿਧੀ ਦੌਰਾਨ ਬੱਚਿਆਂ ਨੇ ਵੱਖ-ਵੱਖ ਅੱਖਰਾਂ ਵਿੱਚੋਂ 'ਏ' ਅਤੇ 'ਆਈ' ਨੂੰ ਖੋਜ ਕੇ ਪਛਾਣਿਆ। ਅਧਿਆਪਕਾਂ ਨੇ ਉਨ੍ਹਾਂ ਨੂੰ ਅੱਖਰਾਂ ਦਾ ਸਹੀ ਉਚਾਰਨ ਕਰਵਾਉਂਦੇ ਹੋਏ 'ਏ' ਤੋਂ ਐਪਲ ਅਤੇ 'ਆਈ' ਤੋਂ ਆਈਸ ਕ੍ਰੀਮ ਵਰਗੇ ਸ਼ਬਦਾਂ ਨਾਲ ਜਾਣੂ ਕਰਵਾਇਆ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਖੇਡ-ਖੇਡ ਵਿੱਚ ਸਿੱਖਣ ਵਾਲੀਆਂ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੀ ਜਿਗਿਆਸਾ, ਰਚਨਾਤਮਕਤਾ ਅਤੇ ਸਿੱਖਣ ਪ੍ਰਤੀ ਰੁਚੀ ਨੂੰ ਵਧਾਉਂਦੀਆਂ ਹਨ ਅਤੇ ਉਨ੍ਹਾਂ ਦੀ ਸਿੱਖਿਆ ਦੀ ਮਜ਼ਬੂਤ ਨੀਂਹ ਤਿਆਰ ਕਰਦੀਆਂ ਹਨ।

ਜ਼ਬਰੀ ਗ਼ੈਰ ਵਿੱਦਿਅਕ ਡਿਊਟੀਆਂ ਲਗਾਉਣ ਵਿਰੁੱਧ ਜ਼ਿਲ੍ਹਾ ਕੰਪਲੈਕਸ ਵਿਖੇ ਅਧਿਆਪਕਾਂ ਵੱਲੋਂ **ਰੋਸ ਪ੍ਰਦਰਸ਼ਨ**

ਬਰਨਾਲਾ, 11 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਡਰੱਗ ਕਮ ਸਮਾਜਿਕ ਆਰਥਿਕ ਸੈਂਸਜ ਦੇ ਨਾਮ ਤੇ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਤੋਂ ਜਬਰੀ ਗੈਰ ਵਿੱਦਿਅਕ ਡਿਊਟੀਆਂ ਅਤੇ ਆਪਣਾ ਰਾਜਨੀਤਕ ਮੁਫ਼ਾਦਾਂ ਨੂੰ ਪੂਰਾ ਕਰਨ ਲਈ ਸਰਕਾਰੀ ਮਸੀਨਰੀ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਅੱਜ ਡੀਸੀ ਕੰਪਲੈਕਸ ਬਰਨਾਲਾ ਵਿਖ ਅਧਿਆਪਕਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨਰਿੰਦਰ ਕੁਮਾਰ, ਪਰਮਿੰਦਰ ਸਿੰਘ, ਹਰਿੰਦਰ ਮੱਲ੍ਹੀਆਂ , ਰਜਿੰਦਰ ਗੁਰੂ, ਅਮਰਜੀਤ ਸਿੰਘ ਖਾਲਸਾ ਵੱਲੋਂ ਕੀਤਾ ਗਿਆ ਮੀਟਿੰਗ ਵਿੱਚ ਆਪਣੇ ਵਿਚਾਰ ਰੱਖਦੇ ਹੋਏ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਏ.ਆਈ. ਤਕਨੀਕ ਦੀ ਵਰਤੋਂ ਕਰਦੇ ਹੋਏ ਆਮ ਲੋਕਾਂ ਤੋਂ ਅਜਿਹੇ ਸਵਾਲ ਕੀਤੇ ਜਾਣੇ ਹਨ ਜਿਸ ਵਿੱਚ ਸਰਕਾਰ ਦੀਆਂ ਸਕੀਮਾਂ ਸਬੰਧੀ ਹੀ ਲੋਕਾਂ ਦੀ ਰਾਏ ਲਈ ਜਾ ਰਹੀ ਹੈ ਅਤੇ ਉਹਨਾਂ ਤੋਂ ਇਹ ਵੀ ਪੁੱਛਿਆ ਜਾਵੇਗਾ ਕਿ ਸਰਕਾਰ ਨੂੰ ਹੋਰ ਕਿਹੜੇ ਕੰਮ ਕਰਨੇ ਚਾਹੀਦੇ ਹਨ । ਉਕਤ ਦੇ ਨਾਲ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਇੱਕ ਪਾਸੇ ਇਸ ਭਗਵੰਤ ਮਾਨ ਸਰਕਾਰ ਵੱਲੋਂ ਜਨਤਕ ਤੌਰ 'ਤੇ ਐਲਾਨ ਕੀਤਾ ਗਿਆ ਸੀ ਕਿ ਕਿਸੇ ਵੀ ਅਧਿਆਪਕ ਤੋਂ ਗੈਰ ਵਿੱਦਿਅਕ ਡਿਊਟੀ ਨਹੀਂ ਕਰਵਾਈ ਜਾਵੇਗੀ, ਅਧਿਆਪਕਾਂ ਨੂੰ ਪੜ੍ਹਾਈ ਲਈ ਸੁਖਾਵਾਂ ਮਾਹੌਲ ਬਣਾਇਆ ਜਾਵੇਗਾ ਪਰ ਇਸ ਦੇ ਉਲਟ ਇਸ ਸਰਕਾਰ ਵੱਲੋਂ ਲਗਾਤਾਰ ਅਧਿਆਪਕਾਂ ਤੋਂ ਗੈਰ ਵਿੱਦਿਅਕ ਡਿਊਟੀਆਂ ਕਰਵਾਈਆਂ ਜਾ ਰਹੀਆਂ ਹਨ ਇੱਥੋਂ ਤੱਕ ਕਿ ਮਰਦਮਸੁਮਾਰੀ, ਬੀਐਲਓ ਡਿਊਟੀਆਂ, ਇਲੈਕਸ਼ਨ ਡਿਊਟੀ, ਤੋਂ ਇਲਾਵਾ ਡਰੱਗ ਸੈਂਸਜ, ਤੀਰਥ ਯਾਤਰਾ ਅਤੇ ਹੈਲਥ ਕਾਰਡ ਬਣਵਾਉਣ ਲਈ ਵੀ ਵੱਡੇ ਪੱਧਰ ਉੱਪਰ ਅਧਿਆਪਕਾਂ ਦੀ ਡਿਊਟੀ ਲਗਾਈ ਜਾਂਦੀ ਰਹੀ ਹੈ। ਸਰਕਾਰ ਦੇ ਇਸ ਰਵਈਏ ਦਾ ਵਿਰੋਧ ਕਰਦਿਆਂ ਹੋਇਆਂ ਅਧਿਆਪਕਾਂ ਨਾਲ ਮੀਟਿੰਗ ਕਰਨ ਉਪਰੰਤ ਜਥੇਬੰਦੀਆਂ ਵੱਲੋਂ ਇਹ ਫੈਸਲਾ ਕੀਤਾ ਗਿਆ ਹੈ ਕਿ ਡਰੱਗ ਸੈਂਸਜ ਵਿੱਚ ਡਿਊਟੀਆਂ ਨੂੰ ਲੈ ਕੇ ਅਧਿਆਪਕਾਂ 'ਤੇ ਕੀਤੇ ਜਾ ਰਹੇ ਇਸ ਜਬਰ ਦੇ ਵਿਰੋਧ ਵਿੱਚ ਅੱਜ ਮਿਤੀ 12 ਜੂਨ ਨੂੰ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਅਧਿਆਪਕਾਂ ਦੇ ਇੱਕ ਮਾਸ ਡੈਪੂਟੇਸ਼ਨ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਨਾਲ ਮੀਟਿੰਗ ਕੀਤੀ ਜਾਵੇਗੀ ਤਾਂ ਜੋ ਉਹਨਾਂ ਨੂੰ ਸਾਰੀ ਸਥਿਤੀ ਨਾਲ ਜਾਣੂ ਕਰਵਾਇਆ ਜਾਵੇ ਅਤੇ ਅਧਿਆਪਕਾਂ ਦੀਆਂ ਲਗਾਈਆਂ ਗਈਆਂ ਇਸ ਗੈਰ ਵਿੱਦਿਅਕ ਡਿਊਟੀਆਂ ਨੂੰ ਕਟਵਾਇਆ ਜਾ ਸਕੇ। ਅੱਜ ਦੀ ਮੀਟਿੰਗ ਵਿੱਚ ਅੰਮ੍ਰਿਤਪਾਲ ਕੋਟਦੂੰਨਾ, ਤੇਜਿੰਦਰ ਸਿੰਘ ਤੇਜੀ, ਹਰੀ ਸਿੰਘ, ਭਰਤ ਕੁਮਾਰ, ਮਾਲਵਿੰਦਰ ਸਿੰਘ, ਰਮਨਦੀਪ ਸਿੰਘ, ਕਪਿਲ ਦੇਵ, ਅਮਰੀਕ ਸਿੰਘ ਭੱਦਲਵੱਡ, ਜਸਵੀਰ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਾਮਿਲ ਹੋਏ।

ਆਰੀਆ ਭੱਟ ਕਾਲਜ ਵਿੱਚ ਮਾਨਸਿਕ ਸਿਹਤ ਜਾਗਰੂਕਤਾ ਬਾਰੇ ਭਾਸ਼ਣ

ਬਰਨਾਲਾ, 11 ਜੂਨ (ਇਸ਼ੇਨ ਕੰਗ) : ਆਰੀਆਭੱਟ ਕਾਲਜ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਵਿਦਿਆਰਥੀਆਂ ਵਿੱਚ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਇੱਕ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਭਾਸ਼ਣ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਣਜ ਅਤੇ ਪ੍ਰਬੰਧਨ ਵਿਭਾਗ ਦੇ ਮੁਖੀ ਡਾ. ਜਸ਼ਨ ਜੋਤ ਨੇ ਮੁੱਖ ਵਕਤਾ ਵਜੋਂ ਸੰਬੋਧਨ ਕਰਦਿਆਂ ਅੱਜ ਦੇ ਤੇਜ਼ ਰਫ਼ਤਾਰ ਅਤੇ ਮੁਕਾਬਲੇ ਭਰੇ ਦੌਰ ਵਿੱਚ ਮਾਨਸਿਕ ਤੰਦਰੁਸਤੀ ਦੀ ਮਹੱਤਤਾ ਉੱਤੇ ਵਿਸਥਾਰ ਨਾਲ ਚਾਨਣਾ ਪਾਇਆ।ਆਪਣੇ ਸੰਬੋਧਨ ਦੌਰਾਨ ਡਾ. ਜਸ਼ਨ ਜੋਤ ਨੇ ਮਾਨਸਿਕ ਸਿਹਤ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦਿੰਦਿਆਂ ਤਣਾਅ ਪ੍ਰਬੰਧਨ, ਭਾਵਨਾਤਮਕ ਸੰਤੁਲਨ, ਸਕਾਰਾਤਮਕ ਸੋਚ ਅਤੇ ਲੋੜ ਪੈਣ 'ਤੇ ਮਾਹਿਰਾਂ ਤੋਂ ਸਹਾਇਤਾ ਲੈਣ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਭਾਸ਼ਣ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਤਣਾਅ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲਣ ਅਤੇ ਸਮੁੱਚੀ ਮਾਨਸਿਕ ਤੰਦਰੁਸਤੀ ਵਿੱਚ ਸੁਧਾਰ ਲਿਆਉਣ ਸਬੰਧੀ ਕੀਮਤੀ ਜਾਣਕਾਰੀ ਹਾਸਲ ਕੀਤੀ।ਇਹ ਸਮਾਗਮ ਕਾਲਜ ਪ੍ਰਬੰਧਨ ਦੇ ਸਤਿਕਾਰਯੋਗ ਮਾਰਗਦਰਸ਼ਨ ਹੇਠ ਕਰਵਾਇਆ ਗਿਆ। ਇਸ ਮੌਕੇ ਚੇਅਰਮੈਨ ਏ.ਆਰ. ਰਾਕੇਸ਼ ਗੁਪਤਾ, ਡਾਇਰੈਕਟਰ ਡਾ. ਅਜੈ ਮਿੱਤਲ ਅਤੇ ਡੀਨ ਅਕਾਦਮਿਕ ਡਾ. ਭਵੇਤ ਗਰਗ ਨੇ ਡਾ. ਜਸ਼ਨ ਜੋਤ ਵੱਲੋਂ ਵਿਦਿਆਰਥੀਆਂ ਦੀ ਭਲਾਈ ਲਈ ਕੀਤੇ ਗਏ ਇਸ ਸਾਰਥਕ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਮਾਨਸਿਕ ਸਿਹਤ ਪ੍ਰਤੀ ਜਾਗਰੂਕ ਅਤੇ ਸਰਗਰਮ ਰਹਿਣ ਦਾ ਸੱਦਾ ਵੀ ਦਿੱਤਾ।ਕਾਲਜ ਪ੍ਰਬੰਧਨ ਨੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੇ ਜਾਗਰੂਕਤਾ ਪ੍ਰੋਗਰਾਮ ਲਗਾਤਾਰ ਆਯੋਜਿਤ ਕਰਨ ਦਾ ਭਰੋਸਾ ਦਿੱਤਾ।

ਬਰਸਾਤੀ ਸੀਜ਼ਨ ਤੋਂ ਪਹਿਲਾਂ ਪ੍ਰਸ਼ਾਸਨ ਸਰਗਰਮ, ਡਰੇਨਾਂ ਤੇ ਛੱਪੜਾਂ ਦੀ ਸਫ਼ਾਈ ਦੇ ਹੁਕਮ

ਬਰਨਾਲਾ, 11 ਜੂਨ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵਲੋਂ ਵਧਦੀ ਤਪਸ਼ ਅਤੇ ਆਉਣ ਵਾਲੇ ਬਰਸਾਤੀ ਸੀਜ਼ਨ ਦੌਰਾਨ ਹੜ੍ਹ ਰੋਕੂ ਪ੍ਰਬੰਧਾਂ ਸਬੰਧੀ ਇਕ ਅਹਿਮ ਮੀਟਿੰਗ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਕੀਤੀ ਗਈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਬਰਨਾਲਾ ਵਿਵੇਕ ਕੁਮਾਰ ਮੋਦੀ ਨੇ ਕਿਹਾ ਕਿ ਇੰਨੀ ਦਿਨੀਂ ਤਾਪਮਾਨ ਵਧਣ ਨਾਲ ਤਪਸ਼ ਲਗਾਤਾਰ ਵਧ ਰਹੀ ਹੈ, ਜਿਸ ਤੋਂ ਬਚਣ ਲਈ ਜ਼ਿਲ੍ਹਾ ਵਾਸੀਆਂ ਨੂੰ ਲਗਾਤਾਰ ਜਾਗਰੂਕ ਕੀਤਾ ਜਾਵੇ ਤਾਂ ਜੋ ਖਾਸ ਤੌਰ 'ਤੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸਿਹਤ ਵਿਭਾਗ, ਨਗਰ ਕੌਂਸਲ, ਪੰਚਾਇਤੀ ਰਾਜ ਵਿਭਾਗ, ਪਸ਼ੂ ਪਾਲਣ ਵਿਭਾਗ ਨੂੰ ਗਰਮੀ ਦੇ ਮੌਸਮ ਦੌਰਾਨ ਆਪਣੀ ਜ਼ਿੰਮੇਵਾਰੀ ਨਿਭਾਉਣ ਅਤੇ ਲੋਕਾਂ ਨੂੰ ਬਚਾਅ ਸਬੰਧੀ ਜਾਗਰੂਕ ਕਰਨ 'ਤੇ ਜ਼ੋਰ ਦਿੱਤਾ। ਵਧੀਕ ਡਿਪਟੀ ਕਮਿਸ਼ਨਰ ਨੇ ਡਰੇਨਾਂ ਦੀ ਸਫਾਈ, ਛੱਪੜਾਂ ਦੀ ਸਫਾਈ ਅਤੇ ਨੀਵੀਆਂ ਥਾਵਾਂ ਦੀ ਨਿਸ਼ਾਨਦੇਹੀ ਕਰਨ ਉੱਤੇ ਜ਼ੋਰ ਦਿੱਤਾ, ਤਾਂ ਜੋ ਬਰਸਾਤੀ ਦਿਨਾਂ ਵਿਚ ਪਾਣੀ ਖੜ੍ਹਨ ਦੀ ਸਮੱਸਿਆ ਨਾ ਆਵੇ। ਇਸ ਮੌਕੇ ਉਨ੍ਹਾਂ ਕਿਹਾ ਕਿ ਹੜ ਰੋਕੂ ਪ੍ਰਬੰਧਾਂ ਤਹਿਤ ਕੰਟਰੋਲ ਰੂਮ ਜ਼ਿਲ੍ਹਾ ਪੱਧਰ ਅਤੇ ਸਬ ਡਿਵੀਜ਼ਨ ਪੱਧਰ ਉੱਤੇ ਸਥਾਪਿਤ ਕਰ ਲਏ ਜਾਣ।ਇਸ ਮੌਕੇ ਉਨ੍ਹਾਂ ਸ਼ਹਿਰੀ ਇਕਾਈਆਂ ਨਾਲ ਸਬੰਧਤ ਡਰੇਨਾਂ, ਨਾਲਿਆਂ ਆਦਿ ਦੀ ਸਫਾਈ ਅਤੇ ਜਲ ਸਪਲਾਈ ਸੰਬਧੀ ਕੰਮਾਂ ਦਾ ਜਾਇਜ਼ਾ ਲਿਆ।ਇਸ ਮੌਕੇ ਐੱਸ ਡੀ ਐਮ ਤਪਾ ਆਯੂਸ਼ ਗੋਇਲ, ਐੱਸ ਡੀ ਐਮ ਮਹਿਲ ਕਲਾਂ ਕ੍ਰਿਤਿਕਾ ਗੋਇਲ, ਡੀ ਐੱਸ ਪੀ ਕੁਲਵੰਤ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

27 ਹਜ਼ਾਰ ਸਨੈਚਰ ਕੈਪਸੂਲ ਅਤੇ 60 ਨਸ਼ੀਲੀਆਂ ਗੋਲ਼ੀਆਂ ਸਮੇਤ ਚਾਰ ਕਾਬੂ

ਤਲਵੰਡੀ ਸਾਬੋ, 11 ਜੂਨ (ਰਾਮ ਜਿੰਦਲ ਜਗ੍ਹਾ) : ਪੰਜਾਬ ਸਰਕਾਰ ਵੱਲੋਂ ਵਿੱਢੀ ਮਹਿਮਾ ,'ਯੁੱਧ ਨਸ਼ਿਆਂ ਵਿਰੁੱਧ'' ਤਹਿਤ ਜ਼ਿਲਾ ਪੁਲਿਸ ਮੁੱਖੀ ਮੈਡਮ ਜੋਯਤੀ ਯਾਦਵ ਦੀਆਂ ਹਦਾਇਤਾਂ ਮੁਤਾਬਕ ਥਾਣਾ ਤਲਵੰਡੀ ਸਾਬੋ ਦੀ ਪੁਲਿਸ ਨੇ ਚਾਰ ਵਿਅਕਤੀਆਂ ਨੂੰ 27000, ਸਨੈਕਚਰ ਕੈਪਸੂਲ ਅਤੇ 60 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਨ ਦਾ ਸਮਾਂਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਥਾਣਾ ਤਲਵੰਡੀ ਸਾਬੋ ਦੇ ਮੁਖੀ ਅਮਰੀਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੌਲਦਾਰ ਕੁਲਦੀਪ ਸਿੰਘ ਵੱਲੋਂ ਸਮੇਤ ਪੁਲਿਸ ਪਾਰਟੀ ਮਲਕਾਣਾ ਰੋਡ ਤਲਵੰਡੀ ਸਾਬੋ ਦਰਮਿਆਨੀ ਰਾਤ ਨਾਕਾ ਲਗਾਇਆ ਹੋਇਆ ਸੀ ਉਸ ਸਮੇਂ ਇੱਕ ਕਾਰ ਆਉਂਦੀ ਜਿਸ ਵਿੱਚ ਚਾਰ ਵਿਅਕਤੀ ਸਵਾਰ ਸਨ ਜਦੋਂ ਸ਼ੱਕ ਦੇ ਆਧਾਰ 'ਤੇ ਕਾਰ ਦੀ ਤਲਾਸ਼ੀ ਲਈ ਤਾਂ ਕਾਰ ਵਿੱਚੋਂ 27 ਹਜਾਰ ਸਨੈਕਚਰ ਕੈਪਸੂਲ ਅਤੇ 60 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਇਨਾਂ ਦੋਸ਼ੀਆਂ ਵਿੱਚੋਂ ਦੋ ਦੋਸ਼ੀ ਭਾਰਤ ਭੂਸ਼ਣ ਕਾਲਿਆਂਵਾਲੀ ਤੋਂ ਰਹਿਣ ਵਾਲੇ ਸਨ ਜਗਸੀਰ ਸਿੰਘ ਅਤੇ ਮਨੀ ਸਿੰਘ ਇਹ ਤਲਵੰਡੀ ਸਾਬੋ ਦੇ ਵਸਨੀਕ ਸਨ ਮਨੀ ਸਿੰਘ ਤੇ ਪਹਿਲਾਂ ਵੀ ਦੋ ਪਰਚ ਮੁਕਦਮੇ ਦਰਜ ਹਨ ਅੱਜ ਥਾਣਾ ਤਲਵੰਡੀ ਸਾਬੋ ਵਿਖੇ ਮੁਕਦਮਾ ਨੰਬਰ 140 ਦਰਜ ਕਰਕੇ ਅੰਡਰ ਸੈਕਸ਼ਨ 22 ਵੀਐਨਐਸ 123 ਬੀਐਨ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਦੋਸ਼ੀ ਹਵਾਲਾਤ ਬੰਦ ਹਨ।

ਲੋਕਾਂ ਦੇ ਚੁੱਲ੍ਹਿਆਂ ਤੋਂ ਚੱਲਣ ਵਾਲੀ ਸਰਕਾਰ ਨੇ ਲੋਕਾਂ ਦੇ ਹੀ ਚੁੱਲ੍ਹੇ ਕੀਤੇ ਠੰਡੇ : ਕੁਲਵੰਤ ਸਿੰਘ ਮਾਨ

ਭਦੌੜ, 11 ਜੂਨ (ਸੁਖਵਿੰਦਰ ਪਲਾਹਾ) : ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਮਾਨ, ਜਗਰਾਜ ਸਿੰਘ ਹਰਦਾਸਪੁਰਾ, ਰਾਮ ਸਿੰਘ ਸ਼ਹਿਣਾ, ਹਰਮੰਡਲ ਸਿੰਘ ਜੋਧਪੁਰ, ਬਲਾਕ ਪ੍ਰਧਾਨ ਭੋਲਾ ਸਿੰਘ ਛੰਨਾ ਅਤੇ ਜਨਰਲ ਸਕੱਤਰ ਕਾਲਾ ਸਿੰਘ ਜੈਦ ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੋਣਾਂ ਸਮੇਂ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਸਨ ਅਤੇ ਪਿੰਡਾਂ ਦੀਆਂ ਸੱਥਾਂ ਵਿੱਚ ਹਿੱਕ ਠੋਕ-ਠੋਕ ਕੇ ਕਿਹਾ ਗਿਆ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਕਿਸੇ ਨੂੰ ਧਰਨੇ ਨਹੀਂ ਲਾਉਣੇ ਪੈਣਗੇ ਅਤੇ ਸਰਕਾਰ ਲੋਕਾਂ ਦੇ ਚੁੱਲ੍ਹਿਆਂ ਅਤੇ ਸੱਥਾਂ ਵਿੱਚੋਂ ਚੱਲੇਗੀ। ਸਰਕਾਰੀ ਅਧਿਕਾਰੀ ਆਮ ਲੋਕਾਂ, ਜਥੇਬੰਦੀਆਂ ਅਤੇ ਬੇਰੁਜ਼ਗਾਰ ਨੌਜਵਾਨਾਂ ਦੀਆਂ ਮੰਗਾਂ ਸੁਣਨ ਲਈ ਕੋਈ ਵੀ ਤਿਆਰ ਨਹੀਂ । ਚੋਣਾਂ ਦੌਰਾਨ ਕੀਤੇ ਵਾਅਦਿਆਂ ਤੋਂ ਸਰਕਾਰ ਲਗਾਤਾਰ ਪਿੱਛੇ ਹਟਦੀ ਨਜ਼ਰ ਆ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਆਪਣਾਂ ਹੱਕ ਮੰਗ ਰਹੇ ਪ੍ਰਦਰਸ਼ਨਕਾਰੀਆਂ ਉੱਤੇ ਹਮਲਾ ਕਰਨਾ ਅਤੇ ਕਈ ਨੌਜਵਾਨਾਂ ਨੂੰ ਸੱਟਾਂ ਮਾਰਨਾ ਖਾਕੀ ਵਰਦੀ ਦੀ ਮਰਿਆਦਾ ਘੋਰ ਉਲੰਘਣਾ ਅਤੇ ਪੰਜਾਬ ਪੁਲਿਸ ਦੇ ਅਕਸ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਹੈ।ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਵੱਲੋਂ ਇਸ ਕਾਰਵਾਈ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਜਾਂਦੀ ਹੈ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪਾਵਰਕੌਮ ਦੇ ਬੇਰੁਜ਼ਗਾਰਾਂ ਅਤੇ ਕੱਚੇ ਮੁਲਾਜ਼ਮਾਂ ਦੀਆਂ ਬਾਕੀ ਰਹਿੰਦੀਆਂ ਮੰਗਾਂ ਨੂੰ ਤੁਰੰਤ ਮੰਨ ਕੇ ਉਹਨਾਂ ਨੂੰ ਲਾਗੂ ਕੀਤਾ ਜਾਵੇ।

ਦ ਪੈਨਸ਼ਨਰ ਵੈਲਫ਼ੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ

ਸੁਨਾਮ ਊਧਮ ਸਿੰਘ ਵਾਲਾ, 11 ਜੂਨ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ):ਦੀ ਪੈਨਸ਼ਨ ਵੈਲਫ਼ੇਅਰ ਐਸੋਸੀਏਸ਼ਨ ਸੁਨਾਮ ਦੀ ਮਾਸਿਕ ਇਕੱਤਰਤਾ ਰਾਮ ਸਰੂਪ ਢੈਪਈ ਪ੍ਰਧਾਨ ਦੀ ਪ੍ਰਧਾਨਗੀ ਹੇਠ ਪੈਨਸ਼ਨ ਭਵਨ ਤਹਿਸੀਲ ਕੰਪਲੈਕਸ ਸੁਨਾਮ ਵਿਖੇ ਹੋਈ। ਮੀਟਿੰਗ ਵਿੱਚ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਮਹਿੰਦਰ ਸਿੰਘ ਅਤੇ ਨਛੱਤਰ ਸਿੰਘ ਜਲ ਸਪਲਾਈ ਐਸੋਸੀਏਸ਼ਨ ਦੇ ਨਵੇਂ ਮੈਂਬਰ ਬਣੇ ਜਿਨ੍ਹਾਂ ਦਾ ਮੀਟਿੰਗ ਵਿੱਚ ਹਾਜ਼ਰ ਨਾ ਕੇ ਜ਼ੋਰਦਾਰ ਸਵਾਗਤ ਕੀਤਾ ਗਿਆ। ਪਟਿਆਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਲਈ ਅਪ੍ਰੈਂਟਿਸ ਵਰਕਰਾਂ ਤੇ ਪੰਜਾਬ ਪੁਲਿਸ ਦੇ ਇੱਕ ਨਿਰਦਈ ਅਤੇ ਜ਼ਾਲਮ ਡੀ ਐਸ ਪੀ ਵੱਲੋਂ ਖੁਦ ਡਾਂਗ ਫੜ ਕੇ ਅੰਨ੍ਹੇਵਾਹ ਧਰਨਾਕਾਰੀਆਂ ਨੂੰ ਬੁਰੀ ਤਰਾਂ ਪਸ਼ੂਆਂ ਦੀ ਤਰਾਂ ਕੁਟਿਆ ਗਿਆ ਅਤੇ ਜ਼ੁਲਮ ਦੀ ਇੰਤਹਾ ਕਰ ਦਿੱਤੀ। ਮੀਟਿੰਗ ਵਿੱਚ ਮਤਾ ਪਾਸ ਕਰਕੇ ਪੰਜਾਬ ਸਰਕਾਰ ਅਤੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਤੋਂ ਜ਼ਾਲਮ ਡੀ ਐਸ ਪੀ ਵਿਰੁੱਧ ਬਣਦੀ ਢੁਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ ਅਤੇ ਪੁਲਿਸ ਤਸ਼ੱਦਦ ਦੀ ਜ਼ੋਰਦਾਰ ਨਿੰਦਾ ਕੀਤੀ। ਮੀਟਿੰਗ ਵਿੱਚ ਬੁਲਾਰਿਆਂ ਨੇ ਪੈਨਸ਼ਨਰਾਂ ਦੀਆਂ ਸਮੱਸਿਆਂਵਾਂ ਦਾ ਜ਼ਿਕਰ ਕਰਦਿਆਂ ਸੀਨੀਅਰ ਸਿਟੀਜ਼ਨਾਂ ਨੂੰ ਆ ਰਹੀਆਂ ਸਮੱਸਿਆ ਦਾ ਵੀ ਜ਼ਿਕਰ ਕੀਤਾ ਅਤੇ ਐਸੋਸੀਏਸ਼ਨ ਵਲੋਂ ਤੁਰੰਤ ਬਣਦੀ ਕਾਰਵਾਈ ਕਰਕੇ ਹੱਲ ਕਰਨ ਲਈ ਬੇਨਤੀ ਕੀਤੀ। ਸਰਕਾਰ ਵਲੋਂ ਮਾਨਯੋਗ ਹਾਈਕੋਰਟ ਦੇ ਹੁਕਮਾਂ ਮੁਤਾਬਕ ਮਹਿੰਗਾਈ ਭੱਤੇ ਦਾ ਸਾਰਾ ਬਕਾਇਆ ਪੈਨਸ਼ਨਰਾ ਨੂੰ ਅਦਾ ਕਰਨ ਦੀ ਮੰਗ ਕੀਤੀ। ਮੀਟਿੰਗ ਨੂੰ ਬਲਵਿੰਦਰ ਸਿੰਘ ਜਿਲੇਦਾਰ, ਦਰਸ਼ਨ ਸਿੰਘ ਭਰਪੂਰ,ਪਵਨ ਕੁਮਾਰ ਸ਼ਰਮਾ, ਵਿਸ਼ਵ ਕਾਂਤ ਸ਼ਰਮਾ, ਦਰਸ਼ਨ ਸਿੰਘ ਮੱਟੂ, ਹਰਨੇਕ ਸਿੰਘ ਨੱਢੇ ਬਿਰਜ ਲਾਲ ਧੀਮਾਨ, ਜਸਵੰਤ ਕੌਰ ਅਤੇ ਨਛੱਤਰ ਕੌਰ ਗੁਰਬਚਨ ਸਿੰਘ ਨੇ ਸੰਬੋਧਨ ਕੀਤਾ। ਆਖਿਰ ਵਿੱਚ ਪ੍ਰਧਾਨ ਰਾਮ ਸਰੂਪ ਢੈਪਈ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਸਬੰਧੀ ਨਾਂਹਪੱਖੀ ਵਤੀਰੇ ਦੀ ਨਿਖੇਦੀ ਕਰਦਿਆਂ ਜਲਦੀ ਹੀ ਸ਼ੁਰੂ ਕੀਤੇ ਜਾਣ ਵਾਲੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

ਪੈਨਸ਼ਨਰਜ਼ ਵੈਲ਼ਫੇਅਰ ਐਸੋਸੀਏਸ਼ਨ ਤਪਾ ਦੀ ਮਹੀਨਾਵਾਰ ਮੀਟਿੰਗ

ਤਪਾ ਮੰਡੀ, 11 ਜੂਨ (ਰਾਜੂ ਮਹਿਰਾ) : ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਇਕਾਈ ਤਪਾ ਦੀ ਮਹੀਨਾਵਾਰ ਮੀਟਿੰਗ ਇਕਾਈ ਪ੍ਰਧਾਨ ਚਾਨਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਵੱਡੀ ਗਿਣਤੀ 'ਚ ਪੈਨਸ਼ਨਰ ਸਾਥੀਆਂ ਨੇ ਭਾਗ ਲਿਆ। ਇਸ ਮੀਟਿੰਗ ਵਿਚ ਵੱਖ ਵੱਖ ਪੈਨਸ਼ਨਰ ਸਾਥੀਆਂ ਪ੍ਰੇਮ ਨਾਥ, ਰੂਪ ਚੰਦ ਪਾਵਰਕਾਮ, ਜੋਗਿੰਦਰ ਨਾਥ, ਪਵਨ ਕੁਮਾਰ, ਰਮੇਸ਼ਵਰ ਦਾਸ ਆਦਿ ਨੇ ਅਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸੁਵਿਧਾ ਕੇਂਦਰ ਕਰਮਚਾਰੀਆਂ ਦੇ ਸੰਘਰਸ਼ ਦੀ ਵੀ ਹਮਾਇਤ ਕੀਤੀ। ਬੀਤੇ ਦਿਨੀਂ ਵਿੱਤ ਮੰਤਰੀ ਨਾਲ ਹੋਈ ਮਟਿੰਗ ਅਤੇ ਮਾਨਯੋਗ ਹਾਈ ਕੋਰਟ ਦੇ ਫੈਸਲਿਆਂ ਨੂੰ ਲਾਗੂ ਨਾ ਕਰਨ ਦੀ ਸਖ਼ਤ ਸ਼ਬਦਾ ਵਿਚ ਨਿੰਦਾ ਕੀਤੀ।ਜਥੇਬੰਦੀ ਦੀਆਂ ਗਤੀਵਿਧੀਆਂ ਬਾਰੇ ਵੀ ਚਾਨਣਾ ਪਾਇਆ। ਮਹੀਨਾਵਾਰ ਮੀਟਿੰਗ ਵਿਚ ਨਵੇਂ ਸ਼ਾਮਲ ਹੋਏ ਸਾਥੀ ਗਜਿੰਦਰ ਸਿੰਘ (ਸਿੱਖਿਆ ਵਿਭਾਗ) ਦਾ ਜਥੇਬੰਦੀ ਵੱਲੋਂ ਵਿਸ਼ੇਸ਼ ਸਵਾਗਤ ਕੀਤਾ ਗਿਆ। ਅੰਤ ਵਿਚ ਚਾਨਣ ਸਿੰਘ ਪ੍ਰਧਾਨ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਇਕਾਈ ਤਪਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਾਰੇ ਹਾਜ਼ਰ ਪੈਨਸ਼ਨਰ ਸਾਥੀਆਂ ਦਾ ਮੀਟਿੰਗ 'ਚ ਪਹੁੰਚਣ 'ਤੇ ਧੰਨਵਾਦ ਕੀਤਾ। ਇਸ ਮੀਟਿੰਗ ਵਿੱਚ ਸਕੱਤਰ ਭਾਰਤ ਭੂਸ਼ਣ, ਅੱਛਰੂ ਰਾਮ, ਮਲਕੀਤ ਸਿੰਘ, ਹਮੀਰ ਸਿੰਘ, ਰਮੇਸ਼ਵਰ ਦਾਸ, ਸੁਰਿੰਦਰ ਕੁਮਾਰ, ਮੇਵਾ ਸਿੰਘ, ਪ੍ਰਕਾਸ਼ ਚੰਦ, ਮੇਜਰ ਸਿੰਘ, ਸੁਰਜੀਤ ਸਿੰਘ, ਅਜਮੇਰ ਸਿੰਘ, ਜੋਰਾ ਸਿੰਘ, ਨਾਹਰ ਸਿੰਘ, ਨਰੈਣ ਦਾਸ, ਕੇਵਲ ਕ੍ਰਿਸ਼ਨ, ਸ਼੍ਰੀ ਪਾਲ, ਪਰਸ਼ੋਤਮ ਦਾਸ, ਬਲਵਿੰਦਰ ਸ਼ਰਮਾ, ਹਰਬੰਸ ਸਿੰਘ, ਦਰਸ਼ਨ ਸਿੰਘ, ਜਸਪਾਲ ਸਿੰਘ, ਸੋਹਣ ਸਿੰਘ, ਭਜਨ ਸਿੰਘ ਅਤੇ ਹਰਪਾਲ ਕੌਰ ਆਦਿ ਹਾਜ਼ਰ ਸਨ।

2600 ਅਪ੍ਰੈਂਟਿਸ ਲਾਈਨਮੈਨਾਂ 'ਤੇ ਪੁਲਿਸ ਕਾਰਵਾਈ ਦੀ **ਨਿਖੇਧੀ**, ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ

ਬਰਨਾਲਾ, 11 ਜੂਨ (ਹਮੀਰ ਸਿੰਘ) : ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਡਵੀਜ਼ਨ ਬਰਨਾਲਾ ਦੀ ਮੀਟਿੰਗ ਪ੍ਰਧਾਨ ਜਸਵਿੰਦਰ ਸਿੰਘ ਜੱਸੀ ਜੀ ਦੀ ਪ੍ਰਧਾਨਗੀ ਹੇਠ ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਦਫਤਰ ਬਰਨਾਲਾ ਵਿਖੇ ਹੋਈ, ਜਿਸ ਵਿਚ ਵਿਸ਼ੇਸ਼ ਤੌਰ 'ਤੇ ਡਵੀਜ਼ਨ ਸਰਪ੍ਰਸਤ ਇੰਜ ਹਰਭੋਲ ਸਿੰਘ ਅਤੇ ਸਲਾਹਕਾਰ ਜਗਤਾਰ ਸਿੰਘ ਖੇੜੀ ਨੇ ਸ਼ਮੂਲੀਅਤ ਕੀਤੀ। ਡਵੀਜ਼ਨ ਸਕੱਤਰ ਕਮਲਜੀਤ ਸਿੰਘ ਝਲੂਰ ਨੇ ਏਜੰਡੇ, ਪਿਛਲੇ ਸੰਘਰਸ਼ਾਂ ਦਾ ਰੀਵਿਊ ਅਤੇ ਆਉਣ ਵਾਲੇ ਸੰਘਰਸ਼ਾਂ ਵਾਰੇ ਜਾਣਕਾਰੀ ਦਿੱਤੀ ਗਈ ਅਤੇ 2600 ਅਪਰੇਂਟਿਸ ਲਾਈਨ ਮੈਨ ਤੇ ਪੁਲਿਸ ਵੱਲੋਂ ਕੀਤੇ ਤਸ਼ੱਦਦ ਦੀ ਵੀ ਨਿਖੇਧੀ ਕੀਤੀ ਗਈ। ਇਹਨਾ ਏਜੰਡੇ 'ਤੇ ਹੀ ਵੱਖ ਵੱਖ ਸਬ ਡਵੀਜ਼ਨ ਤੋਂ ਆਏ ਪ੍ਰਧਾਨ , ਸਕੱਤਰ ਤੇ ਸਾਰੇ ਸਾਥੀਆਂ ਨੇ ਗੱਲਬਾਤ ਕੀਤੀ। ਨਾਲ ਹੀ ਸਾਥੀਆਂ ਨੇ ਵਿਸ਼ਵਾਸ ਦਵਾਇਆ ਕਿ ਆਉਣ ਵਾਲੇ ਸੰਘਰਸ਼ਾਂ ਵਿਚ ਵਧ ਚੜ ਕੇ ਹਿੱਸਾ ਲਿਆ ਜਾਵੇਗਾ। ਡਵੀਜ਼ਨ ਸਰਪ੍ਰਸਤ ਅਤੇ ਸਲਾਹਕਾਰ ਨੇ ਦੱਸਿਆ ਕਿ ਜੇਕਰ 10 ਜੂਨ ਦੀ ਮੈਨੇਜਮੈਂਟ ਨਾਲ ਮੀਟਿੰਗ ਵਿੱਚ ਕੋਈ ਸਹਿਮਤੀ ਨਹੀਂ ਬਣੀ ਤਾ ਸਮੂਹ ਮੁਲਾਜ਼ਮਾਂ ਨੂੰ 14 ਜੂਨ ਦੀ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਤੇ ਧਰਨਾ ਅਤੇ 16/17 ਜੂਨ ਦੀ ਹੜਤਾਲ ਨੂੰ ਸਫਲ ਬਣਾਉਣ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ ਗਿਆ। ਇਹਨਾ ਤੋਂ ਇਲਾਵਾ ਮੀਟਿੰਗ ਵਿਚ ਚੇਤ ਸਿੰਘ ਝਲੂਰ, ਲਾਭ ਸਿੰਘ, ਦੀਪਕ ਸ਼ਰਮਾ, ਪਾਲਵਿੰਦਰ ਸਿੰਘ, ਅਵਤਾਰ ਸਿੰਘ, ਖੁਸ਼ਦੀਪ ਸਿੰਘ, ਲਖਵੀਰ ਸਿੰਘ, ਅਮਰੀਕ ਸਿੰਘ, ਭਗਤ ਸਿੰਘ, ਮਨਪ੍ਰੀਤ ਸਿੰਘ, ਅਮਨਦੀਪ ਸਿੰਘ, ਮਨਦੀਪ ਸਿੰਘ , ਕੁਲਦੀਪ ਸਿੰਘ, ਬੂਟਾ, ਮਨੀ, ਸੁਖਰਾਜ ਸਿੰਘ ਆਦਿ ਹਾਜ਼ਰ ਸਨ।

ਭਦੌੜ ਪੁਲਿਸ ਵੱਲੋਂ 19 ਗ੍ਰਾਮ ਨਸ਼ੀਲੇ ਪਦਾਰਥ ਸਮੇਤ 4 ਨੌਜਵਾਨ ਕਾਬੂ, ਮੁਕੱਦਮਾ ਦਰਜ

ਭਦੌੜ, 11 ਜੂਨ (ਸੁਖਵਿੰਦਰ ਪਲਾਹਾ) : ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ÷ ਯੁੱਧ ਨਸ਼ਿਆਂ ਵਿਰੁੱਧ÷ ਅਤੇ ਐਸ ਐਸ ਪੀ ਬਰਨਾਲਾ ਸਰਫ਼ਰਾਜ਼ ਆਲਮ ਦੇ ਦਿਸ਼ਾ ਨਿਰਦੇਸ਼ਾਂ ਤੇ ਚਲਦਿਆਂ ਡੀ ਐਸ ਪੀ ਤਪਾ ਜਸਕਰਨ ਸਿੰਘ ਦੀ ਯੋਗ ਅਗਵਾਈ ਹੇਠ ਥਾਣਾ ਭਦੌੜ ਪੁਲਿਸ ਵੱਲੋਂ 19 ਗ੍ਰਾਮ ਨਸ਼ੀਲਾ ਪਦਾਰਥ (ਚਿੱਟਾ) ਸਮੇਤ ਚਾਰ ਨੌਜਵਾਨਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਥਾਣਾ ਭਦੌੜ ਦੇ ਇੰਸਪੈਕਟਰ ਹਰਸਿਮਰਨਜੀਤ ਸਿੰਘ ਮਹਿਰੋਕ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਦੌੜ ਪੁਲਿਸ ਨੇ ਦੌਰਾਨੇ ਗਸਤ ਚਾਰ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 19 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ ਅਤੇ ਥਾਣਾਂ ਭਦੌੜ ਵਿੱਚ ਇਨ੍ਹਾਂ ਕਥਿੱਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸਹਾਇਕ ਥਾਣੇਦਾਰ ਕਮਲਜੀਤ ਸਿੰਘ ਆਪਣੀ ਪੁਲਿਸ ਪਾਰਟੀ ਸਮੇਤ ਇਲਾਕੇ ਵਿੱਚ ਚੈਕਿੰਗ ਕਰ ਰਹੇ ਸਨ ਤਾਂ ਸ਼ੱਕੀ ਥਾਵਾਂ ਦੀ ਚੈਕਿੰਗ ਦੌਰਾਨ ਜਦੋਂ ਉਹ ਸਟੇਡੀਅਮ ਦੇ ਪਿਛਲੇ ਪਾਸੇ ਬਣੇ ਸ਼ਮਸ਼ਾਨਘਾਟ ਦੇ ਗੇਟ ਅੱਗੇ ਪਹੁੰਚੇ ਤਾਂ ਉਨ੍ਹਾਂ ਵੇਖਿਆ ਕਿ ਸ਼ਮਸ਼ਾਨਘਾਟ ਦਾ ਗੇਟ ਖੁੱਲਾ ਪਿਆ ਹੈ ਅਤੇ ਸਾਹਮਣੇ ਦਰੱਖਤ ਹੇਠਾਂ 4 ਨੌਜਵਾਨ ਪਲਾਸਟਿਕ ਦੇ ਕਾਗਜ਼ ਦੀ ਫਰੋਲ੍ਹਾ-ਫਰਾਲ੍ਹੀ ਕਰ ਰਹੇ ਸਨ ਤਾਂ ਪੁਲਿਸ ਨੂੰ ਦੇਖਦੇ ਹੀ ਉਹ ਘਬਰਾ ਕੇ ਭੱਜਣ ਦੀ ਕੋਸ਼ਿਸ਼ ਕਰਨ ਲੱਗੇ ਤਾਂ ਸਹਾਇਕ ਥਾਣੇਦਾਰ ਕਮਲਜੀਤ ਸਿੰਘ ਦੀ ਅਗਵਾਈ ਵਿੱਚ ਪੁਲਿਸ ਪਾਰਟੀ ਨੇ ਉਹਨਾਂ ਨੂੰ ਦਬੋਚ ਕੇ ਸ਼ੱਕ ਦੇ ਆਧਾਰ @ਤੇ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਦੇ ਕੋਲ਼ੋਂ ਬਰਾਮਦ ਕੀਤੇ ਇੱਕ ਲਿਫਾਫੇ ਵਿਚੋਂ 19 ਗ੍ਰਾਮ ਨਸ਼ੀਲਾ ਪਦਾਰਥ (ਚਿੱਟਾ) ਬਰਾਮਦ ਹੋਇਆਂ। ਕਥਿੱਤ ਦੋਸ਼ੀਆਂ ਦੀ ਪਹਿਚਾਣ ਕੁਲਵੰਤ ਸਿੰਘ ਪੁੱਤਰ ਵਜੀਰ ਸਿੰਘ ਵਾਸੀ ਮੱਝੂਕੇ, ਕ੍ਰਿਸ਼ਨ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਭਦੌੜ, ਬੇਅੰਤ ਸਿੰਘ ਪੁੱਤਰ ਅਮਰ ਸਿੰਘ ਵਾਸੀ ਭਦੌੜ ਅਤੇ ਸੋਨੂੰ ਸਿੰਘ ਪੁੱਤਰ ਜੱਗਾ ਸਿੰਘ ਵਜੋਂ ਹੋਈ ਹੈ ਅਤੇ ਕਥਿੱਤ ਦੋਸ਼ੀਆਂ ਖ਼ਿਲਾਫ਼ ਥਾਣਾ ਭਦੌੜ ਵਿੱਚ ਮੁਕੱਦਮਾ ਨੰਬਰ 43, ਐਨ.ਡੀ.ਪੀ.ਐਸ. ਐਕਟ ਦੀ ਧਾਰਾ 21/61/85 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ,ਇਸ ਮੌਕੇ ਸਹਾਇਕ ਥਾਣੇਦਾਰ ਕਮਲਜੀਤ ਸਿੰਘ, ਹੈੱਡ ਮੁਨਸ਼ੀ ਹਰਦੀਪ ਸਿੰਘ ਅਤੇ ਕਾਂਸਟੇਬਲ ਜਸਵੰਤ ਸਿੰਘ ਆਦਿ ਹਾਜਿਰ ਸਨ।

ਪਟਿਆਲਾ-ਆਸ/ਪਾਸ

ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਟੀਮਾਂ ਗਠਿਤ, ਨੋਡਲ ਅਫ਼ਸਰ ਤੇ ਸਹਾਇਕ ਨੋਡਲ ਅਫ਼ਸਰ ਲਗਾਏ

ਪਟਿਆਲਾ, 11 ਜੂਨ (ਰੁਪਾਣਾ/ਵਿਨੋਦ ਸ਼ਰਮਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਜ਼ਿਲ੍ਹੇ ਅੰਦਰ ਕਰਵਾਈ ਜਾਣ ਵਾਲੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਲਈ ਵੱਖ-ਵੱਖ ਗਤੀਵਿਧੀਆਂ ਸਬੰਧੀ ਟੀਮਾਂ ਦਾ ਗਠਨ ਕਰਕੇ ਜ਼ਿਲ੍ਹਾ ਨੋਡਲ ਅਫ਼ਸਰ ਤੇ ਸਹਾਇਕ ਨੋਡਲ ਅਫ਼ਸਰ ਲਗਾਏ ਹਨ। ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਲੋਕ ਪ੍ਰਤੀਨਿਧਤਾ ਐਕਟ 1950 ਦੀ ਸੈਕਸ਼ਨ 13 ਤਹਿਤ ਮਿਲੇ ਅਧਿਕਾਰਾਂ ਅਧੀਨ ਐਸ.ਆਈ.ਆਰ. ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਜ਼ਿਲ੍ਹੇ ਵਿੱਚ ਵੱਖ-ਵੱਖ ਨੋਡਲ ਅਫ਼ਸਰਾਂ ਅਧੀਨ ਟੀਮਾਂ ਦਾ ਗਠਨ ਕੀਤਾ ਗਿਆ ਹੈ। ਜਾਰੀ ਹੁਕਮਾਂ ਮੁਤਾਬਕ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਏ.ਡੀ.ਸੀ. (ਜ) ਅਨੁਪ੍ਰਿਤਾ ਜੌਹਲ ਨੂੰ ਓਵਰਆਲ ਇੰਚਾਰਜ ਲਗਾਇਆ ਗਿਆ ਹੈ, ਜਦਕਿ ਸ਼ਿਕਾਇਤ ਨਿਪਟਾਰਾ ਸੈਲ ਦਾ ਨੋਡਲ ਅਫ਼ਸਰ ਮੁੱਖ ਮੰਤਰੀ ਫੀਲਡ ਅਫ਼ਸਰ ਮਨਜੀਤ ਸਿੰਘ ਰਾਜਲਾ ਨੂੰ ਲਗਾਇਆ ਗਿਆ ਹੈ ਤੇ ਸਹਾਇਕ ਨੋਡਲ ਅਫ਼ਸਰ ਜ਼ਿਲ੍ਹਾ ਮਾਲ ਅਫ਼ਸਰ ਸੰਦੀਪ ਸਿੰਘ ਨੂੰ ਤਾਇਨਾਤ ਕੀਤਾ ਗਿਆ ਹੈ। ਜ਼ਿਲ੍ਹਾ ਆਈ.ਟੀ. ਸਪੋਰਟ ਤੇ ਤਕਨੀਕੀ ਸਹਾਇਤਾ ਸੈਲ ਦਾ ਨੋਡਲ ਅਫ਼ਸਰ ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ ਮੁਕੇਸ਼ ਕੁਮਾਰ ਤੇ ਡੀ.ਐਸ.ਐਮ. ਸੁਖਮੰਦਰ ਸਿੰਘ ਨੂੰ ਸਹਾਇਕ ਨੋਡਲ ਅਫ਼ਸਰ ਲਗਾਇਆ ਹੈ।

ਐਸ.ਆਈ.ਆਰ ਬਾਬਤ ਸਿਖਲਾਈ ਪ੍ਰਬੰਧਨ ਲਈ ਨੋਡਲ ਅਫ਼ਸਰ ਜ਼ਿਲ੍ਹਾ ਮਾਲ ਅਫ਼ਸਰ ਸੰਦੀਪ ਸਿੰਘ ਤੇ ਇਨ੍ਹਾਂ ਨਾਲ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ ਨੂੰ ਸਹਾਇਕ ਨੋਡਲ ਅਫ਼ਸਰ ਤੇ ਟੀਮ ਗਠਿਤ ਕੀਤੀ ਗਈ ਹੈ। ਇਸੇ ਤਰ੍ਹਾਂ ਐਸ.ਆਈ.ਆਰ. 'ਚ ਵਰਤੋਂ ਆਉਣ ਵਾਲੇ ਸਾਜੋ ਸਮਾਨ ਤੇ ਕਿਟਾਂ ਆਦਿ ਪ੍ਰਬੰਧਨ ਲਈ ਸਿੰਚਾਈ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਗੁਨਦੀਪ ਸਿੰਘ ਨੂੰ ਨੋਡਲ ਅਫ਼ਸਰ ਤੇ ਸੁਪਰਡੈਂਟ ਉਪੇਸ਼ ਵਰਮਾ ਨੂੰ ਸਹਾਇਕ ਨੋਡਲ ਅਫ਼ਸਰ। ਇਸੇ ਤਰ੍ਹਾਂ ਹੀ ਮੀਡੀਆ ਮੋਨੀਟਰਿੰਗ ਟੀਮ ਤੇ ਜ਼ਿਲ੍ਹਾ ਮੀਡੀਆ ਮੋਨੀਟਰਿੰਗ ਤੇ ਮੀਡਆ ਕੋਆਰਡੀਨੇਸ਼ਨ ਸੈਲ ਦਾ ਨੋਡਲ ਅਫ਼ਸਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਭੁਪੇਸ਼ ਚੱਠਾ ਤੇ ਸਹਾਇਕ ਨੋਡਲ ਅਫ਼ਸਰ ਏ.ਪੀ.ਆਰ.ਓਜ ਹਰਦੀਪ ਸਿੰਘ ਤੇ ਸੁਚੇਤਾ ਜੋਸ਼ੀ ਨੂੰ ਤਾਇਨਾਤ ਕੀਤਾ ਗਿਆ ਹੈ। ਜ਼ਿਲ੍ਹਾ ਸਵੀਪ ਸੈਲ ਦਾ ਨੋਡਲ ਅਫ਼ਸਰ ਪ੍ਰਿੰਸੀਪਲ ਐਸ.ਐਸ. ਰੇਖੀ ਟੀਮ ਮੈਂਬਰਾਂ 'ਚ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਡਿਪਟੀ ਡੀ.ਈ.ਓ., ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਜ਼ਿਲ੍ਹਾ ਖੇਡ ਅਫ਼ਸਰ, ਤੇ ਮੋਹਿਤ ਕੌਸ਼ਲ ਨੂੰ ਇਸ ਟੀਮ 'ਚ ਸ਼ਾਮਲ ਕੀਤਾ ਗਿਆ ਹੈ। ਜ਼ਿਲ੍ਹਾ ਡਾਟਾ ਕੁਲੈਕਸ਼ਨ ਕੰਪਾਇਲੇਸ਼ਨ ਤੇ ਰਿਪੋਰਟਿੰਗ ਸੈਲ ਲਈ ਨੋਡਲ ਅਫ਼ਸਰ ਲੋਕ ਨਿਰਮਾਣ ਵਿਭਾਗ ਦੇ ਸੁਪਰਡੈਂਟ ਰਕੇਸ਼ ਮਾਨ ਤੇ ਜ਼ਿਲ੍ਹਾ ਕਾਨੂੰਨੀ ਮਾਮਲਿਆਂ ਬਾਰੇ ਜ਼ਿਲ੍ਹਾ ਅਟਾਰਨੀ ਲੀਗਲ ਅਨਮੋਲਜੀਤ ਸਿੰਘ ਨੂੰ ਨੋਡਲ ਅਫ਼ਸਰ ਸਮੇਤ ਸਿੱਖਿਆ ਵਿਭਾਗ ਤੇ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਕਾਨੂੰਨੀ ਸਲਾਹਕਾਰਾਂ ਮੁਨੀਸ਼ ਤੇ ਗੁਰਮੀਤ ਸਿੰਘ ਨੂੰ ਮੈਂਬਰ ਲਗਾਇਆ ਹੈ, ਜਦਕਿ ਜ਼ਿਲ੍ਹਾ ਸਟਾਫ਼ ਵੈਲਫ਼ੇਅਰ ਤੇ ਸੇਫਟੀ ਤੇ ਸਪੋਰਟ ਫੈਸਿਲੀਟੇਸ਼ਨ ਸੈਲ, ਡਾਕੂਮੈਂਟ ਵੇਰੀਫਿਕੇਸ਼ਨ ਸੈਲ, ਹੈਲਪ ਡੈਸਕ ਵੋਟਰਾਂ ਲਈ ਫੈਸਿਲੀਟੇਸਨ ਸੈਲ ਦਾ ਵੀ ਗਠਨ ਕੀਤਾ ਗਿਆ ਹੈ। ਇਨ੍ਹਾਂ ਸਾਰੀਆਂ ਟੀਮਾਂ ਨੂੰ ਆਪਣੀਆਂ ਡਿਊਟੀਆਂ ਬਾਬਤ ਸਿਖਲਾਈ ਵੀ ਦਿੱਤੀ ਜਾਵੇਗੀ।

ਹੈਰੋਇਨ ਬ੍ਰਾਮਦ

ਨਾਭਾ, 11 ਜੂਨ (ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਬਿਕਰਮਜੀਤ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀ ਪਿੰਡ ਰੋਹਟੀ ਛੰਨਾ ਵਿਰੁਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਮੇਵਾ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਹੈਰੋਇਨ ਵੇਚਣ ਲਈ ਨੇੜੇ ਨੌਗਜਾ ਪੀਰ ਨੂੰ ਜਾਂਦੀ ਸੜਕ ਪਰ ਖੜ੍ਹਾ ਹੈ, ਜੋ ਰੇਡ ਕਰਨ ਪਰ 4.50 ਗ੍ਰਾਮ ਹੈਰੋਇਨ ਬ੍ਰਾਮਦ ਹੋਈ।

ਮਿਸਲ ਸਤਲੁਜ ਵੱਲੋਂ ਪਟਿਆਲਾ ਵਿਖੇ ਚੜ੍ਹਦੀਕਲਾ ਰੈਲੀ 13 ਨੂੰ : ਚਾਹਲ

ਪਟਿਆਲਾ, 11 ਜੂਨ (ਰੁਪਾਣਾ) : ਪੰਥ, ਪੰਜਾਬ ਨੂੰ ਦਰਪੇਸ਼ ਮਸਲਿਆਂ ਦੇ ਹੱਲ ਲਈ ਸੰਘਰਸ਼ਸੀਲ ਧਿਰ ਮਿਸਲ ਸਤਲੁੱਜ ਜਥੇਬੰਦੀ ਵੱਲੋਂ 13 ਜੂਨ ਨੂੰ ਪਟਿਆਲਾ ਵਿਖੇ ਚੜ੍ਹਦੀਕਲਾ ਰੈਲੀ ਕਰਨ ਦਾ ਫੈਸਲਾ ਕੀਤਾ ਹੈ। ਜਥੇਬੰਦੀ ਦੇ ਪ੍ਰਧਾਨ ਅਜੈਪਾਲ ਸਿੰਘ ਬਰਾੜ ਨੇ ਦੱਸਿਆਂ ਕਿ ਪੰਜਾਬ ਨੂੰ ਮੁੜ ਵਿਕਾਸ, ਖੁਸ਼ਹਾਲੀ ਅਤੇ ਤਰੱਕੀ ਦੇ ਰਾਹ 'ਤੇ

ਲਿਆਉਣ ਲਈ ਜਥੇਬੰਦੀ ਵੱਲੋਂ ਸੂਬੇ ਭਰ ਵਿੱਚ ਚੜ੍ਹਦੀ ਕਲਾ ਰੈਲੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਰੈਲੀਆਂ ਦਾ ਮਕਸਦ ਪੰਜਾਬ ਦੇ ਹੱਕੀ ਮਸਲਿਆਂ, ਨੌਜਵਾਨਾਂ ਦੇ ਭਵਿੱਖ, ਕਿਸਾਨੀ ਸੰਕਟ, ਰੁਜ਼ਗਾਰ, ਸਿੱਖਿਆ ਅਤੇ ਮਹਿਲਾ ਸ਼ਸਕਤੀਕਰਨ ਵਰਗੇ ਅਹਿਮ ਵਿਸ਼ਿਆ 'ਤੇ ਵਿਆਪਕ ਲੋਕ ਚਰਚਾ ਸ਼ੁਰੂ ਕਰਨਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੁਲਾਜ਼ਮ ਆਗੂ ਐਡਵੋਕੇਟ ਮਨਜੀਤ ਸਿੰਘ ਚਾਹਲ ਨੇ ਦੱਸਿਆ ਕਿ 13 ਜੂਨ ਨੂੰ ਪਟਿਆਲਾ ਵਿਖੇ ਚੜ੍ਹਦੀਕਲਾ ਰੈਲੀ ਕਰਵਾਈ ਜਾਵੇਗੀ। ਇਸ ਰੈਲੀ ਨੂੰ ਸ. ਬਰਾੜ ਤੋਂ ਇਲਾਵਾ ਜਥੇਬੰਦੀ ਦੇ ਆਗੂ ਸੰਬੋਧਨ ਕਰਨਗੇ। ਉਨ੍ਹਾਂ ਪਟਿਆਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੀ ਚੜ੍ਹਦੀ ਕਲਾ ਅਤੇ ਉੱਜਵਲ ਭਵਿੱਖ ਲਈ ਇਸ ਉਪਰਾਲੇ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

ਡੋਪ ਟੈਸਟ ਕਰਾਉਣ 'ਤੇ ਪਾਜ਼ੀਟਿਵ ਆਇਆ

ਪਟਿਆਲਾ, 11 ਜੂਨ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਰਜਤ ਪਰਾਸਰ ਵਾਸੀ ਵਾਰਡ ਨੰ. 12 ਨੇੜੇ ਕਾਲੀ ਦੇਵੀ ਮਾਤਾ ਮੰਦਰ ਬੁਢਲਾਡਾ ਜ਼ਿਲ੍ਹਾ ਮਾਨਸਾ ਹਾਲ ਮਕਾਨ ਨੰ. 5430 ਫੇਸ-2 ਅਰਬਨ ਅਸਟੇਟ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਅਮਨਦੀਪ ਸਿੰਘ ਸਮੇਤ ਪੁਲਿਸ ਪੁੱਲ ਹੇਠਾ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

ਨਸ਼ੀਲੇ ਪਾਊਡਰ ਸਮੇਤ ਔਰਤ ਕਾਬੂ

ਸਮਾਣਾ, 11 ਜੂਨ (ਵਿਜੇ ਕੁਮਾਰ) ਸਿਟੀ ਪੁਲਿਸ ਨੇ ਇੱਕ ਔਰਤ ਨੂੰ 3 ਗ੍ਰਾਮ ਨਸ਼ੀਲੇ ਪਾਊਡਰ ਸਣੇ ਕਾਬੂ ਕਰਕੇ ਉਸ ਖਿਲਾਫ ਨਸ਼ਾ ਵਿਰੋਧੀ ਐਕਟ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਔਰਤ ਦੀ ਪਹਿਚਾਣ ਕਿਰਨਾ ਪਤਨੀ ਸੁਰਿੰਦਰ ਸਿੰਘ ਵਾਸੀ ਪਿੰਡ ਮੁਰਾਦਪੁਰਾ ਵਜੋਂ ਹੋਈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਕਰਨਪਾਲ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਣੇ ਟੀ- ਪੁਆਇੰਟ ਪਿੰਡ ਕੁਤਬਨਪੁਰ ਮੌਜੂਦ ਸੀ, ਕਿ ਇਸ ਦੌਰਾਨ ਇਤਲਾਹ ਮਿਲੀ ਕਿ ਦੋਸ਼ਣ ਨਸ਼ੀਲਾ ਪਾਊਡਰ ਵੇਚਣ ਲਈ ਗਾਹਕਾ ਦਾ ਇੰਤਜ਼ਾਰ ਕਰ ਰਹੀ ਹੈ, ਮੌਕੇ ਤੇ ਕੀਤੀ ਰੇਡ ਦੌਰਾਨ ਉਸ ਕੋਲੋਂ ਤਿੰਨ ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਹੋਣ 'ਤੇ ਉਸ ਨੂੰ ਕਾਬੂ ਕਰ ਲਿਆ। ਅਧਿਕਾਰੀ ਅਨੁਸਾਰ ਮੁਲਜ਼ਮ ਔਰਤ ਨੂੰ ਮਾਣਯੋਗ ਅਦਾਲਤ 'ਚ ਪੇਸ਼ ਕਰ ਮਿਲੇ ਹੁਕਮਾਂ ਅਨੁਸਾਰ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।

ਰੰਗਲਾ ਪੰਜਾਬ ਮਿਸ਼ਨ ਤਹਿਤ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਡਿਪਟੀ ਕਮਿਸ਼ਨਰ ਵੱਲੋਂ ਜਾਇਜ਼ਾ

ਮਲੇਰਕੋਟਲਾ, 11 ਜੂਨ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਦੇ ਸੁਪਨਮਈ ਪ੍ਰੋਜੈਕਟ 'ਰੰਗਲਾ ਪੰਜਾਬ' ਤਹਿਤ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀ ਪ੍ਰਧਾਨਗੀ ਹੇਠ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਆਪਣੇ ਵਿਭਾਗਾਂ ਅਧੀਨ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਫੰਡਾਂ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਂਦੇ ਹੋਏ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪੰਜਾਬ ਨਿਰਮਾਣ ਅਤੇ ਰੰਗਲਾ ਪੰਜਾਬ ਸਕੀਮ ਤਹਿਤ ਮੁਕੰਮਲ ਹੋਏ ਵਿਕਾਸ ਕੰਮਾਂ ਦੇ ਵਰਤੋਂ ਸਰਟੀਫਿਕੇਟ (ਯੂਟੀਲਾਈਜ਼ੇਸ਼ਨ ਸਰਟੀਫਿਕੇਟ) ਬਿਨਾਂ ਕਿਸੇ ਦੇਰੀ ਤੋਂ ਜਮ੍ਹਾਂ ਕਰਵਾਏ ਜਾਣ ਤਾਂ ਜੋ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਸਹੀ ਮੁਲਾਂਕਣ ਕੀਤਾ ਜਾ ਸਕੇ। ਤਿੜਕੇ ਨੇ ਜ਼ੋਰ ਦੇ ਕੇ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਕੰਮ ਨਿਰਧਾਰਿਤ ਮਾਪਦੰਡਾਂ ਅਤੇ ਤਕਨੀਕੀ ਵਿਸ਼ੇਸ਼ਤਾਵਾਂ ਅਨੁਸਾਰ ਕਰਵਾਏ ਜਾਣ ਅਤੇ ਮੌਕੇ 'ਤੇ ਨਿਯਮਤ ਨਿਗਰਾਨੀ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦਾ ਅਸਲ ਲਾਭ ਆਮ ਲੋਕਾਂ ਤੱਕ ਪਹੁੰਚਣਾ ਚਾਹੀਦਾ ਹੈ ਅਤੇ ਹਰ ਪ੍ਰੋਜੈਕਟ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 'ਰੰਗਲਾ ਪੰਜਾਬ' ਮਿਸ਼ਨ ਦਾ ਮੁੱਖ ਉਦੇਸ਼ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣਾ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ। ਮੀਟਿੰਗ ਵਿੱਚ ਸਹਾਇਕ ਖੋਜ ਅਫ਼ਸਰ ਗੁਰਵਿੰਦਰ ਕੌਰ, ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ, ਬੀ.ਡੀ.ਪੀ.ਓ ਬਬਲਜੀਤ ਕੌਰ, ਐਕਸੀਅਨ (ਪੀ.ਐਸ.ਪੀ.ਸੀ.ਐਲ) ਇੰਜੀ ਹਰਵਿੰਦਰ ਸਿੰਘ ਤੋਂ ਇਲਾਵਾ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਭਾਗ ਲਿਆ।

ਚੇਅਰਮੈਨ ਪੀ.ਆਰ.ਟੀ.ਸੀ. ਹਰਪਾਲ ਜੁਨੇਜਾ ਵੱਲੋਂ ਕੰਟਰੈਕਟ ਵਰਕਰਜ਼ ਯੂਨੀਅਨ ਨਾਲ ਮੀਟਿੰਗ

ਪਟਿਆਲਾ, 11 ਜੂਨ (ਰੁਪਾਣਾ) : ਐਡਵੋਕੇਟ ਹਰਪਾਲ ਜੁਨੇਜਾ ਚੇਅਰਮੈਨ ਪੀ.ਆਰ.ਟੀ.ਸੀ ਵੱਲੋਂ ਪੀ.ਆਰ.ਟੀ.ਸੀ ਦੇ ਕੰਟਰੈਕਟ ਯੂਨੀਅਨ ਵਰਕਰਜ 25/11 ਨਾਲ ਅਹਿਮ ਮੀਟਿੰਗ ਕੀਤੀ ਗਈ। ਪਨਬਸ/ਪੀ.ਆਰ.ਟੀ.ਸੀ ਦੀ ਯੂਨੀਅਨ ਵੱਲੋਂ ਸਰਕਾਰੀ ਬੱਸਾਂ ਦਾ ਚੱਕਾ ਜਾਮ ਕਰਕੇ ਹੜਤਾਲ ਕੀਤੀ ਜਾਣੀ ਸੀ। ਚੇਅਰਮੈਨ ਪੀ.ਆਰ.ਟੀ.ਸੀ ਵੱਲੋਂ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਯੂਨੀਅਨ ਦੇ ਨੁਮਾਇੰਦਿਆਂ ਵੱਲੋਂ ਆਪਣੀਆ ਵੱਖ-ਵੱਖ ਮੰਗਾਂ ਨੂੰ ਲੈ ਕੇ ਜਿਵੇਂਕਿ ਸੰਗਰੂਰ ਡਿਪੂ ਦੇ ਜੇਲ ਵਿੱਚ ਬੰਦ ਪਏ ਮੁਲਾਜ਼ਮਾਂ ਨੂੰ ਤੁਰੰਤ ਰਿਹਾਅ ਕਰਵਾਇਆ ਜਾਵੇ



ਅਤੇ ਕੱਚੇ ਕਾਮਿਆਂ ਨੂੰ ਪੱਕਾ ਕਰਨ ਸਬੰਧੀ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਚੇਅਰਮੈਨ ਪੀ.ਆਰ.ਟੀ.ਸੀ. ਵੱਲੋਂ ਉਹਨਾਂ ਨਾਲ ਕੀਤੇ ਵਿਚਾਰ ਵਟਾਂਦਰੇ ਅਨੁਸਾਰ ਇਹਨਾਂ ਮੰਗਾ ਉੱਪਰ ਪੀ.ਆਰ.ਟੀ.ਸੀ ਅਤੇ ਸਰਕਾਰ ਪੱਧਰ 'ਤੇ ਜਲਦ ਹੀ ਹੱਲ ਕਰਨ ਸਬੰਧੀ ਭਰੋਸਾ ਦਿੱਤਾ ਗਿਆ। ਮੀਟਿੰਗ ਉਪਰੰਤ ਕੰਟਰੈਕਟ ਯੂਨੀਅਨ ਵਰਕਰਜ 25/11 ਵੱਲੋ ਚੇਅਰਮੈਨ ਪੀ.ਆਰ.ਟੀ.ਸੀ ਵੱਲੋਂ ਦਿੱਤੇ ਗਏ ਭਰੋਸੇ ਸਬੰਧੀ ਸਹਿਮਤੀ ਜਤਾਈ ਗਈ। ਇਸ ਮੀਟਿੰਗ ਵਿੱਚ ਪੀ.ਆਰ.ਟੀ.ਸੀ ਵੱਲੋਂ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ, ਆਈ.ਏ.ਐਸ, ਵਧੀਕ ਮੈਨੇਜਿੰਗ ਡਾਇਰੈਕਟਰ ਨਵਦੀਪ ਕੁਮਾਰ, ਪੀ.ਸੀ.ਐਸ ਅਤੇ ਹੋਰ ਉੱਚ ਅਧਿਕਾਰੀ ਵੀ ਸ਼ਾਮਲ ਸਨ।

ਆਰਟਸਪਾਇਰ ਬਾਈ ਸ਼ਿਵਾਨੀ ਵੱਲੋਂ ਦੂਜਾ ਆਰਟ, ਪੇਂਟਿੰਗ ਅਤੇ ਫਿਟਨੈੱਸ ਕੈਂਪ ਸਫ਼ਲਤਾਪੂਰਵਕ ਸੰਪੰਨ

ਪਟਿਆਲਾ, 11 ਜੂਨ (ਅਮਰਜੀਤ ਸਿੰਘ) : ਆਰਟਸਪਾਇਰ ਬਾਈ ਸ਼ਿਵਾਨੀ, ਜੋ ਆਪਣੀ ਕਲਾਤਮਕ ਉੱਤਮਤਾ ਅਤੇ ਰਚਨਾਤਮਕ ਪਹਿਲਕਦਮੀਆਂ ਲਈ ਜਾਣਿਆ ਜਾਂਦਾ ਹੈ, ਵੱਲੋਂ ਪਟਿਆਲਾ ਵਿੱਚ ਦੂਜਾ ਆਰਟ, ਪੇਂਟਿੰਗ ਅਤੇ ਫਿਟਨੈੱਸ ਕੈਂਪ 2026 ਸਫਲਤਾਪੂਰਵਕ ਸਮਾਪਤ ਕੀਤਾ ਗਿਆ। ਇਸ ਕੈਂਪ ਨੇ ਬੱਚਿਆਂ ਨੂੰ ਕਲਾ, ਪੇਂਟਿੰਗ, ਫਿਟਨੈੱਸ ਅਤੇ ਸਰਵਪੱਖੀ ਵਿਕਾਸ ਨਾਲ ਜੁੜਨ ਦਾ ਇੱਕ ਵਧੀਆ ਮੌਕਾ ਪ੍ਰਦਾਨ ਕੀਤਾ। 'ਚਿੱਤਰਕਾਰ ਅਤੇ ਆਰਟਸਪਾਇਰ ਦੀ ਸੰਸਥਾਪਕ ਸ਼ਿਵਾਨੀ' ਦੀ ਅਗਵਾਈ ਹੇਠ ਆਯੋਜਿਤ ਇਸ ਕੈਂਪ ਵਿੱਚ ਬੱਚਿਆਂ ਨੂੰ ਕਲਾ ਰਾਹੀਂ ਆਪਣੇ ਵਿਚਾਰਾਂ ਅਤੇ ਭਾਵਨਾਵਾਂ ਨੂੰ ਪ੍ਰਗਟ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਦੌਰਾਨ ਬੱਚਿਆਂ ਨੇ ਪੇਂਟਿੰਗ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।'ਆਰਟਸਪਾਇਰ ਦੀ ਸੰਸਥਾਪਕ ਸ਼ਿਵਾਨੀ' ਨੇ 'ਡੈਫੋਡਿਲਜ਼ ਗਰੁੱਪ ਆਫ ਸਕੂਲਜ਼ ਦੇ ਮੈਨੇਜਿੰਗ ਡਾਇਰੈਕਟਰ ਹਰਪ੍ਰੀਤ ਸਿੰਘ ਸੰਧੂ' ਦਾ ਉਨ੍ਹਾਂ ਦੇ ਕੀਮਤੀ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਵੇਨਿਊ ਭਾਗੀਦਾਰ ਡੈਫੋਡਿਲਜ਼ ਸਕੂਲ ਦਾ ਵੀ ਧੰਨਵਾਦ ਕੀਤਾ। ਕੈਂਪ ਦਾ ਫਿਟਨੈੱਸ ਅਤੇ ਸਿਹਤ ਸੈਸ਼ਨ 'ਯੋਗਾ ਅਤੇ ਫਿਟਨੈੱਸ ਇੰਸਟ੍ਰਕਟਰ ਰੂਪਾਲੀ ਪੁਰੀ' ਵੱਲੋਂ ਕਰਵਾਇਆ ਗਿਆ। ਉਨ੍ਹਾਂ ਨੇ ਬੱਚਿਆਂ ਨੂੰ ਯੋਗਾ, ਅਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਜਾਣਕਾਰੀ ਦਿੱਤੀ, ਜਿਸ ਨਾਲ ਉਨ੍ਹਾਂ ਦੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹ ਮਿਲਿਆ।ਦੂਜੇ ਕੈਂਪ ਦੀ ਸਫਲਤਾ ਨੇ ਇੱਕ ਵਾਰ ਫਿਰ ਸਾਬਤ ਕੀਤਾ ਹੈ ਕਿ ਆਰਟਸਪਾਇਰ ਬਾਈ ਸ਼ਿਵਾਨੀ ਬੱਚਿਆਂ ਵਿੱਚ ਕਲਾ, ਰਚਨਾਤਮਕਤਾ ਅਤੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਨਵੀਂ ਪੀੜ੍ਹੀ ਦੇ ਕਲਾਕਾਰਾਂ ਨੂੰ ਪ੍ਰੇਰਿਤ ਕਰ ਰਿਹਾ ਹੈ।

ਰਮਾਇਣ ਦੇ ਪਾਠ 'ਤੇ ਲੰਗਰ ਲਗਾਇਆ

ਨਾਭਾ, 11 ਜੂਨ (ਬਲਜਿੰਦਰ ਮਾਨ) : ਯੰਗ ਫੈਂਡਸ ਕਲੱਬ ਅਤੇ ਸਮੂਹ ਭੱਟਾਂ ਵਾਲਾ ਮੁਹੱਲਾ ਨਿਵਾਸੀਆਂ ਵੱਲੋਂ ਮਾਤਾ ਜੀ ਦੇ ਜਨਮ ਦਿਹਾੜੇ ਮੌਕੇ ਮਾਤਾ ਜਵਾਲਾ ਜੀ ਮੰਦਿਰ ਵਿਖੇ ਮਾਤਾ ਜੀ ਕੇ ਜਨਮ ਦਿਵਸ ਮੌਕੇ ਤੇ ਨਗਰ ਕੌਸਲ ਦੇ ਸਵ: ਸਾਬਕਾ ਪ੍ਰਧਾਨ ਰਜਨੀਸ਼ ਮਿੱਤਲ ਸ਼ੈਟੀ ਦੀ ਯਾਦ 'ਚ ਰਮਾਇਣ ਜੀ ਦਾ ਪਾਠ ਕਰਵਾਇਆ ਗਿਆ।ਉਪਰੰਤ ਆਲੂ ਪੁਰੀ ਅਤੇ ਹਲਵੇ ਦਾ ਵਿਸ਼ਾਲ ਲੰਗਰ ਚਲਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਮੁੱਖ ਸੇਵਾਦਾਰ ਰਾਜ ਕੁਮਾਰ ਨੌਕਵਾਲ ਨੇ ਦੱਸਿਆ ਕਿ 10 ਜੂਨ ਨੂੰ ਰਮਾਇਣ ਦੇ ਪਾਠ ਆਰੰਭ ਕੀਤੇ ਗਏ ਸਨ ਅਤੇ ਅੱਜ ਭੋਗ ਪਾਉਣ ਉਪਰੰਤ ਵਿਸ਼ਾਲ ਭੰਡਾਰਾ ਕਰਵਾਇਆ ਗਿਆ । ਇਸ ਮੌਕੇ ਮਯੰਕ ਮਿੱਤਲ, ਐਡਵੋਕੇਟ ਮੋਹਨ ਲਾਲ ਵਰਮਾ ਅਤੇ ਮਹੱਲਾ ਵਾਸੀ ਹਾਜ਼ਰ ਸਨ।

ਜਗਦੀਸ਼ ਕੁਮਾਰ ਨੇ ਪਠਾਣਮਾਜਰਾ ਨਾਲ ਕੀਤੀ ਮੁਲਾਕਾਤ

ਸਨੌਰ, 11 ਜੂਨ (ਪ੍ਰਥਮ ਕੁਮਾਰ) : ਹਲਕਾ ਸਨੌਰ ਦੀ ਸਿਆਸਤ ਚ ਹਾਲ ਹੀ ਇੱਕ ਮਹੱਤਵਪੂਰਨ ਵਾਧਾ ਵੇਖਿਆ ਗਿਆ ਜਦੋਂ ਸਥਾਨਕ ਨੌਜਵਾਨ ਜਗਦੀਸ਼ ਕੁਮਾਰ (ਜੱਗੂ) ਨੇ ਆਪਣੇ ਸਾਥੀਆਂ ਦੇ ਨਾਲ ਵਿਧਾਇਕ ਹਰਮੀਤ ਸਿੰਘ ਪਠਾਣਮਾਜਰੇ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਨੇ ਸਿਆਸੀ ਮਾਹੌਲ ਵਿੱਚ ਨਵਾਂ ਉਤਸ਼ਾਹ ਪ੍ਰਗਟ ਕੀਤਾ ਹੈ ਤੇ ਇਸ ਦੇ ਨਾਲ ਜਗਦੀਸ਼ ਕੁਮਾਰ (ਜੱਗੂ) ਨੇ ਪੱਤਰਕਾਰਾਂ ਨਾਲ ਗੱਲਬਾਤ ਕਰਨ ਦੌਰਾਨ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨਾਲ ਹੋਈ ਗੱਲਬਾਤ ਦਾ ਜ਼ਿਕਰ ਕੀਤਾ। ਜੱਗੂ ਨੇ ਕਿਹਾ ਕਿ 2022 ਦੇ ਚੋਣਾਂ ਦੌਰਾਨ ਉਹ ਅਤੇ ਉਹਦੇ ਸਾਥੀ ਪੂਰੀ ਤਰ੍ਹਾਂ ਹਰਮੀਤ ਸਿੰਘ ਦੇ ਸਾਥ ਖੜੇ ਸਨ। ਉਹਨਾਂ ਨੇ ਭਰੋਸਾ ਦਿੱਤਾ ਕਿ 2027 ਦੀਆਂ ਚੋਣਾਂ ਵਿੱਚ ਵੀ ਉਹ ਹਰਮੀਤ ਸਿੰਘ ਨੂੰ ਸਮਰਥਨ ਦੇਣ ਲਈ ਤਿਆਰ ਹਨ। ਵਿਧਾਇਕ ਪਠਾਣਮਾਜਰਾ ਦੇ ਨਾਲ ਨੌਜਵਾਨ ਜਗਦੀਸ਼ ਕੁਮਾਰ (ਜੱਗੂ) ਨੇ ਸਨੌਰ ਖੇਤਰ ਦੇ ਵਿਕਾਸ ਤੇ ਰੁਕੇ ਹੋਏ ਕੰਮਾਂ ਦੀ ਵਰਤਮਾਨ ਸਥਿਤੀ 'ਤੇ ਗੰਭੀਰ ਚਰਚਾ ਕੀਤੀ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਸਨੌਰ ਦੇ ਨਿਵਾਸੀਆਂ ਨੂੰ ਸੁਵਿਧਾਵਾਂ ਪ੍ਰਦਾਨ ਕਰਨ ਲਈ ਲੰਬੇ ਸਮੇਂ ਤੋਂ ਅਧੂਰੇ ਪਏ ਪ੍ਰੋਜੈਕਟਾਂ ਨੂੰ ਤੁਰੰਤ ਪੂਰਾ ਕਰਨ ਦੀ ਲੋੜ ਹੈ। ਜੱਗੂ ਨੇ ਵਿਧਾਇਕ ਨੂੰ ਬੇਨਤੀ ਕੀਤੀ ਕਿ ਇਨ੍ਹਾਂ ਅਧੂਰੇ ਕੰਮਾਂ ਕਾਰਨ ਸਥਾਨਕ ਲੋਕਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ 'ਤੇ ਹਰਮੀਤ ਸਿੰਘ ਨੇ ਭਰੋਸਾ ਦਿੱਤਾ ਕਿ ਸਨੌਰ ਦੇ ਅਹਿਮ ਮੁੱਦੇ ਪ੍ਰਾਥਮਿਕਤਾ ਦੇ ਅਧਾਰ 'ਤੇ ਹੱਲ ਕੀਤੇ ਜਾਣਗੇ ਅਤੇ ਸਨੌਰ ਦੇ ਵਿਕਾਸ ਲਈ ਨਵੇਂ ਪ੍ਰੋਜੈਕਟਾਂ ਦੀ ਸ਼ੁਰੂਆਤ ਵੀ ਕੀਤੀ ਜਾਵੇਗੀ। ਇਸ ਮੌਕੇ 'ਤੇ ਨਰਿੰਦਰ ਸ਼ਰਮਾ, ਵਿਸ਼ਾਲ ਕੰਬੋਜ, ਅਤੇ ਭਵਿਸ਼ ਸ਼ਰਮਾ ਆਦਿ ਹਾਜ਼ਰ ਸਨ।



ਦੋ ਡਰੰਮਾਂ 'ਚੋਂ 150 ਲੀਟਰ ਲਾਹਣ ਬ੍ਰਾਮਦ

ਪਟਿਆਲਾ, 11 ਜੂਨ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹਰਵਿੰਦਰ ਸਿੰਘ ਵਾਸੀ ਪਿੰਡ ਰਸੂਲਪੁਰ ਜੋੜਾ ਵਿਰੁੱਧ ਮਾਮਲਾ ਦਰਜ ਕੀਤਾ ਹੈ।ਐਸ.ਆਈ. ਮਲਕੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਰਸੂਲਪੁਰ ਜੋੜਾ ਰੋਡ ਪਰ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਨਾਜਾਇਜ਼ ਸ਼ਰਾਬ ਕਸੀਦ ਕਰਨ ਦਾ ਆਦੀ ਹੈ, ਜੋ ਦੋਸ਼ੀ ਦੇ ਡੰਗਰਾਂ ਵਾਲੇ ਵਾੜੇ ਵਿੱਚ ਰੇਡ ਕਰਨ 'ਤੇ 2 ਡਰੰਮਾਂ ਵਿੱਚੋਂ 150 ਲੀਟਰ ਲਾਹਣ ਬ੍ਰਾਮਦ ਹੋਈ।

ਐਨ.ਸੀ.ਸੀ. ਟ੍ਰੇਨਿੰਗ ਕੈਂਪ 'ਚ ਸੁਖਮਨੀ ਸ਼ਰਮਾ, ਏਕਮਜੋਤ ਕੌਰ ਤੇ ਹਰਸ਼ਦ ਪਾਠਕ ਹੋਏ ਸ਼ਾਮਲ

ਪਟਿਆਲਾ, 11 ਜੂਨ (ਚ.ਨ.ਸ) : ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਪਟਿਆਲਾ ਆਪਣੇ ਐਨ.ਸੀ.ਸੀ. ਕੈਡਿਟਾਂ ਦੀ ਰੋਪੜ ਵਿਖੇ ਹੋਏ ਐਨ.ਸੀ.ਸੀ. ਟ੍ਰੇਨਿੰਗ ਕੈਂਪ ਵਿੱਚ ਸਫਲ ਭਾਗੀਦਾਰੀ 'ਤੇ ਮਾਣ ਮਹਿਸੂਸ ਕਰਦਾ ਹੈ। ਵਿਦਿਆਰਥੀਆਂ ਨੇ ਟ੍ਰੇਨਿੰਗ ਸਫਲਤਾਪੂਰਵਕ ਪੂਰੀ ਕੀਤੀ ਅਤੇ ਸਰਟੀਫਿਕੇਟ ਪ੍ਰਾਪਤ ਕੀਤੇ, ਜਿਨ੍ਹਾਂ ਵਿਚ ਸੁਖਮਨੀ ਸ਼ਰਮਾ, ਏਕਮਜੋਤ ਕੌਰ, ਹਰਸ਼ਦ ਪਾਠਕ ਸ਼ਾਮਲ ਹਨ। ਇਨ੍ਹਾਂ ਦੀ ਚੋਣ ਇਸ ਕੈਂਪ ਲਈ ਕੀਤੀ ਗਈ । ਉਨ੍ਹਾਂ ਦੀ ਇਹ ਪ੍ਰਾਪਤੀ ਐਨ.ਸੀ.ਸੀ. ਗਤੀਵਿਧੀਆਂ ਰਾਹੀਂ ਪੈਦਾ ਕੀਤੇ ਗਏ ਸਮਰਪਣ, ਅਨੁਸ਼ਾਸਨ ਅਤੇ ਅਗਵਾਈ ਦੇ ਗੁਣਾਂ ਨੂੰ ਦਰਸਾਉਂਦੀ ਹੈ। ਪ੍ਰਿੰਸੀਪਲ ਜਸਜੀਤ ਸੇਠੀ ਨੇ ਇਸ ਉਪਲੱਬਧੀ ਲਈ ਕੈਡਿਟਾਂ ਅਤੇ ਉਨ੍ਹਾਂ ਦੇ ਮੈਂਟਰਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਨਿਰੰਤਰ ਸਫਲਤਾ ਦੀ ਕਾਮਨਾ ਕੀਤੀ।

ਭਾਈ ਲਾਲੋ ਦੇ ਵਾਰਿਸਾਂ ਦੀ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਲੋੜ ਨਹੀਂ : ਲਖਵੀਰ ਸਿੰਘ ਲੌਟ

ਪਟਿਆਲਾ, 11 ਜੂਨ (ਰੁਪਾਣਾ) : ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੀਤ ਪ੍ਰਧਾਨ ਲਖਵੀਰ ਸਿੰਘ ਲੌਟ ਨੇ ਭਰੇ ਮਨ ਨਾਲ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਾਰਿਆਂ ਅਹੁਦਿਆਂ ਤੋਂ ਅਸਤੀਫਾ ਦੇਣ ਦਾ ਐਲਾਨ ਕੀਤਾ ਹੈ । ਅਸਤੀਫਾ ਦੇਣ ਦਾ ਕਾਰਨਾਂ ਦਾ ਖੁਲਾਸਾ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਸਰਮਾਏਦਾਰਾਂ ਅਤੇ ਵਪਾਰੀ ਲੋਕਾਂ ਦੀ ਪਾਰਟੀ ਬਣ ਕੇ ਰਹਿ ਗਿਆ ਹੈ। ਇਸ ਪਾਰਟੀ ਵਿੱਚ ਮਿਹਨਤੀ ਇਮਾਨਦਾਰ ਅਤੇ ਵਫ਼ਾਦਾਰ ਲਈ ਕੋਈ ਜਗ੍ਹਾ ਨਹੀਂ ਅਤੇ ਭਾਈ ਲਾਲੋ ਦੇ ਵਾਰਿਸਾਂ ਕਿਰਤੀ ਲੋਕਾਂ ਤੇ ਗੁਰੂ ਨੂੰ ਮੰਨਣ ਵਾਲਿਆਂ ਦੀ ਕਦਰ ਨਹੀਂ ਅਤੇ ਸਰਮਾਏਦਾਰ ਤੇ ਪੈਸਿਆਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਲੋਕਤੰਤਰ ਨਾਂ ਦੀ ਕੋਈ ਚੀਜ਼ ਨਹੀ ਸਗੋਂ ਤਾਨਾਸ਼ਾਹੀ ਵਾਂਗ ਵਰਕਰਾਂ ਤੇ ਫੈਸਲੇ ਥੋਪੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਦਹਾਕਿਆਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਸੇਵਾ ਕਰ ਰਿਹਾ ਹਾਂ ਸਾਡਾ ਪਰਿਵਾਰ ਤਿੰਨ ਪੀੜ੍ਹੀਆਂ ਤੋਂ ਅਕਾਲੀ ਦਲ ਦਾ ਸਿਪਾਹੀ ਹੈ ਅਤੇ ਮੇਰੇ ਦਾਦਾ ਜੀ ਮੈਂ ਪਾਰਟੀ ਲਈ ਜੇਲ੍ਹਾਂ ਵੀ ਕੱਟੀਆਂ ਉਨ੍ਹਾਂ ਕਿਹਾ ਪਾਰਟੀ ਨੂੰ ਛੱਡਣਾ ਮੇਰੇ ਲਈ ਬਹੁਤ ਦੁਖਦਾਈ ਹੈ ਪਰੰਤੂ ਪਾਰਟੀ ਵਿੱਚ ਵਪਾਰੀ ਲੋਕਾਂ ਦੀ ਸ਼ਮੂਲੀਅਤ ਨੇ ਪਾਰਟੀ ਨੂੰ ਆਮ ਲੋਕਾਂ ਤੋਂ ਦੂਰ ਕਰ ਦਿੱਤਾ ਹੈ ਜਿਸ ਕਾਰਨ ਪਿਛਲੀਆਂ ਸਾਰੀਆਂ ਚੋਣਾਂ ਵਿੱਚ ਪਾਰਟੀ ਨੂੰ ਹਾਰ ਦਾ ਮੂੰਹ ਵੇਖਣਾ ਪਿਆ ਮੈਨੂੰ ਪਾਰਟੀ ਵੱਲੋਂ ਅਣਗੌਲਿਆ ਕਰਨ ਕਾਰਣ ਅਸਤੀਫਾ ਦੇ ਰਿਹਾ ਹਾਂ ਮੈਂ ਪੰਥ ਪ੍ਰਸਤੀ ਤੇ ਪੰਜਾਬ ਪ੍ਰਸਤੀ ਤੇ ਹਮੇਸ਼ਾ ਪਹਿਰਾ ਦਿੰਦਾ ਰਹਾਂਗਾ ।

ਕੋਮਲ ਮਹੰਤ 'ਆਪ' 'ਚ ਸ਼ਾਮਲ

ਸਮਾਣਾ, 11 ਜੂਨ (ਵਿਜੇ ਕੁਮਾਰ) : ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਕਿੰਨਰ ਸਮਾਜ ਵੱਲੋਂ



ਪਹਿਲੀ ਵਾਰ ਕੌਂਸਲਰ ਬਣੀ ਕੋਮਲ ਮਹੰਤ ਨੇ ਅਕਾਲੀ ਦਲ ਨੂੰ ਅਲਵਿਦਾ ਕਹਿੰਦੇ ਹੋਏ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ ਹੈ। ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਅਤੇ ਆਮ ਆਦਮੀ ਪਾਰਟੀ ਦੇ ਸਮਾਣਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ ਵੱਲੋਂ ਸਮਰਥਕਾਂ ਸਮੇਤ ਪਾਰਟੀ ਵਿੱਚ ਸ਼ਾਮਲ ਕਰਵਾਇਆ ਗਿਆ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਨੇ ਕੋਮਲ ਮਹੰਤ ਅਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਭਰੋਸਾ ਜਤਾਇਆ ਕਿ ਉਨ੍ਹਾਂ ਦੇ ਸ਼ਾਮਲ ਹੋਣ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।

ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ 'ਤੇ ਤਸ਼ੱਦਦ ਦੀ ਨਿਖੇਧੀ

ਪਟਿਆਲਾ, 11 ਜੂਨ (ਚ.ਨ.ਸ) : ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਅਤੇ ਸਾਬਕਾ ਚੇਅਰਮੈਨ ਐਡਵੋਕੇਟ ਹਰਿੰਦਰ ਸ਼ਰਮਾ ਕੌਰਜੀਵਾਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪਟਿਆਲਾ ਜ਼ਿਲ੍ਹੇ ਵਿੱਚ ਆਪਣੇ ਹੱਕਾਂ ਲਈ ਸ਼ਾਤਮਈ ਰੋਸ ਪ੍ਰਦਰਸ਼ਨ ਕਰ ਰਹੇ ਬੇਰੁਜ਼ਗਾਰ ਲਾਈਨਮੈਨਾਂ ਉੱਤੇ ਪੁਲਿਸ ਵੱਲੋਂ ਕੀਤੇ ਗਏ ਵਹਿਸ਼ੀਆਨਾ ਲਾਠੀਚਾਰਜ ਅਤੇ ਧੱਕੇਸ਼ਾਹੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਇਨ੍ਹਾਂ ਘਟਨਾਵਾਂ ਦਾ ਪੁਰਜ਼ੋਰ ਵਿਰੋਧ ਕੀਤਾ ਹੈ। ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਬੁਲੰਦ ਕਰਨ ਦਾ ਪੂਰਾ ਅਧਿਕਾਰ ਹੈ ਪਰੰਤੂ ਸਰਕਾਰ ਵੱਲੋਂ ਰੁਜ਼ਗਾਰ ਦੀ ਮੰਗ ਕਰ ਰਹੇ ਨੌਜਵਾਨਾਂ 'ਤੇ ਲਾਠੀਆਂ ਵਰ੍ਹਾਉਣਾ ਬੇਹੱਦ ਸ਼ਰਮਨਾਕ ਅਤੇ ਅਣਮਨੁੱਖੀ ਹੈ। ਬ੍ਰਿਜ ਭੂਸ਼ਨ ਅੱਤਰੀ ਜਿਲਾ ਸਕੱਤਰ ਪਟਿਆਲਾ ਨੇ ਕਿਹਾ ਕਿ ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ ਇਸ ਧੱਕੇਸ਼ਾਹੀ ਦਾ ਡਟਕੇ ਵਿਰੋਧ ਕਰਦਾ ਹੈ ਅਤੇ ਬੇਰੁਜ਼ਗਾਰ ਨੌਜਵਾਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਾ ਹੈ। ਸਰਕਾਰ ਆਪਣਾ ਅੜੀਅਲ ਰਵੱਈਆ ਛੱਡਕੇ ਨੌਜਵਾਨਾਂ ਨੂੰ ਰੋਜਗਾਰ ਦੇਣ ਦੇ ਆਪਣੇ ਵਾਅਦੇ ਪੂਰੇ ਕਰੇ। ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ ਨੇ ਚੇਤਾਵਨੀ ਦਿੰਦਿਆ ਕਿਹਾ ਕਿ ਜੇਕਰ ਸਰਕਾਰ ਨੇ ਨੌਜਵਾਨਾਂ ਦੀ ਅਵਾਜ ਨੂੰ ਦਬਾਉਣਾ ਬੰਦ ਨਾ ਕੀਤਾ ਅਤੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਬ੍ਰਾਹਮਣ ਸਮਾਜ ਫਰੰਟ ਪੰਜਾਬ ਸਰਕਾਰ ਵਿਰੁੱਧ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗਾ। ਰੋਸ ਪ੍ਰਦਰਸ਼ਨ ਕਰਨ ਦਾ ਐਨਾਨ ਕਰੇਗੀ। ਇਸ ਮੌਕੇ ਨਵਲ ਗੌਤਮ, ਪਿਊਸ਼ ਦਵੇਸਰ, ਸੁਨੀਤਾ ਅਤਰੀ, ਭੂਸ਼ਨ ਸ਼ਰਮਾ ਆਦਿ ਹਾਜ਼ਰ ਸਨ।



ਸ਼ਹਿਰ ਵਾਸੀਆਂ ਮੁਤਾਬਿਕ ਸ਼ਹਿਰ ਦਾ ਵਿਕਾਸ ਹੋਵੇਗਾ: ਵਿਧਾਇਕ ਕੋਹਲੀ

ਪਟਿਆਲਾ, 11 ਜੂਨ (ਗੁਰਮੁੱਖ ਰੁਪਾਣਾ) : ਪਟਿਆਲਾ ਹਲਕੇ ਦੇ ਨਿਵਾਸੀਆਂ ਲਈ ਇੱਕ ਵੱਡੀ ਅਤੇ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ। ਸ਼ਹਿਰ ਅਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ ਦਾ ਮੁਹਾਂਦਰਾ ਬਦਲਣ ਲਈ ਪ੍ਰਸ਼ਾਸਨ ਵੱਲੋਂ 40 ਅਹਿਮ ਵਿਕਾਸ ਕਾਰਜਾਂ ਦੀ ਇੱਕ ਵਿਆਪਕ ਰੂਪ-ਰੇਖਾ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਵੱਖ-ਵੱਖ ਸਰਕਾਰੀ ਵਿਭਾਗਾਂ ਜਿਵੇਂ ਕਿ ਲੋਕ ਨਿਰਮਾਣ ਵਿਭਾਗ , ਇੰਪਰੂਵਮੈਂਟ ਟਰੱਸਟ, ਨੈਸ਼ਨਲ ਹਾਈਵੇਅ ਅਤੇ ਨਗਰ ਨਿਗਮ ਵੱਲੋਂ ਕਰੋੜਾਂ ਰੁਪਏ ਦੇ ਇਹ ਪ੍ਰੋਜੈਕਟ ਜ਼ਮੀਨੀ ਪੱਧਰ 'ਤੇ ਉਤਾਰਨ ਦੀ ਤਿਆਰੀ ਖਿੱਚ ਲਈ ਗਈ ਹੈ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ (ਉਸਾਰੀ ਮੰਡਲ) ਵੱਲੋਂ ਸਭ ਤੋਂ ਪਹਿਲਾਂ ਵਾਰਡ ਨੰਬਰ 34 ਵਿੱਚ ਤ੍ਰਿਸ਼ੂਲ ਚੌਂਕ ਦੇ ਨਿਰਮਾਣ 'ਤੇ 20 ਲੱਖ ਰੁਪਏ ਖ਼ਰਚ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ, ਪੀ.ਡਬਲਯੂ.ਡੀ. (ਬੀ ਐਂਡ ਆਰ) ਪ੍ਰਾਂਤਕ ਮੰਡਲ ਨੰਬਰ 1 ਵੱਲੋਂ ਬਾਰਾਂਦਰੀ ਗਾਰਡਨ ਵਿੱਚ ਕੋਠੀ ਨੰਬਰ 4-ਏ ਤੋਂ ਸਰਕਟ ਹਾਊਸ ਵੱਲ ਜਾਂਦੇ

ਗੋਲ ਚੱਕਰ (ਰਾਊਂਡਅਬਾਊਟ) ਅਤੇ ਫੁੱਟਪਾਥ ਦੇ ਨਵੀਨੀਕਰਨ ਲਈ 35 ਲੱਖ ਰੁਪਏ ਅਤੇ ਏਕਤਾ ਐਵੇਨਿਊ ਦੀਆਂ ਅੰਦਰੂਨੀ ਸੜਕਾਂ ਦੀ ਵਿਸ਼ੇਸ਼ ਮੁਰੰਮਤ ਲਈ 42.71 ਲੱਖ ਰੁਪਏ ਦੀ ਭਾਰੀ ਰਾਸ਼ੀ ਖ਼ਰਚ ਕੀਤੀ ਜਾਵੇਗੀ। ਇਲਾਕੇ ਦੇ ਪ੍ਰਾਚੀਨ ਧਾਰਮਿਕ ਸਥਾਨਾਂ ਦਾ ਖ਼ਿਆਲ ਰੱਖਦਿਆਂ ਮਿਰਚ ਮੰਡੀ, ਸਨੌਰੀ ਅੱਡਾ ਵਿਖੇ ਸਥਿਤ ਪੁਰਾਣੇ ਖਸਤਾਹਾਲ ਮੰਦਿਰ ਸ਼੍ਰੀ ਨਾਰਾਇਣ ਦਾਸ ਦੀ ਮੁਰੰਮਤ 'ਤੇ 20 ਲੱਖ ਰੁਪਏ ਲਗਾਏ ਜਾ ਰਹੇ ਹਨ। ਸਰਕਟ ਹਾਊਸ ਵਿਖੇ ਸਰਕਾਰੀ ਕਰਮਚਾਰੀਆਂ ਦੀ ਸਹੂਲਤ ਲਈ ਡਰਾਈਵਰ ਐਨੈਕਸੀ ਦੇ ਨਵੀਨੀਕਰਨ, ਜਿਸ ਵਿੱਚ ਏ.ਸੀ. ਅਤੇ ਵਾਟਰ ਕੂਲਰ ਲਗਾਉਣਾ ਸ਼ਾਮਲ ਹੈ, ਲਈ 1.50 ਲੱਖ ਰੁਪਏ ਰੱਖੇ ਗਏ ਹਨ। ਬਾਰਾਂਦਰੀ ਗਾਰਡਨ ਦੇ ਵਿਕਾਸ ਨੂੰ ਅੱਗੇ ਵਧਾਉਂਦੇ ਹੋਏ ਉੱਥੇ ਇੱਕ ਖੇਡ ਮੈਦਾਨ ਦੇ ਨਿਰਮਾਣ ਅਤੇ ਲਾਈਟਿੰਗ ਦੇ ਪ੍ਰਬੰਧ ਲਈ 3.27 ਲੱਖ ਰੁਪਏ, ਜਦੋਂ ਕਿ ਇਸੇ ਖੇਡ ਮੈਦਾਨ ਵਿੱਚ ਵਾਲੀਬਾਲ, ਬਾਸਕਟਬਾਲ ਪੋਲ ਅਤੇ ਓਪਨ ਪਾਰਕ ਕਸਰਤ ਦੇ ਸਾਮਾਨ ਦੀ ਸਪਲਾਈ ਲਈ 7 ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ। ਦੂਜੇ ਪਾਸੇ, ਨੈਸ਼ਨਲ ਹਾਈਵੇਅ ਡਿਵੀਜ਼ਨ ਵੱਲੋਂ ਰਾਜਪੁਰਾ ਰੋਡ 'ਤੇ ਸਥਿਤ ਟਰੱਕ ਯੂਨੀਅਨ ਨੇੜੇ ਸ਼ਹਿਰ ਦੇ ਐਂਟਰੀ ਪੁਆਇੰਟ ਦੇ ਸੁੰਦਰੀਕਰਨ 'ਤੇ 22 ਲੱਖ ਰੁਪਏ ਖ਼ਰਚ ਕੀਤੇ ਜਾਣਗੇ।ਇਸ ਤੋਂ ਇਲਾਵਾ, 11.92 ਏਕੜ ਸਕੀਮ ਅਧੀਨ ਕੇਦਾਰ ਨਾਥ ਮੰਦਿਰ ਨੇੜੇ ਇੱਕ ਆਧੁਨਿਕ ਕਮਿਊਨਿਟੀ ਸੈਂਟਰ ਦਾ ਨਿਰਮਾਣ 50 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ ਅਤੇ ਪਟਿਆਲਾ-ਰਾਜਪੁਰਾ ਰੋਡ ਤੋਂ ਗੁਰਦੁਆਰਾ ਬ੍ਰਹਮ ਗਿਆਨੀ ਭਾਈ ਜੱਸਾ ਸਿੰਘ (ਮਥੁਰਾ ਕਲੋਨੀ) ਤੱਕ ਸੀ.ਸੀ. ਸੜਕ ਬਣਾਉਣ ਲਈ 18.33 ਲੱਖ ਰੁਪਏ ਅਲਾਟ ਕੀਤੇ ਗਏ ਹਨ। ਸ਼ਹਿਰ ਦੇ ਅੰਦਰੂਨੀ ਵਾਰਡਾਂ ਦੀ ਨੁਹਾਰ ਬਦਲਣ ਦੀ ਵੱਡੀ ਜ਼ਿੰਮੇਵਾਰੀ ਨਗਰ ਨਿਗਮ ਪਟਿਆਲਾ ਨੂੰ ਸੌਂਪੀ ਗਈ ਹੈ। ਨਿਗਮ ਵੱਲੋਂ ਭੂਤਨਾਥ ਮੰਦਿਰ ਦੀ ਸੀ.ਸੀ. ਸੜਕ ਦੀ ਉਸਾਰੀ 'ਤੇ 70 ਲੱਖ ਰੁਪਏ ਅਤੇ ਵਾਰਡ ਨੰਬਰ 49 ਵਿੱਚ ਸ਼ਹੀ ਦਵਾਖਾਨਾ ਨੇੜੇ ਇੱਕ ਵੱਡੇ ਹਾਲ ਦੇ ਨਿਰਮਾਣ 'ਤੇ ਵੀ 70 ਲੱਖ ਰੁਪਏ ਖ਼ਰਚ ਕੀਤੇ ਜਾਣਗੇ। ਵਾਰਡ ਨੰਬਰ 32 ਵਿੱਚ ਵਿਕਾਸ ਕਾਰਜਾਂ ਦੀ ਝੜੀ ਲਗਾਉਂਦੇ ਹੋਏ ਜਗਦੀਸ਼ ਕਲੋਨੀ ਧਰਮਸ਼ਾਲਾ ਦੇ ਬਾਕੀ ਰਹਿੰਦੇ ਕੰਮ ਲਈ 12 ਲੱਖ ਰੁਪਏ, ਜੱਸਾ ਸਿੰਘ ਗੁਰਦੁਆਰਾ ਦੇ ਨਾਲ ਲੱਗਦੇ ਕਮਿਊਨਿਟੀ ਹਾਲ ਦੇ ਨਿਰਮਾਣ ਲਈ 18 ਲੱਖ ਰੁਪਏ ਅਤੇ ਛੋਟਾ ਅਰਾਈਂ ਮਾਜਰਾ ਧਰਮਸ਼ਾਲਾ ਦੇ ਨਵੀਨੀਕਰਨ ਲਈ 10 ਲੱਖ ਰੁਪਏ ਜਾਰੀ ਕੀਤੇ ਗਏ ਹਨ। ਇਸੇ ਤਰ੍ਹਾਂ ਡਕਾਲਾ ਚੁੰਗੀ ਨੇੜੇ ਵਿਸ਼ਵਕਰਮਾ ਭਵਨ ਦੇ ਨਿਰਮਾਣ ਲਈ 50 ਲੱਖ ਰੁਪਏ ਦਾ ਬਜਟ ਰੱਖਿਆ ਗਿਆ ਹੈ। ਸਮਾਜਿਕ ਸਾਂਝੇ ਸਥਾਨਾਂ ਨੂੰ ਮਜ਼ਬੂਤ ਕਰਦਿਆਂ ਵਾਰਡ ਨੰਬਰ 41 ਦੀ ਰਵਿਦਾਸ ਧਰਮਸ਼ਾਲਾ ਵਿੱਚ ਸ਼ੈੱਡ ਅਤੇ ਬੁਨਿਆਦੀ ਢਾਂਚੇ ਲਈ 10 ਲੱਖ ਰੁਪਏ ਅਤੇ ਵਾਰਡ ਨੰਬਰ 1 ਦੀ ਵਿਸ਼ਵਕਰਮਾ ਧਰਮਸ਼ਾਲਾ ਵਿੱਚ ਸ਼ੈੱਡ ਪਾਉਣ ਲਈ 6 ਲੱਖ ਰੁਪਏ ਦਿੱਤੇ ਗਏ ਹਨ। ਵਾਰਡ ਨੰਬਰ 47 ਵਿੱਚ ਵੱਡੇ ਪੱਧਰ 'ਤੇ ਕੰਮ ਸ਼ੁਰੂ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਪ੍ਰਜਾਪਤੀ ਧਰਮਸ਼ਾਲਾ ਦੇ ਨਵੀਨੀਕਰਨ ਲਈ 5 ਲੱਖ, ਬੀ. ਟੈਂਕ ਪਾਰਕ ਦੇ ਸੁਧਾਰ ਲਈ 3 ਲੱਖ ਅਤੇ ਓਲਡ ਪ੍ਰੈੱਸ ਰੋਡ ਪਾਰਕ ਵਿਖੇ ਨਵੇਂ ਬੈਡਮਿੰਟਨ ਕੋਰਟ ਦੀ ਉਸਾਰੀ ਲਈ 12 ਲੱਖ ਰੁਪਏ ਸ਼ਾਮਲ ਹਨ। ਸ਼ਹਿਰ ਦੇ ਇਤਿਹਾਸਕ ਕਿਲਾ ਚੌਂਕ, ਖੱਦਰ ਭੰਡਾਰ ਅਤੇ ਏ-ਟੈਂਕ ਦੇ ਸਾਹਮਣੇ ਸੀ.ਸੀ. ਫਲੋਰਿੰਗ ਲਗਾਉਣ ਦੇ ਅਹਿਮ ਕਾਰਜ 'ਤੇ 72.15 ਲੱਖ ਰੁਪਏ ਖ਼ਰਚ ਹੋਣਗੇ। ਇਸ ਦੇ ਨਾਲ ਹੀ ਵਾਰਡ ਨੰਬਰ 48 ਵਿੱਚ ਕ੍ਰਿਸ਼ਨਾ ਕਲੋਨੀ ਧਰਮਸ਼ਾਲਾ ਦੇ ਨਵੀਨੀਕਰਨ ਲਈ 10 ਲੱਖ ਰੁਪਏ ਅਤੇ ਬਹਾਵਲਪੁਰ ਧਰਮਸ਼ਾਲਾ ਦੇ ਰਹਿੰਦੇ ਕੰਮਾਂ ਲਈ 9.35 ਲੱਖ ਰੁਪਏ ਮਨਜ਼ੂਰ ਹੋਏ ਹਨ। ਵਾਰਡ ਨੰਬਰ 46 ਵਿੱਚ ਹੀ ਕਵਰਡ ਨਾਲੇ (ਢਕੇ ਹੋਏ ਨਾਲੇ) ਤੋਂ ਅਮਰ ਆਸ਼ਰਮ ਤੱਕ ਸੜਕ ਬਣਾਉਣ ਲਈ 25 ਲੱਖ ਰੁਪਏ ਰੱਖੇ ਗਏ ਹਨ। ਆਮ ਲੋਕਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਬਡੂੰਗਰ ਸ਼ਮਸ਼ਾਨਘਾਟ ਦੇ ਸਾਹਮਣੇ ਇੰਟਰਲਾਕਿੰਗ ਟਾਈਲਾਂ ਲਗਾਉਣ 'ਤੇ 50.93 ਲੱਖ ਰੁਪਏ ਖ਼ਰਚ ਕੀਤੇ ਜਾਣਗੇ ਅਤੇ ਰਾਮ ਲੀਲਾ ਗਰਾਊਂਡ ਦੇ ਬਾਕੀ ਰਹਿੰਦੇ ਕੰਮਾਂ ਨੂੰ ਪੂਰਾ ਕਰਨ ਲਈ 15 ਲੱਖ ਰੁਪਏ ਜਾਰੀ ਹੋਏ ਹਨ। ਸ਼ਹਿਰ ਦੇ ਸੁੰਦਰੀਕਰਨ ਅਤੇ ਪਛਾਣ ਨੂੰ ਮਜ਼ਬੂਤ ਕਰਨ ਲਈ ਵਾਰਡ ਨੰਬਰ 52 ਵਿੱਚ ਧੀਰੂ ਨਗਰ ਗੇਟ ਦੀ ਉਸਾਰੀ ਲਈ 10 ਲੱਖ ਰੁਪਏ ਅਤੇ ਮਹਾਰਾਜਾ ਅਗਰਸੈਨ ਚੌਂਕ ਵਿਖੇ ਇੱਕ ਨਵਾਂ ਸ਼ਾਨਦਾਰ ਬੁੱਤ ਸਥਾਪਿਤ ਕਰਨ ਲਈ 10 ਲੱਖ ਰੁਪਏ ਰਾਖਵੇਂ ਕੀਤੇ ਗਏ ਹਨ। ਇਸ ਤੋਂ ਇਲਾਵਾ ਮੀਰਕੁੰਦਲਾ ਧਰਮਸ਼ਾਲਾ ਦੀ ਮੁਰੰਮਤ ਲਈ 10 ਲੱਖ, ਸ਼੍ਰੀ ਰਾਧਾ ਕ੍ਰਿਸ਼ਨ ਸੇਵਾ ਸਮਿਤੀ ਦੇ ਨਵੇਂ ਕਮਰੇ ਦੇ ਨਿਰਮਾਣ ਲਈ 15 ਲੱਖ, ਖ਼ਾਲਸਾ ਮੁਹੱਲਾ ਧਰਮਸ਼ਾਲਾ ਲਈ 10 ਲੱਖ ਅਤੇ ਜੈ ਜਵਾਨ ਕਲੋਨੀ ਧਰਮਸ਼ਾਲਾ ਦੇ ਨਵੀਨੀਕਰਨ ਲਈ 10 ਲੱਖ ਰੁਪਏ ਦਿੱਤੇ ਗਏ ਹਨ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਨ੍ਹਾਂ ਸਾਰੇ 40 ਪ੍ਰੋਜੈਕਟਾਂ ਦੇ ਲਾਗੂ ਹੋਣ ਨਾਲ ਪਟਿਆਲਾ ਦੇ ਬੁਨਿਆਦੀ ਢਾਂਚੇ ਵਿੱਚ ਇੱਕ ਵੱਡਾ ਇਨਕਲਾਬੀ ਬਦਲਾਅ ਦੇਖਣ ਨੂੰ ਮਿਲੇਗਾ।

ਵਾਹਿਗੁਰੂ ਜੀ ਕਾ ਖ਼ਾਲਸਾ॥
ਵਾਹਿਗੁਰੂ ਜੀ ਕੀ ਫ਼ਤਹਿ॥
ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
12-6-2026
ਦਿਨ-ਸ਼ੁੱਕਰਵਾਰ

ਭਾਈ ਤਖ਼ਤ ਸਿੰਘ ਜੀ ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਗੁਰਦੁਆਰਾ ਖ਼ਾਲਸਾ ਜੰਗੀ ਜੱਥਾ (ਰਾਘੋ ਮਾਜਰਾ) ਪਟਿਆਲਾ।
ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074
ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ

ਪਟਿਆਲਾ-ਆਸ/ਪਾਸ

ਪੰਜਾਬੀ ਯੂਨੀਵਰਸਿਟੀ ਦੇ ਗ਼ੈਰ-ਅਧਿਆਪਨ ਕਰਮਚਾਰੀਆਂ ਦੀ ਵਿਸ਼ੇਸ਼ ਇਕੱਤਰਤਾ

ਪਟਿਆਲਾ, 11 ਜੂਨ (ਰੁਪਾਣਾ) : ਅੱਜ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਗੈਰ ਅਧਿਆਪਨ ਕਰਮਚਾਰੀਆਂ ਦੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਸਾਇੰਸ ਆਡੀਟੋਰੀਅਮ ਵਿਖੇ ਮੁਲਾਜ਼ਮਾਂ ਦੀ ਮੰਗ ਉਤੇ ਰੱਖੇ ਪ੍ਰੋਗਰਾਮ ਵਿੱਚ ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੇ ਆਗੂਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਪਿਛਲੇ ਲੰਮੇ ਸਮੇਂ ਤੋਂ ਯੂਨੀਵਰਸਿਟੀ ਦੇ ਯੂਨੀਵਰਸਿਟੀ ਦੇ ਕਰਮਚਾਰੀਆਂ ਦੇ ਨਜ਼ਰ ਅੰਦਾਜ਼ ਕੀਤੇ ਜਾਂ ਰਹੇ ਮਸਲਿਆਂ ਬਾਰੇ ਗੰਭੀਰਤਾ ਨਾਲ ਗੱਲਬਾਤ ਕੀਤੀ ਗਈ।ਗੈਰ ਅਧਿਆਪਨ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਲਈ ਹੋਂਦ ਵਿੱਚ ਆਈ ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੀ ਪਹਿਲੀ ਰਸਮੀ ਬੈਠਕ ਯੂਨੀਵਰਸਿਟੀ ਕਾਮਿਆਂ ਵੱਲੋਂ ਦਿੱਤੇ ਭਰਵੇਂ ਹੁੰਗਾਰੇ ਨਾਲ ਕਾਮਯਾਬ ਰਹੀਂ। ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਆਗੂਆਂ ਵੱਲੋਂ ਸਟੇਜ 'ਤੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ ਗਏ। ਕੱਚੇ ਕਾਮਿਆਂ ਨੂੰ ਵਰਕਚਾਰਜ ਕਰਨ, ਐਡਹਾਕ ਤੋਂ ਰੈਗੂਲਰ, ਹਾਰਟੀਕਲਚਰ ਕਾਮਿਆਂ ਦੀਆਂ ਸਮੱਸਿਆਂਵਾਂ ਨੂੰ ਹੱਲ ਕਰਨ, ਸੀ ਵਰਗ ਕਰਮਚਾਰੀਆਂ ਦੇ ਟਾਈਪ ਟੈਸਟ, ਸੇਵਾਮੁਕਤੀ ਸਮੇਂ ਅਦਾਇਗੀਆਂ ਯਕੀਨੀ ਬਣਾਉਣ, ਪੈਨਸ਼ਨ ਪ੍ਰਕਿਰਿਆ

ਨੂੰ ਸਰਲ ਬਣਾਉਣ, ਕਰਮਚਾਰੀਆਂ ਦੇ ਮਾਣ ਸਨਮਾਨ ਨੂੰ ਯਕੀਨੀ ਬਣਾਉਣ, ਤਨਖਾਹਾਂ ਦੀ ਅਦਾਇਗੀ ਸਮੇਂ ਸਿਰ ਕਰਨ, ਮੁਲਾਜ਼ਮਾਂ ਦੀਆਂ ਤਰੱਕੀਆਂ ਕਰਨ ਆਦਿ ਕਈ ਗੰਭੀਰ ਮੁਦਿਆਂ 'ਤੇ ਅਹਿਮ ਵਿਚਾਰਾਂ ਕੀਤੀਆਂ ਗਈਆਂ। ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੇ ਆਗੂ ਪ੍ਰਕਾਸ਼ ਸਿੰਘ ਧਾਲੀਵਾਲ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਉਂਦੇ ਹੋਏ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਸਬੰਧੀ ਵੱਖ ਵੱਖ ਆਗੂਆਂ ਨੂੰ ਮੁਲਾਜ਼ਮਾਂ ਦੇ ਰੂਬਰੂ ਕਰਵਾਇਆ। ਮੀਟਿੰਗ ਦੇ ਅਖੀਰਲੇ ਪੜਾਅ ਦੌਰਾਨ ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੇ ਕਨਵੀਨਰ ਅਮਰਜੀਤ ਕੌਰ ਗਿੱਲ ਨੇ ਇਕੱਤਰ ਕਰਮਚਾਰੀਆਂ ਨੂੰ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵੱਲੋਂ ਵੱਖ ਵੱਖ ਕੇਡਰਾ ਦੇ ਨਜ਼ਰ ਅੰਦਾਜ਼ ਕੀਤੇ ਗਏ ਕੰਮਾਂ ਨੂੰ ਲੈਕੇ ਵਾਈਸ ਚਾਂਸਲਰ ਡਾਕਟਰ ਜਗਦੀਪ ਸਿੰਘ ਨਾਲ ਜਲਦ ਮੁਲਾਕਾਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਵੱਲੋਂ ਭੇਜੇ ਏਜੰਡੇ ਤਹਿਤ ਐਡਹਾਕ ਕਲਰਕਾ ਨੂੰ ਰੈਗੂਲਰ ਕਰਾਉਣ ਅਤੇ ਸਫ਼ਾਈ ਸੇਵਕਾਂ ਨੂੰ ਵਰਕਚਾਰਜ ਕਰਾਉਣ ਸਬੰਧੀ ਮੀਟਿੰਗਾਂ ਵਿਭਾਗੀ ਕਾਰਵਾਈ ਅਧੀਨ ਹਨ, ਜਿਨਾ ਨੂੰ ਜਲਦ ਪੂਰਾ ਕਰਵਾਉਣ ਲਈ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਰਾਬਤਾ ਕਾਇਮ ਕੀਤਾ ਜਾਵੇਗਾ। ਮੁਲਾਜ਼ਮ ਆਗੂ ਪ੍ਰਕਾਸ਼ ਸਿੰਘ ਧਾਲੀਵਾਲ ਅਤੇ ਅਮਰਜੀਤ ਕੌਰ ਗਿੱਲ ਨੇ ਦੱਸਿਆ ਕਿ ਇਹ ਕਮੇਟੀ ਕਿਸੇ ਵਿਅਕਤੀ ਵਿਸ਼ੇਸ਼ ਦੀ ਨਹੀਂ ਸਗੋਂ ਸਾਰੇ ਮੁਲਾਜ਼ਮਾਂ ਦੀ ਆਪਣੀ ਏਕਤਾ ਸੰਘਰਸ਼ ਕਮੇਟੀ ਹੈ। ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਜਲਦ ਮੁਲਾਜ਼ਮਾਂ ਦੇ ਲੰਬਿਤ ਪਏ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਅੱਜ ਦੀ ਬੈਠਕ ਵਿਚ ਅਮਰਜੀਤ ਕੌਰ ਗਿੱਲ, ਪ੍ਰਕਾਸ਼ ਸਿੰਘ ਧਾਲੀਵਾਲ, ਸੰਦੀਪ ਰਾਜਪੁਰਾ ਸਕੱਤਰ, ਮਨਜੀਤ ਸਿੰਘ ਖਜ਼ਾਨਚੀ, ਸ੍ਰੀਮਤੀ ਰਜਨੀ, ਰਮਨਜੀਤ ਕੌਰ, ਸੁਨੀਤਾ, ਨੀਲਮ, ਸੁਰਿੰਦਰ ਕੌਰ, ਮਮਤਾ ਰਾਣੀ, ਗੁਰਜੀਤ ਕੌਰ, ਪਰਮਜੀਤ ਕੌਰ, ਕਰਮਜੀਤ ਕੌਰ, ਰਵਿੰਦਰ ਕੌਰ, ਕੁਲਦੀਪ ਸਿੰਘ, ਗੁਰਤੇਜ ਸਿੰਘ, ਜਤਿੰਦਰ ਸਿੰਘ ਕਾਲਾ, ਰਾਜੇਸ਼ ਗੱਗੂ, ਉਂਕਾਰ ਸਿੰਘ ਬਾਦਲ, ਕੁਲਵੰਤ ਸਿੰਘ ਹਾਰਟੀਕਲਚਰ, ਇੰਦਰ ਕੁਮਾਰ ਰਾਣਾ, ਸੁਖਦੀਪ ਸਿੰਘ, ਅਕਸ਼ੈ, ਗੁਰਪ੍ਰੀਤ ਸਿੰਘ, ਜਗਤਾਰ ਸਿੰਘ ਲੱਕੀ, ਕੰਵਲਜੀਤ ਸਿੰਘ, ਗੁਰਧਿਆਨ ਸਿੰਘ, ਸ਼ਿਵਾਨੀ ਵਰਮਾ ਹਰਪ੍ਰੀਤ ਰਾਣੀ, ਕਮਲਜੀਤ ਕੌਰ, ਨਾਇਬ ਲੀਗਲ ਸੈਲ, ਪੂਨਮ, ਗੁਰਸ਼ਰਨ ਦੀਪ ਕੌਰ, ਅਮਨਦੀਪ, ਬਾਹਰਲੇ ਸੈਂਟਰਾਂ, ਕੈਂਪਸਾਂ ਆਦਿ ਵੱਡੀ ਗਿਣਤੀ ਵਿੱਚ ਮੁਲਾਜ਼ਮ ਸ਼ਾਮਲ ਹੋਏ।

ਹਰਚੰਦ ਸਿੰਘ ਬਰਸਟ ਵੱਲੋਂ ਵਿਕਾਸ ਪ੍ਰੋਜੈਕਟ ਦਾ ਉਦਘਾਟਨ

➢ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਸ਼ੇਖੂਪੁਰ ਵਿਖੇ ਰਿਬਨ ਕੱਟ ਕੇ 12 ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਕਰਵਾਏ ਸ਼ੁਰੂ

ਸਮਾਣਾ, 11 ਜੂਨ (ਵਿਜੇ ਕੁਮਾਰ) : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ। ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸੜਕਾਂ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਪੱਧਰ 'ਤੇ ਕਾਰਜ ਚੱਲ ਰਹੇ ਹਨ। ਇਸੇ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਪਿੰਡ ਸ਼ੇਖੂਪੁਰ ਵਿਖੇ ਆਯੋਜਿਤ ਵਿਸ਼ੇਸ਼ ਸਮਾਗਮ ਦੌਰਾਨ ਰਿਬਨ ਕੱਟ ਕੇ ਸੜਕ ਦੇ ਨਿਰਮਾਣ ਕਾਰਜਾਂ ਦੀ ਰਸਮੀ ਸ਼ੁਰੂਆਤ ਕੀਤੀ ਗਈ।ਇਸ ਪ੍ਰੋਜੈਕਟ ਤਹਿਤ ਪਟਿਆਲਾ-ਸੰਗਰੂਰ ਰੋਡ ਤੋਂ ਭਵਾਨੀਗੜ੍ਹ-ਨਾਭਾ ਰੋਡ ਵਾਇਆ ਸ਼ੇਖੂਪੁਰ, ਬਨੇਰਾ ਕਲਾਂ, ਨਿਰਵਾਨਾ, ਅਗੇਤੀ ਤੱਕ 12 ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ ਕੀਤਾ ਜਾਵੇਗਾ। ਇਸ ਸੜਕ ਦੇ ਬਣਨ 'ਤੇ ਕਰੀਬ 8.89 ਕਰੋੜ ਰੁਪਏ ਦੀ ਲਾਗਤ ਆਵੇਗੀ, ਜਿਸ ਨਾਲ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਇਹ ਪ੍ਰੋਜੈਕਟ ਇਲਾਕੇ ਦੇ ਵਿਕਾਸ ਵਿੱਚ ਮੀਲ ਪੱਥਰ ਸਾਬਤ

ਹੋਵੇਗੀ। ਇਸ ਮੌਕੇ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਕਿਸਾਨਾਂ, ਵਿਦਿਆਰਥੀਆਂ, ਵਪਾਰੀਆਂ ਅਤੇ ਆਮ ਲੋਕਾਂ ਨੂੰ ਵੱਡਾ ਲਾਭ ਮਿਲੇਗਾ। ਇਸ ਸੜਕ ਦੇ ਨਿਰਮਾਣ ਨਾਲ ਖੇਤਰ ਵਿੱਚ ਆਰਥਿਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲੇਗਾ ਅਤੇ ਲੋਕਾਂ ਦਾ ਸਮਾਂ ਅਤੇ ਯਾਤਰਾ ਖਰਚ ਘਟੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿਕਾਸ ਕਾਰਜਾਂ ਵਿੱਚ ਪੂਰੀ ਪਾਰਦਰਸ਼ਤਾ ਅਤੇ ਗੁਣਵੱਤਾ ਨੂੰ ਯਕੀਨੀ ਬਣਾ ਰਹੀ ਹੈ। ਸੜਕਾਂ ਦੇ ਨਿਰਮਾਣ ਕਾਰਜ ਵਿੱਚ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ। ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਸਮਾਗਮ ਦੌਰਾਨ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦਾ ਪਿੰਡ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਬਲਕਾਰ ਰਾਜਗੜ੍ਹ ਵਾਇਸ ਚੇਅਰਮੈਨ ਬਲਾਕ ਸੰਮਤੀ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸੰਮਤੀ ਮੈਂਬਰ, ਹਰਦੀਪ ਸਿੰਘ ਸ਼ੇਖੂਪੁਰ (ਕਿਸਾਨ ਯੂਨੀਅਨ), ਜਸਵਿੰਦਰ ਸਿੰਘ ਸਰਪੰਚ ਸੁਲਤਾਲਪੁਰ, ਜਗਤਾਰ ਸਿੰਘ ਸਰਪੰਚ ਸ਼ੇਖੂਪੁਰ, ਸੁਖਚੈਨ ਸਿੰਘ ਸਰਪੰਚ ਖੂੰਟੀ ਛੰਨਾ, ਅਮਰਜੀਤ ਸਿੰਘ ਸਰਪੰਚ ਭੇਡਪੁਰਾ, ਸਤਿਗੁਰ ਸਿੰਘ ਸਰਪੰਚ ਤਰੋੜਾ ਕਲਾਂ, ਰਾਮ ਸਿੰਘ ਸਰਪੰਚ ਫਤਿਹਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਅਕਾਸ਼ਦੀਪ ਸਿੰਘ ਸਰਪੰਚ ਬਨੇਰਾ ਖੁਰਦ, ਗਿਨੀ ਖੰਗੂੜਾ ਵਾਇਸ ਕੋਆਰਡੀਨੇਟਰ ਹਲਕਾ ਸਮਾਣਾ ਯੁੱਧ ਨਸ਼ਿਆ ਵਿਰੁੱਧ, ਕਰਨੈਲ ਸਿੰਘ ਮਹਿਮਦਪੁਰ, ਚਰਨਜੀਤ ਸਿੰਘ, ਲਾਲ ਸਿੰਘ, ਮਨਜੀਤ ਸਿੰਘ, ਹਰਜਿੰਦਰ ਸਿੰਘ, ਗੁਰਤੇਜ ਸਿੰਘ, ਜਗਸੀਰ ਸਿੰਘ, ਹਰਜੀਤ ਸਿੰਘ, ਸੱਜੂ ਸਿੰਘ, ਰਘਵੀਰ ਸਿੰਘ, ਕੁਲਦੀਪ ਸਿੰਘ, ਹਰਬੰਸ ਸਿੰਘ, ਹਰਬਿੰਦਰ ਸਿੰਘ ਰਾਠੀ, ਸੋਨੂੰ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

ਜਨਤਕ ਥਾਵਾਂ 'ਤੇ ਤੇਜ਼ਧਾਰ ਹਥਿਆਰ ਲੈ ਕੇ ਜਾਣ 'ਤੇ ਮਨਾਹੀ ਦੇ ਹੁਕਮ

ਪਟਿਆਲਾ, 11 ਜੂਨ (ਵਿਨੋਦ ਸ਼ਰਮਾ) : ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੁਪ੍ਰਿਤਾ ਜੌਹਲ ਨੇ ਜ਼ਿਲ੍ਹੇ ਵਿੱਚ ਅਮਨ ਕਾਨੂੰਨ ਕਾਇਮ ਰੱਖਣ ਅਤੇ ਲੋਕ ਹਿਤ ਵਿੱਚ ਸ਼ਾਂਤੀ ਬਰਕਰਾਰ ਰੱਖਣ ਲਈ ਜ਼ਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਜਨਤਕ ਥਾਵਾਂ 'ਤੇ ਅਗਨ ਸ਼ਸ਼ਤਰ, ਅਸਲਾ, ਵਿਸਫੋਟਕ, ਜਲਣਸ਼ੀਲ, ਚੀਜ਼ਾਂ, ਤੇਜ਼ਧਾਰ ਹਥਿਆਰ ਜਿਵੇਂ ਕਿ ਟਕੂਏ, ਬਰਛੇ, ਤ੍ਰਿਸ਼ੂਲ ਆਦਿ ਸ਼ਾਮਲ ਹਨ, ਨੂੰ ਚੁੱਕਣ 'ਤੇ ਪਾਬੰਦੀ ਲਗਾਈ ਹੈ। ਇਹ ਹੁਕਮ ਦਿਵਿਆਂਗ/ਬਿਰਧ ਵਿਅਕਤੀ (ਜੋ ਬਿਨਾਂ ਡੰਡੇ ਲਾਠੀ ਦੇ ਸਹਾਰੇ ਤੋਂ ਚੱਲ ਨਹੀਂ ਸਕਦੇ) ਅਤੇ ਸੁਰੱਖਿਆ ਅਮਲੇ/ਡਿਊਟੀ 'ਤੇ ਤਾਇਨਾਤ ਪੁਲਿਸ ਅਮਲੇ 'ਤੇ ਲਾਗੂ ਨਹੀਂ ਹੋਵੇਗਾ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

'ਐਸੀ ਹੋਤੀ ਹੈ ਲੜਕੀਆਂ' ਹਿੰਦੀ ਨਾਟਕ ਦਾ ਮੰਚਨ ਭਲਕੇ

ਪਟਿਆਲਾ, 11 ਜੂਨ (ਚ.ਨ.ਸ) : ਉੱਤਰੀ ਖੇਤਰ ਸੱਭਿਆਚਾਰਕ ਕੇਂਦਰ (ਭਾਰਤ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ) ਵੱਲੋਂ ਆਯੋਜਿਤ ਮਾਸਿਕ ਥੀਏਟਰ ਲੜੀ ਦੇ ਹਿੱਸੇ ਵਜੋਂ, ਹਿੰਦੀ ਨਾਟਕ 'ਐਸੀ ਹੋਤੀ ਹੈ ਲੜਕੀਆਂ' ਦਾ ਮੰਚਨ 13 ਜੂਨ ਨੂੰ ਫੈਥ ਇਨ ਥੀਏਟਰ ਕੁਰੂਕਸ਼ੇਤਰ ਦੇ ਕਲਾਕਾਰਾਂ ਵੱਲੋਂ ਦਿਨ ਸ਼ਨੀਵਾਰ ਨੂੰ ਸ਼ਾਮ 6:30 ਵਜੇ ਕਾਲੀ ਦਾਸ ਆਡੀਟੋਰੀਅਮ, ਵਿਰਸਾ ਵਿਹਾਰ ਸੈਂਟਰ, ਨੇੜੇ ਭਾਸ਼ਾ ਭਵਨ ਸ਼ੇਰਾ ਵਾਲਾ ਗੇਟ, ਪਟਿਆਲਾ ਵਿਖੇ ਕੀਤਾ ਜਾਵੇਗਾ। ਇਹ ਨਾਟਕ ਡਾਕਟਰ ਰਿਸ਼ੀਪਾਲ ਯੋਗੀ ਦੁਆਰਾ ਲਿਖਿਆ ਅਤੇ ਨਿਰਦੇਸ਼ਿਤ ਕੀਤਾ ਗਿਆ ਹੈ। ਉੱਤਰੀ ਖੇਤਰ ਸੱਭਿਆਚਾਰਕ ਕੇਂਦਰ, ਪਟਿਆਲਾ ਦੇ ਨਿਰਦੇਸ਼ਕ ਐਮ. ਫੁਰਕਾਨ ਖਾਨ ਨੇ ਸਾਰੇ ਥੀਏਟਰ ਕਲਾਕਾਰਾਂ, ਕਲਾ ਪ੍ਰੇਮੀਆਂ ਅਤੇ ਸ਼ਹਿਰ ਨਿਵਾਸੀਆਂ ਨੂੰ ਨਾਟਕ ਦੇਖਣ ਲਈ ਖੁੱਲ੍ਹਾ ਸੱਦਾ ਦਿੱਤਾ ਹੈ ਅਤੇ ਦਾਖਲਾ ਮੁਫ਼ਤ ਹੈ।

ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਭਲਕੇ

ਪਟਿਆਲਾ, 11 ਜੂਨ (ਚ.ਨ.ਸ) : ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ ਪਟਿਆਲਾ ਦੀ ਮਹੀਨਾਵਾਰ ਬੈਠਕ 13 ਜੂਨ ਨੂੰ ਸਵੇਰੇ 9.30 ਵਜੇ ਅਣਖੀ ਭਵਨ ਫੈਕਟਰੀ ਏਰੀਆ, ਪਟਿਆਲਾ ਵਿਖੇ ਸ: ਭਿੰਦਰ ਸਿੰਘ ਚਹਿਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਵੇਗੀ। ਭਿੰਦਰ ਸਿੰਘ ਚਹਿਲ ਨੇ ਦੱਸਿਆ ਕਿ ਬੈਠਕ ਵਿਚ ਯੂਨਿਟ ਪ੍ਰਧਾਨ ਵੱਲੋਂ ਸੂਬਾ ਕਾਰਜਕਾਰਨੀ ਦੇ ਫ਼ੈਸਲਿਆਂ ਤੋਂ ਜਾਣੂੰ ਕਰਵਾਇਆ ਜਾਵੇਗਾ ਅਤੇ ਪ੍ਰੋਫੈਸਰ ਬਲਵੀਰ ਸਿੰਘ ਬੱਲੀ ਵੱਲੋਂ ਮਹੱਤਵਪੂਰਨ ਵਿਸ਼ੇ 'ਤੇ ਵਿਚਾਰ ਗੋਸ਼ਟੀ ਕੀਤੀ ਜਾਵੇਗੀ। ਉਨ੍ਹਾਂ ਸਮੂਹ ਮੈਂਬਰਾਂ ਨੂੰ ਅਪੀਲ ਕੀਤੀ ਕਿ ਬੈਠਕ ਵਿੱਚ ਨਿਰਧਾਰਤ ਸਮੇਂ ਅਨੁਸਾਰ ਸ਼ਮੂਲੀਅਤ ਕੀਤੀ ਜਾਵੇ।

ਪੀ.ਆਰ.ਟੀ.ਸੀ. ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

ਪਟਿਆਲਾ, 11 ਜੂਨ (ਦੀਪਕ ਜੈਦਕਾ) : ਪੀ.ਆਰ.ਟੀ.ਸੀ. ਪੈਨਸ਼ਨਰਜ਼ ਐਸੋਸੀਏਸ਼ਨ ਪਟਿਆਲਾ ਡਿਪੂ ਮਹੀਨਾਵਾਰ ਮੀਟਿੰਗ ਪੁਰਾਣਾ



ਬੱਸ ਸਟੈਂਡ ਪਟਿਆਲਾ ਵਿਖੇ ਹੋਈ। ਜਿਸ ਵਿੱਚ ਮੌਜੂਦਾ ਹਲਾਤਾਂ ਉੱਤੇ ਭਰਪੂਰ ਵਿਚਾਰ ਵਟਾਂਦਰਾ ਕੀਤਾ ਗਿਆ। ਮੈਂਬਰਾਂ ਨੇ ਪਹਿਲਾਂ ਤਾਂ 80 ਪ੍ਰਤੀਸ਼ਤ ਪੈਨਸ਼ਨ ਪਾਉਣ ਲਈ ਅਤੇ ਬਿਜਲੀ ਬੋਰਡ ਦੇ ਦਫਤਰ ਸਾਹਮਣੇ ਸ਼ਾਂਤਮਈ ਮੁਜਾਹਰਾ ਕਰ ਰਹੇ ਬੇਰੋਜ਼ਗਾਰਾਂ ਉੱਤੇ ਲਾਠੀਚਾਰਜ ਕੀਤੇ ਗਏ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਡੀ.ਏ. ਦੀ ਅਦਾਇਗੀ ਲਈ ਕੀਤੀ ਜਾ ਰਹੀ ਟਾਲ ਮਟੋਲ ਦੀ ਨੀਤੀ ਦੀ ਵੀ ਨਿਖੇਧੀ ਕੀਤੀ ਗਈ। ਮੀਟਿੰਗ ਵਿੱਚ ਜਸਵਿੰਦਰ ਸਿੰਘ ਪ੍ਰਧਾਨ, ਸ਼ਿਵ ਕੁਮਾਰ ਸ਼ਰਮਾ ਸਕੱਤਰ ਜਨਰਲ, ਬਲਵੰਤ ਸਿੰਘ ਵਿੱਤ ਸਕੱਤਰ, ਸੂਰਜ ਭਾਨ ਜਨਰਲ ਸਕੱਤਰ, ਸ਼ਾਦੀ ਸਿੰਘ, ਲਲਕਾਰ ਸਿੰਘ, ਨਿਰਪਾਲ ਸਿੰਘ ਅਤੇ ਮੁਲਤਾਨੀ ਆਦਿ ਨੇ ਵੀ ਸੰਬੋਧਨ ਕੀਤਾ। ਮੀਟਿੰਗ ਦੀ ਪ੍ਰਧਾਨਗੀ ਜੋਗਿੰਦਰ ਸਿੰਘ ਪ੍ਰਧਾਨ ਨੇ ਕੀਤੀ ਅਤੇ ਸਟੇਜ਼ ਦੀ ਜਿੰਮੇਵਾਰੀ ਸ਼ਿਵ ਕੁਮਾਰ ਸ਼ਰਮਾ ਨੇ ਬਾਖੂਬੀ ਨਿਭਾਈ। ਇਸ ਤੋਂ ਇਲਾਵਾ 75 ਸਾਲ ਹੋਣ ਤੇ ਸ੍ਰੀ ਸ਼ਿਵ ਦਿਆਲ ਨੂੰ ਸਨਮਾਨਿਤ ਕੀਤਾ ਗਿਆ।

ਸ਼ਹਿਬਾਜ਼ ਰਾਣਾ ਨੂੰ ਮੁਸਲਿਮ ਵਿਕਾਸ ਬੋਰਡ ਦਾ ਚੇਅਰਮੈਨ ਨਿਯੁਕਤ ਕਰਨ 'ਤੇ 'ਆਪ' ਆਗੂਆਂ ਵੱਲੋਂ ਮੁੱਖ ਮੰਤਰੀ ਮਾਨ ਦਾ ਧੰਨਵਾਦ

ਮਲੇਰਕੋਟਲਾ, 11 ਜੂਨ (ਬਲਜੀਤ ਸਿੰਘ ਟਿੱਬਾ) : ਆਮ ਆਦਮੀ ਪਾਰਟੀ ਵੱਲੋਂ ਮਾਲੇਰਕੋਟਲਾ ਵਿੱਚ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਮੁਸਲਿਮ ਭਾਈਚਾਰੇ ਨਾਲ ਪਾਰਟੀ ਦੇ ਸਬੰਧਾਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨ ਦੇ ਮੰਤਵ ਨਾਲ ਸ਼ਹਿਬਾਜ਼ ਰਾਣਾ ਨੂੰ ਮੁਸਲਿਮ ਵਿਕਾਸ ਬੋਰਡ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਦੇ



ਮੀਡੀਆ ਕੋਆਰਡੀਨੇਟਰ ਸ਼ਾਹਿਦ ਜ਼ੁਬੈਰੀ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਅਤੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ਹਿਬਾਜ਼ ਰਾਣਾ ਦੀ ਨਿਯੁਕਤੀ ਨਾਲ ਨਾ ਸਿਰਫ਼ ਮੁਸਲਿਮ ਭਾਈਚਾਰੇ ਨੂੰ ਨਵੀਂ ਨੁਮਾਇੰਦਗੀ ਮਿਲੇਗੀ, ਸਗੋਂ ਪਾਰਟੀ ਦੇ ਜਨ ਅਧਾਰ ਅਤੇ ਸੰਗਠਨਾਤਮਕ ਢਾਂਚੇ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ। ਨਵ-ਨਿਯੁਕਤ ਚੇਅਰਮੈਨ ਸ਼ਹਿਬਾਜ਼ ਰਾਣਾ ਨੇ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੇ ਨੈਸ਼ਨਲ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਸ਼੍ਰੀ ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦੇ ਭਰੋਸੇ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਲਈ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ, ਪਾਰਦਰਸ਼ਤਾ ਅਤੇ ਲੋਕ ਭਲਾਈ ਦੀਆਂ ਨੀਤੀਆਂ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣਗੇ।

ਚੋਰਾਂ ਵੱਲੋਂ ਪਾੜ ਲਗਾ ਕੇ ਲੱਖਾਂ ਦਾ ਸਮਾਨ ਚੋਰੀ

ਸਮਾਣਾ, 11 ਜੂਨ (ਸੁਖਜਿੰਦਰ ਸਿੰਘ ਕੁਲਾਰਾਂ) : ਚੀਕਾ ਰੋਡ 'ਤੇ ਸਥਿਤ ਫਰਮ ਐਟਰਨਿਟੀ ਪਿੰਡ ਮਹਿਮੂਦਪੁਰ ਤਹਿਸੀਲ ਗੂਹਲਾ ਵਿੱਚ ਕੱਲ੍ਹ ਰਾਤ ਅਣਪਛਾਤੇ ਚੋਰਾਂ ਵੱਲੋਂ ਵੱਡੀ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਜਾਣਕਾਰੀ ਮੁਤਾਬਕ ਚੋਰਾਂ ਨੇ ਫਰਮ ਵਿੱਚ ਪਾੜ ਪਾ ਕੇ ਅੰਦਰ ਦਾਖਲ ਹੋਏ ਅਤੇ ਕਰੀਬ ਤਿੰਨ ਲੱਖ ਰੁਪਏ ਦੇ ਸਮਾਨ 'ਤੇ ਹੱਥ ਸਾਫ ਕਰ ਗਏ। ਜਦੋਂ ਫਰਮ ਦੇ ਕਰਮਚਾਰੀ ਨੂੰ ਰਾਤ ਕਰੀਬ 10:30 ਵਜੇ ਖੜਕਾ ਹੋਣ ਦੀ ਆਵਾਜ਼ ਆਈ ਤਾਂ ਉਹਨਾਂ ਨੂੰ ਕੁਝ ਅਣਜਾਣ ਬੰਦੇ ਓਥੋਂ ਚੋਰੀ ਕਰਕੇ ਭੱਜਦੇ ਦਿਖਾਈ ਦਿੱਤੇ ਪਰ ਜਦ ਤੱਕ ਉਹ ਉਹਨਾਂ ਤੱਕ ਪਹੁੰਚਦੇ ਤਾਂ ਉਹ ਓਥੋਂ ਫਰਾਰ ਹੋ ਚੁੱਕੇ ਸਨ। ਇਹ ਸਾਰੀ ਵਾਰਦਾਤ ਉਥੇ ਲੱਗੇ ਸੀਸੀਟੀਵੀ ਵਿੱਚ ਵੀ ਕੈਦ ਹੋ ਗਈ।ਇਸ ਤੋਂ ਬਾਅਦ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਗਿਆ। ਪੁਲਿਸ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਇਲਾਕੇ ਦੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ। ਇਸ ਘਟਨਾ ਨਾਲ ਇਲਾਕੇ ਦੇ ਵਪਾਰੀਆਂ ਵਿੱਚ ਡਰ ਦਾ ਮਾਹੌਲ ਬਣ ਗਿਆ ਹੈ ਅਤੇ ਉਨ੍ਹਾਂ ਨੇ ਰਾਤ ਸਮੇਂ ਪੁਲਿਸ ਗਸ਼ਤ ਵਧਾਉਣ ਦੀ ਮੰਗ ਕੀਤੀ ਹੈ।

ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਕੇਂਦਰ ਦਾ ਪੁਤਲਾ ਫੂਕਿਆ

ਨਾਭਾ, 11 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਗੈਸ ਸਿਲੰਡਰ, ਪੈਟਰੋਲ, ਡੀਜ਼ਲ ਦੀ ਵੱਧ ਰਹੀਆਂ ਕੀਮਤਾਂ ਅਤੇ ਵੱਧ ਰਹੀ ਮਹਿੰਗਾਈ ਨੂੰ ਲੈ ਕੇ ਪਟਿਆਲਾ ਗੇਟ ਵਿਖੇ ਕੇਂਦਰ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਮੋਦੀ ਅਤੇ ਪੈਟਰੋਲੀਅਮ ਮੰਤਰੀ ਪੂਰੀ ਦਾ ਪੁਤਲਾ ਫੂਕਿਆ। ਇਸ ਮੌਕੇ ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਦਿਨ ਪ੍ਰਤੀ ਦਿਨ ਜੋ ਇਹ ਮਹਿੰਗਾਈ ਸਰਕਾਰਾਂ ਦੀ ਨਲਾਇਕੀ ਕਾਰਨ ਵਧ ਰਹੀ ਹੈ, ਉਹਨਾਂ ਕਿਹਾ ਕਿ ਕੇਂਦਰ ਦੀ ਬੀਜੇਪੀ ਸਰਕਾਰ ਈਰਾਨ ਅਤੇ ਅਮਰੀਕਾ ਯੁੱਧ ਦਾ ਬਹਾਨਾ ਲਗਾ ਕੇ ਪੈਟਰੋਲ, ਡੀਜ਼ਲ ਅਤੇ ਘਰੇਲੂ ਵਰਤਣ ਵਾਲਾ ਗੈਸ ਸਿਲੰਡਰ ਦੀਆਂ ਕੀਮਤਾਂ ਨੂੰ ਵਧਾ ਕੇ ਆਮ ਜਨਤਾ ਦਾ ਕਚੂਮਰ ਕੱਢ ਰਹੀ ਹੈ। ਸਹੋਲੀ ਨੇ ਕਿਹਾ ਕਿ

ਟੋਆ ਢੁਆਈ ਵਾਲੇ ਲਗਾਤਾਰ ਰੇਟ ਵਧਾ ਰਹੇ ਹਨ, ਜਿਸ ਕਰਕੇ ਰਸੋਈ ਦਾ ਘਰੇਲੂ ਸਮਾਨ ਵੱਡੇ ਪੱਧਰ ਤੇ ਮਹਿੰਗਾ ਹੋ ਰਿਹਾ ਹੈ, ਗੈਸ ਸਿਲੰਡਰਾਂ ਦੇ ਰੇਟ ਵਧਣ ਕਾਰਨ ਮਹਿੰਗਾਈ ਸਿਖਰਾਂ ਤੇ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਦਾ ਮਜ਼ਦੂਰ ਦਾ ਝੋਨੇ ਦਾ ਸੀਜਨ ਚੱਲ ਰਿਹਾ, ਜਿਸ ਨੂੰ ਮੁੱਖ ਰੱਖਦੇ ਹੋਏ ਕੇਂਦਰ ਤੇ ਪੰਜਾਬ ਦੀ ਸਰਕਾਰ ਡੀਜ਼ਲ ਪੈਟਰੋਲ ਤੇ ਰਸੋਈ ਗੈਸ ਦੀਆਂ ਕੀਮਤਾਂ 'ਚ ਟੈਕਸ ਘੱਟ ਕੀਤਾ ਜਾਵੇ ਤਾਂ ਕਿ ਲੋਕ ਕੁਝ ਨਾ ਕੁਝ ਰਾਹਤ ਮਹਿਸੂਸ ਕਰ ਸਕਣ। ਇਸ ਮੌਕੇ ਐਸਡੀਐਮ ਨਾਭਾ ਅਰਵਿੰਦਰ ਪਾਲ ਸਿੰਘ ਸੋਮਲ ਨੂੰ ਸਰਕਾਰਾਂ ਦੇ ਨਾਲ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਹਰਬੰਸ ਸਿੰਘ ਮਡੌੜ, ਪੂਰਨ ਸਿੰਘ ਅਲੋਹਰਾ, ਹਰਬੰਸ ਸਿੰਘ ਖੱਟੜਾ, ਸਰਜੀਤ ਸਿੰਘ ਬਾਬਰਪੁਰ, ਬਿੰਦਾ ਵਿਰਕ, ਜਗਰੂਪ ਸਿੰਘ ਬੌੜਾ, ਅਮਰ ਸਿੰਘ ਅਮਰ, ਭੰਗੂ ਫਲੇੜੇ ਵਾਲਾ, ਰਣਜੀਤ ਸਿੰਘ ਸਹੋਲੀ ਅਮਰੀਕ ਸਿੰਘ ਮਟੋਰਡਾ, ਦਰਸ਼ਨ ਸਿੰਘ ਲਵਾਣਾ, ਹਰਬੰਸ ਭੋੜੇ, ਲਖਵੀਰ ਸਿੰਘ ਸਹੋਲੀ, ਹੈਪੀ ਸੁੱਖੇਵਾਲ ਆਦਿ ਹਾਜ਼ਰ ਸਨ।

ਸੰਦੀਪ ਕੌਰ ਗਰੇਵਾਲ ਨੇ ਮਾਤਾ ਕੁਸ਼ੱਲਿਆ ਹਸਪਤਾਲ 'ਚ ਬਤੌਰ ਸੀਨੀਅਰ ਸਹਾਇਕ ਦਾ ਅਹੁਦਾ ਸੰਭਾਲਿਆ

ਪਟਿਆਲਾ, 11 ਜੂਨ (ਰੁਪਾਣਾ) : ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵਲੋਂ ਸੰਦੀਪ ਕੌਰ ਗਰੇਵਾਲ ਨੂੰ ਮਾਤਾ ਕੁਸ਼ੱਲਿਆ ਹਸਪਤਾਲ ਵਿਖੇ ਸੀਨੀਅਰ ਸਹਾਇਕ ਤੈਨਾਤ ਕੀਤਾ ਹੈ। ਸੰਦੀਪ ਕੌਰ ਗਰੇਵਾਲ ਵਲੋਂ ਬੀਤੇ ਦਿਨੀਂ ਮਾਤਾ ਕੁਸ਼ੱਲਿਆ ਵਿਖੇ ਆਪਣਾ ਅਹੁਦਾ ਸੰਭਾਲਦਿਆਂ ਕਿਹਾ ਕਿ ਮੈਂ ਆਪਣੀ ਡਿਊਟੀ ਪੂਰੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਨਿਭਾਵਾਂਗੀ ਅਤੇ ਵੱਡੇਰੇ ਲੋਕ ਹਿੱਤਾਂ ਲਈ ਲੋਕਾਂ ਦੀ ਸੇਵਾ ਲਈ ਹਰ ਸਮੇਂ ਹਾਜ਼ਰ ਹਾਂ। ਉਨ੍ਹਾਂ ਕਿਹਾ ਕਿ ਮੇਰੇ ਅਹੁਦਾ ਸੰਭਾਲਣ ਤੋਂ ਲੈ ਕੇ ਹੁਣ ਤੱਕ ਮੈਨੂੰ ਸਿਵਲ ਸਰਜਨ

ਦਫਤਰ ਪਟਿਆਲਾ, ਮਾਤਾ ਕੁਸ਼ੱਲਿਆ ਹਸਪਤਾਲ ਸਟਾਫ, ਕਿਸਾਨ ਜਥੇਬੰਦੀਆਂ, ਮੁਲਾਜ਼ਮ ਯੂਨੀਅਨਾਂ, ਰਿਸ਼ਤੇਦਾਰ ਅਤੇ ਮੁਲਾਜ਼ਮ ਸਾਥੀਆਂ ਵਲੋਂ ਬਹੁਤ ਮਾਣ ਸਨਮਾਨ ਦਿੱਤਾ ਹੈ। ਮੈਂ ਇਨ੍ਹਾਂ ਸਭ ਦਿਲ ਦੀਆਂ ਤਹਿਦਿਲੋਂ ਧੰਨਵਾਦ ਕਰਦੀ ਹਾਂ। ਅੰਤ ਵਿਚ ਸੰਦੀਪ ਕੌਰ ਵਲੋਂ ਪੰਜਾਬ ਸਰਕਾਰ, ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਦਾ ਵੀ ਧੰਨਵਾਦ ਕੀਤਾ।

ਪਾਰਟੀ ਦੀ ਮਜ਼ਬੂਤੀ ਅਤੇ ਮਿਸ਼ਨ-2027 ਫਤਿਹ ਕਰਨ ਸਬੰਧੀ ਸ਼੍ਰੋਮਣੀ ਅਕਾਲੀ ਦਲ ਹਰਿਆਊ ਗਰੁੱਪ ਦੀ ਮੀਟਿੰਗ

ਬਲਬੇੜ੍ਹਾ/ਡਕਾਲਾ, 11 ਜੂਨ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਵਿਧਾਨ ਸਭਾ ਹਲਕਾ ਸਮਾਣੇ ਅਧੀਨ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਰਕਲ ਦਫਤਰ ਕਰਹਾਲੀ ਸਾਹਿਬ ਵਿਖੇ ਪਾਰਟੀ ਦੀ ਮਜ਼ਬੂਤੀ ਅਤੇ ਮਿਸ਼ਨ 2027 ਫਤਿਹ ਕਰਨ ਸਬੰਧੀ ਸਥਾਨਕ ਪਾਰਟੀ ਆਗੂਆਂ 'ਚ ਇੱਕ ਜ਼ਰੂਰੀ ਮੀਟਿੰਗ ਹੋਈ, ਸਿਆਸੀ ਰਾਜਨੀਤਿਕ ਵਿਚਾਰ ਕਰਦੇ ਹੋਏ ਵਿਸ਼ੇਸ਼ ਤੌਰ 'ਤੇ ਮਲਕੀਤ ਸਿੰਘ ਚੀਮਾ ਕੌਮੀ ਜਨਰਲ ਸਕੱਤਰ ਯੂਥ ਸ਼੍ਰੋਮਣੀ ਅਕਾਲੀ ਦਲ ਬਾਦਲ, ਗੁਰਸੇਵਕ ਸਿੰਘ ਕਰਹਾਲੀ, ਚਰਨਜੀਤ ਸਿੰਘ ਕਰਹਾਲੀ, ਰਸ਼ਪਿੰਦਰ ਸਿੰਘ ਦਿਓਲ, ਗੁਰਵਿੰਦਰ ਸਿੰਘ,

ਰਾਜਵਿੰਦਰ ਸਿੰਘ, ਤੇ ਵਰਿੰਦਰ ਸਿੰਘ ਖੇੜਕੀ ਆਦਿ ਮੌਕੇ 'ਤੇ ਮੌਜੂਦ ਟੀਮ ਸ਼੍ਰੋਮਣੀ ਅਕਾਲੀ ਦਲ ਬਾਦਲ, ਜਗਮੀਤ ਸਿੰਘ ਹਰਿਆਊ ਗਰੁੱਪ ਦੇ ਸਰਕਲ ਮੈਂਬਰਾਂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਥੇ ਉਹ ਖੁਦ ਨੌਜਵਾਨ ਆਗੂ ਜਗਮੀਤ ਸਿੰਘ ਹਰਿਆਊ ਨੂੰ ਆਪਣਾ ਪੂਰਾ ਸਮਰਥਨ ਦੇਣਗੇ ਉਥੇ ਪੂਰੇ ਵਿਧਾਨ ਸਭਾ ਹਲਕਾ ਸਮਾਣਾ ਦੇ ਵੋਟਰਾਂ ਅਤੇ ਸਪੋਰਟਰਾਂ ਨੂੰ ਸੂਬੇ ਦੀ ਖੇਤਰੀ ਸਿਆਸੀ ਜਮਾਤ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀਆਂ ਨੀਤੀਆਂ ਤੋਂ ਜਾਣੂੰ ਕਰਵਾ ਕੇ ਪ੍ਰੇਰਨਾ ਸਹਿਤ ਮੋਢੇ ਨਾਲ ਮੋਢਾ ਲਾ ਕੇ ਨਾਲ ਚੱਲਣ ਲਈ ਅਤੇ ਜਗਮੀਤ ਸਿੰਘ ਹਰਿਆਊ ਨੂੰ ਵਿਧਾਨ ਸਭਾ ਹਲਕਾ ਸਮਾਣਾ ਤੋਂ ਜਿੱਤ ਦਵਾ ਕੇ 2027 ਵਿੱਚ ਵਿਧਾਇਕ ਬਣਾ ਕੇ ਹਲਕੇ ਦੇ ਖੇਤਰ ਦੇ ਲੋਕਾਂ ਦੇ ਵਿਕਾਸ ਦੇ ਕਾਰਜ ਕੀਤੇ ਜਾਣਗੇ।

ਪੱਤਰਕਾਰ ਹੈਪੀ ਢੀਂਗੀ ਨੂੰ ਸਦਮਾ, ਮਾਤਾ ਦਾ ਦੇਹਾਂਤ

ਨਾਭਾ, 11 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਨਾਭਾ ਤੋਂ ਪੱਤਰਕਾਰ

ਹੈਪੀ ਢੀਂਗੀ ਨੂੰ ਉਸ ਵੇਲੇ ਭਾਰੀ ਸਦਮਾ ਲੱਗਿਆ, ਜਦੋਂ ਪਿਛਲੇ ਦਿਨੀਂ ਉਨ੍ਹਾਂ ਦੀ ਮਾਤਾ ਕੌਸ਼ਲਿਆ ਵੰਤੀ ਅਚਾਨਕ ਪਰਿਵਾਰ ਨੂੰ ਸਦੀਵੀਂ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਉਹ ਅਪਣੇ ਪਿੱਛੇ ਤਿੰਨ ਪੁੱਤਰ ਦੋ ਧੀਆਂ ਸਮੇਤ ਹਰਿਆ ਭਰਿਆ ਪਰਿਵਾਰ ਛੱਡ ਗਏ ਹਨ। ਇਸ ਮੌਕੇ ਉਨਾਂ ਨਾਲ ਵੱਖ ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਿਕ ਅਤੇ ਇਲਾਕੇ ਦੀਆ ਸ਼ਖ਼ਸੀਅਤਾਂ ਵੱਲੋਂ ਦੁੱਖ ਦਾ ਇਜ਼ਹਾਰ ਕੀਤਾ ਗਿਆ। ਉਨ੍ਹਾਂ ਨਮਿੱਤ ਅੰਤਿਮ ਅਰਦਾਸ ਤੇ ਪਾਠ ਦੇ ਭੋਗ 16 ਜੂਨ ਦਿਨ ਮੰਗਲਵਾਰ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਗੁਰਦੁਆਰਾ ਸਹਿਬ ਪਿੰਡ ਢੀਂਗੀ ਵਿਖੇ ਪਾਏ ਜਾਣਗੇ।

ਰੋਜ਼ੀ ਨਾਗਪਾਲ ਦੀ ਅਗਵਾਈ 'ਚ ਵਾਰਡ ਨੰ. 23 'ਚ ਮਹਿਲਾਵਾਂ ਦੇ ਫਾਰਮ ਭਰੇ

ਨਾਭਾ, 11 ਜੂਨ (ਬਲਜਿੰਦਰ ਮਾਨ) : ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪੰਜਾਬ ਵਾਸੀ ਖੁਸ਼-ਬੀਬੀ ਹਰਪ੍ਰੀਤ ਕੌਰ ਹਸਨਪੁਰ ਜਦੋਂ ਤੋਂ ਪੰਜਾਬ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਨੇ ਸਰਕਾਰ ਬਣਾਈ ਹੈ, ਤਾਂ

ਅਨੇਕਾਂ ਹੀ ਲੋਕਪੱਖੀ ਸਕੀਮਾਂ ਨੂੰ ਹੋਂਦ 'ਚ ਲਿਆ ਕੇ ਉਨ੍ਹਾਂ ਨੂੰ ਸੂਬੇ ਦੀ 'ਆਪ' ਸਰਕਾਰ ਵੱਲੋਂ ਲਾਗੂ ਕੀਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਹਰਪ੍ਰੀਤ ਕੌਰ ਹਸਨਪੁਰ ਬਲਾਕ ਪ੍ਰਧਾਨ ਮਹਿਲਾ ਵਿੰਗ ਅਤੇ ਗਗਨਪਦੀਪ ਕੌਰ ਕਕਰਾਲਾ ਨੇ ਸਥਾਨਕ ਵਾਰਡ ਨੰਬਰ 23 ਵਿਖੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਅਤੇ ਬੀਬੀਆਂ ਦੇ ਖਾਤੇ ਵਿਚ ਆਉਣ ਵਾਲੇ 1 ਹਜ਼ਾਰ ਰੁਪਏ ਤੇ 1500 ਰੁਪਏ ਦੇ ਸਾਬਕਾ ਕੌਂਸਲਰ ਰੋਜ਼ੀ ਨਾਗਪਾਲ ਦੀ ਅਗਵਾਈ ਹੇਠ ਫਾਰਮ ਭਰਵਾਉਣ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਲੋਕਾਂ ਨਾਲ ਜੋ ਵੀ ਵਾਅਦੇ ਕੀਤੇ ਸਨ ਉਨ੍ਹਾਂ ਨੂੰ ਇਕ-ਇਕ ਕਰਕੇ ਪੂਰਾ ਕਰ ਦਿੱਤਾ ਗਿਆ ਹੈ। ਇਸ ਮੌਕੇ ਰੋਜ਼ੀ ਨਾਗਪਾਲ ਅਤੇ 23 ਨੰਬਰ ਵਾਰਡ ਦੇ ਵਾਸੀ ਹਾਜ਼ਰ ਸਨ।

ਮੱਖਣ ਸਿੰਘ ਲਾਲਕਾ ਦੀ ਅਗਵਾਈ 'ਚ ਗੜ੍ਹੇਮਾਰੀ ਦੇ ਪੀੜਤਾਂ ਲਈ ਕਣਕ ਦਾ ਟਰੱਕ ਰਵਾਨਾ

ਨਾਭਾ, 11 ਜੂਨ (ਬਲਜਿੰਦਰ ਮਾਨ) : ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਪੰਜਾਬ ਵਾਸੀਆਂ ਨਾਲ ਡੱਟ ਕੇ ਖੜਾ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਨਾਭਾ ਮੱਖਣ ਸਿੰਘ ਲਾਲਕਾ ਨੇ ਨਾਭਾ ਹਲਕੇ ਤੋਂ ਪਿਛਲੇ ਸਮੇਂ ਗੜ੍ਹੇਮਾਰੀ ਦੇ ਪੀੜਤਾ ਦੀ ਸਹਾਇਤਾ ਲਈ 150 ਕੁਇੰਟਲ ਕਣਕ ਦਾ ਭਰਿਆ ਟਰੱਕ ਰਵਾਨਾ ਕਰਨ ਸਮੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕੀਤਾ। ਉਨ੍ਹਾਂ ਕਿਹਾ ਹਰ ਔਖੇ ਸਮੇਂ ਸ਼੍ਰੋਮਣੀ ਅਕਾਲੀ ਦਲ ਨੇ ਬਿਨਾ ਦੇਰੀ ਅਪਣੇ ਲੋਕਾ ਦੀ ਬਾਹ ਫੜੀ ਹੈ ਤੇ ਦਿਲ ਖੋਲ੍ਹ ਹਰ ਸੰਭਵ ਮੱਦਦ ਕੀਤੀ ਹੈ।ਇਸ ਮੌਕੇ ਉਨ੍ਹਾਂ ਨਾਲ ਹਲਕਾ ਕੋਆਰਡੀਨੇਟਰ ਅਮਰੀਕ ਸਿੰਘ ਬੂਹੀ, ਮੋਹਨ ਸਿੰਘ ਰਾਮਗੜ੍ਹ, ਸੁਖਵਿੰਦਰ ਸਿੰਘ ਛੀਟਾਂਵਾਲਾ, ਮੇਜਰ ਸਿੰਘ ਸਕੋਹਾ, ਬਲਵਿੰਦਰ ਸਿੰਘ ਧਾਰਨੀ, ਸੁਰਿੰਦਰ ਸਿੰਘ ਜਿੰਦਲਪੁਰ,ਰਣਜੀਤ ਸਿੰਘ ਦੋਦਾ ਸਾਬਕਾ ਸਰਪੰਚ, ਸਰਕਲ ਪ੍ਰਧਾਨ ਗੁਰਜੰਟ ਸਿੰਘ ਬਿਰੜਵਾਲ, ਡਾ. ਲਖਵਿੰਦਰ ਸਿੰਘ ਕਵੇਲੀ, ਲਖਬੀਰ ਸਿੰਘ ਰਾਮਗੜ੍ਹ, ਬਬਲੂ ਚੌਹਾਨ ਨਾਭਾ, ਪ੍ਰਿੰਸ ਤੁੰਗਾ, ਸੋਨੀ ਚੌਧਰੀਮਾਜਰਾ, ਰਣਬੀਰ ਸਿੰਘ ਮਠਾੜੂ, ਨਰੇਸ਼ ਕੁਮਾਰ ਗਰਗ, ਬਬਲੂ ਇਰਫਾਨ, ਵਿਰਕ ਛੀਟਾਂਵਾਲਾ, ਮੇਜਰ ਸਿੰਘ ਮਟੋਰਡਾ, ਪਰਮਜੀਤ ਸਿੰਘ ਠੇਕੇਦਾਰ, ਰੌਸ਼ਨ ਲਾਲ, ਸੁਰਿੰਦਰ ਚੌਹਾਨ, ਗੁਰਮਿੰਦਰ ਸਿੰਘ ਕਾਲਸਨਾ, ਸੁਖਚੈਨ ਸਿੰਘ ਬਿਸ਼ਨਪੁਰਾ ਯੂਥ ਆਗੂ, ਲਖਮੀਰ ਸਿੰਘ ਲੱਖਾ ਨਰਿੰਦਰ ਸਿੰਘ ਮੈਹਸ, ਪੰਕਜ ਜਿੰਦਲ, ਸੁਨੀਲ ਬਾਂਸਲ ਆਦਿ ਆਗੂ ਮੌਜੂਦ ਸਨ।

ਪਟਿਆਲਾ ਪੁਰਸ਼ ਸੀਨੀਅਰ ਕ੍ਰਿਕਟ ਟੀਮ ਦੀ ਚੋਣ ਲਈ ਭਲਕੇ ਹੋਣਗੇ ਟਰਾਇਲ

ਪਟਿਆਲਾ, 11 ਜੂਨ (ਚ.ਨ.ਸ.) : ਪੰਜਾਬ ਕ੍ਰਿਕਟ ਐਸੋਸੀਏਸ਼ਨ ਦੀ ਪਟਿਆਲਾ ਸਬ ਕਮੇਟੀ ਦੇ ਚੇਅਰਪਰਸਨ ਅਮਰਿੰਦਰ ਵੀਰ ਸਿੰਘ ਬਰਸਟ ਨੇ ਦੱਸਿਆ ਕਿ ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਪਟਿਆਲਾ ਪੁਰਸ਼ ਸੀਨੀਅਰ ਟੀਮ ਦੀ ਚੋਣ ਲਈ ਟਰਾਇਲ ਕਰਵਾਏ ਜਾ ਰਹੇ ਹਨ। ਇਹ ਟ੍ਰਾਇਲ 13 ਜੂਨ ਨੂੰ ਸਵੇਰੇ 8 ਵਜੇ ਤੋਂ ਧਰੁਵ ਪਾਂਡਵ ਸਟੇਡੀਅਮ, ਪਟਿਆਲਾ (ਪੰਜਾਬ) ਵਿਖੇ ਹੋਣਗੇ। ਚੁਣੀ ਗਈ ਟੀਮ ਸੀਜ਼ਨ 2026-2027 ਦੇ ਪੰਜਾਬ ਸਟੇਟ ਇੰਟਰ-ਡਿਸਟ੍ਰਿਕਟ ਸੀਨੀਅਰ ਮਲਟੀ-ਡੇਜ਼ ਟੂਰਨਾਮੈਂਟ (ਕਟੋਚ ਸ਼ੀਲਡ ਟਰਾਫੀ) ਵਿੱਚ ਭਾਗ ਲਵੇਗੀ। ਉਨ੍ਹਾਂ ਦੱਸਿਆ ਕਿ ਉਹ ਸਾਰੇ ਖਿਡਾਰੀ ਜੋ ਪਟਿਆਲਾ ਜ਼ਿਲ੍ਹੇ ਦੇ ਅਧਿਕਾਰ ਖੇਤਰ ਵਿੱਚ ਰਹਿੰਦੇ ਹਨ, ਜਨਮੇ ਹਨ ਜਾਂ ਟੂਰਨਾਮੈਂਟ ਦੇ ਸਾਲ ਤੋਂ ਪਹਿਲਾਂ ਪਿਛਲੇ ਇੱਕ ਸਾਲ ਤੋਂ ਇੱਥੇ ਪੜ੍ਹਾਈ ਕਰ ਰਹੇ ਹਨ, ਟਰਾਇਲ ਲਈ ਯੋਗ ਹਨ। ਖਿਡਾਰੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੀ ਯੋਗਤਾ ਸਬੰਧੀ ਅਸਲ ਦਸਤਾਵੇਜ਼ ਜਿਵੇਂ ਕਿ ਪਾਸਪੋਰਟ, ਡਿਜ਼ਿਟਲ ਜਨਮ ਸਰਟੀਫਿਕੇਟ, ਸਾਲ 2025-26 ਦੀ ਮਾਰਕਸ਼ੀਟ (ਓਪਨ ਸਕੂਲ ਯੋਗ ਨਹੀਂ), ਮੌਜੂਦਾ ਸੀਜ਼ਨ (2026-27) ਦਾ ਸਕੂਲ ਬੋਨਾਫਾਈਡ ਸਰਟੀਫਿਕੇਟ, ਇੱਕ ਫੋਟੋਗ੍ਰਾਫ ਅਤੇ ਉਪਰੋਕਤ ਸਾਰੇ ਦਸਤਾਵੇਜ਼ਾਂ ਦੀ ਫੋਟੋਕਾਪੀ ਦਾ ਇੱਕ ਸੈੱਟ ਨਾਲ ਲੈ ਕੇ ਆਉਣ।

ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਇਲਾਕੇ ਦਾ ਇਜਲਾਸ ਸਫਲਤਾਪੂਰਵਕ ਸੰਪੂਰਨ

ਨਾਭਾ, 11 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਨਾਭਾ ਇਲਾਕੇ ਦਾ ਮਹੱਤਵਪੂਰਨ ਇਜਲਾਸ ਅੱਜ ਡੇਰਾ ਸ੍ਰੀ ਗੁਰੂ ਰਵਿਦਾਸ ਅਤੇ ਡਾਕਟਰ ਅੰਬੇਡਕਰ ਕਮਿਊਨਿਟੀ ਹਾਲ ਨਾਭਾ ਵਿਖੇ ਸਫਲਤਾਪੂਰਵਕ ਸੰਪੂਰਨ ਹੋਇਆ। ਇਸ ਇਜਲਾਸ ਵਿੱਚ ਪਿਛਲੇ ਸਮੇਂ ਦੌਰਾਨ ਕੀਤੇ ਗਏ ਵੱਖ-ਵੱਖ ਕਾਰਜਾਂ ਦੀ ਵਿਸਥਾਰ ਨਾਲ ਰਿਪੋਰਟ ਪੇਸ਼ ਕੀਤੀ ਗਈ। ਇਜਲਾਸ ਵਿੱਚ ਭਾਗ ਲੈਣ ਵਾਲੇ ਮੈਂਬਰਾਂ ਨੇ ਪਿਛਲੀਆਂ ਸਫਲਤਾਵਾਂ ਅਤੇ ਅਸਫਲਤਾਵਾਂ ਦਾ ਵਿਸਤ੍ਰਿਤ ਵਿਸ਼ਲੇਸ਼ਣ ਕੀਤਾ ਅਤੇ ਉਨ੍ਹਾਂ ਤੋਂ ਲਏ ਗਏ ਸਬਕਾਂ ਨੂੰ ਭਵਿੱਖ ਦੀ ਰਣਨੀਤੀ ਲਈ ਅਪਣਾਉਣ ਦਾ ਫੈਸਲਾ ਲਿਆ। ਇਸ ਮੌਕੇ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ, ਭਰਾਤਰੀ

ਜਥੇਬੰਦੀਆਂ ਡੈਮੋਕਰੇਟਿਕ ਟੀਚਰ ਫਰੰਟ ਦੇ ਆਗੂ ਰਾਮਸਰਨ ,ਪੰਜਾਬ ਸਟੂਡੈਂਟ ਯੂਨੀਅਨ ਦੇ ਆਗੂ ਗੁਰਧਿਆਨ ਹਰੀਗੜ੍ਹ ਨੇ ਕਿਹਾ ਕਿ ਲੋਕਾਂ ਦੇ ਜਾਇਜ ਹੱਕਾਂ ਲਈ ਲੜਾਈ ਨੂੰ ਲਗਾਤਾਰ ਤੇਜ਼ ਕੀਤਾ ਜਾਵੇ। ਨਵੀਂ ਕਮੇਟੀ ਨੂੰ ਇਸ ਦਿਸ਼ਾ ਵਿੱਚ ਠੋਸ ਕਦਮ ਚੁੱਕਣ ਦੀ ਨਸੀਅਤ ਦਿੱਤੀ। ਪਿਛਲੇ ਸਾਲਾਂ ਦੌਰਾਨ ਕੀਤੇ ਕਾਰਜਾਂ ਦੀ ਰਿਪੋਰਟ ਮੀਤ ਪ੍ਰਧਾਨ ਧਰਮਵੀਰ ਹਰੀਗੜ੍ਹ ਨੇ ਪੇਸ਼ ਕੀਤੀ। ਸਟੇਜ ਸੰਚਾਲਨ ਦੀ ਭੂਮਿਕਾ ਗੁਰਵਿੰਦਰ ਬੌੜਾਂ ਨੇ ਨਿਭਾਈ । ਇਜਲਾਸ ਵਿੱਚ ਨਵੀਂ ਇਲਾਕਾ ਕਮੇਟੀ ਚੁਣੀ ਗਈ ਜਿਸ ਵਿੱਚ ਬਲਾਕ ਦਾ ਪ੍ਰਧਾਨ ਨਿਰਮਲ ਸਿੰਘ ਨਰਮਾਣਾ, ਮੀਤ ਪ੍ਰਧਾਨ ਕੁਲਵਿੰਦਰ ਕੌਰ ਮਡੌਰ , ਜਨਰਲ ਸਕੱਤਰ ਗੁਰਪ੍ਰੀਤ ਸਿੰਘ ਪ੍ਰੀਤ ਖਜਾਨਚੀ ਦਲਜੀਤ ਸਿੰਘ ਮੱਲੇਵਾਲ, ਕਰਤਾਰ ਸਿੰਘ ,ਮਿੰਟੂ ਸਿੰਘ, ਸੁਖਵਿੰਦਰ ਕੌਰ ,ਮਨਜੀਤ ਕੌਰ, ਸੁਖਪਾਲ ਕੌਰ,ਗੁਰਮੀਤ ਕੌਰ ਆਦਿ ਮੈਂਬਰ ਚੁਣੇ ਗਏ ।

ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ ਉਪਰਾਲਾ: ਬਾਜਵਾ, ਭਲਵਾਨ

ਪਟਿਆਲਾ, 11 ਜੂਨ (ਚ.ਨ.ਸ) : ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਪੰਜਾਬ ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਅਤੇ ਜ਼ਿਲ੍ਹਾ ਪੁਨਰਵਾਸ ਕੇਂਦਰ, ਪੰਜਾਬ ਸਾਕੇਤ ਹਸਪਤਾਲ ਪਟਿਆਲਾ ਵੱਲੋਂ ਇੰਡੀਅਨ ਰੈਡ ਕਰਾਸ ਸੁਸਾਇਟੀ ਪੰਜਾਬ ਸਟੇਟ ਬ੍ਰਾਂਚ ਚੰਡੀਗੜ੍ਹ ਦੇ ਸਕੱਤਰ ਸ਼ਿਵਦੁਲਾਰ ਸਿੰਘ ਢਿੱਲੋਂ ਸਾਬਕਾ ਆਈ ਏ ਐਸ ਅਧਿਕਾਰੀ ਦੀ ਸਰਪ੍ਰਸਤੀ ਅਤੇ ਪ੍ਰੋਜੈਕਟ ਡਾਇਰੈਕਟਰ ਪਰਮਿੰਦਰ ਕੌਰ ਮਨਚੰਦਾ ਦੀ ਅਗਵਾਈ ਅਤੇ ਉਚ



ਅਧਿਕਾਰੀਆਂ ਦੀ ਸਰਪ੍ਰਸਤੀ ਹੇਠ ਹੇਠ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ,ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਂਸਲਿੰਗ ਸੈਲ ਪਟਿਆਲਾ ਪੁਲਿਸ ਨੇ ਕੀਤੀ। ਇਸ ਮੌਕੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਵਿਸ਼ੇਸ਼ ਤੌਰ 'ਤੇ ਉਪਕਾਰ ਸਿੰਘ ਪ੍ਰਧਾਨ ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ, ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਪੰਜਾਬ ਰੈਡ ਕਰਾਸ ਸਾਕੇਤ ਹਸਪਤਾਲ ਦੇ ਡਾਕਟਰ ਚਾਰੂ ਗੌਤਮ,ਕੌਂਸਲਰ ਅਮਰਜੀਤ ਕੌਰ, ਰਣਜੀਤ ਕੌਰ, ਅੰਮ੍ਰਿਤਪਾਲ ਸਿੰਘ, ਜਸਪ੍ਰੀਤ ਸਿੰਘ, ਪਰਮਿੰਦਰ ਕੌਰ ਵਰਮਾ ਤੋਂ ਇਲਾਵਾ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਰਾਜਦੀਪ ਕੌਰ , ਸ਼ਰਨਦੀਪ ਕੌਰ, ਹਸਨਦੀਪ ਕੌਰ, ਪ੍ਰਨੀਤ ਕੌਰ, ਨਵਜੋਤ ਕੌਰ, ਮਨਦੀਪ ਕੌਰ, ਅਰਹਮ ਸ਼ੌਕਤ,ਨੀਮਕਾ, ਪ੍ਰਨੀਤ ਕੌਰ ਸਾਰੇ ਵਿਦਿਆਰਥੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਪੰਜਾਬ ਰੈਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਅਤੇ ਪੁਨਰਵਾਸ ਕੇਂਦਰ ਦੀ ਪ੍ਰੋਜੈਕਟ ਡਾਇਰੈਕਟਰ ਗਵਰਨਰ ਐਵਾਰਡੀ ਪਰਮਿੰਦਰ ਕੌਰ ਮਨਚੰਦਾ ਦੀ ਟੀਮ ਵੱਲੋਂ ਜਿੱਥੇ ਸਕੂਲੀ ਪੱਧਰ 'ਤੇ ਹੀ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ ਜੋ ਕਿ ਬਹੁਤ ਹੀ ਸ਼ਲਾਘਾਯੋਗ ਹੈ। ਉਹਨਾਂ ਕਿਹਾ ਕਿ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਵਿੱਚ ਪਬਲਿਕ ਅਤੇ ਨੌਜਵਾਨਾਂ ਨੂੰ ਅੱਗੇ ਆ ਕੇ ਸਹਿਯੋਗ ਕਰਨਾ ਚਾਹੀਦਾ ਹੈ , ਤਾਂ ਹੀ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਬਣਾ ਸਕਾਂਗੇ।